ਬੁੱਧਵਾਰ, 15 ਅਕਤੂਬਰ, 2025
30 ਅੱਸੂ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 135

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • WEDNESDAY, 15 OCTOBER, 2025 ਜਲੰਧਰ

‘ਨਵਾਂ ਜ਼ਮਾਨਾ’ ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਹਰਿਆਣਾ ਕਾਂਡ ’ਚ ਟਵਿੱਸਟ

## ਡੀ ਜੀ ਪੀ ਸ਼ਤਰੂਜੀਤ ਦੀ ਸਿਫਤ ਕਰਕੇ ਪੂਰਨ ਕੁਮਾਰ ਨੂੰ ‘ਸ਼ਤਰੂ’ ਦੱਸ ਕੇ ਏ ਐੱਸ ਆਈ ਵੱਲੋਂ ਖੁਦਕੁਸ਼ੀ



**ਰੋਹਤਕ** : ਹਰਿਆਣਾ ਪੁਲਸ ਦੇ ਇੱਕ ਸਹਾਇਕ ਸਬ-ਇੰਸਪੈਕਟਰ (ਏ ਐੱਸ ਆਈ) ਦੀ ਲਾਸ਼ ਮੰਗਲਵਾਰ ਨੂੰ ਰੋਹਤਕ ਵਿੱਚ ਲਾਧੌਤ-ਧਮਾਰ ਰੋਡ ’ਤੇ ਸਥਿਤ ਉਸ ਦੀ ਰਿਹਾਇਸ਼ ਤੋਂ ਬਰਾਮਦ ਕੀਤੀ ਗਈ ਅਤੇ ਕਥਿਤ ਤੌਰ ’ਤੇ ਇਸ ਨੂੰ ਖੁਦਕੁਸ਼ੀ ਦਾ ਮਾਮਲਾ ਕਿਹਾ ਜਾ ਰਿਹਾ ਹੈ।

ਏ ਐੱਸ ਆਈ ਸੰਦੀਪ ਕੁਮਾਰ ਰੋਹਤਕ ਵਿੱਚ ਤਾਇਨਾਤ ਸੀ ਅਤੇ ਉਸ ਨੇ ਕਥਿਤ ਤੌਰ ’ਤੇ ਆਪਣੇ ਆਪ ਨੂੰ ਰਿਵਾਲਵਰ ਨਾਲ ਗੋਲੀ ਮਾਰ ਲਈ। ਜਾਣਕਾਰੀ ਅਨੁਸਾਰ ਇੱਕ ਨੋਟ ਵੀ ਬਰਾਮਦ ਹੋਇਆ ਹੈ, ਹਾਲਾਂਕਿ ਪੁਲਸ ਨੇ ਅਜੇ ਇਸ ਦੇ ਵੇਰਵਿਆਂ ਦੀ ਪੁਸ਼ਟੀ ਨਹੀਂ ਕੀਤੀ ਹੈ। ਇਸ ਘਟਨਾ ਤੋਂ ਬਾਅਦ ਸੰਦੀਪ ਦੀ ਇੱਕ ਵੀਡੀਓ ਸੋਸ਼ਲ ਮੀਡੀਆ ’ਤੇ ਵਾਇਰਲ ਹੋ ਗਈ। ਵੀਡੀਓ ਵਿੱਚ ਉਹ ਹਰਿਆਣਾ ਦੇ ਡੀ ਜੀ ਪੀ ਸ਼ਤਰੂਜੀਤ ਸਿੰਘ ਕਪੂਰ ਅਤੇ ਰੋਹਤਕ ਦੇ ਸਾਬਕਾ ਐੱਸ ਪੀ ਨਰਿੰਦਰ ਬਿਜਾਰਨੀਆ ਦੀ ਤਾਰੀਫ਼ ਕਰਦੇ ਹੋਏ ਉਨ੍ਹਾਂ ਨੂੰ ਇਮਾਨਦਾਰ ਅਧਿਕਾਰੀਆਂ ਵਜੋਂ ਦੱਸ ਰਿਹਾ ਹੈ। ਵੀਡੀਓ ਵਿੱਚ ਸੰਦੀਪ ਨੇ ਆਪਣੇ ਇਸ ਖਤਰਨਾਕ ਕਦਮ ਲਈ ਰੋਹਤਕ ਦੇ ਆਈ ਜੀ ਪੀ ਦਫ਼ਤਰ ’ਚ ਤਾਇਨਾਤ ਕੁਝ ਪੁਲਸ ਅਧਿਕਾਰੀਆਂ ਨੂੰ ਜ਼ਿੰਮੇਵਾਰ ਠਹਿਰਾਇਆ। ਉਸ ਨੇ ਉਨ੍ਹਾਂ ’ਤੇ ਭ੍ਰਿਸ਼ਟਾਚਾਰ ਫੈਲਾਉਣ, ਜਾਤੀ ਦੇ ਆਧਾਰ ’ਤੇ ਭੇਦਭਾਵ ਰਾਹੀਂ ਸਾਥੀ ਅਧਿਕਾਰੀਆਂ ਨੂੰ ਪਰੇਸ਼ਾਨ ਕਰਨ ਅਤੇ ਇਮਾਨਦਾਰ ਪੁਲਸ ਕਰਮਚਾਰੀਆਂ ਵਿਰੁੱਧ ਅੱਤਿਆਚਾਰ ਕਰਨ ਦਾ ਦੋਸ਼ ਲਾਇਆ। ਉਸ ਨੇ ਇਸ ਸੰਦਰਭ ਵਿੱਚ ਮਰਹੂਮ ਸੀਨੀਅਰ ਆਈ ਪੀ ਐੱਸ ਅਧਿਕਾਰੀ ਵਾਈ. ਪੂਰਨ ਕੁਮਾਰ ਦਾ ਵੀ ਜ਼ਿਕਰ ਕੀਤਾ। ਸੰਦੀਪ ਨੇ ਵੀਡੀਓ ਵਿੱਚ ਕਿਹਾ ਕਿ ਉਹ ਭਗਤ ਸਿੰਘ ਤੋਂ ਪ੍ਰੇਰਿਤ ਸੀ ਅਤੇ ਕਿਸੇ ਤੋਂ ਨਹੀਂ ਡਰਦਾ ਸੀ। ਉਸ ਨੇ ਕਿਹਾ ਕਿ ਉਸ ਦਾ ਬਲੀਦਾਨ ਲੋਕਾਂ ਅਤੇ ਦੇਸ਼ ਨੂੰ ਜਗਾਉਣ ਲਈ ਹੈ।

## ਹਰਿਆਣਾ ਦੇ ਡੀ ਜੀ ਪੀ ਨੂੰ ਛੁੱਟੀ ’ਤੇ ਭੇਜਿਆ



**ਚੰਡੀਗੜ੍ਹ** : ਹਰਿਆਣਾ ਵਿਚ ਆਈ ਪੀ ਐੱਸ ਅਧਿਕਾਰੀ ਦੀ ਮੌਤ ਨੇ ਪ੍ਰਸ਼ਾਸਨਕ ਤਾਣੇ-ਬਾਣੇ ਨੂੰ ਹਿਲਾ ਕੇ ਰੱਖ ਦਿੱਤਾ ਹੈ। ਵਾਈ. ਪੂਰਨ ਸਿੰਘ ਖੁਦਕੁਸ਼ੀ ਜਾਂਚ ਦਾ ਮਾਮਲਾ ਹੁਣ ਸਿਸਟਮ ਬਨਾਮ ਸੰਵੇਦਨਾ, ਸੱਤਾ ਬਨਾਮ ਸੱਚਾਈ ਦੀ ਲੜਾਈ ਬਣ ਗਿਆ ਹੈ। ਸੋਮਵਾਰ ਦੇਰ ਰਾਤ ਸੂਬਾ ਸਰਕਾਰ ਨੇ ਵੱਡਾ ਕਦਮ ਚੁੱਕਦਿਆਂ ਡੀ ਜੀ ਪੀ ਸ਼ਤਰੂਜੀਤ ਕਪੂਰ ਨੂੰ ਛੁੱਟੀ ’ਤੇ ਭੇਜ ਦਿੱਤਾ। ਰੋਹਤਕ ਦੇ ਐੱਸ ਪੀ ਨਰੇਂਦਰ ਬਿਜਰਾਨੀਆ ਨੂੰ ਪਹਿਲਾਂ ਹੀ ਅਹੁਦੇ ਤੋਂ ਹਟਾਇਆ ਜਾ ਚੁੱਕਾ ਹੈ। ਡੀ ਜੀ ਪੀ ਸ਼ਤਰੂਜੀਤ ਕਪੂਰ ਦੀ ਥਾਂ ਆਈ ਪੀ ਐੱਸ ਓਮ ਪ੍ਰਕਾਸ਼ ਸਿੰਘ ਨੂੰ ਡੀ ਜੀ ਪੀ ਦਾ ਵਾਧੂ ਚਾਰਜ ਦਿੱਤਾ ਗਿਆ ਹੈ।

# ਵੱਡੇ ਮਾਓਵਾਦੀ ਵੇਣੂਗੋਪਾਲ ਰਾਓ ਵੱਲੋਂ ਆਤਮ-ਸਮਰਪਣ



**ਮੁੰਬਈ** : ਭਾਰਤੀ ਕਮਿਊਨਿਸਟ ਪਾਰਟੀ (ਮਾਓਵਾਦੀ) ਦੇ ਪੋਲਿਟ ਬਿਊਰੋ ਮੈਂਬਰ ਮੱਲੋਜੁਲਾ ਵੇਣੂਗੋਪਾਲ ਰਾਓ ਉਰਫ ਭੂਪਤੀ ਉਰਫ ਸੋਨੂੰ ਨੇ 60 ਸਾਥੀਆਂ ਨਾਲ ਸੋਮਵਾਰ ਰਾਤ ਆਤਮ-ਸਮਰਪਣ ਕਰ ਦਿੱਤਾ। ਇਸ ਨਾਲ ਪਾਰਟੀ ਨੂੰ ਵੱਡਾ ਧੱਕਾ ਲੱਗਾ ਹੈ। ਮਹਾਰਾਸ਼ਟਰ ਦੇ ਗੜ੍ਹਚਿਰੌਲੀ ਜ਼ਿਲ੍ਹੇ ਵਿੱਚ ਪੁਲਸ ਅੱਗੇ ਆਤਮ-ਸਮਰਪਣ ਕਰਨ ਵਾਲਿਆਂ ਵਿੱਚ ਸੋਨੂੰ ਦੇ ਨਾਲ ਇੱਕ ਕੇਂਦਰੀ ਕਮੇਟੀ ਮੈਂਬਰ ਤੇ 10 ਡਵੀਜ਼ਨਲ ਕਮੇਟੀ ਮੈਂਬਰ ਵੀ ਹਨ। ਸੋਨੂੰ ਪਾਰਟੀ ਦਾ ਸਭ ਤੋਂ ਪ੍ਰਭਾਵਸ਼ਾਲੀ ਰਣਨੀਤੀਕਾਰ ਸੀ ਅਤੇ ਉਸ ਨੇ ਮਹਾਰਾਸ਼ਟਰ-ਛੱਤੀਸਗੜ੍ਹ ਸਰਹੱਦ ’ਤੇ ਕਈ ਅਪ੍ਰੇਸ਼ਨਾਂ ਦੀ ਨਿਗਰਾਨੀ ਕੀਤੀ। ਉਸ ਦੇ ਸਿਰ ’ਤੇ ਵੱਖ-ਵੱਖ ਰਾਜਾਂ ਨੇ 10 ਕਰੋੜ ਰੁਪਏ ਦੇ ਇਨਾਮ ਐਲਾਨੇ ਹੋਏ ਸਨ। ਬਾਹਰਲੀ ਦੁਨੀਆ ਨਾਲ ਸੰਪਰਕ ਵੀ ਉਹੀ ਕਰਦਾ ਸੀ।

ਅਧਿਕਾਰੀਆਂ ਮੁਤਾਬਕ ਸੋਨੂੰ ਨੇ ਇਸ ਸਾਲ ਜਨਵਰੀ ਵਿੱਚ ਆਤਮ-ਸਮਪਰਣ ਦੀ ਇੱਛਾ ਪ੍ਰਗਟਾਈ ਸੀ। ਸੋਨੂੰ ਤੇ ਟਾਪ ਲੀਡਰਸ਼ਿਪ ਵਿਚਾਲੇ ਹਾਲੀਆ ਮਹੀਨਿਆਂ ਵਿੱਚ ਟਕਰਾਅ ਵਧ ਗਿਆ ਸੀ, ਜਿਸ ਦਾ ਨਤੀਜਾ ਉਸ ਦੇ ਆਤਮ-ਸਮਰਪਣ ਵਿੱਚ ਨਿਕਲਿਆ। ਸੋਨੂੰ ਦੀ ਸੋਚ ਸੀ ਕਿ ਲੋਕਾਂ ਦੀ ਹਮਾਇਤ ਘਟਣ ਤੇ ਕਾਡਰ ਦੇ ਵੱਡੀ ਗਿਣਤੀ ਵਿੱਚ ਮਾਰੇ ਜਾਣ ਨਾਲ ਹਥਿਆਰਬੰਦ ਸੰਘਰਸ਼ ਨਾਕਾਮ ਹੋ ਗਿਆ ਹੈ ਅਤੇ ਪੁਰਅਮਨ ਸੰਘਰਸ਼ ਹੀ ਠੀਕ ਹੈ। ਕਈ ਮੈਂਬਰਾਂ ਨੇ ਉਸ ਦੇ ਸਟੈਂਡ ਦੀ ਹਮਾਇਤ ਕੀਤੀ, ਪਰ ਹੋਰਨਾਂ ਸੀਨੀਅਰ ਆਗੂਆਂ ਨੇ ਹਥਿਆਰਬੰਦ ਘੋਲ ਜਾਰੀ ਰੱਖਣ ਦਾ ਫੈਸਲਾ ਕੀਤਾ। ਸੋਨੂੰ ਦੀ ਪਤਨੀ ਤੜੱਕਾ ਨੇ ਵੀ ਇਸ ਸਾਲ ਦੇ ਸ਼ੁਰੂ ਵਿੱਚ ਆਤਮ-ਸਮਰਪਣ ਕਰ ਦਿੱਤਾ ਸੀ। ਉਹ ਡੰਡਕਰਾਨਯਾ ਸਪੈਸ਼ਲ ਜ਼ੋਨਲ ਕਮੇਟੀ ਦੀ ਮੈਂਬਰ ਸੀ।

# ਮਾਨ ਵੱਲੋਂ ਬੈਂਗਲੁਰੂ ਦੇ ਸਨਅਤੀ ਦਿੱਗਜ਼ਾਂ ਨਾਲ ਮੁਲਾਕਾਤ, ਨਿਵੇਸ਼ ਦਾ ਸੱਦਾ



**ਚੰਡੀਗੜ੍ਹ, (ਗੁਰਜੀਤ ਬਿੱਲਾ/ ਕ੍ਰਿਸ਼ਨ ਗਰਗ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੰਗਲਵਾਰ ਪੰਜਾਬ ਨੂੰ ਨਿਵੇਸ਼ ਲਈ ਤਰਜੀਹੀ ਸਥਾਨ ਦੱਸਦਿਆਂ ਉਦਯੋਗਪਤੀਆਂ ਨੂੰ ਆਪਣੇ ਕਾਰੋਬਾਰ ਨੂੰ ਹੁਲਾਰਾ ਦੇਣ ਲਈ ਸੂਬੇ ਵਿੱਚ ਨਿਵੇਸ਼ ਕਰਨ ਦਾ ਸੱਦਾ ਦਿੱਤਾ।

ਬੈਂਗਲੁਰੂ ਵਿਖੇ ਉੱਘੇ ਉਦਯੋਗਪਤੀਆਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਉਦਯੋਗਿਕ ਖੇਤਰ ਦੇ ਦਿੱਗਜ਼ਾਂ ਨੂੰ ਪੰਜਾਬ ਵਿੱਚ ਨਿਵੇਸ਼ ਕਰਨ ਦਾ ਸੱਦਾ ਦਿੰਦਿਆਂ ਕਿਹਾ ਕਿ ਇਸ ਪਵਿੱਤਰ ਧਰਤੀ ਨੂੰ ਮਹਾਨ ਗੁਰੂਆਂ, ਸੰਤਾਂ-ਮਹਾਂਪੁਰਸ਼ਾਂ ਅਤੇ ਸ਼ਹੀਦਾਂ ਦੀ ਬਖਸ਼ਿਸ਼ ਪ੍ਰਾਪਤ ਹੈ। ਉਨ੍ਹਾ ਕਿਹਾ ਕਿ ਪੰਜਾਬ ਕੋਲ ਇੱਕ ਅਮੀਰ ਅਤੇ ਵਿਲੱਖਣ ਸੱਭਿਆਚਾਰਕ ਵਿਰਾਸਤ ਹੈ।ਮੁੱਖ ਮੰਤਰੀ ਨੇ ਕਿਹਾ ਕਿ ਮਾਰਚ 2022 ਤੋਂ ਲੈ ਕੇ ਹੁਣ ਤੱਕ ਪੰਜਾਬ ਨੂੰ 1.23 ਲੱਖ ਕਰੋੜ ਰੁਪਏ ਦੇ ਨਿਵੇਸ਼ ਪ੍ਰਸਤਾਵ ਪ੍ਰਾਪਤ ਹੋਏ ਹਨ, ਜਿਸ ਨਾਲ ਲਗਭਗ 4.7 ਲੱਖ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਹੋਣਗੇ। ਮਾਨ ਨੇ ਕਿਹਾ ਕਿ ਸੂਬਾ ਸਰਕਾਰ ਦਾ ਦ੍ਰਿੜ੍ਹ ਵਿਸ਼ਵਾਸ ਹੈ ਕਿ ਅਸਲ ਉਦਯੋਗਿਕ ਤਰੱਕੀ ਉਦੋਂ ਹੀ ਸੰਭਵ ਹੈ, ਜਦੋਂ ਸਰਕਾਰ ਅਤੇ ਉਦਯੋਗ ਮੋਢੇ ਨਾਲ ਮੋਢਾ ਜੋੜ ਕੇ ਕੰਮ ਕਰਨ।ਮੁੱਖ ਮੰਤਰੀ ਨੇ ਨਿਵੇਸ਼ਕਾਂ ਨੂੰ ਦੱਸਿਆ ਕਿ ਛੇਵਾਂ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ 13, 14 ਅਤੇ 15 ਮਾਰਚ 2026 ਨੂੰ ਮੁਹਾਲੀ ਵਿੱਚ ਕਰਵਾਇਆ ਜਾ ਰਿਹਾ ਹੈ। ਇਸ ਮਹੱਤਵਪੂਰਨ ਸਮਾਗਮ ਵਿੱਚ ਹਿੱਸਾ ਲੈਣ ਲਈ ਸਾਰੇ ਨਿਵੇਸ਼ਕਾਂ ਨੂੰ ਸੱਦਾ ਦਿੰਦਿਆਂ ਉਨ੍ਹਾ ਕਿਹਾ ਕਿ ਇਹ ਸੰਮੇਲਨ ਉਦਯੋਗਪਤੀਆਂ, ਨੀਤੀ ਘਾੜਿਆਂ ਅਤੇ ਖੋਜਕਰਤਾਵਾਂ ਨੂੰ ਵਿਚਾਰਾਂ ਦਾ ਆਦਾਨ-ਪ੍ਰਦਾਨ ਕਰਨ ਅਤੇ ਆਪਣੇ ਦ੍ਰਿਸ਼ਟੀਕੋਣ ਪੇਸ਼ ਕਰਨ ਲਈ ਇੱਕ ਸਾਂਝਾ ਪਲੇਟਫਾਰਮ ਪ੍ਰਦਾਨ ਕਰੇਗਾ।ਉਹਨਾ ਕਿਹਾ ਕਿ ਪੰਜਾਬ ਵਿੱਚ ਆਰਥਿਕ ਅਤੇ ਉਦਯੋਗਿਕ ਵਿਕਾਸ ਲਈ ਅਥਾਹ ਸੰਭਾਵਨਾਵਾਂ ਹਨ, ਪਰ ਪੰਜਾਬ ਦੇ ਵਿਕਾਸ ਲਈ ਉਦਯੋਗਪਤੀਆਂ ਦਾ ਸਮਰਥਨ ਅਤਿ ਲੋੜੀਂਦਾ ਹੈ। ਉਨ੍ਹਾ ਕਿਹਾ ਕਿ ਉਨ੍ਹਾਂ ਦੀ ਭਾਈਵਾਲੀ ਨਾਲ ਸੂਬਾ ਸਰਕਾਰ ਪੰਜਾਬ ਨੂੰ ਖੁਸ਼ਹਾਲੀ ਅਤੇ ਤਰੱਕੀ ਦੀਆਂ ਨਵੀਂਆਂ ਲੀਹਾਂ ’ਤੇ ਲੈ ਜਾਵੇਗੀ।

ਮਾਨ ਨੇ ਵਿਸ਼ਵਾਸ ਪ੍ਰਗਟ ਕੀਤਾ ਕਿ ਇਕੱਠੇ ਮਿਲ ਕੇ ਉਹ ਜਲਦ ਹੀ ਪੰਜਾਬ ਨੂੰ ਇੱਕ ਵਾਰ ਫਿਰ ਤੋਂ ‘ਰੰਗਲਾ ਪੰਜਾਬ’ ਬਣਾਉਣ ਦੇ ਸੁਪਨੇ ਨੂੰ ਸਾਕਾਰ ਕਰਨਗੇ।

## ਗੂਗਲ 15 ਅਰਬ ਡਾਲਰ ਦਾ ਨਿਵੇਸ਼ ਕਰੇਗਾ

**ਬੈਂਗਲੁਰੂ** : ਗੂਗਲ ਨੇ ਮੰਗਲਵਾਰ ਨੂੰ ਕਿਹਾ ਕਿ ਉਹ ਭਾਰਤ ਦੇ ਆਂਧਰਾ ਪ੍ਰਦੇਸ਼ ਵਿੱਚ ਇੱਕ ਆਰਟੀਫੀਸ਼ੀਅਲ ਇੰਟੈਲੀਜੈਂਸ (ਏ ਆਈ) ਹੱਬ ਲਈ ਡਾਟਾ ਸੈਂਟਰ ਸਮਰੱਥਾ ਸਥਾਪਤ ਕਰਨ ਲਈ ਅਗਲੇ ਪੰਜ ਸਾਲਾਂ ਵਿੱਚ 15 ਅਰਬ ਡਾਲਰ ਦਾ ਨਿਵੇਸ਼ ਕਰੇਗਾ, ਜੋ ਕਿ ਦੇਸ਼ ਵਿੱਚ ਇਸ ਦੇ ਸਭ ਤੋਂ ਵੱਡੇ ਨਿਵੇਸ਼ਾਂ ਵਿੱਚੋਂ ਇੱਕ ਹੈ। ਕਲਾਊਡ ਦੇ ਸੀ ਈ ਓ ਥਾਮਸ ਕੁਰਿਅਨ ਨੇ ਨਵੀਂ ਦਿੱਲੀ ਵਿੱਚ ਇੱਕ ਸਮਾਗਮ ਵਿੱਚ ਕਿਹਾ ਕਿ ਇਹ ਅਮਰੀਕਾ ਤੋਂ ਬਾਹਰ ਦੁਨੀਆ ਵਿੱਚ ਕਿਤੇ ਵੀ ਸਭ ਤੋਂ ਵੱਡਾ ਏ ਆਈ ਹੱਬ ਹੈ, ਜਿਸ ਵਿੱਚ ਅਸੀਂ ਨਿਵੇਸ਼ ਕਰਨ ਜਾ ਰਹੇ ਹਾਂ। ਇਹ ਕਦਮ ਵੱਡੀਆਂ ਤਕਨੀਕੀ ਕੰਪਨੀਆਂ ਵਿਚਕਾਰ ਵਧਦੇ ਮੁਕਾਬਲੇ ਦੇ ਦੌਰਾਨ ਆਇਆ ਹੈ, ਜੋ ਏ ਆਈ ਸੇਵਾਵਾਂ ਦੀ ਵਧ ਰਹੀ ਮੰਗ ਨੂੰ ਪੂਰਾ ਕਰਨ ਲਈ ਨਵੇਂ ਡਾਟਾ ਸੈਂਟਰ ਤੇ ਬੁਨਿਆਦੀ ਢਾਂਚੇ ਦੇ ਨਿਰਮਾਣ ’ਤੇ ਭਾਰੀ ਖਰਚ ਕਰ ਰਹੀਆਂ ਹਨ।

# ਦਲਿਤਾਂ ’ਤੇ ਅੱਤਿਆਚਾਰ ਖਿਲਾਫ ਕੌਮੀ ਪੱਧਰ ’ਤੇ ਲੜਾਈ ਲੜਾਂਗੇ : ਰਾਹੁਲ



**ਚੰਡੀਗੜ੍ਹ** : ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਅਤੇ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਹਰਿਆਣਾ ਦੇ ਆਈ ਪੀ ਐੱਸ ਅਧਿਕਾਰੀ ਮਰਹੂਮ ਵਾਈ. ਪੂਰਨ ਕੁਮਾਰ ਦੀ ਆਈ ਏ ਐੱਸ ਪਤਨੀ ਅਮਨੀਤ ਪੀ.ਕੁਮਾਰ ਤੇ ਹੋਰਨਾਂ ਪਰਵਾਰਕ ਮੈਂਬਰਾਂ ਨਾਲ ਮੁਲਾਕਾਤ ਕਰਕੇ ਦੁੱਖ ਸਾਂਝਾ ਕੀਤਾ। ਇਸ ਮੁਲਾਕਾਤ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਰਾਹੁਲ ਗਾਂਧੀ ਨੇ ਕਿਹਾ ਕਿ ਦੇਸ਼ ਵਿੱਚ ਦਲਿਤਾਂ ’ਤੇ ਅੱਤਿਆਚਾਰ ਹੋ ਰਿਹਾ ਹੈ। ਉਨ੍ਹਾ ਕਿਹਾ ਕਿ ਇਹ ਕਿਸੇ ਇੱਕ ਪਰਵਾਰ ਦਾ ਨਹੀਂ, ਬਲਕਿ ਦੇਸ਼ ਦੇ ਕਰੋੜਾਂ ਦਲਿਤਾਂ ਨਾਲ ਜੁੜਿਆ ਹੋਇਆ ਮਸਲਾ ਹੈ। ਉਨ੍ਹਾ ਕਿਹਾ ਕਿ ਇਸ ਪੂਰੇ ਮਾਮਲੇ ਤੋਂ ਸਾਫ਼ ਹੈ ਕਿ ਕਿਵੇਂ ਇੱਕ ਅਧਿਕਾਰੀ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਸੀ ਅਤੇ ਤੰਗ-ਪ੍ਰੇਸ਼ਾਨ ਕੀਤਾ ਜਾ ਰਿਹਾ ਸੀ। ਪ੍ਰੇਸ਼ਾਨੀ ਦੇ ਇਸੇ ਦਬਾਅ ਵਿਚ ਆ ਕੇ ਆਈ ਪੀ ਐੱਸ ਅਧਿਕਾਰੀ ਨੇ ਖੁਦਕੁਸ਼ੀ ਕਰ ਲਈ। ਰਾਹੁਲ ਗਾਂਧੀ ਨੇ ਕਿਹਾ ਕਿ ਹਰਿਆਣਾ ਦੇ ਮੁੱਖ ਮੰਤਰੀ ਵੱਲੋਂ ਪੀੜਤ ਪਰਵਾਰ ਨਾਲ ਕੀਤਾ ਗਿਆ ਵਾਅਦਾ ਅਜੇ ਤੱਕ ਪੂਰਾ ਨਹੀਂ ਕੀਤਾ ਗਿਆ ਹੈ। ਉਨ੍ਹਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਕੋਲੋਂ ਮੰਗ ਕੀਤੀ ਕਿ ਦੋਸ਼ੀਆਂ ਵਿਰੁੱਧ ਬਣਦੀ ਕਾਰਵਾਈ ਕੀਤੀ ਜਾਵੇ ਅਤੇ ਵਾਈ. ਪੂਰਨ ਕੁਮਾਰ ਦਾ ਸਸਕਾਰ ਕਰਵਾਇਆ ਜਾਵੇ। ਰਾਹੁਲ ਗਾਂਧੀ ਨੇ ਕਿਹਾ ਕਿ ਪੀੜਤ ਪਰਵਾਰ ਦੀ ਵੀ ਇਹੀ ਮੰਗ ਹੈ ਕਿ ਉਨ੍ਹਾਂ ਨੂੰ ਬਣਦਾ ਸਨਮਾਨ ਦਿੱਤਾ ਜਾਵੇ ਅਤੇ ਉਕਤ ਮਾਮਲੇ ਵਿੱਚ ਸ਼ਾਮਲ ਅਧਿਕਾਰੀਆਂ ਵਿਰੁੱਧ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇ। ਇਸ ਮੌਕੇ ਭੁਪਿੰਦਰ ਹੁੱਡਾ, ਕੁਮਾਰੀ ਸ਼ੈਲਜਾ ਤੇ ਹਰਿਆਣਾ ਕਾਂਗਰਸ ਨਾਲ ਸੰਬੰਧਤ ਹੋਰ ਆਗੂ ਵੀ ਮੌਜੂਦ ਸਨ। ਰਾਹੁਲ ਗਾਂਧੀ ਨੇ ਕਿਹਾ ਕਿ ਉਨ੍ਹਾਂ ਅਮਨੀਤ ਪੀ.ਕੁਮਾਰ ਨਾਲ ਗੱਲ ਕੀਤੀ ਤਾਂ ਮਹਿਸੂਸ ਕੀਤਾ ਕਿ

• ਬਾਕੀ ਸਫਾ 2 ’ਤੇ

## ਦੀਵਾਲੀ ਵਿਸ਼ੇਸ਼ ਸਪਲੀਮੈਂਟ


ਡਾ. ਰਮਨ (ਫਗਵਾੜਾ) 88378-31314


ਰਮੇਸ਼ ਕਟਾਰੀਆ ਰਾਜਪੁਰਾ 99880-13675


ਕ੍ਰਿਸ਼ਨ ਗਰਗ ਚੰਡੀਗੜ੍ਹ 94175-93500


ਸੁਖਵਿੰਦਰ ਸਫਰੀ ਟੂਟੋਮਜਾਰਾ 99158-16713


ਸੰਜੀਵ ਅਰੋੜਾ ਜਗਰਾਓਂ 98145-56990


ਹਰਬਿੰਦਰ ਸਿੰਘ ਰਾਣਾ ਵੇਰਕਾ (ਅੰਮ੍ਰਿਤਸਰ) 98881-45991


ਰੀਨਾ ਸ਼ਰਮਾ ਨਕੋਦਰ 79861-27371


ਹਰਭਜਨ ਢਿੱਲੋਂ ਭਲਾਣ (ਨੰਗਲ) 94645-21052


ਮਲਵਿੰਦਰ ਸਿੰਘ ਬਟਾਲਾ 98550-20576


ਇਕਬਾਲ ਸਿੰਘ ਖਹਿਰਾ ਮੋਗਾ 97798-39323

ਦੀਵਾਲੀ ਦੇ ਸ਼ੁੱਭ ਦਿਹਾੜੇ ਨੂੰ ਸਮਰਪਿਤ ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਤ ਕੀਤੇ ਜਾ ਰਹੇ ਹਨ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਇਨ੍ਹਾਂ ਪੱਤਰਕਾਰਾਂ ਨਾਲ ਸੰਪਰਕ ਕੀਤਾ ਜਾਵੇ।

-ਜਨਰਲ ਮੈਨੇਜਰ

## 50 ਫੀਸਦੀ ਟੈਰਿਫ਼ ਨਾਲ ਭਾਰਤ ਤੋਂ ਅਮਰੀਕਾ ਲਈ ਡਾਕ ਸੇਵਾਵਾਂ ਅੱਜ ਤੋਂ ਮੁੜ ਸ਼ੁਰੂ

**ਨਵੀਂ ਦਿੱਲੀ** : ਡਾਕ ਵਿਭਾਗ ਨੇ ਐਲਾਨ ਕੀਤਾ ਕਿ ਸੰਯੁਕਤ ਰਾਜ ਅਮਰੀਕਾ ਨੂੰ ਸਾਰੀਆਂ ਸ਼੍ਰੇਣੀਆਂ ਦੀਆਂ ਅੰਤਰਰਾਸ਼ਟਰੀ ਡਾਕ ਸੇਵਾਵਾਂ 15 ਅਕਤੂਬਰ ਤੋਂ ਮੁੜ ਸ਼ੁਰੂ ਕੀਤੀਆਂ ਜਾਣਗੀਆਂ। ਇੰਡੀਆ ਪੋਸਟ ਨੇ ਇਸ ਅਗਸਤ ਤੋਂ ਅਮਰੀਕਾ ਲਈ ਸਾਰੀਆਂ ਡਾਕ ਸੇਵਾਵਾਂ ਨੂੰ ਮੁਅੱਤਲ ਕਰ ਦਿੱਤਾ ਸੀ, ਕਿਉਂਕਿ ਨਵੇਂ ਅਮਰੀਕੀ ਨਿਯਮਾਂ ਕਾਰਨ ਵਿਦੇਸ਼ਾਂ ਵਿਚੋਂ ਜ਼ਿਆਦਾਤਰ ਆਉਣ ਵਾਲੇ ਸ਼ਿਪਮੈਂਟਾਂ ਲਈ ਡਿਊਟੀ ਫਰੀ ਵਰਗ ਤੋਂ ਦਿੱਤੀ ਛੋਟ ਖਤਮ ਕਰ ਦਿੱਤੀ ਸੀ, ਜਿਨ੍ਹਾਂ ਵਿਚ ਚਿੱਠੀ-ਪੱਤਰ ਆਦਿ ਸ਼ਾਮਲ ਸਨ। ਇਹ ਸੇਵਾਵਾਂ ਪ੍ਰਭਾਵਤ ਹੋਣ ਕਾਰਨ

• ਬਾਕੀ ਸਫਾ 2 ’ਤੇ

# ਦਲਿਤਾਂ ਦੇ ਸੁਪਨਿਆਂ ਦਾ ਹਰ ਦਿਨ ਕਤਲ : ਦੇਵੀ ਕੁਮਾਰੀ, ਪ੍ਰੀਤਮ ਸਿੰਘ



**ਸ਼ਾਹਕੋਟ (ਗਿਆਨ ਸੈਦਪੁਰੀ)**

ਪੰਜਾਬ ਖੇਤ ਮਜ਼ਦੂਰ ਸਭਾ ਦੇ ਪ੍ਰਧਾਨ ਪ੍ਰੀਤਮ ਸਿੰਘ ਨਿਆਮਤਪੁਰ ਤੇ ਜਨਰਲ ਸਕੱਤਰ ਦੇਵੀ ਕੁਮਾਰੀ ਸਰਹਾਲੀ ਕਲਾਂ ਨੇ ਇੱਕ ਸਾਂਝੇ ਬਿਆਨ ਵਿੱਚ ਮੰਗ ਕੀਤੀ ਹੈ ਕਿ ਦਲਿਤ ਆਈ ਪੀ ਐੱਸ ਅਫਸਰ ਵਾਈ. ਪੂਰਨ ਕੁਮਾਰ ਨੂੰ ਖੁਦਕੁਸ਼ੀ ਲਈ ਮਜਬੂਰ ਕਰਨ ਵਾਲੇ ਅਧਿਕਾਰੀਆਂ ਨੂੰ ਸਖਤ ਸਜ਼ਾ ਦਿੱਤੀ ਜਾਵੇ। ਉਹਨਾਂ ਕਿਹਾ ਕਿ ਜਾਤੀਵਾਦੀ ਮਾਨਸਿਕਤਾ ਅਤੇ ਮਨੂੰਵਾਦੀ ਸੋਚ ਵਾਲੇ ਲੋਕਾਂ ਵੱਲੋਂ ਦਲਿਤਾਂ ਵਿਰੁੱਧ ਫੈਲਾਏ ਜਾ ਰਹੇ ਨਫਰਤੀ ਜ਼ਹਿਰ ਨੂੰ ਕਿਸੇ ਪਾਸੇ ਤੋਂ ਵੀ ਰੋਕ ਲੱਗਦੀ ਨਜ਼ਰ ਨਹੀਂ ਆ ਰਹੀ। ਇੱਕ ਹੋਣਹਾਰ ਆਈ ਪੀ ਐੱਸ ਅਧਿਕਾਰੀ ਵਾਈ. ਪੂਰਨ ਕੁਮਾਰ ਦੀ ਪਤਨੀ ਦੇ ਰੁਦਨ ਨੂੰ ਵੀ ਰੋਲਿਆ ਜਾ ਰਿਹਾ ਹੈ।ਖੇਤ ਮਜ਼ਦੂਰ ਆਗੂਆਂ ਨੇ ਕਿਹਾ ਕਿ ਹਜ਼ਾਰਾਂ ਸਾਲਾਂ ਤੋਂ ਦਲਿਤਾਂ ਨਾਲ ਘੋਰ ਬੇਇਨਸਾਫੀ ਹੋ ਰਹੀ ਹੈ। ਇਹਨਾਂ ਨਾਲ ਹੁੰਦੇ ਰਹੇ ਜ਼ੁਲਮਾਂ ਦੀਆਂ ਕਹਾਣੀਆਂ ਪੜ੍ਹ, ਸੁਣ ਕੇ ਰੂਹ ਕੰਬ ਜਾਂਦੀ ਹੈ। ਕੰਨਾਂ ’ਚ ਸਿੱਕਾ ਪਵਾਉਣਾ, ਸੜਕਾਂ ’ਤੇ ਤੁਰਨ ਲੱਗਿਆਂ ਥੁੱਕਣ ਲਈ ਗਲ ’ਚ ਕੁੱਜਾ ਬੰਨ੍ਹ ਕੇ ਰੱਖਣਾ ਤੇ ਪਿੱਛੇ ਛਾਪਾ ਬੰਨ੍ਹਣਾ ਇਹਨਾਂ ਦੀ ਹੋਣੀ ਰਹਿ ਚੁੱਕਾ ਹੈ।ਭਾਰਤ ਦੇ ਚੀਫ ਜਸਟਿਸ ਵੱਲ ਜੁੱਤੀ ਸੁੱਟਣ ਦੀ ਅੱਤ ਨਿੰਦਣਯੋਗ ਘਟਨਾ ਵੀ ਉਸ ਨਫਰਤੀ ਮਾਨਸਿਕਤਾ ਦਾ ਹੀ ਪ੍ਰਗਟਾਵਾ ਹੈ, ਜੋ ਸਦੀਆਂ ਤੋਂ ਮਨਾਂ ਅੰਦਰ ਭਰੀ ਪਈ ਹੈ। ਨਿਆਮਤਪੁਰ ਅਤੇ ਸਰਹਾਲੀ ਕਲਾਂ ਨੇ ਕਿਹਾ ਕਿ ਜਦੋਂ ਤੋਂ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਹੋਂਦ ਵਿੱਚ ਆਈ ਹੈ, ਉਦੋਂ ਤੋਂ ਦਲਿਤਾਂ ਦਾ ਦਰਦ ਤੇ ਦੁੱਖ ਹੋਰ ਵਧ ਗਿਆ ਹੈ। ਦਲਿਤਾਂ ਵੱਲੋਂ ਸੋਹਣੀ ਜ਼ਿੰਦਗੀ ਜਿਊਣ ਲਈ ਸੰਜੋਏ ਸੁਪਨਿਆਂ ਦਾ ਹਰ ਦਿਨ ਕਤਲ ਸਭ ਦੇ ਸਾਹਮਣੇ ਹੈ। ਹੋਰ ਤਾਂ ਹੋਰ ਮਨਰੇਗਾ ਸਕੀਮ, ਜੋ ਕਮਿਊਨਿਸਟ ਪਾਰਟੀਆਂ ਦੇ ਸੰਘਰਸ਼ ਨਾਲ ਹੋਂਦ ਵਿੱਚ ਆਈ ਸੀ, ਜਿਸ ਨਾਲ ਦਲਿਤ ਮਜ਼ਦੂਰਾਂ ਨੂੰ ਕੁਝ ਰਾਹਤ ਮਿਲੀ ਸੀ, ਨੂੰ ਵੀ ਖਤਮ ਕਰਨ ਦੇ ਮਨਸੂਬੇ ਘੜੇ ਜਾ ਰਹੇ ਹਨ। ਹਰ ਬਜਟ ਵਿੱਚ ਮਨਰੇਗਾ ਦੇ ਹਿੱਸੇ ਨੂੰ ਘਟਾਇਆ ਜਾ ਰਿਹਾ ਹੈ। ਆਗੂਆਂ ਜ਼ੋਰਦਾਰ ਮੰਗ ਕੀਤੀ ਕਿ ਆਈ ਪੀ ਐੱਸ ਅਧਿਕਾਰੀ ਦੇ ਪਰਵਾਰ ਨੂੰ ਇਨਸਾਫ ਦਿਵਾਇਆ ਜਾਵੇ।

## ਕਿਸੇ ਹਾਲਤ ’ਚ ਵੀ ਪੰਜਾਬ ਦੀਆਂ ਜ਼ਮੀਨਾਂ ਨਹੀਂ ਵੇਚਣ ਦੇਵਾਂਗੇ : ਸੀ ਪੀ ਆਈ

**ਚੰਡੀਗੜ੍ਹ** : ਹੈਰਾਨੀ ਦੀ ਗੱਲ ਹੈ ਕਿ ਪੰਜਾਬ ਸਰਕਾਰ ਪੂਰੀ ਤਰ੍ਹਾਂ ਬੁਖਲਾਈ ਹੋਈ ਹੈ। ਪਹਿਲਾਂ ਉਸ ਨੇ ਸ਼ਹਿਰਾਂ ਦੇ ਵਿਕਾਸ ਦੇ ਨਾਂਅ ਹੇਠਾਂ ਸ਼ਹਿਰਾਂ ਦੇ ਦੁਆਲੇ ਕਿਸਾਨਾਂ ਤੋਂ ਜ਼ਬਰਦਸਤੀ ਜ਼ਮੀਨਾਂ ਖੋਹਣ ਦੀ ਵਿਉਂਤ ਬਣਾਈ, ਜਿਸ ਨੂੰ ਸਮੁਚੇ ਪੰਜਾਬੀਆਂ ਨੇ ਬੁਰੀ ਤਰ੍ਹਾਂ ਅਸਫਲ ਕਰ ਦਿੱਤਾ। ਇਸ ਤੋਂ ਕੋਈ ਸਬਕ ਨਾ ਸਿਖ ਕੇ ਹੁਣ ਫੇਰ ਪੰਜਾਬ ਸਰਕਾਰ ਨੇ ਸਰਕਾਰੀ ਅਦਾਰਿਆਂ, ਯੂਨੀਵਰਸਿਟੀਆਂ, ਬੋਰਡਾਂ ਅਤੇ ਕਾਰਪੋਰੇਸ਼ਨਾਂ ਕੋਲ ਪਈਆਂ ਜ਼ਮੀਨਾਂ ਵੇਚਣ ਦੀ ਵਿਉਂਤ ਬਣਾ ਲਈ ਗਈ ਹੈ। ਇਕੱਲੀ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ, ਜਿਸ ਦਾ ਪੰਜਾਬ ਦੀ ਖੇਤੀ ਦੇ ਵਿਕਾਸ ਵਿਚ ਭਾਰੀ ਯੋਗਦਾਨ ਹੈ, 2000 ਏਕੜ ਜ਼ਮੀਨ ਵੇਚਣ ਅਤੇ ਇਸੇ ਪ੍ਰਕਾਰ ਪੰਜਾਬ ਬਿਜਲੀ ਕਾਰਪੋਰੇਸ਼ਨ ਕੋਲ ਪਈ ਹਜ਼ਾਰਾਂ ਏਕੜ ਜ਼ਮੀਨ ਵੇਚਣ ਦਾ ਪਰੋਗਰਾਮ ਹੈ। ਉਪਰੋਕਤ ਫੈਸਲੇ ’ਤੇ ਟਿੱਪਣੀ ਕਰਦਿਆਂ ਪੰਜਾਬ ਸੀ ਪੀ ਆਈ ਦੇ ਸਕੱਤਰ ਬੰਤ ਸਿੰਘ ਬਰਾੜ ਨੇ ਕਿਹਾ ਕਿ ਸੀ ਪੀ ਆਈ ਪੰਜਾਬ ਦੇ ਕਿਸਾਨਾਂ ਅਤੇ ਮੁਲਾਜ਼ਮਾਂ ਦੀਆਂ ਸਾਂਝੀਆਂ ਯੂਨੀਅਨਾਂ ਦੇ ਸੰਘਰਸ਼ ਦੀ ਭਰਪੂਰ ਹਮਾਇਤ ਕਰਦੀ ਹੋਈ ਪੰਜਾਬ ਦੀਆਂ ਖੱਬੀਆਂ ਅਤੇ ਜਮਹੂਰੀ ਸ਼ਕਤੀਆਂ ਨੂੰ ਇਸ ਦਾ ਜ਼ੋਰਦਾਰ ਵਿਰੋਧ ਕਰਨ ਦੀ ਅਪੀਲ ਕਰਦੀ ਹੈ। ਸਾਥੀ ਬਰਾੜ ਨੇ ਕਿਹਾ ਕਿ ਸਰਕਾਰ ਭ੍ਰਿਸ਼ਟਾਚਾਰ, ਨਸ਼ਾਖੋਰੀ, ਗੈਂਗਸਟਰਾਂ ਨੂੰ ਕਾਬੂ ਕਰਨ ਵਿਚ ਬੁਰੀ ਤਰ੍ਹਾਂ ਅਫਸਲ ਰਹੀ ਹੈ ਤੇ ਹੁਣ ਪੰਜਾਬ ਦੀਆਂ ਜ਼ਮੀਨਾਂ ਵੇਚ ਕੇ ਪੰਜਾਬ ਨੂੰ ਬੁਰੀ ਤਰ੍ਹਾਂ ਉਜਾੜਨ ’ਤੇ ਤੁਲੀ ਹੋਈ ਹੈ, ਜਿਸ ਦੀ ਇਜਾਜ਼ਤ ਪੰਜਾਬ ਦੇ ਮਿਹਨਤੀ ਲੋਕ ਕਦੇ ਵੀ ਨਹੀਂ ਦੇਣਗੇ।

# ਤਨਖਾਹ ਤੇ ਪੈਨਸ਼ਨ ਲਈ ਪੀ ਆਰ ਟੀ ਸੀ ਕਾਮਿਆਂ ਤੇ ਪੈਨਸ਼ਨਰਾਂ ਵੱਲੋਂ ਜ਼ਬਰਦਸਤ ਪ੍ਰਦਰਸ਼ਨ



**ਪਟਿਆਲਾ** : ਪੀ ਆਰ ਟੀ ਸੀ ਵਿੱਚ ਕੰਮ ਕਰਦੀਆਂ ਛੇ ਜਥੇਬੰਦੀਆਂ ’ਤੇ ਆਧਾਰਤ ਐਕਸ਼ਨ ਕਮੇਟੀ ਅਤੇ ਪੀ ਆਰ ਟੀ ਸੀ ਰਿਟਾਇਰਡ ਵਰਕਰਜ਼ ਭਾਈਚਾਰਾ ਯੂਨੀਅਨ ਏਟਕ ਵੱਲੋਂ ਮੰਗਲਵਾਰ ਸਾਂਝੇ ਤੌਰ ’ਤੇ ਸੈਂਕੜਿਆਂ ਦੀ ਗਿਣਤੀ ਵਿੱਚ ਇੱਕਠੇ ਹੋ ਕੇ ਪੰਜਾਬ ਸਰਕਾਰ ਅਤੇ ਪੀ ਆਰ ਟੀ ਸੀ ਦੀ ਮੈਨੇਜਮੈਂਟ ਦੇ ਵਿਰੋਧ ਵਿੱਚ ਤਨਖਾਹਾਂ ਅਤੇ ਪੈਨਸ਼ਨਾਂ ਅੱਜ ਤੱਕ ਵੀ ਨਾ ਦਿੱਤੇ ਜਾਣ ਕਰਕੇ 3 ਘੰਟੇ ਤੱਕ ਜ਼ੋਰਦਾਰ ਰੈਲੀ ਅਤੇ ਬੱਸ ਸਟੈਂਡ ਦੇ ਅੰਦਰ ਪਬਲਿਕ ਸਾਹਮਣੇ ਸਰਕਾਰ ਵੱਲੋਂ ਪੀ ਆਰ ਟੀ ਸੀ ਦੇ ਮੁਲਾਜ਼ਮਾਂ ਨੂੰ ਭੁੱਖੇ ਮਾਰਨ ਅਤੇ ਅਦਾਰੇ ਪ੍ਰਤੀ ਅਪਣਾਈਆਂ ਘਾਤਕ ਨੀਤੀਆਂ ਨੂੰ ਉਜਾਗਰ ਕਰਨ ਲਈ ਰੋਸ ਮਾਰਚ ਕੀਤਾ ਗਿਆ। ਇਸ ਰੈਲੀ ਅਤੇ ਰੋਸ ਮੁਜ਼ਾਹਰੇ ਦੀ ਅਗਵਾਈ ਐਕਸ਼ਨ ਕਮੇਟੀ ਦੇ ਕਨਵੀਨਰ ਨਿਰਮਲ ਸਿੰਘ ਧਾਲੀਵਾਲ ਅਤੇ ਮੈਂਬਰਾਂ ਬਲਦੇਵ ਰਾਜ ਬੱਤਾ, ਰਾਕੇਸ਼ ਕੁਮਾਰ ਦਾਤਾਰਪੁਰੀ, ਤਰਸੇਮ ਸਿੰਘ, ਮਨਜਿੰਦਰ ਕੁਮਾਰ (ਬੱਬੂ ਸ਼ਰਮਾ) ਅਤੇ ਮੁਹੰਮਦ ਖਲੀਲ ਕਰ ਰਹੇ ਸਨ।ਆਗੂਆਂ ਵੱਲੋਂ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਗਿਆ ਕਿ ਅਕਤੂਬਰ ਮਹੀਨੇ ਦੀ 14 ਤਰੀਕ ਹੋਣ ਤੱਕ ਵੀ ਦੀਵਾਲੀ ਵਰਗਾ ਮਹੱਤਵਪੂਰਨ ਤਿਉਹਾਰ ਹੋਣ ਦੇ ਬਾਵਜੂਦ ਨਾ ਅਜੇ ਤੱਕ ਵਰਕਰਾਂ ਨੂੰ ਤਨਖਾਹ ਦੀ ਅਦਾਇਗੀ ਕੀਤੀ ਗਈ ਹੈ ਨਾ ਹੀ ਪੰਜ ਹਜ਼ਾਰ ਤੋਂ ਵੱਧ ਪੈਨਸ਼ਨਰਾਂ ਨੂੰ ਪੈਨਸ਼ਨ ਦਿੱਤੀ ਗਈ ਹੈ। ਬਾਕੀ ਮੈਡੀਕਲ ਬਿੱਲ ਅਤੇ ਹੋਰ ਬਕਾਏ ਤਾਂ ਕੀ ਦਿੱਤੇ ਜਾਣੇ ਸਨ। ਆਗੂਆਂ ਚੇਅਰਮੈਨ ਪੀ ਆਰ ਟੀ ਸੀ ’ਤੇ ਸੁਆਲ ਉਠਾਉਂਦਿਆ ਕਿਹਾ ਕਿ ਉਹ ਪੀ ਆਰ ਟੀ ਸੀ ਦਾ ਚੇਅਰਮੈਨ ਕਿਨ੍ਹਾਂ ਟੀਚਿਆਂ ਨੂੰ ਸਾਹਮਣੇ ਰੱਖ ਕੇ ਬਣੇ ਸਨ ? ਕੀ ਤੁਸੀਂ ਕਦੇ ਤਨਖਾਹ-ਪੈਨਸ਼ਨ ਵਰਕਰਾਂ ਨੂੰ ਸਮੇਂ ਸਿਰ ਦੁਆ ਸਕੇ ਹੋ ? ਕੀ ਤੁਸੀਂ 4 ਸਾਲਾਂ ਵਿੱਚ ਅਦਾਰੇ ਵਿੱਚ ਕੋਈ ਨਵੀਂ ਬੱਸ ਪੁਆ ਸਕੇ ਹੋ ? ਕੀ ਤੁਸੀਂ ਸਰਕਾਰ ਤੋਂ ਪੀ ਆਰ ਟੀ ਸੀ ਦਾ ਮੁਫਤ ਸਫਰ ਸਹੂਲਤਾਂ ਬਦਲੇ ਬਣਦਾ 500 ਕਰੋੜ ਰੁਪਏ ਲਿਆ ਸਕੇ ਹੋ ? ਕੀ ਤੁਸੀਂ ਆਪਣੇ ਕੀਤੇ ਵਾਅਦੇ ਮੁਤਾਬਕ ਕੰਟਰੈਕਟ ਵਰਕਰਾਂ ਨੂੰ ਪੱਕੇ ਕਰਵਾ ਸਕੇ ਹੋ ? ਅਤੇ ਕੀ ਤੁਸੀਂ ਵਰਕਰਾਂ ਦੇ 150 ਕਰੋੜ ਰੁਪਏ ਦੇ ਲਗਭਗ ਬਣਦੇ ਬਕਾਇਆਂ ਵਿੱਚੋਂ ਕੋਈ ਪੈਸਾ ਅਦਾ ਕਰਵਾ ਸਕੇ ਹੋ ? ਜਦ ਕਿ ਸਪੱਸ਼ਟ ਹੈ ਕਿ ਤੁਸੀਂ ਇਨ੍ਹਾਂ ਕੰਮਾਂ ਵਿੱਚੋਂ ਇੱਕ ਵੀ ਨਹੀਂ ਕਰਵਾ ਸਕੇ। ਸੁਆਲ ਉਠਦਾ ਹੈ ਕਿ ਫਿਰ ਪੀ ਆਰ ਟੀ ਸੀ ਅਤੇ ਇਸ ਦੇ ਵਰਕਰਾਂ ਨੂੰ ਤੁਹਾਡੀ ਇਸ ਨਿਯੁਕਤੀ ਦਾ ਸਿਵਾਏ ਵਿੱਤੀ ਬੋਝ ਦੇ ਹੋਰ ਕੀ ਫਾਇਦਾ ਹੋਇਆ ਹੈ। ਪੰਜਾਬ ਸਰਕਾਰ ਵੱਲੋਂ

• ਬਾਕੀ ਸਫਾ 2 ’ਤੇ

## ਲੁਧਿਆਣਾ ’ਚ ਗੋਲੀ ਲੱਗਣ ਕਾਰਨ ਪੁਲਸ ਮੁਲਾਜ਼ਮ ਦੀ ਮੌਤ

**ਲੁਧਿਆਣਾ** : ਮੰਗਲਵਾਰ ਨੂੰ ਡੀ ਆਈ ਜੀ ਰੇਂਜ ਵਿੱਚ ਤਾਇਨਾਤ ਇੱਕ ਮੁਲਾਜ਼ਮ ਦੀ ਡਿਊਟੀ ਦੌਰਾਨ ਗੋਲੀ ਲੱਗਣ ਕਾਰਨ ਮੌਤ ਹੋ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਮੁਲਾਜ਼ਮ ਦੀ ਪਛਾਣ ਤੀਰਥ ਸਿੰਘ (50) ਵਜੋਂ ਹੋਈ ਹੈ। ਗੋਲੀ ਲੱਗਣ ਦੇ ਕਾਰਨਾਂ ਦਾ ਹਾਲੇ ਪਤਾ ਨਹੀਂ ਲੱਗਿਆ ਹੈ। ਪੁਲਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਲੁਧਿਆਣਾ ਦੇ ਰਾਣੀ ਝਾਂਸੀ ਰੋਡ ’ਤੇ ਸਥਿਤ ਡੀ ਆਈ ਜੀ ਰੇਂਜ ਹਾਊਸ ਵਿੱਚ ਡਿਊਟੀ ਦੌਰਾਨ ਰਾਤ ਕਰੀਬ 3 ਵਜੇ ਗੋਲੀ ਲੱਗਣ ਕਾਰਨ ਤੀਰਥ ਸਿੰਘ ਦੀ ਜਾਨ ਗਈ ਹੈ।

## ਅੱਜ-ਨਾਮਾ

ਚਰਚਾ ਵਿੱਚ ਫਿਰ ਆਈ ਨਵਜੋਤ ਜੋੜੀ,
ਲੱਗੇ ਮੁੜ ਕੇ ਸਰਗਰਮ ਆ ਹੋਣ ਬੇਲੀ।
ਕਰਨੀ ਕਿਵੇਂ ਸਿਆਸਤ ਆ ਏਸ ਵਾਰੀ,
ਲੋਕੀਂ ਲੱਗ ਪਏ ਪਰਖਣ ਨੇ ਕੌਣ ਬੇਲੀ।
ਪਿਛਲੀ ਵਾਰੀ ਦੀ ਖੱਪ ਦੇ ਦਾਗ ਜਿਹੜੇ,
ਲੱਗੇ ਫਿਰ ਐਤਕੀਂ ਧੋਣ ਨਾ ਧੋਣ ਬੇਲੀ।
ਪਹਿਲੇ ਪੈਂਤੜੇ ਨਾਲ ਵਿਵਾਦ ਛਿੜਿਆ,
ਲੱਗਾ ਅੱਕ ਹੀ ਜਿੱਦਾਂ ਫਿਰ ਚੋਣ ਬੇਲੀ।
ਇਹੋ ਹਾਲਤ ਜੇ ਰਹੀ ਤਾਂ ਸੁੱਖ ਨਹੀਂਉਂ,
ਆਰੰਭਲੀ ਦੱਸਦੀ ਪਈ ਆਵਾਜ਼ ਬੇਲੀ।
ਅੱਗੋਂ ਪਤਾ ਨਹੀਂ ਚਾੜ੍ਹਨਾ ਚੰਦ ਕਿਹੜਾ,
ਕਰਿਆ ਮਾੜਾ ਹੈ ਜਦੋਂ ਆਗਾਜ਼ ਬੇਲੀ।

-ਤੀਸ ਮਾਰ ਖਾਂ

# ਭਾਜਪਾ ਦੀ ਰਾਜ ਸਭਾ ਸੀਟ ਹੜੱਪਣ ਦੀ ਸਾਜ਼ਿਸ਼ ਬੇਨਕਾਬ : ਅਮਨ ਅਰੋੜਾ



**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**

ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਨੇ ਭਾਰਤੀ ਜਨਤਾ ਪਾਰਟੀ ਅਤੇ ਕੇਂਦਰ ਸਰਕਾਰ ’ਤੇ ਲੋਕਤੰਤਰ ਦਾ ਘਾਣ ਅਤੇ ਅਪਰਾਧੀਆਂ ਨੂੰ ਬਚਾਉਣ ਦੇ ਗੰਭੀਰ ਦੋਸ਼ ਲਗਾਏ ਹਨ।

ਮੰਗਲਵਾਰ ਵਿਧਾਇਕ ਫੌਜਾ ਸਿੰਘ ਸਰਾਰੀ, ਰਜਨੀਸ਼ ਦਹੀਆ ਅਤੇ ਸੀਨੀਅਰ ਆਗੂ ਨੀਲ ਗਰਗ ਦੇ ਨਾਲ ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਅਰੋੜਾ ਨੇ ਕਿਹਾ ਕਿ ਚੰਡੀਗੜ੍ਹ ਮੇਅਰ ਚੋਣਾਂ ਵਾਂਗ ਹੀ ਭਾਜਪਾ ਦੀ ਇੱਕ ਵਾਰ ਫੇਰ ਆਪ ਵਿਧਾਇਕਾਂ ਦੇ ਜਾਲ੍ਹੀ ਦਸਤਖਤਾਂ ਨਾਲ ਰਾਜ ਸਭਾ ਵਿੱਚ ਆਪਣੇ ਵਿਅਕਤੀ ਨੂੰ ਭੇਜਣ ਦੀ ਕੋਸ਼ਿਸ਼ ਬੇਨਕਾਬ ਹੋਈ ਹੈ। ਉਨ੍ਹਾ ਕਿਹਾ ਕਿ ਚੰਡੀਗੜ੍ਹ ਮੇਅਰ ਚੋਣਾਂ ਦੌਰਾਨ ਜਿਵੇਂ ਅਨਿਲ ਮਸੀਹ ਨੇ ਬੇਸ਼ਰਮੀ ਨਾਲ ਵੋਟਾਂ ਰੱਦ ਕਰਕੇ ਲੋਕਤੰਤਰ ਦਾ ਕਤਲ ਕੀਤਾ ਸੀ, ਉਸ ਤੋਂ ਵੀ ਸੰਗੀਨ ਹਾਲਾਤ ਹੁਣ ਭਾਜਪਾ ਨੇ ਰਾਜ ਸਭਾ ਸੀਟ ਲਈ ਪੈਦਾ ਕਰ ਦਿੱਤੇ ਹਨ।

ਅਮਨ ਅਰੋੜਾ ਨੇ ਪੂਰੇ ਘਟਨਾਕ੍ਰਮ ਦਾ ਖੁਲਾਸਾ ਕਰਦਿਆਂ ਦੱਸਿਆ ਕਿ ਸੰਜੀਵ ਅਰੋੜਾ ਦੇ ਅਸਤੀਫੇ ਤੋਂ ਬਾਅਦ ਖਾਲੀ ਹੋਈ ਰਾਜ ਸਭਾ ਸੀਟ ਲਈ ਨਵਨੀਤ ਚਤੁਰਵੇਦੀ ਨਾਂਅ ਦੇ ਵਿਅਕਤੀ ਨੇ ਨਾਮਜ਼ਦਗੀ ਦਾਖਲ ਕੀਤੀ। ਉਨ੍ਹਾ ਕਿਹਾ ਕਿ ਨਾਮਜ਼ਦਗੀ ਭਰਨਾ ਹਰ ਕਿਸੇ ਦਾ ਹੱਕ ਹੈ, ਪਰ ਫਰਜ਼ੀਵਾੜੇ ਨਾਲ ਦੇਸ਼ ਦੀ ਸਭ ਤੋਂ ਪਵਿੱਤਰ ਪੰਚਾਇਤ (ਸੰਸਦ) ਵਿੱਚ ਪਹੁੰਚਣਾ ਲੋਕਤੰਤਰ ਦੀ ਪਿੱਠ ਵਿੱਚ ਛੁਰਾ ਮਾਰਨ ਦੇ ਬਰਾਬਰ ਹੈ।

ਉਨ੍ਹਾ ਦਸਤਾਵੇਜ਼ ਦਿਖਾਉਂਦੇ ਹੋਏ ਦੱਸਿਆ ਕਿ 6 ਅਕਤੂਬਰ ਨੂੰ ਨਵਨੀਤ ਚਤੁਰਵੇਦੀ ਨੇ ‘ਆਪ’ ਦੇ 10 ਵਿਧਾਇਕਾਂ ਦੇ ਨਾਂਅ ਬਿਨਾਂ ਦਸਤਖਤਾਂ ਤੋਂ ਪ੍ਰਪੋਜ਼ਰ ਵਜੋਂ ਦਾਖਲ ਕੀਤੇ। ਫਿਰ 13 ਅਕਤੂਬਰ ਨੂੰ ਉਸ ਨੇ 10 ਹੋਰ ਨਵੇਂ ਵਿਧਾਇਕਾਂ ਦੇ ਨਾਵਾਂ ਨਾਲ ਇੱਕ ਹੋਰ ਨਾਮਜ਼ਦਗੀ ਪੱਤਰ ਦਾਖਲ ਕੀਤਾ, ਜਿਸ ਵਿੱਚ ਵਿਧਾਇਕ ਰਜਨੀਸ਼ ਦਹੀਆ ਅਤੇ ਫੌਜਾ ਸਿੰਘ ਸਰਾਰੀ ਸਮੇਤ ਕਈ ਹੋਰ ਵਿਧਾਇਕਾਂ ਦੇ ਜਾਲ੍ਹੀ ਦਸਤਖਤ ਸਨ।

ਅਰੋੜਾ ਨੇ ਦੱਸਿਆ ਕਿ ਇਸ ਫਰਜ਼ੀਵਾੜੇ ਦਾ ਪਤਾ ਲੱਗਣ ਤੇ ਰੋਪੜ ਤੋਂ ਆਪ ਵਿਧਾਇਕ ਦਿਨੇਸ਼ ਕੁਮਾਰ ਚੱਢਾ, ਜਿਨ੍ਹਾ ਦੇ ਦਸਤਖਤ ਵੀ ਜਾਲ੍ਹੀ ਕੀਤੇ ਗਏ ਸਨ, ਨੇ ਰੋਪੜ ਪੁਲਸ ਕੋਲ ਸ਼ਿਕਾਇਤ ਦਰਜ ਕਰਵਾਈ, ਜਿਸ ਤੋਂ ਬਾਅਦ ਸੋਮਵਾਰ ਦੇਰ ਰਾਤ ਦੋਸ਼ੀ ਤੇ ਜਾਲ੍ਹਸਾਜ਼ੀ ਦਾ ਪਰਚਾ ਦਰਜ ਹੋਇਆ। ਰੂਪਨਗਰ ਦੀ ਅਦਾਲਤ ਨੇ ਨਵਨੀਤ ਚਤੁਰਵੇਦੀ ਦੇ ਗ੍ਰਿਫਤਾਰੀ ਵਾਰੰਟ ਵੀ ਜਾਰੀ ਕਰ ਦਿੱਤੇ, ਪਰ ਜਦੋਂ ਰੋਪੜ ਪੁਲਸ ਗ੍ਰਿਫਤਾਰੀ ਵਾਰੰਟ ਲੈ ਕੇ ਦੋਸ਼ੀ ਨੂੰ ਫੜਨ ਲਈ ਚੰਡੀਗੜ੍ਹ ਆਈ ਤਾਂ ਚੰਡੀਗੜ੍ਹ ਪੁਲਸ, ਜੋ ਕਿ ਕੇਂਦਰ ਸਰਕਾਰ ਦੇ ਅਧੀਨ ਹੈ, ਉਸ ਠੱਗ ਨੂੰ ਬਚਾਉਣ ਲਈ ਪੰਜਾਬ ਪੁਲਸ ਨਾਲ ਉਲਝ ਪਈ ਅਤੇ ਸਰਕਾਰੀ ਗੱਡੀ ਵਿੱਚ ਲੈ ਗਈ।

ਉਹਨਾ ਕਿਹਾ ਕਿ ਦੋਸ਼ੀ ’ਤੇ ਕਾਰਵਾਈ ਕਰਨ ਦੀ ਬਜਾਏ ਚੰਡੀਗੜ੍ਹ

• ਬਾਕੀ ਸਫਾ 2 ’ਤੇ

## ਬੀ ਬੀ ਐੱਮ ਬੀ ’ਚ ਪੰਜਾਬ ਦੇ ਹੱਕਾਂ ਨੂੰ ਕਮਜ਼ੋਰ ਕਰਨ ਦੀ ਸਾਜ਼ਿਸ਼ ਰਚ ਰਹੀ ਭਾਜਪਾ : ਆਪ



**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**

ਆਮ ਆਦਮੀ ਪਾਰਟੀ ਪੰਜਾਬ ਨੇ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵੱਲੋਂ ਭਾਖੜਾ ਬਿਆਸ ਪ੍ਰਬੰਧਨ ਬੋਰਡ (ਬੀ ਬੀ ਐੱਮ ਬੀ) ਵਿੱਚ ਹਿਮਾਚਲ ਪ੍ਰਦੇਸ਼ ਅਤੇ ਰਾਜਸਥਾਨ ਨੂੰ ਸਥਾਈ ਮੈਂਬਰਸ਼ਿਪ ਦੇਣ ਦੀ ਸਾਜ਼ਿਸ਼ ਦੀ ਸਖ਼ਤ ਨਿੰਦਾ ਕੀਤੀ ਹੈ। ਆਪ ਨੇ ਇਸ ਨੂੰ ਪੰਜਾਬ ਦੇ ਸੰਵਿਧਾਨਕ ਅਤੇ ਪਾਣੀ ਦੇ ਅਧਿਕਾਰਾਂ ’ਤੇ ਸਿੱਧਾ ਹਮਲਾ ਦੱਸਿਆ ਹੈ।ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਸੀਨੀਅਰ ਬੁਲਾਰੇ ਨੀਲ ਗਰਗ ਨੇ ਕਿਹਾ ਕਿ ਕੇਂਦਰ ਸਰਕਾਰ ਦਾ ਇਹ ਕਦਮ ਉਸ ਦੇ ਪੰਜਾਬ ਵਿਰੋਧੀ ਏਜੰਡੇ ਨੂੰ ਬੇਨਕਾਬ ਕਰਦਾ ਹੈ। ਇਹ ਪਾਣੀ ਅਤੇ ਬਿਜਲੀ ਸਰੋਤਾਂ ’ਤੇ ਪੰਜਾਬ ਦੇ ਕੰਟਰੋਲ ਨੂੰ ਕਮਜ਼ੋਰ ਕਰਨ ਦੀ ਇੱਕ ਜਾਣਬੁੱਝ ਕੇ ਕੀਤੀ ਗਈ ਸਾਜ਼ਿਸ਼ ਹੈ। ਕੇਂਦਰ ਸਰਕਾਰ ਦਾ ਇੱਕ ਪੱਤਰ ਦਿਖਾਉਂਦੇ ਹੋਏ ਉਨ੍ਹਾ ਕਿਹਾ ਕਿ ਇਹ ਪੱਤਰ, ਜੋ ਕੇਂਦਰ ਸਰਕਾਰ ਨੇ ਪੰਜਾਬ, ਹਰਿਆਣਾ, ਹਿਮਾਚਲ ਅਤੇ ਰਾਜਸਥਾਨ ਦੇ ਮੁੱਖ ਸਕੱਤਰਾਂ ਨੂੰ ਭੇਜਿਆ ਹੈ, ਸਪੱਸ਼ਟ ਤੌਰ ’ਤੇ ਕਹਿੰਦਾ ਹੈ ਕਿ ਭਾਜਪਾ ਹਿਮਾਚਲ ਅਤੇ ਰਾਜਸਥਾਨ ਨੂੰ ਪੱਕੇ ਤੌਰ ’ਤੇ ਬੀ ਬੀ ਐੱਮ ਬੀ ਵਿੱਚ ਸ਼ਾਮਲ ਕਰਨਾ ਚਾਹੁੰਦੀ ਹੈ। ਇਹ ਪੰਜਾਬ ਨਾਲ ਇੱਕ ਹੋਰ ਵਿਸ਼ਵਾਸਘਾਤ ਹੈ।

ਗਰਗ ਨੇ ਕਿਹਾ ਕਿ ਪੰਜਾਬ ਨੇ ਇਤਿਹਾਸਕ ਤੌਰ ’ਤੇ ਬੀ ਬੀ ਐੱਮ ਬੀ ਦੇ ਖਰਚੇ ਦਾ 40 ਫੀਸਦੀ ਤੋਂ ਵੱਧ ਹਿੱਸਾ ਚੁੱਕਿਆ ਹੈ, ਫਿਰ ਵੀ ਭਾਜਪਾ ਵਾਰ-ਵਾਰ ਪੰਜਾਬ ਦੇ ਅਧਿਕਾਰਾਂ ਨੂੰ ਹੜੱਪਣ ਦੀ ਕੋਸ਼ਿਸ਼ ਕਰ ਰਹੀ ਹੈ।

ਉਹਨਾ ਸਪੱਸ਼ਟ ਕੀਤਾ ਕਿ

• ਬਾਕੀ ਸਫਾ 2 ’ਤੇ

15-OCT-PAGE-1.qxd 10/14/2025 9:27 PM Page 2



## ਰਣਵੀਰ ਸਿੰਘ ਨੇ ਡੀ ਐੱਸ ਪੀ ਧੂਰੀ ਦਾ ਅਹੁਦਾ ਸੰਭਾਲਿਆ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਸ੍ਰੀ ਰਣਵੀਰ ਸਿੰਘ (ਪੀ.ਪੀ.ਐੱਸ.) ਨੇ ਡੀ ਐੱਸ ਪੀ ਧੂਰੀ ਵਜੋਂ ਆਪਣਾ ਅਹੁਦਾ ਸੰਭਾਲ ਲਿਆ ਹੈ।ਅਹੁਦਾ ਸੰਭਾਲਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾ ਕਿਹਾ ਕਿ ਨਸ਼ਾ ਤਸਕਰਾਂ ਨਾਲ ਕੋਈ ਢਿੱਲ ਨਹੀਂ ਵਰਤੀ ਜਾਵੇਗੀ ਤੇ ਉਨ੍ਹਾਂ ਵਿਰੁੱਧ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਪੁਲਸ ਹਮੇਸ਼ਾ ਲੋਕਾਂ ਦੀ ਸੇਵਾ ਤੇ ਸੁਰੱਖਿਆ ਲਈ ਸਮਰਪਤ ਹੈ।ਡੀ.ਐੱਸ.ਪੀ. ਰਣਵੀਰ ਸਿੰਘ ਨੇ ਦੱਸਿਆ ਕਿ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਲੋਕਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ।ਇਸ ਮੁਹਿੰਮ ਅਧੀਨ ਪਿੰਡਾਂ ਤੇ ਸ਼ਹਿਰਾਂ ਦੇ ਹਰ ਵਾਰਡ ਵਿੱਚ ਸੈਮੀਨਾਰਾਂ ਤੇ ਨਸ਼ਾ ਮੁਕਤੀ ਯਾਤਰਾਵਾਂ ਦਾ ਸਿਲਸਿਲਾ ਲਗਾਤਾਰ ਜਾਰੀ ਹੈ।ਉਨ੍ਹਾਂ ਕਿਹਾ ਕਿ ਆਉਣ ਵਾਲੇ ਦੀਵਾਲੀ ਤਿਉਹਾਰ ਨੂੰ ਧਿਆਨ ਵਿੱਚ ਰੱਖਦਿਆਂ ਸਬ ਡਵੀਜ਼ਨ ਧੂਰੀ ਵਿੱਚ ਸੁਰੱਖਿਆ ਪ੍ਰਬੰਧ ਹੋਰ ਮਜ਼ਬੂਤ ਕੀਤੇ ਗਏ ਹਨ।ਸ਼ਹਿਰ ਧੂਰੀ ਵਿੱਚ ਦਿਨ-ਰਾਤ ਨਾਕਾਬੰਦੀਆਂ ਲਗਾਈਆਂ ਜਾ ਰਹੀਆਂ ਹਨ ਤੇ ਪੀ.ਸੀ.ਆਰ. ਡਿਊਟੀਆਂ ਵਿੱਚ ਵੀ ਵਾਧਾ ਕੀਤਾ ਗਿਆ ਹੈ।ਇਸ ਹਫ਼ਤੇ ਦੌਰਾਨ ਪੁਲਸ ਨੇ ਪਬਲਿਕ ਨਾਲ ਤਾਲਮੇਲ ਕਰਕੇ ਵੱਖ-ਵੱਖ ਪਿੰਡਾਂ ਤੇ ਸ਼ਹਿਰਾਂ ਦੇ ਵਾਰਡਾਂ ਵਿੱਚ ਵੀ.ਡੀ.ਸੀ. ਦੀਆਂ ਮੀਟਿੰਗਾਂ ਵੀ ਕੀਤੀਆਂ।ਉਨ੍ਹਾਂ ਕਿਹਾ ਕਿ ਪੰਜਾਬ ਪੁਲਸ ਲੋਕਾਂ ਦੀ ਸੇਵਾ ਤੇ ਪੰਜਾਬ ਨੂੰ ਨਸ਼ਾ ਮੁਕਤ ਰਾਜ ਬਣਾਉਣ ਦੇ ਲਕਸ਼ ਨਾਲ ਦਿਨ-ਰਾਤ ਮਿਹਨਤ ਕਰ ਰਹੀ ਹੈ।

## ਸਮਾਜ ਸੇਵੀ ਸੰਸਥਾ 'ਖੁਸ਼ੀਆਂ ਦਾ ਸਫ਼ਰ' ਨੇ ਕਰਾਇਆ ਸਮਾਜਿਕ ਆਗੂ ਸੰਮੇਲਨ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਸਮਾਜ ਸੇਵੀ ਸੰਸਥਾ ਖੁਸ਼ੀਆਂ ਦਾ ਸਫ਼ਰ ਦੇ ਸੰਚਾਲਕ ਪ੍ਰਸਿੱਧ ਸਮਾਜ ਸੇਵੀ ਏ.ਐਸ.ਗੋਲਡੀ ਦੀ ਅਗਵਾਈ ਹੇਠ ਸਮਾਜਿਕ ਆਗੂ ਸੰਮੇਲਨ ਖੁਸ਼ੀਆਂ ਦਾ ਸਫ਼ਰ ਦੇ ਦਫ਼ਤਰ, ਨੇੜੇ ਭਗਤ ਨਾਮਦੇਵ ਚੌਕ ਸੰਗਰੂਰ ਵਿਖੇ ਬੜੀ ਧੂਮ-ਧਾਮ ਤੇ ਉਤਸ਼ਾਹ ਨਾਲ ਕਰਾਇਆ ਗਿਆ, ਜਿਸ ਵਿੱਚ ਮੁੱਖ ਮਹਿਮਾਨ ਵਜੋਂ ਚਰਨਜੋਤ ਸਿੰਘ ਬਾਲੀਆਂ ਐਸ.ਡੀ.ਐਮ ਤੇ ਜਸਵਿੰਦਰ ਕੌਰ ਇੰਸਪੈਕਟਰ ਐਸ.ਐਚ.ਓ ਥਾਣਾ ਸਦਰ ਵਾਲੀਆਂ ਸੰਗਰੂਰ ਸ਼ਾਮਲ ਹੋਏ।ਇਸ ਤੋਂ ਇਲਾਵਾ ਇਸ ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਉੱਘੇ ਸਮਾਜ ਸੇਵੀ ਤੇ ਦਾਨੀ ਅਰੂਪ ਸਿੰਗਲਾ ਪ੍ਰਧਾਨ ਸ੍ਰੀ ਦੁਰਗਾ ਸੇਵਾ ਦਲ ਲੰਗਰ ਭਵਨ ਸਿਵਲ ਹਸਪਤਾਲ ਸੰਗਰੂਰ, ਪੰਕਜ ਬਾਵਾ ਸੰਚਾਲਕ ਪ੍ਰਚੀਨ ਸ੍ਰੀ ਹਨੂੰਮਾਨ ਮੰਦਰ, ਮੰਡੀ ਗਲੀ, (ਸੰਕਟ ਮੋਚਨ) ਸੰਗਰੂਰ, ਰਾਜੀਵ ਜਿੰਦਲ ਇਤਿਹਾਸਕਾਰ, ਸੰਗਰੂਰ, ਪ੍ਰਿੰਸੀਪਲ ਵਿਪਨ ਕੁਮਾਰ ਸੰਗਰੂਰ, ਬਦਰੀ ਜਿੰਦਲ ਪ੍ਰਧਾਨ ਅਗਰਵਾਲ ਸਭਾ ਸੰਗਰੂਰ, ਸੂਬਾਈ ਪੈਨਸ਼ਨਰਜ਼ ਆਗੂ ਰਾਜ ਕੁਮਾਰ ਅਰੋੜਾ, ਸਮਾਜ ਸੇਵੀ ਹਰੀ ਓਮ ਜਿੰਦਲ, ਦੇਵ ਰਾਜ ਸਿੰਗਲਾ ਤੇ ਵਿਜੈ ਕੁਮਾਰ ਜਿੰਦਲ ਸ਼੍ਰੀ ਦੁਰਗਾ ਸੇਵਾ ਦਲ, ਨਗਰ ਕੌਂਸਲ ਸੰਗਰੂਰ ਦੇ ਐਮ.ਸੀ ਸਤਿੰਦਰ ਸੈਣੀ, ਜੋਤੀ ਗਾਬਾ, ਮਨੋਜ ਕੁਮਾਰ ਮਨੀ ਕਥੂਰੀਆਂ, ਜਗਜੀਤ ਸਿੰਘ ਕਾਲਾ, ਅਵਤਾਰ ਸਿੰਘ ਤਾਰਾ, ਪਰਮਿੰਦਰ ਸਿੰਘ ਪਿੰਕੀ ਐਮ ਸੀ ਸੰਗਰੂਰ, ਹਾਕਮ ਸਿੰਘ, ਸਰਪੰਚ ਸਿਬੀਆਂ, ਜੰਗੀਰ ਸਿੰਘ ਸਰਪੰਚ ਉਪਲੀ, ਧਨਵੰਤ ਸਿੰਘ ਸਰਪੰਚ ਖੇੜੀ, ਜਸਕਰਨ ਸਿੰਘ ਸਰਪੰਚ ਭਮਾਬੱਦੀ, ਨਵਨੀਤ ਕੌਰ ਸਰਪੰਚ ਹਰਕਿਸ਼ਨਪੁਰਾ, ਪਰਮਜੀਤ ਕੌਰ ਸਰਪੰਚ ਰਾਮ ਨਗਰ ਸਿਬੀਆਂ, ਉੱਘੇ ਸਮਾਜ ਸੇਵੀ ਤੇ ਦਾਨੀ ਸ਼ਾਮ ਲਾਲ ਜਿੰਦਲ ਦੇ ਧਰਮ ਪਤਨੀ ਸ਼੍ਰੀਮਤੀ ਇੰਦੂ ਜਿੰਦਲ ਤੋਂ ਇਲਾਵਾ ਵੱਖ-ਵੱਖ ਪਿੰਡਾਂ ਦੇ ਸਰਪੰਚ, ਪੰਚ, ਨੰਬਰਦਾਰ, ਸਮਾਜ ਸੇਵੀ ਸੰਸਥਾਵਾਂ ਦੇ ਆਗੂ, ਅਧਿਆਪਕ ਜਥੇਬੰਦੀਆਂ ਦੇ ਆਗੂ, ਆਂਗਣਵਾੜੀ ਵਰਕਰ, ਆਸ਼ਾ ਵਰਕਰ ਤੇ ਹੋਰ ਪ੍ਰਭਾਵਸ਼ਾਲੀ ਲੋਕ ਸ਼ਾਮਲ ਹੋਏ।ਸਮਾਗਮ ਨੂੰ ਸੰਬੋਧਨ ਕਰਦਿਆਂ ਐਸ.ਡੀ. ਐਮ ਬਾਲੀਆਂ ਨੇ ਕਿਹਾ ਕਿ ਖੁਸ਼ੀਆਂ ਦਾ ਸਫਰ ਵੱਲੋਂ ਜੋ ਔਰਤਾਂ ਲਈ ਕੰਪਿਊਟਰ ਸਿੱਖਿਆ, ਏ.ਆਈ ਦੀ ਸਿੱਖਿਆ, ਇੰਗਲਿਸ਼ ਸਪੀਕਿੰਗ ਕੋਰਸ, ਪਰਸਨੈਲਿਟੀ ਡਿਵੈਲਪਮੈਂਟ ਕੋਰਸ ਤੇ ਔਰਤਾਂ ਨੂੰ ਸਮਾਜ ਵਿੱਚ ਆਪਣਾ ਰੁਤਬਾ ਬਰਕਰਾਰ ਰੱਖਣ ਲਈ ਵੱਖ-ਵੱਖ ਤਰੀਕਿਆਂ ਦੀ ਜਾਣਕਾਰੀ ਦੇ ਨਾਲ-ਨਾਲ ਕਿੱਤਾ ਮੁਖੀ ਕੋਰਸਾਂ ਨਾਲ ਜੋੜਨ ਦਾ ਜੋ ਉਪਰਾਲਾ ਕੀਤਾ ਗਿਆ ਹੈ, ਉਹ ਅਤੀ ਸ਼ਲਾਘਾਯੋਗ ਹੈ।

ਇੰਸਪੈਕਟਰ ਜਸਵਿੰਦਰ ਕੌਰ ਨੇ ਕਿਹਾ ਕਿ ਮੁਲਾਜ਼ਮ ਔਰਤ ਨੂੰ ਸਮਾਜ ਦੇ ਵਿੱਚ ਜਿੱਥੇ ਆਪਣੀ ਡਿਊਟੀ ਪ੍ਰਤੀ ਇਮਾਨਦਾਰੀ ਨਾਲ ਕੰਮ ਕਰਨਾ ਪੈਂਦਾ ਹੈ, ਉਥੇ ਹੀ ਉਸ ਨੂੰ ਆਪਣੇ ਘਰ ਵਿੱਚ ਵੀ ਆਪਣੀ ਜਿੰਮੇਵਾਰੀ ਬਾਖੂਬੀ ਨਿਭਾਉਣੀ ਪੈਂਦੀ ਹੈ, ਚਾਹੇ ਉਹ ਕਿੰਨੀ ਵੀ ਥੱਕੀ ਹਾਰੀ ਕਿਉਂ ਨਾ ਹੋਵੇ।ਔਰਤ ਕਿਸੇ ਵੀ ਥਾਂ ਕਮਜ਼ੋਰ ਨਹੀਂ ਹੈ, ਸਗੋਂ ਔਰਤ ਨੂੰ ਦੋਹਰੇ ਕੰਮ ਦਾ ਸਾਹਮਣਾ ਕਰਨਾ ਪੈਂਦਾ ਹੈ।ਉਨ੍ਹਾਂ ਕਿਹਾ ਕਿ ਖੁਸ਼ੀਆਂ ਦੇ ਸਫ਼ਰ ਵੱਲੋਂ ਜੋ ਇਹ ਉਪਰਾਲਾ ਕੀਤਾ ਗਿਆ ਹੈ। ਇਸ ਨਾਲ ਸਾਡੀਆਂ ਭੈਣਾਂ ਨੂੰ ਜਿੱਥੇ ਦੇ ਨਵਯੁਗ ਨਾਲ ਜੁੜਨ ਦਾ ਮੌਕਾ ਮਿਲੇਗਾ, ਉਥੇ ਹੀ ਉਹ ਆਪਣੇ ਰੁਜ਼ਗਾਰ ਲਈ ਵੀ ਇਨ੍ਹਾਂ ਕੋਰਸਾਂ ਦਾ ਸਹਿਯੋਗ ਲੈ ਸਕਣਗੀਆਂ।ਉੱਘੇ ਸਮਾਜ ਸੇਵੀ ਤੇ ਦਾਨੀ ਸ਼ਾਮ ਲਾਲ ਜਿੰਦਲ ਦੇ ਧਰਮ ਪਤਨੀ ਸ਼੍ਰੀਮਤੀ ਇੰਦੂ ਜਿੰਦਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਦੇ ਯੁੱਗ ਵਿੱਚ ਜਿੱਥੇ ਮਨੁੱਖ ਪਦਾਰਥਵਾਦੀ ਹੋ ਕੇ ਰਹਿ ਗਿਆ ਹੈ, ਉਥੇ ਖੁਸ਼ੀਆਂ ਦਾ ਸਫਰ ਦਾ ਵੱਲੋਂ ਇਹ ਵੱਡਾ ਉਪਰਾਲਾ ਕਰਕੇ ਔਰਤਾਂ ਨੂੰ ਆਤਮ ਨਿਰਭਰ ਬਣਾਉਣ ਦਾ ਜੋ ਯਤਨ ਕੀਤਾ ਜਾ ਰਿਹਾ ਹੈ, ਇਹ ਸ਼ਲਾਘਾ ਯੋਗ ਕਦਮ ਹੈ।

## ਉਜਾਗਰ ਸਿੰਘ ਜੱਗਾ ਪ੍ਰਧਾਨ ਬਣੇ



**ਦਿੜ੍ਹਬਾ (ਜਸਵੀਰ ਲਾਡੀ)**-ਟੈਕਨੀਕਲ ਐਂਡ ਮਕੈਨੀਕਲ ਇੰਪਲਾਈਜ਼ ਯੂਨੀਅਨ (ਰਜਿ:) ਪੰਜਾਬ ਬ੍ਰਾਂਚ ਸੁਨਾਮ ਦੀ ਵਰਕਿੰਗ ਕਮੇਟੀ ਦੀ ਚੋਣ ਸਟੇਟ ਆਗੂ ਰਾਜਿੰਦਰਪਾਲ ਚੰਗਾਲੀਵਾਲਾ ਦੀ ਦੇਖ-ਰੇਖ 'ਚ ਸ਼ਹੀਦ ਊਧਮ ਸਿੰਘ ਆਈ ਟੀ ਆਈ ਸੁਨਾਮ ਦੇ ਟਿਊਬਵੈੱਲ ਵਾਲੇ ਪਾਰਕ 'ਚ ਸਰਬਸੰਮਤੀ ਨਾਲ ਹੋਈ, ਜਿਸ 'ਚ ਚੇਅਰਮੈਨ ਉਜਾਗਰ ਸਿੰਘ ਜੱਗਾ ਪ੍ਰਧਾਨ ਦੇ ਅਹੁਦੇ ਲਈ, ਰਾਜਿੰਦਰ ਪਾਲ ਚੰਗਾਲੀਵਾਲਾ ਜਨਰਲ ਸਕੱਤਰਠ ਬਲਵਿੰਦਰ ਸਿੰਘ ਬੱਬੂ ਵਿੱਤ ਸਕੱਤਰ, ਭੂਰਾ ਸਿੰਘ ਭੰਗੂ ਸੀਨੀਅਰ ਮੀਤ ਪ੍ਰਧਾਨ, ਬਲਵਿੰਦਰ ਸਿੰਘ ਸੁਨਾਮ ਸਹਾਇਕ ਵਿੱਤ ਸਕੱਤਰ, ਦਰਸ਼ਨ ਸਿੰਘ ਜਨਾਲ ਸਹਾਇਕ ਸਕੱਤਰ, ਗਗਨ ਦੀਪ ਸ਼ਰਮਾ ਤੇ ਪ੍ਰੈਸ ਸਕੱਤਰ ਰਾਜਿੰਦਰ ਸਿੰਘ ਸੁਨਾਮ ਚੁਣੇ ਗਏ।

## ਟਿਵਾਣਾ ਨੂੰ ਜਨਮ ਦਿਨ ਮੌਕੇ ਕੀਤਾ ਸਨਮਾਨਤ



**ਸੰਗਰੂਰ (ਪ੍ਰਵੀਨ ਸਿੰਘ)**-ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਯੂਨਿਟ ਸੰਗਰੂਰ ਵੱਲੋਂ ਪੈਨਸ਼ਨਰਜ਼ ਦਫਤਰ ਵਿਖੇ 65 ਸਾਲ ਦਾ ਖੁਸ਼ਹਾਲੀ ਜੀਵਨ ਬਤੀਤ ਕਰਦੇ ਹੋਏ 66ਵੇਂ ਸਾਲ ਵਿੱਚ ਪ੍ਰਵੇਸ਼ ਕਰਨ ਵਾਲੇ ਪਰਮਜੀਤ ਸਿੰਘ ਟਿਵਾਣਾ ਨੂੰ ਉਨ੍ਹਾ ਦੇ ਜਨਮ ਦਿਨ 'ਤੇ ਖੁਸ਼ੀਆਂ ਭਰੇ ਮਾਹੌਲ ਵਿੱਚ ਸਨਮਾਨਤ ਕੀਤਾ ਗਿਆ।ਪੈਨਸ਼ਨਰਜ਼ ਮੈਂਬਰ ਸਾਥੀਆਂ ਵੱਲੋਂ ਇਨ੍ਹਾਂ ਦੀ ਲੰਬੀ ਉਮਰ, ਜ਼ਿੰਦਗੀ ਵਿੱਚ ਚੜ੍ਹਦੀ ਕਲਾ, ਹਰੇਕ ਸਾਲ ਇਸ ਤਰ੍ਹਾਂ ਹੀ ਜਨਮ ਦਿਨ ਮਨਾਉਣ ਦੀਆਂ ਦੁਆਵਾਂ ਦਿੱਤੀਆਂ। ਇਸ ਮੌਕੇ ਪ੍ਰਧਾਨ ਭੁਪਿੰਦਰ ਸਿੰਘ ਜੱਸੀ, ਜ਼ਿਲ੍ਹਾ ਪ੍ਰਧਾਨ ਰਾਜ ਕੁਮਾਰ ਅਰੋੜਾ, ਸਰਪ੍ਰਸਤ ਰਵਿੰਦਰ ਗੁੱਡੂ ਤੇ ਆਰ ਐੱਲ ਪਾਂਧੀ ਵੱਲੋਂ ਟਿਵਾਣਾ ਨੂੰ ਆਪਣੇ ਪਿਆਰ ਭਰੇ ਸ਼ਬਦਾਂ ਵਿੱਚ ਆਸ਼ੀਰਵਾਦ ਦਿੱਤਾ।

## ਡੀ ਸੀ ਹਿਮਾਂਸ਼ੂ ਜੈਨ ਸਨਮਾਨਤ



**ਜਗਰਾਉਂ (ਅਮਿਤ ਖੰਨਾ)**-ਮਹਾਂਪ੍ਰਗਿਆ ਸਕੂਲ ਪਹੁੰਚੇ ਸ਼੍ਰੀ ਹਿਮਾਂਸ਼ੂ ਜੈਨ (ਆਈ.ਏ.ਐਸ) ਨੂੰ ਸ਼੍ਰੀ ਜੈਨ ਸ਼ਵੇਤਾਂਬਰ ਤੇਰਾਪੰਥ ਸਭਾ ਵੱਲੋਂ ਸਨਮਾਨਤ ਕੀਤਾ ਗਿਆ।ਪਰਵੀਨ ਜੈਨ ਪ੍ਰਧਾਨ, ਲਲਿਤ ਜੈਨ ਸਕੱਤਰ, ਵਿਨੋਦ ਜੈਨ ਪ੍ਰਧਾਨ ਅਤੇ ਰਾਜਪਾਲ ਜੈਨ ਖਜ਼ਾਨਚੀ ਤੇਰਾਪੰਥ ਸਭਾ ਤੇ ਪ੍ਰਧਾਨ ਅਨੁਵਰਤ ਕਮੇਟੀ ਦੇ ਮੈਂਬਰ ਹਾਜ਼ਰ ਸਨ।

## ਗੁਰਪੁਰਬ ਨੂੰ ਸਮਰਪਤ ਪ੍ਰਭਾਤ ਫੇਰੀ ਸ਼ੁਰੂ, ਹੀਰੋ ਇੰਡਸਟਰੀ ਤੋਂ ਹੋਇਆ ਆਗਾਜ਼

### ਮਿਸਤਰੀ ਨਿਰਮਲ ਸਿੰਘ ਵੱਲੋਂ ਸੇਵਾਦਾਰ ਬੀਬੀਆਂ ਸਮੇਤ ਰਾਗੀ ਸਨਮਾਨਤ



**ਬਠਿੰਡਾ (ਰਾਜੀਵ ਗੋਇਲ)**-ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਅਵਤਾਰ ਦਿਹਾੜੇ ਨੂੰ ਸਮਰਪਤ ਬਾਬਾ ਵਿਸ਼ਵਕਰਮਾ ਗੁਰਦੁਆਰਾ ਕਮੇਟੀ ਵੱਲੋਂ ਪ੍ਰਭਾਤਫੇਰੀ ਸ਼ੁਰੂ ਕੀਤੀ ਗਈ ਹੈ ਅਤੇ ਅੱਜ ਇਸ ਦੀ ਸ਼ੁਰੂਆਤ ਭਗਤਾ ਭਾਈ ਕਾ ਦੇ ਆਟਾ ਚੱਕੀ ਨਿਰਮਾਤਾ ਹੀਰੋ ਇੰਡਸਟਰੀ ਦੇ ਮਾਲਕ ਮਿਸਤਰੀ ਨਿਰਮਲ ਸਿੰਘ ਜੀ ਦੇ ਗ੍ਰਹਿ ਤੋਂ ਹੋਈ। ਇਸ ਮੌਕੇ ਰਾਗੀ ਸਿੰਘਾਂ ਵੱਲੋਂ ਗੁਰੂ ਜਸ ਗਾਉਂਦੇ ਹੋਏ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਕੀਤਾ ਗਿਆ। ਸਮੂਹ ਕਮੇਟੀ ਵੱਲੋਂ ਮਿਸਤਰੀ ਨਿਰਮਲ ਸਿੰਘ ਨੂੰ ਸਨਮਾਨਤ ਕੀਤਾ ਗਿਆ ਤੇ ਦੂਜੇ ਪਾਸੇ ਹੁੰਜਲ ਪਰਵਾਰ ਵੱਲੋਂ ਪ੍ਰਭਾਤਫੇਰੀ ਦੌਰਾਨ ਸੇਵਾ ਕਰ ਰਹੀਆਂ ਬੀਬੀਆਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ ਗਿਆ। ਢਾਡੀ ਬਲਵਿੰਦਰ ਸਿੰਘ ਵੱਲੋਂ ਸਮੂਹ ਸੰਗਤਾਂ ਨੂੰ ਜੀ ਆਇਆਂ ਕਹਿੰਦੇ ਹੋਏ ਪ੍ਰਭਾਤਫੇਰੀ ਵਿੱਚ ਵੱਧ ਤੋਂ ਵੱਧ ਸੰਗਤਾਂ ਨੂੰ ਸ਼ਾਮਲ ਹੋਣ ਦੀ ਅਪੀਲ ਕੀਤੀ ਗਈ। ਇਸ ਮੌਕੇ ਬੂਟਾ ਸਿੰਘ ਸਿੱਧੂ ਪ੍ਰਧਾਨ ਨਗਰ ਪੰਚਾਇਤ ਭਗਤਾ, ਸੁਖਜਿੰਦਰ ਸਿੰਘ ਖਾਨਦਾਨ, ਵੀਰਪਾਲ ਸਿੰਘ ਪੱਤਰਕਾਰ, ਸੁਖਪਾਲ ਸੋਨੀ ਪੱਤਰਕਾਰ, ਰਾਕੇਸ਼ ਕੁਮਾਰ ਸਿੰਗਲਾ, ਦਰਸ਼ਨ ਸਿੰਘ ਭਾਈਕੇ, ਦਵਿੰਦਰ ਸਿੰਘ ਮਠਾੜੂ, ਹਰਦੇਵ ਸਿੰਘ ਨਿੱਕਾ ਸਮੇਤ ਹੋਰ ਵੀ ਮੋਹਤਵਰ ਪੁਰਸ਼ ਤੇ ਬੀਬੀਆਂ ਸ਼ਾਮਲ ਸਨ।

## ਵਿਧਾਇਕ ਮਾਣੂੰਕੇ ਦੀ ਪ੍ਰਧਾਨਗੀ ਹੇਠ ਮੀਟਿੰਗ ਆਯੋਜਤ

### ਸਹਿਕਾਰੀ ਸਭਾਵਾਂ ਦੇ ਸਕੱਤਰ ਤੇ ਪ੍ਰਧਾਨਾਂ ਨੇ ਕੀਤੀ ਸ਼ਿਰਕਤ



**ਜਗਰਾਉਂ (ਨਛੱਤਰ ਸੰਧੂ)**

ਵਿਧਾਇਕ ਸਰਵਜੀਤ ਕੌਰ ਮਾਣੂੰਕੇ ਦੀ ਪ੍ਰਧਾਨਗੀ ਹੇਠ ਸਹਿਕਾਰਤਾ ਵਿਭਾਗ, ਸਬ-ਡਵੀਜ਼ਨ ਜਗਰਾਉਂ ਵੱਲੋਂ ਸਹਿਕਾਰੀ ਮੀਟਿੰਗ ਦਾ ਆਯੋਜਨ ਕੀਤਾ ਗਿਆ। ਮੀਟਿੰਗ ਦਾ ਆਯੋਜਨ ਸਹਾਇਕ ਰਜਿਸਟਰਾਰ ਸਹਿਕਾਰੀ ਸਭਾਵਾਂ ਸਾਹਿਲ ਰਵੀ ਗਰਗ ਨੇ ਕੀਤਾ। ਮੀਟਿੰਗ ਵਿੱਚ ਸਬ-ਡਿਵੀਜ਼ਨ ਜਗਰਾਉਂ ਅਧੀਨ ਆਉਂਦੀਆਂ ਸਹਿਕਾਰੀ ਸਭਾਵਾਂ ਦੇ ਸਕੱਤਰ ਤੇ ਪ੍ਰਧਾਨਾਂ ਨੇ ਸ਼ਿਰਕਤ ਕੀਤੀ।

ਵਿਧਾਇਕ ਸਰਵਜੀਤ ਕੌਰ ਮਾਣੂੰਕੇ ਨੇ ਸਹਿਕਾਰੀ ਲਹਿਰ ਤੇ ਇਸ ਦੀ ਭੂਮਿਕਾ ਬਾਰੇ ਵਿਸਥਾਰ ਵਿੱਚ ਚਰਚਾ ਕੀਤੀ।ਉਨ੍ਹਾਂ ਖਾਸ ਤੌਰ 'ਤੇ ਸੰਯੁਕਤ ਰਾਸ਼ਟਰ ਦੁਆਰਾ 2025 ਨੂੰ 'ਅੰਤਰਰਾਸ਼ਟਰੀ ਸਹਿਕਾਰਤਾ ਵਰ੍ਹਾ' ਵਜੋਂ ਐਲਾਨਣ ਦੀ ਮਹੱਤਤਾ ਬਾਰੇ ਚਾਨਣਾ ਪਾਇਆ।

ਉਨ੍ਹਾਂ ਦੱਸਿਆ ਕਿ ਇਸ ਵਰ੍ਹੇ ਦਾ ਵਿਸ਼ਾ ਸਹਿਕਾਰਤਾ ਇੱਕ ਬਿਹਤਰ ਸੰਸਾਰ ਦਾ ਨਿਰਮਾਣ ਕਰਦੀ ਹੈ। ਇਹ ਵਰ੍ਹਾ ਸਹਿਕਾਰੀ ਸਭਾਵਾਂ ਦੇ ਗ਼ਰੀਬੀ ਘਟਾਉਣ, ਰੁਜ਼ਗਾਰ ਪੈਦਾ ਕਰਨ ਤੇ ਸਮਾਜਿਕ ਏਕੀਕਰਨ ਵਿੱਚ ਮਹੱਤਵਪੂਰਨ ਯੋਗਦਾਨ ਬਾਰੇ ਜਾਗਰੂਕਤਾ ਵਧਾਉਣ ਲਈ ਮਨਾਇਆ ਜਾ ਰਿਹਾ ਹੈ।ਮੀਟਿੰਗ ਦੌਰਾਨ ਵਿਧਾਇਕ ਮਾਣੂੰਕੇ ਤੇ ਏ.ਆਰ. ਸਾਹਿਲ ਰਵੀ ਗਰਗ ਨੇ ਪ੍ਰਾਇਮਰੀ ਐਗਰੀਕਲਚਰਲ ਕ੍ਰੈਡਿਟ ਸੁਸਾਇਟੀਜ਼ ਦੇ ਕੰਪਿਊਟਰੀਕਰਨ ਤੇ ਸਹਿਕਾਰ ਸੇ ਸਮ੍ਰਿੱਧੀ ਯੋਜਨਾਵਾਂ ਦੀ ਪ੍ਰਗਤੀ ਦਾ ਜਾਇਜ਼ਾ ਵੀ ਲਿਆ ਗਿਆ।

ਇਸ ਤੋਂ ਇਲਾਵਾ ਹਾਜ਼ਰ ਸਕੱਤਰਾਂ ਤੇ ਪ੍ਰਧਾਨਾਂ ਨੂੰ ਪਰਾਲੀ ਸਾੜਨ ਦੀ ਸਮੱਸਿਆ ਪ੍ਰਤੀ ਜਾਗਰੂਕ ਕੀਤਾ ਗਿਆ ਤੇ ਫ਼ਸਲੀ ਰਹਿੰਦ-ਖੂੰਹਦ ਪ੍ਰਬੰਧਨ ਦੀ ਵਰਤੋਂ ਕਰਨ ਬਾਰੇ ਪ੍ਰੇਰਿਤ ਕੀਤਾ ਤੇ ਇਸ ਸਬੰਧੀ ਸੰਵੇਦਨਸ਼ੀਲ ਡਾਟਾ ਅਪਡੇਟ ਕਰਨ ਬਾਰੇ ਵੀ ਦੱਸਿਆ ਗਿਆ।ਵਿਧਾਇਕਾ ਮਾਣੂੰਕੇ ਨੇ ਸੂਬਾ ਸਰਕਾਰ ਵੱਲੋਂ ਸਹਿਕਾਰੀ ਲਹਿਰ ਤੇ ਸਮੁੱਚੇ ਸਹਿਕਾਰੀ ਵਿਭਾਗ ਨੂੰ ਉੱਚਾ ਚੁੱਕਣ ਲਈ ਚੁੱਕੇ ਜਾ ਰਹੇ ਕਦਮਾਂ ਬਾਰੇ ਜਾਣਕਾਰੀ ਦਿੱਤੀ ਤੇ ਹਾਲ ਹੀ ਵਿੱਚ ਕੀਤੀਆਂ ਗਈਆਂ ਸੋਧਾਂ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ।ਉਨ੍ਹਾਂ ਸਰਕਾਰ ਵੱਲੋਂ ਸੁਸਾਇਟੀਆਂ ਰਾਹੀਂ ਦਿੱਤੇ ਜਾਂਦੇ ਸੁਖਾਲੇ ਕਰਜ਼ੇ ਤੇ ਸੁਸਾਇਟੀਆਂ 'ਚੋਂ ਕਰਜ਼ਾ ਲੈਣ ਦੇ ਫ਼ਾਇਦਿਆਂ ਬਾਰੇ ਦੱਸਿਆ।ਉਨ੍ਹਾਂ ਪੇਂਡੂ ਖੇਤਰਾਂ 'ਚ ਸਹਿਕਾਰਤਾ ਤੇ ਸਵੈ-ਸ਼ਾਸਨ ਦੀ ਮਹੱਤਤਾ ਬਾਰੇ ਸਭਾ ਦੇ ਪ੍ਰਧਾਨਾਂ ਨੂੰ ਜਾਗਰੂਕ ਕੀਤਾ ਅਤੇ ਵਿਸਥਾਰ ਚਰਚਾ ਕੀਤੀ। ਮੀਟਿੰਗ ਦੇ ਅੰਤ 'ਚ ਸਾਹਿਲ ਰਵੀ ਗਰਗ ਨੇ ਹਾਜ਼ਰ ਸਾਰੇ ਮੈਂਬਰਾਂ ਦਾ ਧੰਨਵਾਦ ਕੀਤਾ ਤੇ ਸਹਿਕਾਰੀ ਖੇਤਰ ਦੇ ਵਿਕਾਸ ਲਈ ਨਿਰੰਤਰ ਯਤਨ ਕਰਨ ਦਾ ਭਰੋਸਾ ਦਿੱਤਾ।

## ਘਰ ਦੇ ਕਲੇਸ਼ ਕਾਰਨ ਵਿਗਿਆਨੀ ਬਣਨ ਦਾ ਸੁਪਨਾ ਅਧੂਰਾ ਛੱਡ ਗਿਆ ਤੁਸ਼ਾਰ

**ਅੰਬਾਲਾ** : ਇੰਡੀਅਨ ਇੰਸਟੀਚਿਊਟ ਆਫ਼ ਸਾਇੰਸ ਬੇਂਗਲੁਰੂ ਵਿੱਚ ਖੋਜ ਕਰਨ ਦਾ ਸੁਪਨਾ ਦੇਖਣ ਵਾਲਾ ਇੱਕ ਨੌਜਵਾਨ ਵਿਦਿਆਰਥੀ ਤੁਸ਼ਾਰ ਹੁਣ ਇਸ ਦੁਨੀਆ ਵਿੱਚ ਨਹੀਂ ਰਿਹਾ। ਪਿਤਾ ਨਾਲ ਅਣਬਣ ਅਤੇ ਘਰ ਦੇ ਲਗਾਤਾਰ ਕਲੇਸ਼ ਤੋਂ ਅੰਦਰੋਂ ਟੁੱਟ ਚੁੱਕੇ ਤੁਸ਼ਾਰ ਨੇ ਮੰਗਲਵਾਰ ਨੂੰ ਅੰਬਾਲਾ ਕੈਂਟ ਦੇ ਨਜ਼ਦੀਕ ਮੋਹੜਾ ਰੇਲਵੇ ਸਟੇਸ਼ਨ ਕੋਲ ਰੇਲ ਗੱਡੀ ਅੱਗੇ ਛਾਲ ਮਾਰ ਕੇ ਖੁਦਕੁਸ਼ੀ ਕਰ ਲਈ। ਉਸ ਦੀ ਜੇਬ 'ਚੋਂ ਮਿਲੇ ਸੁਸਾਈਡ ਨੋਟ ਨੂੰ ਪੜ੍ਹਨ ਵਾਲਾ ਹਰ ਵਿਅਕਤੀ ਸੁੰਨ ਹੋ ਗਿਆ, ਜਿਸ ਵਿੱਚ ਲਿਖਿਆ ਸੀ: 'ਗੁੱਡ ਬਾਏ ਮਾਂ, ਅਗਲੇ ਜਨਮ ਵਿੱਚ ਸਾਇੰਟਿਸਟ ਬਣਾਂਗਾ।' ਇਹ ਲਾਈਨ ਸਿਰਫ਼ ਜੀਵਨ ਹੀ ਨਹੀਂ, ਬਲਕਿ ਇੱਕ ਅਧੂਰੇ ਰਹਿ ਗਏ ਵੱਡੇ ਸੁਪਨੇ ਦਾ ਅੰਤ ਸੀ। ਤੁਸ਼ਾਰ, ਜੋ ਸ਼ਾਹਬਾਦ ਦੇ ਹੁੱਡਾ ਦਾ ਰਹਿਣ ਵਾਲਾ ਸੀ ਅਤੇ ਕੈਂਟ ਦੇ ਐੱਸ.ਡੀ. ਕਾਲਜ ਵਿੱਚ ਬੀ.ਏ. ਤੀਜੇ ਸਾਲ ਦਾ ਵਿਦਿਆਰਥੀ ਸੀ, ਨੇ ਆਪਣੇ ਸੁਸਾਈਡ ਨੋਟ ਵਿੱਚ ਲਿਖਿਆ ਕਿ ਉਹ ਬਚਪਨ ਤੋਂ ਹੀ ਘਰ ਵਿੱਚ ਲੜਾਈ-ਝਗੜਾ ਅਤੇ ਹਿੰਸਾ ਦੇਖਦਾ ਆਇਆ ਹੈ। ਉਸ ਨੇ ਆਪਣੀ ਆਤਮਹੱਤਿਆ ਲਈ ਆਪਣੇ ਗੈਰ-ਜ਼ਿੰਮੇਵਾਰ ਪਿਤਾ ਨੂੰ ਦੋਸ਼ੀ ਠਹਿਰਾਇਆ ਹੈ। ਉਸ ਨੇ ਲਿਖਿਆ, 'ਸੌਰੀ ਮਮਾ, ਮੈਂ ਤੁਹਾਡਾ ਚੰਗਾ ਪੁੱਤਰ ਨਹੀਂ ਬਣ ਸਕਿਆ।' ਤੁਸ਼ਾਰ ਨੇ ਆਪਣੀ ਮਾਂ ਨੂੰ ਆਖਰੀ ਬੇਨਤੀ ਕਰਦਿਆਂ ਕਿਹਾ ਕਿ ਉਹ ਮੇਰੇ ਪਿਤਾ ਨੂੰ ਤਲਾਕ ਦੇ ਦੇਵੇ ਅਤੇ ਭੈਣ (ਜੋ ਨਿਊਜ਼ੀਲੈਂਡ ਵਿੱਚ ਪੜ੍ਹ ਰਹੀ ਹੈ) ਨਾਲ ਉੱਥੇ ਚਲੀ ਜਾਵੇ।

ਤੁਸ਼ਾਰ ਦੀ ਮਾਂ ਤੇ ਪਿਤਾ ਜੋ ਅਧਿਆਪਕ ਹਨ, ਨੇ ਪੁਲਸ ਨੂੰ ਦੱਸਿਆ ਕਿ ਉਨ੍ਹਾਂ ਦਾ ਪੁੱਤਰ ਕੁੱਝ ਸਮੇਂ ਤੋਂ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਸੀ। ਜੀ.ਆਰ.ਪੀ. ਪੁਲਸ ਨੇ ਲਾਸ਼ ਦਾ ਪੋਸਟਮਾਰਟਮ ਕਰਵਾ ਕੇ ਪਰਵਾਰਕ ਮੈਂਬਰਾਂ ਨੂੰ ਸੌਂਪ ਦਿੱਤੀ ਹੈ। ਪਰਵਾਰ ਨੇ ਇਸ ਮਾਮਲੇ ਵਿੱਚ ਕਿਸੇ ਵੀ ਤਰ੍ਹਾਂ ਦੀ ਕਾਨੂੰਨੀ ਕਾਰਵਾਈ ਕਰਵਾਉਣ ਤੋਂ ਇਨਕਾਰ ਕਰ ਦਿੱਤਾ ਹੈ।

## ਬਾਬਾ ਖੇਤਰਪਾਲ ਦੇ ਮੰਦਰ ਵਿਖੇ ਸਥਾਪਨਾ ਦਿਵਸ ਭਲਕੇ ਮਨਾਇਆ ਜਾਵੇਗਾ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਬਾਬਾ ਖੇਤਰਪਾਲ ਜੀ ਦੇ ਮੰਦਰ ਵਿਖੇ ਬਾਬਾ ਜੀ ਦੇ ਸਥਾਪਨਾ ਦਿਵਸ ਨੂੰ ਸਮਰਪਤ ਧਾਰਮਿਕ ਸਮਾਗਮ ਬੜੇ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ।ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ 15 ਨਵੰਬਰ ਨੂੰ ਵਿਸ਼ਾਲ ਜਾਗਰਨ ਦਾ ਆਯੋਜਨ ਕੀਤਾ ਗਿਆ ਹੈ, ਜਿਸ ਵਿੱਚ ਸ਼ਹਿਰ ਵਾਸੀ ਵੱਡੀ ਗਿਣਤੀ ਵਿੱਚ ਸ਼ਾਮਲ ਹੋਣਗੇ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਚੇਅਰਮੈਨ ਵਿਜੈ ਬਾਂਸਲ, ਪ੍ਰਧਾਨ ਸੰਜੀਵ ਗਰਗ, ਸੈਕਟਰੀ ਰਾਕੇਸ਼ ਕੁਮਾਰ ਜਿੰਦਲ ਤੋਤਾ, ਅਜੇ ਪੁਰੀ, ਮੁਕੇਸ਼ ਗੋਇਲ, ਪ੍ਰਸੰਨ ਕੁਮਾਰ, ਨਵੀਨ ਗੋਇਲ ਨੇ ਦੱਸਿਆ ਕਿ ਇਹ ਜਾਗਰਣ ਸ਼ਹਿਰ ਦੇ ਸਹਿਯੋਗ ਨਾਲ ਸ਼ਰਧਾ ਤੇ ਭਾਵਨਾ ਨਾਲ ਕਰਵਾਇਆ ਜਾ ਰਿਹਾ ਹੈ।ਇਸ ਦੇ ਨਾਲ ਹੀ 16 ਅਕਤੂਬਰ ਸਵੇਰੇ 8 ਵਜੇ ਤੋਂ 10 ਵਜੇ ਤੱਕ ਬਾਬਾ ਖੇਤਰਪਾਲ ਜੀ ਦੇ ਮੰਦਰ ਪਰਿਸਰ ਵਿੱਚ ਹਵਨ ਯੱਗ ਦਾ ਆਯੋਜਨ ਕੀਤਾ ਜਾਵੇਗਾ, ਜਿਸ ਵਿੱਚ ਸਾਰੇ ਸ਼ਰਧਾਲੂਆਂ ਨੂੰ ਸ਼ਿਰਕਤ ਕਰਨ ਲਈ ਸੱਦਾ ਦਿੱਤਾ ਗਿਆ ਹੈ।ਹਵਨ ਸਮਾਪਤ ਹੋਣ ਉਪਰੰਤ ਲੰਗਰ ਭੋਗ ਦਾ ਪ੍ਰਬੰਧ ਵੀ ਕੀਤਾ ਜਾਵੇਗਾ।ਮੰਦਰ ਕਮੇਟੀ ਨੇ ਦੱਸਿਆ ਕਿ ਇਹ ਸਮਾਗਮ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸ਼ਾਂਤੀ, ਸਦਭਾਵਨਾ ਤੇ ਸ਼ਰਧਾ ਦਾ ਪ੍ਰਤੀਕ ਹੋਵੇਗਾ ਅਤੇ ਸਾਰੇ ਇਲਾਕੇ ਦੇ ਨਿਵਾਸੀਆਂ ਨੂੰ ਬਾਬਾ ਜੀ ਦੇ ਚਰਨਾਂ ਵਿੱਚ ਹਾਜ਼ਰੀ ਭਰਨ ਲਈ ਬੇਨਤੀ ਕੀਤੀ ਗਈ ਹੈ।

## ਪੰਜਾਬ ਸਰਕਾਰ ਦੇ ਐਲਾਨ ਨੂੰ ਲਾਗੂ ਕਰਾਉਣ ਲਈ ਰੈਲੀ




**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**

ਕੰਪਿਊਟਰ ਅਧਿਆਪਕ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਗੁਰਵਿੰਦਰ ਸਿੰਘ ਤਰਨਤਾਰਨ ਦੀ ਅਗਵਾਈ ਹੇਠ, ਸੂਬਾ ਕਮੇਟੀ ਤੇ ਜ਼ਿਲ੍ਹਾ ਪ੍ਰਧਾਨਾਂ ਨੇ ਜ਼ੂਮ ਮੀਟਿੰਗ ਤੇ ਲਏ ਫ਼ੈਸਲੇ ਅਨੁਸਾਰ ਪੰਜਾਬ ਸਰਕਾਰ ਦੇ ਕੰਪਿਊਟਰ ਅਧਿਆਪਕਾਂ ਪ੍ਰਤੀ ਅਪਣਾਏ ਅੜੀਅਲ ਤੇ ਲਾਰੇ ਲੱਪੇ ਵਾਲੇ ਵਤੀਰੇ ਤੋਂ ਅੱਕੇ ਕੰਪਿਊਟਰ ਅਧਿਆਪਕ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਪ੍ਰਧਾਨ ਦਵਿੰਦਰ ਸਿੰਘ ਸੰਧੂ ਅਤੇ ਹਰਜੀਤ ਸਿੰਘ ਸੰਧੂ ਸੂਬਾ ਸੀਨੀਅਰ ਮੀਤ ਕੰਪਿਊਟਰ ਅਧਿਆਪਕ ਯੂਨੀਅਨ ਪੰਜਾਬ ਨੇ ਆਪਣੇ ਜ਼ਿਲ੍ਹੇ ਦੇ ਕੰਪਿਊਟਰ ਅਧਿਆਪਕ ਦੀ ਵੱਡੀ ਗਿਣਤੀ ਨਾਲ ਗੁਰਵਿੰਦਰ ਸਿੰਘ ਤਰਨਤਾਰਨ ਸੂਬਾ ਪ੍ਰਧਾਨ ਦੀ ਅਗਵਾਈ ਹੇਠ 17 ਅਕਤੂਬਰ ਨੂੰ ਤਰਨਤਾਰਨ ਵਿਖੇ 15 ਸਤੰਬਰ 2022 ਦਾ ਕੀਤਾ, ਪੰਜਾਬ ਸਰਕਾਰ ਦੇ ਐਲਾਨ ਨੂੰ ਲਾਗੂ ਕਰਵਾਉਣ ਲਈ ਸੂਬਾ ਪੱਧਰੀ ਚੇਤਾਵਨੀ ਰੈਲੀ ਕੀਤੀ ਜਾਵੇਗੀ। ਜ਼ਿਕਰਯੋਗ ਹੈ ਕਿ ਪੰਜਾਬ ਅੰਦਰ ਆਮ ਪਾਰਟੀ ਦੀ ਸਰਕਾਰ ਬਣਨ ਤੋਂ ਪਹਿਲਾਂ ਆਪਣੇ ਚੋਣ ਮੈਨੀਫੈਸਟੋ 'ਚ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਦੁਆਰਾ ਕੰਪਿਊਟਰ ਅਧਿਆਪਕਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਨੂੰ ਸਰਕਾਰ ਬਣਦੇ ਸਾਰ ਹੀ ਪੂਰੇ ਕਰਨ ਸਬੰਧੀ ਵਾਅਦਾ ਕੀਤਾ ਗਿਆ ਸੀ ਅਤੇ ਨਾਲ ਦੀ ਨਾਲ ਹੀ 2022 ਵਿੱਚ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੁਆਰਾ ਕੰਪਿਊਟਰ ਅਧਿਆਪਕਾਂ ਨੂੰ ਦੀਵਾਲੀ ਦੇ ਗਿਫਟ ਦੇ ਤੌਰ 'ਤੇ ਛੇਵਾਂ ਪੇ ਕਮਿਸ਼ਨ ਅਤੇ ਸੀਐੱਸਆਰ ਰੂਲ ਲਾਗੂ ਕਰਨ ਦਾ ਐਲਾਨ ਕੀਤਾ ਗਿਆ ਸੀ, ਪਰ ਸਾਢੇ ਤਿੰਨ ਸਾਲ ਤੋਂ ਜ਼ਿਆਦਾ ਦਾ ਸਮਾਂ ਬੀਤ ਜਾਣ ਤੋਂ ਬਾਅਦ ਵੀ ਕੰਪਿਊਟਰ ਅਧਿਆਪਕਾਂ ਨਾਲ ਇੱਕ ਵੀ ਵਾਅਦਾ ਪੂਰਾ ਨਹੀਂ ਕੀਤਾ ਗਿਆ ਤੇ ਕੰਪਿਊਟਰ ਅਧਿਆਪਕਾਂ ਦੇ ਹਾਲਾਤ ਅੱਜ ਵੀ ਪੁਰਾਣੀਆਂ ਸਰਕਾਰਾਂ ਦੇ ਸਮੇਂ ਵਾਲੇ ਹੀ ਹਨ। ਆਗੂਆਂ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਸਰਕਾਰ ਦੇ ਸਮੇਂ ਵਿਚ ਕੰਪਿਊਟਰ ਅਧਿਆਪਕ ਵੱਡੇ ਤੌਰ 'ਤੇ ਆਰਥਿਕ ਤੇ ਮਾਨਸਿਕ ਸੋਸ਼ਣ ਦਾ ਸ਼ਿਕਾਰ ਹੋਏ ਹਨ। ਲਗਭਗ 100 ਦੇ ਕਰੀਬ ਕੰਪਿਊਟਰ ਅਧਿਆਪਕ ਇਸ ਸੰਸਾਰ ਨੂੰ ਛੱਡ ਗਏ ਹਨ, ਜਿਨ੍ਹਾਂ ਦੇ ਪਰਿਵਾਰਿਕ ਮੈਂਬਰਾਂ ਨੂੰ ਨਾ ਤਾਂ ਸਰਕਾਰ ਵੱਲੋਂ ਕੋਈ ਆਰਥਿਕ ਸਹਾਇਤਾ ਦਿੱਤੀ ਗਈ ਹੈ ਤੇ ਨਾ ਹੀ ਕਿਸੇ ਪਰਿਵਾਰ ਦੇ ਜੀਅ ਨੂੰ ਕੋਈ ਨੌਕਰੀ ਮਿਲੀ ਹੈ।

ਉਨ੍ਹਾਂ ਕਿਹਾ ਕਿ ਇਹ ਸਰਕਾਰ ਸਿਰਫ਼ ਲਾਰਿਆਂ ਵਾਲੀ ਸਰਕਾਰ ਹੈ ਇਹ ਸਿਰਫ ਵੱਡੇ-ਵੱਡੇ ਇਸ਼ਤਿਹਾਰ ਲਾ ਸਕਦੇ ਹਨ, ਜਦਕਿ ਜ਼ਮੀਨੀ ਤੌਰ 'ਤੇ ਕਿਸੇ ਤਰ੍ਹਾਂ ਦਾ ਕੋਈ ਵੀ ਕੰਮ ਨਹੀਂ ਹੋ ਰਿਹਾ। ਜੇਕਰ ਪੰਜਾਬ ਜਲਦ ਤੋਂ ਜਲਦ ਕੰਪਿਊਟਰ ਅਧਿਆਪਕਾਂ ਦੇ ਮਸਲੇ ਹੱਲ ਕਰਕੇ ਸਿੱਖਿਆ ਵਿਭਾਗ ਵਿਚ ਸ਼ਿਫਟ ਨਹੀਂ ਕਰਦੀ ਤਾਂ ਤਰਨਤਾਰਨ ਵਿਖੇ ਜ਼ਿਮਨੀ ਚੋਣ ਨੂੰ ਮੁੱਖ ਰੱਖਦੇ ਹੋਏ ਚੋਣ ਖੇਤਰ ਵਿਚ ਝੰਡਾ ਮਾਰਚ ਕੀਤਾ ਜਾਵੇਗਾ, ਨਾਲ ਹੀ ਪੰਜਾਬ ਸਰਕਾਰ ਦੇ ਹਰ ਆਉਣ ਵਾਲੇ ਰਾਜਸੀ ਸਮਾਗਮ 'ਚ ਕੰਪਿਊਟਰ ਅਧਿਆਪਕਾਂ ਵਲੋਂ ਕਾਲੀਆ ਝੰਡੀਆਂ ਨਾਲ ਮੁਰਦਾਬਾਦ ਦੇ ਨਾਅਰਿਆ ਨਾਲ ਸਵਾਗਤ ਤੇ ਰਾਜਸੀ ਸਮਾਗਮਾਂ ਵਿੱਚ ਘੁਸਪੈਠ ਕਰਕੇ ਪੰਜਾਬ ਸਰਕਾਰ ਦਾ ਲੋਕ ਵਿਰੋਧੀ ਅਤੇ ਕੰਪਿਊਟਰ ਅਧਿਆਪਕ ਪ੍ਰਤੀ ਗੈਰ-ਜਮਹੂਰੀ ਚਿਹਰੇ ਨੂੰ ਨੰਗਾ ਕੀਤਾ ਜਾਵੇਗਾ, ਜਿਸ ਦੀ ਪੂਰਨ ਰੂਪ ਵਿਚ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।

## ਲੀਗਲ ਅਵੇਅਰਨੈੱਸ ਮੰਚ ਨੇ ਜੱਜ 'ਤੇ ਜੁੱਤੀ ਸੁੱਟਣ ਵਾਲੇ ਦੋਸ਼ੀ ਵਿਰੁੱਧ ਕਾਰਵਾਈ ਲਈ ਰਾਸ਼ਟਰਪਤੀ ਨੂੰ ਭੇਜਿਆ ਮੈਮੋਰੰਡਮ



**ਜਲੰਧਰ (ਪਰਮਜੀਤ ਜੱਸਲ)**-ਲੀਗਲ ਅਵੇਅਰਨੈੱਸ ਮੰਚ ਪੰਜਾਬ ਵੱਲੋਂ ਮਾਨਯੋਗ ਰੋਹਿਤ ਜਿੰਦਲ (ਪੀ.ਸੀ.ਐੱਸ.) ਜੀ.ਏ.ਟੂ ਡੀ.ਸੀ. ਜਲੰਧਰ ਰਾਹੀ ਮਾਨਯੋਗ ਰਾਸ਼ਟਰਪਤੀ ਜੀ ਨੂੰ ਮੈਮੋਰੰਡਮ ਦਿੱਤਾ ਗਿਆ, ਜਿਸ ਵਿੱਚ ਮਾਨਯੋਗ ਸੁਪਰੀਮ ਕੋਰਟ ਦੇ ਮੁੱਖ ਜੱਜ ਸ੍ਰੀ ਬੀ.ਆਰ. ਗਵੱਈ ਉੱਪਰ ਜੁੱਤੀ ਸੁੱਟਣ ਦੀ ਘਟਨਾ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ।ਮੰਚ ਨੇ ਕੇਂਦਰ ਸਰਕਾਰ ਨੂੰ ਦੋਸ਼ੀ ਵਕੀਲ ਵਿਰੁੱਧ ਸਖਤ ਤੋਂ ਸਖਤ ਕਾਨੂੰਨੀ ਕਾਰਵਾਈ ਕਰਨ ਦੀ ਮੰਗ ਕੀਤੀ।ਇਸ ਘਟਨਾ ਨਾਲ ਕਾਨੂੰਨ ਦੀਆਂ ਧੱਜੀਆਂ ਉੱਡੀਆਂ ਹਨ।ਮਾਨਯੋਗ ਸੁਪਰੀਮ ਕੋਰਟ ਦੇ ਮੁੱਖ ਜੱਜ ਦਾ ਅਪਮਾਨ ਹੀ ਨਹੀਂ ਸਗੋਂ ਸੰਵਿਧਾਨ ਦਾ ਵੀ ਅਪਮਾਨ ਕੀਤਾ ਗਿਆ ਹੈ।ਦੋਸ਼ੀ ਵਕੀਲ 'ਤੇ ਦੇਸ਼ ਧਰੋਹੀ ਦਾ ਪਰਚਾ ਦਰਜ ਕਰਕੇ ਤੁਰੰਤ ਸਖਤ ਤੋਂ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇ।ਦੂਸਰਾ ਬਾਈ ਪੂਰਨ ਕੁਮਾਰ ਆਈ.ਪੀ.ਐੱਸ. ਅਫਸਰ ਨੂੰ ਮਜਬੂਰ ਕਰਕੇ ਮੌਤ ਹੋਣ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਅਤੇ ਦੋਸ਼ੀ ਅਫਸਰਾਂ ਵਿਰੁੱਧ ਕਾਨੂੰਨੀ ਕਾਰਵਾਈ ਕਰਕੇ ਤੁਰੰਤ ਗ੍ਰਿਫਤਾਰ ਕੀਤਾ ਜਾਵੇ ਤੇ ਸਖਤ ਸਜ਼ਾ ਦਿੱਤੀ ਜਾਵੇ।ਮੈਮੋਰੰਡਮ ਦੇਣ ਵਾਲਿਆਂ ਵਿੱਚ ਐਡਵੋਕੇਟ ਹਰਭਜਨ ਸਾਂਪਲਾ, ਐਡਵੋਕੇਟ ਮੋਹਨ ਲਾਲ ਫਿਲੌਰੀਆ, ਐਡਵੋਕੇਟ ਰਜਿੰਦਰ ਕੁਮਾਰ ਆਜ਼ਾਦ, ਐਡਵੋਕੇਟ ਰੋਸ਼ਨ ਲਾਲ ਦੁੱਗ, ਐਡਵੋਕੇਟ ਆਰ. ਕੇ. ਚੋਪੜਾ, ਐਡਵੋਕੇਟ ਜਸਵਿੰਦਰ ਪਾਲ, ਐਡਵੋਕੇਟ ਮਨੋਜ ਕੁਮਾਰ, ਐਡਵੋਕੇਟ ਤਲਵਿੰਦਰ ਸਿੰਘ, ਐਡਵੋਕੇਟ ਸਤਪਾਲ, ਐਡਵੋਕੇਟ ਵਿਜੇ ਕੁਮਾਰ, ਐਡਵੋਕੇਟ ਸਤਨਾਮ ਸੁਮਨ, ਐਡਵੋਕੇਟ ਅਸ਼ਵਨੀ ਕੁਮਾਰ ਦਾਦਰਾ, ਐਡਵੋਕੇਟ ਦੇਵ ਰਾਜ, ਐਡਵੋਕੇਟ ਰਾਜ ਕੁਮਾਰ ਬੈਂਸ, ਐਡਵੋਕੇਟ ਦੀਪਕ ਕੁਮਾਰ, ਐਡਵੋਕੇਟ ਅਮਰਜੀਤ ਮਹੇ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਹੜ੍ਹਾਂ ਨੂੰ ਰੋਕਣ ਲਈ ਸਰਕਾਰ ਨੇ ਸਮੇਂ ਸਿਰ ਉਚਿਤ ਕਦਮ ਨਹੀਂ ਚੁੱਕੇ : ਲੱਧੜ, ਬਾਜਵਾ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਭਾਜਪਾ ਜ਼ਿਲ੍ਹਾ ਪ੍ਰਧਾਨ ਦਾਮਨ ਬਾਜਵਾ ਦੀ ਅਗਵਾਈ ਹੇਠ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਹੜ੍ਹ ਪ੍ਰਬੰਧਨ ਦੀ ਅਸਫਲਤਾ ਨੂੰ ਮੁੱਖ ਰੱਖਦਿਆਂ ਪ੍ਰੈੱਸ ਕਾਨਫਰੰਸ ਕੀਤੀ ਗਈ।ਇਸ ਪ੍ਰੈੱਸ ਕਾਨਫਰੰਸ ਵਿੱਚ ਪੰਜਾਬ ਭਾਜਪਾ ਦੇ ਐੱਸ ਸੀ ਮੋਰਚਾ ਦੇ ਸੂਬਾ ਪ੍ਰਧਾਨ ਸੁੱਚਾ ਰਾਮ ਲੱਧਰ (ਰਿਟਾ: ਆਈ.ਏ.ਐੱਸ.) ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਮੌਕੇ ਸੁੱਚਾ ਰਾਮ ਲੱਧੜ ਨੇ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਹੜ੍ਹਾਂ ਦੀ ਸਥਿਤੀ ਬਾਰੇ ਪਹਿਲਾਂ ਹੀ ਚੇਤਾਵਨੀ ਮਿਲਣ ਦੇ ਬਾਵਜੂਦ ਸਮੇਂ ਸਿਰ ਕੋਈ ਉਚਿਤ ਕਦਮ ਨਹੀਂ ਚੁੱਕ ਸਕੀ।ਇਸ ਕਰਕੇ ਅਨੇਕਾਂ ਪਿੰਡਾਂ ਤੇ ਖੇਤਰਾਂ ਵਿੱਚ ਲੋਕਾਂ ਨੂੰ ਭਾਰੀ ਨੁਕਸਾਨ ਝੱਲਣਾ ਪਿਆ।ਉਨ੍ਹਾਂ ਕਿਹਾ ਕਿ ਹੜ੍ਹ ਪੀੜਤ ਲੋਕ ਅਜੇ ਤੱਕ ਸਰਕਾਰੀ ਸਹਾਇਤਾ ਤੋਂ ਵਾਂਝੇ ਹਨ ਤੇ ਜ਼ਮੀਨੀ ਪੱਧਰ 'ਤੇ ਰਾਹਤ ਕਾਰਜ ਸਿਰਫ਼ ਕਾਗਜ਼ੀ ਹੀ ਰਹੇ ਹਨ।ਭਾਜਪਾ ਜ਼ਿਲ੍ਹਾ ਪ੍ਰਧਾਨ ਦਾਮਨ ਬਾਜਵਾ ਨੇ ਕਿਹਾ ਕਿ ਹੜ੍ਹਾਂ ਨਾਲ ਹੋਏ ਵੱਡੇ ਨੁਕਸਾਨ ਲਈ ਸੂਬਾ ਸਰਕਾਰ ਦੀ ਨਲਾਇਕੀ ਤੇ ਨਕਾਮੀ ਜ਼ਿੰਮੇਵਾਰ ਹੈ।ਉਨ੍ਹਾਂ ਵਿਧਾਨ ਸਭਾ ਹਲਕੇ ਸੁਨਾਮ ਵਿੱਚ ਲੰਘ ਰਹੇ ਸਰਹਿੰਦੀ ਚੋਅ ਤੇ ਲੌਂਗੋਵਾਲ ਡਰੇਨ ਦੀ ਸਫਾਈ ਸਮੇਂ ਸਿਰ ਨਾ ਹੋਣ ਦੇ ਮੁੱਦੇ ਨੂੰ ਉਠਾਉਂਦਿਆਂ ਕਿਹਾ ਕਿ ਜੇ ਇਹ ਸਫਾਈ ਸਮੇਂ ਸਿਰ ਹੋ ਜਾਂਦੀ ਤਾਂ ਇਨ੍ਹਾਂ ਇਲਾਕਿਆਂ ਵਿੱਚ ਵੀ ਹੜ੍ਹਾਂ ਦੇ ਪਾਣੀ ਨਾਲ ਨੁਕਸਾਨ ਨਾ ਹੁੰਦਾ।ਉਨ੍ਹਾਂ ਮੰਗ ਕੀਤੀ ਕਿ ਸਰਕਾਰ ਤੁਰੰਤ ਹੜ੍ਹ ਪੀੜਤ ਇਲਾਕਿਆਂ ਦਾ ਮੁਲਾਂਕਣ ਕਰਕੇ ਰਾਹਤ ਰਕਮ ਤੇ ਮੁਆਵਜ਼ਾ ਜਾਰੀ ਕਰੇ।ਇਸ ਮੌਕੇ ਭਾਜਪਾ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਰਿਸ਼ੀਪਾਲ ਖੇਰਾ, ਸੰਜੇ ਗੋਇਲ ਖਡਿਆਲੀਆਂ, ਰਾਜੀਵ ਮੱਖਣ ਸਰਕਲ ਪ੍ਰਧਾਨ, ਨਰਿੰਦਰ ਸ਼ੇਰੋਂ ਸਰਕਲ ਪ੍ਰਧਾਨ, ਦਰਸ਼ਨ ਨਮੋਲ ਸਰਕਲ ਪ੍ਰਧਾਨ, ਸ਼ੰਕਰ ਬਾਂਸਲ, ਜਰਨੈਲ ਢੋਟ, ਰਜਿੰਦਰ ਬਿੱਟੂ ਆਦਿ ਮੌਜੂਦ ਸਨ।

## ਪ੍ਰੋ. ਸਾਈਬਾਬਾ ਦੀ ਬਰਸੀ ਮਨਾਉਣ 'ਤੇ 10 ਵਿਦਿਆਰਥੀਆਂ ਖਿਲਾਫ ਕੇਸ

**ਮੁੰਬਈ** : ਪੁਲਸ ਨੇ ਟਾਟਾ ਇੰਸਟੀਚਿਊਟ ਆਫ ਸੋਸ਼ਲ ਸਾਇੰਸਿਜ਼ (ਟਿਸ) ਦੇ 10 ਵਿਦਿਆਰਥੀਆਂ ਵਿਰੁੱਧ ਇਸ ਕਰਕੇ ਕੇਸ ਦਰਜ ਕੀਤਾ ਹੈ ਕਿ ਉਨ੍ਹਾਂ ਐਤਵਾਰ ਚੈਂਬੂਰ ਇਲਾਕੇ 'ਚ ਸਥਿਤ ਕੈਂਪਸ ਵਿੱਚ ਦਿੱਲੀ ਯੂਨੀਵਰਸਿਟੀ ਦੇ ਸਾਬਕਾ ਪ੍ਰੋਫੈਸਰ ਜੀ ਐੱਨ ਸਾਈਬਾਬਾ ਦੀ ਬਰਸੀ ਮਨਾਈ। ਉਨ੍ਹਾਂ 'ਤੇ ਜੇ ਐੱਨ ਯੂ ਦੇ ਸਾਬਕਾ ਵਿਦਿਆਰਥੀਆਂ ਸ਼ਰਜੀਲ ਇਮਾਮ ਤੇ ਉਮਰ ਖਾਲਿਦ, ਜਿਹੜੇ ਦਿੱਲੀ ਹਿੰਸਾ ਦੇ ਸੰਬੰਧ ਵਿੱਚ ਸਲਾਖਾਂ ਪਿੱਛੇ ਹਨ, ਦੇ ਹੱਕ ਵਿੱਚ ਨਾਅਰੇ ਲਾਉਣ ਦਾ ਦੋਸ਼ ਲਾਇਆ ਗਿਆ ਹੈ। ਦੋਸ਼ ਹੈ ਕਿ ਉਨ੍ਹਾ ਪ੍ਰੋਗਰਾਮ ਕਰਨ ਦੀ ਆਗਿਆ ਨਹੀਂ ਲਈ ਸੀ। ਸਾਈਬਾਬਾ ਨੂੰ ਮਾਓਵਾਦੀਆਂ ਨਾਲ ਕਥਿਤ ਲਿੰਕ ਦੇ ਦੋਸ਼ ਵਿੱਚ ਗ੍ਰਿਫਤਾਰ ਕੀਤਾ ਗਿਆ ਸੀ, ਪਰ ਬੰਬੇ ਹਾਈ ਕੋਰਟ ਨੇ 2024 ਵਿੱਚ ਛੱਡ ਦਿੱਤਾ ਸੀ। ਪਿਛਲੇ ਸਾਲ 12 ਅਕਤੂਬਰ ਨੂੰ ਉਨ੍ਹਾ ਦੀ ਮੌਤ ਹੋ ਗਈ ਸੀ। ਪੁਲਸ ਨੇ ਟਿਸ ਪ੍ਰਸ਼ਾਸਨ ਦੀ ਸ਼ਿਕਾਇਤ 'ਤੇ ਗੈਰਕਾਨੂੰਨੀ ਇਕੱਠ ਕਰਨ, ਰਾਸ਼ਟਰ ਪ੍ਰਤੀ ਨਫਰਤ ਫੈਲਾਉਣ ਤੇ ਭਾਈਚਾਰਕ ਵੰਡੀ ਪਾਉਣ ਦੀਆਂ ਧਾਰਾਵਾਂ ਤਹਿਤ ਕੇਸ ਦਰਜ ਕੀਤਾ ਹੈ।

## ਮੈਕਰੋ ਗਲੋਬਲ ਦੇ ਵਿਦਿਆਰਥੀ ਨੇ ਪ੍ਰਾਪਤ ਕੀਤੇ 7.5 ਬੈਂਡ : ਡੱਲਾ



**ਜਗਰਾਉਂ (ਸੰਜੀਵ ਅਰੋੜਾ)**-ਮੈਕਰੋ ਗਲੋਬਲ ਮੋਗਾ ਦੀ ਜਗਰਾਉਂ ਬ੍ਰਾਂਚ ਆਪਣੀਆਂ ਆਈਲੈਟਸ ਤੇ ਸਟੂਡੈਂਟ ਵੀਜ਼ੇ ਦੀਆਂ ਸੇਵਾਵਾਂ ਨਾਲ ਪੰਜਾਬ ਦੀ ਮੰਨੀ-ਪ੍ਰਮੰਨੀ ਸੰਸਥਾ ਬਣ ਚੁੱਕੀ ਹੈ। ਇਸ ਸੰਸਥਾ ਵਿੱਚ ਸਟੂਡੈਂਟ ਵੀਜ਼ੇ ਦੇ ਨਾਲ-ਨਾਲ ਵਿਜ਼ਟਰ ਵੀਜ਼ੇ ਤੇ ਓਪਨ ਵਰਕ ਪਰਮਿਟ ਦੀਆਂ ਸੇਵਾਵਾਂ ਵੀ ਦਿੱਤੀਆਂ ਜਾਂਦੀਆਂ ਹਨ। ਮੈਕਰੋ ਗਲੋਬਲ ਜਗਰਾਉਂ ਬ੍ਰਾਂਚ ਦੇ ਵਿਦਿਆਰਥੀਆਂ ਵਿਚੋਂ ਸਤਵੰਤ ਸਿੰਘ ਸਪੁੱਤਰ ਸੁਖਵਿੰਦਰ ਸਿੰਘ ਨਿਵਾਸੀ ਕੋਠੇ ਸ਼ੇਰਜੰਗ ਜ਼ਿਲ੍ਹਾ ਲੁਧਿਆਣਾ, ਜਿਨ੍ਹਾਂ ਦੇ ਲਿਸਨਿੰਗ 'ਚੋਂ 7, ਰੀਡਿੰਗ 'ਚੋਂ 8.5, ਰਾਈਟਿੰਗ 'ਚੋਂ 6.5, ਸਪੀਕਿੰਗ 'ਚੋਂ 7.5 ਬੈਂਡ ਹਾਸਲ ਕੀਤੇ ਹਨ। ਸੰਸਥਾ ਵਿੱਚ ਕਮਜ਼ੋਰ ਵਿਦਿਆਰਥੀਆਂ ਲਈ ਸਪੈਸ਼ਲ ਸੈਮੀਨਾਰ ਰੱਖਿਆ ਜਾਂਦਾ ਹੈ। ਕੁਆਲਿਟੀ ਨੂੰ ਬਰਕਰਾਰ ਰੱਖਦੇ ਹੋਏ ਵਿਦਿਆਰਥੀਆਂ ਨੂੰ ਫਰੈਸ਼ ਮਟੀਰੀਅਲ ਦਿੱਤੇ ਜਾਂਦੇ ਹਨ, ਜੋ ਕਿ ਵਿਦਿਆਰਥੀਆਂ ਨੂੰ ਚੰਗੇ ਸਕੋਰ ਪ੍ਰਾਪਤ ਕਰਨ ਲਈ ਮਦਦਗਾਰ ਸਾਬਿਤ ਹੋਏ ਹਨ। ਇਸ ਮੌਕੇ ਗੁਰਮਿਲਾਪ ਸਿੰਘ ਡੱਲਾ ਨੇ ਸਟਾਫ਼ ਦੀ ਹੌਸਲਾ ਅਫ਼ਜ਼ਾਈ ਕੀਤੀ ਤੇ ਵਿਦਿਆਰਥੀਆਂ ਦੇ ਸੁਨਹਿਰੇ ਭਵਿੱਖ ਦੀ ਕਾਮਨਾ ਕੀਤੀ।

## ਪੀ ਜੀ ਆਈ ਦੇ ਡਾ. ਧੰਡਾਪਾਨੀ ਨੇ ਦੋ ਹਜ਼ਾਰ ਸਰਜਰੀ ਕੇਸ ਕਰਕੇ ਰਚਿਆ ਇਤਿਹਾਸ



**ਸਮਰਾਲਾ (ਸੁਰਜੀਤ ਸਿੰਘ)**-ਪੀਜੀਆਈ ਚੰਡੀਗੜ੍ਹ ਦੇ ਨਿਊਰੋਸਰਜਰੀ ਵਿਭਾਗ ਦੇ ਪ੍ਰੋਫੈਸਰ ਡਾ. ਧੰਡਾਪਾਨੀ ਐੱਸ. ਐੱਸ. ਨੇ ਐਂਡੋਸਕੋਪਿਕ ਮਿਨੀਮਲੀ ਇਨਵੇਸਿਵ ਦਿਮਾਗ ਤੇ ਰੀੜ੍ਹ ਦੀ ਹੱਡੀ ਦੀ ਸਰਜਰੀ ਦੇ ਦੋ ਹਜ਼ਾਰ ਕੇਸ ਸਫਲਤਾਪੂਰਵਕ ਪੂਰੇ ਕਰਕੇ ਇਲਾਜ ਪ੍ਰਣਾਲੀ ਵਿੱਚ ਇੱਕ ਨਵਾਂ ਇਤਿਹਾਸ ਰਚਿਆ ਹੈ।ਉਨ੍ਹਾਂ ਨਿਊਰੋਸਰਜਰੀ ਦੇ ਖੇਤਰ ਵਿੱਚ ਐਂਡੋਸਕੋਪਿਕ ਤੇ ਕੀਹੋਲ ਮਿਨੀਮਲੀ ਇਨਵੇਸਿਵ ਤਰੀਕਿਆਂ ਨੇ ਇਲਾਜ ਦੇ ਨਤੀਜਿਆਂ ਵਿੱਚ ਬਹੁਤ ਸੁਧਾਰ ਲਿਆਂਦਾ ਹੈ।ਡਾ. ਧੰਡਾਪਾਨੀ ਨੇ ਭਾਰਤ ਵਿੱਚ ਇਨ੍ਹਾਂ ਤਕਨੀਕਾਂ ਵਿੱਚ ਅਹਿਮ ਭੂਮਿਕਾ ਨਿਭਾਈ ਹੈ।ਪੀਜੀਆਈ ਸੂਤਰਾਂ ਮੁਤਾਬਿਕ ਇਸ ਉੱਚ ਤਕਨੀਕੀ ਸਰਜਰੀ ਦੇ ਚੰਗੇ ਨਤੀਜੇ ਸਾਹਮਣੇ ਆਏ ਹਨ।ਸੂਤਰਾਂ ਅਨੁਸਾਰ ਇਹ ਦੋ ਹਾਜ਼ਰ ਕੇਸ ਕਈ ਕਿਸਮ ਦੀਆਂ ਜਟਿਲ ਦਿਮਾਗੀ ਤੇ ਰੀੜ੍ਹ ਦੀ ਹੱਡੀ ਨਾਲ ਸੰਬੰਧਤ ਬਿਮਾਰੀਆਂ ਨਾਲ ਸਬੰਧਤ ਸਨ, ਜਿਨ੍ਹਾਂ ਵਿੱਚ ਪਿਟਯੂਟਰੀ ਟਿਊਮਰ, ਕ੍ਰੇਨਿਓਫੈਰਿੰਜੀਓਮਾ, ਖੋਪੜੀ ਦੇ ਅਧਾਰ ਵਾਲੇ ਟਿਊਮਰ (ਜਿਵੇਂ ਮੇਨਿੰਜੀਓਮਾ), ਹਾਈਡ੍ਰੋਸੇਫਲਸ, ਵੈਂਟ੍ਰਿਕੁਲਰ ਲੀਜ਼ਨ, ਰੀੜ੍ਹ ਦੇ ਟਿਊਮਰ ਤੇ ਡਿਸਕ ਬਿਮਾਰੀਆਂ।ਡਾ. ਧੰਡਾਪਾਨੀ ਦੀ ਟੀਮ ਵਿੱਚ ਡਾ. ਸੁਸ਼ਾਂਤ ਡਾ. ਚੰਦਰਸ਼ੇਖਰ (ਖੋਪੜੀ ਰਾਹੀਂ ਕੀਤੀਆਂ ਐਂਡੋਸਕੋਪਿਕ ਸਰਜਰੀਆਂ ਲਈ) ਤੇ ਡਾ. ਚੰਦਰਸ਼ੇਖਰ (ਰੀੜ੍ਹ ਦੀ ਐਂਡੋਸਕੋਪਿਕ ਤੇ ਮਿਨੀਮਲੀ ਇਨਵੇਸਿਵ ਸਰਜਰੀ ਲਈ) ਸ਼ਾਮਲ ਹਨ।ਡਾ. ਧੰਡਾਪਾਨੀ ਨੇ ਵਾਸ਼ਿੰਗਟਨ, ਬੌਸਟਨ ਆਦਿ ਸ਼ਹਿਰਾਂ ਵਿੱਚ ਹੋਈਆਂ ਪ੍ਰਸਿੱਧ ਅੰਤਰਰਾਸ਼ਟਰੀ ਮੀਟਿੰਗਾਂ ਵਿੱਚ ਐਂਡੋਸਕੋਪਿਕ ਤੇ ਕੀਹੋਲ ਸਰਜਰੀ 'ਤੇ ਵਿਸ਼ੇਸ਼ ਲੈਕਚਰ ਦਿੱਤੇ ਹਨ ਅਤੇ ਕਈ ਪ੍ਰਮੁੱਖ ਨਿਊਰੋਸਰਜਰੀ ਪੁਸਤਕਾਂ ਵਿੱਚ ਅਧਿਆਇ ਲਿਖੇ ਹਨ।

## ਪਰਾਲੀ ਸਾੜਨ ਦੀਆਂ ਘਟਨਾਵਾਂ ਵਿਰੁੱਧ ਪ੍ਰਸ਼ਾਸਨ ਪੂਰੀ ਤਰ੍ਹਾਂ ਚੌਕਸ : ਡੀ ਸੀ

**ਮਾਨਸਾ (ਆਤਮਾ ਸਿੰਘ ਪਮਾਰ)**-ਜ਼ਿਲ੍ਹਾ ਮਾਨਸਾ 'ਚ ਝੋਨੇ ਦੀ ਕਟਾਈ ਉਪਰੰਤ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਜ਼ੀਰੋ ਪੱਧਰ 'ਤੇ ਲਿਆਉਣਾ ਜ਼ਿਲ੍ਹਾ ਪ੍ਰਸ਼ਾਸਨ ਦਾ ਪ੍ਰਮੁੱਖ ਟੀਚਾ ਹੈ ਅਤੇ ਇਸ ਟੀਚੇ ਦੀ ਪ੍ਰਾਪਤੀ ਲਈ ਯੋਜਨਾਬੱਧ ਢੰਗ ਨਾਲ ਕੰਮ ਕਰਨ ਦੀ ਲੋੜ ਹੈ।ਇਸੇ ਸਬੰਧ ਵਿੱਚ ਡਿਪਟੀ ਕਮਿਸ਼ਨਰ ਸ੍ਰੀਮਤੀ ਨਵਜੋਤ ਕੌਰ ਨੇ ਸਬੰਧਤ ਅਧਿਕਾਰੀਆਂ ਨਾਲ ਵਿਸ਼ੇਸ਼ ਮੀਟਿੰਗ ਕੀਤੀ। ਡਿਪਟੀ ਕਮਿਸ਼ਨਰ ਨੇ ਝੋਨੇ ਦੀ ਕਟਾਈ ਸ਼ੁਰੂ ਹੋਣ ਨਾਲ ਪਰਾਲੀ ਪ੍ਰਬੰਧਨ ਲਈ ਮਾਨਯੋਗ ਸੁਪਰੀਮ ਕੋਰਟ ਤੇ ਨੈਸ਼ਨਲ ਗ੍ਰੀਨ ਟ੍ਰਿਬਿਊਨਲ ਦੀਆਂ ਹਦਾਇਤਾਂ ਦੀ ਪਾਲਣਾ ਯਕੀਨੀ ਬਣਾਉਣ 'ਤੇ ਜ਼ੋਰ ਦਿੱਤਾ।ਉਨ੍ਹਾਂ ਕਿਹਾ ਕਿ ਖੇਤੀਬਾੜੀ ਵਿਭਾਗ ਵੱਲੋਂ ਮਿਲ ਰਹੀ ਸਬਸਿਡੀ ਵਾਲੀ ਮਸ਼ੀਨਰੀ ਦੀ ਵੱਧ ਤੋਂ ਵੱਧ ਵਰਤੋਂ ਹੋਵੇ ਤੇ ਇਹ ਸਹੂਲਤ ਛੋਟੇ ਤੇ ਸੀਮਾਂਤ ਕਿਸਾਨਾਂ ਤੱਕ ਪਹਿਲ ਦੇ ਆਧਾਰ 'ਤੇ ਦਿੱਤੀ ਜਾਵੇ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਜ਼ਿਲ੍ਹਾ ਪ੍ਰਸ਼ਾਸਨ ਨਾਲ ਮਿਲ ਕੇ 'ਜ਼ੀਰੋ ਬਰਨਿੰਗ' ਦਾ ਟੀਚਾ ਪ੍ਰਾਪਤ ਕਰਨ ਵਿੱਚ ਸਰਗਰਮ ਭੂਮਿਕਾ ਨਿਭਾਉਣ ਤੇ ਜਨਤਕ ਮੀਟਿੰਗਾਂ ਕਰਕੇ ਲੋਕਾਂ ਨੂੰ ਪਰਾਲੀ ਸਾੜਨ ਨਾਲ ਮਨੁੱਖਾਂ, ਪਸ਼ੂ ਪੰਛੀਆਂ ਤੇ ਵਾਤਾਵਰਣ 'ਤੇ ਪੈਂਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਉਣ।ਉਨ੍ਹਾ ਕਿਹਾ ਕਿ ਪੁਲਸ ਅਧਿਕਾਰੀ ਖੇਤੀਬਾੜੀ ਵਿਭਾਗ ਨਾਲ ਤਾਲਮੇਲ ਕਰਦੇ ਹੋਏ ਪਰਾਲੀ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਨੂੰ ਰੋਕਣ ਲਈ ਪਿੰਡਾਂ ਵਿੱਚ ਚੌਕਸੀ ਰੱਖਣ।

## ...ਸਫ਼ਾ 1 ਦੇ ਬਾਕੀ

### ਦਲਿਤਾਂ 'ਤੇ ਅੱਤਿਆਚਾਰ...

ਪਰਵਾਰ ਕਿਸ ਦਰਦ 'ਚੋਂ ਲੰਘ ਰਿਹਾ ਹੈ। ਉਨ੍ਹਾ ਕਿਹਾ, "ਇਕ ਭੈਣ ਨੇ ਆਪਣੇ ਪਤੀ ਨੂੰ ਤੇ ਦੋ ਧੀਆਂ ਨੇ ਆਪਣੇ ਪਿਤਾ ਨੂੰ ਗੁਆਇਆ ਹੈ।" ਰਾਹੁਲ ਗਾਂਧੀ ਨੇ ਕਿਹਾ, 'ਇਹ ਸਿਰਫ਼ ਖੁਦਕੁਸ਼ੀ ਨਹੀਂ ਹੈ, ਇਹ ਇੱਕ ਅਸੰਵੇਦਨਸ਼ੀਲ ਪ੍ਰਣਾਲੀ ਅਤੇ ਜਾਤੀ ਭੇਦਭਾਵ ਦਾ ਸਿੱਟਾ ਹੈ। ਇੱਕ ਇਮਾਨਦਾਰ ਅਧਿਕਾਰੀ, ਜਿਸ ਨੇ ਸਾਰੀ ਉਮਰ ਕਾਨੂੰਨ ਅਤੇ ਨਿਆਂ ਲਈ ਕੰਮ ਕੀਤਾ, ਉਸੇ ਪ੍ਰਣਾਲੀ ਦੁਆਰਾ ਟੁੱਟ ਗਿਆ।' ਉਨ੍ਹਾ ਕਿਹਾ ਕਿ ਕਾਂਗਰਸ ਇਸ ਲੜਾਈ ਨੂੰ ਰਾਸ਼ਟਰੀ ਪੱਧਰ 'ਤੇ ਲੈ ਜਾਵੇਗੀ ਤਾਂ ਜੋ ਅਜਿਹੀਆਂ ਘਟਨਾਵਾਂ ਦੁਬਾਰਾ ਨਾ ਵਾਪਰਨ।

### ਤਨਖਾਹ ਤੇ ਪੈਨਸ਼ਨ ਲਈ...

ਹੋਰ ਨਿਯੁਕਤ ਕੀਤੇ ਜਿਵੇਂ ਵਾਈਸ ਚੇਅਰਮੈਨ ਅਤੇ 5-7 ਬੋਰਡ ਆਫ ਡਾਇਰੈਕਟਰਜ ਵੀ ਆਪਣੀ ਕਾਰਗੁਜ਼ਾਰੀ ਦੱਸਣ ਕਿ ਉਹਨਾਂ ਦੀ ਪੀ ਆਰ ਟੀ ਸੀ ਅਦਾਰੇ ਨੂੰ ਕੀ ਦੇਣ ਹੈ। ਸਪੱਸ਼ਟ ਹੈ ਕਿ ਉਨ੍ਹਾਂ ਦਾ ਵੀ ਕੋਈ ਯੋਗਦਾਨ ਕਿਸੇ ਵੀ ਸਮੱਸਿਆ ਨੂੰ ਸੁਲਝਾਉਣ ਲਈ ਸਿਫਰ ਦੇ ਬਰਾਬਰ ਹੈ। ਐਕਸ਼ਨ ਕਮੇਟੀ ਦੇ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਵਿੱਤੀ ਦੁਰਪ੍ਰਬੰਧ ਕਾਰਨ ਸਰਕਾਰੀ ਤੇ ਅਰਧ ਸਰਕਾਰੀ ਅਦਾਰਿਆਂ ਦੀਆਂ ਜ਼ਮੀਨਾਂ ਵੇਚਣ ਦੀਆਂ ਆ ਰਹੀਆਂ ਖਬਰਾਂ ਵੀ ਅੱਤ ਨਿੰਦਣਯੋਗ ਵਰਤਾਰਾ ਹੈ। ਪੀ ਆਰ ਟੀ ਸੀ ਪਟਿਆਲਾ ਦਾ ਪੁਰਾਣਾ ਬੱਸ ਸਟੈਂਡ ਵੇਚਣ ਦੀ ਮੰਗਲਵਾਰ ਛਪੀ ਖਬਰ ਬੇਹੱਦ ਨਿੰਦਣਯੋਗ ਹੈ। ਪੀ ਆਰ ਟੀ ਸੀ ਦੇ ਅਣਖੀਲੇ ਕਰਮਚਾਰੀ ਅਤੇ ਸੇਵਾ-ਮੁਕਤ ਪੈਨਸ਼ਨਰ ਅਜਿਹੀ ਕੋਸ਼ਿਸ਼ ਹਰਗਿਜ਼ ਸਫਲ ਨਹੀਂ ਹੋਣ ਦੇਣਗੇ।

ਐਕਸ਼ਨ ਕਮੇਟੀ ਨੇ ਐਲਾਨ ਕੀਤਾ ਕਿ ਜੇਕਰ ਅੱਜ ਦੇ ਜ਼ਬਰਦਸਤ ਰੋਸ ਅਤੇ ਵਰਕਰਾਂ ਦੀਆਂ ਮਾਲੀ ਮੁਸ਼ਕਲਾਂ ਨੂੰ ਸਾਹਮਣੇ ਰੱਖਦੇ ਹੋਏ ਬਿਨਾਂ ਦੇਰੀ ਕੋਈ ਹੱਲ ਨਾ ਕੀਤਾ ਤਾਂ 18 ਅਕਤੂਬਰ ਨੂੰ ਪਟਿਆਲਾ ਵਿਖੇ ਦੂਖ ਨਿਵਾਰਨ ਗੁਰਦੁਆਰਾ ਦੇ ਨੇੜੇ ਰਜਬਾਹਾ ਰੋਡ 'ਤੇ ਸਥਿਤ ਚੇਅਰਮੈਨ ਦੀ ਸਰਕਾਰੀ ਕੋਠੀ ਦਾ ਘਿਰਾਓ ਕਰਕੇ ਮੰਗ ਕੀਤੀ ਜਾਵੇਗੀ ਕਿ ਵਰਕਰਾਂ ਦੀ ਤਨਖਾਹ ਅਤੇ ਪੈਨਸ਼ਨ ਦਾ ਭੁਗਤਾਨ ਤੁਰੰਤ ਕੀਤਾ ਜਾਵੇ ਅਤੇ ਸੰਘਰਸ਼ ਦੀ ਨਿਰੰਤਰਤਾ ਵਿੱਚ ਹੋਰ ਮੰਗਾਂ, ਜਿਵੇਂ ਕਿ ਹਾਈ ਕੋਰਟ ਦੇ 3 ਸਤੰਬਰ ਨੂੰ ਦਿੱਤੇ ਫੈਸਲੇ ਅਨੁਸਾਰ ਕੰਟਰੈਕਟ ਵਰਕਰਾਂ ਨੂੰ ਪੱਕਾ ਕਰਨਾ, ਕੋਰਟ ਦੇ ਫੈਸਲੇ ਅਨੁਸਾਰ ਹੀ 8240 ਨੰਬਰ ਦੀ ਰਿੱਟ ਅਨੁਸਾਰ ਵਰਕਰਾਂ ਨੂੰ ਪੈਨਸ਼ਨ ਦਾ ਹੱਕਦਾਰ ਬਣਾਉਣਾ। ਆਪਣੀ ਮਾਲਕੀ ਵਾਲੀਆਂ 400 ਨਵੀਆਂ ਬੱਸਾਂ ਪਾਉਣੀਆਂ, ਨਵੇਂ ਸੋਧੇ ਟੀ ਏ ਰੂਲ ਲਾਗੂ ਕਰਨਾ।

ਪੰਜਾਬ ਸਰਕਾਰ ਤੋਂ ਮੁਫਤ ਸਫਰ ਦੇ 500 ਕਰੋੜ ਰੁਪਏ ਵਸੂਲ ਕਰਨਾ ਅਤੇ ਪੇ-ਕਮਿਸ਼ਨ ਅਤੇ ਹੋਰ ਵਿੱਤੀ ਬਕਾਇਆ ਦੀ 150 ਕਰੋੜ ਰੁਪਏ ਦੀ ਅਦਾਇਗੀ ਕਰਨਾ ਆਦਿ ਮੁੱਦਿਆਂ ਨੂੰ ਲੈ ਕੇ ਭਵਿੱਖੀ ਸੰਘਰਸ਼ ਤਿੱਖੇ ਰੂਪ ਵਿੱਚ ਸ਼ੁਰੂ ਕੀਤੇ ਜਾਣਗੇ।

### 50 ਫੀਸਦੀ ਟੈਰਿਫ਼...

ਭਾਰਤੀ ਵਿਦਿਆਰਥੀ ਤੇ ਹੋਰ ਵਰਗਾਂ ਦੇ ਲੋਕ ਪ੍ਰਭਾਵਿਤ ਹੋਏ ਸਨ। ਡਾਕ ਵਿਭਾਗ ਨੇ ਕਿਹਾ ਕਿ ਯੂ ਐੱਸ ਕਸਟਮਜ਼ ਐਂਡ ਬਾਰਡਰ ਪ੍ਰੋਟੈਕਸ਼ਨ (ਸੀ ਬੀ ਪੀ) ਦਿਸ਼ਾ-ਨਿਰਦੇਸ਼ਾਂ ਅਨੁਸਾਰ ਭਾਰਤ ਤੋਂ ਅਮਰੀਕਾ ਨੂੰ ਡਾਕ ਭੇਜਣ 'ਤੇ ਕਸਟਮ ਡਿਊਟੀ ਨਵੇਂ ਟੈਰਿਫ ਨਿਯਮ ਤਹਿਤ ਐਲਾਨੀ ਵਸਤੂ ਦੇ ਮੁੱਲ ਦੇ 50 ਫੀਸਦੀ ਦੀ ਫਲੈਟ ਦਰ 'ਤੇ ਲਾਗੂ ਹੋਵੇਗੀ। ਅਧਿਕਾਰੀਆਂ ਨੇ ਕਿਹਾ ਕਿ ਡਾਕ ਦੀਆਂ ਦਰਾਂ ਵਿੱਚ ਕੋਈ ਬਦਲਾਅ ਨਹੀਂ ਕੀਤਾ ਜਾਵੇਗਾ।

### ਬੀ ਬੀ ਐੱਮ ਬੀ 'ਚ...

'ਆਪ' ਸਰਕਾਰ ਬੀ ਬੀ ਐੱਮ ਬੀ ਦੇ ਢਾਂਚੇ ਜਾਂ ਪੰਜਾਬ ਦੀ ਪ੍ਰਤੀਨਿਧਤਾ ਵਿੱਚ ਕਿਸੇ ਵੀ ਤਬਦੀਲੀ ਦਾ ਸਖ਼ਤ ਵਿਰੋਧ ਕਰੇਗੀ। ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ ਆਖਰੀ ਸਾਹ ਤੱਕ ਪੰਜਾਬ ਦੇ ਹਰ ਹੱਕ ਦੀ ਰੱਖਿਆ ਕਰੇਗੀ।

ਉਨ੍ਹਾ ਕਿਹਾ ਕਿ ਭਾਜਪਾ ਆਗੂ ਸੁਨੀਲ ਜਾਖੜ, ਰਵਨੀਤ ਬਿੱਟੂ ਅਤੇ ਅਸ਼ਵਨੀ ਸ਼ਰਮਾ 'ਤੇ ਇਸ ਸੰਕਟ ਦੀ ਘੜੀ ਵਿੱਚ ਪੰਜਾਬ ਦੇ ਨਾਲ ਖੜ੍ਹੇ ਹੋਣ ਦੀ ਬਜਾਏ ਦਿੱਲੀ ਵਿੱਚ ਆਪਣੇ ਮਾਲਕਾਂ ਦੇ ਚੇਹਰੇ ਵਜੋਂ ਕੰਮ ਕਰਨ ਦਾ ਦੋਸ਼ ਲਗਾਇਆ। ਗਰਗ ਨੇ ਕਿਹਾ—ਮੈਂ ਇਹਨਾਂ ਆਗੂਆਂ ਨੂੰ ਪੁੱਛਣਾ ਚਾਹੁੰਦਾ ਹਾਂ ਕਿ ਕੀ ਤੁਸੀਂ ਇਸ ਪੰਜਾਬ ਵਿਰੋਧੀ ਬੀ ਬੀ ਐੱਮ ਬੀ ਦੇ ਫੈਸਲੇ ਦਾ ਸਮਰਥਨ ਕਰਦੇ ਹੋ? ਕੀ ਤੁਸੀਂ ਪੰਜਾਬ ਦੇ ਨਾਲ ਖੜ੍ਹੇ ਹੋਵੋਗੇ ਜਾਂ ਆਪਣੀ ਦਿੱਲੀ ਹਾਈ ਕਮਾਂਡ ਦੇ ਨਾਲ, ਜੋ ਵਾਰ-ਵਾਰ ਪੰਜਾਬ ਦੀ ਪਿੱਠ ਵਿੱਚ ਛੁਰਾ ਮਾਰ ਰਹੀ ਹੈ?

### ਭਾਜਪਾ ਦੀ ਰਾਜ...

ਪੁਲਸ ਉਸ ਨੂੰ ਡੀ ਜੀ ਪੀ ਚੰਡੀਗੜ੍ਹ ਦੇ ਨਾਂਅ 'ਤੇ ਰਜਿਸਟਰਡ ਸਰਕਾਰੀ ਗੱਡੀ ਵਿੱਚ ਵੀ ਆਈ ਪੀ ਟ੍ਰੀਟਮੈਂਟ ਦੇ ਰਹੀ ਹੈ।ਅਮਨ ਅਰੋੜਾ ਨੇ ਕੇਂਦਰ ਸਰਕਾਰ ਅਤੇ ਭਾਜਪਾ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਇਹ ਘਟਨਾ ਸਾਬਤ ਕਰਦੀ ਹੈ ਕਿ ਇਸ ਪੂਰੇ ਫਰਜ਼ੀਵਾੜੇ ਪਿੱਛੇ ਭਾਜਪਾ, ਕੇਂਦਰੀ ਗ੍ਰਹਿ ਮੰਤਰਾਲਾ ਅਤੇ ਚੰਡੀਗੜ੍ਹ ਪ੍ਰਸ਼ਾਸਨ ਦਾ ਹੱਥ ਹੈ। ਉਨ੍ਹਾ ਕੇਂਦਰ ਦੀ ਭਾਜਪਾ ਸਰਕਾਰ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਵਾਰ-ਵਾਰ ਇਸ ਤਰ੍ਹਾਂ ਦੀ ਹਰਕਤਾਂ ਤੋਂ ਬਾਜ ਆਵੇ ਅਤੇ ਦੇਸ਼ ਵਿੱਚ ਲੋਕਤੰਤਰੀ ਕਦਰਾਂ-ਕੀਮਤਾਂ ਨੂੰ ਜਿਉਂਦਾ ਰਹਿਣ ਦੇਵੇ। ਉਨ੍ਹਾ ਚੰਡੀਗੜ੍ਹ ਪ੍ਰਸ਼ਾਸਨ ਨੂੰ ਤੁਰੰਤ ਦੋਸ਼ੀ ਨੂੰ ਰੋਪੜ ਪੁਲਸ ਹਵਾਲੇ ਕਰਨ ਦੀ ਮੰਗ ਕੀਤੀ, ਤਾਂ ਜੋ ਕਾਨੂੰਨ ਅਨੁਸਾਰ ਕਾਰਵਾਈ ਹੋ ਸਕੇ।

## ਨਾਨਕਪੁਰਾ ਮੁਹੱਲਾ ਤੇ ਮਨਚੰਦਾ ਕਲੋਨੀ 'ਚ ਪ੍ਰੀਮਿਕਸ ਪਾਉਣ ਦਾ ਕੰਮ ਸ਼ੁਰੂ

### ਹਲਕੇ 'ਚ ਸਰਵਪੱਖੀ ਵਿਕਾਸ ਕਰਵਾਉਣਾ ਮੇਰਾ ਮੁੱਖ ਉਦੇਸ਼ : ਡਾ. ਅਰੋੜਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਹਲਕਾ ਵਿਧਾਇਕ ਮੋਗਾ ਡਾ. ਅਮਨਦੀਪ ਕੌਰ ਅਰੋੜਾ ਨੇ ਵਾਰਡ ਨੰਬਰ 6 ਅਧੀਨ ਆਉਂਦੇ ਨਾਨਕਪੁਰਾ ਮੁਹੱਲਾ ਤੇ ਮਨਚੰਦਾ ਕਲੋਨੀ ਵਿੱਚ 31 ਲੱਖ ਰੁਪਏ ਦੀ ਲਾਗਤ ਨਾਲ ਸੜਕ 'ਤੇ ਪ੍ਰੀਮਿਕਸ ਪਾਉਣ ਦਾ ਕੰਮ ਸ਼ੁਰੂ ਕਰਵਾਇਆ।ਇਸ ਮੌਕੇ ਮੇਅਰ ਬਲਜੀਤ ਸਿੰਘ ਚਾਨੀ, ਕੌਂਸਲਰ ਅਰਵਿੰਦਰ ਸਿੰਘ ਹੈਪੀ ਕਾਨਪੁਰੀਆ, ਕੌਂਸਲਰ ਕੁਲਵਿੰਦਰ ਸਿੰਘ ਚੱਕੀਆਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵਾਰਡ ਵਾਸੀ ਤੇ ਆਮ ਆਦਮੀ ਪਾਰਟੀ ਦੇ ਵਲੰਟੀਅਰ ਮੌਜੂਦ ਸਨ।ਇਸ ਮੌਕੇ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਮੇਰਾ ਮੁੱਖ ਉਦੇਸ਼ ਮੋਗਾ ਹਲਕੇ ਵਿੱਚ ਸਰਵਪੱਖੀ ਵਿਕਾਸ ਕਾਰਜ ਕਰਵਾਉਣਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਤੋਂ 31 ਲੱਖ ਰੁਪਏ ਦੀ ਗ੍ਰਾਂਟ ਮਨਜ਼ੂਰ ਕਰਵਾ ਕੇ ਵਾਰਡ ਨੰਬਰ 6 ਦੀਆਂ ਸੜਕਾਂ ਬਣਾਉਣ ਦਾ ਕੰਮ ਸ਼ੁਰੂ ਕਰ ਦਿੱਤਾ ਗਿਆ ਹੈ।ਉਨ੍ਹਾਂ ਕਿਹਾ ਕਿ ਜੇਕਰ ਵਾਰਡ ਦੇ ਕਿਸੇ ਵੀ ਵਾਸੀ ਨੂੰ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਆਉਂਦੀ ਹੈ ਤਾਂ ਉਸ ਨੂੰ ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ ਜਾਵੇ, ਜਿਸ ਦਾ ਹੱਲ ਪਹਿਲ ਦੇ ਆਧਾਰ 'ਤੇ ਕੀਤਾ ਜਾਵੇਗਾ। ਇਸ ਮੌਕੇ ਕੌਂਸਲਰ ਅਰਵਿੰਦਰ ਸਿੰਘ ਕਾਨਪੁਰੀਆ ਨੇ ਵਾਰਡ ਦੇ ਵਿਕਾਸ ਕਾਰਜ ਸ਼ੁਰੂ ਕਰਨ ਲਈ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਤੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।

**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ : nawanzamana@gmail.com * Web : www.nawanzamana.in**

15 Oct Page 3.qxd 10/14/2025 10:41 PM Page 1



# ਬੀਐੱਸਸੀ ਨਰਸਿੰਗ ਦੀ ਪ੍ਰੀਖਿਆ 'ਚ ਦਿਖਾਈ ਵਧੀਆ ਕਾਰਗੁਜ਼ਾਰੀ

**ਮਜੀਠਾ (ਸੋਨਿਮ ਆਨੰਦ)**- ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਐਂਡ ਸਾਇੰਸ ਵੱਲੋਂ ਐਲਾਨੇ ਬੀ.ਐੱਸ.ਸੀ. ਨਰਸਿੰਗ ਦੇ ਨਤੀਜਿਆਂ ਵਿੱਚ ਆਨੰਦ ਕਾਲਜ ਆਫ ਨਰਸਿੰਗ, ਜੇਠੂਵਾਲ ਦੇ



ਵਿਦਿਆਰਥਣਾਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ।ਬੀਐੱਸਸੀ. ਨਰਸਿੰਗ ਦੇ ਜੇਤੂਵੇਂ ਸਮੈਸਟਰ ਦੀ ਵਿਦਿਆਰਥਣ ਸਿਮਰਨਜੀਤ ਕੌਰ ਨੇ ਪਹਿਲਾ (8.96), ਨਿੱਕੀ ਨੇ ਦੂਜਾ (8.81) ਅਤੇ ਗੁਰਾਂਅਲੀ ਤੇ ਸ਼ਿਵਾਨੀ ਨੇ ਤੀਜਾ ਸਥਾਨ (8.42) ਹਾਸਲ ਕਰਕੇ ਆਪਣੇ ਮਾਤਾ-ਪਿਤਾ ਤੇ ਕਾਲਜ ਦਾ ਨਾਮ ਰੌਸ਼ਨ ਕੀਤਾ ਹੈ। ਇਸ ਮੌਕੇ ਕਾਲਜ ਦੇ ਚੇਅਰਮੈਨ ਡਾ. ਐਮ. ਐਮ. ਆਨੰਦ, ਵਾਇਸ ਚੇਅਰਮੈਨ ਡਾ. ਜੇ. ਐੱਸ. ਢਿੱਲੋਂ, ਮੈਨੇਜਿੰਗ ਡਾਇਰੈਕਟਰ ਸੁਰਜਾ ਪ੍ਰਕਾਸ਼ ਆਨੰਦ, ਬਲਬੀਰ ਕੌਰ, ਪ੍ਰਿੰਸੀਪਲ ਰਚਨਾ ਕੁਮਾਰੀ, ਵਾਇਸ ਪ੍ਰਿੰਸੀਪਲ ਰਮਨਦੀਪ ਕੌਰ ਸੋਹਲ ਅਤੇ ਨਰਸਿੰਗ ਐਡਵਾਈਜ਼ਰ ਊਸ਼ਾ ਸਰੀਨ ਨੇ ਸਾਂਝੇ ਤੌਰ ਤੇ ਉਕਤ ਪ੍ਰੀਖਿਆ ਵਿੱਚ ਸ਼ਾਨਦਾਰ ਸਥਾਨ ਹਾਸਲ ਕਰਨ 'ਤੇ ਵਿਦਿਆਰਥਣਾਂ ਨੂੰ ਵਧਾਈ ਦਿੱਤੀ।ਇਸ ਮੌਕੇ ਡਾ. ਆਨੰਦ ਨੇ ਵਿਦਿਆਰਥਣਾਂ ਦੀ ਹੌਸਲਾ ਅਫ਼ਜ਼ਾਈ ਕਰਦੇ ਹੋਏ ਉਨ੍ਹਾਂ ਨੂੰ ਭਵਿੱਖ ਵਿੱਚ ਸ਼ਾਨਦਾਰ ਉਪਲਬਧੀਆਂ ਹਾਸਲ ਕਰਨ ਲਈ ਉਤਸ਼ਾਹਿਤ ਕੀਤਾ।ਉਨ੍ਹਾਂ ਕਿਹਾ ਕਿ ਆਨੰਦ ਕਾਲਜ, ਜਿੱਥੇ ਵਿਦਿਆਰਥਣਾਂ ਨੂੰ ਨਰਸਿੰਗ ਅਤੇ ਬੀਐੱਡ ਲਈ ਉਚੇਰੀ ਸਿੱਖਿਆ ਮੁਹੱਈਆ ਕਰਵਾਈ ਜਾ ਰਹੀ ਹੈ ਉੱਥੇ ਚੰਗੀ ਕਾਰਗੁਜ਼ਾਰੀ ਕਰਨ ਵਾਲਿਆਂ ਵਿਦਿਆਰਥੀਆਂ ਨੂੰ ਕਾਲਜ ਵੱਲੋਂ ਵੱਡੀਆਂ ਸਹੂਲਤਾਂ ਵੀ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ।ਇਸ ਮੌਕੇ ਡਾ. ਆਨੰਦ ਨੇ ਕਿਹਾ ਕਿ ਉਕਤ ਨਤੀਜੇ ਦਾ ਸਿਹਰਾ ਕਾਲਜ ਦੇ ਯੋਗ ਅਤੇ ਮਿਹਨਤੀ ਸਟਾਫ਼ ਨੂੰ ਵੀ ਜਾਂਦਾ ਹੈ, ਜਿਨ੍ਹਾਂ ਦੁਆਰਾ ਵਿਦਿਆਰਥਣਾਂ ਨੂੰ ਉਚੇਰੀ ਸਿੱਖਿਆ ਲਈ ਸਖ਼ਤ ਅਭਿਆਸ ਕਰਵਾਇਆ ਜਾਂਦਾ ਹੈ।ਇਸ ਮੌਕੇ ਮੈਡਮ ਪ੍ਰਵੀਣ ਮਨਜਿੰਦਰ, ਸਾਕਸ਼ੀ, ਭਾਵਨਾ, ਪੂਨਮ, ਹਰਲੀਨ, ਮਨਦੀਪ ਕੌਰ, ਗਮਨਦੀਪ ਕੌਰ, ਰਮਨ ਸੰਧੂ, ਹਰਮਨਜੋਤ ਕੌਰ, ਸਰਨਦੀਪ ਕੌਰ, ਪੂਨਰ, ਕੋਮਲ ਢਿੱਲੋਂ, ਪ੍ਰਿਅੰਕਾ, ਰੂਪਨਦੀਪ, ਸਿਮਰਨ ਢਿੱਲੋਂ, ਸੁਖਸ਼ਰਨ, ਹਰਮ, ਨਿਧੀ, ਅਰਪਨਜੋਤ ਕੌਰ, ਰਿੱਪਨਦੀਪ ਕੌਰ, ਸ਼ਵੇਤਾ, ਸੀਮਾ, ਅੰਜਲੀ ਸਮੇਤ ਹੋਰ ਸਟਾਫ਼ ਅਤੇ ਵਿਦਿਆਰਥਣਾਂ ਵੀ ਸ਼ਾਮਲ ਸਨ।

# ਵਰਲਡ ਬਰੈਸਟ ਕੈਂਸਰ ਜਾਗਰੂਕਤਾ ਦਿਹਾੜਾ ਮਨਾਇਆ

**ਛੇਹਰਟਾ (ਮਨੋਜ ਕੁਮਾਰ)** : ਸ੍ਰੀ ਗੁਰੂ ਅਰਜਨ ਦੇਵ ਜੀ ਇੰਸਟੀਟਿਊਟ ਆਫ ਨਰਸਿੰਗ ਵਿਚ ਵਰਲਡ ਬਰੈਸਟ ਕੈਂਸਰ ਜਾਗਰੂਕਤਾ ਦਿਵਸ ਮਨਾਇਆ ਗਿਆ। ਇਸ ਮੌਕੇ ਸੰਸਥਾ ਦੇ ਅਧਿਆਪਕਾਂ ਤੇ



ਵਿਦਿਆਰਥੀਆਂ ਨੇ ਇਸ ਗੰਭੀਰ ਬਿਮਾਰੀ ਬਾਰੇ ਜਾਗਰੂਕਤਾ ਫੈਲਾਉਣ ਦਾ ਪ੍ਰਣ ਲਿਆ। ਇਸ ਮੌਕੇ ਸੰਸਥਾ ਦੇ ਵਿਦਿਆਰਥੀਆਂ ਸਮੇਤ ਮਨਜੀਤ ਸਿੰਘ, ਹਰਸਿਮਰਤ ਕੌਰ, ਸੁਨੇਹਾ, ਪਾਇਲ, ਸਵਿਤਾ ਤੇ ਪੂਨਮ ਵੀ ਸਮਾਗਮ ਵਿਚ ਮੌਜੂਦ ਸਨ। ਸਾਰਿਆਂ ਨੇ ਮਿਲ ਕੇ ਬਰੈਸਟ ਕੈਂਸਰ ਦੀ ਰੋਕਥਾਮ, ਸ਼ੁਰੂਆਤੀ ਜਾਂਚ ਤੇ ਸਮੇਂ ਸਿਰ ਇਲਾਜ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਪ੍ਰੋਗਰਾਮ ਵਿਚ ਇਸ ਗੱਲ 'ਤੇ ਜ਼ੋਰ ਦਿੱਤਾ ਗਿਆ ਕਿ ਬਰੈਸਟ ਕੈਂਸਰ ਔਰਤਾਂ ਵਿਚ ਸਭ ਤੋਂ ਤੇਜ਼ੀ ਨਾਲ ਵਧ ਰਹੀਆਂ ਬਿਮਾਰੀਆਂ ਵਿਚੋਂ ਇਕ ਹੈ। ਜੇਕਰ ਇਸਦਾ ਸ਼ੁਰੂਆਤੀ ਪੜਾਵਾਂ ਵਿਚ ਪਤਾ ਲੱਗ ਜਾਵੇ ਤਾਂ ਇਲਾਜ ਸੰਭਵ ਹੈ। ਬੁਲਾਰਿਆਂ ਨੇ ਔਰਤਾਂ ਨੂੰ ਨਿਯਮਤ ਸਿਹਤ ਜਾਂਚ ਕਰਵਾਉਣ ਤੇ ਸਮਾਜ ਵਿਚ ਜਾਗਰੂਕਤਾ ਪੈਦਾ ਕਰਨ ਦਾ ਸੱਦਾ ਦਿੱਤਾ। ਪ੍ਰੋਗਰਾਮ ਦੀ ਸਮਾਪਤੀ ਸੰਸਥਾ ਦੇ ਪ੍ਰਿੰਸੀਪਲ ਤੇ ਅਧਿਆਪਕਾਂ ਦੇ ਜਾਗਰੂਕਤਾ ਸੰਦੇਸ਼ ਨਾਲ ਹੋਈ, ਜਿਸ ਵਿਚ ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਉਪਰਾਲੇ ਸਮਾਜ ਨੂੰ ਬਰੈਸਟ ਕੈਂਸਰ ਵਰਗੀਆਂ ਬਿਮਾਰੀਆਂ ਪ੍ਰਤੀ ਜਾਗਰੂਕ ਤੇ ਚੇਤੰਨ ਕਰਨ ਵਿਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।

# ਗੈਰ-ਮਿਆਰੀ ਦੁੱਧ, ਦਹੀ, ਪਨੀਰ ਅਤੇ ਮਠਿਆਈਆਂ ਦੀ ਵਿੱਕਰੀ ਜ਼ੋਰਾਂ 'ਤੇ, ਸਿਹਤ ਵਿਭਾਗ ਸੁੱਤਾ ਕੁੰਭਕਰਨੀ ਨੀਂਦ !

**ਮਜੀਠਾ (ਸੋਨਿਮ ਆਨੰਦ)**- ਤਿਉਹਾਰਾਂ ਦੇ ਦਿਨਾਂ ਵਿਚ ਦੁੱਧ, ਦਹੀ, ਪਨੀਰ ਅਤੇ ਮਠਿਆਈਆਂ ਦੀ ਵਿੱਕਰੀ ਤੇਜ਼ ਹੋ ਜਾਂਦੀ ਹੈ ਅਤੇ ਇਸ ਸਮੇਂ ਦੌਰਾਨ ਗੈਰ-ਮਿਆਰੀ ਦੁੱਧ, ਦਹੀ, ਪਨੀਰ ਵੇਚਣ ਵਾਲੇ ਡੇਅਰੀਆਂ ਵਾਲੇ ਅਤੇ ਮਠਿਆਈਆਂ ਵੇਚਣ ਵਾਲੇ ਦੁਕਾਨਦਾਰ ਪੂਰਾ ਫਾਇਦਾ ਉਠਾਉਂਦੇ ਹਨ ਅਤੇ ਇਨ੍ਹਾਂ ਦਿਨਾਂ ਵਿਚ ਇਹ ਦੁਕਾਨਦਾਰ ਆਪਣੀ ਕਮਾਈ ਨੂੰ ਕਈ ਗੁਣਾ ਵਧਾਉਣ ਦੀ ਖਾਤਰ ਗੈਰ-ਮਿਆਰੀ ਸਾਮਾਨ ਵੇਚੀ ਜਾ ਰਹੇ ਹਨ ਅਤੇ ਲੋਕਾਂ ਦੀ ਸਿਹਤ ਨਾਲ ਖਿਲਵਾੜ ਕਰ ਰਹੇ ਹਨ।ਇਨ੍ਹਾਂ ਖਾਣ ਵਾਲੇ ਪਦਾਰਥਾਂ ਦੀ ਜਾਂਚ ਕਰਨ ਵਾਸਤੇ ਸਰਕਾਰ ਵੱਲੋਂ ਸਿਹਤ ਵਿਭਾਗ ਦਾ ਗਠਨ ਕੀਤਾ ਗਿਆ ਹੈ ਜਿਹੜਾ ਕਿ ਸਮੇਂ-ਸਮੇਂ 'ਤੇ ਦੁਕਾਨਾਂ 'ਤੇ ਜਾ ਕੇ ਖਾਣ ਪੀਣ ਵਾਲੀਆਂ ਵਸਤਾਂ ਦੀ ਜਾਂਚ ਕਰਦਾ ਹੈ।ਸੈਂਪਲ ਲੈ ਕੇ ਲੈਬਾਰਟਰੀ ਜਾਂਚ ਕਰਵਾ ਕੇ ਖਾਮੀਆਂ ਪਾਈਆਂ ਜਾਣ 'ਤੇ ਇਨ੍ਹਾਂ ਦੁਕਾਨਦਾਰਾਂ ਖ਼ਿਲਾਫ ਕਾਰਵਾਈ ਵੀ ਵਿਭਾਗ ਕਰਦਾ ਹੈ ਪਰ ਵੇਖਣ ਵਿਚ ਆਉਂਦਾ ਹੈ ਕਿ ਸਿਹਤ ਵਿਭਾਗ ਦੀਆਂ ਟੀਮਾਂ ਇਲਾਕੇ ਵਿਚ ਆਉਂਦੀਆਂ ਹਨ ਅਤੇ ਇਨ੍ਹਾਂ ਦੁਕਾਨਾਂ 'ਤੇ ਸੈਂਪਲ ਤਾਂ ਲੈ ਲੈਂਦੀਆਂ ਹਨ ਪਰ ਨਤੀਜਾ ਕੁਝ ਵੀ ਨਹੀਂ ਨਿਕਲਦਾ।ਇਹੀ ਹਾਲ ਮਜੀਠਾ ਅਤੇ ਆਸ ਪਾਸ ਪਿੰਡਾਂ ਦਾ ਹੈ। ਦੁੱਧ, ਦਹੀ, ਪਨੀਰ ਵੇਚਣ ਵਾਲੇ ਡੇਅਰੀਆਂ ਵਾਲੇ ਅਤੇ ਮਠਿਆਈਆਂ ਵੇਚਣ ਵਾਲੇ ਦੁਕਾਨਦਾਰ ਧੜੱਲੇ ਨਾਲ ਗੈਰ-ਮਿਆਰੀ ਵਸਤਾਂ ਵੇਚ ਰਹੇ ਹਨ।ਪਿਛਲੇ ਸਮੇਂ ਦੌਰਾਨ ਇਨ੍ਹਾਂ ਦੁਕਾਨਾਂ 'ਤੇ ਕਈ ਵਾਰ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਛਾਪੇਮਾਰੀ ਕੀਤੀ ਗਈ, ਸੈਂਪਲ ਭਰੇ ਗਏ ਪਰ ਨਤੀਜਾ ਜ਼ੀਰੋ, ਜਿਸ ਕਰਕੇ ਇਹ ਦੁਕਾਨਦਾਰ ਬਿਨਾਂ ਕਿਸੇ ਡਰ ਤੋਂ ਗੈਰ-ਮਿਆਰੀ ਵਸਤਾਂ ਵੇਚ ਰਹੇ ਹਨ।ਇਸ ਸਬੰਧ ਵਿਚ ਸਮਾਜ ਸੁਧਾਰ ਸੰਸਥਾ ਪੰਜਾਬ ਦੇ ਪ੍ਰਧਾਨ ਰਣਜੀਤ ਸਿੰਘ ਭੋਮਾ ਅਤੇ ਸੋਸ਼ਲ ਵੈੱਲਫੇਅਰ ਸੁਸਾਇਟੀ ਮਜੀਠਾ ਦੇ ਜਨਰਲ ਸਕੱਤਰ ਰਜਿੰਦਰ ਸਿੰਘ ਪੱਪੂ ਨੇ ਪੰਜਾਬ ਸਿਹਤ ਵਿਭਾਗ ਦੀਆਂ ਟੀਮਾਂ 'ਤੇ ਸਵਾਲ ਖੜੇ ਕਰਦਿਆਂ ਕਿਹਾ ਕਿ ਦੁਕਾਨਦਾਰ ਸਿਹਤ ਵਿਭਾਗ ਦੀ ਕਥਿਤ ਮਿਲੀਭੁਗਤ ਨਾਲ ਗੈਰ-ਮਿਆਰੀ ਸਾਮਾਨ ਵੇਚ ਰਹੇ ਹਨ।ਉਨ੍ਹਾਂ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਸਵਾਲ ਕਰਦਿਆਂ ਕਿਹਾ ਕਿ ਪਿਛਲੇ ਸਮੇਂ ਵਿਚ ਜਿਹੜੀ ਛਾਪਾਮਾਰੀ ਦੌਰਾਨ ਸੈਂਪਲ ਲਏ ਹਨ ਉਨ੍ਹਾਂ ਦਾ ਨਤੀਜਾ ਜਨਤਕ ਕੀਤਾ ਜਾਵੇ। ਨਤੀਜਾ ਫੇਲ੍ਹ ਹੋਣ ਵਾਲੇ ਦੁਕਾਨਦਾਰਾਂ ਖ਼ਿਲਾਫ ਕੀ ਕਾਰਵਾਈ ਹੋਈ? ਉਨ੍ਹਾਂ ਕਿਹਾ ਕਿ ਅਗਰ ਸਭ ਕੁਝ ਸਹੀ ਪਾਇਆ ਜਾਂਦਾ ਹੈ ਤਾਂ ਸਾਰੇ ਦੁਕਾਨਦਾਰ ਸਹੀ ਸਾਮਾਨ ਵੇਚਦੇ ਹਨ ਤਾਂ ਫਿਰ ਸਿਹਤ ਵਿਭਾਗ ਦੀ ਟੀਮ ਜਦ ਮਜੀਠਾ ਵਿਚ ਆਉਂਦੀ ਹੈ ਤਾਂ ਸਾਰੇ ਦੁਕਾਨਦਾਰ ਆਪਣੀਆਂ ਦੁਕਾਨਾਂ ਬੰਦ ਕਰਕੇ ਕਿਉਂ ਫਿਰ ਕਿਉਂ ਭੱਜ ਜਾਂਦੇ ਹਨ? ਇਸ ਤੋਂ ਸਾਫ ਪਤਾ ਲੱਗਦਾ ਹੈ ਕਿ ਸਿਹਤ ਵਿਭਾਗ ਵਾਲਿਆਂ ਦੀ ਕਥਿਤ ਤੌਰ 'ਤੇ ਇਨ੍ਹਾਂ ਗੈਰ-ਮਿਆਰੀ ਸਾਮਾਨ ਵੇਚਣ ਵਾਲੇ ਦੁਕਾਨਦਾਰਾਂ ਨਾਲ ਮਿਲੀਭੁਗਤ ਹੈ।ਉਕਤ ਆਗੂਆਂ ਨੇ ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਪਾਸੋਂ ਇਸ ਸਾਰੇ ਗੋਰਖ ਧੰਦੇ ਦੀ ਉੱਚ ਪੱਧਰੀ ਜਾਂਚ ਕਰਵਾਉਣ ਅਤੇ ਇਲਾਕੇ ਵਿਚ ਗੈਰ-ਮਿਆਰੀ ਸਾਮਾਨ ਵੇਚਣ ਵਾਲੇ ਦੁਕਾਨਦਾਰਾਂ ਖ਼ਿਲਾਫ਼ ਸਖ਼ਤ ਕਾਰਵਾਈ ਕਰਨ ਦੀ ਮੰਗ ਕੀਤੀ ਤਾਂ ਕਿ ਲੋਕਾਂ ਦੀ ਸਿਹਤ ਨਾਲ ਖਿਲਵਾੜ ਨਾ ਹੋਵੇ।

# ਐੱਮ ਐੱਸ ਸੀ ਕੈਮਿਸਟਰੀ ਸਮੈਸਟਰ ਦੂਜਾ ਦਾ ਨਤੀਜਾ ਰਿਹਾ ਸ਼ਾਨਦਾਰ



**ਜਲੰਧਰ (ਸ਼ੈਲੀ ਐਲਬਰਟ)**- ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਐਲਾਨੇ ਐੱਮ ਐੱਸ ਸੀ ਕੈਮਿਸਟਰੀ ਦੂਜਾ ਸਮੈਸਟਰ ਦਾ ਨਤੀਜਾ ਸ਼ਾਨਦਾਰ ਰਿਹਾ। ਲਾਇਲਪੁਰ ਖਾਲਸਾ ਕਾਲਜ ਦੀ ਵਿਦਿਆਰਥਣ ਤਨੂੰ ਪ੍ਰਿਆ ਨੇ 10 ਵਿਚੋਂ 8.90 ਐਸ.ਜੀ.ਪੀ.ਏ. ਪ੍ਰਾਪਤ ਕਰਦੇ ਹੋਏ ਯੂਨੀਵਰਸਿਟੀ ਮੈਰਿਟ ਵਿਚੋਂ ਦੂਜਾ ਸਥਾਨ ਹਾਸਲ ਕੀਤਾ। ਇਸ ਮੌਕੇ ਬਲਬੀਰ ਕੌਰ, ਪ੍ਰਧਾਨ ਗਵਰਨਿੰਗ ਕੌਂਸਲ ਅਤੇ ਪ੍ਰਿੰਸੀਪਲ ਡਾ. ਸੁਮਨ ਚੋਪੜਾ ਨੇ ਵਿਸ਼ੇਸ਼ ਤੌਰ 'ਤੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ। ਪ੍ਰਿੰਸੀਪਲ ਡਾ. ਸੁਮਨ ਚੋਪੜਾ ਨੇ ਵਿਦਿਆਰਥੀਆਂ ਨੂੰ ਭਵਿੱਖ ਵਿਚ ਹੋਰ ਮਿਹਨਤ ਅਤੇ ਲਗਨ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਆ ਅਤੇ ਉਨ੍ਹਾਂ ਦੇ ਚੰਗੇ ਭਵਿੱਖ ਦੀ ਕਾਮਨਾ ਕੀਤੀ। ਇਸ ਮੌਕੇ ਡਾ. ਰਜਨੀਸ਼ ਮੋਦਗਿੱਲ, ਮੁਖੀ ਕੈਮਿਸਟਰੀ ਵਿਭਾਗ, ਡਾ. ਨਵਜੋਤ ਕੌਰ, ਡਾ. ਗੀਤਾਂਜਲੀ ਕੌਸ਼ਲ, ਡਾ. ਹਰਜਿੰਦਰ ਕੌਰ, ਡਾ. ਭੁਪਿੰਦਰਪਾਲ ਸਿੰਘ ਅਤੇ ਡਾ. ਹਰਸ਼ਵੀਰ ਅਰੋੜਾ ਵੀ ਹਾਜ਼ਰ ਸਨ।

# ਤਰਨ ਤਾਰਨ ਜ਼ਿਮਨੀ ਚੋਣ ਸ਼੍ਰੋਮਣੀ ਅਕਾਲੀ ਦਲ ਸ਼ਾਨ ਨਾਲ ਜਿੱਤੇਗਾ : ਅਕਾਲੀ ਆਗੂ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਵਿਧਾਨ ਸਭਾ ਹਲਕਾ ਤਰਨ ਤਾਰਨ ਵਿੱਚ ਹੋ ਰਹੀ ਜਿਮਨੀ ਚੋਣ ਦੌਰਾਨ ਸ਼੍ਰੋਮਣੀ ਅਕਾਲੀ ਦਲ ਸ਼ਾਨ ਨਾਲ ਜਿੱਤ ਪ੍ਰਾਪਤ ਕਰੇਗਾ ਅਤੇ ਪਾਰਟੀ ਉਮੀਦਵਾਰ ਪ੍ਰਿੰਸੀਪਲ ਸੁਖਵਿੰਦਰ ਕੌਰ ਰੰਧਾਵਾ ਇਨਾਂ ਚੋਣਾਂ ਦੌਰਾਨ ਵੱਡੀ ਲੀਡ ਹਾਸਲ ਕਰਨਗੇ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਯੂਥ ਅਕਾਲੀ ਦਲ ਦੇ ਪ੍ਰਧਾਨ ਸਰਬਜੀਤ ਸਿੰਘ ਝਿੰਜਰ, ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਹੁਸ਼ਿਆਰਪੁਰ ਲਖਵਿੰਦਰ ਸਿੰਘ ਲਖੀ, ਸਾਬਕਾ ਸੰਸਦੀ ਸਕੱਤਰ ਦੇਸ਼ਰਾਜ ਸਿੰਘ ਧੁੱਗਾ, ਹਲਕਾ ਇੰਚਾਰਜ ਸ਼ਾਮ 84 ਸੰਦੀਪ ਸਿੰਘ ਸੀਕਰੀ, ਸੀਨੀਅਰ ਅਕਾਲੀ ਆਗੂ



ਸਰਬਜੀਤ ਸਿੰਘ ਮੋਮੀ ਨੇ ਤਰਨ ਤਾਰਨ ਵਿਖੇ ਹੋ ਰਹੀ ਉਪ ਚੋਣ ਦੌਰਾਨ ਪ੍ਰਿੰਸੀਪਲ ਸੁਖਵਿੰਦਰ ਕੌਰ ਰੰਧਾਵਾ ਦੇ ਹੱਕ ਵਿੱਚ ਚੋਣ ਪ੍ਰਚਾਰ ਕਰਨ ਦੌਰਾਨ ਉਪਰੰਤ ਕੀਤਾ। ਉਕਤ ਅਕਾਲੀ ਆਗੂਆਂ ਨੇ ਕਿਹਾ ਕਿ ਹਲਕਾ ਤਰਨ ਤਾਰਨ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਜਿੱਥੇ ਪੱਕੇ ਤੌਰ ਤੇ ਰਹਿ ਕੇ ਸਾਰੇ ਅਕਾਲੀ ਦਲ ਦੇ ਵਰਕਰਾਂ ਨੂੰ ਨਾਲ ਲੈ ਕੇ ਪ੍ਰਿੰਸੀਪਲ ਸੁਖਵਿੰਦਰ ਕੌਰ ਰੰਧਾਵਾ ਦੇ ਹੱਕ ਵਿੱਚ ਦਿਨ ਰਾਤ ਚੋਣ ਮੀਟਿੰਗਾਂ ਕਰ ਰਹੇ ਹਨ ਅਤੇ ਲਗਾਤਾਰ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਨੂੰ ਜਿਤਾਉਣ ਲਈ ਮਿਹਨਤ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਪ੍ਰਿੰਸੀਪਲ ਸੁਖਵਿੰਦਰ ਕੌਰ ਰੰਧਾਵਾ ਜੋ ਕਿ ਇਸ ਹਲਕੇ ਦੇ ਵਧੀਆ ਅਕਸ ਵਾਲੇ ਉਮੀਦਵਾਰ ਹਨ ਅਤੇ ਹਲਕੇ ਦੇ ਲੋਕ ਬੀਬੀ ਸੁਖਵਿੰਦਰ ਕੌਰ ਰੰਧਾਵਾ ਨੂੰ ਸ਼ਾਨ ਨਾਲ ਜਿਤਾ ਕੇ ਵਿਧਾਨ ਸਭਾ ਵਿੱਚ ਭੇਜਣਗੇ।

# ਗੁਰਦਾਸਪੁਰੋਂ ਨਾਈਟ ਬੱਸ ਸਰਵਿਸ ਚਲਾਉਣ ਲਈ ਇਲਾਕਾ ਵਾਸੀਆਂ ਦੀ ਮੰਗ ਨੇ ਫੜਿਆ ਜ਼ੋਰ

**ਗੁਰਦਾਸਪੁਰ (ਜਨਕ ਮਹਾਜਨ)**- ਗੁਰਦਾਸਪੁਰ ਜ਼ਿਲ੍ਹਾ ਹੈੱਡਕੁਆਟਰ ਹੋਣ ਕਾਰਨ ਇਥੋਂ ਕਿਸੇ ਵੀ ਵੱਡੇ ਸ਼ਹਿਰ ਨੂੰ ਨਾਈਟ ਬੱਸ ਸਰਵਿਸ ਨਾ ਹੋਣ ਕਾਰਨ ਲੋਕਾਂ ਵਿਚ ਪੰਜਾਬ ਸਰਕਾਰ ਖ਼ਿਲਾਫ਼ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਸਬੰਧੀ ਗੱਲਬਾਤ ਕਰਦਿਆਂ ਇਲਾਕਾ ਵਾਸੀਆਂ ਨੇ ਦੱਸਿਆ ਕਿ ਗੁਰਦਾਸਪੁਰ ਸ਼ਹਿਰ ਅਤੇ ਆਲੇ ਦੁਆਲੇ ਕਸਬਿਆਂ ਦੇ ਲੋਕਾਂ ਨੂੰ ਚੰਡੀਗੜ੍ਹ, ਦਿੱਲੀ, ਜੰਮੂ, ਕਟੜਾ ਆਦਿ ਸ਼ਹਿਰਾਂ ਨੂੰ ਰਾਤ ਸਮੇਂ ਸਫ਼ਰ ਕਰਨ ਵਾਸਤੇ ਕੋਈ ਵੀ ਨਾਈਟ ਬੱਸ ਸਰਵਿਸ ਨਾ ਹੋਣ ਕਾਰਨ ਕਾਫ਼ੀ ਮੁਸ਼ਕਲਾਂ



ਪੇਸ਼ ਆ ਰਹੀਆਂ ਹਨ। ਲੋਕਾਂ ਦੱਸਿਆ ਕਿ ਰਾਤ ਦੇ ਸਮੇਂ ਨਾਈਟ ਬੱਸ ਸਰਵਿਸ ਹੋਣ ਨਾਲ ਉਨ੍ਹਾਂ ਦਾ ਕਾਫ਼ੀ ਸਮਾਂ ਬਚਦਾ ਹੈ। ਖ਼ਾਸ ਕਰਕੇ ਵਪਾਰੀ ਲੋਕ ਜੋ ਗੁਰਦਾਸਪੁਰ ਤੋਂ ਦਿੱਲੀ ਅਤੇ ਹੋਰਨਾਂ ਸ਼ਹਿਰਾਂ ਵਿਚ ਸਾਮਾਨ ਖ਼ਰੀਦਣ ਲਈ ਜਾਂਦੇ ਹਨ, ਉਹ ਰਾਤ ਸਫ਼ਰ ਕਰਕੇ ਦਿਨ ਚੜ੍ਹਦੇ ਦਿੱਲੀ ਵਰਗੇ ਸ਼ਹਿਰਾਂ ਵਿਚ ਪਹੁੰਚ ਜਾਂਦੇ ਹਨ। ਲੋਕਾਂ ਦਾ ਕਹਿਣਾ ਹੈ ਕਿ ਪੰਜਾਬ ਦੇ ਗੁਆਂਢੀ ਸੂਬਿਆਂ ਵਿਚ ਪਹਿਲਾਂ ਹੀ ਨਾਈਟ ਬੱਸ ਸਰਵਿਸ ਚਾਲੂ ਹੈ ਜਿਸ ਦਾ ਲੋਕਾਂ ਨੂੰ ਕਾਫ਼ੀ ਲਾਭ ਮਿਲ ਰਿਹਾ ਹੈ। ਜੇਕਰ ਚੰਡੀਗੜ੍ਹ ਤੋਂ ਵੀ ਨਾਈਟ ਬੱਸ ਸਰਵਿਸ ਗੁਰਦਾਸਪੁਰ ਨੂੰ ਆਉਂਦੀ ਹੋਵੇ ਤਾਂ ਲੋਕਾਂ ਨੂੰ ਕਾਫ਼ੀ ਆਰਾਮ ਮਿਲੇਗਾ। ਇਲਾਕਾ ਵਾਸੀਆਂ ਦੀ ਟਰਾਂਸਪੋਰਟ ਮੰਤਰੀ ਪੰਜਾਬ ਲਾਲਜੀਤ ਸਿੰਘ ਭੁੱਲਰ ਅਤੇ ਜੀ. ਐੱਮ. ਰੋਡਵੇਜ਼ ਬਟਾਲਾ ਡਿਪੂ ਅਤੇ ਪੰਜਾਬ ਰੋਡਵੇਜ਼ ਪਠਾਨਕੋਟ ਡਿੱਪੂ ਜਨਰਲ ਮੈਨੇਜਰ ਪਾਸੋਂ ਮੰਗ ਹੈ ਕਿ ਗੁਰਦਾਸਪੁਰ ਸ਼ਹਿਰ ਤੋਂ ਚੰਡੀਗੜ੍ਹ, ਦਿੱਲੀ, ਹਰਿਦੁਆਰ, ਜੰਮੂ, ਕਟੜਾ ਤੋਂ ਇਲਾਵਾ ਛੋਟੇ ਕਸਬਿਆਂ ਮੁਕੇਰੀਆਂ, ਪਠਾਨਕੋਟ, ਅੰਮ੍ਰਿਤਸਰ ਆਦਿ ਸ਼ਹਿਰਾਂ ਨੂੰ ਨਾਈਟ ਬੱਸ ਸਰਵਿਸ ਸ਼ੁਰੂ ਕੀਤੀ ਜਾਵੇ ਜਿਸ ਨਾਲ ਇਸ ਪੱਛੜੇ ਅਤੇ ਬਾਰਡਰ ਏਰੀਏ ਦੇ ਲੋਕਾਂ ਨੂੰ ਰਾਤ ਸਮੇਂ ਬੱਸ ਸਹੂਲਤ ਮਿਲ ਸਕੇ।

# ਸੇਂਟ ਫਰਾਂਸਿਸ ਸਕੂਲ 'ਚ ਆਰਟ ਐਂਡ ਕਰਾਫਟ ਪ੍ਰੋਗਰਾਮ ਕਰਵਾਇਆ



**ਬਟਾਲਾ (ਡਾ. ਮਲਵਿੰਦਰ ਸਿੰਘ)**- ਸੰਤ ਫਰਾਂਸਿਸ ਸਕੂਲ ਬਟਾਲਾ ਵਿੱਚ ਆਰਟ ਐਂਡ ਕਰਾਫਟ ਅਤੇ ਦਿਵਾਲੀ ਦਾ ਪ੍ਰਦਰਸ਼ਨੀ ਪ੍ਰੋਗਰਾਮ ਆਯੋਜਿਤ ਕੀਤਾ ਗਿਆ ਜਿਸ ਵਿੱਚ ਰੋਬੋਟਿਕਸ, ਸਾਇੰਸ ਅਤੇ ਤੰਬੋਲਾ ਗੇਮ ਦੇ ਨਾਲ ਡਾਂਸ, ਗਿੱਧਾ, ਭੰਗੜਾ ਅਤੇ ਸੱਭਿਆਚਾਰਕ ਅਤੇ ਸਟੇਜ ਪ੍ਰੋਗਰਾਮ ਵੀ ਕਰਵਾਇਆ ਗਿਆ।ਇਸ ਪ੍ਰੋਗਰਾਮ ਦਾ ਉਦਘਾਟਨ ਫਾਦਰ ਡੋਮੇਨਿਕ ਦੁਆਰਾ ਕੀਤਾ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਦੀਪ ਜਗਾ ਕੇ ਫਾਦਰ ਜਾਰਜ ਸਕਾਈਲਾਰਕ, ਫਾਦਰ ਡੋਮੇਨਿਕ, ਸੰਦੀਪ ਕੌਰ ਸੈਕਟਰੀ, ਮੈਡਮ ਵਨੀਤਾ ਅਤੇ ਹਰਜਾਪ ਮੈਡਮ ਵੱਲੋਂ ਕੀਤੀ ਗਈ।

# ਪਾਰਟੀ ਦੀ ਮਜ਼ਬੂਤੀ ਲਈ ਗੁਰਵਿੰਦਰ ਸੰਗਰ ਨੇ ਵੱਖ-ਵੱਖ ਪਿੰਡਾਂ 'ਚ ਕੀਤੀ ਕਾਂਗਰਸੀ ਵਰਕਰਾਂ ਦੀ ਲਾਮਬੰਦੀ

**ਬਟਾਲਾ (ਤਰਲੋਕ ਬੱਗਾ)**- ਬਟਾਲਾ ਵਿਧਾਨ ਸਭਾ ਹਲਕੇ ਦੇ ਨੌਜਵਾਨ ਆਗੂ ਅਤੇ ਸਮਾਜ ਸੇਵੀ ਗੁਰਵਿੰਦਰ ਸਿੰਘ ਸੰਗਰ ਨੇ ਅੱਜ ਹਲਕੇ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕੀਤਾ ਅਤੇ ਲੋਕਾਂ ਨਾਲ ਮੁਲਾਕਾਤ ਕੀਤੀ।ਦੌਰੇ ਦੌਰਾਨ ਉਨ੍ਹਾਂ ਨੇ ਕਾਂਗਰਸੀ ਵਰਕਰਾਂ ਨੂੰ ਸੰਗਠਿਤ ਕੀਤਾ ਅਤੇ ਉਨ੍ਹਾਂ ਨੂੰ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਉਤਸ਼ਾਹਿਤ ਕੀਤਾ। ਕਾਂਗਰਸ ਦੀ ਦੇਸ਼ ਵਿਆਪੀ ਵੋਟ ਚੋਰ ਗੱਦੀ ਛੋੜ ਮੁਹਿੰਮ ਨੂੰ ਅੱਗੇ ਵਧਾਉਂਦੇ ਹੋਏ, ਸੰਗਰ ਨੇ ਕਿਹਾ ਕਿ ਭਾਜਪਾ ਦਾ ਪੰਜਾਬ ਵਿੱਚ ਕੋਈ ਅਧਾਰ ਜਾਂ ਪਹੁੰਚ ਨਹੀਂ ਹੈ, ਪਰ ਸੰਭਾਵੀ ਹੇਰਾਫੇਰੀ ਅਤੇ ਚਾਲਾਂ ਤੋਂ ਕਿਨਾਰਾ ਨਹੀਂ ਕੀਤਾ ਜਾ ਸਕਦਾ। ਇਸ ਲਈ ਅਸੀਂ ਪਹਿਲਾਂ ਹੀ ਕਾਂਗਰਸੀ ਵਰਕਰਾਂ ਨੂੰ ਆਪਣੀਆਂ ਵੋਟਾਂ ਦੀ ਰਾਖੀ ਲਈ ਜਾਗਰੂਕ ਕਰ ਰਹੇ ਹਾਂ।ਉਨ੍ਹਾਂ ਅੱਗੇ ਕਿਹਾ ਕਿ ਬਟਾਲਾ ਵਿਧਾਨ ਸਭਾ ਹਲਕੇ ਤੋਂ ਵੱਡੀ ਗਿਣਤੀ ਵਿੱਚ ਫਾਰਮ ਭਰ ਕੇ ਪਾਰਟੀ ਦਫ਼ਤਰ ਵਿੱਚ ਜਮ੍ਹਾ ਕਰਵਾਏ ਗਏ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਭਾਜਪਾ ਤੋਂ ਵੱਖਰੀ ਨਹੀਂ ਹੈ।ਇਹ ਦੋਵੇਂ ਪਾਰਟੀਆਂ ਇੱਕੋ ਸਿੱਕੇ ਦੇ ਦੋ ਪਹਿਲੂ ਹਨ।ਕਾਂਗਰਸ ਦੀ ਮੁਹਿੰਮ ਇਸ ਸਮੇਂ ਰਾਸ਼ਟਰੀ ਪੱਧਰ 'ਤੇ ਭਾਜਪਾ ਦੇ ਚੋਣ ਧੋਖਾਧੜੀ 'ਤੇ ਕੇਂਦ੍ਰਿਤ ਹੈ, ਨਾਲ ਹੀ



ਪੰਜਾਬ ਵਿੱਚ ਆਪ ਦੇ ਅਸਲੀ ਚਿਹਰੇ ਨੂੰ ਵੀ ਬੇਨਕਾਬ ਕਰ ਰਹੀ ਹੈ।ਕਾਂਗਰਸ ਨੇਤਾ ਸੰਗਰ ਨੇ ਕਿਹਾ ਕਿ ਉਹ ਸਿਰਫ਼ ਗੱਲਾਂ ਹੀ ਨਹੀਂ ਕਰ ਰਹੇ, ਸਗੋਂ ਜ਼ਮੀਨੀ ਪੱਧਰ 'ਤੇ ਵੀ ਸਰਗਰਮ ਹਨ। ਆਉਣ ਵਾਲੇ ਸਮੇਂ ਵਿੱਚ ਵੀ ਲਗਾਤਾਰ ਹਲਕੇ ਦੇ ਪਿੰਡਾਂ ਦਾ ਦੌਰਾ ਕਰਕੇ ਲੋਕਾਂ ਨਾਲ ਮੁਲਾਕਾਤ ਕਰਨਗੇ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਹੱਲ ਕਰਨਗੇ।ਉਨ੍ਹਾਂ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਕਿ ਆਪਣੇ ਲੋਕਾਂ ਦੀ ਭਲਾਈ ਲਈ ਖੁੱਲ ਕੇ ਅੱਗੇ ਆਵਾਂ ਕਿਉਂਕਿ ਬਟਾਲਾ ਹਲਕੇ ਦੇ ਲੋਕਾਂ ਨੇ ਹਮੇਸ਼ਾ ਮਾਣ ਸਤਿਕਾਰ ਦਿੱਤਾ ਹੈ, ਜਿਸ ਲਈ ਉਹ ਹਮੇਸ਼ਾ ਰਿਣੀ ਰਹਿਣਗੇ। ਇਸ ਦੌਰਾਨ ਡੱਲਾ ਪਿੰਡ ਦੇ ਸਾਬਕਾ ਪੰਚਾਇਤ ਮੈਂਬਰ ਰਣਜੀਤ ਸਿੰਘ, ਮੋਹਨ ਸਿੰਘ ਅਤੇ ਤਰਲੋਕ ਸਿੰਘ ਆਪਣੇ ਸਾਥੀਆਂ ਸਮੇਤ ਕਾਂਗਰਸ ਪਰਿਵਾਰ ਵਿੱਚ ਸ਼ਾਮਲ ਹੋਏ।

# ਨਿੱਜੀ ਸਕੂਲਾਂ ਦੀਆਂ ਕੁੱਝ ਬੱਸਾਂ ਸ਼ਰੇਆਮ ਉਡਾ ਰਹੀਆਂ ਨਿਯਮਾਂ ਦੀਆਂ ਧੱਜੀਆਂ, ਸਬੰਧਿਤ ਮਹਿਕਮੇ ਨੂੰ ਜਾਗਣ ਦੀ ਲੋੜ

**ਗੁਰਦਾਸਪੁਰ (ਜਨਕ ਮਹਾਜਨ)**- ਸੇਫ਼ ਸਕੂਲ ਵਾਹਨ ਪਾਲਿਸੀ ਦੀ ਪਾਲਣਾ ਨਾ ਕਰਦੇ ਹੋਏ ਨਿੱਜੀ ਸਕੂਲਾਂ ਦੀਆਂ ਕੁਝ ਬੱਸਾਂ ਨਿਯਮਾਂ ਨੂੰ ਦਰਕਿਨਾਰ ਕਰਦੇ ਹੋਏ ਸੜਕਾਂ 'ਤੇ ਦੌੜ ਰਹੀਆਂ ਹਨ ਪਰ ਸਬੰਧਿਤ ਮਹਿਕਮੇ ਵਲੋਂ ਕੋਈ ਕਾਰਵਾਈ ਇਨ੍ਹਾਂ ਖ਼ਿਲਾਫ਼ ਨਾ ਕੀਤੇ ਜਾਣ ਕਰਕੇ ਲੋਕਾਂ ਦਾ ਮਹਿਕਮੇ ਖ਼ਿਲਾਫ਼ ਭਾਰੀ ਰੋਸ ਪਾਇਆ ਜਾ ਰਿਹਾ ਹੈ। ਸ਼ਰਤਾਂ ਪੂਰੀਆਂ ਨਾ ਕਰਨ ਵਾਲੀਆਂ ਬੱਸਾਂ ਆਏ ਦਿਨ ਹਾਦਸਾਗ੍ਰਸਤ ਹੋ ਜਾਂਦੀਆਂ ਹਨ ਜਿਵੇਂ ਕਿਤੇ ਬੱਸ ਦੀ ਬ੍ਰੇਕ ਫੇਲ੍ਹ ਹੋਣ ਤੇ ਕਿਤੇ ਬੱਸ ਤੇਜ਼ ਰਫ਼ਤਾਰੀ ਕਾਰਨ ਪਲਟਣ ਦੀ ਸੂਚਨਾ ਮਿਲਦੀ ਰਹਿੰਦੀ ਹੈ। ਪੰਜਾਬ ਸਰਕਾਰ ਵੱਲੋਂ ਬਣਾਏ ਨਿਯਮਾਂ ਅਨੁਸਾਰ ਹਰ ਸਕੂਲ ਬੱਸ ਦੇ ਡਰਾਈਵਰ ਕੋਲ ਘੱਟ ਤੋਂ ਘੱਟ 5 ਸਾਲ ਦਾ ਡਰਾਈਵਰੀ ਲਾਇਸੈਂਸ ਹੋਣਾ ਲਾਜ਼ਮੀ ਹੈ, ਡਰਾਈਵਰ ਦੇ ਵਰਦੀ ਪਾਈ ਹੋਣਾ ਜ਼ਰੂਰੀ ਹੈ, ਆਪਣੀ ਜੇਬ 'ਤੇ ਨੇਮ ਪਲੇਟ ਵਿਚ ਲਗਾਈ ਹੋਣੀ ਚਾਹੀਦੀ ਹੈ, ਡਰਾਈਵਰ ਦਾ ਸਮੇਂ-ਸਮੇਂ ਸਿਰ ਅੱਖਾਂ ਤੇ ਹੋਰ ਜ਼ਰੂਰੀ ਮੈਡੀਕਲ ਟੈਸਟ ਕਰਵਾਉਣਾ, ਸਕੂਲੀ ਬੱਸਾਂ ਵਿਚ ਫਸਟ ਏਡ ਬਾਕਸ, ਬੱਸਾਂ ਦਾ ਰੰਗ ਪੀਲਾ, ਬੱਸ ਦੇ ਅਗਲੇ ਪਾਸੇ, ਸਾਈਡ 'ਤੇ ਸਕੂਲ ਦਾ ਨਾਂਅ ਲਿਖਣ ਤੋਂ ਇਲਾਵਾ ਮੋਬਾਈਲ ਨੰਬਰ ਵੀ ਲਿਖਿਆ ਹੋਣਾ ਚਾਹੀਦਾ ਹੈ। ਬੱਸ ਵਿਚ ਡਰਾਈਵਰ ਤੋਂ ਇਲਾਵਾ ਇਕ ਕਡੰਕਟਰ ਦਾ ਵੀ ਹੋਣਾ ਜ਼ਰੂਰੀ ਹੈ ਅਤੇ ਜੇਕਰ ਬੱਸ ਵਿਚ ਲੜਕੀਆਂ ਹੋਣ ਤਾਂ ਲੇਡੀਜ਼ ਅਟੈਂਡੈਂਟ ਦਾ ਹੋਣਾ ਜ਼ਰੂਰੀ ਹੈ। ਬੱਸ ਵਿਚ ਸਮਰਥਾ ਅਨੁਸਾਰ ਬੱਚੇ ਬੈਠੇ ਹੋਣੇ ਚਾਹੀਦੇ ਹਨ ਅਤੇ ਬੱਚਿਆਂ ਦੇ ਬੈਗ ਰੱਖਣ ਲਈ ਬੱਸ ਵਿਚ ਅਲੱਗ ਜਗ੍ਹਾ ਦਾ ਹੋਣਾ ਜ਼ਰੂਰੀ ਹੈ। ਬੱਸ ਦੀ ਸਪੀਡ ਨਿਯਮਾਂ ਅਨੁਸਾਰ ਹੋਣੀ ਚਾਹੀਦੀ ਹੈ ਅਤੇ ਬੱਸ ਦੇ ਦਰਵਾਜ਼ੇ ਹਾਰੀ ਜੈਟਲ ਹੋਣੇ ਚਾਹੀਦੇ ਹਨ। ਬੱਸ ਦੀਆਂ ਖਿੜਕੀਆਂ 'ਤੇ ਗਰਿੱਲਾਂ ਹੋਣੀਆਂ ਚਾਹੀਦੀਆਂ ਹਨ ਅਤੇ ਬੱਸ ਵਿਚ ਕੈਮਰੇ ਆਦਿ ਲੱਗੇ ਹੋਣੇ ਚਾਹੀਦੇ ਹਨ। ਸਕੂਲੀ ਬੱਸਾਂ ਦੀ ਸਮੇਂ-ਸਮਂ 'ਤੇ ਚੈਕਿੰਗ ਕਰਨਾ ਬੇਹੱਦ ਜ਼ਰੂਰੀ ਹੈ ਅਤੇ ਉਲੰਘਣਾ ਕਰਨ ਵਾਲੀ ਬੱਸ ਦੇ ਖ਼ਿਲਾਫ਼ ਕਾਰਵਾਈ ਹੋਣੀ ਚਾਹੀਦੀ ਹੈ ਤਾਂ ਜੋ ਕੋਈ ਅਣਸੁਖਾਵੀਂ ਘਟਨਾ ਨਾ ਵਾਪਰ ਸਕੇ।

# ਮੋਦੀ ਸਰਕਾਰ ਦੇ ਰਾਜ 'ਚ ਫਿਰਕਾਪ੍ਰਸਤੀ ਅਤੇ ਜਾਤ-ਪਾਤ ਦੀਆਂ ਜੜ੍ਹਾਂ ਡੂੰਘੀਆ ਹੋਈਆਂ : ਬਖਤਪੁਰਾ

**ਬਟਾਲਾ (ਤਰਲੋਕ ਬੱਗਾ)**- ਫੈਜ਼ਪੁਰਾ ਰੋਡ ਵਿਖੇ ਸੀਪੀਆਈਐੱਮਐੱਲ ਲਿਬਰੇਸ਼ਨ ਵੱਲੋਂ ਜ਼ਿਲ੍ਹੇ ਦੀ ਵਿਸਥਾਰੀ ਮੀਟਿੰਗ ਕੀਤੀ ਗਈ।ਇਸ ਸਮੇਂ ਪਾਰਟੀ ਆਗੂਆਂ ਨਾਲ ਗੱਲਬਾਤ ਕਰਦਿਆਂ ਲਿਬਰੇਸ਼ਨ ਆਗੂਆਂ ਗੁਲਜ਼ਾਰ ਸਿੰਘ ਭੁੰਬਲੀ, ਵਿਜੇ ਕੁਮਾਰ ਸੋਹਲ ਅਤੇ ਕਾਮਰੇਡ ਗੁਰਮੀਤ ਸਿੰਘ ਬਖਤਪੁਰਾ ਨੇ ਕਿਹਾ ਕਿ ਹਰਿਆਣੇ ਦੇ ਏਡੀਜੀਪੀ ਅਧਿਕਾਰੀ ਵਾਈ ਪੂਰਨ ਕੁਮਾਰ ਵੱਲੋਂ ਆਪਣੇ ਖੇਤਰ ਦੇ ਉਚ ਜਾਤੀ ਦੇ ਪੁਲਸ ਅਫਸਰਾਂ ਦੁਆਰਾ ਕੀਤੇ ਗਏ



ਸਮਾਜਿਕ ਜਬਰ ਤੋਂ ਤੰਗ ਆ ਕੇ ਕੀਤੀ ਗਈ ਖੁਦਕੁਸ਼ੀ ਅਤੇ ਸੁਪਰੀਮ ਕੋਰਟ ਦੇ ਮੁੱਖ ਜੱਜ ਵੱਲ ਚਲਦੀ ਅਦਾਲਤ ਵਿੱਚ ਸੁੱਟੀ ਗਈ ਜੁੱਤੀ ਮੋਦੀ ਸਰਕਾਰ ਵੱਲੋਂ ਦੇਸ਼ ਵਿਚ ਚਲਾਈ ਜਾ ਰਹੀ ਫਿਰਕੂ ਅਤੇ ਦਲਿਤ ਵਿਰੋਧੀ ਰਾਜਨੀਤੀ ਦੀ ਅਸਲ ਤਸਵੀਰ ਹੈ।ਇਨ੍ਹਾਂ ਦੋ ਘਟਨਾਵਾਂ ਨੇ ਸਾਬਿਤ ਕਰ ਦਿੱਤਾ ਕਿ ਜੇਕਰ ਇੰਨੇ ਵੱਡੇ ਉੱਚ ਅਹੁਦਿਆਂ ਉਪਰ ਬੈਠੇ ਵਿਅਕਤੀ ਸੁਰੱਖਿਅਤ ਨਹੀਂ ਤਾਂ ਆਮ ਦਲਿਤ ਵਰਗ ਨੂੰ ਸਮਾਜਿਕ ਜਬਰ ਤੋਂ ਕਿਵੇਂ ਬਚਾਇਆ ਜਾ ਸਕਦਾ ਹੈ।ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਦੀ ਬੀਤੇ 11 ਸਾਲ ਦੀ ਕਾਰਗੁਜ਼ਾਰੀ ਨੇ ਹੁਣ ਤਕ ਦੇ ਇਤਿਹਾਸ ਵਿੱਚ ਸਭ ਤੋਂ ਵਧੇਰੇ ਨਫਰਤੀ ਸਿਆਸਤ ਦੀਆਂ ਜੜ੍ਹਾਂ ਲਾਈਆਂ ਹਨ, ਨਤੀਜੇ ਵਜੋਂ ਫਿਰਕਾਪ੍ਰਸਤਾਂ ਵੱਲੋਂ ਭਾਰਤ ਦੇ ਸੰਵਿਧਾਨ ਨੂੰ ਵੰਗਾਰਿਆ ਜਾ ਰਿਹਾ ਹੈ।ਮੀਟਿੰਗ ਵਿੱਚ ਮੰਗ ਕੀਤੀ ਗਈ ਕਿ ਏਡੀਜੀਪੀ ਦੀ ਮੌਤ ਦੇ ਜ਼ੁੰਮੇਵਾਰ ਸਮੁੱਚੇ ਅਫਸਰਾਂ ਨੂੰ ਗ੍ਰਿਫਤਾਰ ਕਰਕੇ ਜੇਲ੍ਹ ਵਿੱਚ ਸੁੱਟਿਆ ਜਾਵੇ ਅਤੇ ਦੇਸ਼ ਵਿੱਚ ਲਗਾਤਾਰ ਵਧ ਰਹੇ ਦਲਿਤ ਵਿਰੋਧੀ ਵਰਤਾਰੇ ਨੂੰ ਰੋਕਣ ਲਈ ਫਿਰਕੂ ਅਤੇ ਫਾਸਿਸਟ ਵਿਚਾਰਧਾਰਾ ਵਾਲੀ ਆਰਐੱਸਐੱਸ ਅਤੇ ਉਸ ਨਾਲ ਸਬੰਧਿਤ ਜਥੇਬੰਦੀਆਂ ਦੇ ਭੜਕਾਊ ਪ੍ਰਚਾਰ 'ਤੇ ਰੋਕ ਲਾਈ ਜਾਵੇ।ਕੇਂਦਰ ਸਰਕਾਰ ਅਤੇ ਦਿੱਲੀ ਪੁਲਸ ਵੱਲੋਂ ਦੇਸ਼ ਦੇ ਮੁੱਖ ਜੱਜ ਵੱਲ ਜੁੱਤੀ ਸੁੱਟਣ ਵਾਲੇ ਵਕੀਲ ਵਿਰੁੱਧ ਕੋਈ ਕਾਨੂੰਨੀ ਕਾਰਵਾਈ ਨਾ ਕਰਨ ਦੀ ਨਿਖੇਧੀ ਕੀਤੀ ਗਈ।ਇਸ ਸਮੇਂ ਸੁਖਦੇਵ ਸਿੰਘ ਭਾਗੋਕਾਵਾਂ, ਅਸ਼ਵਨੀ ਕੁਮਾਰ ਲੱਖਣ ਕਲਾਂ, ਪ੍ਰੇਮ ਮਸੀਹ ਸੋਨਾ, ਕੁਲਦੀਪ ਰਾਜੂ, ਮਨਜੀਤ ਸਿੰਘ ਬਾਠ, ਹਰਭਜਨ ਸਿੰਘ ਫੌਜੀ, ਜੋਗਿੰਦਰਪਾਲ ਲੇਹਲ, ਸਾਹਬੀ ਗੁਰਦਾਸ ਨੰਗਲ, ਫੂਲ ਚੰਦ, ਪਿੰਟਾ ਤਲਵੰਡੀ ਭਰਥ, ਦਲਬੀਰ ਭੋਲਾ, ਰਣਧੀਰ ਸਿੰਘ ਕੋਹਾੜ, ਗੁਰਿੰਦਰ ਖੱਦਰ ਅਤੇ ਦਰਸ਼ਨ ਖਰੋਟਾ ਸ਼ਾਮਲ ਸਨ।

# ਭਾਰਤ ਨੂੰ ਦੇਸ਼ ਭਗਤਾਂ ਦੇ ਸੁਪਨਿਆਂ ਦਾ ਦੇਸ਼ ਬਣਾਉਣ ਲਈ ਵੱਡੇ ਸੰਘਰਸ਼ ਦੀ ਲੋੜ : ਸਹਿਦੇਵ, ਜੋਗਾ

**ਝਬਾਲ (ਹਰਜਿੰਦਰ ਸਿੰਘ ਸੋਨੀ)**- ਬਰੈਂਪਟਨ (ਕੈਨੇਡਾ) ਭਗਤ ਸਿੰਘ ਤੇ ਉਸਦੇ ਸਾਥੀਆਂ ਦੀ ਵਿਚਾਰਧਾਰਾ ਲਾਗੂ ਕਰਕੇ ਹੀ ਭਾਰਤ ਨੂੰ ਸ਼ਹੀਦਾਂ ਦੇ ਸੁਪਨਿਆਂ ਦਾ ਦੇਸ਼ ਬਣਾਇਆ ਜਾ ਸਕਦਾ ਹੈ।ਇਹ ਵਿਚਾਰ ਪੰਜਾਬੀ ਸੱਭਿਆਚਾਰਕ ਮੰਚ ਟੋਰਾਂਟੋ (ਕੈਨੇਡਾ) ਵੱਲੋਂ ਹਰ ਸਾਲ ਦੀ ਤਰ੍ਹਾਂ ਭਗਤ ਸਿੰਘ ਦਾ ਜਨਮ ਦਿਹਾੜਾ ਇਨਕਲਾਬੀ ਰਵਾਇਤਾਂ ਨਾਲ ਮਨਾਉਂਦਿਆਂ ਪ੍ਰਗਟ ਕੀਤੇ ਗਏ।ਇਸ ਸਮਾਗਮ ਦੀ ਪ੍ਰਧਾਨਗੀ ਸਾਥੀ ਬਲਦੇਵ ਸਿੰਘ ਸਹਿਦੇਵ, ਜਗਜੀਤ ਸਿੰਘ ਜੋਗਾ, ਗਿਆਨ ਸਿੰਘ ਘਈ, ਅਮਰਜੀਤ ਸਿੰਘ ਗਿੱਲ, ਸੁਭਾਸ਼ ਚੰਦਰ ਖੁਰਮੀ, ਸਰਜਿੰਦਰ ਸਿੰਘ ਸਿੱਧੂ ਅਤੇ ਵਿਸਾਖਾ ਸਿੰਘ ਟਟਕਾ ਅਧਾਰਿਤ ਪ੍ਰਧਾਨਗੀ ਮੰਡਲ ਅਧੀਨ ਹੋਇਆ।ਹਰਚੰਦ ਸਿੰਘ ਬਾਸੀ ਨੇ ਸਟੇਜ ਸਕੱਤਰ ਦੀ ਭੂਮਿਕਾ ਨਿਭਾਈ।ਪ੍ਰੈੱਸ ਨੂੰ ਇਹ ਜਾਣਕਾਰੀ ਦਿੰਦਿਆਂ ਬਲਕਾਰ ਸਿੰਘ ਵਲਟੋਹਾ ਨੇ ਦੱਸਿਆ ਕਿ ਇਸ ਮੌਕੇ ਕਵਿਤਾ ਤੇ ਗੱਲਬਾਤ ਦਾ ਮੁੱਖ ਵਿਸ਼ਾ ਸੀ 'ਭਗਤ ਸਿੰਘ ਤੇ ਸਾਥੀਆਂ ਦੀ ਵਿਚਾਰਧਾਰਾ ਤੇ ਅੱਜ ਦਾ ਦੌਰ'।ਉਪਰੋਕਤ ਆਗੂਆਂ ਨੇ ਕਿਹਾ ਕਿ ਅੱਜ ਸਾਰੀ ਦੁਨੀਆ ਨੂੰ ਆਰਥਿਕ ਮੰਦਵਾੜੇ ਨੇ ਘੇਰਿਆ ਹੋਇਆ ਹੈ, ਪੂੰਜੀਵਾਦੀ ਯੁੱਗ ਹੋਣ ਕਰਕੇ ਮਜ਼ਦੂਰਾਂ ਕਿਸਾਨਾਂ ਦੀ ਲੁੱਟ ਸਿਖ਼ਰ 'ਤੇ



ਹੈ।ਬੇਰੁਜ਼ਗਾਰੀ ਹੱਦਾਂ ਬੰਨੇ ਟੱਪ ਰਹੀ ਹੈ।ਹਰ ਥਾਂ ਪ੍ਰਵਾਸੀਆਂ ਵਿਰੁੱਧ ਕੂੜ ਪ੍ਰਚਾਰ ਹਾਕਮ ਸਰਮਾਏਦਾਰੀ ਜਮਾਤ ਵੱਲੋਂ ਕਰਵਾਇਆ ਜਾ ਰਿਹਾ ਹੈ।ਇਹ ਡਰ ਪਾ ਕੇ ਪ੍ਰਵਾਸੀ ਕਾਮਿਆਂ ਦੀ ਆਰਥਿਕ ਲੁੱਟ ਹੋਰ ਵਧ ਰਹੀ ਹੈ।ਭਾਰਤ ਵਿੱਚ ਵੀ ਮਜ਼ਦੂਰ ਜਮਾਤ ਦਾ ਕਚੂੰਬਰ ਕੱਢਿਆ ਜਾ ਰਿਹਾ ਹੈ।ਕਿਸਾਨਾਂ ਦੀ ਫ਼ਸਲ ਠੀਕ ਭਾਅ 'ਤੇ ਨਾ ਖਰੀਦ ਕੇ ਛੋਟੇ ਕਿਸਾਨਾਂ ਨੂੰ ਖੇਤੀ ਤੋਂ ਭਜਾਉਣ ਦੇ ਮਨਸੂਬੇ ਬਣਾਏ ਜਾ ਰਹੇ ਹਨ।ਸ. ਭਗਤ ਸਿੰਘ ਤੇ ਸਾਥੀਆਂ ਦੀ ਮਾਰਕਸਵਾਦੀ ਵਿਚਾਰਧਾਰਾ ਦੇ ਅਧਾਰਿਤ ਰਾਜ ਪ੍ਰਬੰਧ ਹੀ ਮਿਹਨਤਕਸ਼ ਜਨਤਾ ਨੂੰ ਚੰਗੀ ਜ਼ਿੰਦਗੀ ਪ੍ਰਦਾਨ ਕਰ ਸਕਦਾ ਹੈ ਕਿਉਂਕਿ ਇਨ੍ਹਾਂ ਦੇਸ਼ ਭਗਤਾਂ ਨੇ ਉਸ ਸਮੇਂ ਖ਼ਦਸ਼ਾ ਪ੍ਰਗਟਾਇਆ ਸੀ ਕਿ ਪੂੰਜੀਪਤੀਆਂ ਹੇਠ ਦੇਸ਼ ਦਾ ਅਸਲੀ ਵਿਕਾਸ ਨਹੀਂ ਹੋ ਸਕਦਾ।ਇਸ ਮੌਕੇ ਸਰਬਸੰਮਤੀ ਨਾਲ ਮਤਾ ਪਾਸ ਕੀਤਾ ਗਿਆ ਕਿ ਭਾਰਤ ਸਰਕਾਰ ਕਾਰਪੋਰੇਟ ਘਰਾਣਿਆਂ ਦੇ ਹਿੱਤਾਂ ਦੀ ਪੂਰਤੀ ਲਈ ਮਜ਼ਦੂਰਾਂ ਅਤੇ ਕਿਸਾਨਾਂ ਦੇ ਵਿਰੁੱਧ ਨੀਤੀਆਂ ਨਾ ਬਣਾਏ, ਸਗੋਂ ਮਜ਼ਦੂਰਾਂ/ਕਿਸਾਨਾਂ ਦੀਆਂ ਯੂਨੀਅਨਾਂ ਨਾਲ ਗੱਲਬਾਤ ਕਰੇ।ਦੇਸ਼ ਵਿੱਚ ਫ੍ਰਿਕਾਪ੍ਰਸਤੀ ਨੂੰ ਹੱਲਾਸ਼ੇਰੀ ਦੇਣਾ ਬੰਦ ਕਰੇ।ਭਗਤ ਸਿੰਘ ਤੇ ਹੋਰ ਅਗਾਂਹਵਧੂ ਦੇਸ਼ ਭਗਤਾਂ ਦੇ ਸੁਪਨੇ ਸਾਕਾਰ ਕਰਨ ਵਾਲੀਆਂ ਨੀਤੀਆਂ ਬਣਾਏ।

# ਖ਼ਾਲਸਾ ਕਾਲਜ ਆਫ ਨਰਸਿੰਗ 'ਚ ਮਾਨਸਿਕ ਸਿਹਤ ਸਬੰਧੀ ਕੈਂਪ ਲਗਾਇਆ




**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਖਾਲਸਾ ਕਾਲਜ ਆਫ਼ ਨਰਸਿੰਗ ਦੀ ਮੈਂਟਲ ਹੈਲਥ ਨਰਸਿੰਗ ਦੀ ਟੀਮ ਵੱਲੋਂ ਮਾਨਸਿਕ ਸਿਹਤ ਨਾਲ ਸਬੰਧਿਤ ਕੈਂਪ ਲਗਾਇਆ ਗਿਆ। ਕਾਲਜ ਪ੍ਰਿੰਸੀਪਲ ਡਾ. ਅਮਨਪ੍ਰੀਤ ਕੌਰ ਦੇ ਦਿਸ਼ਾ-ਨਿਰਦੇਸ਼ਾਂ 'ਤੇ ਗੁਰੂਦੁਆਰਾ ਛੇਹਰਟਾ ਸਾਹਿਬ ਵਿਖੇ ਵਿਸ਼ਵ ਮਾਨਸਿਕ ਸਿਹਤ ਦਿਵਸ ਦੇ ਸਬੰਧ 'ਚ ਲਗਾਏ ਗਏ ਉਕਤ ਕੈਂਪ ਦੌਰਾਨ ਵਿਦਿਆਰਥੀਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ।ਇਸ ਸਬੰਧੀ ਪ੍ਰਿੰ: ਡਾ. ਅਮਨਪ੍ਰੀਤ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਐੱਮਐੱਸਸੀ ਨਰਸਿੰਗ, ਪੋਸਟ ਬੇਸਿਕ ਨਰਸਿੰਗ ਅਤੇ ਬੇਸਿਕ ਬੀ.ਐੱਸਸੀ. ਨਰਸਿੰਗ ਦੇ 6ਵੇਂ ਸਮੈਸਟਰ ਦੇ ਵਿਦਿਆਰਥੀਆਂ ਨੇ ਪੋਸਟਰ ਪ੍ਰੈਜ਼ੈਂਟੇਸ਼ਨ ਰਾਹੀਂ ਮਾਨਸਿਕ ਸਿਹਤ ਵੱਲ ਖਾਸ ਧਿਆਨ ਦੇਣ ਦਾ ਸੁਨੇਹਾ ਦਿੱਤਾ।ਉਨ੍ਹਾਂ ਕਿਹਾ ਕਿ ਉਕਤ ਕੈਂਪ ਦਾ ਮੁੱਖ ਮਕਸਦ ਮਾਨਸਿਕ ਸਿਹਤ ਪ੍ਰਤੀ ਜਾਗਰੂਕਤਾ ਵਧਾਉਣਾ ਸੀ।ਉਨ੍ਹਾਂ ਕਿਹਾ ਕਿ ਕੈਂਪ ਦੌਰਾਨ ਮਾਨਸਿਕ ਸਿਹਤ ਨੂੰ ਉਤਸ਼ਾਰਿਤ ਕਰਨ ਦੇ ਨਾਲ ਨਾਲ ਜਰਨਲ ਮੈਡੀਕਲ ਕੈਂਪ ਵੀ ਲਗਾਇਆ ਗਿਆ ਜਿਸ 'ਚ ਸ਼ੂਗਰ ਚੈੱਕ, ਭਾਰ ਤੋਲਣ, ਬੀ. ਪੀ. ਚੈੱਕ ਕਰਨ ਦੀਆਂ ਸੇਵਾਵਾਂ ਵੀ ਦਿੱਤੀਆਂ ਗਈਆਂ ਅਤੇ ਨਾਲ ਹੀ ਵੱਖ-ਵੱਖ ਤਰ੍ਹਾਂ ਦੀਆਂ ਦਵਾਈਆਂ ਵੀ ਵੰਡੀਆਂ ਗਈਆਂ।ਉਨ੍ਹਾਂ ਕਿਹਾ ਕਿ ਕੈਂਪ 'ਚ ਦੂਰ-ਦੁਰਾਡਿਓਂ ਅਤੇ ਆਸਪਾਸ ਦੇ ਇਲਾਕੇ ਤੋਂ ਆਏ ਲੋਕਾਂ ਨੇ ਦਿਲਚਸਪੀ ਦਿਖਾਉਂਦਿਆਂ ਉਪਰੋਕਤ ਟੀਮ ਨੂੰ ਕਈ ਪ੍ਰਸ਼ਨ ਵੀ ਕੀਤੇ ਤੇ ਆਪਣੀ ਮਾਨਸਿਕ ਸਿਹਤ ਨਾਲ ਜੁੜੇ ਹੋਏ ਕਈ ਮਿੱਥ ਦੂਰ ਕੀਤੇ।

# 'ਅਰਲੀ ਚਾਈਲਡਹੁੱਡ ਕੇਅਰ ਐਂਡ ਐਜੂਕੇਸ਼ਨ' ਮੁਹਿੰਮ ਤਹਿਤ ਸਮਾਗਮ ਆਯੋਜਿਤ

**ਗੁਰਦਾਸਪੁਰ (ਜਨਕ ਮਹਾਜਨ)**- ਗੁਰਦਾਸਪੁਰ ਦੇ ਸਾਰੇ ਆਂਗਣਵਾੜੀ ਕੇਂਦਰਾਂ ਵਿਚ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਸ਼ੁਰੂਆਤੀ ਬਚਪਨ ਦੀ ਦੇਖਭਾਲ ਅਤੇ ਸਿੱਖਿਆ (ਈਸੀਸੀਈ) ਪਹਿਲ ਦੇ ਤਹਿਤ ਇਸ ਮਹੀਨੇ ਦੀ ਥੀਮ ਕਹਾਣੀਆਂ ਦੁਆਰਾ ਭਾਸ਼ਾ ਵਿਕਾਸ ਬੜੇ ਉਤਸ਼ਾਹ ਨਾਲ ਮਨਾਈ ਗਈ। ਇਸ ਦੌਰਾਨ ਬੱਚਿਆਂ, ਮਾਪਿਆਂ ਨੇ ਮਿਲ ਕੇ ਸਿੱਖਣ ਅਤੇ ਮਨੋਰੰਜਨ ਦਾ ਖੂਬਸੂਰਤ ਮਾਹੌਲ ਤਿਆਰ ਕੀਤਾ। ਸਮਾਗਮ ਵਿਚ ਜ਼ਿਲ੍ਹਾ ਪ੍ਰੋਗਰਾਮ ਅਫਸਰ, ਆਂਗਣਵਾੜੀ ਵਰਕਰਾਂ ਅਤੇ ਮਾਪਿਆਂ ਨੇ ਹਿੱਸਾ ਲਿਆ। ਸਾਰੇ ਅਧਿਕਾਰੀਆਂ ਨੇ ਕਹਾਣੀ ਸੁਣਾਉਣ ਦੀ ਪ੍ਰਾਚੀਨ ਪਰ ਅਤਿ ਪ੍ਰਭਾਵਸ਼ਾਲੀ ਸਿੱਖਣ ਪ੍ਰਣਾਲੀ ਦੇ ਮਹੱਤਵ ਉੱਤੇ ਰੌਸ਼ਨੀ ਪਾਈ। ਸਮਾਗਮ ਦੀ ਸ਼ੁਰੂਆਤ ਆਂਗਣਵਾੜੀ ਵਰਕਰਾਂ ਵੱਲੋਂ ਬੱਚਿਆਂ ਨੂੰ ਦਿਲਚਸਪ ਅਤੇ ਸਿਖਲਾਈ ਭਰੀਆਂ ਕਹਾਣੀਆਂ ਸੁਣਾਉਣ ਨਾਲ ਹੋਈ। ਆਪਣੀ ਆਵਾਜ਼, ਹਾਵ-ਭਾਵ ਅਤੇ ਅਦਾਕਾਰੀ ਰਾਹੀਂ ਵਰਕਰਾਂ ਨੇ ਕਹਾਣੀਆਂ ਨੂੰ ਜੀਵੰਤ ਕਰ ਦਿੱਤਾ। ਬੱਚਿਆਂ ਨੇ ਪੂਰੇ ਉਤਸ਼ਾਹ ਨਾਲ ਕਹਾਣੀਆਂ ਸੁਣੀਆਂ ਅਤੇ ਉਨ੍ਹਾਂ ਵਿਚੋਂ ਨਵੇਂ ਸ਼ਬਦ, ਭਾਵਨਾ ਅਤੇ ਸੰਦੇਸ਼ ਸਿੱਖੇ। ਜ਼ਿਲ੍ਹਾ ਪ੍ਰੋਗਰਾਮ ਅਫਸਰ ਜਸਮੀਤ ਕੌਰ ਨੇ ਕਿਹਾ ਕਿ ਕਹਾਣੀਆਂ ਸਿਰਫ਼ ਮਨੋਰੰਜਨ ਨਹੀਂ, ਬਲਕਿ ਬੱਚਿਆਂ ਦੀ ਭਾਸ਼ਾਈ, ਭਾਵਨਾਤਮਕ ਅਤੇ ਮਾਨਸਿਕ ਵਿਕਾਸ ਦੀ ਬੁਨਿਆਦ ਹਨ। ਉਨ੍ਹਾਂ ਨੂੰ ਕਿਹਾ ਗਿਆ ਕਿ ਉਹ ਧਿਆਨ ਕਰਨ ਕਿ ਬੱਚੇ ਨਵੇਂ ਸ਼ਬਦ ਸਿੱਖ ਰਹੇ ਹਨ ਜਾਂ ਨਹੀਂ ਅਤੇ ਕੀ ਉਹ ਉਨ੍ਹਾਂ ਸ਼ਬਦਾਂ ਨੂੰ ਰੋਜ਼ਾਨਾ ਬੋਲਚਾਲ ਵਿੱਚ ਵਰਤ ਰਹੇ ਹਨ।




ਮਾਪਿਆਂ ਨੂੰ ਆਪਣੀ ਮਾਤ੍ਰ ਭਾਸ਼ਾ ਵਿੱਚ ਛੋਟੀਆਂ ਨੈਤਿਕ ਜਾਂ ਲੋਕ ਕਹਾਣੀਆਂ ਸੁਣਾਉਣ ਲਈ ਉਤਸ਼ਾਹਿਤ ਕੀਤਾ ਗਿਆ ਤਾਂ ਜੋ ਪਰਿਵਾਰਕ ਰਿਸ਼ਤੇ ਮਜ਼ਬੂਤ ਹੋਣ ਅਤੇ ਬੱਚਿਆਂ ਦੀ ਭਾਸ਼ਾ ਦੀ ਬੁਨਿਆਦ ਮਜ਼ਬੂਤ ਬਣੇ। ਇਹ ਵਿਸ਼ੇਸ਼ ਜੇਕਰ ਕਹਾਣੀਆਂ ਸੁਣਾਉਣ ਨੂੰ ਘਰ ਅਤੇ ਸਕੂਲ ਦੀ ਰੋਜ਼ਾਨਾ ਦੀ ਰੁਟੀਨ ਦਾ ਹਿੱਸਾ ਬਣਾ ਦਿੱਤਾ ਜਾਵੇ ਤਾਂ ਹਰ ਬੱਚਾ ਭਾਸ਼ਾ ਨਾਲ ਹੋਰ ਗਹਿਰਾ ਲਗਾਵ ਮਹਿਸੂਸ ਕਰੇਗਾ ਅਤੇ ਸਿੱਖਣ ਪ੍ਰਤੀ ਉਤਸ਼ਾਹੀ ਹੋਵੇਗਾ।

# ਤਰਨਤਾਰਨ ਦੀ ਉਪ ਚੋਣ 'ਚ ਕਾਂਗਰਸੀ ਉਮੀਦਵਾਰ ਕਰਨਬੀਰ ਸਿੰਘ ਬੁਰਜ ਇਤਿਹਾਸਕ ਜਿੱਤ ਹਾਸਲ ਕਰਨਗੇ : ਸਰਕਾਰੀਆ

**ਅੰਮ੍ਰਿਤਸਰ,ਚੇਤਨਪੁਰਾ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ,ਸੁਖਵੰਤ ਚੇਤਨਪੁਰੀ)**-ਤਰਨਤਾਰਨ ਦੀ ਜ਼ਿਮਨੀ ਚੋਣ ਕਾਂਗਰਸ ਪਾਰਟੀ ਵਿਕਾਸ, ਸ਼ਾਂਤੀ ਅਤੇ ਅਮਨ ਕਾਨੂੰਨ ਦੇ ਮੁੱਦੇ 'ਤੇ ਲੜੇਗੀ ਅਤੇ ਕਾਂਗਰਸ ਪਾਰਟੀ ਦੇ ਉਮੀਦਵਾਰ ਕਰਨਬੀਰ ਸਿੰਘ ਬੁਰਜ ਇਤਿਹਾਸਕ ਜਿੱਤ ਹਾਸਲ ਕਰਨਗੇ। ਉਕਤ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਰਾਜਾਸਾਂਸੀ ਦੇ ਨਿਧੜਕ ਅਤੇ ਜ਼ਿਲ੍ਹਾ ਪ੍ਰੀਸ਼ਦ ਦੇ ਸਾਬਕਾ ਚੇਅਰਮੈਨ ਦਿਲਰਾਜ ਸਿੰਘ ਸਰਕਾਰੀਆ ਨੇ ਤਰਨਤਾਰਨ ਦੀ ਜ਼ਿਮਨੀ ਚੋਣ ਵਿੱਚ ਪ੍ਰਚਾਰ ਲਈ ਜਾਣ ਤੋਂ ਪਹਿਲਾਂ ਆਪਣੇ ਸਾਥੀਆਂ ਸਮੇਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ



ਆਪਣੇ ਕਾਰਜਕਾਲ ਦੌਰਾਨ ਪੰਜਾਬ ਵਿੱਚ ਇੱਕ ਰੁਪਏ ਦਾ ਵਿਕਾਸ ਨਹੀਂ ਕਰਵਾਇਆ। ਔਰਤਾਂ ਨਾਲ ਇੱਕ ਹਜ਼ਾਰ ਰੁਪਏ ਮਹੀਨਾ ਦੇਣ ਦਾ ਵਾਅਦਾ ਅਜੇ ਤੱਕ ਪੂਰਾ ਨਹੀਂ ਕੀਤਾ। ਹੜ੍ਹਾਂ ਤੋਂ ਪ੍ਰਭਾਵਿਤ ਲੋਕਾਂ ਨਾਲ ਕੋਝਾ ਮਜ਼ਾਕ ਕਰਦਿਆਂ 20 ਹਜ਼ਾਰ ਪ੍ਰਤੀ ਏਕੜ ਦੇ ਹਿਸਾਬ ਨਾਲ ਸਿਰਫ਼ ਚੈੱਕ ਦਿੱਤੇ ਗਏ। ਸਰਕਾਰੀਆ ਨੇ ਕਿਹਾ ਕਿ ਹਲਕਾ ਰਾਜਾਸਾਂਸੀ ਵਿੱਚ ਅੱਜ ਤੱਕ ਜੋ ਵੀ ਵਿਕਾਸ ਹੋਇਆ ਹੈ ਉਹ ਹਲਕਾ ਰਾਜਾਸਾਂਸੀ ਦੇ ਵਿਧਾਇਕ ਸੁਖਬਿੰਦਰ ਸਿੰਘ ਸਰਕਾਰੀਆ ਨੇ ਹੀ ਕਰਵਾਇਆ ਹੈ। ਚਾਰ ਸਾਲ ਬੀਤ ਜਾਣ 'ਤੇ ਮੌਜੂਦਾ ਸਰਕਾਰ ਨੇ ਹਲਕਾ ਰਾਜਾਸਾਂਸੀ ਵਿੱਚ ਕੋਈ ਪੈਸਾ ਨਹੀਂ ਲਗਾਇਆ। ਵਿਕਾਸ ਕਾਰਜ ਪੂਰੀ ਤਰ੍ਹਾਂ ਠੱਪ ਹਨ, ਨਸ਼ਾ ਪਹਿਲਾਂ ਨਾਲੋਂ ਜ਼ਿਆਦਾ ਵਧਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਇਸ ਵਕਤ ਸਰਕਾਰ ਨਾਮ ਦੀ ਕੋਈ ਚੀਜ਼ ਨਜ਼ਰ ਨਹੀਂ ਆ ਰਹੀ। ਗੈਂਗਸਟਰਾਂ ਦਾ ਬੋਲਬਾਲਾ ਹੈ। ਸਰਕਾਰੀਆ ਨੇ ਕਿਹਾ ਕਿ ਪੰਜਾਬ ਵਿੱਚ ਵਿਕਾਸ, ਸ਼ਾਂਤੀ ਅਤੇ ਅਮਨ ਕਾਨੂੰਨ ਦੀ ਬਹਾਲੀ ਹਮੇਸ਼ਾ ਕਾਂਗਰਸ ਪਾਰਟੀ ਦੀ ਸਰਕਾਰ ਸਮੇਂ ਹੀ ਹੋਈ ਹੈ ਅਤੇ 2027 ਵਿੱਚ ਵੀ ਪੰਜਾਬ ਦੀ ਜਨਤਾ ਕਾਂਗਰਸ ਦੀ ਸਰਕਾਰ ਬਣਾਉਣ ਲਈ ਬੜੀ ਬੇਸਬਰੀ ਨਾਲ ਇੰਤਜ਼ਾਰ ਕਰ ਰਹੀ ਹੈ ਜਿਸਦੀ ਸ਼ੁਰੂਆਤ ਤਰਨਤਾਰਨ ਦੀ ਸੂਝਵਾਨ ਜਨਤਾ ਕਰੇਗੀ ਜੋ ਦੂਸਰੀਆਂ ਪਾਰਟੀਆਂ ਦੇ ਉਮੀਦਵਾਰਾਂ ਦੀਆਂ ਜ਼ਮਾਨਤਾਂ ਜ਼ਬਤ ਕਰਕੇ ਅਤੇ ਕਾਂਗਰਸ ਪਾਰਟੀ ਦੇ ਉਮੀਦਵਾਰ ਨੂੰ ਰਿਕਾਰਡ ਤੋੜ ਵੋਟਾਂ ਨਾਲ ਜਿਤਾ ਕੇ ਵਿਧਾਨ ਸਭਾ ਵਿੱਚ ਭੇਜੇਗੀ। ਇਸ ਮੌਕੇ ਉਨ੍ਹਾਂ ਨਾਲ ਅਮਨਦੀਪ ਸਿੰਘ ਕੱਕੜ ਮੀਡੀਆ ਸਲਾਹਕਾਰ ਵਿਧਾਇਕ ਸੁਖਬਿੰਦਰ ਸਿੰਘ ਸਰਕਾਰੀਆ, ਰਵੀ ਕੁਮਾਰ ਪੀ. ਏ. ਸਰਕਾਰੀਆ, ਹਰਕੰਵਲਜੀਤ ਸਿੰਘ ਹੈਪੀ ਅਦਲੀਵਾਲ, ਕੁਲਦੀਪ ਸਿੰਘ ਛੀਨਾ ਜਨਰਲ ਸਕੱਤਰ ਪੰਜਾਬ, ਅਮਰਜੀਤ ਸਿੰਘ ਨੇਪਾਲ, ਅਮਰਜੀਤ ਸਿੰਘ ਜੋਏਕੇ, ਸਰਪੰਚ ਸੋਨਾ ਸਿੱਧੂ ਬਲੱਗਣ, ਗੁਰਮੇਜ ਸਿੰਘ ਬਬਲਾ ਕੋਟਲਾ, ਹਰਜੀਤ ਸਿੰਘ ਕੋਟਲਾ, ਸਾਹਬੀ ਚੈਨਪੁਰ, ਸੁਖਬੀਰ ਸਿੰਘ ਸ਼ਾਹ ਭਿੱਟੇਵੱਡ, ਲਖਵਿੰਦਰ ਸਿੰਘ ਭਿੱਟੇਵੱਡ, ਹਰਭੇਜ ਸਿੰਘ ਵਣੀਏਕੇ ਬਲਾਕ ਪ੍ਰਧਾਨ ਚੋਗਾਵਾਂ, ਗੁਰਮੀਤ ਸਿੰਘ ਡਾਲਾ, ਅਜੇਬੀਰ ਸਿੰਘ ਲੋਪੋਕੇ ਮੀਤ ਪ੍ਰਧਾਨ, ਸ਼ਮਸ਼ੇਰ ਸਿੰਘ ਚੋਗਾਵਾਂ ਜਨਰਲ ਸਕੱਤਰ, ਸ਼ਮਸ਼ੇਰ ਸਿੰਘ ਸਾਰੰਗੜਾ, ਬਲਜੀਤ ਸਿੰਘ ਪੰਡੋਰੀ, ਸੂਬਾ ਸਿੰਘ ਹੇਤਮਪੁਰਾ, ਸੂਬਾ ਸਿੰਘ ਪੰਜੂਰਾਏ, ਬਾਬਾ ਦਲਬੀਰ ਸਿੰਘ ਪੱਧਰੀ, ਦਿਲਬਾਗ ਸਿੰਘ ਖਿਆਲਾ, ਰੇਸ਼ਮ ਸਿੰਘ ਬੱਚੀਵਿੰਡ, ਗੁਰਜੰਟ ਸਿੰਘ ਮੁੱਧ, ਰਨਜੀਤ ਸਿੰਘ ਬੰਟੀ ਜਸਰਾਊਰ, ਸੁਰਜੀਤ ਸਿੰਘ ਪ੍ਰਧਾਨ, ਸੁਖਦੇਵ ਸਿੰਘ ਨੱਥੂਪੁਰ, ਰੇਸ਼ਮ ਸਿੰਘ ਲੋਧੀਗੁੱਜਰ, ਬਲਦੇਵ ਸਿੰਘ ਮੰਝ ਸੁਰਜੀਤ ਸਿੰਘ ਰਾਣੀਆ ਆਦਿ ਹਾਜ਼ਰ ਸਨ।

# ਅਕਾਲੀ ਦਲ ਅਤੇ 'ਆਪ' ਨੂੰ ਛੱਡ ਕੇ ਕਈ ਕੌਂਸਲਰ ਭਾਜਪਾ 'ਚ ਜਾ ਰਲੇ

**ਬਟਾਲਾ (ਤਰਲੋਕ ਬੱਗਾ)**- ਵਿਧਾਨ ਸਭਾ ਹਲਕਾ ਬਟਾਲਾ ਅੰਦਰ ਭਾਜਪਾ ਨੂੰ ਉਸ ਸਮੇਂ ਵੱਡਾ ਬਲ ਮਿਲਿਆ ਜਦੋਂ ਜ਼ਿਲ੍ਹਾ ਪ੍ਰਧਾਨ ਹੀਰਾ ਵਾਲੀਆ ਦੇ ਯਤਨਾਂ ਸਦਕਾ ਅਕਾਲੀ ਦਲ ਅਤੇ ਆਮ ਆਦਮੀ ਪਾਰਟੀ ਨੂੰ ਛੱਡ ਕੇ ਕੌਂਸਲਰ ਪੰਜਾਬ ਦੇ ਕਾਰਜਕਾਰਨੀ ਪ੍ਰਧਾਨ ਅਸ਼ਵਨੀ ਸ਼ਰਮਾ




ਦੀ ਅਗਵਾਈ ਹੇਠ ਭਾਜਪਾ ਵਿਚ ਸ਼ਾਮਲ ਹੋਏ।ਇਸ ਮੌਕੇ ਪੰਜਾਬ ਕਾਰਜਕਾਰਨੀ ਪ੍ਰਧਾਨ ਅਸ਼ਵਨੀ ਸ਼ਰਮਾ ਨੇ ਭਾਜਪਾ ਵਿਚ ਸ਼ਾਮਲ ਹੋਣ ਵਾਲੇ ਕੌਂਸਲਰਾਂ ਦਾ ਸਵਾਗਤ ਕੀਤਾ।ਸ਼ਾਮਲ ਹੋਣ ਵਾਲੇ ਵਿਅਕਤੀਆਂ ਵਿਚ ਅੰਸ਼ੂ ਹਾਂਡਾ, ਰਾਜ ਕੁਮਾਰ ਕਾਲੀ, ਅਨੀਸ਼ ਅਗਰਵਾਲ ਅਤੇ ਉਨ੍ਹਾਂ ਦੀ ਧਰਮ ਪਤਨੀ ਅਨੂ ਅਗਰਵਾਲ ਅਤੇ ਆਸ਼ੂ ਮਹਾਜਨ ਨੇ ਵੀ ਭਾਜਪਾ ਦਾ ਪੱਲਾ ਫੜਿਆ ਹੈ।ਇਸ ਮੌਕੇ ਗੱਲਬਾਤ ਕਰਦਿਆਂ ਅਸ਼ਵਨੀ ਸ਼ਰਮਾ ਨੇ ਕਿਹਾ ਕਿ ਭਾਜਪਾ ਵਿਚ ਸ਼ਾਮਲ ਹੋਣ ਵਾਲੇ ਹਰ ਵਿਅਕਤੀ ਨੂੰ ਪੂਰਾ ਮਾਣ ਸਨਮਾਨ ਦਿੱਤਾ ਜਾਵੇਗਾ।ਇਸ ਮੌਕੇ ਹੀਰਾ ਵਾਲੀਆ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਵੱਡੀ ਗਿਣਤੀ ਵਿਚ ਲੋਕ ਭਾਜਪਾ ਨਾਲ ਜੁੜ ਰਹੇ ਹਨ।ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿਚ ਹੋਰ ਵੀ ਕਈ ਲੋਕ ਭਾਜਪਾ ਵਿਚ ਸ਼ਾਮਲ ਹੋਣਗੇ।ਇਸ ਮੌਕੇ ਰਾਕੇਸ਼ ਰਾਠੌਰ ਜਰਨਲ ਸੈਕਟਰੀ, ਵਿਜੇ ਸਾਂਪਲਾ ਐਕਸ ਮਨਿਸਟਰ ਸੈਂਟਰ, ਬਿਕਰਮਜੀਤ ਸਿੰਘ ਚੀਮਾ ਵਾਈਸ ਪ੍ਰਧਾਨ ਪੰਜਾਬ, ਅਨਿਲ ਸਰੀਨ ਜਨਰਲ ਸੈਕਟਰੀ, ਸੁਭਾਸ਼ ਕੁਮਾਰ ਵਾਈਸ ਪ੍ਰਧਾਨ ਪੰਜਾਬ ਹਾਜ਼ਰ ਸਨ। ਉਪਰੋਕਤ ਤੋਂ ਇਲਾਵਾ ਬਟਾਲਾ ਤੋਂ ਜਨਰਲ ਸੈਕਟਰੀ ਰੋਸ਼ਨ ਲਾਲ, ਸਕਤੀ ਸ਼ਰਮਾ, ਭੂਸ਼ਨ ਬਜਾਜ, ਬਲਵਿੰਦਰ ਕੁਮਾਰ ਮਹਿਤਾ, ਗੁਰਿੰਦਰ ਪਾਲ ਸਿੰਘ ਪੰਕਜ ਸ਼ਰਮਾ, ਲਾਲੀ ਕਾਂਸਰਾ ਅਤੇ ਅਨਿਲ ਭੱਟੀ ਆਦਿ ਹਾਜ਼ਰ ਸਨ।

# ਐੱਚਡੀਐੱਫਸੀ ਬੈਂਕ ਵੱਲੋਂ ਬਾਲਗਾਂ ਦੀ ਚੁਸਤੀ-ਫੁਰਤੀ ਲਈ ਨਿਵੇਕਲੀ ਪਹਿਲ

**ਅੰਮ੍ਰਿਤਸਰ** : ਭਾਰਤ ਦੇ ਪ੍ਰਮੁੱਖ ਪ੍ਰਾਈਵੇਟ ਖੇਤਰ ਦੀ ਬੈਂਕ ਐੱਚਡੀਐੱਫਸੀ ਬੈਂਕ ਨੇ ਐਲਾਨ ਕੀਤਾ ਕਿ ਉਹ ਸਰਗਰਮ ਬਾਲਗਾਂ ਲਈ ਇੱਕ ਪ੍ਰਮੁੱਖ ਸਮੁਦਾਇਕ ਮੰਚ, ਵਾਕ ਅਬਾਊਟ ਸੀਡ ਫਾਊਂਡੇਸ਼ਨ ਪ੍ਰਦਾਨ ਕਰਨਾ।ਇਸ ਨਿਵੇਸ਼ਕ ਤੋਂ ਵਾਕ ਅਬਾਊਟ ਤੁਹਾਡੇ ਸਮੁਦਾਇਕ ਮੰਚ ਨੂੰ ਬਿਹਤਰ ਬਣਾਉਣਾ ਅਤੇ ਕਿਰਿਆਸ਼ੀਲ ਵਰਗ ਦੇ ਲੋਕਾਂ ਲਈ ਆਪਣੇ ਅਨੁਭਵਾਂ ਦਾ ਵਿਸਥਾਰ ਕਰਨਾ ਹੈ।ਵਾਕ ਅਬਾਊਟ ਪਹਿਲਾਂ ਗੇਟ ਸੈਟਅਪ ਇੰਡੀਆ ਪ੍ਰਾਈਵੇਟ ਲਿਮਟਿਡ ਦੇ ਨਾਂਅ ਨਾਲ ਜਾਣਿਆ ਜਾਂਦਾ ਸੀ। ਮੁੰਬਈ, ਨਵੀਂ ਦਿੱਲੀ, ਬੰਗਲੁਰੂ ਅਤੇ ਚੇਨਈ ਵਿੱਚ ਪ੍ਰੋਗਰਾਮ ਆਯੋਜਿਤ ਕੀਤਾ ਜਾਂਦਾ ਹੈ।ਇਹ ਪ੍ਰੋਗਰਾਮ 55 ਸਾਲ ਤੋਂ ਵੱਧ ਉਮਰ ਦੇ ਲੋਕਾਂ ਨੂੰ ਮਾਨਸਿਕ, ਸਮਾਜਿਕ ਅਤੇ ਸਰੀਰਕ ਤੌਰ ਤੇ ਸਰਗਰਮ ਰਹਿਣ ਲਈ ਸਮਰੱਥ ਬਣਾਉਂਦਾ ਹੈ ।ਐੱਚਡੀਐੱਫਸੀ ਬੈਂਕ ਕੇਜਰੀ ਗਰੁੱਪ ਹੈੱਡ, ਅਰੂਪ ਰਚਿਤ ਨੇ ਕਿਹਾ ਕਿ ਦੇਸ਼ ਦੇ ਇੱਕ ਪ੍ਰਮੁੱਖ ਉਦਯੋਗਪਤੀ ਦੇ ਰੂਪ ਵਿੱਚ ਅਸੀਂ ਇਸ ਤਰ੍ਹਾਂ ਦੇ ਨਿਵੇਕਲੇ ਪ੍ਰੋਗਰਾਮਾਂ ਹੱਲਾਸ਼ੇਰੀ ਦੇਣ ਵਿੱਚ ਵਿਸ਼ਵਾਸ ਕਰਦੇ ਹਨ ਅਤੇ ਸਮਾਜ ਲਈ ਪ੍ਰਭਾਵੀ ਸਿੱਧ ਹੁੰਦੇ ਹਨ।

ਨਵਾਂ ਜ਼ਮਾਨਾ
ਬੁੱਧਵਾਰ, 15 ਅਕਤੂਬਰ 2025

# ਮਨੂੰ ਸਿਮਰਤੀ ਦਾ ਜ਼ਹਿਰ

*ਹਰਿਆਣਾ ਦੇ ਆਈ ਪੀ ਐੱਸ ਅਧਿਕਾਰੀ ਵਾਈ. ਪੂਰਨ ਕੁਮਾਰ ਦੀ ਖੁਦਕੁਸ਼ੀ, ਸੁਪਰੀਮ ਕੋਰਟ ਦੇ ਚੀਫ ਜਸਟਿਸ ਬੀ ਆਰ ਗਵਈ ਵੱਲ ਜੁੱਤੀ ਸੁੱਟਣ ਦੀ ਘਟਨਾ ਤੇ ਰਾਏਬਰੇਲੀ ਵਿੱਚ ਹਰੀਓਮ ਵਾਲਮੀਕ ਦੀ ਲਿੰਚਿੰਗ, ਇਹ ਘਟਨਾਵਾਂ ਇੱਕ ਡੂੰਘੇ ਯਥਾਰਥ ਨੂੰ ਉਜਾਗਰ ਕਰਦੀਆਂ ਹਨ। ਇਹ ਜ਼ਹਿਰ ਮਨੂੰ ਸਿਮਰਤੀ 'ਚੋਂ ਨਿਕਲਦਾ ਹੈ, ਜਿਸ ਨੂੰ ਧਰਮ ਦੱਸ ਕੇ ਰਾਸ਼ਟਰੀ ਸੋਇਮ ਸੇਵਕ ਸੰਘ (ਆਰ ਐੱਸ ਐੱਸ) ਤੇ ਭਾਜਪਾ ਦੇ ਹਮਾਇਤੀਆਂ ਦਾ ਵੱਡਾ ਹਿੱਸਾ ਅੱਜ ਵੀ ਵਡਿਆਉਂਦਾ ਹੈ।*

*ਵਾਈ. ਪੂਰਨ ਕੁਮਾਰ ਦੀ ਖੁਦਕੁਸ਼ੀ ਆਮ ਮਾਮਲਾ ਨਹੀਂ, ਇਹ ਸ਼ਾਸਨ-ਪ੍ਰਸ਼ਾਸਨ ਨੂੰ ਆਪਣੇ ਫੰਦੇ ਵਿੱਚ ਰੱਖਣ ਵਾਲੀ ਸਵਰਨ ਸਾਮੰਤੀ ਵਿਵਸਥਾ ਦੀ ਕਰੂਰ ਮਿਸਾਲ ਹੈ। 7 ਅਕਤੂਬਰ ਨੂੰ ਚੰਡੀਗੜ੍ਹ ਵਿੱਚ ਆਪਣੇ ਘਰ ਗੋਲੀ ਮਾਰ ਕੇ ਖੁਦਕੁਸ਼ੀ ਕਰਨ ਵਾਲੇ 52 ਸਾਲਾ ਵਾਈ. ਪੂਰਨ ਕੁਮਾਰ ਆਂਧਰਾ ਪ੍ਰਦੇਸ਼ ਦੇ ਇੱਕ ਗਰੀਬ ਦਲਿਤ ਪਰਵਾਰ ਵਿੱਚੋਂ ਸਨ। ਮਾਤਾ-ਪਿਤਾ ਨੇ ਗਰੀਬੀ ਤੇ ਸਮਾਜੀ ਵਿਤਕਰੇ ਨੂੰ ਝਲਦਿਆਂ ਉਨ੍ਹਾ ਨੂੰ ਇੰਜੀਨੀਅਰ ਬਣਾਇਆ ਤੇ ਫਿਰ ਉਹ ਆਈ ਪੀ ਐੱਸ ਅਫਸਰ ਬਣੇ। ਖੁਦਕੁਸ਼ੀ ਵੇਲੇ ਉਨ੍ਹਾ ਦੀ ਆਈ ਏ ਐੱਸ ਪਤਨੀ ਅਮਨੀਤ ਪੀ. ਕੁਮਾਰ ਜਾਪਾਨ ਵਿੱਚ ਸੀ। ਪਤਨੀ ਨੂੰ ਭੇਜੇ 9 ਸਫਿਆਂ ਦੇ ਖੁਦਕੁਸ਼ੀ ਨੋਟ ਵਿੱਚ ਉਨ੍ਹਾ 12 ਅਧਿਕਾਰੀਆਂ 'ਤੇ ਜਾਤੀ ਵਿਤਕਰੇ, ਮਾਨਸਕ ਅੱਤਿਆਚਾਰ, ਫਰਜ਼ੀ ਐੱਫ ਆਈ ਆਰ ਤੇ ਪ੍ਰਮੋਸ਼ਨ ਵਿੱਚ ਬੇਨੇਮੀਆਂ ਦਾ ਦੋਸ਼ ਲਾਉਂਦਿਆਂ ਲਿਖਿਆ, 'ਅੱਤਿਆਚਾਰ ਸਹਿਣੇ ਔਖੇ ਹੋ ਗਏ ਹਨ।'*

*ਵਾਈ. ਪੂਰਨ ਕੁਮਾਰ ਦੀ ਖੁਦਕੁਸ਼ੀ ਤੋਂ ਇੱਕ ਦਿਨ ਪਹਿਲਾਂ ਦਲਿਤ ਸਮਾਜ ਵਿੱਚੋਂ ਆਉਣ ਵਾਲੇ ਸੁਪਰੀਮ ਕੋਰਟ ਦੇ ਚੀਫ ਜਸਟਿਸ ਬੀ ਆਰ ਗਵਈ ਵੱਲ ਜੁੱਤੀ ਸੁੱਟਣ ਤੋਂ ਬਾਅਦ ਵਕੀਲ ਰਾਕੇਸ਼ ਕਿਸ਼ੋਰ ਨੇ ਨਾਅਰਾ ਲਾਇਆ 'ਸਨਾਤਨ ਧਰਮ ਕਾ ਅਪਮਾਨ ਨਹੀਂ ਸਹੇਗਾ ਹਿੰਦੁਸਤਾਨ।' ਪ੍ਰਧਾਨ ਮੰਤਰੀ ਨੇ ਘਟਨਾ ਦੀ ਨਿੰਦਾ ਕੀਤੀ, ਪਰ ਅਪਰਾਧੀ ਖਿਲਾਫ ਕਾਰਵਾਈ ਦੀ ਗੱਲ ਨਹੀਂ ਕੀਤੀ। ਦਿੱਲੀ ਪੁਲਸ ਨੇ ਐੱਫ ਆਈ ਆਰ ਇਸ ਕਰਕੇ ਦਰਜ ਨਹੀਂ ਕੀਤੀ, ਕਿਉਂਕਿ ਚੀਫ ਜਸਟਿਸ ਨੇ ਉਸ ਨੂੰ ਮੁਆਫ ਕਰ ਦਿੱਤਾ। ਕੀ ਅਪਰਾਧ ਨੂੰ ਮੁਆਫ ਕਰਨਾ ਪੀੜਤ ਦਾ ਕੰਮ ਹੈ ਜਾਂ ਰਾਜ ਦਾ? ਭਾਜਪਾ ਰਾਜ ਵਿੱਚ ਇਸ ਤਰ੍ਹਾਂ ਐੱਫ ਆਈ ਆਰ ਦਰਜ ਨਾ ਕਰਨਾ ਸਵਾਲ ਉਠਾਉਂਦਾ ਹੈ ਕਿ ਕੀ ਦਲਿਤ 'ਤੇ ਹਮਲਾ ਅਪਰਾਧ ਨਹੀਂ ਮੰਨਿਆ ਜਾਂਦਾ? ਦੋ ਅਕਤੂਬਰ ਨੂੰ ਰਾਏਬਰੇਲੀ ਵਿੱਚ ਹਰੀਓਮ ਵਾਲਮੀਕ ਦੇ ਚੋਰ ਹੋਣ ਦੀ ਅਫਵਾਹ ਵਿੱਚ ਭੀੜ ਨੇ ਉਸ ਨੂੰ ਕੁੱਟ-ਕੁੱਟ ਕੇ ਮਾਰ ਦਿੱਤਾ। ਮਰਨ ਵਕਤ ਹਰੀਓਮ ਨੇ ਰਾਹੁਲ ਗਾਂਧੀ ਨੂੰ ਸੱਦਿਆ ਤਾਂ ਹਤਿਆਰਿਆਂ ਨੇ ਹੱਸਦਿਆਂ ਕਿਹਾ—ਇੱਥੇ ਸਭ ਬਾਬਾਵਾਦੀ ਹਨ। ਬਾਬਾ ਯਾਨੀ ਮੁੱਖ ਮੰਤਰੀ ਯੋਗੀ ਆਦਿਤਿਆ ਨਾਥ, ਜਿਹੜੇ ਕਸ਼ੱਤਰੀ ਹੋਣ 'ਤੇ ਸਰਵਜਨਕ ਤੌਰ 'ਤੇ ਗਰਵ ਜਤਾਉਂਦੇ ਹਨ।*

*ਕੌਮੀ ਅਪਰਾਧ ਰਿਕਾਰਡ ਬਿਊਰੋ ਦੇ ਅੰਕੜੇ ਦੱਸਦੇ ਹਨ ਕਿ 2013-23 ਵਿਚਾਲੇ ਦਲਿਤਾਂ 'ਤੇ ਅੱਤਿਆਚਾਰ 46 ਫੀਸਦੀ ਤੇ ਕਬਾਇਲੀਆਂ 'ਤੇ 91 ਫੀਸਦੀ ਵਧੇ ਹਨ। 2023 ਵਿੱਚ 57,789 ਮਾਮਲੇ ਦਰਜ ਹੋਏ, ਜਿਨ੍ਹਾਂ ਵਿੱਚ ਯੂ ਪੀ ਸਭ ਤੋਂ ਉੱਪਰ (15,368 ਮਾਮਲੇ, 26.6 ਫੀਸਦੀ) ਸੀ। ਮੱਧ ਪ੍ਰਦੇਸ਼, ਰਾਜਸਥਾਨ ਤੇ ਬਿਹਾਰ ਉਸ ਦੇ ਪਿੱਛੇ-ਪਿੱਛੇ ਸਨ। ਇਨ੍ਹਾਂ ਰਾਜਾਂ ਵਿੱਚ ਭਾਜਪਾ ਦਾ ਰਾਜ ਹੈ। ਕੀ ਇਹ ਸੰਜੋਗ ਹੈ ਕਿ ਭਾਜਪਾ ਰਾਜਾਂ ਵਿੱਚ ਦਲਿਤਾਂ 'ਤੇ ਅੱਤਿਆਚਾਰ ਸਿਖਰਾਂ 'ਤੇ ਹੈ? ਸੰਵਿਧਾਨ ਨਿਰਮਾਤਾ ਡਾ. ਬੀ ਆਰ ਅੰਬੇਡਕਰ ਨੇ ਕਿਹਾ ਸੀ ਕਿ ਦਲਿਤ 'ਤੇ ਅੱਤਿਆਚਾਰਾਂ ਦਾ ਸਰੋਤ ਹਿੰਦੂ ਧਰਮ ਹੈ। ਉਨ੍ਹਾ 1927 ਵਿੱਚ ਮਨੂੰ ਸਿਮਰਤੀ ਸਾੜੀ ਸੀ, ਜਿਸ ਵਿੱਚ ਕਿਹਾ ਗਿਆ ਹੈ ਕਿ ਸੇਵਾ ਕਰਨਾ ਸ਼ੂਦਰਾਂ ਦਾ ਧਰਮ ਹੈ। ਉਨ੍ਹਾਂ ਨੂੰ ਸਿੱਖਿਆ ਦਾ ਅਧਿਕਾਰ ਨਹੀਂ। ਮਨੂੰ ਸਿਮਰਤੀ ਦਲਿਤਾਂ ਨੂੰ ਗੁਲਾਮ ਬਣਾਈ ਰੱਖਣ ਦਾ ਦਸਤਾਵੇਜ਼ ਹੈ। ਡਾ. ਅੰਬੇਡਕਰ ਵੱਲੋਂ ਲਿਖਿਆ ਸੰਵਿਧਾਨ ਮਨਜ਼ੂਰ ਹੋਣ ਦੇ ਚਾਰ ਦਿਨ ਬਾਅਦ 30 ਨਵੰਬਰ 1949 ਨੂੰ ਆਰ ਐੱਸ ਐੱਸ ਦੇ ਤਰਜਮਾਨ 'ਆਰਗੇਨਾਈਜ਼ਰ' ਨੇ ਇਸ ਦੀ ਅਲੋਚਨਾ ਕਰਦਿਆਂ ਕਿਹਾ ਸੀ ਕਿ ਸੰਵਿਧਾਨ ਵਿੱਚ ਮਨੂੰ ਸਿਮਰਤੀ ਕਿਉਂ ਨਹੀਂ? ਉਪਰੋਕਤ ਤਿੰਨੇ ਘਟਨਾਵਾਂ ਸਮਾਜ ਵਿੱਚ ਫੈਲਾਏ ਜਾ ਰਹੇ ਮਨੂੰ ਸਿਮਰਤੀ ਦੇ ਜ਼ਹਿਰ ਦਾ ਨਤੀਜਾ ਹਨ। ਲੜਾਈ ਸਿੱਧੀ ਹੋ ਚੁੱਕੀ ਹੈ—ਸੰਵਿਧਾਨ ਜਾਂ ਮਨੂੰ ਸਿਮਰਤੀ। ਲੋਕ ਜਿਹੋ ਜਿਹਾ ਫੈਸਲਾ ਕਰਨਗੇ, ਉਹੋ ਜਿਹਾ ਨਤੀਜਾ ਭੁਗਤਣਗੇ।*

## ਬੌਡੀ-ਲੈਂਗੁਏਜ ਦੇ ਮਾਹਰ

*ਜੇ ਦੇਖਦੇ ਹਲਕੀ ਜਿਹੀ 'ਭਾਫ' ਕਿੱਧਰੇ,*
*ਅੱਗ ਬਾਲ ਕੇ 'ਭਾਂਬੜ' ਬਣਾਇ ਦਿੰਦੇ।*
*'ਹੋਈ' ਦੱਸ ਕੇ ਕਿਸੇ 'ਅਣਹੋਈ' ਤਾਈਂ,*
*ਗੱਲਾਂ ਇੱਕ ਦੀਆਂ ਚਾਰ ਸੁਣਾਇ ਦਿੰਦੇ।*
*'ਖਾਲੀ ਕੁਰਸੀਆਂ' ਦੀ ਫੋਟੋ ਛਾਪ ਕੇ ਜੀ,*
*ਗਿਣਤੀ 'ਕੱਠ ਵਿੱਚ ਘੱਟ ਗਿਣਾਇ ਦਿੰਦੇ।*
*'ਸੁਰਖੀ ਚੱਕਵੀਂ' ਲਾਇ ਕੇ 'ਖਬਰ' 'ਤੇ,*
*ਤਾਣਾ ਕੁਫਰ ਦਾ ਲੰਬਾ 'ਤਣਾਇ' ਦਿੰਦੇ।*
*ਵਿਊਜ਼ ਲਾਈਕ ਕਮੈਂਟਾਂ ਲਈ ਤੜਫਦੇ ਨੇ,*
*ਹੁਣ ਲੋਕਾਂ ਦੀ ਨਜ਼ਰ ਵਿੱਚ ਜ਼ਾਹਰ ਹੋ ਗਏ।*
*ਲਿਖਣੀ ਠੀਕ ਮਾਂ-ਬੋਲੀ ਕਈ ਜਾਣਦੇ ਨਾ,*
*'ਬੌਡੀ-ਲੈਂਗੁਏਜ' ਪੜ੍ਹਨ ਦੇ ਮਾਹਰ ਹੋ ਗਏ।*

*-ਤਰਲੋਚਨ ਸਿੰਘ ਦੁਪਾਲਪੁਰ, 78146-92724*

# ਰਿਉੜੀਆਂ ਵੰਡਣਾ ਚੋਣਾਵੀ ਰਿਸ਼ਵਤ



ਗੁਰਮੀਤ ਸਿੰਘ ਪਲਾਹੀ

ਨਵੰਬਰ 2025 'ਚ ਬਿਹਾਰ 'ਚ ਵਿਧਾਨ ਸਭਾ ਚੋਣਾਂ ਹਨ। ਬਿਹਾਰ ਹੀ ਨਹੀਂ, ਸਮੁੱਚਾ ਦੇਸ਼ ਬਿਹਾਰ ਚੋਣਾਂ ਨੂੰ ਉਤਸੁਕਤਾ ਨਾਲ ਵੇਖ ਰਿਹਾ ਹੈ। ਬਿਹਾਰ ਦੇ ਬੈਂਕ ਖ਼ਾਤਿਆਂ 'ਚ ਬਹਾਰ ਵੇਖਣ ਨੂੰ ਮਿਲ ਰਹੀ ਹੈ। ਬਿਹਾਰ 'ਚ ਸੱਤਾਧਾਰੀਆਂ ਨੇ ਮੁਫ਼ਤ ਸੌਗਾਤਾਂ ਵੰਡਣ ਦਾ ਜਿਵੇਂ ਮੀਂਹ ਵਰ੍ਹਾ ਦਿੱਤਾ ਹੈ।

ਬਾਵਜੂਦ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਇਸ ਵਚਨ, ਕਥਨ ਦੇ, ਜੋ ਉਹਨਾਂ ਅਕਤੂਬਰ 2022 ਦੀਆਂ ਮੱਧ ਪ੍ਰਦੇਸ਼ ਦੀਆਂ ਚੋਣਾਂ 'ਚ ਆਪਣੇ ਮੁਖਾਰਬਿੰਦ ਤੋਂ ਉਚਰਿਆ ਸੀ ਕਿ ਰਿਉੜੀਆਂ ਵੰਡਣਾ ਖ਼ਤਰਨਾਕ ਪ੍ਰਵਿਰਤੀ ਹੈ। ਉਨ੍ਹਾਂ 62,000 ਕਰੋੜ ਰੁਪਏ ਦੀ ਲਾਗਤ ਵਾਲੀਆਂ ਨੌਜਵਾਨਾਂ ਵਾਸਤੇ ਵੱਖੋ-ਵੱਖਰੀਆਂ ਪਹਿਲਾਂ ਦਾ 'ਸ਼ੁਭ ਆਰੰਭ' ਕੀਤਾ, ਜਿਸ ਦਾ ਤੁਰੰਤ ਲਾਭ ਚੋਣਾਂ 'ਚ ਹੋਏਗਾ। ਮੌਜੂਦਾ ਬਿਹਾਰ ਸਰਕਾਰ ਨੇ ਇਕ ਕਰੋੜ ਬਿਹਾਰੀ ਔਰਤਾਂ ਲਈ ਨਕਦ ਰਾਸ਼ੀ, ਗਰੈਜੂਏਟਾਂ ਲਈ 1000 ਰੁਪਏ ਮਾਸਿਕ ਭੱਤਾ, ਨਿਰਮਾਣ ਮਜ਼ਦੂਰਾਂ ਲਈ 5000 ਰੁਪਏ ਅਤੇ ਸਾਰੇ ਘਰਾਂ ਲਈ 125 ਯੂਨਿਟ ਮੁਫ਼ਤ ਬਿਜਲੀ ਦੇਣ ਦਾ ਐਲਾਨ ਕੀਤਾ ਅਤੇ ਬਜ਼ੁਰਗਾਂ ਨੂੰ ਦਿੱਤੀ ਜਾਣ ਵਾਲੀ ਪੈਨਸ਼ਨ 'ਚ ਚੋਖਾ ਵਾਧਾ ਕੀਤਾ। ਚੋਣਾਂ ਤੋਂ ਪਹਿਲਾਂ ਸੁਗਾਤਾਂ ਕੀ ਨੈਤਿਕ ਤੌਰ 'ਤੇ ਠੀਕ ਹਨ?

ਭਾਜਪਾ ਆਪਣੇ ਡਿਗਦੇ ਵਕਾਰ ਦੀ ਪੂਰਤੀ ਲਈ ਪਿਛਲੇ ਕੁਝ ਸਾਲਾਂ ਤੋਂ ਗਰੀਬ ਵੋਟਰਾਂ ਨੂੰ ਭਰਮਾ ਕੇ ਜਿੱਤ ਆਸਾਨ ਬਣਾ ਰਹੀ ਹੈ। ਪਿਛਲੇ ਤਿੰਨ ਸਾਲਾਂ ਵਿੱਚ ਮੱਧ ਪ੍ਰਦੇਸ਼, ਛੱਤੀਸਗੜ੍ਹ, ਰਾਜਸਥਾਨ, ਹਰਿਆਣਾ ਅਤੇ ਮਹਾਰਾਸ਼ਟਰ ਵਿਧਾਨ ਸਭਾ ਚੋਣਾਂ 'ਚ ਰਿਉੜੀਆਂ ਵੰਡ ਕੇ ਹੀ ਇਸ ਨੇ ਸਫ਼ਲਤਾ ਹਾਸਿਲ ਕੀਤੀ, ਭਾਵੇਂ ਕਿ ਮੱਧ ਪ੍ਰਦੇਸ਼ 'ਚ ਖ਼ਾਸ ਕਰਕੇ ਆਰੰਭੀਆਂ ਯੋਜਨਾਵਾਂ ਦੀ ਚੋਣਾਂ ਤੋਂ ਦੋ ਵਰ੍ਹੇ ਬਾਅਦ ਜਿਵੇਂ ਫੂਕ ਹੀ ਨਿਕਲ ਗਈ ਹੈ।

ਸੂਬਾ ਅਤੇ ਕੇਂਦਰ 'ਚ ਹਾਕਮ ਧਿਰਾਂ ਵਿਰੋਧੀ ਦਲਾਂ ਦੇ ਮੁਕਾਬਲੇ ਚੋਣਾਂ ਦੌਰਾਨ ਮੁਫ਼ਤ ਤੋਹਫੇ ਵੰਡਣ 'ਚ ਅੱਵਲ ਹਨ। ਹਾਕਮ ਧਿਰ ਸਰਵਜਨਕ ਧਨ ਅਤੇ ਸਰਕਾਰੀ ਮਸ਼ੀਨਰੀ ਦੀ ਵਰਤੋਂ ਕਲਿਆਣਕਾਰੀ ਪ੍ਰੋਗਰਾਮ ਸ਼ੁਰੂ ਕਰਨ ਦਾ ਮੌਜੂਦਾ ਪ੍ਰੋਗਰਾਮਾਂ ਦਾ ਫੈਲਾਅ ਕਰਨ ਲਈ ਕਰ ਸਕਦੀ ਹੈ ਅਤੇ ਤੁਰੰਤ ਲਾਗੂ ਵੀ ਕਰ ਸਕਦੀ ਹੈ। ਇਸ ਮਾਮਲੇ 'ਚ ਵਿਰੋਧੀ ਧਿਰ ਫਾਡੀ ਰਹਿੰਦੀਆਂ ਹਨ, ਕਿਉਂਕਿ ਉਹਨਾਂ ਕੋਲ ਸਾਧਨ ਸੀਮਤ ਹਨ ਅਤੇ ਦੇਸ਼ 'ਚ ਭਾਜਪਾ ਸਰਕਾਰ ਹੈ, ਜਿਹੜੀ ਹਰ ਚੋਣ ਵੇਲੇ ਵੱਡੀਆਂ ਸੌਗਾਤਾਂ ਐਲਾਨਦੀ ਹੈ। ਨਵੇਂ ਪ੍ਰਾਜੈਕਟਾਂ ਦਾ ਉਦਘਾਟਨ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕਰਦੇ ਹਨ।

ਕਲਿਆਣਕਾਰੀ ਯੋਜਨਾਵਾਂ, ਜਿਹਨਾਂ ਵਿੱਚ ਮੁਫ਼ਤ, ਨਕਦ ਰਾਸ਼ੀ ਵੰਡਣਾ, ਕਰਜ਼ਾ ਮੁਆਫ਼ੀ ਅਤੇ ਗੈਸ ਸਿਲੰਡਰ ਦੇਣਾ, ਲਾਡਲੀ ਬਹਿਨਾ ਯੋਜਨਾ ਦੀ ਮਦਦ ਨਾਲ ਹਾਕਮਾਂ ਨੇ 2023 'ਚ ਮੱਧ ਪ੍ਰਦੇਸ਼ ਜਿੱਤਿਆ। ਮਹਾਰਾਸ਼ਟਰ 'ਚ ਮੌਜੂਦਾ ਸਰਕਾਰ ਨੇ ਵਿਧਾਨ ਸਭਾ ਚੋਣਾਂ ਵੇਲੇ ਨਕਦ ਰਾਸ਼ੀ ਵੰਡ ਜਰੀਏ 18,225 ਕਰੋੜ ਰੁਪਏ ਲੋਕਾਂ ਨੂੰ ਵੰਡੇ।

ਹਰਿਆਣਾ 'ਚ 5000 ਕਰੋੜ, ਮਹਾਰਾਸ਼ਟਰ 'ਚ 36000 ਕਰੋੜ ਦੀਆਂ ਯੋਜਨਾਵਾਂ ਦੀ ਘੋਸ਼ਣਾ ਕੀਤੀ ਗਈ। ਕੁੱਲ ਮਿਲਾ ਕੇ 70,000 ਕਰੋੜ ਦੀਆਂ ਹਨ ਇਹ ਯੋਜਨਾਵਾਂ। ਇਹ ਯੋਜਨਾਵਾਂ ਰਾਜਗ (ਭਾਜਪਾ ਅਤੇ ਭਾਈਵਾਲਾਂ) ਵੱਲੋਂ ਦਿੱਤੀਆਂ ਗਈਆਂ, ਜਦ ਕਿ ਵਿਰੋਧੀ ਦਲ ਆਮ ਆਦਮੀ ਪਾਰਟੀ ਅਤੇ ਕਾਂਗਰਸ ਵੀ ਪੰਜਾਬ, ਹਿਮਾਚਲ ਪ੍ਰਦੇਸ਼, ਕਰਨਾਟਕ ਅਤੇ ਤਿਲੰਗਾਨਾ ਆਦਿ ਵਿੱਚ ਇਸ ਤਰ੍ਹਾਂ ਦੀਆਂ ਯੋਜਨਾਵਾਂ ਚਲਾ ਰਹੇ ਹਨ। ਰਾਜਸਥਾਨ, ਛੱਤੀਸਗੜ੍ਹ ਅਤੇ ਤਿਲੰਗਾਨਾ ਵਿੱਚ ਤਤਕਾਲੀ ਸੱਤਾਧਾਰੀਆਂ ਨੇ ਰਿਉੜੀਆਂ ਵੰਡੀਆਂ ਪਰ ਉਹ ਚੋਣਾਂ 'ਚ ਜਿੱਤ ਨਾ ਸਕੇ।

2010 ਸਾਲ ਰਿਉੜੀਆਂ ਵੰਡਣ ਲਈ ਮਹੱਤਵਪੂਰਨ ਗਿਣਿਆ ਜਾਂਦਾ ਹੈ, ਕਿਉਂਕਿ ਉਸ ਵੇਲੇ ਇਹ ਤੋਹਫੇ ਵੰਡਣਾ ਤਮਿਲਨਾਡੂ ਅਤੇ ਆਂਧਰਾ ਪ੍ਰਦੇਸ਼ (ਦੱਖਣ ਵਿੱਚ) ਸ਼ੁਰੂ ਹੋਇਆ, ਜਿੱਥੇ ਮੁਫ਼ਤ ਲੈਪਟਾਪ ਜਾਂ ਸੋਨਾ ਵੰਡਣ ਦੀ ਪਰੰਪਰਾ ਸ਼ੁਰੂ ਹੋਈ।

ਸਿਆਸੀ ਧਿਰਾਂ ਵੱਲੋਂ ਆਰੰਭੀ ਮੁਫ਼ਤ ਉਪਹਾਰਾਂ ਦੀ ਭੇਡ-ਚਾਲ ਕਲਿਆਣਕਾਰੀ ਯੋਜਨਾਵਾਂ ਸਿਹਤ ਸੇਵਾ, ਸਿੱਖਿਆ, ਬੁਨਿਆਦੀ ਢਾਂਚੇ ਅਤੇ ਵਿਕਾਸ ਦੀਆਂ ਯੋਜਨਾਵਾਂ ਉੱਤੇ ਉਲਟ ਅਸਰ ਪਾਉਂਦੀਆਂ ਹਨ। ਇਹ ਯੋਜਨਾਵਾਂ ਜਿੱਥੇ ਬਜਟ 'ਤੇ ਸੰਕਟ ਪਾਉਂਦੀਆਂ ਹਨ, ਉੱਥੇ ਲੋੜੋਂ ਵੱਧ ਖਰਚੇ ਦਾ ਕਾਰਨ ਵੀ ਬਣਦੀਆਂ ਹਨ।

ਦਿੱਲੀ ਸਥਿਤ ਇੱਕ ਐੱਨ ਜੀ ਓ ਐਸੋਸੀਏਸ਼ਨ ਫਾਰ ਡੈਮੋਕਰੇਟਿਕ ਰਿਫਾਰਮਜ਼ ਦੇ ਅਨੁਸਾਰ 42 ਫ਼ੀਸਦੀ ਤੋਂ ਜ਼ਿਆਦਾ ਵੋਟਰ ਕਿਸੇ ਵਿਸ਼ੇਸ਼ ਉਮੀਦਵਾਰ ਨੂੰ ਵੋਟ ਦੇਣ ਦੇ ਪਿੱਛੇ ਉਮੀਦਵਾਰ ਵੱਲੋਂ ਕਲਿਆਣਕਾਰੀ ਯੋਜਨਾਵਾਂ ਦਾ ਲਾਹਾ ਲੈਣ ਦੀ ਥਾਂ ਨਕਦੀ, ਸ਼ਰਾਬ ਅਤੇ ਮੁਫ਼ਤ ਤੋਹਫਿਆਂ ਨੂੰ ਤਰਜੀਹ ਦਿੰਦੇ ਹਨ।

ਰਾਜ ਦੇ ਧਨ ਦਾ ਵੱਡਾ ਹਿੱਸਾ ਚੁੱਕੇ ਹੋਏ ਕਰਜ਼ੇ ਦਾ ਭੁਗਤਾਨ ਕਰਨ, ਸਰਕਾਰੀ ਕਰਮਚਾਰੀਆਂ ਦੀਆਂ ਤਨਖਾਹਾਂ ਅਤੇ ਸਬਸਿਡੀਆਂ, ਸਿਹਤ ਸਿੱਖਿਆ, ਸਮਾਜ ਸੁਰੱਖਿਆ ਅਜਿਹੀਆਂ ਯੋਜਨਾਵਾਂ @ਤੇ ਖ਼ਰਚਿਆ ਜਾਂਦਾ ਹੈ। ਕਾਫ਼ੀ ਹਿੱਸਾ ਮੁਫ਼ਤ ਯੋਜਨਾਵਾਂ 'ਤੇ ਚਲਿਆ ਜਾਂਦਾ ਹੈ।



ਕਿਆਸ ਕਰੋ ਦਿੱਲੀ ਦੇ 47 ਲੱਖ ਉਪਭੋਗਤਾਵਾਂ ਨੂੰ ਬਿਜਲੀ ਸਬਸਿਡੀ ਮਿਲਦੀ ਸੀ, ਜਿਸ ਵਿੱਚੋਂ 30 ਲੱਖ ਲੋਕਾਂ ਨੂੰ ਪੂਰੀ ਤਰ੍ਹਾਂ ਮੁਫ਼ਤ ਬਿਜਲੀ ਦਿੱਤੀ ਜਾਂਦੀ ਸੀ ਅਤੇ 17 ਲੱਖ ਲੋਕ ਅੱਧਾ ਬਿੱਲ ਦਿੰਦੇ ਸਨ, ਜਿਸ ਦੀ ਵੱਧ ਤੋਂ ਵੱਧ ਰਾਸ਼ੀ 800 ਰੁਪਏ ਸੀ। ਪੰਜਾਬ ਵਿੱਚ ਵੀ ਬਿਜਲੀ ਸੁਵਿਧਾ ਮੁਫ਼ਤ ਹੈ ਤੇ ਔਰਤਾਂ ਲਈ ਸਰਕਾਰੀ ਬੱਸ ਸਫਰ ਮੁਫ਼ਤ ਹੈ। ਇਸ ਉੱਤੇ ਰਾਜ ਦੇ ਸਰਕਾਰੀ ਖਜ਼ਾਨੇ ਦਾ 16 ਫ਼ੀਸਦੀ ਤੋਂ ਜਿਆਦਾ ਖਰਚ ਹੁੰਦਾ ਹੈ।

ਚੋਣਾਂ ਵਿੱਚ ਮੁਫ਼ਤ ਰਿਉੜੀਆਂ ਵੰਡਣਾ ਲਗਾਤਾਰ ਵਧ ਰਿਹਾ ਹੈ। ਖ਼ਾਸ ਕਰਕੇ ਉਨ੍ਹਾਂ ਸੂਬਿਆਂ 'ਚ ਵੱਧ ਜਿੱਥੇ ਅਨਪੜ੍ਹ, ਗਰੀਬ, ਹੱਕਾਂ ਪ੍ਰਤੀ ਨਾ-ਜਾਗਰੂਕ ਲੋਕਾਂ ਦੀ ਗਿਣਤੀ ਵੱਧ ਹੈ। ਯਕੀਨ ਕਰਨਾ ਮੁਸ਼ਕਲ ਹੈ, ਪਰ ਇਹ ਸੱਚ ਸੀ ਕਿ ਬਿਹਾਰ ਆਰਥਿਕ ਤੌਰ 'ਤੇ ਕਰਨਾਟਕ ਅਤੇ ਗੁਜਰਾਤ ਤੋਂ ਵੀ ਅੱਗੇ ਸੀ। ਇਹ ਗੱਲ 1960 ਦੇ ਦਹਾਕੇ ਦੀ ਹੈ, ਪਰ ਵੱਡਾ ਸੱਚ ਅੱਜ ਇਹ ਹੈ ਕਿ ਬਿਹਾਰ ਹੁਣ ਦੇਸ਼ ਦਾ ਸਭ ਤੋਂ ਗਰੀਬ ਸੂਬਾ ਹੈ। ਜਿੱਥੇ ਵੋਟਾਂ ਦੀ ਖ਼ਰੀਦੋ-ਫ਼ਰੋਖਤ, ਧੱਕੇ-ਧੌਂਸ ਨਾਲ ਵੋਟਾਂ ਤਾਂ ਲਈਆਂ ਹੀ ਜਾਂਦੀਆਂ ਹਨ, ਜਾਤ ਦੇ ਨਾਂਅ 'ਤੇ ਵੋਟਾਂ ਤਾਂ ਪੈਂਦੀਆਂ ਹੀ ਹਨ। ਉੱਥੇ ਲੋਕਾਂ ਨੂੰ ਭਰਮਾਉਣ ਲਈ ਰਿਉੜੀਆਂ ਵੰਡਣਾ ਅਤੇ ਪ੍ਰਾਪਤ ਕਰਨਾ ਆਮ ਗੱਲ ਹੈ।

ਸੁਪਰੀਮ ਕੋਰਟ ਨੇ ਚੋਣਾਂ ਤੋਂ ਪਹਿਲਾਂ ਸਿਆਸੀ ਦਲਾਂ ਵੱਲੋਂ ਮੁਫ਼ਤ ਤੋਹਫ਼ੇ ਦੇਣ ਦੇ ਵਾਇਦੇ ਉੱਤੇ ਕਿਹਾ ਕਿ ਅਸੀਂ ਕੁਝ ਲੋਕਾਂ ਨੂੰ ਪਰਜੀਵੀਆਂ (ਮੁਫ਼ਤ ਖੋਰਿਆਂ) ਦਾ ਵਰਗ ਬਣਾ ਰਹੇ ਹਾਂ। ਅਦਾਲਤ ਦੇ ਅਨੁਸਾਰ ਇਸ ਤਰ੍ਹਾਂ ਦੇ ਤੋਹਫੇ ਕੁਝ ਲੋਕਾਂ ਨੂੰ ਰੁਜ਼ਗਾਰ ਲੱਭਣ, ਮੁੱਖ ਧਾਰਾ ਵਿੱਚ ਸ਼ਾਮਿਲ ਹੋਣ ਅਤੇ ਰਾਸ਼ਟਰੀ ਵਿਕਾਸ ਵਿੱਚ ਯੋਗਦਾਨ ਦੇਣ ਦੇ ਮੌਕਿਆਂ ਤੋਂ ਵੰਚਿਤ ਕਰ ਦਿੰਦੇ ਹਨ।

ਅਸਲ 'ਚ ਮੁਫ਼ਤ ਉਪਹਾਰ ਰਿਜ਼ਰਵ ਬੈਂਕ ਆਫ਼ ਇੰਡੀਆ ਅਨੁਸਾਰ ਇੱਕ ਇਹੋ ਜਿਹੀ ਸਰਵਜਨਕ ਕਲਿਆਣਕਾਰੀ ਯੋਜਨਾ ਹੈ, ਜਿਸ ਦੇ ਤਹਿਤ ਮੁਫ਼ਤ ਵਿੱਚ ਚੀਜ਼ਾਂ ਜਾਂ ਸੇਵਾਵਾਂ ਦਿੱਤੀਆਂ ਜਾਂਦੀਆਂ ਹਨ। ਹਾਲਾਂਕਿ ਚੋਣ ਆਯੋਗ ਨੇ ਇਸ ਨੂੰ ਪ੍ਰਭਾਸ਼ਤ ਨਹੀਂ ਕੀਤਾ। ਚਿੰਤਾ ਦੀ ਗੱਲ ਤਾਂ ਇਹ ਹੈ ਕਿ ਮੁਫ਼ਤ ਸੁਵਿਧਾਵਾਂ ਦੇਣ ਨਾਲ ਰਾਜ ਦੀ ਵਿੱਤੀ ਸਥਿਤੀ ਵਿਗੜਦੀ ਹੈ, ਜਿਵੇਂ ਕਿ ਪੰਜਾਬ 'ਚ ਹੋ ਰਿਹਾ ਹੈ। ਵਿਕਾਸ ਕਾਰਜ ਰੁਕ ਜਾਂਦੇ ਹਨ। ਨਾਗਰਿਕਾਂ ਨੂੰ ਦੇਣ ਯੋਗ ਜ਼ਰੂਰੀ ਸੇਵਾਵਾਂ 'ਚ ਵੱਡੀ ਰੁਕਾਵਟ ਪੈਂਦੀ ਹੈ।

ਸਵਾਲ ਪੈਦਾ ਹੁੰਦਾ ਹੈ ਕਿ ਭਾਰਤ ਦੇ ਚੋਣ ਕਮਿਸ਼ਨ ਨੇ ਇਸ ਮਾਮਲੇ 'ਚ ਲਗਭਗ ਚੁੱਪ ਕਿਉਂ ਵੱਟੀ ਹੋਈ ਹੈ? ਚੋਣ ਕਮਿਸ਼ਨ ਨੇ ਸਿਆਸੀ ਪਾਰਟੀਆਂ ਨੂੰ ਆਪਣੇ ਚੋਣ ਮਨੋਰਥ ਪੱਤਰ ਵਿੱਚ ਇੱਕੋ ਸਵਾਲ ਉਠਾਇਆ ਕਿ ਉਹ ਇਹ ਘੋਸ਼ਨਾਵਾਂ ਨੂੰ ਪੂਰੇ ਕਰਨ ਲਈ ਜੁਗਾੜ ਕਿਵੇਂ ਕਰਨਗੇ? ਪਰ ਇਸ ਨੂੰ ਰੋਕਣ ਲਈ ਕੋਈ ਕਦਮ ਨਹੀਂ ਪੁੱਟੇ ਜਾ ਰਹੇ। ਹਾਲਾਂਕਿ ਰਿਜ਼ਰਵ ਬੈਂਕ ਆਫ਼ ਇੰਡੀਆ ਸਰਕਾਰ ਨੂੰ ਜਿਤਾ ਰਹੀ ਹੈ ਕਿ ਲੋੜੋਂ ਵੱਧ ਮੁਫ਼ਤ ਯੋਜਨਾਵਾਂ 'ਤੇ ਹੋਣ ਵਾਲੇ ਖ਼ਰਚੇ ਨਾਲ ਸਰਕਾਰੀ ਖਜ਼ਾਨੇ 'ਤੇ ਪੈਣ ਵਾਲਾ ਬੋਝ ਚੁੱਕਿਆ ਨਹੀਂ ਜਾਏਗਾ, ਜਿਸ ਨਾਲ ਖਜ਼ਾਨਾ ਘਟੇਗਾ ਅਤੇ ਕਰਜ਼ਾ ਹੋਰ ਵਧੇਗਾ। ਇਸ ਦੀ ਕੀਮਤ ਆਮਦਨ ਟੈਕਸ ਦੇਣ ਵਾਲੇ ਜਾਂ ਹੋਰ ਟੈਕਸ ਵਾਲਿਆਂ ਨੂੰ ਚੁਕਾਉਣੀ ਪਵੇਗੀ।

ਲੋੜ ਹੈ ਵੋਟਾਂ ਖ਼ਾਤਰ ਜਾਰੀ ਮੁਫ਼ਤ ਸੁਵਿਧਾਵਾਂ ਰੋਕੀਆਂ ਜਾਣ। ਚੋਣ ਮਨੋਰਥ ਪੱਤਰਾਂ ਪ੍ਰਤੀ ਸਿਆਸੀ ਪਾਰਟੀਆਂ ਦੀ ਜਵਾਬਦੇਹੀ ਵਧਾਈ ਜਾਵੇ, ਨਹੀਂ ਤਾਂ ਮੁਫ਼ਤ ਸੁਵਿਧਾਵਾਂ ਦੇਸ਼ ਦੇ ਅਰਥਚਾਰੇ ਨੂੰ ਤਬਾਹ ਕਰ ਦੇਣਗੀਆਂ ਅਤੇ ਇਸ ਦੀ ਸਿੱਧੀ ਜ਼ੁੰਮੇਵਾਰੀ ਸਿੱਧੀ ਸਿਆਸਤਦਾਨਾਂ ਅਤੇ ਹਾਕਮਾਂ ਦੀ ਹੋਵੇਗੀ।

ਚੋਣਾਂ ਦੇ ਮਨੋਰਥ ਪੱਤਰਾਂ ਸੰਬੰਧੀ ਮੁਫ਼ਤ ਸੁਵਿਧਾਵਾਂ ਨੂੰ ਮਦਰਾਸ ਹਾਈ ਕੋਰਟ ਵਿੱਚ ਪ੍ਰਸਿੱਧ ਵਕੀਲ ਸੁਬਰਾਮਨੀਅਮ ਬਾਲਾ ਜੀ ਨੇ ਚੋਣ ਅਪਰਾਧ ਕਿਹਾ ਅਤੇ ਨਾਲ ਹੀ ਕਿਹਾ ਕਿ ਇਹ ਸੰਵਿਧਾਨਿਕ ਪ੍ਰਵਧਾਨ ਦੇ ਵਿਰੁੱਧ ਹੈ ਅਤੇ ਇਹ ਵੀ ਕਿਹਾ ਕਿ ਜਨ ਪ੍ਰਤੀਨਿਧ ਐਕਟ ਦੀ ਧਾਰਾ 123 ਦੇ ਤਹਿਤ ਚੋਣਾਵੀ ਰਿਸ਼ਵਤ ਹੈ।

**# ਸੰਪਰਕ : 98158-02070**

**ਬਰਸੀ 'ਤੇ ਵਿਸ਼ੇਸ਼**

# ਮਹਾਨ ਕ੍ਰਾਂਤੀਕਾਰੀ ਦੁਰਗਾ ਭਾਬੀ

**ਪਿਰਥੀਪਾਲ ਸਿੰਘ ਮਾੜੀਮੇਘਾ**

ਮਹਾਨ ਵੀਰਾਂਗਣਾ ਦੁਰਗਾ ਭਾਬੀ ਦਾ ਜਨਮ 7 ਅਕਤੂਬਰ 1907 ਨੂੰ ਪੰਡਤ ਬਾਂਕੇ ਬਿਹਾਰੀ ਲਾਲ ਅਤੇ ਮਾਤਾ ਯਮੁਨਾ ਦੇਵੀ ਬ੍ਰਾਹਮਣ ਦੇ ਘਰ ਅਲਾਹਬਾਦ ਵਿਖੇ ਹੋਇਆ। ਦੁਰਗਾ ਵਿਆਹ ਤੋਂ ਪਹਿਲਾਂ ਸਿਰਫ਼ ਤੀਸਰੀ ਜਮਾਤ ਤੱਕ ਪੜ੍ਹੀ ਸੀ।

ਦੁਰਗਾ ਦੇਵੀ ਦਾ ਵਿਆਹ 11 ਸਾਲ ਦੀ ਉਮਰ ਵਿੱਚ ਮਈ 1918 ਵਿੱਚ ਭਗਵਤੀ ਚਰਨ ਵੋਹਰਾ ਨਾਲ ਹੋ ਗਿਆ। ਦੁਰਗਾ ਦੇ ਵਿਆਹ ਸਮੇਂ ਦਾਜ ਵਿੱਚ ਘੋੜਾ ਬੱਗੀ ਅਤੇ ਮੋਟਰਸਾਈਕਲ ਦਿੱਤਾ ਗਿਆ ਸੀ। ਭਗਵਤੀ ਚਰਨ ਵੋਹਰਾ ਮਹਾਤਮਾ ਗਾਂਧੀ ਦੇ ਅਸਹਿਯੋਗ ਅੰਦੋਲਨ ਤੋਂ ਪ੍ਰਭਾਵਿਤ ਹੋ ਕੇ ਆਜ਼ਾਦੀ ਸੰਗਰਾਮ ਵਿੱਚ ਕੁੱਦ ਪਿਆ। ਜਦੋਂ ਗਾਂਧੀ ਜੀ ਨੇ ਅੰਦੋਲਨ ਵਾਪਸ ਲੈ ਲਿਆ ਤੇ ਭਗਵਤੀ ਚਰਨ ਵੋਹਰਾ ਨੇ ਕਾਂਗਰਸ ਪਾਰਟੀ ਛੱਡ ਦਿੱਤੀ।ਦੁਰਗਾ ਵਿਆਹ ਤੋਂ ਬਾਅਦ ਜਦੋਂ ਆਪਣੇ ਪਤੀ ਭਗਵਤੀ ਚਰਨ ਵੋਹਰਾ ਕੋਲ ਲਾਹੌਰ ਆਈ ਤੇ ਉਸ ਨੇ ਦੁਰਗਾ ਦੀ ਪੜ੍ਹਾਈ ਦਾ ਸੁਪਨਾ ਪੂਰਾ ਕੀਤਾ। ਦੁਰਗਾ ਦੇਵੀ ਕੰਨਿਆਂ ਮਹਾਂਵਿਦਿਆਲਾ ਵਿੱਚ ਹਿੰਦੀ ਦੀ ਅਧਿਆਪਕ ਲੱਗ ਗਈ ਅਤੇ 1930 ਤੱਕ ਪੜ੍ਹਾਉਂਦੀ ਰਹੀ।

ਭਗਵਤੀ ਚਰਨ ਵੋਹਰਾ ਦੇ ਬਾਪ ਸ਼ਿਵ ਚਰਨ ਵੋਹਰਾ ਨੂੰ 1919 ਵਿੱਚ ਰਾਏ ਸਾਹਿਬ ਦਾ ਖਿਤਾਬ ਮਿਲਣ ਕਰਕੇ ਉਨ੍ਹਾ ਘਰ ਵਿੱਚ ਪਾਰਟੀ ਰੱਖ ਲਈ। ਭਗਵਤੀ ਚਰਨ ਵੋਹਰਾ ਨੂੰ ਅੰਗਰੇਜ਼ ਅਫਸਰਾਂ ਨਾਲ ਸੰਬੰਧ ਚੰਗੇ ਨਹੀਂ ਸਨ ਲਗਦੇ ਸਨ। ਭਗਵਤੀ ਬਾਪ ਨੂੰ ਦੱਸੇ ਬਗੈਰ ਦੁਰਗਾ ਦੇਵੀ ਨੂੰ ਇਹ ਕਹਿ ਕੇ ਘਰੋਂ ਚਲੇ ਗਿਆ ਕਿ ਮੈਨੂੰ ਜ਼ਰੂਰੀ ਕੰਮ ਹੈ, ਹੁਣ ਤੂੰ ਮੇਰੇ ਪਿੱਛੋਂ ਹਾਲਾਤ ਨੂੰ ਸੰਭਾਲ ਲੈਣਾ। 1920 ਵਿੱਚ ਭਗਵਤੀ ਚਰਨ ਵੋਹਰਾ ਦੇ ਪਿਤਾ ਦੀ ਮੌਤ ਹੋ ਗਈ। ਉਹ ਆਪਣੇ ਪੁੱਤਰ ਚਰਨ ਵੋਹਰਾ ਲਈ ਤਿੰਨ ਮਕਾਨ ਅਤੇ 30000/ ਹਜ਼ਾਰ ਰੁਪਏ ਛੱਡ ਗਿਆ। ਭਗਵਤੀ ਚਰਨ ਵੋਹਰਾ ਦੇ ਤਿੰਨੇ ਮਕਾਨ ਇਨਕਲਾਬੀਆਂ ਦਾ ਅੱਡਾ ਬਣ ਗਏ। ਇਨਾਂ ਅੱਡਿਆਂ ਤੋਂ ਦੁਰਗਾ ਦੇਵੀ ਬਹੁਤ ਖੁਸ਼ ਸੀ। ਇਨਕਲਾਬੀ ਸਾਥੀ ਦੁਰਗਾ ਦੇਵੀ ਨੂੰ ਸਤਿਕਾਰਤ ਸ਼ਬਦ 'ਭਾਬੀ' ਨਾਲ ਬੁਲਾਉਂਦੇ ਸਨ। ਇਸ ਤਰ੍ਹਾਂ ਦੁਰਗਾ ਦੇਵੀ ਕ੍ਰਾਂਤੀਕਾਰੀਆਂ ਦੀ 'ਇਨਕਲਾਬੀ ਭਾਬੀ' ਬਣ ਗਈ। ਇਨਕਲਾਬੀਆਂ ਦੇ ਇਹਨਾਂ ਅੱਡਿਆਂ ਦਾ ਸਾਰਾ ਖਰਚਾ ਵੋਹਰਾ ਪ੍ਰਵਾਰ ਝੱਲਦਾ ਸੀ।



ਇਨਕਲਾਬੀ ਦੁਰਗਾ ਭਾਬੀ ਦੇ ਘਰ 3 ਦਸੰਬਰ 1925 ਨੂੰ ਲੜਕੇ ਨੇ ਜਨਮ ਲਿਆ, ਜਿਸ ਦਾ ਨਾਂਅ ਸੁਚਿੰਦਰ ਸ਼ਚੀ ਰੱਖਿਆ। ਭਗਵਤੀ ਚਰਨ ਵੋਹਰਾ 'ਤੇ ਜੈਚੰਦ ਵਿਦਿਆਲੰਕਾਰ ਨੇ ਇਲਜ਼ਾਮ ਲਾ ਦਿੱਤਾ ਕਿ ਉਹ ਪੁਲਸ ਦਾ ਮੁਖ਼ਬਰ ਹੈ। ਭਗਵਤੀ ਚਰਨ ਵੋਹਰਾ ਨੇ ਅਜਿਹੇ ਹਾਲਾਤ ਵਿੱਚ ਦੁਰਗਾ ਦੇਵੀ ਨੂੰ 500 ਰੁਪਏ ਦਿੱਤੇ ਤੇ ਕਿਹਾ ਕਿ ਜੇਕਰ ਕਿਸੇ ਵੀ ਮੁਸ਼ਕਲ ਸਮੇਂ ਸੁਖਦੇਵ ਨੂੰ ਰੁਪਿਆਂ ਦੀ ਜ਼ਰੂਰਤ ਪਵੇ ਤੇ ਉਸ ਨੂੰ ਇਹ ਦੇ ਦੇਣੇ। ਭਗਵਤੀ ਕਲਕੱਤੇ ਜਾ ਕੇ ਉਥੋਂ ਦੇ ਕ੍ਰਾਂਤੀਕਾਰੀਆਂ ਨਾਲ ਕੰਮ ਕਰਨ ਲੱਗ ਪਿਆ।

ਲਾਹੌਰ ਵਿਖੇ 17 ਦਸੰਬਰ 1928 ਨੂੰ ਸਾਂਡਰਸ ਦੇ ਕਤਲ ਪਿੱਛੋਂ ਹਾਲਾਤ ਬਹੁਤ ਹੀ ਮੁਸ਼ਕਲ ਵਾਲੇ ਬਣ ਗਏ। ਕ੍ਰਾਂਤੀਕਾਰੀਆਂ ਕੋਲ ਪੈਸੇ ਦੀ ਬਹੁਤ ਘਾਟ ਆ ਗਈ। ਦੂਜੇ ਬੰਨੇ ਪੁਲਸ ਇਨਕਲਾਬੀਆਂ ਨੂੰ ਫੜਨ ਵਾਸਤੇ ਦੌੜੀ ਫਿਰਦੀ ਸੀ। ਕਿਸੇ ਵੇਲੇ ਵੀ ਚੰਦਰ ਸ਼ੇਖਰ ਆਜ਼ਾਦ, ਸੁਖਦੇਵ, ਰਾਜਗੁਰੂ ਤੇ ਭਗਤ ਸਿੰਘ ਨੂੰ ਪੁਲਸ ਫੜ ਸਕਦੀ ਸੀ। ਇਸ ਪ੍ਰਸਥਿਤੀ ਵਿੱਚ ਸੁਖਦੇਵ ਦੁਰਗਾ ਭਾਬੀ ਕੋਲ ਗਿਆ ਤੇ ਤੇ ਇਸ ਔਖੇ ਹਾਲਾਤ ਵਿੱਚ ਮਦਦ ਮੰਗੀ। ਦੁਰਗਾ ਭਾਬੀ ਸਮਝ ਗਈ ਤੇ ਉਸ ਨੇ ਵੋਹਰਾ ਵਾਲੇ 500/ ਰੁਪਏ ਸੁਖਦੇਵ ਨੂੰ ਦੇ ਦਿੱਤੇ। ਸੁਖਦੇਵ ਨੇ ਭਾਬੀ ਨੂੰ ਕਿਹਾ ਇਕੱਲੇ ਪੈਸੇ ਹੀ ਨਹੀਂ ਤੈਨੂੰ ਭਗਤ ਸਿੰਘ ਦੀ ਪਤਨੀ ਬਣ ਕੇ ਉਨ੍ਹਾ ਨੂੰ ਲਾਹੌਰ 'ਚੋਂ ਕੱਢਣਾ ਹੋਵੇਗਾ। ਦੁਰਗਾ ਨੇ ਰਤੀ ਜਿੰਨੀ ਪਰਵਾਹ ਨਾ ਕੀਤੀ।

ਦੁਰਗਾ ਭਾਬੀ ਤੇ ਭਗਤ ਸਿੰਘ ਨੇ ਅੰਗਰੇਜ਼ਾਂ ਦਾ ਰੂਪ ਧਾਰ ਲਿਆ। ਭਗਤ ਸਿੰਘ ਨੇ ਸ਼ਚੀ ਨੂੰ ਕੁੱਛੜ ਚੁੱਕਿਆ ਹੋਇਆ ਸੀ। ਰਾਜਗੁਰੂ ਉਨ੍ਹਾਂ ਦਾ ਕੁੱਲੀ ਬਣ ਗਿਆ।ਚੰਦਰ ਸ਼ੇਖਰ ਆਜ਼ਾਦ ਇੱਕ ਸਾਧ ਬਣ ਗਿਆ।ਭਗਤ ਸਿੰਘ, ਦੁਰਗਾ ਭਾਬੀ ਤੇ ਸ਼ਚੀ ਕਲਕੱਤੇ ਸਟੇਸ਼ਨ 'ਤੇ ਪਹੁੰਚੇ ਤੇ ਅੱਗੇ ਭਗਵਤੀ ਚਰਨ ਵੋਹਰਾ ਉਡੀਕ ਕਰ ਰਿਹਾ ਸੀ। ਭਗਵਤੀ ਨੇ ਦੁਰਗਾ ਵੋਹਰਾ ਨੂੰ ਭਗਤ ਸਿੰਘ ਨਾਲ ਇਸ ਰੂਪ ਵਿੱਚ ਵੇਖ ਕੇ ਬੜਾ ਮਾਣ ਮਹਿਸੂਸ ਕੀਤਾ। ਖੁਸ਼ੀ ਵਿੱਚ ਦੁਰਗਾ ਦੀ ਪਿੱਠ ਥਪਾਉਂਦੇ ਹੋਏ ਇਹ ਵੀ ਕਹਿ ਦਿੱਤਾ ਕਿ ਅਸਲ ਵਿੱਚ ਸਾਡਾ ਵਿਆਹ ਅੱਜ ਹੀ ਹੋਇਆ ਹੈ।

ਭਗਵਤੀ ਚਰਨ ਵੋਹਰਾ ਦੇ ਸੁਨੇਹੇ 'ਤੇ ਦੁਰਗਾ ਸ਼ਚੀ ਨੂੰ ਲੈ ਕੇ 8 ਅਪ੍ਰੈਲ 1929 ਨੂੰ ਦਿੱਲੀ ਪਹੁੰਚ ਗਈ। ਦੁਰਗਾ ਘਰੋਂ ਖਾਣਾ ਬਣਾ ਕੇ ਲਿਆਈ ਸੀ। ਭਗਤ ਸਿੰਘ ਤੇ ਸੁਖਦੇਵ ਉਡੀਕ ਕਰ ਰਹੇ ਸਨ। ਬਾਗ਼ ਵਿੱਚ ਇਕੱਠਿਆਂ ਨੇ ਖਾਣਾ ਖਾਧਾ। ਸੁਸ਼ੀਲਾ ਦੀਦੀ ਨੇ ਉਂਗਲ 'ਤੇ ਸੂਈ ਮਾਰ ਕੇ ਖ਼ੂਨ ਕੱਢਿਆ ਤੇ ਭਗਤ ਸਿੰਘ ਦੇ ਮੱਥੇ 'ਤੇ ਖ਼ੂਨ ਦਾ ਟਿੱਕਾ ਲਾ ਦਿੱਤਾ। ਇਨਕਲਾਬ ਜ਼ਿੰਦਾਬਾਦ ਅਤੇ ਅੰਗਰੇਜ਼ ਸਰਕਾਰ ਮੁਰਦਾਬਾਦ ਦੇ ਨਾਅਰੇ ਲਾਏ ਅਤੇ ਭਗਤ ਸਿੰਘ ਅਸੰਬਲੀ ਵਿੱਚ ਬੰਬ ਸੁੱਟਣ ਚਲੇ ਗਿਆ। ਬੰਬ ਸੁੱਟਣ ਸਮੇਂ ਸੁਖਦੇਵ, ਦੁਰਗਾ ਭਾਬੀ ਅਤੇ ਸੁਸ਼ੀਲਾ ਦੀਦੀ ਅਸੰਬਲੀ ਦੇ ਨੇੜੇ ਹੀ ਰਹੇ।

ਜਦੋਂ ਭਗਤ ਸਿੰਘ ਤੇ ਬੁਟਕੇਸ਼ਵਰ ਦੱਤ ਨੂੰ ਪੁਲਸ ਅਲੱਗ-ਅਲੱਗ ਲਿਜਾ ਰਹੀ ਸੀ ਤੇ ਦੁਰਗਾ ਭਾਬੀ, ਸੁਸ਼ੀਲਾ ਅਤੇ ਸ਼ਚੀ ਨੇ ਟਾਂਗੇ ਵਿੱਚ ਬੈਠਿਆਂ ਹੀ ਭਗਤ ਸਿੰਘ ਨੂੰ ਵਿਦਾ ਕੀਤਾ। ਸ਼ਚੀ ਭਗਤ ਸਿੰਘ ਨੂੰ ਵੇਖ ਕੇ ਉੱਚੀ ਸਾਰੀ ਕਹਿੰਦਾ ਲੰਬੂ ਚਾਚਾ! ਦੁਰਗਾ ਨੇ ਸ਼ਚੀ ਦਾ ਮੂੰਹ ਹੱਥ ਨਾਲ ਬੰਦ ਕਰ ਦਿੱਤਾ ਕਿ ਕਿਤੇ ਪੁਲਸ ਤੱਕ ਆਵਾਜ਼ ਨਾ ਪਹੁੰਚ ਜਾਵੇ। ਪੁਲਸ ਨੂੰ ਤੇ ਪਤਾ ਨਹੀਂ ਲੱਗਾ, ਪਰ ਭਗਤ ਸਿੰਘ ਤੱਕ ਆਵਾਜ਼ ਪਹੁੰਚ ਗਈ ਤੇ ਉਸ ਨੇ ਮੁੜ ਕੇ ਵੇਖਿਆ।

ਦੁਰਗਾ ਦੇਵੀ ਦਾ ਪਤੀ ਭਗਵਤੀ ਚਰਨ ਵੋਹਰਾ 'ਤੇ ਬੰਬ ਦਾ ਪ੍ਰੀਖਣ ਕਰਦਿਆਂ ਹੋਇਆਂ 28 ਮਈ 1930 ਨੂੰ ਸ਼ਹੀਦ ਹੋ ਗਿਆ। ਇਹ ਬੰਬ ਭਗਤ ਸਿੰਘ ਨੂੰ ਜੇਲ੍ਹ 'ਚੋਂ ਛੁਡਾਉਣ ਵੇਲੇ ਵਰਤਣਾ ਸੀ। ਜਦੋਂ ਦੁਰਗਾ ਭਾਬੀ ਨੂੰ ਭਗਤ ਸਿੰਘ ਨੂੰ ਜੇਲ੍ਹ ਚੋਂ ਛੁਡਾਉਣ ਦਾ ਪਤਾ ਲੱਗਾ ਤੇ ਉਹ ਚੰਦਰ ਸ਼ੇਖਰ ਆਜ਼ਾਦ ਨੂੰ ਕਹਿੰਦੀ-ਪਹਿਲਾਂ ਇਹ ਕੰਮ ਭਗਵਤੀ ਚਰਨ ਵੋਹਰਾ ਨੇ ਕਰਨਾ ਸੀ, ਹੁਣ ਮੈਨੂੰ ਇਹ ਕੰਮ ਕਰਨ ਦੀ ਇਜਾਜ਼ਤ ਦਿੱਤੀ ਜਾਵੇ, ਪਰ ਸ਼ਚੀ ਛੋਟਾ ਹੋਣ ਕਰਕੇ ਆਜ਼ਾਦ ਨਾ ਮੰਨਿਆ। ਹਕੀਕਤ ਵਿੱਚ ਦੁਰਗਾ ਭਾਬੀ ਕਰਾਂਤੀਕਾਰੀ ਸਰਗਰਮੀਆਂ ਕਾਰਨ ਹੁਣ ਕ੍ਰਾਂਤੀਕਾਰੀ ਵੀਰਾਂਗਣਾ ਬਣ ਚੁੱਕੀ ਸੀ।ਦੁਰਗਾ ਦੇਵੀ ਵੀਰਾਂਗਣਾ ਨੇ ਬੰਬਈ ਵਿੱਚ ਇੱਕ ਐਕਸ਼ਨ ਦੌਰਾਨ 9 ਅਕਤੂਬਰ 1930 ਨੂੰ ਲੈਮਿੰਗਟਨ ਰੋਡ 'ਤੇ ਅੰਗਰੇਜ਼ ਗਵਰਨਰ ਸਮਝ ਕੇ ਇੱਕ ਅਫਸਰ ਅੰਗਰੇਜ਼ ਟੈਲਰ ਨੂੰ ਗੋਲੀਆਂ ਮਾਰ ਕੇ ਜ਼ਖ਼ਮੀ ਕਰ ਦਿੱਤਾ। ਦੁਰਗਾ ਪੁਲਸ ਦੇ ਹੱਥ ਨਾ ਆਈ ਤੇ ਬੰਬਈ 'ਚੋਂ ਨਿਕਲਣ ਵਿੱਚ ਕਾਮਯਾਬ ਹੋ ਗਈ।ਵੀਰਾਂਗਣਾ ਦੁਰਗਾ ਦੇਵੀ ਨੇ ਅਖੀਰ ਮਨ ਬਣਾ ਲਿਆ ਕੇ ਲਾਹੌਰ ਜਾ ਕੇ ਗ੍ਰਿਫਤਾਰੀ ਦੇ ਦਿੱਤੀ ਜਾਵੇ। ਉਸ ਨੂੰ ਆਪਣੇ ਘਰੋਂ ਪੁਲਸ ਨੇ 14 ਸਤੰਬਰ 1932 ਨੂੰ ਗ੍ਰਿਫਤਾਰ ਕਰ ਲਿਆ। ਵੀਰਾਂਗਣਾ ਦੁਰਗਾ ਨੂੰ ਇਸ ਕੇਸ ਵਿੱਚ 6 ਮਹੀਨੇ ਦੀ ਸਜ਼ਾ ਹੋਈ। ਜੇਲ੍ਹ ਦੇ ਤਸੀਹਿਆਂ ਨਾਲ ਦੁਰਗਾ ਦੀ ਸਿਹਤ ਖਰਾਬ ਹੋ ਗਈ ਤੇ ਅਖੀਰ ਉਨ੍ਹਾ ਦੀ 15 ਅਕਤੂਬਰ 1999 ਨੂੰ ਮੌਤ ਹੋ ਗਈ।

**# ਜਨਰਲ ਸਕੱਤਰ ਦੇਸ਼ ਭਗਤ ਯਾਦਗਾਰ ਕਮੇਟੀ, ਜਲੰਧਰ।**
**ਸੰਪਰਕ : 98760-78731**

# ਭਾਰਤ-ਅ.ਫਗਾਨਿਸਤਾਨ 'ਚ ਮਜ਼ਬੂਤ ਹੋ ਰਹੇ ਸੰਬੰਧ

ਅਗਸਤ 2021 ਤੋਂ ਭਾਵ ਜਦੋਂ ਤੋਂ ਤਾਲਿਬਾਨ ਨੇ ਦੇਸ਼ ਦੀ ਕਮਾਨ ਆਪਣੇ ਹੱਥ ਵਿਚ ਲਈ ਹੈ, ਇਹ ਅਫ਼ਗਾਨਿਸਤਾਨ ਦੇ ਵਿਦੇਸ਼ ਮੰਤਰੀ ਆਮਿਰ ਖਾਨ ਮੁੱਤਕੀ ਦਾ ਭਾਰਤ ਦਾ ਪਹਿਲਾ ਦੌਰਾ ਹੈ। ਇਸ ਦੌਰੇ ਨੂੰ ਬਹੁਤ ਹੀ ਮਹੱਤਵਪੂਰਨ ਅਤੇ ਪ੍ਰਤੀਕਾਤਮਕ ਰੂਪ ਵਿੱਚ ਵੇਖਿਆ ਜਾ ਰਿਹਾ ਹੈ, ਖਾਸ ਕਰਕੇ ਇਸ ਲਈ ਕਿ ਤਾਲਿਬਾਨ ਦੀ ਸਰਕਾਰ ਨੂੰ ਭਾਰਤ ਨੇ ਅਜੇ ਤੱਕ ਅਧਿਕਾਰਤ ਤੌਰ 'ਤੇ ਮਾਨਤਾ ਨਹੀਂ ਦਿੱਤੀ।

ਇਸ ਦੌਰੇ ਕਈ ਸੰਭਾਵਤ ਅਰਥ ਅਤੇ ਪੱਖ ਹੋ ਸਕਦੇ ਹਨ। ਸਭ ਤੋਂ ਪਹਿਲਾਂ ਜੇ ਅਸੀਂ ਰਾਜਨੀਤਿਕ ਸੰਕੇਤਾਂ ਜਾਂ ਸੰਬੰਧਾਂ ਦੀ ਬਹਾਲੀ ਦੀ ਗੱਲ ਕਰੀਏ ਤਾਂ ਇਹ ਦੌਰਾ ਦੱਸਦਾ ਹੈ ਕਿ ਦੋਵੇਂ ਪੱਖ ਭਾਰਤ ਅਤੇ ਤਾਲਿਬਾਨ ਅਮਲੀ ਪੱਧਰ 'ਤੇ ਸੰਬੰਧਾਂ ਨੂੰ ਸੁਧਾਰਨ ਵਿੱਚ ਰੁਚੀ ਰੱਖਦੇ ਹਨ, ਹਾਲਾਂਕਿ ਅਜੇ ਤੱਕ ਰਸਮੀ ਤੌਰ 'ਤੇ ਸੰਬੰਧ ਬਹਾਲ ਨਹੀਂ ਹੋਏ। ਭਾਰਤ-ਅਫ਼ਗਾਨਿਸਤਾਨ ਵਿਚ ਸਥਿਰਤਾ ਅਤੇ ਖੇਤਰੀ ਸੁਰੱਖਿਆ ਲਈ ਇਕ ਮਹੱਤਵਪੂਰਨ ਧਿਰ ਰਿਹਾ ਹੈ।

ਜੇ ਅਸੀਂ ਖੇਤਰੀ ਪ੍ਰਭਾਵ ਦੀ ਗੱਲ ਕਰੀਏ ਤਾਂ ਚੀਨ ਪਾਕਿਸਤਾਨ, ਇਰਾਨ ਅਤੇ ਰੂਸ ਪਹਿਲਾਂ ਹੀ ਤਾਲਿਬਾਨ ਨਾਲ ਵੱਖ-ਵੱਖ ਪੱਧਰਾਂ 'ਤੇ ਸੰਬੰਧ ਬਣਾ ਚੁੱਕੇ ਹਨ, ਤਾਂ ਭਾਰਤ ਵੀ ਇਸ ਮੈਦਾਨ ਵਿਚ ਪਿੱਛੇ ਨਹੀਂ ਰਹਿਣਾ ਚਾਹੁੰਦਾ। ਇਹ ਦੌਰਾ ਭਾਰਤ ਦੇ ਇਸ ਇਰਾਦੇ ਦੀ ਨਿਸ਼ਾਨੀ ਹੋ ਸਕਦਾ ਹੈ ਕਿ ਉਹ ਅਫ਼ਗਾਨਿਸਤਾਨ ਵਿੱਚ ਆਪਣੀ ਸਥਿਤੀ ਬਣਾਈ ਰੱਖਣਾ ਚਾਹੁੰਦਾ ਹੈ, ਖਾਸ ਕਰਕੇ ਆਰਥਿਕ ਅਤੇ ਸੁਰੱਖਿਆ ਹਿੱਤਾਂ ਦੇ ਤਹਿਤ।

ਤਾਲਿਬਾਨ ਸਰਕਾਰ ਭਾਰਤ ਤੋਂ ਮਾਨਵਤਾਵਾਦੀ ਆਧਾਰ 'ਤੇ ਮਦਦ ਅਤੇ ਪਹਿਲਾਂ ਦੇ ਵਿਕਾਸ ਕਾਰਜਾਂ ਦੀ ਬਹਾਲੀ ਦੀ ਉਮੀਦ ਰੱਖਦੀ ਹੈ। ਭਾਰਤ ਨੇ ਪਿਛਲੇ ਸਮੇਂ 'ਚ ਅਫ਼ਗਾਨਿਸਤਾਨ ਵਿੱਚ ਕਈ ਮਹੱਤਵਪੂਰਨ ਪ੍ਰੋਜੈਕਟ (ਜਿਵੇਂ ਸੰਸਦ ਭਵਨ, ਸੜਕਾਂ, ਹਸਪਤਾਲ) ਪੂਰੇ ਕੀਤੇ, ਜਿਨ੍ਹਾਂ ਨੂੰ ਤਾਲਿਬਾਨ ਸਰਕਾਰ ਦੁਬਾਰਾ ਚਲਦਾ ਦੇਖਣਾ ਚਾਹੁੰਦੀ ਹੈ।ਹਾਲਾਂਕਿ ਭਾਰਤ ਨੇ ਤਾਲਿਬਾਨ ਸਰਕਾਰ ਨੂੰ ਰਸਮੀ ਤੌਰ 'ਤੇ ਨਹੀਂ ਮਨਿਆ, ਪਰ ਹਾਲੀਆ ਸਾਲਾਂ ਵਿੱਚ ਉਸ ਨੇ ਕਾਬੁਲ ਵਿੱਚ ਆਪਣਾ ਰਾਜਨਾਇਕ ਮਿਸ਼ਨ ਸੀਮਤ ਪੱਧਰ 'ਤੇ ਮੁੜ ਖੋਲ੍ਹਿਆ ਹੈ।



ਮੁਹੰਮਦ ਅੱਬਾਸ ਧਾਲੀਵਾਲ

ਸੰਖੇਪ ਵਿੱਚ ਕਹੀਏ ਤਾਂ ਆਮਿਰ ਮੱਤਕੀ ਦਾ ਭਾਰਤ ਦੌਰਾ ਸਿਰਫ਼ ਰਾਜਨਾਇਕ ਪ੍ਰਤੀਕ ਨਹੀਂ, ਬਲਕਿ ਇਸ ਵਿੱਚ ਅਮਲੀ ਪੱਖ ਵੀ ਹਨ, ਜਿਵੇਂ ਕਿ ਸਹਾਇਤਾ, ਸੁਰੱਖਿਆ ਗੱਲਬਾਤਾਂ ਅਤੇ ਖੇਤਰੀ ਸੰਤੁਲਨ। ਜੇ ਇਹ ਦੌਰਾ ਸਫਲ ਹੁੰਦਾ ਹੈ ਤਾਂ ਇਹ ਭਵਿੱਖ ਵਿੱਚ ਦੋਨੋਂ ਦੇਸ਼ਾਂ ਵਿੱਚ ਹੋਰ ਅਧਿਕਾਰ ਸੰਬੰਧਾਂ ਦੀ ਨੀਂਹ ਰੱਖ ਸਕਦਾ ਹੈ।

ਪਿਛਲੇ ਸਮੇਂ ਦੌਰਾਨ ਕਿਸੇ ਨੇ ਸ਼ਾਇਦ ਸੋਚਿਆ ਵੀ ਨਾ ਹੋਵੇ ਕਿ ਤਾਲਿਬਾਨ ਦਾ ਕੋਈ ਸੀਨੀਅਰ ਨੇਤਾ ਕਦੇ ਭਾਰਤ ਦਾ ਦੌਰਾ ਵੀ ਕਰੇਗਾ। ਭਾਰਤ ਨੇ ਐਲਾਨ ਕੀਤਾ ਹੈ ਕਿ ਉਹ ਕਾਬੁਲ ਵਿੱਚ ਆਪਣੇ 'ਟੈਕਨੀਕਲ ਮਿਸ਼ਨ' ਨੂੰ ਦੁਬਾਰਾ ਦੂਤਾਵਾਸ (ਅੰਬੈਸੀ) ਦਾ ਦਰਜਾ ਦੇਵੇਗਾ, ਜਿਸ ਦੀ ਹੈਸੀਅਤ 2021 ਵਿੱਚ ਤਾਲਿਬਾਨ ਦੀ ਵਾਪਸੀ ਤੋਂ ਬਾਅਦ ਘੱਟ ਕਰ ਦਿੱਤੀ ਗਈ ਸੀ।

ਇਹ ਐਲਾਨ ਭਾਰਤ ਦੇ ਵਿਦੇਸ਼ ਮੰਤਰੀ ਐੱਸ ਜੈਸ਼ੰਕਰ ਨੇ ਆਪਣੇ ਅਫ਼ਗਾਨ ਹਮਪੱਖ ਆਮਿਰ ਮੱਤਕੀ ਦੀ ਆਉਂਦ ਦੀ ਮੌਕੇ ਕੀਤਾ। ਜੈਸ਼ੰਕਰ ਨੇ ਦੋਵੇਂ ਦੇਸ਼ਾਂ ਦੇ ਸੰਬੰਧ ਮਜ਼ਬੂਤ ਕਰਨ ਲਈ ਕਈ ਕਦਮਾਂ ਦਾ ਐਲਾਨ ਕੀਤਾ ਅਤੇ ਇਸ ਦੌਰਾਨ ਕਿਸੇ ਦੇਸ਼ ਦਾ ਨਾਂਅ ਲਏ ਬਿਨਾਂ ਕਿਹਾ ਕਿ ਭਾਰਤ ਅਤੇ ਅਫ਼ਗਾਨਿਸਤਾਨ ਦੋਵੇਂ 'ਸਰਹੱਦੀ ਆਤੰਕਵਾਦ' ਨਾਲ ਪ੍ਰਭਾਵਿਤ ਹਨ।ਮੱਤਕੀ ਦਾ ਇਹ ਦੌਰਾ ਇਸ ਲਈ ਵੀ ਮਹੱਤਵਪੂਰਨ ਹੈ, ਕਿਉਂਕਿ ਇਹ ਇੱਕ ਅਜਿਹੇ ਸਮੇਂ ਹੋ ਰਿਹਾ ਹੈ, ਜਦੋਂ ਅਫ਼ਗਾਨਿਸਤਾਨ ਵਿੱਚ ਹਵਾਈ ਹਮਲਿਆਂ ਦੀਆਂ ਖ਼ਬਰਾਂ ਆ ਰਹੀਆਂ ਹਨ, ਜਿਨ੍ਹਾਂ ਦੀ ਪਾਕਿਸਤਾਨੀ ਹਕੂਮਤ ਨੇ ਅਜੇ ਤੱਕ ਪੁਸ਼ਟੀ ਜਾਂ ਤਰਦੀਦ ਨਹੀਂ ਕੀਤੀ।

ਇਕ ਪਾਸੇ ਭਾਰਤ ਖੇਤਰ ਵਿੱਚ ਸਥਿਰਤਾ ਅਤੇ ਇਹ ਯਕੀਨੀ ਬਣਾਉਣਾ ਚਾਹੁੰਦਾ ਹੈ ਕਿ ਅਫ਼ਗਾਨ ਜ਼ਮੀਨ ਭਾਰਤ ਵਿਰੁੱਧ ਵਰਤੀ ਨਾ ਜਾਵੇ, ਜਦਕਿ ਦੂਜੇ ਪਾਸੇ ਤਾਲਿਬਾਨ ਅੰਤਰਰਾਸ਼ਟਰੀ ਪਹਿਚਾਣ ਅਤੇ ਨਿਵੇਸ਼ ਲੈਣਾ ਚਾਹੁੰਦਾ ਹੈ।

ਭਾਰਤੀ ਵਫਦ ਨਾਲ ਗੱਲ ਕਰਦੇ ਹੋਏ ਅਮੀਰ ਮੁੱਤਕੀ ਨੇ ਕਿਹਾ ਕਿ ਅਫ਼ਗਾਨਿਸਤਾਨ ਭਾਰਤ ਨੂੰ ਨੇੜਲਾ ਦੋਸਤ ਮੰਨਦਾ ਹੈ। ਉਨ੍ਹਾ ਕਿਹਾ ਕਿ ਅਫ਼ਗਾਨਿਸਤਾਨ ਕਿਸੇ ਵੀ ਗਰੁੱਪ ਨੂੰ ਆਪਣੀ ਧਰਤੀ ਦੂਜਿਆਂ ਦੇ ਖਿਲਾਫ ਵਰਤਣ ਦੀ ਇਜਾਜ਼ਤ ਨਹੀਂ ਦੇਵੇਗਾ। ਉਹਨਾਂ ਹੋਰ ਕਿਹਾ, 'ਅਫ਼ਗਾਨਿਸਤਾਨ ਆਪਸੀ ਇੱਜ਼ਤ, ਵਪਾਰ ਅਤੇ ਲੋਕ-ਤਲਕ ਸੰਬੰਧਾਂ 'ਤੇ ਆਧਾਰਤ ਰਿਸ਼ਤੇ ਚਾਹੁੰਦਾ ਹੈ।'

ਜੇ ਉਨ੍ਹਾ ਦਾ ਇਹ ਦੌਰਾ ਸਫਲ ਰਹਿੰਦਾ ਹੈ, ਤਾਂ ਇਹ ਤਾਲਿਬਾਨ ਲਈ ਲਾਭਕਾਰੀ ਹੋਵੇਗਾ, ਕਿਉਂਕਿ ਉਹ ਅੰਤਰਰਾਸ਼ਟਰੀ ਪੱਧਰ 'ਤੇ ਮਨੁੱਖੀ ਅਧਿਕਾਰਾਂ ਦੇ ਰਿਕਾਰਡ 'ਤੇ ਆ ਰਹੀ ਆਲੋਚਨਾ ਦਾ ਸਾਹਮਣਾ ਕਰ ਰਹੇ ਹਨ।

ਕਾਬੁਲ ਵਿਖੇ ਅਫ਼ਗਾਨਿਸਤਾਨ ਸਾਇੰਸ ਅਕੈਡਮੀ ਦੇ ਰਿਜਨਲ ਅਧਿਐਨ ਕੇਂਦਰ ਦੇ ਅਸਿਸਟੈਂਟ ਪ੍ਰੋਫੈਸਰ ਮਾਸੂਮ ਜਾਨ ਮਾਸੂਮੇ ਨੇ ਕਿਹਾ-ਭਾਰਤ ਨਾਲ ਨੇੜਲੇ ਸੰਬੰਧ ਬਣਾਉਣਾ ਤਾਲਿਬਾਨ ਸਰਕਾਰ ਲਈ ਇਕ ਰਾਜਨੀਤਕ ਸਫਲਤਾ ਹੋਵੇਗੀ, ਜੋ ਆਪਣੀ ਅੰਤਰਰਾਸ਼ਟਰੀ ਇੱਕਲੇਪਣ ਨੂੰ ਖਤਮ ਕਰਨਾ ਚਾਹੁੰਦੀ ਹੈ। ਉਹਨਾਂ ਕਿਹਾ-ਭਾਰਤ ਤਾਲਿਬਾਨ ਨਾਲ ਹਰ ਮੁੱਦੇ 'ਤੇ ਗੱਲ ਕਰਨਾ ਚਾਹੁੰਦਾ ਹੈ। ਇਹ ਕਦਮ ਭਰੋਸਾ ਬਣਾਉਣ (ਕਾਨਫ਼ੀਡੈਂਸ ਬਿਲਡਿੰਗ) ਲਈ ਵਧੀਆ ਹਨ।

ਮਾਹਰਾਂ ਦਾ ਮੰਨਣਾ ਹੈ ਕਿ ਤਾਲਿਬਾਨ ਖੇਤਰੀ ਅਤੇ ਪੱਛਮੀ ਦੇਸ਼ਾਂ ਨਾਲ ਆਪਸੀ ਇੱਜ਼ਤ 'ਤੇ ਆਧਾਰਿਤ ਦੋ-ਪੱਖੀ ਸੰਬੰਧ ਬਣਾਉਣ ਲਈ ਵਚਨਬੱਧ ਹੈ। ਰੂਸ, ਚੀਨ, ਪਾਕਿਸਤਾਨ, ਈਰਾਨ ਅਤੇ ਕਈ ਮੱਧ ਏਸ਼ੀਆਈ ਦੇਸ਼ਾਂ ਨੇ ਤਾਲਿਬਾਨ ਨਾਲ ਆਪਣੇ ਹਿੱਤਾਂ ਦੀ ਰਾਖੀ ਲਈ ਸੰਪਰਕ ਕੀਤਾ ਹੈ।

ਇਸ ਤਰ੍ਹਾਂ ਭਾਰਤ ਅਫ਼ਗਾਨਿਸਤਾਨ ਲਈ ਇੱਕ ਮਹੱਤਵਪੂਰਨ ਭੂਮਿਕਾ ਨਿਭਾ ਸਕਦਾ ਹੈ, ਜੋ ਕਿ ਅਮੀਰ ਮੁੱਤਕੀ ਦੇ ਬਿਆਨ 'ਚ ਵੀ ਸਾਫ਼ ਦਿਖਾਈ ਦਿੱਤਾ।ਇਸ ਦੌਰਾਨ ਭਾਰਤ ਵੱਲੋਂ ਦੋਹਾਂ ਰਾਜਧਾਨੀਆਂ ਦਰਮਿਆਨ ਵਾਧੂ ਉਡਾਣਾਂ ਦੀ ਸ਼ੁਰੂਆਤ ਅਤੇ ਅਫ਼ਗਾਨ ਵਿਦਿਆਰਥੀਆਂ ਲਈ ਭਾਰਤੀ ਯੂਨੀਵਰਸਿਟੀਆਂ ਵਿੱਚ ਵਧੇਰੇ ਪੜ੍ਹਾਈ ਦੇ ਮੌਕੇ ਦਿੱਤੇ ਜਾਣ ਦਾ ਐਲਾਨ ਕੀਤਾ ਗਿਆ।

ਇਸੇ ਦੌਰਾਨ ਤਾਲਿਬਾਨ ਦੇ ਰਾਜਨੀਤਕ ਦਫ਼ਤਰ ਦੇ ਮੁਖੀ ਅਤੇ ਕਤਰ ਵਿੱਚ ਅਫ਼ਗਾਨਿਸਤਾਨ ਦੇ ਰਾਜਦੂਤ ਸੁਹੈਲ ਸ਼ਾਹੀਨ ਨੇ ਟਾਈਮਜ਼ ਆਫ ਇੰਡੀਆ ਨਾਲ ਗੱਲ ਕਰਦਿਆਂ ਕਿਹਾ-ਮੈਨੂੰ ਲੱਗਦਾ ਹੈ ਕਿ ਦੋਵੇਂ ਦੇਸ਼ਾਂ ਨੂੰ ਰਾਜਨੀਤਿਕ ਪੱਧਰ ਉੱਤੇ ਸੰਬੰਧ ਉਚੇ ਕਰਣੇ ਚਾਹੀਦੇ ਹਨ ਅਤੇ ਇਸਲਾਮੀ ਅਮੀਰਾਤ ਅਫ਼ਗਾਨਿਸਤਾਨ ਦੀ ਸਰਕਾਰ ਨੂੰ ਸਵੀਕਾਰ ਕਰਕੇ ਦੋ-ਪੱਖੀ ਸਹਿਯੋਗ ਅਤੇ ਵੱਖ-ਵੱਖ ਖੇਤਰਾਂ ਵਿੱਚ ਰਿਸ਼ਤੇ ਵਧਾਉਣ ਦੀ ਰਾਹ ਹੰਮਵਾਰ ਕਰਨੀ ਚਾਹੀਦੀ ਹੈ।

ਉਨ੍ਹਾ ਕਿਹਾ-ਇਹ ਸਾਡੇ ਵਿਦੇਸ਼ ਮੰਤਰੀ ਦਾ ਭਾਰਤ ਦਾ ਪਹਿਲਾ ਉੱਚ ਪੱਧਰੀ ਦੌਰਾ ਹੈ ਅਤੇ ਬਹੁਤ ਹੀ ਮਹੱਤਵਪੂਰਨ ਹੈ। ਸਾਨੂੰ ਉਮੀਦ ਹੈ ਕਿ ਇਹ ਦੋਵੇਂ ਦੇਸ਼ਾਂ ਦੇ ਸੰਬੰਧਾਂ ਦੇ ਇਕ ਨਵੇਂ ਯੁੱਗ ਦੀ ਸ਼ੁਰੂਆਤ ਕਰੇਗਾ।

**# ਸੰਪਰਕ : 98552-59650**

15-OCT-PAGE-5.qxd 10/14/2025 10:36 PM Page 1



# ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਵੱਲੋਂ ਡੀ ਸੀ ਦਫਤਰ ਅੱਗੇ ਧਰਨਾ

## ਸਰਕਾਰਾਂ ਦੀਆਂ ਜ਼ਿਆਦਤੀਆਂ ਖਿਲਾਫ ਲੋਕਾਂ ਨੂੰ ਇੱਕਮੁੱਠ ਹੋਣਾ ਪਵੇਗਾ : ਖੋਸਾ, ਭੋਲਾ



ਮੋਗਾ (ਇਕਬਾਲ ਸਿੰਘ ਖਹਿਰਾ)

'ਕਿਰਤੀਆਂ ਲਈ ਰੁਜ਼ਗਾਰ ਦੀ ਗਾਰੰਟੀ ਵਾਲਾ ਪ੍ਰਬੰਧ ਸਿਰਜਣਾ ਅੱਜ ਦੇ ਸਮੇਂ ਦੀ ਮੁੱਖ ਲੋੜ ਹੈ।ਇਸ ਲਈ ਚੇਤਨ ਲੋਕਾਂ ਨੂੰ ਇੱਕਮੁੱਠ ਹੋਣਾ ਹੀ ਪੈਣਾ ਹੈ।' ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ ਏਟਕ ਸੂਬਾ ਸਕੱਤਰ ਜਗਸੀਰ ਸਿੰਘ ਖੋਸਾ ਨੇ ਡਿਪਟੀ ਕਮਿਸ਼ਨਰ ਮੋਗਾ ਦੇ ਦਫਤਰ ਅੱਗੇ ਦਿੱਤੇ ਧਰਨੇ ਨੂੰ ਸੰਬੋਧਨ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਨਰੇਗਾ ਵਿਰੋਧੀਆਂ ਵੱਲੋਂ ਕੀਤੇ ਜਾ ਰਹੇ ਨਰੇਗਾ ਵਿਰੋਧੀ ਪ੍ਰਚਾਰ ਨੂੰ ਠੱਲ੍ਹ ਪਾਈ ਜਾਣੀ ਚਾਹੀਦੀ ਹੈ।ਨਰੇਗਾ ਮਜ਼ਦੂਰਾਂ ਲਈ 100 ਦਿਨ ਦੀ ਗਾਰੰਟੀ ਪੂਰੀ ਤਰ੍ਹਾਂ ਕਾਇਮ ਹੈ।ਨਰੇਗਾ ਮਜ਼ਦੂਰਾਂ ਨੂੰ ਆਪਣੇ 100 ਦਿਨ ਦੇ ਕੰਮ ਜਾਂ ਬੇਰੁਜ਼ਗਾਰੀ ਭੱਤਾ ਪ੍ਰਾਪਤ ਕਰਨ ਲਈ ਸਿੱਖਣਾ ਪਵੇਗਾ। ਬੇਸ਼ੱਕ ਸਰਕਾਰ ਤੇ ਪ੍ਰਸ਼ਾਸਨ ਵੱਲੋਂ ਮਾੜੀ ਨੀਅਤ ਨਾਲ ਮਜ਼ਦੂਰਾਂ ਲਈ ਹਰ ਤਰ੍ਹਾਂ ਦੇ ਅੜਿੱਕੇ ਡਾਹੇ ਜਾਂਦੇ ਹਨ, ਪਰ ਨਰੇਗਾ ਐਕਟ ਦੀਆਂ ਮਜ਼ਦੂਰ ਪੱਖੀ ਧਰਾਵਾਂ ਨਰੇਗਾ ਮਜ਼ਦੂਰਾਂ ਦੀ ਮਦਦ ਕਰਦੀਆਂ ਹਨ। ਜੇਕਰ ਨਰੇਗਾ ਮਜ਼ਦੂਰ ਕੰਮ ਦੀ ਮੰਗ ਕਰਦਿਆਂ ਅਰਜ਼ੀਆਂ ਦੀਆਂ ਰਸੀਦਾਂ ਲੈਣ ਤੋਂ ਬਾਅਦ ਕੰਮ ਜਾਂ ਬੇਰੁਜ਼ਗਾਰੀ ਭੱਤਾ ਲੈਣ ਲਈ ਆਪਣੇ ਹੱਕ 'ਤੇ ਪਹਿਰਾ ਦੇਣ ਤਾਂ ਉਨ੍ਹਾਂ ਦੀ ਕੰਮ ਦਾ ਹੱਕ ਕੋਈ ਨਹੀਂ ਖੋਹ ਸਕਦਾ।

ਇਸ ਮੌਕੇ ਯੂਨੀਅਨ ਦੇ ਜ਼ਿਲ੍ਹਾ ਕਨਵੀਨਰ ਸ਼ੇਰ ਸਿੰਘ ਦੌਲਤਪੁਰਾ ਤੇ ਸੀ.ਪੀ.ਆਈ. ਦੇ ਜ਼ਿਲ੍ਹਾ ਸਕੱਤਰ ਤੇ ਯੂਨੀਅਨ ਦੇ ਸਲਾਹਕਾਰ ਕਾਮਰੇਡ ਕੁਲਦੀਪ ਸਿੰਘ ਭੋਲਾ ਨੇ ਕਿਹਾ ਕਿ ਨਰੇਗਾ ਮਜ਼ਦੂਰਾਂ ਨੂੰ ਇਸ ਸਮੇਂ ਨਾਮਾਤਰ ਹੀ ਕੰਮ ਮਿਲ ਰਿਹਾ ਹੈ।ਆਰਥਿਕ ਤੌਰ 'ਤੇ ਭੰਨੇ ਹੋਏ ਮਜ਼ਦੂਰ ਮਾਰੇ ਮਾਰੇ ਫਿਰ ਰਹੇ ਹਨ।ਉਨ੍ਹਾਂ ਦੀਆਂ ਵੋਟਾਂ ਨਾਲ ਸੱਤਾ ਦਾ ਸੁਖ ਮਾਣ ਰਹੇ ਐਮ.ਐਲ.ਏ., ਮੰਤਰੀ ਤੇ ਸੱਤਾ ਦੀ ਆਸ ਵਿੱਚ ਤਰਲੋਮੱਛੀ ਹੋ ਰਹੀਆਂ ਰਾਜਨੀਤਕ ਪਾਰਟੀਆਂ ਵਿੱਚੋਂ ਕੋਈ ਵੀ ਇਸ ਔਖੀ ਘੜੀ ਵਿੱਚ ਨਰੇਗਾ ਮਜ਼ਦੂਰਾਂ ਦੀ ਬਾਂਹ ਫੜਨ ਨੂੰ ਤਿਆਰ ਨਹੀਂ।ਸਿਰਫ ਕਮਿਊਨਿਸਟ ਪਾਰਟੀਆਂ ਹੀ ਹਨ, ਜਿਹੜੀਆਂ ਨਰੇਗਾ ਮਜ਼ਦੂਰਾਂ ਨੂੰ ਉਨ੍ਹਾਂ ਦਾ ਬਣਦਾ ਹੱਕ ਦਿਵਾਉਣ ਲਈ ਮੈਦਾਨ ਵਿੱਚ ਡਟੀਆਂ ਹੋਈਆਂ ਹਨ।ਉਨ੍ਹਾਂ ਨਰੇਗਾ ਮਜ਼ਦੂਰਾਂ ਨੂੰ ਨਰੇਗਾ ਹੱਕ ਲੈਣ ਲਈ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ (ਏਟਕ) ਦੇ ਝੰਡੇ ਹੇਠ ਲਾਮਬੰਦ ਹੋਣਾ ਪਵੇਗਾ।ਉਨ੍ਹਾਂ ਅੱਗੇ ਕਿਹਾ ਕਿ ਮਜ਼ਦੂਰਾਂ ਨੂੰ ਮੰਗਣ ਦੇ ਬਾਵਜੂਦ ਕੰਮ ਜਾਂ ਬੇਰੁਜ਼ਗਾਰੀ ਭੱਤੇ ਦੀਆਂ ਅਰਜ਼ੀਆਂ ਦੀਆਂ ਰਸੀਦਾਂ ਨਾ ਦੇਣਾ ਸ਼ਰੇਆਮ ਨਰੇਗਾ ਐਕਟ 2005 ਦੀ ਉਲੰਘਣਾ ਹੈ ਅਤੇ ਕਾਨੂੰਨ ਮੁਤਾਬਕ ਇਸ ਸਜ਼ਾਯੋਗ ਹੈ।ਜਿਹੜੇ ਵੀ ਜ਼ਿੰਮੇਵਾਰ ਅਧਿਕਾਰੀ ਆਪਣੀ ਜ਼ਿੰਮੇਵਾਰੀ ਤੋਂ ਭੱਜਦੇ ਹਨ, ਉਸ 'ਤੇ ਨਰੇਗਾ ਐਕਟ ਦੀ ਧਾਰਾ-25 ਤਹਿਤ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਨਰੇਗਾ ਮੇਟਾਂ ਨੂੰ ਲੇਬਰ ਵਾਲੀ ਦਿਹਾੜੀ ਦੇ ਕੇ ਪ੍ਰਸ਼ਾਸਨ ਮੇਟਾਂ ਦੇ ਨੁਕਸਾਨ ਦੇ ਨਾਲ ਨਾਲ ਲੇਬਰ ਦੇ ਹਿੱਸੇ ਦੇ ਫੰਡ ਦੀ ਵੀ ਦੁਰਵਰਤੋਂ ਕਰ ਰਿਹਾ ਹੈ।ਉਨ੍ਹਾਂ ਆਖਿਆ ਕਿ ਨਰੇਗਾ ਮੇਟਾਂ ਨੂੰ ਲਾਉਣ ਤੇ ਹਟਾਉਣ ਲਈ ਸਿਆਸੀ ਦਬਾਅ ਬਣਾਉਣਾ ਬੰਦ ਕੀਤਾ ਜਾਵੇ, ਸਿਰਫ ਸਰਪੰਚਾਂ ਦੇ ਕਹਿਣ 'ਤੇ ਹੀ ਕਿਸੇ ਮੇਟ ਨੂੰ ਨਾ ਹਟਾਇਆ ਜਾਵੇ ਤੇ ਨਾ ਲਾਇਆ ਜਾਵੇ।ਕਾਨੂੰਨ ਮੁਤਾਬਕ ਮੇਟ ਨੂੰ ਰੱਖਣ ਤੇ ਹਟਾਉਣ ਲਈ ਗ੍ਰਾਮ ਸਭਾ ਵਿੱਚ ਮਤਾ ਪਾਸ ਕਰਾਇਆ ਜਾਵੇ।ਨਰੇਗਾ ਪ੍ਰਸ਼ਾਸਨ, ਯੂਨੀਅਨ ਨਾਲ ਮੀਟਿੰਗਾਂ ਵਿੱਚ ਮੇਟਾਂ ਨੂੰ ਸੈਮੀ ਸਕਿਲਡ ਵਾਲੀ ਦਿਹਾੜੀ ਦੇਣਾ ਮੰਨ ਕੇ ਆਪਣੀ ਗੱਲ ਤੋਂ ਭੱਜ ਰਿਹਾ ਹੈ।ਇਸ ਨੂੰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ।ਆਗੂਆਂ ਨੇ ਕਿਹਾ ਕਿ ਆਨਲਾਈਨ ਹਾਜ਼ਰੀ ਐਪ ਨੂੰ ਜੀਓ ਟੈਗ ਪੁਆਇੰਟ ਨਾਲ ਜੋੜਨਾ ਲੇਬਰ, ਮੇਟ ਤੇ ਮੁਲਾਜ਼ਮਾਂ ਲਈ ਵੀ ਮੁਸੀਬਤ ਹੈ।ਇਹ ਬੰਦ ਹੋਣੀ ਚਾਹੀਦੀ ਹੈ।ਅੰਤ ਉਨ੍ਹਾਂ ਮਜ਼ਦੂਰਾਂ ਨੂੰ ਕੰਮ ਜਾਂ ਬੇਰੁਜ਼ਗਾਰੀ ਭੱਤਾ ਲੈਣ ਲਈ ਸੰਘਰਸ਼ ਤੇਜ਼ ਕਰਨ ਦਾ ਸੱਦਾ ਦਿੱਤਾ।ਕਾਨੂੰਨ ਮੁਤਾਬਕ ਇਸ ਲਈ ਪ੍ਰੋਗਰਾਮ ਅਫ਼ਸਰ ਜ਼ਿੰਮੇਵਾਰ ਹੈ।ਉਨ੍ਹਾਂ ਨਰੇਗਾ ਮਜ਼ਦੂਰਾਂ ਨੂੰ 17 ਅਕਤੂਬਰ ਨੂੰ ਸ਼ਹੀਦ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਦੀ 37ਵੀਂ ਬਰਸੀ ਸਮਾਗਮ ਵਿੱਚ ਸ਼ਾਮਲ ਹੋਣ ਦੀ ਅਪੀਲ ਵੀ ਕੀਤੀ।ਇਸ ਧਰਨੇ ਨੇ ਰਹਿੰਦੇ ਬਕਾਏ ਤਰੁੰਤ ਜਾਰੀ ਕਰਵਾਉਣ, ਨਰੇਗਾ ਮਜ਼ਦੂਰਾਂ ਦੀ ਦਿਹਾੜੀ 1000 ਰੁਪਏ ਕਰਨ, ਦਿਨਾਂ ਦੀ ਗਾਰੰਟੀ 200 ਕਰਨ, ਕੰਮ ਦਾ ਸਮਾਂ ਸ਼ੁਰੂਆਤ ਵਾਲਾ 6 ਘੰਟੇ ਕਰਨ, ਕੰਮ ਕਰਨ ਲਈ ਸੰਦ ਮੁਹੱਈਆ ਕਰਵਾਉਣ, ਕੰਮ ਵਾਲੀ ਜਗ੍ਹਾ 'ਤੇ ਮੌਤ ਹੋਣ ਜਾਂ ਪੂਰਨ ਅਪੰਗਤਾ ਦੀ ਹਾਲਤ ਵਿੱਚ ਦਿੱਤੀ ਜਾਣ ਵਾਲੀ ਐਕਸਗਰੇਸ਼ੀਆ ਗਰਾਂਟ 25 ਹਜ਼ਾਰ ਤੋਂ ਵਧਾ ਕੇ 5 ਲੱਖ ਕਰਵਾਉਣ ਲਈ ਵੀ ਆਵਾਜ਼ ਬੁਲੰਦ ਕੀਤੀ।ਇਸ ਧਰਨੇ ਨੂੰ ਹੋਰਨਾਂ ਤੋਂ ਇਲਾਵਾ ਕਮਲੇਸ਼ ਸਿੰਘ, ਮਹਿੰਦਰ ਸਿੰਘ ਧੂੜਕੋਟ, ਬੋਹੜ ਸਿੰਘ ਬੁੱਟਰ, ਗੁਰਦਿੱਤ ਸਿੰਘ ਦੀਨਾਂ, ਇਸਤਰੀ ਸਭਾ ਦੇ ਜ਼ਿਲ੍ਹਾ ਪ੍ਰਧਾਨ ਸਰਬਜੀਤ ਕੌਰ ਖੋਸਾ, ਕਾਮਰੇਡ ਜਗਜੀਤ ਸਿੰਘ ਧੂੜਕੋਟ ਨੇ ਵੀ ਸੰਬੋਧਨ ਕੀਤਾ।ਸਟੇਜ ਦੀ ਕਾਰਵਾਈ ਸਵਰਾਜ ਸਿੰਘ ਢੁੱਡੀਕੇ ਚਲਾਈ।ਅੰਤ ਵਿੱਚ ਏ.ਡੀ.ਸੀ. ਚਾਰੂਮਿਤਾ ਨੂੰ ਯੂਨੀਅਨ ਵੱਲੋਂ ਮੰਗ ਪੱਤਰ ਸੌਂਪਿਆ ਗਿਆ।ਇਸ ਮੌਕੇ ਏ.ਡੀ.ਸੀ. ਮੋਗਾ ਨੇ ਨਰੇਗਾ ਮਜ਼ਦੂਰਾਂ ਨੂੰ ਮੰਗਾਂ ਤੇ ਮਸਲਿਆਂ ਨੂੰ ਹੱਲ ਕਰਨ ਦਾ ਭਰੋਸਾ ਦਿਵਾਇਆ।ਇਸ ਮੌਕੇ ਸੁਖਵਿੰਦਰ ਸਿੰਘ ਭਲੂਰ, ਸਤਨਾਮ ਸਿੰਘ ਠੱਠੀ ਭਾਈ, ਨਿਰਮਲ ਸਿੰਘ ਘੱਲ ਕਲਾਂ, ਰੀਨਾ ਘੱਲ ਕਲਾਂ, ਜਸਪ੍ਰੀਤ ਕੌਰ, ਜਸਵੀਰ ਕੌਰ ਭੂਲੋ ਚੜਿੱਕ, ਵਿਦਿਆਰਥੀ ਆਗੂ ਸਵਰਾਜ ਖੋਸਾ, ਨਵਜੋਤ ਕੌਰ ਬਿਲਾਸਪੁਰ, ਸੁਖਪ੍ਰੀਤ ਕੌਰ ਸਲੀਣਾ, ਜਸਵਿੰਦਰ ਕੌਰ ਬਘੇਲੇ ਵਾਲਾ, ਜਸਵੀਰ ਕੌਰ ਚੰਦ ਨਵਾਂ, ਰਮਨਦੀਪ ਕੌਰ ਚੋਟੀਆਂ, ਪੂਜਾ ਕੌਰ ਖੋਸਾ, ਸਰਬਜੀਤ ਕੌਰ ਮਹਿਣਾ, ਸੁਖਦੀਪ ਕੌਰ ਚੋਟੀਆਂ, ਰਾਜੂ ਮਹੇਸ਼ਰੀ, ਜਬਰਜੰਗ ਸਿੰਘ ਮਹੇਸ਼ਰੀ, ਹਰਪ੍ਰੀਤ ਸਿੰਘ ਕੋਟਲਾ ਰਾਇਕਾ, ਸੇਵਕ ਸਿੰਘ ਕਾਹਨ ਸਿੰਘ ਵਾਲਾ ਹਾਜ਼ਰ ਸਨ।

# ਸੀ ਪੀ ਆਈ ਦੀ ਅਗਵਾਈ 'ਚ ਰੇਹੜੀ-ਫ਼ੜ੍ਹੀ ਵਾਲਿਆਂ ਦੀ ਹੋਈ ਜਿੱਤ

## ਸੰਘਰਸ਼ ਲੜ ਰਹੀਆਂ ਜਥੇਬੰਦੀਆਂ ਨੇ ਰੇਹੜੀਆਂ ਲਗਵਾਈਆਂ



ਜਲਾਲਾਬਾਦ/ਮੰਡੀ ਘੁਬਾਇਆ (ਰਣਬੀਰ ਕੌਰ ਢਾਬਾਂ, ਜੀਤ ਕੁਮਾਰ, ਬਲਵਿੰਦਰ ਸਿੰਘ)

ਜਲਾਲਾਬਾਦ ਦੀ ਅਨਾਜ ਮੰਡੀ ਵਿਖੇ ਬਣੇ ਰੇਹੜੀ-ਫੜੀ ਵਾਲਿਆਂ ਵਾਸਤੇ ਸ਼ੈੱਡ ਵਿੱਚ ਰੇਹੜੀ-ਫੜੀ ਦਾ ਕੰਮ ਕਰਨ ਵਾਲਿਆਂ ਦੀਆਂ ਰੇਹੜੀਆਂ ਜਬਰੀ ਚੁਕਵਾਉਣ ਖ਼ਿਲਾਫ਼ ਭਾਰਤੀ ਕਮਿਊਨਿਸਟ ਪਾਰਟੀ (ਸੀਪੀਆਈ) ਦੀ ਅਗਵਾਈ ਵਿੱਚ 16 ਦਿਨਾਂ ਤੋਂ ਚੱਲ ਰਹੇ ਸੰਘਰਸ਼ ਦੀ ਜਿੱਤ ਦਾ ਉਸ ਵੇਲੇ ਐਲਾਨ ਕਰ ਦਿੱਤਾ ਗਿਆ, ਜਦੋਂ ਲੜ ਰਹੀਆਂ ਜਥੇਬੰਦੀਆਂ ਨੇ ਪ੍ਰਸ਼ਾਸਨ ਦੀ ਹਾਜ਼ਰੀ ਵਿੱਚ ਰੇਹੜੀ-ਫੜੀ ਵਾਲਿਆਂ ਦੀਆਂ ਰੇਹੜੀਆਂ ਲਵਾ ਕੇ ਉਨ੍ਹਾਂ ਨੂੰ ਸਬਜ਼ੀ ਤੇ ਫਰੂਟ ਵੇਚਣ ਲਈ ਲਾ ਦਿੱਤਾ।ਦੱਸ ਦਈਏ ਕਿ ਪਿਛਲੇ ਕਈ ਦਿਨਾਂ ਤੋਂ ਚੱਲ ਰਹੇ ਇਸ ਸੰਘਰਸ਼ ਵਿੱਚ ਲਗਾਤਾਰ ਲੜੀਵਾਰ ਅਣਮਿੱਥੇ ਸਮੇਂ ਲਈ ਭੁੱਖ ਹੜਤਾਲ ਚੱਲ ਰਹੀ ਹੈ।ਇਸੇ ਸਮੇਂ ਦੌਰਾਨ ਹੀ ਸੰਯੁਕਤ ਕਿਸਾਨ ਮੋਰਚੇ ਵਿੱਚ ਸ਼ਾਮਲ ਕੁਝ ਜਥੇਬੰਦੀਆਂ ਨੇ ਹਮਾਇਤ ਕਰਦਿਆਂ ਇੱਕ ਕਮੇਟੀ ਬਣਾ ਕੇ ਕੱਲ੍ਹ ਤਿੱਖੇ ਸੰਘਰਸ਼ ਦਾ ਐਲਾਨ ਕੀਤਾ ਗਿਆ ਸੀ ਕਿ ਜੇਕਰ ਪ੍ਰਸ਼ਾਸਨ ਨੇ ਕਿਰਤੀ ਗ਼ਰੀਬ ਰੇਹੜੀ-ਫੜੀ ਵਾਲਿਆਂ ਦੀਆਂ ਪਹਿਲਾਂ ਲਗਾਤਾਰ ਕਈ ਸਾਲਾਂ ਤੋਂ ਲੱਗ ਰਹੀਆ ਰੇਹੜੀਆਂ ਨੂੰ ਉਥੇ ਲਗਾਉਣ ਦੀ ਆਗਿਆ ਨਾ ਦਿੱਤੀ ਤਾਂ ਜਥੇਬੰਦੀਆਂ ਤਿੱਖਾ ਸੰਘਰਸ਼ ਕਰਨ ਲਈ ਮਜਬੂਰ ਹੋਣਗੀਆਂ ਅਤੇ ਆਪ ਉਹ ਖੁਦ ਅੱਗੇ ਆ ਕੇ ਇਨ੍ਹਾਂ ਕਿਰਤੀਆਂ ਦੀਆਂ ਰੇਹੜੀਆਂ ਲਗਾਉਣਗੀਆਂ। ਮਿੱਥੇ ਐਕਸ਼ਨ ਅਨੁਸਾਰ ਜਥੇਬੰਦੀਆਂ ਦੇ ਆਗੂਆਂ ਨੇ ਬੜੇ ਹੀ ਸ਼ਾਂਤਮਈ ਤਰੀਕੇ ਨਾਲ ਸ਼ੈੱਡ ਥੱਲੇ ਰੇਹੜੀਆਂ ਲਗਵਾ ਕੇ ਰੇਹੜੀ-ਫੜੀ ਵਾਲਿਆਂ ਦੀ ਜਿੱਤ ਦਾ ਐਲਾਨ ਕਰ ਦਿੱਤਾ।ਇਸ ਤੋਂ ਪਹਿਲਾਂ ਜ਼ਿਲ੍ਹਾ ਪੁਲਸ ਮੁਖੀ ਸ੍. ਗੁਰਮੀਤ ਸਿੰਘ ਨੇ ਮਸਲੇ ਦਾ ਚੰਗਾ ਹੱਲ ਕੱਢਣ ਲਈ ਹਰ ਤਰ੍ਹਾਂ ਦੀ ਕੋਸ਼ਿਸ਼ ਕੀਤੀ।ਉਨ੍ਹਾਂ ਆਗੂਆਂ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਰੇਹੜੀ-ਫੜੀ ਵਾਲਿਆਂ ਦੇ ਮਸਲੇ ਦਾ ਪੱਕਾ ਹੱਲ ਕੱਢਣ ਲਈ ਹਲਕੇ ਦੇ ਵਿਧਾਇਕ ਤੇ ਉੱਚ-ਅਧਿਕਾਰੀਆਂ ਨਾਲ ਮੀਟਿੰਗ ਕਰਕੇ ਪੱਕਾ ਹੱਲ ਕੱਢਣਗੇ।ਰੇਹੜੀ-ਫੜੀ ਉਜਾੜੇ ਦੇ ਪੀੜਤ ਆਗੂ ਸੁਰਿੰਦਰ ਸਿੰਘ, ਸੰਨੀ ਹਾਂਡਾ, ਸੰਯਕਤ ਕਿਸਾਨ ਮੋਰਚੇ ਦੇ ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਸੁਰਿੰਦਰ ਢੰਡੀਆਂ, ਕਿਰਤੀ ਕਿਸਾਨ ਯੂਨੀਅਨ ਦੇ ਸੀਨੀਅਰ ਆਗੂ ਰੇਸ਼ਮ ਮਿੱਡਾ, ਜ਼ਿਲ੍ਹਾ ਪ੍ਰਧਾਨ ਸੁਖਚੈਨ ਸਿੰਘ, ਬੀ ਕੇ ਯੂ ਡਕੌਂਦਾ (ਬੁਰਜ ਗਿੱਲ) ਦੇ ਜ਼ਿਲ੍ਹਾ ਪ੍ਰਧਾਨ ਜੋਗਾ ਸਿੰਘ, ਬੀ ਕੇ ਯੂ ਡਕੌਂਦਾ ਧਨੇਰ ਦੇ ਸੂਬਾ ਮੀਤ ਪ੍ਰਧਾਨ ਹਰੀਸ਼ ਨੱਢਾ, ਬਲਾਕ ਪ੍ਰਧਾਨ ਪ੍ਰਵੀਨ ਮੌਲਵੀ ਵਾਲਾ, ਬੀ ਕੇ ਯੂ ਉਗਰਾਹਾਂ ਦੇ ਜ਼ਿਲ੍ਹਾ ਮੀਤ ਪ੍ਰਧਾਨ ਗੁਰਮੀਤ ਸਿੰਘ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਅਤਰ ਪ੍ਰੀਤ ਸਿੰਘ, ਪੰਜਾਬ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਦੇ ਅਸ਼ੋਕ ਕੰਬੋਜ, ਕੰਨਸਟਰਕਸ਼ਨ ਵਰਕਰ ਐਂਡ ਲੇਬਰ ਯੂਨੀਅਨ ਏਟਕ ਦੇ ਸੂਬਾ ਮੀਤ ਸਕੱਤਰ ਐਡਵੋਕੇਟ ਪਰਮਜੀਤ ਢਾਬਾਂ ਨੇ ਕਿਹਾ ਕਿ ਕਿ ਉਹ ਕਿਸੇ ਵੀ ਕੀਮਤ 'ਤੇ ਕਿਰਤੀ ਲੋਕਾਂ ਦੇ ਹੱਕਾਂ 'ਤੇ ਡਾਕਾ ਨਹੀਂ ਵੱਜਣ ਦੇਣਗੇ।ਉਨ੍ਹਾਂ ਸੱਤਾ ਧਿਰ ਤੇ ਪ੍ਰਸ਼ਾਸਨ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਉਨ੍ਹਾਂ ਨੇ ਪੁਰਅਮਨ ਢੰਗ ਨਾਲ ਅੱਜ ਆਪਣਾ ਐਕਸ਼ਨ ਕੀਤਾ ਹੈ ਅਤੇ ਭਵਿੱਖ ਵਿੱਚ ਵੀ ਉਹ ਰੇਹੜੀ-ਫੜੀ ਵਾਲਿਆਂ 'ਤੇ ਕਿਸੇ ਤਰ੍ਹਾਂ ਦਾ ਜਬਰ ਕਰਨ ਦੀ ਗਲਤੀ ਨਾ ਕਰਨ, ਨਹੀਂ ਤਾਂ ਲੜਨ ਵਾਲੀਆਂ ਜਥੇਬੰਦੀਆਂ ਤੇ ਖਾਸ ਸੰਘਰਸ਼ ਕਰਨ ਲਈ ਮਜਬੂਰ ਹੋਣਗੀਆਂ। ਇਸ ਪ੍ਰਦਰਸ਼ਨ ਦੌਰਾਨ ਕਾਂਗਰਸ ਪਾਰਟੀ ਵੱਲੋਂ ਸਾਬਕਾ ਜੰਗਲਾਤ ਮੰਤਰੀ ਹੰਸਰਾਜ ਜੋਸਨ, ਰਾਜ ਬਖਸ਼ ਕੰਬੋਜ, ਸ਼੍ਰੋਮਣੀ ਅਕਾਲੀ ਦਲ ਵੱਲੋਂ ਰਾਜ ਸਿੰਘ ਡਿੱਬੀਪੁਰਾ ਤੇ ਬੀਜੇਪੀ ਵੱਲੋਂ ਸੁਖਵਿੰਦਰ ਸਿੰਘ ਕਾਕਾ ਕੰਬੋਜ ਨੇ ਵੀ ਸੰਬੋਧਨ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਆਗੂ ਹਰਦੀਪ ਸਿੰਘ ਚੰਨਾ ਸੈਦੋਕੇ, ਸਰਬ ਭਾਰਤ ਨੌਜਵਾਨ ਸਭਾ ਦੇ ਮੀਤ ਸੂਬਾ ਪ੍ਰਧਾਨ ਹਰਭਜਨ ਛੱਪੜੀਵਾਲਾ, ਜ਼ਿਲ੍ਹਾ ਫਾਜ਼ਿਲਕਾ ਦੇ ਪ੍ਰਧਾਨ ਸ਼ੁਬੇਗ ਝੰਗੜਭੈਣੀ, ਇਸਤਰੀ ਸਭਾ ਦੇ ਜ਼ਿਲ੍ਹਾ ਆਗੂ ਹਰਜੀਤ ਕੌਰ ਢੰਡੀਆਂ, ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਨਰਿੰਦਰ ਢਾਬਾਂ, ਭੱਠਾ ਮਜ਼ਦੂਰ ਯੂਨੀਅਨ ਦੇ ਆਗੂ ਸੰਦੀਪ ਜੋਧਾ, ਰਾਜਵਿੰਦਰ ਨਿਉਲਾ, ਸੀਪੀਆਈ ਬਲਾਕ ਗੁਰੂ ਹਰਸਹਾਏ ਦੇ ਸਕੱਤਰ ਕਾਮਰੇਡ ਬਲਵੰਤ ਚੌਹਾਣਾ, ਕ੍ਰਿਸ਼ਨ ਧਰਮੂ ਵਾਲਾ, ਗੁਰਦਿਆਲ ਢਾਬਾਂ, ਬਲਵਿੰਦਰ ਮਹਾਲਮ, ਸੋਨਾ ਧੁਨਕੀਆਂ, ਤੇਜਾ ਅਮੀਰ ਖਾਸ ਆਦਿ ਹਾਜ਼ਰ ਸਨ।

## ਕਾਤਰਾਂ

### ਖ਼ੂਨਦਾਨ ਕੈਂਪ 19 ਨੂੰ

ਦਿੜ੍ਹਬਾ (ਜਸਵੀਰ ਲਾਡੀ)-ਪਿੰਡ ਛਾਜਲੀ ਵਿਖੇ ਲੋਕ ਸੇਵਾ ਕਲੱਬ ਛਾਜਲੀ ਵੱਲੋਂ ਸ਼ਹੀਦ ਪਰਮਿੰਦਰ ਸਿੰਘ ਫ਼ੌਜੀ ਦੀ ਯਾਦ ਵਿੱਚ ਪਿੰਡ ਛਾਜਲੀ ਵਿਖੇ ਪਹਿਲਾਂ ਖ਼ੂਨਦਾਨ ਕੈਂਪ ਲਗਾਇਆ ਜਾ ਰਿਹਾ ਹੈ।ਕਲੱਬ ਦੇ ਪ੍ਰਧਾਨ ਹੁਸ਼ੀ ਚਾਹਲ ਤੇ ਚੇਅਰਮੈਨ ਹਰਪ੍ਰੀਤ ਸ਼ਰਮਾ ਨੇ ਦੱਸਿਆ ਕਿ ਇਹ ਕਲੱਬ ਵੱਲੋਂ ਪਹਿਲਾ ਖ਼ੂਨਦਾਨ ਕੈਂਪ ਹੈ, ਜੋ ਬਾਬਾ ਭਾਈ ਮੂਲ ਚੰਦ ਦੇ ਅਸਥਾਨ 'ਤੇ 19 ਅਕਤੂਬਰ ਨੂੰ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਲਾਇਆ ਜਾਵੇਗਾ।ਉਨ੍ਹਾਂ ਨੇ ਵੱਧ ਤੋਂ ਵੱਧ ਖ਼ੂਨਦਾਨੀਆਂ ਨੂੰ ਇਸ ਖ਼ੂਨਦਾਨ ਕੈਂਪ ਵਿੱਚ ਖ਼ੂਨਦਾਨ ਕਰਨ ਦੀ ਬੇਨਤੀ ਕੀਤੀ।

### ਮੁਫ਼ਤ ਮੈਗਾ ਮੈਡੀਕਲ ਚੈੱਕਅਪ ਕੈਂਪ 18 ਨੂੰ

ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)-ਸੰਤ ਸ਼੍ਰੋਮਣੀ [illegible] ਸ੍ਰੀ ਬਾਲਾ ਜੀ ਚੈਰੀਟੇਬਲ ਟਰੱਸਟ ਸੁਨਾਮ ਅਤੇ ਜਿੰਦਲ ਮੈਡੀਹਾਰਟ ਹਸਪਤਾਲ ਸੁਨਾਮ ਵੱਲੋਂ ਮੁਫ਼ਤ ਮੈਗਾ ਮੈਡੀਕਲ ਚੈੱਕਅਪ ਕੈਂਪ 18 ਅਕਤੂਬਰ ਨੂੰ ਜਿੰਦਲ ਮੈਡੀਹਾਰਟ ਹਸਪਤਾਲ, ਨੇੜੇ ਬਾਲਾ ਜੀ ਮੰਦਰ ਸੁਨਾਮ ਵਿਖੇ ਲਗਾਇਆ ਜਾ ਰਿਹਾ ਹੈ।ਜਾਣਕਾਰੀ ਦਿੰਦੇ ਹੋਏ ਸ਼੍ਰੀ ਬਾਲਾ ਜੀ ਚੈਰੀਟੇਬਲ ਟਰੱਸਟ ਦੇ ਮੈਂਬਰ ਗੌਰਵ ਜਨਾਲੀਆ ਨੇ ਦੱਸਿਆ ਕਿ ਇਸ ਕੈਂਪ ਵਿੱਚ ਡਾਕਟਰ ਮੋਹਿਤ ਜਿੰਦਲ (ਐੱਮ. ਡੀ. ਮੈਡੀਸਨ) ਵੱਲੋਂ ਦਿਲ, ਫੇਫੜਿਆਂ, ਸ਼ੂਗਰ, ਸਾਹ ਸਬੰਧੀ ਬਿਮਾਰੀਆਂ ਦਾ ਮੁਫ਼ਤ ਚੈੱਕਅਪ ਤੇ ਇਲਾਜ ਕੀਤਾ ਜਾਵੇਗਾ।ਇਸ ਦੇ ਨਾਲ ਨਾਲ ਡਾ. ਮਨੀਸ਼ਾ ਜਿੰਦਲ (ਬੀ.ਡੀ.ਐੱਸ.) ਦੁਆਰਾ ਦੰਦਾਂ ਦਾ ਚੈੱਕਅਪ ਵੀ ਕੀਤਾ ਜਾਵੇਗਾ। ਜਨਾਲੀਆ ਨੇ ਦੱਸਿਆ ਕਿ ਇਹ ਕੈਂਪ ਡਾਕਟਰ ਮੋਹਿਤ ਜਿੰਦਲ (ਐੱਮ.ਡੀ. ਮੈਡੀਸਨ) ਦੀ ਅਗਵਾਈ ਵਿੱਚ ਜਿੰਦਲ ਮੈਡੀਹਾਰਟ ਹਸਪਤਾਲ ਵਿੱਚ ਲਗਾਇਆ ਜਾ ਰਿਹਾ ਹੈ।ਡਾਕਟਰ ਮੋਹਿਤ ਜਿੰਦਲ ਨੇ ਦੱਸਿਆ ਕਿ ਇਸ ਕੈਂਪ ਵਿੱਚ ਸ਼ੂਗਰ, ਦਿਲ, ਛਾਤੀ, ਸਾਹ, ਦੰਦਾਂ ਸਬੰਧੀ ਬਿਮਾਰੀਆਂ ਤੋਂ ਗ੍ਰਸਤ ਵਿਅਕਤੀਆਂ ਦਾ ਮੁਫ਼ਤ ਚੈੱਕਅੱਪ ਕੀਤਾ ਜਾਵੇਗਾ ਅਤੇ ਕੈਂਪ ਵਿੱਚ ਬੀ.ਪੀ., ਸ਼ੂਗਰ, ਤਿੰਨ ਮਹੀਨੇ ਵਾਲੀ ਸ਼ੂਗਰ, ਲਿਪਿਡ ਪ੍ਰੋਫਾਈਲ ਸਾਰੇ ਟੈਸਟ ਮੁਫ਼ਤ ਕੀਤੇ ਜਾਣਗੇ।ਇਸ ਮੌਕੇ ਡਾਕਟਰ ਮੋਹਿਤ ਜਿੰਦਲ, ਡਾਕਟਰ ਮਨੀਸ਼ਾ ਜਿੰਦਲ, ਨਰੇਸ਼ ਜਿੰਦਲ ਆਦਿ ਹਾਜ਼ਰ ਸਨ।

### ਜਸਲੀਨ ਨੇ ਉੱਚੀ ਛਾਲ 'ਚ ਸਟੇਟ ਲਈ ਕੀਤਾ ਕੁਆਲੀਫਾਈ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ)-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਕਰਵਾਏ ਗਏ ਜ਼ਿਲ੍ਹਾ ਪੱਧਰ ਦੇ ਐਥਲੈਟਿਕਸ ਮੁਕਾਬਲਿਆਂ ਵਿੱਚ ਐੱਲ.ਡੀ.ਆਰ. ਕੌਨਵੈਂਟ ਸਕੂਲ ਦੀ ਅੰਡਰ-17 ਦੀ ਲੜਕੀ ਜਸਲੀਨ ਕੌਰ ਨੇ ਉੱਚੀ ਛਾਲ ਵਿੱਚ ਦੂਜਾ ਸਥਾਨ ਹਾਸਲ ਕਰਕੇ ਸਟੇਟ ਲਈ ਕੀਤਾ ਕੁਆਲੀਫਾਈ।ਇਸ ਮੌਕੇ ਸਕੂਲ ਦੇ ਚੇਅਰਮੈਨ ਅਜੇ ਅਰੋੜਾ ਤੇ ਸਕੂਲ ਪ੍ਰਿੰਸੀਪਲ ਮੈਡਮ ਗੁੰਜਨ ਵੱਲੋਂ ਪੀ.ਟੀ.ਆਈ. ਟੀਚਰ, ਗੁਰਜਿੰਦਰ ਸਿੰਘ, ਸਟਾਫ ਤੇ ਇਸ ਵਿਦਿਆਰਥਣ ਨੂੰ ਭਵਿੱਖ ਵਿੱਚ ਇਸੇ ਤਰ੍ਹਾਂ ਤਰੱਕੀਆਂ ਕਰਨ ਦੀ ਪ੍ਰੇਰਣਾ ਦਿੱਤੀ।

# ਨਰੇਗਾ ਕਾਮਿਆਂ ਵੱਲੋਂ ਮੰਗਾਂ ਨੂੰ ਲੈ ਕੇ ਮਿੰਨੀ ਸਕੱਤਰੇਤ ਅੱਗੇ ਧਰਨਾ



ਫ਼ਰੀਦਕੋਟ (ਐਲਗਜ਼ੈਂਡਰ ਡਿਸੂਜ਼ਾ)

ਸਥਾਨਕ ਮਿੰਨੀ ਸਕੱਤਰੇਤ ਅੱਗੇ ਬਲਾਕ ਫ਼ਰੀਦਕੋਟ ਦੇ ਵੱਖ-ਵੱਖ ਪਿੰਡਾਂ ਤੋਂ ਆਏ ਨਰੇਗਾ ਕਾਮਿਆਂ ਨੇ ਇੱਕ ਵਿਸ਼ਾਲ ਧਰਨਾ ਦਿੱਤਾ, ਜਿਸ ਵਿੱਚ ਉਨ੍ਹਾਂ ਨੇ ਕੰਮ ਨਾ ਮਿਲਣ ਤੇ ਬੇਰੁਜ਼ਗਾਰੀ ਭੱਤਾ ਨਾ ਦੇਣ ਖ਼ਿਲਾਫ਼ ਜ਼ੋਰਦਾਰ ਆਵਾਜ਼ ਉਠਾਈ।ਜਥੇਬੰਦੀ ਦੇ ਪ੍ਰਧਾਨ ਕਾਮਰੇਡ ਵੀਰ ਸਿੰਘ ਕੰਮੇਆਣਾ ਨੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕੰਮ ਅਰਜ਼ੀਆਂ ਦੀ ਰਸੀਦ ਨਾ ਦੇਣਾ 'ਨਰੇਗਾ ਕਾਨੂੰਨ 2005' ਦੀ ਸਿੱਧੀ ਉਲੰਘਣਾ ਹੈ, ਜੋ ਬਿਲਕੁਲ ਸਹਿਣਯੋਗ ਨਹੀਂ ਹੈ।ਉਨ੍ਹਾਂ ਸਪੱਸ਼ਟ ਕੀਤਾ ਕਿ ਜੇ ਮੰਗ ਅਨੁਸਾਰ ਕੰਮ ਨਹੀਂ ਦਿੱਤਾ ਜਾਂਦਾ, ਤਾਂ ਹਰ ਕਾਮਾ ਬੇਰੁਜ਼ਗਾਰੀ ਭੱਤੇ ਦਾ ਹੱਕਦਾਰ ਹੈ ਤੇ ਉਸ ਵੱਲੋਂ ਭਰੇ ਗਏ ਫਾਰਮ ਦੀ ਰਸੀਦ ਉਸ ਨੂੰ ਜ਼ਰੂਰ ਮਿਲਣੀ ਚਾਹੀਦੀ ਹੈ।

ਸੀਪੀਆਈ ਦੇ ਜ਼ਿਲ੍ਹਾ ਸਕੱਤਰ ਅਸ਼ੋਕ ਕੌਸ਼ਲ ਨੇ ਦੁੱਖ ਪ੍ਰਗਟ ਕਰਦਿਆਂ ਕਿਹਾ ਕਿ ਜਦੋਂ ਸਰਦੇ-ਪੁੱਜਦੇ ਪਰਵਾਰ ਦਿਵਾਲੀ ਦੀਆਂ ਤਿਆਰੀਆਂ ਵਿੱਚ ਜੁਟੇ ਹੋਏ ਹਨ, ਉਸ ਸਮੇਂ ਨਰੇਗਾ ਮਜ਼ਦੂਰ ਬੀਬੀਆਂ-ਭੈਣਾਂ ਨੂੰ ਪ੍ਰਸ਼ਾਸਨ ਨੂੰ ਇਹ ਦੱਸਣਾ ਪੈ ਰਿਹਾ ਹੈ ਕਿ ਕੰਮ ਸ਼ੁਰੂ ਨਾ ਹੋਣ ਕਾਰਨ ਉਨ੍ਹਾਂ ਦੀ ਦਿਵਾਲੀ ਫਿੱਕੀ ਹੋ ਰਹੀ ਹੈ ਅਤੇ ਚੁੱਲ੍ਹੇ ਠੰਡੇ ਪਏ ਹਨ।ਇਸ ਰੈਲੀ ਨੂੰ ਸੰਬੋਧਨ ਕਰਨ ਵਾਲਿਆਂ ਵਿੱਚ ਕਾਮਰੇਡ ਗੁਰਨਾਮ ਸਿੰਘ ਸਰਪੰਚ ਮਾਨੀ ਵਾਲਾ, ਬਿਜਲੀ ਨਿਗਮ ਦੇ ਪੈਨਸ਼ਨਰ ਆਗੂ ਹਰਪਾਲ ਸਿੰਘ ਮਚਾਕੀ, ਕੁੱਲ ਹਿੰਦ ਕਿਸਾਨ ਸਭਾ ਦੇ ਸੁਖਜਿੰਦਰ ਸਿੰਘ ਤੂੰਬੜਭੰਨ, ਮੁਖਤਿਆਰ ਸਿੰਘ ਭਾਣਾ, ਬੋਰਡ ਦੇ ਬਲਕਾਰ ਸਿੰਘ ਸਹੋਤਾ, ਗੁਰਦੀਪ ਸਿੰਘ ਕੰਮੇਆਣਾ, ਸ਼ਿਵ ਨਾਥ ਦਰਦੀ, ਨਰੇਗਾ ਮੇਟ ਬੀਬੀਆਂ ਪਰਮਜੀਤ ਕੌਰ, ਲਵਪ੍ਰੀਤ ਕੌਰ ਪਿਪਲੀ, ਅੰਜੂ ਕੌਰ ਰਾਜੋਵਾਲਾ, ਸੁੱਖਾ ਸਿੰਘ ਰੱਤੀ ਰੋੜੀ, ਸੁਖਜੀਤ ਕੌਰ ਕਿਲ੍ਹਾ ਨੌ, ਕੋਮਲ ਕੌਰ ਮਚਾਕੀ ਮੱਲ ਸਿੰਘ, ਨੱਥਾ ਸਿੰਘ ਅਰਾਈਆਂਵਾਲਾ, ਕਰਮਜੀਤ ਕੌਰ ਗੋਲੇਵਾਲਾ, ਸਿਮਰਨਜੀਤ ਕੌਰ ਰੁਪਈਆਂ ਵਾਲਾ, ਨੇਹਾ ਕੌਰ, ਦਰਸ਼ਨ ਸਿੰਘ ਪੱਕਾ, ਗੁਰਵਿੰਦਰ ਸਿੰਘ ਮਚਾਕੀ, ਗੁਰਮੇਲ ਸਿੰਘ ਭਾਗੋ ਰੋਮਾਣਾ ਤੇ ਗੁਰਭੇਜ ਸਿੰਘ ਦਾਨਾ ਰੋਮਾਣਾ ਆਦਿ ਸ਼ਾਮਲ ਸਨ।ਧਰਨੇ ਵਿੱਚ ਪਹੁੰਚੇ ਕਾਰਜਕਾਰੀ ਮੈਜਿਸਟ੍ਰੇਟ ਗੋਇਲ ਸਾਹਿਬ ਨੇ ਡਿਪਟੀ ਕਮਿਸ਼ਨਰ ਫਰੀਦਕੋਟ ਵੱਲੋਂ ਮੰਗ ਪੱਤਰ ਪ੍ਰਾਪਤ ਕੀਤਾ।

ਆਗੂਆਂ ਨੇ ਸਰਕਾਰ ਨੂੰ ਚੇਤਾਵਨੀ ਦਿੰਦੇ ਹੋਏ ਐਲਾਨ ਕੀਤਾ ਕਿ ਜੇ ਨਰੇਗਾ ਕਾਮਿਆਂ ਨਾਲ ਬੇਇਨਸਾਫ਼ੀ ਤੁਰੰਤ ਬੰਦ ਨਾ ਕੀਤੀ ਗਈ, ਤਾਂ ਇੱਕ ਲੰਬਾ ਤੇ ਵੱਡਾ ਸੰਘਰਸ਼ ਸ਼ੁਰੂ ਕੀਤਾ ਜਾਵੇਗਾ, ਜਿਸ ਦੀ ਸਾਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।

# ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਮੋਗਾ ਦੇ ਭਵਨ ਦਾ ਹੋਇਆ ਉਦਘਾਟਨ

## ਕੀਤੇ ਵਾਅਦੇ ਮੁਤਾਬਕ ਪੰਜਾਬ ਸਰਕਾਰ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਮਾਨਤਾ ਦੇਵੇ : ਡਾ. ਗੋਇਲ

ਮੋਗਾ (ਇਕਬਾਲ ਸਿੰਘ ਖਹਿਰਾ)

ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਮੋਗਾ ਬਲਾਕ ਸਿਟੀ ਰਜਿਸਟਰਡ 295 ਪੰਜਾਬ ਦੇ ਅਹੁਦੇਦਾਰ ਤੇ ਸਮੂਹ ਮੈਂਬਰ ਸਾਹਿਬਾਨ ਮੈਡੀਕਲ ਪਟੀਸ਼ਨਰ ਭਵਨ ਮੋਗਾ ਵਿਖੇ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਕੋਲ ਬਣਾਇਆ ਗਿਆ ਅਤੇ ਬਲਾਕ ਪ੍ਰਧਾਨ ਡਾਕਟਰ ਦਰਸ਼ਨ ਲਾਲ ਜ਼ਿਲ੍ਹਾ ਪ੍ਰਧਾਨ ਡਾਕਟਰ ਜਸਬੀਰ ਸਿੰਘ ਸਹਿਗਲ ਤੇ ਸਮੂਹ ਬਲਾਕ ਕਮੇਟੀ ਅਤੇ ਮੈਂਬਰਨ ਸਾਹਿਬਾਨ ਦੀ ਰਹਿਮਨਾਈ ਹੇਠ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਓਟ ਦਾ ਆਸਰਾ ਲੈ ਕੇ ਸ਼੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕਰਵਾਏ ਗਏ।ਕੀਰਤਨੀ ਜਥੇ ਵੱਲੋਂ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ।ਉਪਰੰਤ ਮੈਡੀਕਲ ਪ੍ਰੈਕਟੀਸ਼ਨਲ ਐਸੋਸੀਏਸ਼ਨ ਦੀ ਚੜ੍ਹਦੀ ਕਲਾ ਲਈ ਅਰਦਾਸ ਬੇਨਤੀ ਕੀਤੀ ਗਈ।ਇਸ ਮੌਕੇ ਮੈਡੀਕਲ ਪ੍ਰੈਕਟੀਸ਼ਨਲ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਵੈਦ ਧੰਨਾ ਮੱਲ ਗੋਇਲ ਨੇ ਉਦਘਾਟਨ ਕੀਤਾ ਅਤੇ ਸਾਰਿਆਂ ਨੂੰ ਵਧਾਈਆਂ ਦਿੱਤੀਆਂ।

ਇਸ ਮੌਕੇ ਉਨ੍ਹਾਂ ਨਾਲਸੂਬਾ ਜਨਰਲ ਸਕੱਤਰ ਗੁਰਮੇਲ ਸਿੰਘ ਮਾਛੀਕੇ, ਹਲਕਾ ਮੋਗਾ ਤੋਂ ਕਾਂਗਰਸ ਦੀ ਇੰਚਾਰਜ ਮਾਲਵਿਕਾ ਸੂਦ, ਸ਼੍ਰੋਮਣੀ ਅਕਾਲੀ ਦਲ ਦੇ ਮੋਗਾ ਹਲਕਾ ਇੰਚਾਰਜ ਸੰਜੀਤ ਸਿੰਘ ਸਨੀ ਗਿੱਲ ਨਗਰ ਨਿਗਮ ਮੇਅਰ ਬਲਜੀਤ ਸਿੰਘ ਚਾਨੀ, ਮਜ਼ਦੂਰ ਯੂਨੀਅਨਾਂ ਦੇ ਆਗੂ ਐਡਵੋਕੇਟ ਵਿਜੇ ਧੀਰ, ਸੀਨੀਅਰ ਅਕਾਲੀ ਆਗੂ ਰਾਜਵੰਤ ਸਿੰਘ ਮਾਹਲਾ, ਆਮ ਆਦਮੀ ਪਾਰਟੀ ਦੇ ਸ਼ਹਿਰੀ ਪ੍ਰਧਾਨ ਪ੍ਰੇਮ ਚੰਦ ਚੱਕੀਵਾਲਾ, ਸੀਨੀਅਰ ਕਾਂਗਰਸੀ ਆਗੂ ਮਨਜੀਤ ਸਿੰਘ ਮਾਨ ਤੋਂ ਇਲਾਵਾ ਵੱਡੀ ਗਿਣਤੀ ਸ਼ਹਿਰ ਦੇ ਪਤਵੰਤਿਆਂ ਵੱਲੋਂ ਸ਼ਮੂਲੀਅਤ ਕੀਤੀ ਗਈ।ਉਦਘਾਟਨੀ ਸਮਾਰੋਹ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਧੰਨਾ ਮੱਲ ਗੋਇਲ ਨੇ ਕਿਹਾ ਕਿ ਇਹ ਡਾਕਟਰ ਉਹ ਯੋਧੇ ਹਨ, ਜਦੋਂ ਕਰੋਨਾ ਦੌਰਾਨ ਵੱਡੇ ਹਸਪਤਾਲਾਂ ਨੇ ਲੋਕਾਂ ਲਈ ਆਪਣੇ ਹਸਪਤਾਲਾਂ ਦੇ ਦਰਵਾਜੇ ਬੰਦ ਕਰ ਦਿੱਤੇ ਸਨ।ਉਸ ਸਮੇਂ ਲੋਕਾਂ ਨੂੰ ਮੁਢਲੀਆਂ ਸਿਹਤ ਸੇਵਾਵਾਂ ਦੇਣ ਵਿੱਚ ਆਪਣਾ ਅਹਿਮ ਯੋਗਦਾਨ ਪਾਇਆ।ਉਨ੍ਹਾਂ ਕਿਹਾ ਕਿ ਬੜੀ ਖੁਸ਼ੀ ਦੀ ਗੱਲ ਹੈ ਕਿ ਮੋਗਾ ਜ਼ਿਲ੍ਹੇ ਦੀ ਟੀਮ ਵੱਲੋਂ ਮੈਡੀਕਲ ਪ੍ਰੈਕਟਿਸ਼ਨਰ ਐਸੋਸੀਏਸ਼ਨ ਮੋਗਾ ਦੇ ਭਵਨ ਦਾ ਨਿਰਮਾਣ ਕਰਵਾਇਆ ਗਿਆ ਸੀ, ਜਿਸ ਦਾ ਉਦਘਾਟਨ ਕੀਤਾ ਗਿਆ ਹੈ।ਇਸ ਨਾਲ ਜਥੇਬੰਦੀ ਹੋਰ ਮਜ਼ਬੂਤ ਹੋਵੇਗੀ।ਉਨ੍ਹਾਂ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਮੈਡੀਕਲ ਪ੍ਰੈਕਟੀਸ਼ਨਰਾਂ ਨਾਲ ਕੀਤੇ ਵਾਅਦੇ ਅਨੁਸਾਰ ਇਨ੍ਹਾਂ ਨੂੰ ਮਾਨਤਾ ਦੇਣ ਤਾਂ ਜੋ ਉਹ ਲੋਕਾਂ ਨੂੰ ਮੁਢਲੀਆਂ ਸਿਹਤ ਸਹੂਲਤਾਂ ਮੁਹੱਈਆ ਕਰਵਾ ਸਕਣ।





ਇਸ ਮੌਕੇ ਜ਼ਿਲ੍ਹਾ ਪ੍ਰਧਾਨ ਜਸਵੀਰ ਸਿੰਘ ਸਹਿਗਲ ਨੇ ਦੱਸਿਆ ਕਿ ਇਹ ਭਵਨ ਡਾਕਟਰ ਸਾਥੀ ਤੇ ਦਾਨੀ ਸੱਜਣਾਂ ਦੇ ਸਹਿਯੋਗ ਨਾਲ ਬਣਾਇਆ ਗਿਆ ਹੈ।ਮੋਗੇ ਦਾ ਹਰੇਕ ਨਾਗਰਿਕ ਨੂੰ ਇਸ ਭਵਨ ਵਿੱਚ ਆਪਣਾ ਪ੍ਰੋਗਰਾਮ ਕਰਨ ਲਈ ਦਿੱਤਾ ਜਾ ਸਕਦਾ ਹੈ।ਸੂਬਾ ਜਨਰਲ ਸਕੱਤਰ ਡਾਕਟਰ ਗੁਰਮੇਲ ਸਿੰਘ ਮਾਛੀਕੇ, ਜ਼ਿਲ੍ਹਾ ਚੇਅਰਮੈਨ ਡਾਕਟਰ ਬਲਦੇਵ ਸਿੰਘ ਧੂਰਕੋਟ ਨੇ ਵੀ ਵੱਖ-ਵੱਖ ਮੁੱਦਿਆਂ 'ਤੇ ਵਿਚਾਰ ਚਰਚਾ ਕੀਤੀ। ਇਸ ਮੌਕੇ ਐੱਮ ਸੀ ਡਾਕਟਰ ਕੁਲਵਿੰਦਰ ਕੌਰ ਕੋਆਰਡੀਨੇਟਰ ਜ਼ਿਲ੍ਹਾ ਮੋਗਾ, ਬਲਾਕ ਬਾਗਾ ਪੁਰਾਣਾ ਦੇ ਚੇਅਰਮੈਨ ਡਾਕਟਰ ਕੇਵਲ ਸਿੰਘ ਖੋਟੇ, ਬਲਾਕ ਪ੍ਰਧਾਨ ਡਾਕਟਰ ਗੁਰਮੇਲ ਸਿੰਘ ਢਿੱਲਵਾਂ, ਡਾਕਟਰ ਹਰਦੀਪ ਸਿੰਘ ਸੇਖਾ ਜ਼ਿਲ੍ਹਾ ਕਮੇਟੀ ਮੈਂਬਰ ਬਲਾਕ ਨਿਹਾਲ ਸਿੰਘ ਵਾਲਾ, ਬਲਾਕ ਪ੍ਰਧਾਨ ਡਾਕਟਰ ਗੁਰਮੇਲ ਸਿੰਘ, ਡਾਕਟਰ ਰਜਿੰਦਰ ਸਿੰਘ, ਡਾਕਟਰ ਪਰਮਜੀਤ ਸਿੰਘ ਰਾਓ ਕੇ, ਡਾਕਟਰ ਗੁਰਸੇਵਕ ਸਿੰਘ ਆਦਿ ਮੌਜੂਦ ਸਨ। ਅਖੀਰ ਵਿੱਚ ਬਲਾਕ ਪ੍ਰਧਾਨ ਡਾਕਟਰ ਦਰਸ਼ਨ ਲਾਲ ਨੇ ਆਏ ਹੋਈ ਸਾਰੀ ਹੀ ਸੰਗਤ ਦਾ ਧੰਨਵਾਦ ਕੀਤਾ ਅਤੇ ਗੁਰੂ ਘਰ ਲੰਗਰ ਟੁੱਟ ਵਰਤਾਇਆ ਗਿਆ।

# ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੀ ਭੁੱਖ ਹੜਤਾਲ ਦੀ ਮੰਡੌੜ ਦੇ ਦਲਿਤਾਂ ਵੱਲੋਂ ਹਮਾਇਤ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਵੱਲੋਂ ਦਿੱਤੇ ਸੱਦੇ 'ਤੇ ਚੱਲ ਰਹੀ ਭੁੱਖ ਹੜਤਾਲ ਦੀ ਸੱਤਵੇਂ ਦਿਨ ਪਿੰਡ ਮੰਡੌੜ ਦੇ ਦਲਿਤਾਂ ਨੇ ਦ੍ਰਿੜ੍ਹਤਾ ਨਾਲ ਹਮਾਇਤ ਕੀਤੀ ਹੈ, ਜੋ ਕਿ ਬੇਜ਼ਮੀਨੇ ਦਲਿਤਾਂ ਤੇ ਛੋਟੇ ਕਿਸਾਨਾਂ ਦੇ ਹੱਕਾਂ ਲਈ ਸੰਘਰਸ਼ ਦਾ ਪ੍ਰਤੀਕ ਹੈ।ਕਮੇਟੀ ਦੇ ਐਲਾਨ ਅਨੁਸਾਰ ਪਿੰਡ ਮੰਡੌੜ ਦੇ ਦਲਿਤਾਂ ਨੇ ਇੱਕ ਡੰਗ ਚੁੱਲ੍ਹੇ ਨੂੰ ਠੰਡਾ ਰੱਖ ਕੇ ਇਸ ਸੰਘਰਸ਼ ਦੀ ਹਮਾਇਤ ਕੀਤੀ ਹੈ ਅਤੇ ਕਿਹਾ ਕਿ ਇਸ ਸੰਘਰਸ਼ ਨੂੰ ਵਿਸ਼ਾਲ ਸੰਘਰਸ਼ ਵਿੱਚ ਬਦਲਿਆ ਜਾਵੇਗਾ।ਇਹ ਕਦਮ ਨਾ ਸਿਰਫ਼ ਸੰਘਰਸ਼ ਨੂੰ ਮਜ਼ਬੂਤੀ ਦੇਵੇਗਾ, ਸਗੋਂ ਸਮਾਜ ਵਿੱਚ ਵੰਚਿਤ ਵਰਗਾਂ ਦੀ ਆਵਾਜ਼ ਨੂੰ ਸਰਕਾਰ ਤੱਕ ਪਹੁੰਚਾਉਣ ਦਾ ਸੁਨੇਹਾ ਵੀ ਦੇਵੇਗਾ।

ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਜ਼ੋਨਲ ਮੀਤ ਪ੍ਰਧਾਨ ਧਰਮਵੀਰ ਹਰੀਗੜ੍ਹ ਤੇ ਪਰਮਜੀਤ ਸਿੰਘ ਮੰਡੌੜ ਨੇ ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਕਿਹਾ ਕਿ ਸੰਘਰਸ਼ ਕਮੇਟੀ ਵੱਲੋਂ ਇਹ ਭੁੱਖ ਹੜਤਾਲ ਕਰਦਿਆਂ ਸਰਕਾਰ ਅੱਗੇ ਜੋ ਜਾਇਜ਼ ਮੰਗਾਂ ਰੱਖੀਆਂ ਹਨ, ਉਨ੍ਹਾਂ ਨੂੰ ਤੁਰੰਤ ਪੂਰਾ ਕਰਨ ਦੀ ਅਪੀਲ ਕੀਤੀ ਹੈ।ਉਨ੍ਹਾ ਕਿਹਾ ਕਿ ਇਨ੍ਹਾਂ ਮੰਗਾਂ 'ਚ ਆਗੂ ਬਿੱਕਰ ਸਿੰਘ ਹਥੋਆ ਨੂੰ ਬਿਨਾਂ ਦੇਰੀ ਰਿਹਾਅ ਕੀਤਾ ਜਾਵੇ। ਬਿੱਕਰ ਸਿੰਘ ਸਮੇਤ ਸਾਰੇ ਸੰਘਰਸ਼ੀਆਂ 'ਤੇ ਲਾਏ ਗਏ ਝੂਠੇ ਮੁਕੱਦਮੇ ਤੇ ਐੱਫਆਈਆਰ ਨੂੰ ਤੁਰੰਤ ਵਾਪਸ ਲਿਆ ਜਾਵੇ, ਜ਼ਮੀਨ ਸੀਲਿੰਗ ਐਕਟ ਨੂੰ ਪੂਰੀ ਤਰ੍ਹਾਂ ਲਾਗੂ ਕਰਕੇ ਬੇਜ਼ਮੀਨੇ ਦਲਿਤਾਂ ਤੇ ਛੋਟੇ ਕਿਸਾਨਾਂ ਵਿੱਚ ਨਿਰਪੱਖ ਵੰਡ ਯਕੀਨੀ ਬਣਾਈ ਜਾਵੇ, ਪਿੰਡ ਮੰਡੌੜ ਦੇ ਦਲਿਤਾਂ ਤੋਂ 2,70,000 ਰੁਪਏ ਲੈਣ ਸਬੰਧੀ ਡੀ ਡੀ ਪੀ ਓ ਪਟਿਆਲਾ ਮਹਿੰਦਰਜੀਤ ਸਿੰਘ 'ਤੇ ਕੁਰੱਪਸ਼ਨ ਦਾ ਪਰਚਾ ਦਰਜ ਕਰਵਾਉਣ ਸਬੰਧੀ, ਹੜ੍ਹਾਂ ਤੇ ਬਰਸਾਤਾਂ ਕਾਰਨ ਪ੍ਰਭਾਵਿਤ ਮਕਾਨਾਂ ਵਾਲੇ ਪਰਵਾਰਾਂ ਨੂੰ ਤੁਰੰਤ ਤੇ ਪੂਰਨ ਮੁਆਵਜ਼ਾ ਦਿੱਤਾ ਜਾਵੇ, ਮਨਰੇਗਾ ਤਹਿਤ ਕੰਮ ਨੂੰ ਪੂਰੀ ਸਮਰੱਥਾ ਨਾਲ ਚਲਾਇਆ ਜਾਵੇ ਤੇ ਸਾਰੀਆਂ ਬਕਾਇਆ ਅਦਾਇਗੀਆਂ ਨੂੰ ਤੁਰੰਤ ਜਾਰੀ ਕੀਤਾ ਜਾਵੇ।

ਉਪਰੋਕਤ ਤੋਂ ਇਲਾਵਾ ਗੁਰਪ੍ਰੀਤ ਸਿੰਘ, ਹਰਜੀਤ ਸਿੰਘ, ਪਰਗਟ ਸਿੰਘ, ਸੁਖਵਿੰਦਰ ਕੌਰ, ਚਰਨਜੀਤ ਕੌਰ ਤੇ ਹੋਰਨਾਂ ਨੇ ਕਿਹਾ ਕਿ ਜੇਕਰ ਸਰਕਾਰ ਵੱਲੋਂ ਇਨ੍ਹਾਂ ਜਾਇਜ਼ ਮੰਗਾਂ ਨੂੰ ਨਜ਼ਰ ਅੰਦਾਜ਼ ਕੀਤਾ ਗਿਆ, ਤਾਂ ਸਰਕਾਰ ਨੂੰ ਕਾਫੀ ਸਿਆਸੀ ਨੁਕਸਾਨ ਝੱਲਣਾ ਪਵੇਗਾ।

# ਸਰਕਾਰ ਦੇ ਅੜੀਅਲ ਵਤੀਰੇ ਖਿਲਾਫ਼ ਡੀ ਸੀ ਦਫ਼ਤਰ ਮੂਹਰੇ ਰੈਲੀ ਕੀਤੀ

ਫ਼ਾਜ਼ਿਲਕਾ (ਨਿਸ਼ਾ ਸ਼ਰਮਾ)-ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ ਦੇ ਸੂਬਾਈ ਸੱਦੇ 'ਤੇ ਪੰਜਾਬ ਸਰਕਾਰ ਦੇ ਅੜੀਅਲ ਰਵੱਈਏ ਵਿਰੁੱਧ ਤੇ ਆਪਣੀਆਂ ਹੱਕੀ ਤੇ ਜਾਇਜ਼ ਮੰਗਾਂ ਦੇ ਹੱਕ ਵਿੱਚ ਦਿੱਤੇ ਗਏ ਰੈਲੀ ਦੇ ਸੱਦੇ 'ਤੇ ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ ਜ਼ਿਲ੍ਹਾ ਫਾਜ਼ਿਲਕਾ ਵੱਲੋਂ ਡਿਪਟੀ ਕਮਿਸ਼ਨਰ ਦਫ਼ਤਰ ਬਾਹਰ ਵਿਸ਼ਾਲ ਰੈਲੀ ਰੈਲੀ ਕੀਤੀ ਗਈ। ਮਨਿਸਟਰੀਅਲ ਕਾਮਿਆਂ ਦੀ ਰੈਲੀ 'ਚ ਇਸਤਰੀ ਮੁਲਾਜ਼ਮ ਵੀ ਵੱਡੀ ਗਿਣਤੀ 'ਚ ਸ਼ਾਮਲ ਹੋਈਆਂ।ਰੈਲੀ ਦੀ ਪ੍ਰਧਾਨਗੀ ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਅਮਰਜੀਤ ਚਾਵਲਾ, ਜਨਰਲ ਸਕੱਤਰ ਸੁਖਦੇਵ ਚੰਦ ਕੰਬੋਜ ਨੇ ਕੀਤੀ ।

ਰੈਲੀ ਨੂੰ ਡੀ.ਸੀ. ਦਫਤਰ ਕ੍ਰਮਚਾਰੀ ਯੂਨੀਅਨ ਦੇ ਆਗੂ ਸੁਨੀਲ ਕੁਮਾਰ ਤੇ ਅਸ਼ੋਕ ਕੁਮਾਰ ਨੇ ਸੰਬੋਧਨ ਕਰਦਿਆਂ 'ਆਪ' ਸਰਕਾਰ ਤੋਂ ਮੰਗ ਕੀਤੀ ਕਿ 16% ਡੀ.ਏ ਰਿਲੀਜ਼ ਕੀਤਾ ਜਾਵੇ ਤੇ ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ।

ਗੌਰਮਿੰਟ ਪੈਨਸ਼ਨਰਜ ਯੂਨੀਅਨ ਦੇ ਪ੍ਰਧਾਨ ਹਰਭਜਨ ਸਿੰਘ ਖੁੰਗਰ ਨੇ ਪੰਜਾਬ ਸਰਕਾਰ ਦੀ ਮੁਲਾਜ਼ਮ ਪੈਨਸ਼ਨਰਜ ਵਿਰੋਧੀ ਨੀਤੀਆਂ ਦੀ ਕਰੜੀ ਅਲੋਚਨਾ ਕੀਤੀ ਤੇ ਕਿਹਾ ਕਿ ਮਾਨ ਸਰਕਾਰ ਨੇ ਪੈਨਸ਼ਨਰਜ਼ ਤੇ ਛੇਵੇਂ ਤਨਖਾਹ ਕਮਿਸ਼ਨ ਦੀਆਂ ਸ਼ਿਫ਼ਾਰਸ਼ਾਂ 2.59 ਨੂੰ ਅੱਜ ਤੱਕ ਲਾਗੂ ਨਾ ਕਰਕੇ ਪੰਜਾਬ ਨੂੰ ਦੇਸ਼ ਦਾ ਫਾਡੀ ਸੂਬਾ ਬਣਾ ਦਿਤਾ ਹੈ।ਮੈਡਮ ਨਵਨੀਤ, ਪੀ.ਡਬਲਿਓ.ਡੀ. ਵਿਭਾਗ ਤੋਂ ਰਾਜ ਕੁਮਾਰ, ਸਿੱਖਿਆ ਵਿਭਾਗ ਤੋਂ ਜਸਵਿੰਦਰ ਸਿੰਘ ਮੁਲਾਜਮ ਆਗੂ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਮੁਲਾਜ਼ਮਾਂ ਪੈਨਸ਼ਨਰਜ ਪ੍ਰਤੀ ਰਵੱਈਆ ਠੀਕ ਨਹੀ ਹੈ ਉਨ੍ਹਾਂ ਕਿਹਾ ਕਿ ਜੇਕਰ ਆਉਣ ਵਾਲੇ ਦਿਨਾਂ 'ਚ ਸਰਕਾਰ ਨੇ ਮੁਲਾਜ਼ਮਾਂ ਦੀਆਂ ਭਖਦੀਆਂ ਮੰਗਾਂ ਵੱਲ ਧਿਆਨ ਨਾ ਦਿੱਤਾ ਤਾ ਆਉਣ ਸਮੇਂ 'ਚ ਸਰਕਾਰ ਨੂੰ ਇਸ ਦੇ ਗੰਭੀਰ ਨਤੀਜੇ ਭੁਗਤਣੇ ਪੈਣਗੇ।ਉਨ੍ਹਾਂ ਕਿਹਾ ਕਿ ਮੁਲਾਜ਼ਮਾਂ ਪੈਨਸ਼ਨਰਜ਼ ਦੀਆਂ ਜਾਇਜ਼ ਮੰਗਾਂ ਜਿਵੇਂ 16 ਫ਼ੀਸਦੀ ਡੀ.ਏ.ਰਿਲੀਜ਼ ਕਰਨ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਦਾ ਐਲਾਨ ਕਰਨ ਦੇ ਬਾਵਜੂਦ ਅਜੇ ਤੱਕ ਪੁਰਾਣੀ ਪੈਨਸ਼ਨ ਸਕੀਮ ਲਾਗੂ ਨਹੀ ਕੀਤੀ ਗਈ, ਜਿਸ ਕਾਰਨ ਮੁਲਾਜ਼ਮਾਂ 'ਚ ਭਾਰੀ ਰੋਸ ਪਾਇਆ ਜਾ ਰਿਹਾ ਹੈ।37 ਤਰ੍ਹਾਂ ਦੇ ਭੱਤੇ ਤੇ ਏ ਸੀ ਪੀ ਬਹਾਲ ਕਰਨੀ ਆਦਿ ਮੰਗਾ ਦਾ ਫੌਰੀ ਨਿਪਟਾਰਾ ਕੀਤਾ ਜਾਵੇ।

# ਮੁਕਤਸਰ ਪੁਲਸ ਵੱਲੋਂ ਕਿੱਲੋ ਹੈਰੋਇਨ ਸਮੇਤ ਤਿੰਨ ਨਸ਼ਾ ਸਮੱਗਲਰ ਗ੍ਰਿਫ਼ਤਾਰ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)-ਚੱਲ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਹੇਠ ਸ੍ਰੀ ਮੁਕਤਸਰ ਸਾਹਿਬ ਪੁਲਸ ਵੱਲੋਂ ਨਸ਼ਾ ਤਸਕਰੀ ਖ਼ਿਲਾਫ਼ ਵੱਡੀ ਕਾਰਵਾਈ ਕੀਤੀ ਗਈ ਹੈ।ਕੇਵਲ 48 ਘੰਟਿਆਂ ਅੰਦਰ ਜ਼ਿਲ੍ਹੇ ਦੀਆਂ ਪੁਲਸ ਟੀਮਾਂ ਨੇ ਦੋ ਵੱਖ-ਵੱਖ ਇੰਟੈਲੀਜੈਂਸ ਅਧਾਰਤ ਓਪਰੇਸ਼ਨਾਂ ਦੌਰਾਨ 1 ਕਿੱਲੋ ਹੈਰੋਇਨ ਬਰਾਮਦ ਕੀਤੀ ਅਤੇ 3 ਨਸ਼ਾ ਸਮਗਲਰਾਂ ਨੂੰ ਕਾਬੂ ਕੀਤਾ।ਇਹ ਤਾਲਮੇਲ ਵਾਲੀ ਕਾਰਵਾਈ ਸ੍ਰੀ ਮੁਕਤਸਰ ਸਾਹਿਬ ਪੁਲਸ ਦੇ ਇਸ ਦ੍ਰਿੜ੍ਹ ਸੰਕਲਪ ਨੂੰ ਦਰਸਾਉਂਦੀ ਹੈ ਕਿ ਨਸ਼ਿਆਂ ਦੇ ਜਾਲ ਨੂੰ ਪੂਰੀ ਤਰ੍ਹਾਂ ਤੋੜਿਆ ਜਾਵੇ ਤੇ ਨੌਜਵਾਨ ਪੀੜ੍ਹੀ ਨੂੰ ਇਸ ਨਸ਼ਿਆਂ ਤੋਂ ਬਚਾਇਆ ਜਾਵੇ।ਖ਼ਾਸ ਸੂਚਨਾ ਦੇ ਅਧਾਰ 'ਤੇ ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ ਦੀ ਟੀਮ ਨੇ ਅਭੈ ਕੁਮਾਰ ਉਰਫ ਲਾਲੀ ਪਿੰਡ ਬਰੀਆਰ, ਜ਼ਿਲ੍ਹਾ ਗੁਰਦਾਸਪੁਰ ਨੂੰ ਕਾਬੂ ਕਰਕੇ ਉਸ ਦੇ ਕਬਜ਼ੇ ਵਿੱਚੋਂ 500 ਗ੍ਰਾਮ ਹੈਰੋਇਨ ਤੇ 1230 ਰੁਪਏ ਨਗਦ ਬਰਾਮਦ ਕੀਤੇ।

ਇੱਕ ਹੋਰ ਖ਼ਾਸ ਸੂਚਨਾ ਦੇ ਅਧਾਰ 'ਤੇ ਥਾਣਾ ਸਦਰ ਸ੍ਰੀ ਮੁਕਤਸਰ ਸਾਹਿਬ ਦੀ ਟੀਮ ਨੇ ਹੀਰੋ ਹੌਂਡਾ ਸੀਡੀ ਡੀਲਕਸ ਮੋਟਰਸਾਈਕਲ (ਪੀ ਬੀ-04 ਕੇ-0132) 'ਤੇ ਸਵਾਰ ਦੋ ਸ਼ੱਕੀ ਵਿਅਕਤੀਆਂ ਸੁਖਵਿੰਦਰ ਸਿੰਘ ਪੁੱਤਰ ਗੁਰਨਾਮ ਸਿੰਘ ਨਿਵਾਸੀ ਰੋਮਾਣਾ ਅਲਬੇਲ ਸਿੰਘ ਜ਼ਿਲ੍ਹਾ ਫਰੀਦਕੋਟ ਤੇ ਅਮਰਿਕ ਸਿੰਘ ਪੁੱਤਰ ਗੁਰਬਾਜ਼ ਸਿੰਘ ਨਿਵਾਸੀ ਰਾਮਗੜ੍ਹ ਝੁੰਗਾ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਨੂੰ ਰੋਕ ਕੇ ਤਲਾਸ਼ੀ ਲਈ ਤਾਂ ਉਨ੍ਹਾਂ ਦੇ ਕਬਜ਼ੇ ਵਿੱਚੋਂ 500 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ।ਪੁਲਸ ਨੇ ਥਾਣਾ ਸਦਰ ਸ੍ਰੀ ਮੁਕਤਸਰ ਸਾਹਿਬ ਵਿਖੇ ਐੱਫ.ਆਈ.ਆਰ. ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਐੱਸ.ਐੱਸ.ਪੀ. ਡਾ. ਅਖਿਲ ਚੌਧਰੀ (ਆਈ.ਪੀ.ਐੱਸ.) ਨੇ ਉਕਤ ਜਾਣਕਾਰੀ ਦਿੰਦਿਆਂ ਕਿਹਾ ਕਿ ਸ੍ਰੀ ਮੁਕਤਸਰ ਸਾਹਿਬ ਪੁਲਸ ਨਸ਼ਾ ਤਸਕਰੀ ਖ਼ਿਲਾਫ਼ ਜ਼ੀਰੋ ਟੌਲਰੈਂਸ ਨੀਤੀ 'ਤੇ ਪੱਕੇ ਤੌਰ 'ਤੇ ਅਡਿੱਗ ਹੈ। ਉਨ੍ਹਾਂ ਪੁਲਸ ਟੀਮਾਂ ਦੀ ਇਸ ਤੇਜ਼, ਤਾਲਮੇਲ ਭਰੀ ਤੇ ਨਤੀਜਾ-ਕੇਂਦਰਤ ਕਾਰਵਾਈ ਦੀ ਖੂਬ ਸਰਾਹਣਾ ਕੀਤੀ, ਜੋ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਹੇਠ ਕੀਤੀ ਗਈ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਸਾਂਝੀ ਮੁਹਿੰਮ ਦਾ ਹਿੱਸਾ ਬਣਨ ਤੇ ਨਸ਼ਿਆਂ ਨਾਲ ਸੰਬੰਧਤ ਕਿਸੇ ਵੀ ਸ਼ੱਕੀ ਗਤੀਵਿਧੀ ਜਾਂ ਵਿਅਕਤੀ ਬਾਰੇ ਜਾਣਕਾਰੀ ਸਾਂਝੀ ਕਰਨ ਵਿੱਚ ਸਹਿਯੋਗ ਕਰਨ।

# ਪੀ ਐੱਸ ਐੱਮ ਐੱਸ ਯੂ ਨੇ ਮੰਗਾਂ ਮੰਨਵਾਉਣ ਲਈ ਕੀਤੀ ਰੋਸ ਰੈਲੀ



ਸੰਗਰੂਰ (ਪ੍ਰਵੀਨ ਸਿੰਘ)-ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ ਜ਼ਿਲ੍ਹਾ ਸੰਗਰੂਰ ਦੀ ਸਮੁੱਚੀ ਕਮੇਟੀ ਦੀ ਅਗਵਾਈ ਹੇਠ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਮੰਗਾਂ ਮੰਨਵਾਉਣ ਲਈ ਰੋਸ ਰੈਲੀ ਕੀਤੀ ਗਈ।ਇਸ ਮੌਕੇ ਸੂਬਾ ਵਿੱਤ ਸਕੱਤਰ ਅਨੁਜ ਸ਼ਰਮਾ, ਜ਼ਿਲ੍ਹਾ ਐਕਟਿੰਗ ਪ੍ਰਧਾਨ ਰਾਜਵੀਰ ਬਡਰੁੱਖਾਂ, ਹਰਵਿੰਦਰ ਸਿੰਘ ਘਰਾਚੋਂ ਸੀਨੀਅਰ ਮੀਤ ਪ੍ਰਧਾਨ, ਰਣਜੀਤ ਭੀਖੀ ਸੀਨੀਅਰ ਮੀਤ ਪ੍ਰਧਾਨ ਨੇ ਸੰਬੋਧਨ ਕਰਦਿਆਂ ਕਿਹਾ ਕਿ ਜਥੇਬੰਦੀ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ, ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ, 15 ਜਨਵਰੀ 2015 ਨੂੰ ਜਾਰੀ ਕੀਤਾ 3 ਸਾਲ ਦਾ ਪ੍ਰੋਬੇਸ਼ਨ ਪੀਰੀਅਡ ਲਾਗੂ ਕਰਨ ਦਾ ਨੋਟੀਫਿਕੇਸ਼ਨ ਰੱਦ ਕਰਨਾ, 2020 ਵਿੱਚ ਜਾਰੀ ਕੀਤਾ ਗਿਆ ਨਵੇਂ ਭਰਤੀ ਹੋਣ ਵਾਲੇ ਮੁਲਾਜ਼ਮਾਂ 'ਤੇ ਕੇਂਦਰੀ ਤਨਖ਼ਾਹ ਕਮਿਸ਼ਨ ਲਾਗੂ ਕਰਨ ਦਾ ਨੋਟੀਫਿਕੇਸ਼ਨ ਰੱਦ ਕਰਨਾ, 4,9,14 ਸਾਲਾ ਏ.ਸੀ.ਪੀ. ਸਕੀਮ ਨੂੰ ਮੁੜ ਬਹਾਲ ਕਰਨਾ ਆਦਿ ਮੁੱਖ ਹੱਕੀ ਮੰਗਾਂ ਮੰਨਣ ਲਈ ਸਰਕਾਰ ਨੂੰ ਮੰਗ ਪੱਤਰ ਭੇਜ ਕੇ ਅਪੀਲ ਕਰ ਰਹੀ ਹੈ, ਪ੍ਰੰਤੂ ਸਰਕਾਰ ਵੱਲੋਂ ਮੁਲਾਜ਼ਮਾਂ ਦੀਆਂ ਮੰਗਾਂ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ ਹੈ, ਜਿਸ ਕਾਰਨ ਮੁਲਾਜ਼ਮਾਂ ਨੂੰ ਦੀਵਾਲੀ ਦੇ ਤਿਉਹਾਰ ਮੌਕੇ ਸੰਘਰਸ਼ ਦਾ ਰਾਹ ਅਖਤਿਆਰ ਕਰਨ ਲਈ ਮਜਬੂਰ ਹੋਣਾ ਪੈ ਰਿਹਾ ਹੈ।ਇਸ ਮੌਕੇ ਐਕਟਿਵ ਮੈਂਬਰ ਮਨਿੰਦਰ ਕੌਰ ਪੰਚਾਇਤੀ ਰਾਜ ਵਿਭਾਗ, ਸੰਦੀਪ ਕੌਰ ਫ਼ੂਡ ਸਪਲਾਈ ਅਤੇ ਸੰਜੋਲੀ ਜਲ ਸਪਲਾਈ ਸੈਨੀਟੇਸ਼ਨ ਵਿਭਾਗ ਨੇ ਕਿਹਾ ਕਿ ਸਰਕਾਰ ਸਾਡੀਆਂ ਮੰਗਾਂ ਵੱਲ ਧਿਆਨ ਦੇਵੇ, ਕਿਉਂਕਿ ਪਿਛਲੇ ਲੰਬੇ ਸਮੇਂ ਤੋਂ ਮਹਿੰਗਾਈ ਭੱਤਿਆਂ ਦੀਆਂ ਕਿਸ਼ਤਾਂ ਜਿਨ੍ਹਾਂ ਦਾ ਕੁੱਲ ਜੋੜ 16 ਪ੍ਰਤੀਸ਼ਤ ਬਣਦਾ ਹੈ, ਉਹ ਸਰਕਾਰ ਵੱਲ ਪੈਂਡਿੰਗ ਖੜਾ ਹੈ, ਜਦਕਿ ਬਾਕੀ ਸੂਬਿਆਂ ਦੇ ਮੁਲਾਜ਼ਮਾਂ ਨੂੰ ਮਹਿੰਗਾਈ ਭੱਤਿਆਂ ਦੀਆਂ ਕਿਸ਼ਤਾਂ ਜਾਰੀ ਹੋ ਚੁੱਕੀਆਂ ਹਨ। ਇਸ ਕਾਰਨ ਸੂਬੇ ਦੇ ਸਮੁੱਚੇ ਮੁਲਾਜ਼ਮ ਤੇ ਪੈਨਸ਼ਨਰ ਵਰਗ ਨੂੰ ਮਹਿੰਗਾਈ ਦੇ ਦੌਰ ਵਿੱਚ ਭਾਰੀ ਵਿੱਤੀ ਨੁਕਸਾਨ ਝੱਲਣਾ ਪੈ ਰਿਹਾ ਹੈ।ਇਸ ਗੇਟ ਰੈਲੀ ਵਿੱਚ ਪੈਨਸ਼ਨਰ ਆਗੂ ਤੇ ਸਾਬਕਾ ਸੂਬਾ ਪ੍ਰਧਾਨ ਪੀ.ਐੱਸ.ਐੱਮ.ਐੱਸ.ਯੂ. ਰਾਜ ਕੁਮਾਰ ਅਰੋੜਾ, ਰਵਿੰਦਰਪਾਲ ਗੁੱਡੂ, ਜਗਦੀਸ਼ ਸ਼ਰਮਾ ਵੱਲੋਂ ਵੀ ਸਾਥੀਆਂ ਸਮੇਤ ਸ਼ਮੂਲੀਅਤ ਕੀਤੀ ਗਈ ਅਤੇ ਕਿਹਾ ਗਿਆ ਕਿ ਸਮੁੱਚਾ ਪੈਨਸ਼ਨਰ ਵਰਗ ਮਨਿਸਟੀਰੀਅਲ ਮੁਲਾਜ਼ਮਾਂ ਦੇ ਹਰੇਕ ਸੰਘਰਸ਼ ਵਿੱਚ ਡੱਟ ਕੇ ਸਾਥ ਦੇਵੇਗਾ ਤੇ 16 ਅਕਤੂਬਰ ਨੂੰ ਮੁਹਾਲੀ ਵਿਖੇ ਹੋਣ ਵਾਲੀ ਰੈਲੀ ਵਿੱਚ ਪੰਜਾਬ ਦਾ ਪੈਨਸ਼ਨਰ ਵੱਡੀ ਗਿਣਤੀ ਵਿੱਚ ਸ਼ਾਮਲ ਹੋਵੇਗਾ।ਗੇਟ ਰੈਲੀ ਦੇ ਅੰਤ ਵਿੱਚ ਐਕਟਿੰਗ ਪ੍ਰਧਾਨ ਰਾਜਵੀਰ ਬਡਰੁੱਖਾਂ ਨੇ ਕਿਹਾ ਕਿ ਜਥੇਬੰਦੀ ਵੱਲੋਂ ਮੰਗਾਂ ਮੰਨਵਾਉਣ ਲਈ 16 ਅਕਤੂਬਰ ਨੂੰ ਮੁਹਾਲੀ ਵਿਖੇ ਵੱਡੀ ਰੈਲੀ ਕੀਤੀ ਜਾ ਰਹੀ ਹੈ, ਜਿਸ ਵਿੱਚ ਸੂਬੇ ਭਰ ਦੇ ਮਨਿਸਟੀਰੀਅਲ ਮੁਲਾਜ਼ਮ ਤੇ ਪੈਨਸ਼ਨਰਾਂ ਤੋਂ ਇਲਾਵਾ ਭਰਾਤਰੀ ਜਥੇਬੰਦੀਆਂ ਵੱਲੋਂ ਵੀ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ।ਇਸ ਰੋਸ ਰੈਲੀ ਵਿੱਚ ਮੁਲਾਜ਼ਮਾਂ ਵੱਲੋਂ ਪੰਜਾਬ ਸਰਕਾਰ ਵਿਰੁੱਧ ਜੰਮ ਕੇ ਨਾਹਰੇਬਾਜ਼ੀ ਕੀਤੀ ਗਈ, ਜਿਸ ਤੋਂ ਇਹ ਸਾਫ਼ ਹੁੰਦਾ ਹੈ ਕਿ ਸਰਕਾਰ ਵੱਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਨਾ ਮੰਨਣ ਕਾਰਨ ਉਨ੍ਹਾਂ ਅੰਦਰ ਸਰਕਾਰ ਪ੍ਰਤੀ ਭਾਰੀ ਰੋਸ ਹੈ।

# 'ਲੁੱਟ ਮੁਬਾਰਕ' ਫ਼ਿਲਮ ਦਰਸ਼ਕਾਂ ਨੂੰ ਖ਼ੂਬ ਪਸੰਦ ਆਵੇਗੀ : ਡਾਇਰੈਕਟਰ ਚੱਢਾ

ਜਗਰਾਉਂ (ਸੰਜੀਵ ਅਰੋੜਾ)-ਹਾਲ ਹੀ ਵਿੱਚ ਗੁਰਫਤਿਹ ਫ਼ਿਲਮ ਸਟੂਡੀਓ ਦੇ ਬੈਨਰ ਹੇਠ ਬਣ ਰਹੀ ਫ਼ਿਲਮ "ਲੁੱਟ ਮੁਬਾਰਕ" ਦਰਸ਼ਕਾਂ ਨੂੰ ਖ਼ੂਬ ਪਸੰਦ ਆਵੇਗੀ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਉਕਤ ਫ਼ਿਲਮ ਦੇ ਡਾਇਰੈਕਟਰ ਅੰਮ੍ਰਿਤ ਰਾਜ ਚੱਢਾ ਨੇ ਫ਼ਿਲਮ ਸਬੰਧੀ ਜਾਣਕਾਰੀ ਦਿੰਦਿਆਂ ਕੀਤਾ। ਉਨ੍ਹਾਂ ਦੱਸਿਆ ਕਿ ਫ਼ਿਲਮ "ਲੁੱਟ ਮੁਬਾਰਕ" ਨੂੰ ਸਤਨਾਮ ਸਿੰਘ ਤੇ ਮਨਦੀਪ ਕੌਰ ਵੱਲੋਂ ਪ੍ਰੋਡਿਊਸ ਕੀਤਾ ਗਿਆ ਹੈ ਤੇ ਇਸ ਫ਼ਿਲਮ ਵਿੱਚ ਰੋਮਾਂਸ, ਕਾਮੇਡੀ, ਮਨੋਰੰਜਨ ਤੇ ਭਾਵਨਾਵਾ ਨੂੰ ਖ਼ੂਬਸੂਰਤ ਢੰਗ ਨਾਲ ਫ਼ਿਲਮਾਇਆ ਜਾ ਰਿਹਾ ਹੈ। ਡਾਇਰੈਕਟਰ ਅੰਮ੍ਰਿਤ ਰਾਜ ਚੱਢਾ ਨੇ ਦੱਸਿਆ ਕਿ ਫ਼ਿਲਮ ਵਿੱਚ ਅਦਾਕਾਰ ਹਰੀਸ਼ ਵਰਮਾ ਤੇ ਅਦਾਕਾਰਾ ਕਨਿਕਾ ਮਾਨ ਮੁੱਖ ਭੂਮਿਕਾਵਾਂ ਨਿਭਾਉਣ ਦੇ ਨਾਲ-ਨਾਲ ਅਦਾਕਾਰ ਸੁੱਖੀ ਚਾਹਲ, ਰਾਜ ਧਾਲੀਵਾਲ, ਹਰਦੀਪ ਗਿੱਲ, ਸੀਮਾ ਕੌਸ਼ਲ, ਰੁਪਿੰਦਰ ਰੂਪੀ, ਬਨਿੰਦਰਜੀਤ ਬਨੀ, ਦਿਲਾਵਰ ਸਿੱਧੂ, ਪਰਮਵੀਰ ਸਿੰਘ, ਜੱਸਾ ਢਿੱਲੋਂ ਸਮੇਤ ਹੋਰ ਨਾਮਵਰ ਕਲਾਕਾਰ ਵੱਖ-ਵੱਖ ਭੂਮਿਕਾ ਨਿਭਾ ਰਹੇ ਹਨ। ਇਸ ਮੌਕੇ ਪ੍ਰਸਿੱਧ ਫ਼ਿਲਮ ਡਾਇਰੈਕਟਰ ਸਿਮਰਜੀਤ ਸਿੰਘ ਵਲੋਂ ਫ਼ਿਲਮ "ਲੁੱਟ ਮੁਬਾਰਕ" ਦੀ ਪੂਰੀ ਟੀਮ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਤੇ ਉਨ੍ਹਾਂ ਦਰਸ਼ਕਾਂ ਨੂੰ ਅਪੀਲ ਕੀਤੀ ਕਿ ਚੰਗੀਆ ਫ਼ਿਲਮਾਂ ਦੀ ਜ਼ਰੂਰ ਹੌਸਲਾ ਅਫਜ਼ਾਈ ਕਰਨ ਤਾਂ ਕਿ ਭਵਿੱਖ 'ਚ ਚੰਗੇ ਸਿਨੇਮਾ ਦੀ ਸਿਰਜਣਾ ਕੀਤੀ ਜਾ ਸਕੇ। ਜ਼ਿਕਰਯੋਗ ਹੈ ਕਿ ਉਕਤ ਫ਼ਿਲਮ ਦੇ ਡਾਇਰੈਕਟਰ ਅੰਮ੍ਰਿਤ ਰਾਜ ਚੱਢਾ ਇਸ ਤੋਂ ਪਹਿਲਾਂ 'ਸਾਬ ਬਹਾਦਰ', 'ਪ੍ਰਾਹੁਣਾ', 'ਬਿਊਟੀਫੁੱਲ ਬਿੱਲੋ' ਵਰਗੀਆਂ ਫ਼ਿਲਮਾਂ ਦੀ ਨਿਰਦੇਸ਼ਨਾ ਕਰ ਚੁੱਕੇ ਹਨ। ਇਸ ਤੋਂ ਇਲਾਵਾ ਫ਼ਿਲਮ ਦਾ ਮਿਊਜ਼ਿਕ ਐਵੀ ਸਰਾਂ ਵੱਲੋਂ ਤਿਆਰ ਕੀਤਾ ਗਿਆ ਹੈ।



# ਮੰਤਰੀ ਮੰਡਲ ਦੀ ਮੀਟਿੰਗ ਨੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਨਿਰਾਸ਼ ਕੀਤਾ : ਚਾਵਲਾ, ਕੌਸ਼ਲ

## ਲੱਖਾਂ ਮੁਲਾਜ਼ਮ ਤੇ ਪੈਨਸ਼ਨਰ ਫਿੱਕੀ ਦੀਵਾਲੀ ਮਨਾਉਣ ਲਈ ਹੋਏ ਮਜਬੂਰ



ਕੋਟਕਪੂਰਾ (ਰਛਪਾਲ ਭੁੱਲਰ)-ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਪਿਛਲੇ ਦਿਨੀਂ 8 ਅਕਤੂਬਰ ਨੂੰ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਦੀ ਲੀਡਰਸ਼ਿਪ ਨਾਲ ਕੀਤੀ ਗਈ ਮੀਟਿੰਗ ਦੌਰਾਨ ਪੰਜਾਬ ਦੇ ਲੱਖਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਡੀ ਏ ਦੀਆਂ ਬਕਾਇਆ ਪਈਆਂ ਕਿਸ਼ਤਾਂ ਦੀਵਾਲੀ ਤੋਂ ਪਹਿਲਾਂ ਦੇਣ ਦਾ ਵਾਅਦਾ ਕੀਤਾ ਗਿਆ ਸੀ।ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਬੀਤੇ ਕੱਲ੍ਹ ਪੰਜਾਬ ਮੰਤਰੀ ਮੰਡਲ ਦੀ ਹੋਈ ਮੀਟਿੰਗ ਵਿੱਚ ਇਹ ਵਾਅਦਾ ਕਾਫੂਰ ਹੋ ਗਿਆ ਹੈ।ਇਸ ਕਾਰਨ ਪੰਜਾਬ ਦੇ ਲੱਖਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਵਿੱਚ ਭਗਵੰਤ ਮਾਨ ਸਰਕਾਰ ਵਿਰੁੱਧ ਭਾਰੀ ਰੋਸ ਤੇ ਗੁੱਸਾ ਪੈਦਾ ਹੋ ਗਿਆ ਹੈ।ਹੁਣ ਪੰਜਾਬ ਦੇ ਲੱਖਾਂ ਮੁਲਾਜ਼ਮ ਤੇ ਪੈਨਸ਼ਨਰ ਫਿੱਕੀ ਦੀਵਾਲੀ ਮਨਾਉਣ ਲਈ ਮਜਬੂਰ ਹੋ ਗਏ ਹਨ।ਇਹ ਐਲਾਨ ਪੰਜਾਬ ਪੈਨਸ਼ਨਰਜ਼ ਯੂਨੀਅਨ ਸਬੰਧਤ ਏਟਕ ਜ਼ਿਲ੍ਹਾ ਫਰੀਦਕੋਟ ਦੀ ਸਥਾਨਕ ਸ਼ਹੀਦ ਭਗਤ ਸਿੰਘ ਪਾਰਕ ਵਿੱਚ ਕੁਲਵੰਤ ਸਿੰਘ ਚਾਨੀ ਜ਼ਿਲ੍ਹਾ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਜਥੇਬੰਦੀ ਦੇ ਸੂਬਾਈ ਜਨਰਲ ਸਕੱਤਰ ਪ੍ਰੇਮ ਚਾਵਲਾ, ਪੈਨਸ਼ਨਰ ਆਗੂ ਅਸ਼ੋਕ ਕੌਸ਼ਲ, ਇਕਬਾਲ ਸਿੰਘ ਮੰਘੇੜਾ, ਸੋਮ ਨਾਥ ਅਰੋੜਾ, ਤਰਸੇਮ ਨਰੂਲਾ, ਅਮਰਜੀਤ ਕੌਰ ਛਾਬੜਾ, ਇਕਬਾਲ ਸਿੰਘ ਰਣ ਸਿੰਘ ਵਾਲਾ ਵੱਲੋਂ ਕੀਤਾ ਗਿਆ।ਆਗੂਆਂ ਨੇ ਆਪਣੇ ਸੰਬੋਧਨ ਵਿੱਚ ਪੰਜਾਬ ਸਰਕਾਰ 'ਤੇ ਦੋਸ਼ ਲਾਇਆ ਕਿ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ ਆਪਣੇ ਚੋਣ ਮਨੋਰਥ ਪੱਤਰ ਵਿੱਚ ਲੋਕਾਂ ਨਾਲ ਕੀਤੇ ਗਏ ਬਹੁਤ ਸਾਰੇ ਵਾਅਦਿਆਂ ਤੋਂ ਸ਼ਰੇਆਮ ਮੁੱਕਰ ਗਈ ਹੈ, ਜਿਵੇਂ ਕਿ ਪੈਨਸ਼ਨਰਾਂ ਲਈ 2.59 ਦਾ ਗੁਣਾਂਕ ਲਾਗੂ ਕਰਨਾ, ਜਨਵਰੀ 2004 ਤੋਂ ਬਾਅਦ ਭਰਤੀ ਮੁਲਾਜ਼ਮਾਂ ਲਈ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨਾ, ਸੋਧੇ ਤਨਖਾਹ ਸਕੇਲਾਂ ਦਾ ਬਣਦਾ ਬਕਾਇਆ ਯਕਮੁਸ਼ਤ ਦੇਣਾ, ਮਹਿੰਗਾਈ ਭੱਤੇ ਦੀਆਂ 16 ਫੀਸਦੀ ਦੀ ਦਰ ਨਾਲ ਬਕਾਇਆ ਪਈਆਂ ਪੰਜ ਕਿਸ਼ਤਾਂ ਦੇਣਾ, ਕੱਚੇ ਮੁਲਾਜ਼ਮਾਂ ਨੂੰ ਰੈਗੂਲਰ ਕਰਨਾ, ਮਾਨਯੋਗ ਅਦਾਲਤਾਂ ਵੱਲੋਂ ਮੁਲਾਜ਼ਮਾਂ ਦੇ ਹੱਕ ਵਿੱਚ ਕੀਤੇ ਗਏ ਫੈਸਲਿਆਂ ਨੂੰ ਜਨਰਲਾਈਜ਼ ਕਰਨ ਦੀ ਬਜਾਏ ਹੋਰ ਲਮਕਾਉਣਾ ਆਦਿ ਮੁੱਖ ਤੌਰ 'ਤੇ ਸ਼ਾਮਲ ਹਨ।ਮੀਟਿੰਗ ਦੌਰਾਨ ਫੈਸਲਾ ਕੀਤਾ ਗਿਆ ਕਿ 17 ਅਕਤੂਬਰ ਨੂੰ ਮੋਗਾ ਵਿਖੇ ਸ਼ਹੀਦ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਦੇ ਬਰਸੀ ਸਮਾਗਮ ਵਿੱਚ ਫਰੀਦਕੋਟ ਜ਼ਿਲ੍ਹੇ ਦੇ ਪੈਨਸ਼ਨਰਾਂ ਵੱਲੋਂ ਸ਼ਮੂਲੀਅਤ ਕੀਤੀ ਜਾਵੇਗੀ।

ਇੱਕ ਮਤੇ ਰਾਹੀਂ ਪਿਛਲੇ ਦਿਨੀਂ ਹਰਿਆਣਾ ਦੇ ਏ ਡੀ ਜੀ ਪੀ ਵਾਈ ਪੂਰਨ ਕੁਮਾਰ ਖੁਦਕੁਸ਼ੀ ਮਾਮਲੇ ਦੇ ਦੋਸ਼ੀ ਪੁਲਸ ਅਧਿਕਾਰੀਆਂ ਨੂੰ ਤੁਰੰਤ ਗ੍ਰਿਫ਼ਤਾਰ ਕਰਨ, ਭਾਰਤ ਦੀ ਸਰਵਉੱਚ ਅਦਾਲਤ ਦੇ ਮੁੱਖ ਜੱਜ ਜਸਟਿਸ ਗਵਈ 'ਤੇ ਡਿਊਟੀ ਦੌਰਾਨ ਇੱਕ ਵਕੀਲ ਵੱਲੋਂ ਜੁੱਤੀ ਉਛਾਲੇ ਜਾਣ ਨੂੰ ਨਿਆਂਪਾਲਿਕਾ ਲਈ ਗੰਭੀਰ ਖਤਰਾ ਕਰਾਰ ਦਿੱਤਾ ਗਿਆ। ਇੱਕ ਹੋਰ ਮਤੇ ਰਾਹੀਂ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਲੱਦਾਖ ਦੇ ਹਰਮਨ ਪਿਆਰੇ ਲੋਕ ਆਗੂ ਸੋਨਮ ਵਾਂਗਚੁਕ ਦੀ 'ਰਾਸ਼ਟਰੀ ਸੁਰੱਖਿਆ ਕਾਨੂੰਨ' ਤਹਿਤ ਕੀਤੀ ਗ੍ਰਿਫ਼ਤਾਰੀ ਤੁਰੰਤ ਰੱਦ ਕਰਕੇ ਬਿਨਾਂ ਸ਼ਰਤ ਰਿਹਾਈ ਕੀਤੀ ਜਾਵੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪੈਨਸ਼ਨਰ ਆਗੂ ਜਸਵਿੰਦਰ ਸਿੰਘ ਬਰਾੜ ਸੇਵਾ ਮੁਕਤ ਪੇਂਡੂ ਵਿਕਾਸ ਅਧਿਕਾਰੀ, ਰਮੇਸ਼ਵਰ ਸਿੰਘ ਸੁਪਰਡੈਂਟ, ਹਰਦੀਪ ਸਿੰਘ ਫਿੱਡੂ ਭਲਵਾਨ, ਮਲਕੀਤ ਸਿੰਘ ਢਿੱਲਵਾਂ ਕਲਾਂ ਸੁਪਰਡੈਂਟ, ਹਾਕਮ ਸਿੰਘ ਡੀ ਪੀ ਈ, ਮੰਦਰ ਸਿੰਘ ਲੈਕਚਰਾਰ, ਮਦਨ ਲਾਲ ਸ਼ਰਮਾ ਸੰਧਵਾਂ, ਗੇਜ ਰਾਮ ਭੌਰਾ, ਸੁਖਦਰਸ਼ਨ ਸਿੰਘ ਗਿੱਲ, ਗੁਲਵੰਤ ਸਿੰਘ ਔਲਖ, ਪਰਮਿੰਦਰ ਸਿੰਘ ਜਟਾਣਾ ਤੇ ਪ੍ਰਤਾਪ ਸਿੰਘ ਆਦਿ ਹਾਜ਼ਰ ਸਨ।

## ਸਰਕਾਰ ਪੈਨਸ਼ਨਰਾਂ ਦੀਆਂ ਮੰਗਾਂ ਤੁਰੰਤ ਮੰਨੇ : ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ



**ਧੂਰੀ (ਮਹਿੰਦਰ ਸਿੰਘ ਸੱਗੂ)**-ਗੌਰਮਿੰਟ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਧੂਰੀ (ਰਜਿ.) ਦੀ ਮਹੀਨਾਵਾਰ ਮੀਟਿੰਗ ਜਥੇਬੰਦੀ ਦੇ ਪ੍ਰਧਾਨ ਜੈਦੇਵ ਸ਼ਰਮਾ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਉਪਰੰਤ ਜਥੇਬੰਦੀ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਪੈਨਸ਼ਨਰਾਂ ਨੇ ਰੋਸ ਜ਼ਾਹਰ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੰਮੇ ਸਮੇਂ ਤੋਂ ਪੈਨਸ਼ਨਰਾਂ ਦੀ ਕੋਈ ਮੰਗ ਨਹੀਂ ਮੰਨੀ ਗਈ।ਜਥੇਬੰਦੀ ਅਨੁਸਾਰ ਡੀ ਏ ਦੀਆਂ ਬਕਾਇਆ ਰਹਿੰਦੀਆਂ 5 ਕਿਸ਼ਤਾਂ, ਮਹਿੰਗਾਈ ਭੱਤੇ ਦੀ ਕਿਸ਼ਤ, 2.59 ਫੈਕਟਰ ਲਾਗੂ ਕਰਨ, ਮੈਡੀਕਲ ਭੱਤਾ 1000 ਤੋਂ ਵਧਾ ਕੇ 2000 ਰੁਪਏ ਕਰਨ ਆਦਿ ਮੰਗਾਂ ਤੁਰੰਤ ਮੰਨੀਆਂ ਜਾਣ।ਮੀਟਿੰਗ ਦੌਰਾਨ ਅਕਤੂਬਰ ਮਹੀਨੇ ਜਨਮੇ ਜਥੇਬੰਦੀ ਦੇ ਮੈਂਬਰਾਂ ਦੇ ਜਨਮ ਦਿਨ ਮਨਾ ਕੇ ਸਨਮਾਨਤ ਕਰਦਿਆਂ ਦੱਸਿਆ ਕਿ ਪੈਨਸ਼ਨਰ ਦਿਹਾੜਾ 17 ਦਸੰਬਰ ਨੂੰ ਸਥਾਨਕ ਸ਼੍ਰੀ ਸਨਾਤਨ ਧਰਮ ਆਸ਼ਰਮ ਵਿਖੇ ਮਨਾਇਆ ਜਾਵੇਗਾ।ਮੀਟਿੰਗ 'ਚ ਕੁਲਵੰਤ ਸਿੰਘ ਚੇਅਰਮੈਨ, ਹਰਦੇਵ ਸਿੰਘ ਜਵੰਧਾ, ਹਰਿੰਦਰ ਸਿੰਘ ਪਲਾਸੌਰ, ਜੰਗ ਸਿੰਘ ਬਾਦਸ਼ਾਹਪੁਰ, ਹਰਚਰਨ ਸਿੰਘ ਲਹਿਰੀ, ਹਰਬੰਸ ਸਿੰਘ ਸੋਢੀ, ਰਾਮ ਗੋਪਾਲ ਸ਼ਰਮਾ, ਗੁਰਦਿਆਲ ਸਿੰਘ ਨੰਬਰਦਾਰ ਮੀਰਹੇੜੀ, ਭਰਪੂਰ ਸਿੰਘ ਭੋਜੋਵਾਲੀ, ਬੁੱਧ ਸਿੰਘ, ਰਣਜੀਤ ਸਿੰਘ ਢੀਂਡਸਾ, ਦਿਆਲ ਸਿੰਘ, ਰਾਮ ਲਾਲ ਸ਼ਰਮਾ, ਪਾਲਾ ਸਿੰਘ, ਜੀਤ ਸਿੰਘ ਧੰਦੀਵਾਲ, ਸੁਭਾਸ਼ ਚੰਦਰ, ਅਜਾਇਬ ਸਿੰਘ, ਚਰਨਜੀਤ ਸਿੰਘ ਸੋਹੀ ਸਮੇਤ ਬਹੁਤ ਸਾਰੇ ਪੈਨਸ਼ਨਰ ਹਾਜ਼ਰ ਸਨ।

## ਫ਼ਰੀਦਕੋਟ ਦਾ ਨਮਨ ਧੀਰ ਪੰਜਾਬ ਰਣਜੀ ਟੀਮ ਦਾ ਕਪਤਾਨ ਬਣਿਆ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਜ਼ਿਲ੍ਹਾ ਕ੍ਰਿਕਟ ਐਸੋਸੀਏਸ਼ਨ ਫ਼ਰੀਦਕੋਟ ਦੇ ਜਨਰਲ ਸਕੱਤਰ ਡਾ. ਏ. ਜੀ. ਐੱਸ. ਬਾਵਾ ਨੇ ਇੱਕ ਵੱਡੀ ਖ਼ਬਰ ਸਾਂਝੀ ਕਰਦਿਆਂ ਦੱਸਿਆ ਕਿ ਜ਼ਿਲ੍ਹੇ ਲਈ ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਫ਼ਰੀਦਕੋਟ ਦੇ ਕ੍ਰਿਕਟ ਖਿਡਾਰੀ ਨਮਨ ਧੀਰ ਨੂੰ ਰਣਜੀ ਟਰਾਫ਼ੀ ਲਈ ਪੰਜਾਬ ਦੀ ਟੀਮ ਦਾ ਕਪਤਾਨ ਬਣਾਇਆ ਗਿਆ ਹੈ।ਡਾ. ਬਾਵਾ ਨੇ ਜਾਣਕਾਰੀ ਦਿੱਤੀ ਕਿ ਨਮਨ ਧੀਰ ਪਿਛਲੇ ਦੋ ਸਾਲਾਂ ਤੋਂ ਪੰਜਾਬ ਰਣਜੀ ਟਰਾਫ਼ੀ ਟੀਮ ਦਾ ਹਿੱਸਾ ਸੀ ਤੇ ਹੁਣ 2025 ਦੇ ਸੈਸ਼ਨ ਵਿੱਚ ਉਹ ਟੀਮ ਦੀ ਅਗਵਾਈ ਕਰੇਗਾ।ਇਹ ਪ੍ਰਾਪਤੀ ਫ਼ਰੀਦਕੋਟ ਦੇ ਕ੍ਰਿਕਟ ਇਤਿਹਾਸ ਵਿੱਚ ਪਹਿਲੀ ਵਾਰ ਹੋਈ ਹੈ।ਇਸ ਦੇ ਨਾਲ ਹੀ, ਨਮਨ ਧੀਰ ਨਾਲ ਲੱਗਦੇ ਜ਼ਿਲ੍ਹਿਆਂ ਵਿੱਚੋਂ ਵੀ ਪੰਜਾਬ ਰਣਜੀ ਟਰਾਫ਼ੀ ਟੀਮ ਦੀ ਕਪਤਾਨੀ ਕਰਨ ਵਾਲਾ ਪਹਿਲਾ ਖਿਡਾਰੀ ਬਣ ਗਿਆ ਹੈ।ਨਮਨ ਧੀਰ ਦੀ ਇਸ ਅਹਿਮ ਪ੍ਰਾਪਤੀ 'ਤੇ ਫ਼ਰੀਦਕੋਟ ਦੇ ਕ੍ਰਿਕਟ ਪ੍ਰੇਮੀਆਂ ਅੰਦਰ ਖੁਸ਼ੀ ਦੀ ਲਹਿਰ ਹੈ।ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਨਮਨ ਧੀਰ ਮੁੰਬਈ ਇੰਡੀਅਨਜ਼ ਵੱਲੋਂ ਆਈ.ਪੀ.ਐੱਲ. ਵਿੱਚ ਵੀ ਆਪਣੀ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰ ਚੁੱਕਾ ਹੈ। ਨਮਨ ਧੀਰ ਨੂੰ ਇਸ ਅਹਿਮ ਪ੍ਰਾਪਤੀ 'ਤੇ ਜ਼ਿਲ੍ਹਾ ਖੇਡ ਅਫ਼ਸਰ ਫ਼ਰੀਦਕੋਟ ਬਲਜਿੰਦਰ ਸਿੰਘ, ਸ਼ਾਮ ਗਰਗ (ਕਾਰਜਕਾਰੀ ਪ੍ਰਧਾਨ ਫ਼ਰੀਦਕੋਟ ਕ੍ਰਿਕਟ ਐਸੋਸੀਏਸ਼ਨ), ਸੰਦੀਪ ਸਿੰਘ ਧਾਲੀਵਾਲ (ਸੂਚਨਾ ਕਮਿਸ਼ਨਰ ਪੰਜਾਬ), ਸਤੀਸ਼ ਸ਼ਰਮਾ (ਕੈਸ਼ੀਅਰ), ਕੇਵਲ ਕੌਰ (ਜ਼ਿਲ੍ਹਾ ਖੇਡ ਕੋਆਰਡੀਨੇਟਰ ਸਿੱਖਿਆ ਵਿਭਾਗ), ਨਵਪ੍ਰੀਤ ਸਿੰਘ (ਜਨਰਲ ਸਕੱਤਰ ਜ਼ਿਲ੍ਹਾ ਟੂਰਨਾਮੈਂਟ ਕਮੇਟੀ ਫ਼ਰੀਦਕੋਟ), ਲੈਕਚਰਾਰ ਗਗਨਦੀਪ ਸਿੰਘ ਸੰਧੂ, ਲੈਕਚਰਾਰ ਅਮਿਤ ਗਰੋਵਰ ਤੇ ਮੰਚ ਸੰਚਾਲਕ ਜਸਬੀਰ ਸਿੰਘ ਜੱਸੀ ਸਮੇਤ ਕਈ ਹੋਰਨਾਂ ਨੇ ਵਧਾਈ ਦਿੱਤੀ ਹੈ।

## ਵਿਧਾਇਕ ਨੇ ਸੇਵਾ ਸਿੰਘ ਠੀਕਰੀਵਾਲਾ ਸੜਕ ਨਿਰਮਾਣ ਦਾ ਕੀਤਾ ਉਦਘਾਟਨ

### ਪਟਿਆਲਾ ਦੀ ਵਿਅਸਤ ਸੜਕ 'ਤੇ ਟ੍ਰੈਫਿਕ ਤੋਂ ਮਿਲੇਗੀ ਰਾਹਤ : ਕੋਹਲੀ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਰਾਜ ਵਿੱਚ ਚੱਲ ਰਹੀਆਂ ਵਿਕਾਸ ਪੱਧਰੀ ਕੋਸ਼ਿਸ਼ਾਂ ਤਹਿਤ ਪਟਿਆਲਾ ਵਿਧਾਨ ਸਭਾ ਹਲਕੇ ਵਿੱਚ ਇੱਕ ਹੋਰ ਮਹੱਤਵਪੂਰਨ ਕਦਮ ਚੁੱਕਿਆ ਗਿਆ।ਪਟਿਆਲਾ ਦੇ ਵਿਧਾਇਕ ਸ੍ਰ. ਅਜੀਤਪਾਲ ਸਿੰਘ ਕੋਹਲੀ ਨੇ ਪੁਰਾਣੇ ਬੱਸ ਸਟੈਂਡ ਤੋਂ ਲੈ ਕੇ ਸੇਵਾ ਸਿੰਘ ਠੀਕਰੀ ਵਾਲਾ ਸੜਕ ਤੱਕ ਬਣਾਈ ਜਾ ਰਹੀ ਸੜਕ ਤੇ ਹੋਰ ਸੁਧਾਰ ਕਾਰਜਾਂ ਦੀ ਸ਼ੁਰੂਆਤ ਕੀਤੀ।ਇਹ ਨਿਰਮਾਣ ਕਾਰਜ ਲਗਭਗ 1.50 ਕਰੋੜ ਰੁਪਏ ਦੀ ਲਾਗਤ ਨਾਲ ਕੀਤੇ ਜਾ ਰਹੇ ਹਨ।ਇਸ ਮੌਕੇ ਸ੍ਰ. ਕੋਹਲੀ ਨੇ ਦੱਸਿਆ ਕਿ ਇਹ ਸੜਕ ਸ਼ਹਿਰ ਦੀਆਂ ਸਭ ਤੋਂ ਵਿਅਸਤ ਸੜਕਾਂ ਵਿੱਚੋਂ ਇੱਕ ਹੈ।ਇੱਥੇ ਦਿਨ-ਰਾਤ ਟ੍ਰੈਫਿਕ ਦਾ ਜਾਮ ਰਹਿੰਦਾ ਹੈ ਤੇ ਆਵਾਜਾਈ ਦੇ ਸਮੇਂ ਲੋਕਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ।ਇਨ੍ਹਾਂ ਕਾਰਜਾਂ ਰਾਹੀਂ ਨਿਰੀ ਸੜਕ ਦੀ ਮਰੰਮਤ ਹੀ ਨਹੀਂ, ਬਲਕਿ ਆਸ-ਪਾਸ ਦੇ ਇਲਾਕੇ ਦੀ ਸਫਾਈ, ਨਿਕਾਸੀ ਪ੍ਰਨਾਲੀ ਤੇ ਹੋਰ ਸੁਵਿਧਾਵਾਂ ਨੂੰ ਵੀ ਸੁਧਾਰਿਆ ਜਾਵੇਗਾ।ਵਿਧਾਇਕ ਕੋਹਲੀ ਨੇ ਲੋਕਾਂ ਨੂੰ ਇਹ ਵੀ ਭਰੋਸਾ ਦਿਵਾਇਆ ਕਿ ਪਟਿਆਲਾ ਹਲਕੇ ਵਿੱਚ ਹੋਰ ਵੀ ਕਈ ਵਿਕਾਸ ਪ੍ਰੋਜੈਕਟ ਜਲਦ ਸ਼ੁਰੂ ਕੀਤੇ ਜਾਣਗੇ, ਜੋ ਇਲਾਕੇ ਦੀ ਰੂਪ-ਰੇਖਾ ਨੂੰ ਨਵੀਂ ਦਿਸ਼ਾ ਦੇਣਗੇ।ਇਸ ਮੌਕੇ ਪਟਿਆਲਾ ਦੇ ਐੱਸ ਡੀ ਐੱਮ ਹਰਜੋਤ ਕੌਰ, ਐੱਮ ਸੀ ਰਾਜੇਸ਼ ਕੁਮਾਰ, ਐੱਮ ਸੀ ਨੇਹਾ ਸਿੱਧੂ ਤੇ ਸੰਜੀਵ ਕੁਮਾਰ ਤੋਂ ਇਲਾਵਾ ਇਲਾਕਾ ਨਿਵਾਸੀ ਮੌਜੂਦ ਸਨ।

## ਰੇਡੀਐਂਟ ਸਕੂਲ ਨੇ ਪੰਜਾਬ ਪੱਧਰੀ ਆਰਚਰੀ ਮੁਕਾਬਲੇ 'ਚ ਸੋਨ ਤਮਗਾ ਜਿੱਤਿਆ



**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਇਲਾਕੇ ਦੇ ਮੰਨੇ ਪ੍ਰਮੰਨੇ ਤੇ ਹਰਮਨ ਪਿਆਰੇ ਸਕੂਲ ਰੇਡੀਐਂਟ ਪਬਲਿਕ ਸਕੂਲ ਮਾਹੂਆਣਾ ਬੋਦਲਾਂ ਦੇ ਵਿਦਿਆਰਥੀ ਗੁਰਰਿਕਾਬ ਸਿੰਘ ਨੇ ਆਪਣੀ ਕਾਬਲੀਅਤ ਤੇ ਮਿਹਨਤ ਦੇ ਬਲਬੂਤੇ 'ਤੇ ਪੰਜਾਬ ਪੱਧਰੀ ਆਰਚਰੀ ਮੁਕਾਬਲੇ ਵਿੱਚ ਪਹਿਲਾ ਸਥਾਨ ਹਾਸਲ ਕਰਦੇ ਹੋਏ ਸੋਨ ਤਮਗਾ ਜਿੱਤਿਆ।ਇਹ ਮੁਕਾਬਲੇ ਬਹੁਤ ਹੀ ਰੋਮਾਂਚਿਤ ਸਨ।ਇਨ੍ਹਾਂ ਮੁਕਾਬਲਿਆਂ ਦੀ ਦੇਖ ਰੇਖ ਪੰਜਾਬ ਪੱਧਰੀ ਸਮੁੱਚੀ ਆਫਿਸ਼ੀਅਲ ਟੀਮ ਦੇ ਵੱਲੋਂ ਕੀਤੀ ਗਈ।ਸਕੂਲ ਪਹੁੰਚਣ 'ਤੇ ਗੁਰਰਿਕਾਬ ਸਿੰਘ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ ਅਤੇ ਵਿਦਿਆਰਥੀ ਨੂੰ ਸਨਮਾਨਤ ਕੀਤਾ ਗਿਆ।ਇਸ ਮੌਕੇ ਐਕਜ਼ਿਕਿਊਟਿਵ ਡਾਇਰੈਕਟਰ ਡਾ. ਪੰਕਜ ਧਮੀਜਾ ਨੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਗੁਰਰਿਕਾਬ ਸਿੰਘ ਦੀ ਇਹ ਜਿੱਤ ਸਾਰੇ ਸਕੂਲ ਲਈ ਮਾਣ ਦੀ ਗੱਲ ਹੈ ਅਤੇ ਹੋਰ ਵਿਦਿਆਰਥੀਆਂ ਲਈ ਪ੍ਰੇਰਨਾਦਾਇਕ ਹੈ।ਪ੍ਰਿੰਸੀਪਲ ਸ੍ਰੀਮਤੀ ਨੀਤੀ ਸਿੰਘ ਨੇ ਕਿਹਾ ਕਿ ਸਕੂਲ ਹਮੇਸ਼ਾ ਵਿਦਿਆਰਥੀਆਂ ਨੂੰ ਪਾਠਕ੍ਰਮ ਦੇ ਨਾਲ-ਨਾਲ ਖੇਡਾਂ ਵਿੱਚ ਵੀ ਅੱਗੇ ਵਧਣ ਲਈ ਪ੍ਰੇਰਿਤ ਕਰਦਾ ਹੈ।ਅਕਾਦਮਿਕ ਮੁਖੀ ਡਾ. ਗੁਰਵੀਨ ਕੌਰ ਨੇ ਕਿਹਾ ਕਿ ਗੁਰਰਿਕਾਬ ਦੀ ਇਹ ਸਫਲਤਾ ਉਸ ਦੀ ਮਿਹਨਤ ਤੇ ਕੋਚ ਦੀ ਮਾਰਗਦਰਸ਼ਨ ਦਾ ਨਤੀਜਾ ਹੈ।ਇਸ ਮੌਕੇ ਸਮੂਹ ਸਟਾਫ਼ ਵੱਲੋਂ ਇਸ ਸ਼ਾਨਦਾਰ ਜਿੱਤ ਪ੍ਰਾਪਤ ਕਰਨ 'ਤੇ ਦਿਲ ਦੀਆਂ ਗਹਿਰਾਈਆਂ ਤੋਂ ਵਿਦਿਆਰਥੀ ਗੁਰਰਿਕਾਬ ਸਿੰਘ ਤੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ ਗਈ।

## ਵਿਧਾਇਕ ਬੁੱਧ ਰਾਮ ਵੱਲੋਂ 9 ਲਿੰਕ ਸੜਕਾਂ ਦੇ ਨਵੀਨੀਕਰਨ ਦਾ ਉਦਘਾਟਨ



**ਬੁਢਲਾਡਾ (ਅਸ਼ੋਕ ਲਾਕੜਾ)**-ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਹਲਕਾ ਬੁਢਲਾਡਾ ਵਿੱਚ ਲਿੰਕ ਸੜਕਾਂ ਦੀ ਮੁਰੰਮਤ ਵੱਡੇ ਪੱਧਰ 'ਤੇ ਚੱਲ ਰਹੀ ਹੈ।ਇਹ ਜਾਣਕਾਰੀ ਦਿੰਦਿਆਂ ਵਿਧਾਇਕ ਬੁਢਲਾਡਾ ਪ੍ਰਿੰਸੀਪਲ ਸ੍ਰ. ਬੁੱਧ ਰਾਮ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਮੌਜੂਦਾ ਕਾਰਜਕਾਲ 2022 ਤੋਂ 2025 ਤੱਕ 180 ਕਿਲੋਮੀਟਰ ਸੜਕਾਂ ਦੀ ਮੁਰੰਮਤ ਦੀ ਮਨਜ਼ੂਰੀ ਦਿੱਤੀ ਗਈ, ਜਿਸ ਦੀ ਅੰਦਾਜ਼ਨ ਲਾਗਤ 97.37 ਕਰੋੜ ਰੁਪਏ ਹੈ।ਇਨ੍ਹਾਂ ਵਿੱਚੋਂ 9 ਸੜਕਾਂ ਦਾ ਉਦਘਾਟਨ ਕਰ ਦਿੱਤਾ ਹੈ।ਬਾਕੀ ਸੜਕਾਂ ਦਾ ਕੰਮ ਇਸੇ ਮਹੀਨੇ ਦੀ 31 ਤਰੀਕ ਤੱਕ ਮੁਕੰਮਲ ਹੋ ਜਾਵੇਗਾ।ਇਨ੍ਹਾਂ 9 ਸੜਕਾਂ ਵਿੱਚ ਦਲੇਲ ਵਾਲਾ ਤੋਂ ਦਾਨੇਵਾਲਾ, ਦਲੇਲ ਵਾਲਾ ਤੋਂ ਕੋਰ ਵਾਲਾ, ਮਲਕੋ ਤੋਂ ਫ਼ਰੀਦ ਕੇ ਸਕੂਲ ਤੱਕ, ਗੰਡੂ ਕਲਾਂ ਤੋਂ ਗੰਡੂ ਖੁਰਦ, ਸ਼ੇਰਖਾਂ ਵਾਲਾ, ਰਿਉਂਦ ਕਲਾਂ ਤੋਂ ਡੇਰਾ ਬਾਜ਼ੀਗਰ ਤੇ ਰੀਉਂਦ ਕਲਾ ਤੋਂ ਬਾਹਮਣਾ ਵਾਲਾ ਪੰਜਾਬ ਦੀ ਹੱਦ ਤੱਕ, ਬੀਰੇ ਵਾਲਾ ਡੋਗਰਾ ਤੋਂ ਭੂੰਦੜਵਾਸ ਸ਼ਾਮਲ ਹਨ, ਜਿਨ੍ਹਾਂ ਦਾ ਕੰਮ ਮੁਕੰਮਲ ਹੋ ਗਿਆ ਹੈ।ਇਸ ਮੌਕੇ ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਚਰਨਜੀਤ ਸਿੰਘ ਅੱਕਾਂਵਾਲੀ, ਰਣਜੀਤ ਸਿੰਘ ਚੇਅਰਮੈਨ, ਸੋਹਨਾ ਸਿੰਘ ਕਲੀਪੁਰ ਚੇਅਰਮੈਨ, ਬਲਾਕ ਪ੍ਰਧਾਨ ਕੁਲਵੰਤ ਸਿੰਘ ਸ਼ੇਰਖਾ, ਸਰਪੰਚ ਜਸਵਿੰਦਰ ਸਿੰਘ ਰਿਓਂਦਵਾਲਾ, ਜੁਗਰਾਜ ਸਿੰਘ ਦਲੇਲ ਵਾਲਾ, ਬੂਟਾ ਸਿੰਘ, ਧਰਮਿੰਦਰ ਸਿੰਘ ਮਲਕੋਂ, ਕੇਵਲ ਸਿੰਘ, ਯਾਦਵਿੰਦਰ ਸਿੰਘ, ਸਤਿਗੁਰ ਸਿੰਘ ਸਰਪੰਚ, ਅਮਨਦੀਪ ਸਿੰਘ ਯੂਥ ਵਿੰਗ, ਬਿੰਦਰ ਸਿੰਘ ਸਰਪੰਚ ਬੀਰੇਵਾਲਾ ਡੋਗਰਾ, ਕੁਲਦੀਪ ਸਿੰਘ ਪ੍ਰਧਾਨ ਆਦਮ ਮੌਜੂਦ ਸਨ।

## 'ਆਪ' ਦੇ ਨਵ ਨਿਯੁਕਤ ਅਹੁਦੇਦਾਰਾਂ ਦਾ ਕੀਤਾ ਸਨਮਾਨ



**ਬੋਹਾ (ਭੂਸ਼ਨ ਗਰਗ)**-ਆਮ ਆਦਮੀ ਪਾਰਟੀ ਨੇ ਹੁਣੇ-ਹੁਣੇ ਬਣੇ ਬਲਾਕ ਪ੍ਰਧਾਨ, ਮੀਡੀਆ ਵਿੰਗ, ਸੋਸ਼ਲ ਮੀਡੀਆ ਵਿੰਗ, ਯੂਥ ਵਿੰਗ ਆਦਿ 'ਚ ਨਵੀਂ ਭਰਤੀ ਕੀਤੀ ਹੈ।ਮਾਰਕੀਟ ਕਮੇਟੀ ਦੇ ਚੇਅਰਮੈਨ ਸਰਦਾਰ ਰਣਜੀਤ ਸਿੰਘ ਫਰੀਦਕੇ ਨੇ ਦੱਸਿਆ ਕਿ ਬੁਢਲਾਡਾ ਵਿਧਾਨ ਸਭਾ ਹਲਕੇ 'ਚ ਪੱਤਰਕਾਰ ਸੰਤੋਖ ਸਿੰਘ ਸਾਗਰ ਨੂੰ ਹਲਕਾ ਮੀਡੀਆ ਵਾਇਸ ਕੋਆਰਡੀਨੇਟਰ, ਦਰਸ਼ਨ ਘਾਰੂ ਨੂੰ ਬਲਾਕ ਪ੍ਰਧਾਨ, ਜਗਸੀਰ ਸਿੰਘ ਜੱਗਾ ਨੂੰ ਬਲਾਕ ਪ੍ਰਧਾਨ, ਲਖਵੀਰ ਸਿੰਘ ਨੂੰ ਬਲਾਕ ਯੂਥ ਪ੍ਰਧਾਨ ਦੇ ਅਹੁਦਿਆਂ 'ਤੇ ਨਿਯੁਕਤ ਹੋਣ 'ਤੇ ਇਨ੍ਹਾਂ ਵਿਅਕਤੀਆਂ ਦਾ ਮਾਰਕੀਟ ਕਮੇਟੀ ਦਫਤਰ ਵਿਖੇ ਇੱਕ ਸਾਦੇ ਸਮਾਗਮ ਵਿੱਚ ਲੱਡੂਆਂ ਨਾਲ ਮੂੰਹ ਮਿੱਠਾ ਕਰਾਇਆ।ਨਵ ਨਿਯੁਕਤ ਅਹੁਦੇਦਾਰਾਂ ਨੇ ਜ਼ਿਲ੍ਹਾ ਪ੍ਰਧਾਨ ਗੁਰਪ੍ਰੀਤ ਸਿੰਘ ਭੁੱਚਰ, ਪ੍ਰਿੰਸੀਪਲ ਸ੍ਰੀ ਬੁੱਧ ਰਾਮ ਹਲਕਾ ਵਿਧਾਇਕ, ਮਾਰਕੀਟ ਕਮੇਟੀ ਬੋਹਾ ਦੇ ਚੇਅਰਮੈਨ ਰਣਜੀਤ ਸਿੰਘ ਫਰੀਦਕੇ ਤੇ ਸਮੂਹ ਪਾਰਟੀ ਵਰਕਰ ਅਤੇ ਆਹੁਦੇਦਾਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਇਮਾਨਦਾਰੀ ਨਾਲ ਪਾਰਟੀ ਦੀ ਮਜਬੂਤੀ ਲਈ ਕਾਰਜ ਕਰਦੇ ਰਹਿਣਗੇ।ਨਵ ਨਿਯੁਕਤ ਆਹੁਦੇਦਾਰਾਂ ਦਾ ਸਨਮਾਨ ਕਰਨ ਲਈ ਮਾਰਕੀਟ ਕਮੇਟੀ ਬੋਹਾ ਦੇ ਚੇਅਰਮੈਨ ਰਣਜੀਤ ਸਿੰਘ ਫਰੀਦਕੇ ਦੇ ਨਾਲ ਧਰਮਿੰਦਰ ਮਲਕੋਂ, ਬਲਵਿੰਦਰ ਸਿੰਘ ਕਾਲਾ ਵਾਇਸ ਟਰੱਕ ਯੂਨੀਅਨ ਬੋਹਾ, ਕਰਮਜੀਤ ਸਿੰਘ, ਏ ਐੱਸ ਆਈ ਪਰਮਜੀਤ ਸਿੰਘ ਖਹਿਰਾ ਸਪੈਸ਼ਲ ਬਰਾਂਚ ਥਾਣਾ ਬੋਹਾ ਵੀ ਮੌਜੂਦ ਸਨ।

## ਕੇ ਕੇ ਯੂ ਨੇ ਜ਼ਮੀਨ ਕੁਰਕ ਕਰਨ ਆਏ ਅਧਿਕਾਰੀਆਂ ਨੂੰ ਬੇਰੰਗ ਮੋੜਿਆ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪ੍ਰਜਾ)**-ਕਿਰਤੀ ਕਿਸਾਨ ਯੂਨੀਅਨ ਵੱਲੋਂ ਪਿੰਡ ਥਾਂਦੇਵਾਲਾ ਵਿਖੇ ਕਿਸਾਨ ਹਰਬੰਸ ਸਿੰਘ ਦੀ ਜ਼ਮੀਨ ਕੁਰਕ ਕਰਨ ਆਏ ਕੋਆਪ੍ਰੇਟਿਵ ਦੇ ਅਧਿਕਾਰੀਆਂ ਨੂੰ ਵਾਪਸ ਜਾਣ ਲਈ ਮਜਬੂਰ ਕੀਤਾ ਗਿਆ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦੇ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਬਲਜੀਤ ਸਿੰਘ ਲੰਡੇ ਰੋਡੇ ਤੇ ਜ਼ਿਲ੍ਹਾ ਸੀਨੀਅਰ ਆਗੂ ਬਲਵਿੰਦਰ ਸਿੰਘ ਥਾਂਦੇਵਾਲਾ ਨੇ ਕਿਹਾ ਕਿ ਜ਼ਮੀਨ ਕਿਸਾਨ ਦੀ ਮਾਂ ਹੈ, ਜੋ ਪੂਰੇ ਪਰਵਾਰ ਨੂੰ ਪਾਲਦੀ ਹੈ। ਜ਼ਮੀਨ ਤੋਂ ਬਿਨਾਂ ਕਿਸਾਨ ਦਾ ਗੁਜ਼ਾਰਾ ਸੰਭਵ ਨਹੀਂ, ਇਸ ਲਈ ਜਥੇਬੰਦੀ ਦਾ ਫੈਸਲਾ ਹੈ ਕਿ ਕਿਸਾਨ ਦੀ ਜ਼ਮੀਨ ਕੁਰਕ ਕਰਨ ਆਏ ਕਿਸੇ ਅਧਿਕਾਰੀ ਨੂੰ ਕਿਸਾਨ ਦੀ ਜ਼ਮੀਨ ਵਿੱਚ ਪੈਰ ਨਹੀਂ ਧਰਨ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪਿਛਲੇ ਕਈ ਸਾਲਾਂ ਵਿੱਚ ਸਰਕਾਰ ਵੱਲੋਂ ਕਾਰਪੋਰੇਟ ਘਰਾਣਿਆਂ ਦਾ 16 ਲੱਖ 54 ਹਜ਼ਾਰ ਕਰੋੜ ਦਾ ਕਰਜ਼ਾ ਵੱਟੇ ਖਾਤੇ ਪਾ ਦਿੱਤਾ ਹੈ। ਦੂਸਰੇ ਪਾਸੇ ਕਿਸਾਨਾਂ ਵੱਲੋਂ ਮਜਬੂਰਨ ਬਹੁਤ ਹੀ ਨਗੂਣਾ ਕਰਜ਼ ਨਾ ਚੁਕਾਉਣ ਕਾਰਨ ਉਨ੍ਹਾਂ ਦੀਆਂ ਜ਼ਮੀਨਾਂ ਨੂੰ ਕੁਰਕ ਕੀਤਾ ਜਾ ਰਿਹਾ, ਜਿਸ ਨੂੰ ਹਰਗਿਜ਼ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਕੱਠ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਕਿਸਾਨਾਂ ਨੂੰ ਹੜ੍ਹਾਂ ਦੀ ਬਹੁਤ ਹੀ ਭਿਆਨਕ ਮਾਰ ਪਈ ਹੈ। ਲੱਖਾਂ ਏਕੜ ਫਸਲ ਬਰਬਾਦ ਹੋਣ ਦੇ ਨਾਲ ਪਸ਼ੂ ਡੰਗਰ ਤੇ ਘਰ ਬਾਰ ਵੀ ਰੁੜ੍ਹ ਗਏ ਹਨ ਤੇ ਬੇਮੌਸਮੀ ਵਰਖਾ ਤੇ ਹਲਦੀ ਰੋਗ ਕਾਰਨ ਝੋਨੇ ਦੀ ਫਸਲ ਦਾ ਝਾੜ ਘਟਣ ਕਰਕੇ ਕਿਸਾਨੀ ਨੂੰ ਹੋਰ ਵੀ ਵੱਡੀ ਮਾਰ ਪਈ ਹੈ। ਪਹਿਲਾਂ ਹੀ ਕਰਜ਼ੇ ਹੇਠ ਦੱਬੀ ਕਿਸਾਨੀ ਸਿਰ ਹੋਰ ਵੀ ਕਰਜ਼ੇ ਦੀ ਪੰਡ ਭਾਰੀ ਹੋ ਜਾਵੇਗੀ। ਚਾਹੀਦਾ ਤਾਂ ਇਹ ਸੀ ਕਿ ਬੁਰੀ ਤਰ੍ਹਾਂ ਆਰਥਿਕ ਸੰਕਟ ਦਾ ਸ਼ਿਕਾਰ ਹੋਏ ਕਿਸਾਨ ਦੀ ਸਰਕਾਰ ਬਾਂਹ ਫੜਦੀ ਤਾਂ ਜੋ ਕਿਸਾਨ ਨੂੰ ਕੁਝ ਰਾਹਤ ਮਿਲਦੀ, ਬਜਾਏ ਇਸ ਦੇ ਉਲਟ ਸਰਕਾਰ ਕਿਸਾਨਾਂ ਦੀਆਂ ਜ਼ਮੀਨਾਂ ਖੋਹਣ ਦੇ ਰਾਹ ਪਈ ਹੈ। ਆਗੂਆਂ ਨੇ ਮਹਿਕਮੇ ਦੇ ਅਧਿਕਾਰੀਆਂ ਨੂੰ ਚੇਤਾਵਨੀ ਦਿੱਤੀ ਕਿ ਜੇ ਮੁੜ ਕਿਸਾਨ ਦੀ ਜ਼ਮੀਨ ਨੂੰ ਕੁਰਕ ਕਰਕੇ ਹਥਿਆਉਣ ਦੀ ਕੋਸ਼ਿਸ਼ ਕੀਤੀ ਤਾਂ ਜਥੇਬੰਦੀ ਇਸਦਾ ਸਖ਼ਤ ਵਿਰੋਧ ਕਰੇਗੀ, ਜਿਸ ਦੀ ਪੂਰੀ ਜ਼ਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ। ਇਸ ਮੌਕੇ ਹਰਜਿੰਦਰ ਸਿੰਘ ਨੰਬਰਦਾਰ ਸਭਾ, ਜਗਸੀਰ ਸਿੰਘ, ਲੱਖਾ ਸਿੰਘ ਵੜਿੰਗ, ਸਵਰਨ ਸਿੰਘ ਵੜਿੰਗ, ਜਗਮੀਤ ਸਿੰਘ ਕੋਟਲੀ ਅਬਲੂ, ਅੰਗਰੇਜ਼ ਸਿੰਘ ਗਨਿਆਣਾ, ਬ੍ਰਿਜ ਲਾਲ ਤੇ ਪ੍ਰੇਮ ਕੁਮਾਰ ਡੋਡਾਂਵਾਲੀ, ਸੁਖਚੈਨ ਸਿੰਘ ਚੈਨਾ ਥਾਂਦੇਵਾਲਾ, ਗਗਨਦੀਪ ਗੱਗਾ, ਗੁਰਪ੍ਰੀਤ ਸਿੰਘ ਕਾਨਿਆਂਵਾਲੀ, ਗੁਰਦੇਵ ਸਿੰਘ, ਨੀਟਾ ਸਿੰਘ ਗੋਨੇਆਣਾ, ਗੁਰਵਿੰਦਰ ਸਿੰਘ, ਸਾਬਕਾ ਸਰਪੰਚ ਕੁਲਵੰਤ ਸਿੰਘ, ਸਾਬਕਾ ਮੈਂਬਰ ਪੰਚਾਇਤ ਗੁਰਪ੍ਰੀਤ ਸਿੰਘ ਕਾਲਾ, ਸਿਮਰਜੀਤ ਸਿੰਘ ਆਦਿ ਹਾਜ਼ਰ ਸਨ।

## 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਤ ਖੰਡਾ ਚੌਕ ਦੇ ਨਿਰਮਾਣ ਦਾ ਉਦਘਾਟਨ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਨੌਵੇਂ ਪਾਤਸ਼ਾਹ ਤੇ ਹਿੰਦ ਦੀ ਚਾਦਰ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਮਨਾਉਣ ਲਈ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਉਲੀਕੇ ਰਾਜ ਪੱਧਰੀ ਸਮਾਗਮ ਪਟਿਆਲਾ ਵਿਖੇ ਹੋਣਗੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪਟਿਆਲ਼ਾ ਵਿਖੇ ਗੁਰਦੁਆਰਾ ਮੋਤੀ ਬਾਗ ਨਜ਼ਦੀਕ ਪੈਂਦੇ ਚੌਂਕ ਵਿਖੇ ਨਗਰ ਨਿਗਮ ਵੱਲੋਂ ਬਣਾਏ ਜਾ ਰਹੇ ਖੰਡਾ ਚੌਕ ਦੇ ਨਿਰਮਾਣ ਦਾ ਰਸਮੀ ਉਦਘਾਟਨ ਗ੍ਰੰਥੀ ਸਿੰਘਾਂ ਵੱਲੋਂ ਅਰਦਾਸ ਕਰਨ ਉਪਰੰਤ ਪਟਿਆਲ਼ਾ ਸ਼ਹਿਰੀ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਨ ਸਮੇਂ ਕੀਤਾ। ਇਸ ਮੌਕੇ ਨਗਰ ਨਿਗਮ ਦੇ ਮੇਅਰ ਕੁੰਦਨ ਗੋਗੀਆ ਨੇ ਦੱਸਿਆ ਕਿ ਇਸ ਚੌਕ ਦੇ ਨਿਰਮਾਣ 'ਤੇ 10 ਲੱਖ ਰੁਪਏ ਲਾਗਤ ਆਉਣ ਦਾ ਅਨੁਮਾਨ ਹੈ। ਕੋਹਲੀ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਦੇ 350 ਸਾਲਾ ਸ਼ਤਾਬਦੀ ਦਿਹਾੜੇ ਨੂੰ ਸਪਰਪਤ ਵੱਖ-ਵੱਖ ਸਮਾਗਮ 25 ਅਕਤੂਬਰ ਨੂੰ ਸ਼ੁਰੂ ਹੋ ਜਾਣਗੇ ਤੇ 25 ਨਵੰਬਰ ਤੱਕ ਜਾਰੀ ਰਹਿਣਗੇ।ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ

■ ਪੰਜਾਬ ਸਰਕਾਰ ਵੱਲੋਂ ਉਲੀਕੇ ਰਾਜ ਪੱਧਰੀ ਸਮਾਗਮ ਪਟਿਆਲਾ ਵਿਖੇ ਹੋਣਗੇ : ਕੋਹਲੀ



ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਮੁੱਚੀ ਕੈਬਨਿਟ ਤੇ ਸਾਰੀ ਸਰਕਾਰ ਇਨ੍ਹਾਂ ਸਮਾਗਮਾਂ ਨੂੰ ਇੱਕ ਨਿਮਾਣੇ ਸ਼ਰਧਾਲੂ ਵਜੋਂ ਪੂਰੀ ਅਕੀਦਤ ਤੇ ਸ਼ਰਧਾ ਭਾਵਨਾ ਤੇ ਗੁਰਮਤਿ ਮਰਿਆਦਾ ਨਾਲ ਮਨਾਉਣ ਸਮੇਤ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਤੇ ਭਾਈ ਦਿਆਲਾ ਜੀ ਦੀ ਸ਼ਾਨਾਮੱਤੀ ਸ਼ਹਾਦਤ ਦੇ 350 ਸਾਲਾ ਦਿਹਾੜੇ ਸਮੇਤ ਭਾਈ ਜੈਤਾ ਜੀ ਤੇ ਭਾਈ ਲੱਖੀ ਸ਼ਾਹ ਵਣਜਾਰੇ ਦੀ ਯਾਦ ਨੂੰ ਵੀ ਪੂਰੀ ਧਾਰਮਿਕ ਮਾਣ-ਮਰਿਆਦਾ ਤੇ ਸ਼ਰਧਾ ਸਤਿਕਾਰ ਨਾਲ ਮਨਾਏਗੀ।ਉਨ੍ਹਾ ਕਿਹਾ ਕਿ ਪਟਿਆਲ਼ਾ ਦੀਆਂ ਸਾਰੀਆਂ ਸੜਕਾਂ ਦੇ ਮੁੜ ਨਿਰਮਾਣ ਦਾ ਕੰਮ ਸ਼ੁਰੂ ਹੋ ਗਿਆ ਹੈ ਤੇ ਇਹ ਕੰਮ 2-3 ਮਹੀਨੇ ਅੰਦਰ ਪੂਰਾ ਕਰ ਲੀਆ ਜਾਵੇਗਾ। ਕੋਹਲੀ ਨੇ ਕਿਹਾ ਕਿ ਇਸ ਲਈ ਸਮੁੱਚੇ ਅਧਿਕਾਰੀ ਆਪਣੀ ਜ਼ਿੰਮੇਵਾਰੀ ਪੂਰੀ ਤਨਦੇਹੀ ਨਾਲ ਇੱਕ ਸ਼ਰਧਾਲੂ ਦੀ ਤਰ੍ਹਾਂ ਨਿਭਾਉਣ, ਕਿਉਂਕਿ ਸਾਡੇ ਲਈ ਇਹ ਬਹੁਤ ਭਾਗਾਂ ਵਾਲਾ ਸੁਨਹਿਰੀ ਮੌਕਾ ਹੈ, ਜਦੋਂ ਅਸੀਂ 350 ਸਾਲਾ ਸ਼ਤਾਬਦੀ ਸਮਾਗਮ ਮਨਾ ਰਹੇ ਹਾਂ। ਇਸ ਮੌਕੇ ਆਮ ਆਦਮੀ ਪਾਰਟੀ ਦੇ ਬਹੁਤ ਸਾਰੇ ਆਗੂ ਤੇ ਵਰਕਰ ਹਾਜ਼ਰ ਸਨ।

## ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਵੱਲੋਂ 16 ਪ੍ਰਤੀਸ਼ਤ ਡੀ ਏ ਦੀ ਮੰਗ

**ਧੂਰੀ (ਸੁਖਦੇਵ ਧੂਰੀ)**-ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਧੂਰੀ ਵੱਲੋਂ ਪੰਜਾਬ ਸਰਕਾਰ ਤੋਂ ਪੁਰਜ਼ੋਰ ਮੰਗ ਕੀਤੀ ਗਈ ਕਿ ਹੁਣ ਤੱਕ 16% ਹੋ ਚੁੱਕਿਆ ਡੀ ਏ ਤੁਰੰਤ ਜਾਰੀ ਕੀਤਾ ਜਾਵੇ ਅਤੇ ਬਕਾਇਆ ਦੀਵਾਲੀ ਤੋਂ ਪਹਿਲਾਂ ਦਿੱਤਾ ਜਾਵੇ।ਸਥਾਨਕ ਪੈਨਸ਼ਨਰ ਦਫ਼ਤਰ ਵਿਖੇ ਪ੍ਰਧਾਨ ਸੁਖਦੇਵ ਸ਼ਰਮਾ ਦੀ ਅਗਵਾਈ ਵਿੱਚ ਹੋਈ ਜਥੇਬੰਦੀ ਦੀ ਇੱਕ ਵਿਸ਼ੇਸ਼ ਮੀਟਿੰਗ ਦੌਰਾਨ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਅਣਦੇਖਿਆਂ ਕਰਨ ਲਈ ਪੰਜਾਬ ਸਰਕਾਰ ਦੀ ਨਿਖੇਧੀ ਕੀਤੀ ਗਈ।ਮੀਟਿੰਗ ਦੌਰਾਨ ਇਸ ਗੱਲ 'ਤੇ ਰੋਸ ਜ਼ਾਹਰ ਕੀਤਾ ਕਿ ਸਰਕਾਰ ਨੇ ਕਮਿਸ਼ਨ ਦੁਆਰਾ ਸਿਫਾਰਸ਼ ਕੀਤੇ 2.59 ਫੈਕਟਰ ਅਨੁਸਾਰ ਪੈਨਸ਼ਨ ਸੋਧਣ ਲਈ ਤਿਆਰ ਨਹੀਂ ਹੈ।

ਜਨਰਲ ਸਕੱਤਰ ਡਾ. ਅਮਰਜੀਤ ਸਿੰਘ, ਸੀਨੀਅਰ ਆਗੂ ਚਰਨਜੀਤ ਸਿੰਘ ਕੈਂਥ ਵਿੱਤ ਸਕੱਤਰ ਰਤਨ ਸਿੰਘ ਭੰਡਾਰੀ, ਗੁਰਦਾਸ ਬਾਂਸਲ ਤੇ ਜੈ ਭਗਵਾਨ ਦਾਸ ਨੇ ਅਫਸੋਸ ਪ੍ਰਗਟ ਕਰਦਿਆਂ ਕਿਹਾ ਕਿ ਪੈਨਸ਼ਨਰਾਂ ਦੀਆਂ ਮੰਗਾਂ 'ਤੇ ਚਰਚਾ ਕਰਨ ਤੋਂ ਪਹਿਲਾਂ ਹੀ ਮੁੱਖ ਮੰਤਰੀ ਦੇ ਹਰੇ ਪੈੱਨ ਦੀ ਸਿਆਹੀ ਸੁੱਕ ਜਾਂਦੀ ਹੈ।ਸੀਨੀਅਰ ਆਗੂ ਇੰਦਰਜੀਤ ਸ਼ਰਮਾ, ਮੇਜਰ ਸਿੰਘ, ਦਰਸ਼ਨ ਸਿੰਘ ਧਾਂਦਰਾ, ਫ਼ਕੀਰ ਸਿੰਘ ਤੇ ਪ੍ਰਿੰਸੀਪਲ ਸੀਤਾ ਸਿੰਘ ਨੇ ਮੈਡੀਕਲ ਬਿਲਾਂ ਦੇ ਭੁਗਤਾਨ ਵਿੱਚ ਹੁੰਦੀ ਦੇਰੀ ਬਾਰੇ ਫ਼ਿਕਰਮੰਦੀ ਪ੍ਰਗਟਾਉਂਦਿਆਂ ਕਿਹਾ ਕਿ ਮੈਡੀਕਲ ਬਿਲਾਂ ਦੀ ਰੀਇੰਬਰਸਮੈਂਟ ਦੀ ਪ੍ਰਕਿਰਿਆ ਦੌਰਾਨ ਪੈਨਸ਼ਨਰਾਂ ਨੂੰ ਬਿਲ ਸੰਬੰਧੀ ਕੋਈ ਵੀ ਜਾਣਕਾਰੀ ਮੁਹੱਈਆ ਨਹੀਂ ਕਰਵਾਈ ਜਾਂਦੀ ਕਿ ਉਨ੍ਹਾਂ ਦੇ ਬਿਲ ਦੀ ਕੀ ਸਥਿਤੀ ਹੈ।ਅਜਿਹੇ ਹਾਲਾਤ ਵਿੱਚ ਬਜ਼ੁਰਗ ਪੈਨਸ਼ਨਰਾਂ ਦੇ ਮੈਡੀਕਲ ਬਿਲਾਂ ਦੀ ਪੇਮੈਂਟ ਕਈ ਕਈ ਸਾਲ ਲਮਕਦੀ ਰਹਿੰਦੀ ਹੈ ਤੇ ਉਨ੍ਹਾਂ ਦੀ ਖੱਜਲਖੁਆਰੀ ਹੁੰਦੀ ਹੈ।ਆਗੂਆਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਮੈਡੀਕਲ ਬਿਲਾਂ ਸੰਬੰਧੀ ਸਿੰਗਲ-ਵਿੰਡੋ ਸਿਸਟਮ ਲਾਗੂ ਕੀਤਾ ਜਾਵੇ ਤਾਂ ਕਿ ਪੈਨਸ਼ਨਰਾਂ ਨੂੰ ਕੁਝ ਰਾਹਤ ਮਿਲ ਸਕੇ।ਮਾਸਟਰ ਰਾਮ ਸਰੂਪ, ਕਰਮਜੀਤ ਸਿੰਘ, ਕੇ ਐੱਮ ਆਰਟਿਸਟ ਨੇ ਫੈਮਿਲੀ ਪੈਨਸ਼ਨਰਾਂ ਦੇ ਕਮਿਸ਼ਨ ਦੇ ਬਕਾਇਆਂ ਬਾਰੇ ਹੋ ਰਹੀ ਦੇਰੀ 'ਤੇ ਚਿੰਤਾ ਪ੍ਰਗਟ ਕਰਦਿਆਂ ਸਰਕਾਰ ਤੋਂ ਮੰਗ ਕੀਤੀ ਕਿ ਪੈਨਸ਼ਨਰਾਂ ਦੇ ਬਕਾਇਆਂ ਦੀ ਅਦਾਇਗੀ ਇਕਮੁਸ਼ਤ ਯਕੀਨੀ ਬਣਾਈ ਜਾਵੇ।ਮੀਟਿੰਗ ਦੌਰਾਨ ਸੁਪਰੀਮ ਕੋਰਟ ਦੇ ਮਾਨਯੋਗ ਚੀਫ ਜਸਟਿਸ ਬੀ ਆਰ ਗਵਈ 'ਤੇ ਜੁੱਤੀ ਸੁੱਟਣ ਦੀ ਘਟਨਾ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ ਅਤੇ ਹਰਿਆਣਾ ਦੇ ਉੱਚ ਪੁਲਸ ਅਧਿਕਾਰੀ ਪੂਰਨ ਕੁਮਾਰ ਵੱਲੋਂ ਕੀਤੀ ਖੁਦਕੁਸ਼ੀ ਦੇ ਮਾਮਲੇ ਵਿੱਚ ਨਾਮਜ਼ਦ ਅਧਿਕਾਰੀਆਂ ਖਿਲਾਫ ਸਖ਼ਤ ਕਾਰਵਾਈ ਕਰਨ ਦੀ ਮੰਗ ਕੀਤੀ।ਅੰਤ ਵਿੱਚ 16 ਨਵੰਬਰ ਦੀ ਸੂਬਾ ਪੱਧਰੀ ਰੈਲੀ ਲਈ ਜ਼ੋਰਦਾਰ ਤਿਆਰੀਆਂ ਵਿੱਢਣ ਦਾ ਐਲਾਨ ਕੀਤਾ ਗਿਆ ਤਾਂ ਕਿ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਪੈਨਸ਼ਨਰਾਂ ਦੀ ਸ਼ਮੂਲੀਅਤ ਕਰਵਾਈ ਜਾ ਸਕੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਰਾਮ ਲਾਲ, ਅਮਰੀਕ ਸਿੰਘ ਕੈਂਥ, ਮੱਘਰ ਸਿੰਘ ਸਮੇਤ ਅਨੇਕਾਂ ਪੈਨਸ਼ਨਰ ਹਾਜ਼ਰ ਸਨ।

■ ਚੀਫ਼ ਜਸਟਿਸ ਬੀ ਆਰ ਗਵਈ 'ਤੇ ਜੁੱਤੀ ਸੁੱਟਣ ਦੀ ਸਖ਼ਤ ਨਿੰਦਾ



## ਦਰਸ਼ਨ ਕਾਂਗੜਾ ਨੇ ਵਾਈ ਪੂਰਨ ਕੁਮਾਰ ਦੇ ਪਰਵਾਰ ਨਾਲ ਕੀਤੀ ਮੁਲਾਕਾਤ

**ਸੰਗਰੂਰ (ਪ੍ਰਵੀਨ ਸਿੰਘ)**-ਸ੍ਰੀ ਦਰਸ਼ਨ ਸਿੰਘ ਕਾਂਗੜਾ ਕੌਮੀ ਪ੍ਰਧਾਨ ਭਾਰਤੀਯ ਅੰਬੇਡਕਰ ਮਿਸ਼ਨ ਭਾਰਤ ਵੱਲੋਂ ਬੀਤੇ ਦਿਨੀਂ ਚੰਡੀਗੜ੍ਹ ਵਿਖੇ ਦਲਿਤ ਭਾਈਚਾਰੇ ਨਾਲ ਸਬੰਧਤ ਹਰਿਆਣਾ ਦੇ ਏ.ਡੀ.ਜੀ.ਪੀ. ਰੈਂਕ ਦੇ ਆਈ.ਪੀ.ਐੱਸ. ਅਧਿਕਾਰੀ ਵਾਈ ਪੂਰਨ ਕੁਮਾਰ ਦੇ ਪਰਵਾਰ ਨਾਲ ਮੁਲਾਕਾਤ ਕਰਕੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਅਤੇ ਮਿਸ਼ਨ ਵੱਲੋਂ ਹਰ ਸੰਭਵ ਮਦਦ ਕਰਨ ਦਾ ਭਰੋਸਾ ਦਿੱਤਾ।ਮੁਲਾਕਾਤ ਕਰਨ ਉਪਰੰਤ ਸ੍ਰੀ ਦਰਸ਼ਨ ਕਾਂਗੜਾ ਨੇ ਕਿਹਾ ਕਿ ਵਾਈ ਪੂਰਨ ਸਿੰਘ ਨੇ ਖੁਦਕੁਸ਼ੀ ਨਹੀਂ ਕੀਤੀ, ਸਗੋਂ ਉਹ ਦੇਸ਼ ਭਰ ਦੇ ਗਰੀਬਾਂ, ਦਲਿਤਾਂ, ਕਿਸਾਨਾਂ ਤੇ ਪਿੱਛੜੇ ਵਰਗ ਦੇ ਲੋਕਾਂ ਦੇ ਹੱਕਾਂ ਲਈ ਮਨੂਵਾਦੀ ਸੋਚ ਵਿਰੁੱਧ ਲੜਦਿਆਂ ਸ਼ਹੀਦ ਹੋਏ ਹਨ।ਉਨ੍ਹਾਂ ਕਿਹਾ ਕਿ ਦੂਰ ਦੁਰਾਡੇ ਦੇ ਪੱਛੜੇ ਇਲਾਕਿਆਂ ਤੋਂ ਲੈ ਕੇ ਦੇਸ਼ ਦੇ ਚੀਫ ਜਸਟਿਸ ਤੱਕ ਕੋਈ ਵੀ ਦਲਿਤ ਇਸ ਵਰਤਾਰੇ ਦੀ ਮਾਰ ਹੇਠ ਆ ਸਕਦਾ ਹੈ, ਸਾਡੇ ਦੇਸ਼ ਦਾ ਸੰਵਿਧਾਨ ਸਾਰਿਆਂ ਨੂੰ ਬਰਾਬਰੀ ਦਾ ਅਧਿਕਾਰ ਦਿੰਦਾ ਹੈ, ਜਿਸ 'ਚ ਜਾਤ-ਪਾਤ ਜਾਂ ਊਚ-ਨੀਚ ਲਈ ਕੋਈ ਜਗ੍ਹਾ ਨਹੀਂ, ਪਰ ਅਮਲੀ ਤੌਰ 'ਤੇ ਸਮਾਜ ਵਿੱਚ ਇਹ ਸਾਰੇ ਵਿਤਕਰੇ ਮੌਜੂਦ ਹਨ।ਸ੍ਰੀ ਕਾਂਗੜਾ ਨੇ ਕਿਹਾ ਕਿ ਜੇਕਰ ਇਸ ਵਰਗ ਦੇ ਪੜ੍ਹੇ ਲਿਖੇ ਤੇ ਉੱਚ ਅਹੁਦਿਆਂ 'ਤੇ ਬਿਰਾਜ਼ਮਾਨ ਵਿਅਕਤੀ ਵੀ ਸਮਾਜ ਦੀ ਸੰਕੀਰਣ ਤੇ ਘਟੀਆ ਮਾਨਸਿਕਤਾ ਅੱਗੇ ਬੇਵੱਸ ਹੋ ਜਾਂਦੇ ਹਨ ਤਾਂ ਆਮ ਵਿਅਕਤੀ ਦੀ ਜ਼ਿੰਦਗੀ ਦੀ ਬੇਵਸੀ ਦਾ ਅੰਦਾਜ਼ਾ ਲਗਾਉਣਾ ਔਖਾ ਨਹੀਂ।ਉਨ੍ਹਾਂ ਕਿਹਾ ਕਿ ਸਰਕਾਰਾਂ ਦੇ ਘਟੀਆ ਸਿਸਟਮ ਤੇ ਮਨੂਵਾਦੀ ਸੋਚ ਦੇ ਘੜੰਮ ਚੌਧਰੀਆਂ ਕਾਰਨ ਦਲਿਤਾਂ 'ਤੇ ਹਰ ਰੋਜ਼ ਅੰਨ੍ਹੇਵਾਹ ਤਸ਼ੱਦਦ ਹੋ ਰਹੇ ਹਨ।ਸ੍ਰੀ ਕਾਂਗੜਾ ਨੇ ਕਿਹਾ ਕਿ ਦਲਿਤਾਂ ਦੇ ਮਸੀਹਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਨੇ ਜਿਸ ਆਜ਼ਾਦੀ ਲਈ ਸੰਵਿਧਾਨ ਅੰਦਰ ਸਭਨਾਂ ਨੂੰ ਬਰਾਬਰਤਾ ਦੇ ਹੱਕ ਦਿੱਤੇ ਹਨ, ਉਹ ਸਿਰਫ ਹੁਣ ਕਾਗਜ਼ਾਂ ਤੱਕ ਹੀ ਸੀਮਤ ਹੋ ਕੇ ਰਹਿ ਗਿਆ ਲੱਗਦਾ ਹੈ।ਇਕ ਗਹਿਰੀ ਸਾਜ਼ਿਸ਼ ਤਹਿਤ ਦਲਿਤਾਂ ਤੇ ਪੱਛੜਿਆ ਤੋਂ ਉਨ੍ਹਾਂ ਦੇ ਅਧਿਕਾਰ ਖੋਹੇ ਜਾ ਰਹੇ ਹਨ।ਸ੍ਰੀ ਦਰਸ਼ਨ ਕਾਂਗੜਾ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਇਸ ਤਰ੍ਹਾਂ ਦੇ ਜਬਰ ਜ਼ੁਲਮ ਖਿਲਾਫ ਲੜਨ ਤੇ ਆਪਣੀ ਹਿਫਾਜ਼ਤ ਲਈ ਇੱਕਜੁੱਟ ਹੋਣ ਦੀ ਸਖ਼ਤ ਜ਼ਰੂਰਤ ਹੈ।ਸ੍ਰੀ ਕਾਂਗੜਾ ਨੇ ਕਿਹਾ ਕਿ ਉਹ ਤੇ ਭਾਰਤੀਯ ਅੰਬੇਡਕਰ ਮਿਸ਼ਨ, ਭਾਰਤ ਦੇ ਸਮੂਹ ਸਾਥੀ ਮ੍ਰਿਤਕ ਅਧਿਕਾਰੀ ਵਾਈ ਪੂਰਨ ਕੁਮਾਰ ਦੇ ਪਰਵਾਰ ਨੂੰ ਇਨਸਾਫ ਦਿਵਾਉਣ ਲਈ ਅਤੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦਿਵਾਉਣ ਲਈ ਹਰ ਸੰਘਰਸ਼ ਵਿੱਚ ਪਰਵਾਰ ਨਾਲ ਚੱਟਾਨ ਵਾਂਗ ਖੜ੍ਹਨਗੇ।ਇਸ ਮੌਕੇ ਸ੍ਰੀ ਦਰਸ਼ਨ ਕਾਂਗੜਾ ਨਾਲ ਸੰਸਥਾ ਦੇ ਹੋਰ ਵੀ ਆਗੂ ਹਾਜ਼ਰ ਸਨ।

## ਜੰਮੂ ਤਵੀ-ਸੰਬਲਪੁਰ ਐਕਸਪ੍ਰੈੱਸ ਹੁਣ ਅੰਮ੍ਰਿਤਸਰ ਤੋਂ ਹੋਵੇਗੀ ਸ਼ੁਰੂ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਰੇਲਵੇ ਪ੍ਰਸ਼ਾਸਨ ਨੇ ਯਾਤਰੀਆਂ ਦੀ ਸਹੂਲਤ ਲਈ ਸੂਚਨਾ ਜਾਰੀ ਕੀਤੀ ਹੈ। ਸੰਚਾਲਨ ਕਾਰਨਾਂ ਕਰਕੇ ਟਰੇਨ ਨੰਬਰ 18310, ਜੋ ਆਮ ਤੌਰ 'ਤੇ ਜੰਮੂ ਤਵੀ ਤੋਂ ਸੰਬਲਪੁਰ ਜੰਕਸ਼ਨ ਤੱਕ ਚੱਲਦੀ ਹੈ, ਦੀ ਯਾਤਰਾ ਦੇ ਮੂਲ ਸਥਾਨ ਵਿਚ ਅਸਥਾਈ ਤੌਰ 'ਤੇ ਤਬਦੀਲੀ ਕੀਤੀ ਗਈ ਹੈ। ਇਹ ਟਰੇਨ 16 ਤੇ 17 ਅਕਤੂਬਰ ਨੂੰ ਜੰਮੂ ਤਵੀ ਦੀ ਬਜਾਏ, ਅੰਮ੍ਰਿਤਸਰ ਤੋਂ ਸ਼ਾਰਟ-ਓਰਿਜੀਨੇਟ ਹੋਵੇਗੀ। ਇਸ ਦਾ ਮਤਲਬ ਹੈ ਕਿ ਜੰਮੂਤਵੀ ਤੋਂ ਅੰਮ੍ਰਿਤਸਰ ਤੱਕ ਦਾ ਰੂਟ ਇਨ੍ਹਾਂ ਦੋ ਦਿਨਾਂ ਲਈ ਪ੍ਰਭਾਵਤ ਰਹੇਗਾ। ਰੇਲਵੇ ਨੇ ਜੰਮੂ ਤਵੀ ਤੋਂ ਯਾਤਰਾ ਕਰਨ ਵਾਲੇ ਯਾਤਰੀਆਂ ਨੂੰ ਬੇਨਤੀ ਕੀਤੀ ਹੈ ਕਿ ਉਹ ਇਸ ਬਦਲਾਅ ਨੂੰ ਧਿਆਨ ਵਿਚ ਰੱਖਣ, ਜਿਹੜੇ ਯਾਤਰੀ ਪਹਿਲਾਂ ਤੋਂ ਹੀ ਜੰਮੂਤਵੀ ਤੋਂ ਅੰਮ੍ਰਿਤਸਰ ਦੇ ਵਿਚਕਾਰ ਦਾ ਟਿਕਟ ਬੁੱਕ ਕਰਵਾ ਚੁੱਕੇ ਹਨ, ਉਹਨਾਂ ਨੂੰ ਆਪਣੇ ਸਫ਼ਰ ਦੀ ਯੋਜਨਾ ਦੁਬਾਰਾ ਬਣਾਉਣੀ ਪਵੇਗੀ। ਇਹ ਜਾਣਕਾਰੀ ਮੁੱਖ ਲੋਕ ਸੰਪਰਕ ਅਧਿਕਾਰੀ ਹਿਮਾਂਸ਼ੂ ਸ਼ੇਖਰ ਉਪਾਧਿਆਏ ਵੱਲੋਂ ਜਾਰੀ ਕੀਤੀ ਗਈ ਹੈ। ਯਾਤਰੀਆਂ ਨੂੰ ਅਪੀਲ ਹੈ ਕਿ ਉਹ ਯਾਤਰਾ ਤੋਂ ਪਹਿਲਾਂ ਨਵੀਨਤਮ ਜਾਣਕਾਰੀ ਦੀ ਪੁਸ਼ਟੀ ਜ਼ਰੂਰ ਕਰ ਲੈਣ।

## ਮਨਿਸਟਰੀਅਲ ਕਾਮਿਆਂ ਵੱਲੋਂ ਡੀ ਸੀ ਦਫਤਰ ਅੱਗੇ ਰੋਸ ਰੈਲੀ




**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਜ਼ ਯੂਨੀਅਨ ਪੰਜਾਬ ਦੇ ਦਿੱਤੇ ਗਏ ਸੱਦੇ ਮੁਤਾਬਿਕ ਜ਼ਿਲ੍ਹਾ ਮੋਗਾ ਦੇ ਦਫਤਰੀ ਕਾਮਿਆਂ ਵੱਲੋਂ ਡਿਪਟੀ ਕਮਿਸ਼ਨਰ ਮੋਗਾ ਦੇ ਦਫਤਰ ਅੱਗੇ ਰੋਹ ਭਰਪੂਰ ਰੈਲੀ ਕੀਤੀ ਗਈ, ਜਿਸ ਵਿੱਚ ਮੋਗਾ ਜ਼ਿਲ੍ਹੇ ਸਾਰੇ ਦਫਤਰੀ ਕਾਮਿਆਂ ਵੱਲੋਂ ਹਾਜ਼ਰੀ ਭਰੀ ਗਈ।ਜ਼ਿਲ੍ਹਾ ਮੋਗਾ ਦੇ ਪ੍ਰਧਾਨ ਕੁਲਦੀਪ ਸਿੰਘ ਵੱਲੋਂ ਦੱਸਿਆ ਗਿਆ ਕਿ ਪੰਜਾਬ ਸਟੇਟ ਮਨਿਸਟਰੀਅਲ ਸਰਵਿਸਜ਼ ਯੂਨੀਅਨ ਪੰਜਾਬ ਦੇ ਸੱਦੇ ਮੁਤਾਬਿਕ ਜ਼ਿਲ੍ਹਾ ਹੈੱਡ ਕੁਆਟਰ 'ਤੇ ਰੋਸ ਰੈਲੀ ਕੀਤੀ ਗਈ ਹੈ, ਕਿਉਂਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸੱਤਾ ਵਿੱਚ ਆਉਣ ਤੋਂ ਪਹਿਲਾਂ ਮੁਲਾਜ਼ਮ ਜਥੇਬੰਦੀਆਂ ਨਾਲ ਧਰਨਿਆਂ ਵਿੱਚ ਬੈਠ ਕੇ ਇਹ ਵਾਅਦੇ ਕੀਤੇ ਗਏ ਸਨ ਕਿ ਪੰਜਾਬ ਵਿੱਚ ਸਾਡੀ ਆਮ ਆਦਮੀ ਸਰਕਾਰ ਬਣਾ ਦਿਉ ਉਸ ਤੋਂ ਬਾਅਦ ਤੁਹਾਨੂੰ ਆਪਣੀਆਂ ਮੰਗਾਂ ਮਨਵਾਉਣ ਲਈ ਧਰਨੇ ਨਹੀਂ ਲਗਾਉਣੇ ਪੈਣਗੇ, ਤੁਹਾਡੀਆਂ ਮੰਗਾਂ ਪੰਜਾਬ ਸਰਕਾਰ ਵੱਲੋਂ ਆਪਣੇ ਆਪ ਸਮੇਂ-ਸਮੇਂ ਸਿਰ ਲਾਗੂ ਕਰ ਦਿੱਤੀਆਂ ਜਾਣਗੀਆਂ।ਪ੍ਰੰਤੂ ਤਕਰੀਬਨ ਪਿਛਲੇ ਸਾਢੇ ਤਿੰਨ ਸਾਲਾਂ ਤੋਂ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾ ਦੀ ਕਿਸੇ ਵੀ ਮੰਗ ਦਾ ਨਿਪਟਾਰਾ ਨਹੀਂ ਕੀਤਾ ਗਿਆ, ਉਲਟਾ ਜੇਕਰ ਮੁਲਾਜ਼ਮ ਜਥੇਬੰਦੀਆਂ ਸੰਘਰਸ਼ ਦੇ ਰਾਹ ਤੇ ਤੁਰਦੀਆਂ ਹਨ ਤਾਂ ਉਨ੍ਹਾਂ ਤੇ ਐਸਮਾ ਵਰਗੇ ਮਾਰੂ ਕਾਨੂੰਨ ਲਾਗੂ ਕਰਕੇ ਮੁਲਾਜ਼ਮਾਂ ਨੂੰ ਦੁਬਾਉਣ/ਡਰਾਉਣ ਦੀ ਕੋਸ਼ਿਸ ਕੀਤੀ ਜਾਂਦੀ ਹੈ, ਪ੍ਰੰਤੂ ਸਰਕਾਰ ਨੂੰ ਇਹ ਪਤਾ ਹੋਣਾ ਚਾਹੀਦਾ ਹੈ ਕਿ ਸਵਿਧਾਨ ਦੇ ਵਿੱਚ ਲੋਕਾਂ/ਮੁਲਾਜ਼ਮਾਂ ਨੂੰ ਆਪਣੀ ਮੰਗਾ ਸਰਕਾਰ ਪਾਸੋਂ ਮਨਵਾਉਣ ਲਈ ਧਰਨੇ/ਰੈਲੀਆਂ ਕਰਨ ਦਾ ਹੱਕ ਦਿੱਤਾ ਗਿਆ ਹੈ ਅਤੇ ਇਹ ਹੱਕ ਲੋਕਾਂ ਦਾ ਫੰਡਾਮੈਂਟਲ ਰਾਈਟ ਹੈ।ਆਗੂਆਂ ਨੇ ਦੱਸਿਆ ਕਿ ਅੱਜ ਦੀ ਰੈਲੀ ਤੋਂ ਬਾਅਦ ਵੀ ਜੇਕਰ ਸਰਕਾਰ ਨੇ ਮੁਲਾਜ਼ਮਾਂ ਦੀਆਂ ਮੰਗਾਂ ਸਬੰਧੀ ਕੋਈ ਧਿਆਨ ਨਾ ਦਿੱਤਾ ਤਾਂ ਸੂਬਾ ਬਾਡੀ ਦੇ ਸੱਦੇ ਮੁਤਾਬਿਕ 16 ਅਕਤੂਬਰ 2025 ਨੂੰ ਸੂਬਾ ਪੱਧਰੀ ਰੋਸ ਰੈਲੀ ਮੋਹਾਲੀ ਵਿਖੇ ਕੀਤੀ ਜਾਵੇਗੀ, ਜਿਸ ਵਿੱਚ ਮੋਗਾ ਜ਼ਿਲ੍ਹਾ ਦੇ ਸਾਥੀ ਵੱਡੀ ਗਿਣਤੀ ਵਿਚ ਸ਼ਾਮਲ ਹੋਣਗੇ, ਜਿਸ ਦੀ ਜ਼ੁੰਮੇਵਾਰ ਪੰਜਾਬ ਸਰਕਾਰ ਹੋਵੇਗੀ।

ਇਸ ਗੇਟ ਰੈਲੀ ਵਿੱਚ ਜ਼ਿਲ੍ਹੇ ਦੇ ਚੇਅਰਮੈਨ ਮੇਵਾ ਸਿੰਘ, ਸੰਦੀਪ ਕੁਮਾਰ ਜ਼ਿਲ੍ਹਾ ਜਰਨਲ ਸਕੱਤਰ, ਹਰਜੀਤ ਜ਼ੀਰਾ ਸੀਨੀਅਰ ਮੀਤ ਪ੍ਰਧਾਨ, ਪਰਮਪਾਲ ਸਿੰਘ ਜ਼ਿਲ੍ਹਾ ਪ੍ਰਧਾਨ ਸਿੱਖਿਆ ਵਿਭਾਗ, ਦਲਜੀਤ ਬੁੱਟਰ, ਕੁਲਦੀਪ ਘਾਲੀ, ਦਵਿੰਦਰ ਡੀ ਸੀ ਦਫਤਰ ਜੁਗਰਾਜ ਸਿੰਘ ਜਲਾਲਾਬਾਦੀ, ਹਰਜੋਤ ਸਿੰਘ ਭਿੰਡਰ, ਕਮਲਦੀਪ ਸਿੰਘ, ਰਮੇਸ਼ ਕੁਮਾਰ, ਪੀ.ਡਬਲਯੂ.ਡੀ. ਬੇਅੰਤ ਸਿੰਘ ਖੇਤੀਬਾੜੀ ਦਫਤਰ, ਗਗਨ ਸਰਮਾ, ਬਲਤੇਜ ਸਿੰਘ, ਹਰਪ੍ਰੀਤ ਸਿੰਘ ਵਾਟਰ ਸਪਲਾਈ, ਅਨਮੋਲ ਰੋਜ਼ਗਾਰ ਦਫਤਰ ਤੋਂ ਇਲਾਵਾ ਹੋਰ ਵਿਭਾਗਾਂ ਦੇ ਸਾਥੀ ਵੱਡੀ ਗਿਣਤੀ ਵਿੱਚ ਹਾਜ਼ਰ ਹੋਏ।

## ਸਿਹਤ ਵਿਭਾਗ ਨੇ ਅਬੋਹਰ 'ਚ ਕੀਤੀਆਂ ਡੇਂਗੂ ਵਿਰੋਧੀ ਗਤੀਵਿਧੀਆਂ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਡਾਕਟਰ ਰੋਹਿਤ ਗੋਇਲ ਸਿਵਲ ਸਰਜਨ ਦੇ ਹੁਕਮਾਂ ਅਨੁਸਾਰ ਡਾਕਟਰ ਅਰਪਿਤ ਗੁਪਤਾ ਸਹਾਇਕ ਸਿਵਲ ਸਰਜਨ ਤੇ ਡਾਕਟਰ ਸੁਨੀਤਾ ਕੰਬੋਜ ਜ਼ਿਲ੍ਹਾ ਐਪੀਡੀਮੋਲੋਜਿਸਟ ਦੀ ਦੇਖ-ਰੇਖ 'ਚ ਡੇਂਗੂ ਵਿਰੋਧੀ ਗਤੀਵਿਧੀਆਂ ਲਗਾਤਾਰ ਕੀਤੀਆਂ ਜਾ ਰਹੀਆਂ ਹਨ।ਇਸ ਲੜੀ ਤਹਿਤ ਅਬੋਹਰ ਸ਼ਹਿਰੀ ਖੇਤਰਾਂ ਵਿੱਚ ਸੀਨੀਅਰ ਮੈਡੀਕਲ ਅਫ਼ਸਰ ਡਾਕਟਰ ਸੁਰੇਸ਼ ਕੰਬੋਜ ਦੀ ਅਗਵਾਈ 'ਚ ਲਗਾਤਾਰ ਬਰੀਡਿੰਗ ਚੈਕਿੰਗ, ਐਂਟੀ ਲਾਰਵਾ ਸਪਰੇਅ ਤੇ ਪਾਜ਼ੇਟਿਵ ਮਰੀਜ਼ ਪਾਏ ਜਾਣ ਵਾਲੇ ਖੇਤਰਾਂ ਵਿੱਚ ਫੌਗਿੰਗ ਕਰਾਈ ਜਾ ਰਹੀ ਹੈ।ਡਾਕਟਰ ਸੁਰੇਸ਼ ਕੰਬੋਜ ਨੇ ਦੱਸਿਆ ਕਿ ਸ਼ਹਿਰ 'ਚ ਡੇਂਗੂ ਦੇ ਪੰਜ ਮਰੀਜ਼ ਪਾਜ਼ੇਟਿਵ ਆ ਚੁੱਕੇ ਹਨ, ਜੋ ਈਦਗਾਹ ਬਸਤੀ, ਨਾਨਕ ਨਗਰੀ, ਧਰਮ ਨਗਰੀ, ਗਊਸ਼ਾਲਾ ਰੋਡ ਤੇ ਨਵੀਂ ਆਬਾਦੀ ਵਿਖੇ ਪਾਏ ਗਏ। ਉਨ੍ਹਾਂ ਦੱਸਿਆ ਕਿ ਇਨ੍ਹਾਂ ਏਰੀਆ 'ਚ ਨਗਰ ਨਿਗਮ ਦੇ ਸਹਿਯੋਗ ਨਾਲ ਫੋਗਿੰਗ ਕਰਾ ਦਿੱਤੀ ਗਈ ਹੈ ਅਤੇ ਆਲੇ-ਦੁਆਲੇ ਦੇ ਇਲਾਕਿਆਂ 'ਚ ਬਰੀਡਿੰਗ ਚੈਕਰਾਂ ਵੱਲੋਂ ਚੈਕਿੰਗ ਤੇ ਜਾਗਰੂਕਤਾ ਗਤੀਵਿਧੀਆਂ ਕੀਤੀਆਂ ਜਾ ਰਹੀਆਂ ਹਨ।ਡਾ. ਰੋਹਿਤ ਗੋਇਲ ਤੇ ਡਾ. ਅਰਪਿਤ ਗੁਪਤਾ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਟੀਮਾਂ ਗਠਿਤ ਕਰਕੇ ਜਿੱਥੇ ਜਿੱਥੇ ਪਾਜ਼ੇਟਿਵ ਕੇਸ ਮਿਲਿਆ, ਉਥੇ ਆਲੇ-ਦੁਆਲੇ ਵਿੱਚ ਘਰ-ਘਰ ਸਰਵੇ ਕਰਕੇ ਲਾਰਵਾ ਲੱਭਿਆ ਗਿਆ ਤੇ ਨਸ਼ਟ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਡੇਂਗੂ ਸੰਕ੍ਰਮਿਤ ਏਡੀਜ਼ ਅਜਿਪਟੀ ਮੱਛਰ ਦੇ ਕੱਟਣ ਨਾਲ ਫੈਲਦਾ ਹੈ।ਇਹ ਮੱਛਰ ਸਾਫ਼ ਖੜ੍ਹੇ ਪਾਣੀ ਵਿੱਚ ਪੈਦਾ ਹੁੰਦਾ ਹੈ ਤੇ ਜ਼ਿਆਦਾਤਰ ਦਿਨ ਵੇਲੇ ਹੀ ਕੱਟਦਾ ਹੈ।ਇਸ ਲਈ ਮੱਛਰ ਪੈਦਾ ਹੋਣ ਵਾਲੇ ਸੋਮਿਆਂ ਨੂੰ ਨਸ਼ਟ ਕਰਨਾ ਚਾਹੀਦਾ ਹੈ।ਡਿਪਟੀ ਮਾਸ ਮੀਡੀਆ ਅਫਸਰ ਮਨਬੀਰ ਸਿੰਘ, ਐਨਵੀਬੀਡੀਸੀਪੀ ਟੀਮ ਇੰਚਾਰਜ ਟਹਿਲ ਸਿੰਘ ਅਤੇ ਭਾਰਤ ਸੇਠੀ ਨੇ ਦੱਸਿਆ ਕਿ ਡੇਂਗੂ ਦੀ ਰੋਕਥਾਮ ਲਈ ਲਗਾਤਾਰ ਗਤੀਵਿਧੀਆਂ ਕੀਤੀਆਂ ਜਾ ਰਹੀਆਂ ਹਨ।

ਨਗਰ ਕੌਂਸਲ ਦੇ ਸਹਿਯੋਗ ਨਾਲ ਡੇਂਗੂ ਪਾਜ਼ੇਟਿਵ ਘਰਾਂ 'ਚ ਤੇ ਸਾਰੇ ਮੁਹੱਲੇ ਵਿੱਚ ਗਲੀਆਂ ਵਿੱਚ ਫੋਗਿੰਗ ਕਰਾਈ ਗਈ।ਘਰਾਂ ਤੇ ਮੁਹੱਲਿਆਂ ਵਿੱਚ ਲੋੜ ਅਨੁਸਾਰ ਸਪ੍ਰੇਅ ਵੀ ਕਰਵਾਈ ਗਈ ਅਤੇ ਨਾਲ ਹੀ ਲੋਕਾਂ ਨੂੰ ਜ਼ਾਗਰੂਕ ਕੀਤਾ ਗਿਆ।

## ਇੰਦਰਜੀਤ ਸਿੰਘ ਬੋਪਾਰਾਏ ਨੇ ਅਹੁਦਾ ਸੰਭਾਲਿਆ



**ਜਗਰਾਉਂ (ਸੰਜੀਵ ਅਰੋੜਾ)**-ਲੁਧਿਆਣਾ ਪੁਲਸ ਵਿਭਾਗ ਵਿਚ ਇਕ ਮਹੱਤਵਪੂਰਨ ਤਬਾਦਲੇ ਵਿੱਚ ਇੰਦਰਜੀਤ ਸਿੰਘ ਬੋਪਾਰਾਏ ਨੇ ਏ. ਸੀ. ਪੀ. ਇੰਡਸਟਰੀਅਲ ਏਰੀਆ ਏ ਵਜੋਂ ਅਹੁਦਾ ਸੰਭਾਲਿਆ ਹੈ। ਆਪਣਾ ਅਹੁਦਾ ਸੰਭਾਲਣ ਤੋਂ ਬਾਅਦ ਬੋਪਾਰਾਏ ਨੇ ਕਿਹਾ ਕਿ ਕਾਨੂੰਨ ਵਿਵਸਥਾ ਨੂੰ ਮਜ਼ਬੂਤ ਕਰਨਾ ਤੇ ਉਦਯੋਗੀ ਖੇਤਰ 'ਚ ਅਪਰਾਧ ਨੂੰ ਰੋਕਣਾ ਉਨ੍ਹਾਂ ਦੀ ਪਹਿਲਕਦਮੀ ਹੋਵੇਗੀ। ਇੰਦਰਜੀਤ ਸਿੰਘ ਬੋਪਾਰਾਏ ਪਹਿਲਾ ਜਗਰਾਉਂ 'ਚ ਡੀ. ਐੱਸ. ਪੀ. (ਡੀ) ਵਜੋਂ ਤਾਇਨਾਤ ਸਨ, ਜਿੱਥੇ ਉਨ੍ਹਾਂ ਆਪਣੇ ਕਾਰਜਕਾਲ ਦੌਰਾਨ ਕਈ ਮਹੱਤਵਪੂਰਨ ਕਾਰਵਾਈਆਂ ਦੀ ਅਗਵਾਈ ਕੀਤੀ। ਚਾਰਜ ਸੰਭਾਲਣ ਤੋਂ ਬਾਅਦ ਏਸੀਪੀ ਬੋਪਾਰਾਏ ਨੇ ਸਪੱਸ਼ਟ ਕੀਤਾ ਕਿ ਉਨ੍ਹਾਂ ਦੇ ਕਾਰਜਕਾਲ ਦੌਰਾਨ ਨਸ਼ਾ ਸਮਗਲਿੰਗ ਵਿਰੁੱਧ ਜ਼ੀਰੋ ਟੋਲਰੈਂਸ ਨੀਤੀ ਲਾਗੂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਨਸ਼ਾ ਸਮਗਲਿੰਗ ਕਰਨ ਵਾਲਿਆਂ ਨੂੰ ਕਿਸੇ ਨੂੰ ਬਖਸ਼ਿਆ ਨਹੀਂ ਜਾਵੇਗਾ ਤੇ ਉਨ੍ਹਾਂ ਕਿਹਾ ਕਿ ਤਿਉਹਾਰਾਂ ਦੇ ਸੀਜ਼ਨ ਦੌਰਾਨ ਸਖ਼ਤ ਸੁਰੱਖਿਆ ਪ੍ਰਬੰਧ ਕੀਤੇ ਜਾਣਗੇ।

## ਤਰਨ ਤਾਰਨ ਜ਼ਿਮਨੀ ਚੋਣਾਂ 'ਚ ਅਕਾਲੀ ਦਲ (ਬਾਦਲ) ਦਾ ਉਮੀਦਵਾਰ ਵੱਡੀ ਲੀਡ ਨਾਲ ਜਿੱਤੇਗਾ : ਮੱਲ੍ਹਾ/ਚੰਦ



ਜਗਰਾਉਂ (ਸੰਜੀਵ ਅਰੋੜਾ)-ਤਰਨਤਾਰਨ ਜ਼ਿਮਨੀ ਚੋਣਾਂ 'ਚ ਅਕਾਲੀ ਦਲ (ਬਾਦਲ) ਦਾ ਉਮੀਦਵਾਰ ਵੱਡੀ ਲੀਡ ਨਾਲ ਜਿੱਤ ਦਰਜ ਕਰੇਗਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਾਬਕਾ ਚੇਅਰਮੈਨ ਕੰਵਲਜੀਤ ਸਿੰਘ ਮੱਲ੍ਹਾ ਤੇ ਜ਼ਿਲ੍ਹਾ (ਦਿਹਾਤੀ) ਪ੍ਰਧਾਨ ਚੰਦ ਸਿੰਘ ਡੱਲਾ ਨੇ ਤਰਨਤਾਰਨ ਜਿਮਨੀ ਚੋਣਾਂ 'ਚ ਪ੍ਰਚਾਰ ਕਰਨ ਜਾਣ ਤੋਂ ਪਹਿਲਾਂ ਕੀਤਾ। ਇਸ ਮੌਕੇ ਉਨ੍ਹਾਂ ਨਾਲ ਪਾਰਟੀ ਦੇ ਸੀਨੀਅਰ ਆਗੂ ਸਾਬਕਾ ਕੈਬਨਿਟ ਮੰਤਰੀ ਸ਼ਰਨਜੀਤ ਸਿੰਘ ਢਿੱਲੋਂ ਵੀ ਹਾਜ਼ਰ ਸਨ। ਇਸ ਮੌਕੇ ਮੱਲ੍ਹਾ ਤੇ ਡੱਲਾ ਨੇ ਕਿਹਾ ਕਿ ਸ਼ੋਮਣੀ ਅਕਾਲੀ ਦਲ (ਬਾਦਲ) ਦਾ ਉਮੀਦਵਾਰ ਵੱਡੀ ਲੀਡ ਨਾਲ ਜਿੱਤ ਦਰਜ ਕਰੇਗਾ, ਕਿਉਂਕਿ ਲੋਕ ਮੁੜ ਅਕਾਲੀ ਦਲ ਯਾਦ ਕਰਨ ਲੱਗੇ। ਉਨ੍ਹਾਂ ਕਿਹਾ ਕਿ ਲੋਕ ਹੁਣ ਅਕਾਲੀ ਦਲ ਵੱਲੋਂ ਕੀਤੇ ਕੰਮਾਂ ਨੂੰ ਵੋਟਾਂ ਪਾਉਣਗੇ। ਇਸ ਮੌਕੇ ਹਲਕਾ ਰਾਏਕੋਟ ਦੇ ਇੰਚਾਰਜ ਬਲਵਿੰਦਰ ਸਿੰਘਘ, ਜੱਥੇਦਾਰ ਅਮਰਜੀਤ ਸਿੰਘ ਰਸੂਲਪੁਰ ਤੇ ਜਗਜੀਤ ਸਿੰਘ ਡੱਲਾ ਤੋਂ ਇਲਾਵਾ ਵੱਡੀ ਗਿਣਤੀ 'ਚ ਪਾਰਟੀ ਵਰਕਰ ਹਾਜ਼ਰ ਸਨ।

## ਆਪ ਵੱਲੋਂ ਨਵੀਂ ਮੀਡੀਆ ਟੀਮ ਦੀ ਨਿਯੁਕਤੀ, ਗੌਰਵ ਤੇ ਦੀਪਕ ਨਾਰੰਗ ਬਣੇ ਮੀਡੀਆ ਕੋਆਰਡੀਨੇਟਰ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**



ਆਮ ਆਦਮੀ ਪਾਰਟੀ ਪੰਜਾਬ ਵੱਲੋਂ ਇੱਕ ਮਹੱਤਵਪੂਰਨ ਸੰਗਠਨਕ ਫੈਸਲਾ ਲਿਆ ਗਿਆ। ਫੈਸਲੇ ਤਹਿਤ ਫਿਰੋਜ਼ਪੁਰ ਤੋਂ ਦੀਪਕ ਨਾਰੰਗ ਮੀਡੀਆ ਕੋਆਰਡੀਨੇਟਰ ਤੇ ਗੌਰਵ ਨੂੰ ਫਿਰੋਜ਼ਪੁਰ ਸ਼ਹਿਰ ਹਲਕੇ ਤੋਂ ਮੀਤ ਮੀਡੀਆ ਕੋਆਰਡੀਨੇਟਰ ਦੇ ਅਹੁਦਿਆਂ 'ਤੇ ਨਿਯੁਕਤ ਕੀਤਾ ਗਿਆ ਹੈ। ਦੀਪਕ ਨਾਰੰਗ ਤੇ ਗੌਰਵ ਨੇ ਆਮ ਆਦਮੀ ਪਾਰਟੀ ਦੀ ਉੱਚ ਕਮਾਂਡ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਉਨ੍ਹਾਂ ਨੂੰ ਦਿੱਤੀ ਗਈ। ਇਹ ਜ਼ਿੰਮੇਵਾਰੀ ਉਹ ਪੂਰੀ ਨਿਸ਼ਠਾ ਤੇ ਸਮਰਪਣ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਉਹ ਸਮੁੱਚੀ ਟੀਮ ਨਾਲ ਮੋਢੇ ਨਾਲ ਮੋਢਾ ਜੋੜ ਕੇ ਕੰਮ ਕਰਨਗੇ ਤੇ ਪਾਰਟੀ ਦੀ ਜ਼ਮੀਨੀ ਪੱਧਰ 'ਤੇ ਭੂਮਿਕਾ ਹੋਰ ਮਜ਼ਬੂਤ ਕਰਨਗੇ। ਦੀਪਕ ਨਾਰੰਗ ਤੇ ਗੌਰਵ ਨੇ ਖਾਸ ਤੌਰ 'ਤੇ ਐੱਮਐੱਲਏ ਰਣਬੀਰ ਸਿੰਘ ਭੁੱਲਰ ਫਿਰੋਜ਼ਪੁਰ ਸ਼ਹਿਰੀ ਤੇ ਪਾਰਟੀ ਦੀ ਲੀਡਰਸ਼ਿਪ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਮਿਹਨਤੀ ਵਰਕਰਾਂ 'ਤੇ ਭਰੋਸਾ ਜਤਾਇਆ ਤੇ ਉਨ੍ਹਾਂ ਨੂੰ ਇਹ ਜ਼ਿੰਮੇਵਾਰੀ ਸੌਂਪੀ।


**ਉੱਤਰ ਰੇਲਵੇ**

**ਈ-ਨਿਵਿਦਾ ਸੂਚਨਾ**

ਸੀਨੀਅਰ ਮੰਡਲ ਇੰਜੀਨੀਅਰ-ਤੀਜਾ, ਫਿਰੋਜਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਈ-ਨਿਵਿਦਾਵਾਂ, ਅੰਤਮ ਮਿਤੀ 03.11.2025 ਸਮਾਂ 15:00 ਵਜੇ ਤਕ www.ireps.gov.in ਤੇ ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹਨ ਅਤੇ ਐਸੇ ਕਿਸੇ ਵੀ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਟੈਂਡਰ ਫਾਰਮ ਦੀ ਬਿਆਨਾ ਰਾਸ਼ੀ ਦੀ ਜਗ੍ਹਾ ਦਾ ਭੁਗਤਾਨ www.ireps.gov.in ਪੋਰਟਲ 'ਤੇ ਉਪਲਬਧ ਆਨ ਲਾਈਨ ਸਾਧਨਾਂ ਦੇ ਮਾਧਿਅਮ ਨਾਲ ਜਿਵੇਂ ਨੈਟ ਬੈਂਕਿੰਗ, ਡੇਬਿਟ ਕਾਰਡ ਕਰੈਡਿਟ ਕਾਰਡ ਆਦਿ ਦੇ ਭੁਗਤਾਨ ਨਾਲ ਕਰ ਸਕਦੇ ਹਨ। ਡਿਮਾਂਡ ਡ੍ਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਮਾਧਿਅਮ ਨਾਲ ਭੁਗਤਾਨ ਦੀ ਇਜਾਜਤ ਨਹੀਂ ਹੈ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਏਕਲ ਬੋਲੀ ਪ੍ਰਣਾਲੀ |
| **ਨਿਵਿਦਾ ਅਪਲੋਡ ਕਰਨ ਦੀ ਮਿਤੀ** | **ਬੋਲੀ ਸ਼ੁਰੂ ਦੀ ਮਿਤੀ** | **ਬੋਲੀ ਸਮਾਪਨ ਦੀ ਮਿਤੀ ਅਤੇ ਸਮਾਂ** |
| 09.10.2025 | 20.10.2025 | 03.11.2025 / 15:00 ਵਜੇ |

| ਲ. ਨੰ. | ਨਿਵਿਦਾ ਨੰਬਰ | ਨਿਵਿਦਾ ਦਾ ਵੇਰਵਾ |
|---|---|---|
| 1. | 153-2025-26-ADEN-II-ASR | ਸਹਾਇਕ ਮੰਡਲ ਇੰਜੀਨੀਅਰ - ਤੀਜਾ ਅੰਮ੍ਰਿਤਸਰ ਦੇ ਖੇਤਰਾਧਿਕਾਰ ਵਿਚ ਸੀਨੀਅਰ ਅਨੁਭਾਗ ਇੰਜੀਨੀਅਰ/ਪੀ.ਵੇ/ ਪੱਟੀ ਅਨੁਭਾਗ ਵਿਚ ਵਖ-ਵਖ ਪੀ.ਵੇ. ਦਾ ਕੰਮ। |

| ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
|---|---|---|---|
| 76,02,618.87/- | 1,52,100.00/- | 60 ਦਿਨ | 12 ਮਹੀਨੇ |

**ਸਮਾਨ ਨੇਚਰ ਦਾ ਕੰਮ :** "ਸੀਟੀਆਰ/ਟੀਆਰਆਰ/ਟੀਐਫਆਰ/ਟੀਟੀਆਰ ਜਿਸ ਵਿਚ ਟ੍ਰੈਕ ਨੂੰ ਉਪਰ ਚੁਕਣਾ/ਸਕ੍ਰੀਨਿੰਗ ਟ੍ਰੈਕ ਨੂੰ ਤਣਾਅਮੁਕਤ ਕਰਨਾ/ਟ੍ਰੈਕ ਰਖਰਖਾਅ ਮਸ਼ੀਨ ਜਿਵੇਂ ਟੈਂਪਿੰਗ ਮਸ਼ੀਨ/ਬੈਲਾਸਟ ਸਕ੍ਰੀਨਿੰਗ/ ਰੇਗੂਲੇਟਿੰਗ ਮਸ਼ੀਨ ਅਤੇ ਟੀਟੀਆਰ ਦੇ ਲਈ ਪੂਰਵ ਅਤੇ ਬਾਅਦ ਵਿਚ ਕੰਮ ਸ਼ਾਮਲ ਹਨ, ਟੀ-28 ਦੁਆਰਾ।"

**ਨੋਟ :** 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ।
2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜੀ ਵਰਜਨ ਹੀ ਮਾਨਯ ਹੋਣਗੇ।

**ਨਿਵਿਦਾ ਨੰਬਰ**:- 153-2025-26-ADEN-II-ASR **ਤਾਰੀਕ** : 10.10.2025 — 3159/2025

**ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ**

**Format C-2**

**Declaration about criminal antecedents of candidates set up by the party**

(As per the judgment dated 25thSeptember 2018 of Hon'ble Supreme Court in WP (Civil) No. 536 of 2011 (Public Interest Foundation & Ors. Vs. Union of India & Anr.) Name of Political Party: **AAM AADMI PARTY** Name of the Election : **Bye Election to the Council of States from Punjab** Name of State/ UT : **Punjab**

| Sl. No. | Name of candidate | Name of Constituency | Pending Criminal Cases | | | Details about cases of conviction for criminal offences | |
|---|---|---|---|---|---|---|---|
| | | | Name of Court | Case No. and status of case | Section(s) of Acts concerned and brief description of offence(s) | Name of Court & date(s) of order(s) | Description of offence(s) & punishment imposed |
| 1 | Rajinder Gupta | Punjab | Not Applicable | FIR no. 691 dt. 28.08.2021 PS: City Yavatmal (MH) | U/s 406, 420 & 34 IPC | NIL | NIL |

# ਦਫ਼ਤਰੀ ਕਾਮਿਆਂ ਜ਼ਿਲ੍ਹਾ ਪੱਧਰੀ ਰੈਲੀ ਕਰਕੇ ਕੀਤਾ ਸੂਬਾ ਸਰਕਾਰ ਦਾ ਪਿੱਟ-ਸਿਆਪਾ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)** ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ ਪੰਜਾਬ ਵੱਲੋਂ ਦਿੱਤੇ ਸੱਦੇ 'ਤੇ ਮੁਲਾਜ਼ਮ ਮੰਗਾਂ ਦੇ ਹੱਕ ਵਿੱਚ ਡੀਸੀ ਦਫ਼ਤਰ ਫਿਰੋਜ਼ਪੁਰ ਮੂਹਰੇ ਜ਼ਿਲ੍ਹਾ ਪੱਧਰੀ ਰੈਲੀ ਕਰਕੇ ਸੂਬਾ ਸਰਕਾਰ ਦਾ ਪਿੱਟ ਸਿਆਪਾ ਕਰਕੇ ਨਾਅਰੇਬਾਜ਼ੀ ਕੀਤੀ ਗਈ। ਜ਼ਿਲ੍ਹਾ ਪ੍ਰਧਾਨ ਮਨੋਹਰ ਲਾਲ, ਪਿੰਪਲ ਸਿੰਘ ਸਿੱਧੂ ਜ਼ਿਲ੍ਹਾ ਜਨਰਲ ਸਕੱਤਰ ਪੀਐੱਸਐੱਮਐੱਸਯੂ ਦੀ ਅਗਵਾਈ ਵਿਚ ਕੀਤੀ ਗਈ। ਰੋਸ ਰੈਲੀ ਵਿੱਚ ਵੱਖ-ਵੱਖ ਵਿਭਾਗਾਂ ਦੇ ਦਫ਼ਤਰੀ ਮੁਲਾਜ਼ਮਾਂ ਨੇ ਵੱਡੀ ਗਿਣਤੀ 'ਚ ਭਾਗ ਲਿਆ।

ਮੁਲਾਜ਼ਮਾਂ ਦੇ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਮਨੋਹਰ ਲਾਲ ਜ਼ਿਲ੍ਹਾ ਪ੍ਰਧਾਨ, ਪਿੰਪਲ ਸਿੰਘ ਸਿੱਧੂ ਜ਼ਿਲ੍ਹਾ ਜਨਰਲ ਸਕੱਤਰ, ਓਮ ਪ੍ਰਕਾਸ਼ ਰਾਣਾ, ਗੁਰਤੇਜ ਸਿੰਘ ਜਨਰਲ ਸਕੱਤਰ ਡੀਸੀ ਦਫਤਰ ਫਿਰੋਜ਼ਪੁਰ, ਸੋਨੂੰ ਕਸ਼ਯਪ ਵਧੀਕ ਜਨਰਲ ਸਕੱਤਰ, ਜਸਮੀਤ ਸਿੰਘ ਸੈਣੀ ਪ੍ਰਧਾਨ ਜਲ ਸਰੋਤ ਵਿਭਾਗ, ਸੁਖਚੈਨ ਸਿੰਘ ਖੇਤੀਬਾੜੀ ਵਿਭਾਗ, ਜਗਸੀਰ ਸਿੰਘ ਭਾਂਗਰ ਲੋਕ ਨਿਰਮਾਣ ਵਿਭਾਗ, ਵਰੁਣ ਕੁਮਾਰ ਸੂਬਾਈ ਆਗੂ ਸਿੱਖਿਆ ਵਿਭਾਗ, ਭੁਪਿੰਦਰ ਕੌਰ ਸੂਬਾ ਪ੍ਰਧਾਨ ਮਹਿਲਾ ਵਿੰਗ ਸਿੱਖਿਆ ਵਿਭਾਗ, ਪਰਮਵੀਰ ਮੌਂਗਾ, ਗੁਰਪ੍ਰੀਤ ਸਿੰਘ ਸੋਢੀ ਐਕਸਾਈਜ਼ ਵਿਭਾਗ, ਗੁਰਪ੍ਰੀਤ ਸਿੰਘ ਔਲਖ, ਸੰਦੀਪ ਸਿੰਘ ਦਿਓਲ ਪ੍ਰਧਾਨ ਡੀਸੀ ਦਫਤਰ ਕਰਮਚਾਰੀ ਯੂਨੀਅਨ ਫਿਰੋਜ਼ਪੁਰ, ਜੁਗਲ ਕਿਸ਼ੋਰ ਲੋਕ ਨਿਰਮਾਣ ਵਿਭਾਗ, ਰਜਨੀਸ਼ ਕੁਮਾਰ ਡੀਸੀ ਦਫਤਰ ਨੇ ਕਿਹਾ ਕਿ ਸੂਬਾ ਸਰਕਾਰ ਪਿਛਲੇ ਸਾਢੇ ਤਿੰਨ ਸਾਲਾਂ ਤੋਂ ਮੁਲਾਜ਼ਮਾਂ ਨੂੰ ਲਾਰੇ ਲੱਪੇ ਲਾ ਕੇ ਆਪਣਾ ਡੰਗ ਟਪਾ ਰਹੀ ਹੈ ਤੇ ਕਿਸੇ ਵੀ ਮੁਲਾਜ਼ਮ ਮੰਗ ਦੀ ਪੂਰਤੀ ਅਜੇ ਤੱਕ ਨਹੀਂ ਕੀਤੀ ਗਈ। ਆਗੂਆਂ ਨੇ ਪੰਜਾਬ ਦੇ ਮੁਲਾਜ਼ਮਾਂ ਦੀਆਂ ਮੰਗਾਂ ਦਾ ਜ਼ਿਕਰ ਕਰਦੇ ਹੋਏ ਦੱਸਿਆ ਕਿ ਸੂਬੇ ਦੇ ਕਰਮਚਾਰੀ ਪਿਛਲੇ ਲੰਬੇ ਸਮੇਂ ਤੋਂ ਪੁਰਾਣੀ ਪੈਨਸ਼ਨ, ਡੀਏ ਦੀਆਂ ਬਕਾਇਆ ਕਿਸ਼ਤਾਂ ਲਾਗੂ ਕਰਨ, ਏਸੀਪੀ ਸਕੀਮ ਲਾਗੂ ਕਰਨ, 15-01-2015 ਦਾ ਪੱਤਰ ਅਤੇ 17-07-2020 ਦਾ ਪੱਤਰ ਰੱਦ ਕਰਨ, ਨਵੇਂ ਸਕੇਲਾਂ 'ਚ ਬੰਦ ਕੀਤੇ 37 ਭੱਤੇ ਮੁੜ ਲਾਗੂ ਕਰਨ ਦੀ ਮੰਗ ਕਰ ਰਹੇ ਹਨ। ਪਰ ਪੰਜਾਬ ਦੀ ਮਾਨ ਸਰਕਾਰ ਕਿਸੇ ਵੀ ਮੁਲਾਜ਼ਮ ਮੰਗ ਨੂੰ ਹੱਲ ਕਰਨ ਵੱਲ ਧਿਆਨ ਨਹੀਂ ਦੇ ਰਹੀ, ਜਿਸ ਕਾਰਨ ਸੂਬੇ ਦੇ ਮੁਲਾਜ਼ਮਾਂ ਵਿਚ ਸਰਕਾਰ ਪ੍ਰਤੀ ਭਾਰੀ ਰੋਸ ਪੈਦਾ ਹੋ ਰਿਹਾ ਹੈ।

ਮੁਲਾਜ਼ਮ ਆਗੂਆਂ ਨੇ ਸੂਬਾ ਸਰਕਾਰ ਨੂੰ ਚਿਤਾਵਨੀ ਦਿੰਦੀ ਕਿ ਜੇਕਰ ਮੁਲਾਜ਼ਮ ਮੰਗਾਂ ਦਾ ਜਲਦੀ ਨਿਪਟਾਰਾ ਨਾ ਕੀਤਾ ਗਿਆ ਤਾਂ ਮੰਨੀਆਂ ਹੋਈਆਂ ਮੰਗਾਂ ਲਾਗੂ ਨਾ ਕੀਤੀਆਂ ਗਈਆਂ ਤਾਂ ਆਉਣ ਵਾਲੇ ਸਮੇਂ ਵਿੱਚ ਸਰਕਾਰ ਖਿਲਾਫ਼ ਤਿੱਖਾ ਸੰਘਰਸ਼ ਵਿੱਢਣ ਤੋਂ ਗੁਰੇਜ਼ ਨਹੀਂ ਕੀਤਾ ਜਾਵੇਗਾ। ਜਥੇਬੰਦੀ ਦੇ ਜਨਰਲ ਸਕੱਤਰ ਪਿੰਪਲ ਸਿੰਘ ਸਿੱਧੂ ਨੇ ਜ਼ਿਲ੍ਹੇ ਭਰ ਦੇ ਮੁਲਾਜ਼ਮਾਂ ਨੂੰ ਅਪੀਲ ਕੀਤੀ ਕਿ 16 ਅਕਤੂਬਰ ਨੂੰ ਪੀਐੱਸਐੱਮਐੱਸਯੂ ਵੱਲੋਂ ਮੋਹਾਲੀ ਵਿਖੇ ਕੀਤੀ ਜਾ ਰਹੀ ਦਫ਼ਤਰੀ ਕਾਮਿਆਂ ਦੀ ਸੂਬਾ ਪੱਧਰੀ ਰੈਲੀ 'ਚ ਵਧ-ਚੜ੍ਹ ਕੇ ਹਿੱਸਾ ਲਿਆ ਜਾਵੇ।

# ਗ੍ਰੰਥੀ ਸਿੰਘਾਂ ਤੇ ਮੰਦਰਾਂ ਦੇ ਪੁਜਾਰੀਆਂ ਨੂੰ ਤਿਉਹਾਰਾਂ ਮੌਕੇ ਨਕਦ ਰਾਸ਼ੀ ਦੇ ਕੇ ਕੀਤਾ ਸਨਮਾਨਤ



**ਸਮਾਣਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)** ਸਤੀ ਮੰਦਰ ਵਿਖੇ ਸਾਬਕਾ ਕੈਬਨਿਟ ਮੰਤਰੀ ਸੁਰਜੀਤ ਸਿੰਘ ਰੱਖੜਾ ਦੀ ਅਗਵਾਈ ਹੇਠ ਸਮਾਣਾ ਇਲਾਕੇ ਤੇ ਗ੍ਰੰਥੀ ਸਿੰਘਾਂ ਅਤੇ ਮੰਦਰਾਂ ਦੇ ਪੁਜਾਰੀਆਂ ਦੀ ਇੱਕ ਵਿਸ਼ੇਸ਼ ਮੀਟਿੰਗ ਹੋਈ, ਜਿਸ ਵਿੱਚ ਸੁਰਜੀਤ ਸਿੰਘ ਰੱਖੜਾ ਵੱਲੋਂ ਸਾਰੇ ਗ੍ਰੰਥੀ ਸਿੰਘਾਂ ਤੇ ਪੁਜਾਰੀਆਂ ਨੂੰ ਪੰਜ-ਪੰਜ ਹਜ਼ਾਰ ਨਗਦ ਰੁਪਏ ਦੀ ਰਾਸ਼ੀ ਦੇ ਕੇ ਸਨਮਾਨਤ ਕੀਤਾ। ਸੁਰਜੀਤ ਸਿੰਘ ਰੱਖੜਾ ਨੇ ਕਿਹਾ ਕਿ ਹੜ੍ਹਾਂ ਦੇ ਦੌਰਾਨ ਜਦੋਂ ਉਹ ਹੜ ਪੀੜ੍ਹਤ ਇਲਾਕਿਆਂ ਗੁਰਦਾਸਪੁਰ, ਅੰਮ੍ਰਿਤਸਰ, ਤਰਨਤਾਰਨ, ਜਲੰਧਰ ਵਿਖੇ ਹੜ ਪੀੜ੍ਹਤ ਲੋਕਾਂ ਦੀ ਸਾਰ ਲੈਣ ਲਈ ਗਏ ਤਾਂ ਦੇਖਿਆ ਕਿ ਕਿਸਾਨਾਂ ਅਤੇ ਆਮ ਲੋਕਾਂ ਦੀ ਪੰਜਾਬੀ, ਗੁਆਂਢੀ ਸੂਬਿਆਂ, ਦੇਸ਼ਾਂ ਵਿਦੇਸ਼ਾਂ ਦੇ ਲੋਕ ਤੇ ਧਾਰਮਿਕ, ਰਾਜਨੀਤਕ ਤੇ ਸਮਾਜਿਕ ਜਥੇਬੰਦੀਆਂ ਵੱਡੇ ਪੱਧਰ 'ਤੇ ਮਦਦ ਕਰ ਰਹੀਆਂ ਸਨ, ਪ੍ਰੰਤੂ ਗੁਰੂ ਘਰ ਦੀ ਵਜ਼ੀਰ ਗ੍ਰੰਥੀ ਸਿੰਘਾਂ ਤੇ ਮੰਦਰਾਂ ਦੇ ਪੁਜਾਰੀਆਂ ਦੀ ਕੋਈ ਸਾਰ ਨਹੀਂ ਲੈ ਰਿਹਾ ਸੀ ਤਾਂ ਉਨ੍ਹਾਂ ਨੇ ਉਸ ਵਕਤ ਆਪਣੇ ਸਾਥੀਆਂ ਨਾਲ ਸਲਾਹ ਕਰਕੇ ਫੈਸਲਾ ਲਿਆ ਕਿ ਗੁਰੂ ਘਰ ਦੇ ਵਜ਼ੀਰ ਗ੍ਰੰਥੀ ਸਿੰਘਾਂ ਤੇ ਮੰਦਰਾਂ ਦੇ ਪੁਜਾਰੀਆਂ ਦੀ ਵੀ ਮਾਲੀ ਮਦਦ ਕੀਤੀ ਜਾਵੇ ਤਾਂ ਜੁ ਉਹ ਆਪਣੇ ਪਰਵਾਰਾਂ ਦਾ ਗੁਜ਼ਾਰਾ ਚਲਾ ਸਕਣ।ਇਸ ਲਈ ਉਨ੍ਹਾਂ ਇਲਾਕਿਆਂ ਦੇ ਗ੍ਰੰਥੀ ਸਿੰਘਾਂ ਤੇ ਮੰਦਰਾਂ ਦੇ ਪੁਜਾਰੀਆਂ ਨੂੰ ਪੰਜ-ਪੰਜ ਹਜ਼ਾਰ ਰੁਪਏ ਦੇ ਕੇ ਮਾਲੀ ਮਦਦ ਕੀਤੀ ਤਾਂ ਜੁ ਉਨ੍ਹਾਂ ਦੀ ਰੋਟੀ ਰੋਜ਼ੀ ਦਾ ਗੁਜ਼ਾਰਾ ਆਸਾਨੀ ਨਾਲ ਚੱਲ ਸਕੇ, ਕਿਉਂਕਿ ਜਿੱਥੇ ਕਿਸਾਨ ਤੇ ਆਮ ਲੋਕ ਹੜ੍ਹਾਂ ਕਾਰਨ ਪ੍ਰਭਾਵਤ ਹੋਏ ਹਨ, ਉਥੇ ਗ੍ਰੰਥੀ ਸਿੰਘ ਤੇ ਮੰਦਰਾਂ ਦੇ ਪੁਜਾਰੀ ਵੀ ਪ੍ਰਭਾਵਤ ਹੋਏ ਹਨ।ਇਸ ਲਈ ਉਨ੍ਹਾਂ ਦੀ ਮਾਲੀ ਮਦਦ ਜ਼ਰੂਰੀ ਸੀ।ਇਸੇ ਕੜੀ ਤਹਿਤ ਸਾਰੇ ਗ੍ਰੰਥੀ ਸਿੰਘਾਂ ਅਤੇ ਮੰਦਰਾਂ ਦੇ ਪੁਜਾਰੀਆਂ ਨੂੰ ਪੰਜ-ਪੰਜ ਹਜ਼ਾਰ ਰੁਪਏ ਦੀ ਨਕਦ ਰਾਸ਼ੀ ਦੇ ਕੇ ਸਨਮਾਨਤ ਕੀਤਾ ਗਿਆ ਹੈ।ਮੰਚ ਸੰਚਾਲਨ ਦੀ ਸੇਵਾ ਉਘੇ ਸਿੱਖਿਆ ਸ਼ਾਸ਼ਤਰੀ ਪ੍ਰਿੰਸੀਪਲ ਮੋਹਨ ਲਾਲ ਸ਼ਰਮਾ ਨੇ ਕੀਤੀ।


## ਜ਼ਰੂਰੀ ਸੂਚਨਾ

ਜਿਨ੍ਹਾਂ ਕਿਸਾਨ ਵੀਰਾਂ ਨੇ ਆਪਣੇ ਆਲੂ ਜੇ ਐਸ ਕੋਲਡ ਸਟੋਰ ਰਾਏਪੁਰ ਬੱਲਾਂ ਵਿੱਚ ਜਮ੍ਹਾਂ ਕਰਵਾਏ ਸਨ, ਪਿਛਲੇ ਦਿਨੀਂ ਕੁਦਰਤ ਦੀ ਕਰੋਪੀ ਕਾਰਨ ਸਟੋਰ ਦੀਆਂ ਅੰਦਰਲੀਆਂ ਤੇ ਬਾਹਰਲੀਆਂ ਛੱਤਾਂ ਬੁਰੀ ਤਰ੍ਹਾਂ ਨੁਕਸਾਨੀਆਂ ਗਈਆਂ ਸਨ, ਕਿਸਾਨ ਵੀਰ ਕਿਸੇ ਸਮੇਂ ਵੀ ਕੋਲਡ ਸਟੋਰ ਤੇ ਆ ਸਕਦੇ ਹਨ ਅਤੇ ਹੇਠ ਲਿਖੇ ਨੰਬਰਾਂ ਤੇ ਸੰਪਰਕ ਕਰਕੇ ਕਿਸੇ ਤਰ੍ਹਾਂ ਦੀ ਵੀ ਜਾਣਕਾਰੀ ਪ੍ਰਾਪਤ ਕਰ ਸਕਦੇ ਹਨ।

ਵੱਲੋਂ : ਮੈਨੇਜਰ, ਜੇ ਐਸ ਕੋਲਡ ਸਟੋਰ ਰਾਏਪੁਰ ਬੱਲਾਂ ਜਲੰਧਰ ਪਠਾਨਕੋਟ ਰਾਸ਼ਟਰੀ ਮਾਰਗ, ਮੋ : 88377-70385, 9915970002, 9478700002


## ਖੁੱਲ੍ਹੀ ਬੋਲੀ

ਦੀ ਗਾਂਧਰਾ MPACSS ਲਿਮ. ਗਾਂਧਰਾ ਪਿੰਡ ਅਤੇ ਡਾਕਖਾਨਾ ਗਾਂਧਰਾ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ ਵਿਚ ਪੁਰਾਣੇ ਤੇ ਨਾ-ਵਰਤੋਯੋਗ ਖੇਤੀਬਾੜੀ ਸੰਦਾਂ ਲੈਜਰ ਲੈਵਲਰ (1) ਅਤੇ ਰੋਟਾਵੇਟਰ ਸਮੇਤ ਮਸ਼ੀਨ (1) ਨੂੰ ਪਾਰਦਰਸ਼ਤਾ ਢੰਗ ਨਾਲ ਖੁੱਲ੍ਹੀ ਬੋਲੀ ਰਾਹੀਂ ਨਿਲਾਮੀ ਮਿਤੀ 27/10/2025 ਦਿਨ ਸੋਮਵਾਰ ਸਵੇਰੇ 10.30 ਵਜੇ ਸਥਾਨ ਸਭਾ ਦੇ ਦਫ਼ਤਰ ਸਥਿਤ ਪਿੰਡ ਗਾਂਧਰਾ ਵਿਚ ਰੱਖੀ ਜਾਂਦੀ ਹੈ। ਸਭਾ ਦੇ ਦਾਇਰਾ ਕਾਰੋਬਾਰ ਵਿਚ ਲਗਦੇ ਪਿੰਡਾਂ ਵਿਚੋਂ ਜਾਂ ਕੋਈ ਵੀ ਨਿਵਾਸੀ ਸਬ-ਕਮੇਟੀ ਦੀਆਂ ਸ਼ਰਤਾਂ ਤਹਿਤ ਬੋਲੀ ਦੇ ਸਕਦਾ ਹੈ।

## ਪਬਲਿਕ ਨੋਟਿਸ

ਮੈਂ, ਦੀਪਕ ਕੁਮਾਰ ਪੁੱਤਰ ਸ਼੍ਰੀ ਨੰਦ ਲਾਲ ਵਾਸੀ ਨਜ਼ਦੀਕ ਸਰੀਨ ਸਕੂਲ, ਪ੍ਰੇਮ ਨਗਰ ਬੋੜੀ ਸਾਹਿਬ ਰੋਡ, ਬਿਅੰਤ ਸਿੰਘ ਭੱਠਾ, ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਮੈਂ ਇੱਕ ਜਾਇਦਾਦ ਰਿਹਾਇਸ਼ੀ ਪਲਾਟ ਪ੍ਰਾਈਵੇਟ ਨੰਬਰ 71, ਜਿਸ ਦੀ ਪੈਮਾਇਸ਼ 42 ਫੁੱਟ, ਚੌੜਾਈ 22 ਫੁੱਟ, ਕੁੱਲ ਰਕਬਾ 102.66 ਵਰਗਗਜ ਵਾਕਿਆ ਰਕਬਾ ਕੋਟ ਖਾਲਸਾ ਸਭ-ਅਰਬਨ ਆਬਾਦੀ ਪ੍ਰੇਮ ਨਗਰ ਤਹਿਸੀਲ ਅੰਮ੍ਰਿਤਸਰ-2 ਜ਼ਿਲ੍ਹਾ ਅੰਮ੍ਰਿਤਸਰ ਪਾਸੋਂ ਸ੍ਰੀ ਵਿਸ਼ਾਲ ਉਰਫ ਪਵਨ ਕੁਮਾਰ ਸ਼ਰਮਾ ਪੁੱਤਰ ਨਰਿੰਦਰਪਾਲ ਸ਼ਰਮਾ ਵਾਸੀ ਮਕਾਨ ਨੰਬਰ 2246/12 ਮੇਨ ਰੋਡ ਇਸਲਾਮਾਬਾਦ ਅੰਮ੍ਰਿਤਸਰ ਪਾਸੋਂ ਮਿਤੀ 16-7-2025 ਵਸੀਕਾ ਨੰਬਰ 2025-26/93/1/5410 ਤਸਦੀਕ ਸਬ-ਰਜਿਸਟਰਾਰ ਅੰਮ੍ਰਿਤਸਰ ਖਰੀਦ ਕੀਤਾ ਸੀ। ਮੈਂ ਉਪਰੋਕਤ ਬੈ ਨਾਮਾ ਸਮੇਂ ਆਪਣੀ ਮਾਲਕੀ ਦਾ ਚੈੱਕ ਨੰਬਰ 288402 ਮਿਤੀ 16-7-2025 ਬਰ ਯੈਸ ਬੈਂਕ ਅੰਮ੍ਰਿਤਸਰ ਦਾ ਦਿੱਤਾ ਸੀ ਜੋ ਕਿ ਬਾਅਦ ਵਿੱਚ ਫਾੜ ਦਿੱਤਾ ਸੀ ਅਤੇ ਸਾਰੀ ਦੀ ਸਾਰੀ ਰਕਮ ਕੈਸ਼ ਦੇ ਦਿੱਤੀ ਸੀ ਅਤੇ ਇਸ ਸਮੇਂ ਖਰੀਦਦਾਰ ਦਾ ਕੋਈ ਵੀ ਬਕਾਇਆ ਨਹੀਂ ਰਹਿੰਦਾ ਹੈ।

## ਪਬਲਿਕ ਨੋਟਿਸ

ਬਾ-ਅਦਾਲਤ ਸਹਾਇਕ ਕੁਲੈਕਟਰ, ਦਰਜਾ ਦੋਇਮ-ਕਮ-ਤਹਿਸੀਲਦਾਰ, ਬੁਢਲਾਡਾ
ਨੋਟਿਸ ਬਨਾਮ ਆਮ ਜਨਤਾ

ਇਸ ਨੋਟਿਸ ਰਾਹੀਂ ਹਰ ਆਮ ਅਤੇ ਖਾਸ ਵਿਅਕਤੀ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਗਗਨਜੀਤ ਸਿੰਘ ਪੁੱਤਰ ਬਾਘਾ ਸਿੰਘ, ਵਾਸੀ ਪਿੰਡ ਬਰ੍ਹੇ, ਤਹਿਸੀਲ ਬੁਢਲਾਡਾ, ਜ਼ਿਲ੍ਹਾ ਮਾਨਸਾ ਵੱਲੋਂ ਦਰਖਾਸਤ ਪੇਸ਼ ਕੀਤੀ ਗਈ ਹੈ ਕਿ ਖੇਵਟ/ਖਾਤਾ ਨੰਬਰ 641/583, ਖਤੌਨੀ ਨੰਬਰ 1114 ਵਿੱਚ ਮੇਰਾ ਨਾਂਅ ਗਗਨਦੀਪ ਸਿੰਘ ਪੁੱਤਰ ਬਾਘਾ ਸਿੰਘ ਪੁੱਤਰ ਗੁਰਬਚਨ ਸਿੰਘ ਹੈ, ਜਦੋਂ ਕਿ ਮੇਰਾ ਸਹੀ ਨਾਂਅ ਗਗਨਜੀਤ ਸਿੰਘ ਹੈ। ਮਾਲ ਰਿਕਾਰਡ ਪਿੰਡ ਬਰ੍ਹੇ ਵਿੱਚ ਮੇਰਾ ਨਾਂਅ ਗਗਨਦੀਪ ਸਿੰਘ ਪੁੱਤਰ ਬਾਘਾ ਸਿੰਘ ਦੀ ਬਜਾਏ ਗਗਨਜੀਤ ਸਿੰਘ ਪੁੱਤਰ ਬਾਘਾ ਸਿੰਘ ਕੀਤਾ ਜਾਵੇ।

ਜੇਕਰ ਕਿਸੇ ਵੀ ਵਿਅਕਤੀ ਨੂੰ ਦਰਖਾਸਤ ਕਰਤਾ ਦੇ ਨਾਂਅ ਮਾਲ ਰਿਕਾਰਡ ਪਿੰਡ ਬਰ੍ਹੇ, ਤਹਿਸੀਲ ਬੁਢਲਾਡਾ, ਜ਼ਿਲ੍ਹਾ ਮਾਨਸਾ ਵਿਖੇ ਤਬਦੀਲੀ ਸੰਬੰਧੀ ਕੋਈ ਇਤਰਾਜ਼ ਹੈ ਤਾਂ ਉਹ ਇਸ ਇਸ਼ਤਿਹਾਰ ਦੇ ਪ੍ਰਕਾਸ਼ਿਤ ਹੋਣ ਤੋਂ ਇੱਕ ਮਹੀਨੇ ਦੇ ਅੰਦਰ-ਅੰਦਰ ਨਿਮਨਹਸਤਾਖਰ ਪਾਸ ਅਸਾਲਤਨ ਜਾਂ ਵਕਾਲਤਨ ਪੇਸ਼ ਹੋ ਕਰ ਆਪਣਾ ਇਤਰਾਜ਼ ਪੇਸ਼ ਕਰ ਸਕਦਾ ਹੈ। ਬਾਅਦ ਗੁਜ਼ਰਨੇ ਮਿਆਦ ਕਿਸੇ ਵੀ ਕਿਸਮ ਦੇ ਇਤਰਾਜ਼ ਪਰ ਕੋਈ ਗੌਰ ਨਹੀਂ ਕੀਤੀ ਜਾਵੇਗੀ ਅਤੇ ਦਰਖਾਸਤ ਕਰਤਾ ਦਾ ਨਾਂਅ ਮਾਲ ਰਿਕਾਰਡ ਜਮ੍ਹਾਂਬੰਦੀ ਪਿੰਡ ਬਰ੍ਹੇ ਵਿੱਚ ਨਾਂਅ ਗਗਨਦੀਪ ਸਿੰਘ ਉਰਫ ਗਗਨਜੀਤ ਸਿੰਘ ਪੁੱਤਰ ਬਾਘਾ ਸਿੰਘ ਪੁੱਤਰ ਗੁਰਬਚਨ ਸਿੰਘ ਕਰ ਦਿੱਤਾ ਜਾਵੇਗਾ।

ਇਹ ਇਸ਼ਤਿਹਾਰ ਅੱਜ ਮਿਤੀ 13/10/2025 ਨੂੰ ਮੇਰੇ ਹਸਤਾਖਰ ਅਤੇ ਮੋਹਰ ਅਦਾਲਤ ਰਾਹੀਂ ਜਾਰੀ ਕੀਤਾ ਗਿਆ।

ਸਹੀ/-ਸਹਾਇਕ ਕੁਲੈਕਟਰ, ਦਰਜਾ ਦੋਇਮ-ਕਮ-ਤਹਿਸੀਲਦਾਰ, ਬੁਢਲਾਡਾ।
ਨੰਬਰ 11/ਰੀਡਰ-1 ਮਿਤੀ : 13/10/2025

## COURT NOTICE

(U/o 5 Rule 20 CPC)
In the Court of
Ms. Harpreet Kaur Randhawa
District and Sessions Judge,
Ludhiana
CNR No. PBLD01-016721-2025
Next Date:- 07-11-2025
Baljit Kaur
Vs.
General Public
Publication Issued To:
General Public
Ludhiana Punjab

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 07-11-2025 at 10:00 a.m.

For details logon to https://highcourtchd.gov.in/?mod=district_notice&district=mogacourt

District and Sessions Judge
Ludhiana
Dated, this day of 13-10-2025

# ਨੀਨਾ ਮਿੱਤਲ ਵੱਲੋਂ ਰੇਹੜੀ ਮਾਰਕੀਟ ਦਾ ਉਦਘਾਟਨ



**ਰਾਜਪੁਰਾ, (ਰਮੇਸ਼ ਕਟਾਰੀਆ)** ਰੰਗਲਾ ਪੰਜਾਬ ਮੁਹਿੰਮ ਤਹਿਤ ਵਿਧਾਇਕਾ ਮੈਡਮ ਨੀਨਾ ਮਿੱਤਲ ਵੱਲੋਂ ਨਗਰ ਕੌਂਸਲ ਰਾਜਪੁਰਾ ਵੱਲੋਂ ਸਟਰੀਟ ਵੈਂਡਰਜ਼ ਲਈ ਉਸਾਰੀ ਰੇਹੜੀ ਮਾਰਕੀਟ ਦਾ ਵਿਧੀਵਤ ਉਦਘਾਟਨ ਕੀਤਾ ਗਿਆ।ਨੀਨਾ ਮਿੱਤਲ ਨੇ ਕਿਹਾ ਕਿ ਇਹ ਪ੍ਰੋਜੈਕਟ ਨਾ ਸਿਰਫ਼ ਬੇਰੁਜ਼ਗਾਰੀ ਘਟਾਉਣ ਵੱਲ ਇੱਕ ਵੱਡਾ ਕਦਮ ਹੈ, ਸਗੋਂ ਇਸ ਰਾਹੀਂ ਲੋੜਵੰਦ ਪਰਵਾਰਾਂ ਆਤਮ ਨਿਰਭਰ ਬਣਨਗੇ।ਉਨ੍ਹਾਂ ਦੱਸਿਆ ਕਿ ਰੇਹੜੀ ਮਾਰਕੀਟ 'ਚ ਕੁੱਲ 133 ਹੱਕਦਾਰ ਪਰਵਾਰਾਂ ਨੂੰ ਰੋਜ਼ਗਾਰ ਲਈ ਨਿਰਧਾਰਤ ਥਾਵਾਂ ਅਲਾਟ ਕੀਤੀਆਂ ਗਈਆਂ, ਜਿਨ੍ਹਾਂ ਦੀ ਚੋਣ ਪੂਰੀ ਪਾਰਦਰਸ਼ਤਾ ਨਾਲ ਕੀਤੀ ਗਈ।ਇਸ ਲਈ ਪਰਚੀ ਪ੍ਰਣਾਲੀ ਰਾਹੀਂ ਡਰਾਅ ਕੱਢਿਆ ਗਿਆ, ਜੋ ਮੀਡੀਆ ਤੇ ਲੋਕਾਂ ਦੀ ਮੌਜੂਦਗੀ ਵਿੱਚ ਹੋਇਆ।ਵਿਸ਼ੇਸ਼ ਗੱਲ ਇਹ ਸੀ ਕਿ ਪਰਚੀ ਦੀ ਸ਼ੁਰੂਆਤ ਇੱਕ ਛੋਟੇ ਬੱਚੇ ਰਾਹੀਂ ਕਰਾਈ ਗਈ, ਜਿਸ ਨਾਲ ਪੂਰੇ ਹਾਜ਼ਰ ਸਮੂਹ ਵਿੱਚ ਵਿਸ਼ਵਾਸ ਤੇ ਖੁਸ਼ੀ ਦੀ ਲਹਿਰ ਦੌੜ ਗਈ। ਸੰਬੋਧਨ ਦੌਰਾਨ ਵਿਧਾਇਕਾ ਨੀਨਾ ਮਿੱਤਲ ਨੇ ਕਿਹਾ ਕਿ ਰੇਹੜੀ ਮਾਰਕੀਟ ਦਾ ਉਦਘਾਟਨ ਇਸ ਗੱਲ ਦਾ ਸਬੂਤ ਹੈ ਕਿ ਸਰਕਾਰ ਲੋਕਾਂ ਦੇ ਜੀਵਨ ਪੱਧਰ ਨੂੰ ਉੱਪਰ [illegible] ਚੁੱਕਣ ਲਈ ਜ਼ਮੀਨੀ ਪੱਧਰ 'ਤੇ ਕਾਰਗੁਜ਼ਾਰੀ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਪ੍ਰੋਜੈਕਟਾਂ ਨਾਲ ਨਾ ਕੇਵਲ ਗ਼ਰੀਬ ਤੇ ਮਜ਼ਦੂਰ ਵਰਗ ਦੇ ਪਰਵਾਰਾਂ ਨੂੰ ਆਰਥਿਕ ਸਹਾਇਤਾ ਮਿਲੇਗੀ, ਸਗੋਂ ਰਾਜਪੁਰਾ ਨੂੰ ਇੱਕ ਸੁਚੱਜੇ, ਸਾਫ਼-ਸੁਥਰੇ ਤੇ ਵਿਕਸਤ ਸ਼ਹਿਰ ਵਜੋਂ ਤਿਆਰ ਕਰਨ ਵਿੱਚ ਵੀ ਇਹ ਕਦਮ ਮੀਲ ਪੱਥਰ ਸਾਬਤ ਹੋਵੇਗਾ। ਕਾਰਜਸਾਧਕ ਅਫ਼ਸਰ ਅਵਤਾਰ ਚੰਦ ਨੇ ਦੱਸਿਆ ਕਿ ਮਾਰਕੀਟ ਨੂੰ ਵੱਖ-ਵੱਖ ਸ਼੍ਰੇਣੀਆਂ ਵਿੱਚ ਵੰਡਿਆ ਗਿਆ ਹੈ, ਜਿਨ੍ਹਾਂ ਵਿੱਚ 15 ਥਾਂਵਾਂ ਸਬਜ਼ੀ ਵੇਚਣ ਵਾਲਿਆਂ ਲਈ, 34 ਫ਼ਲਾਂ ਲਈ, 41 ਖਾਣ-ਪੀਣ ਦੀਆਂ ਵਸਤਾਂ ਲਈ, 4 ਨਾਨ-ਵੇਜ ਆਈਟਮਾਂ ਲਈ, 8 ਮੋਚੀਆਂ ਲਈ ਤੇ 31 ਫੁਟਕਲ ਕਾਰੋਬਾਰ ਕਰਨ ਵਾਲਿਆਂ ਲਈ ਅਲਾਟ ਕੀਤੀਆਂ ਗਈਆਂ।ਇਹ ਵੰਡ ਇਸ ਤਰ੍ਹਾਂ ਕੀਤੀ ਗਈ ਹੈ ਕਿ ਮਾਰਕੀਟ 'ਚ ਸੁਚਾਰੂ ਤਰੀਕੇ ਨਾਲ ਸਾਰੀ ਵਰਗ ਦੀ ਸਹੂਲਤ ਉਪਲਬਧ ਹੋਵੇ ਤੇ ਲੋਕਾਂ ਨੂੰ ਸਾਰੀਆਂ ਚੀਜ਼ਾਂ ਇੱਕ ਹੀ ਥਾਂ 'ਤੇ ਮਿਲਣ।

# 6 ਪਿਸਤੌਲ, 111 ਜ਼ਿੰਦਾ ਰੌਂਦ, 11 ਮੈਗਜ਼ੀਨ ਸਮੇਤ ਗ੍ਰਿਫ਼ਤਾਰ



**ਛੇਹਰਟਾ, (ਮਨੋਜ ਕੁਮਾਰ)**- ਅੰਮ੍ਰਿਤਸਰ ਦਿਹਾਤੀ ਪੁਲਸ ਨੇ 6 ਪਿਸਤੌਲਾਂ, 111 ਜ਼ਿੰਦਾ ਰੌਂਦ, 11 ਮੈਗਜ਼ੀਨ ਸਮੇਤ ਇਕ ਹੋਰ ਮੁਲਜ਼ਮ ਨੂੰ ਗ੍ਰਿਫ਼ਤਾਰ ਕੀਤਾ ਹੈ। ਅੰਮ੍ਰਿਤਸਰ ਦਿਹਾਤੀ ਪੁਲਸ ਦੇ ਐੱਸਪੀ (ਡੀ) ਅਦਿੱਤਿਆ ਵਾਰੀਅਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸੀਨੀਅਰ ਕਪਤਾਨ ਪੁਲਸ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਮਨਿੰਦਰ ਸਿੰਘ ਆਈਪੀਐੱਸ., ਡੀਐੱਸਪੀ (ਡੀ) ਗੁਰਿੰਦਰਪਾਲ ਸਿੰਘ ਦੀ ਅਗਵਾਈ ਹੇਠ ਸਪੈਸ਼ਲ ਸੈੱਲ ਅੰਮ੍ਰਿਤਸਰ ਦਿਹਾਤੀ ਨੇ ਅਸਲਾ ਤਸਕਰੀ ਖਿਲਾਫ਼ ਚਲਾਈ ਜਾ ਰਹੀ ਮੁਹਿੰਮ ਦੌਰਾਨ ਇਕ ਹੋਰ ਵੱਡੀ ਸਫ਼ਲਤਾ ਪ੍ਰਾਪਤ ਕੀਤੀ ਹੈ। ਉਨ੍ਹਾਂ ਦੱਸਿਆ ਕਿ ਸਪੈਸ਼ਲ ਸੈੱਲ ਦੀ ਟੀਮ ਵੱਲੋਂ ਬੀਤੀ 8 ਅਕਤੂਬਰ ਨੂੰ ਥਾਣਾ ਘਰਿੰਡਾ ਵਿਚ ਦਰਜ ਮਾਮਲੇ ਅਧੀਨ ਕਾਰਵਾਈ ਦੌਰਾਨ ਇਕ ਹੋਰ ਮੁਲਜ਼ਮ ਅਮਰਬੀਰ ਸਿੰਘ ਉਰਫ਼ ਅਮਰ ਵਾਸੀ ਪਿੰਡ ਡੇਅਰੀਵਾਲ, ਥਾਣਾ ਤਰਸਿੱਕਾ ਨੂੰ 6 ਪਿਸਤੌਲਾਂ(.30 ਬੋਰ), 91 ਜ਼ਿੰਦਾ ਰੌਂਦ (.30 ਬੋਰ), 20 ਜ਼ਿੰਦਾ ਰੌਂਦ (9ਐੱਮ.ਐੱਮ.), 11 ਮੈਗਜ਼ੀਨ ਸਮੇਤ ਗ੍ਰਿਫ਼ਤਾਰ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ 8 ਅਕੂਬਰ ਨੂੰ ਸਪੈਸ਼ਲ ਸੈੱਲ ਵੱਲੋਂ ਗੁਪਤ ਸੂਚਨਾ ਦੇ ਆਧਾਰ ਉਤੇ ਕਾਰਵਾਈ ਕਰਦਿਆਂ ਪ੍ਰਭਜੀਤ ਸਿੰਘ ਉਰਫ਼ ਹੱਪਾ ਤੇ ਜਸ਼ਨਦੀਪ ਸਿੰਘ ਉਰਫ਼ ਬੁੱਗੀਮੈਨ, ਵਾਸੀਆਨ ਪਿੰਡ ਦਾਉਕੇ, ਥਾਣਾ ਘਰਿੰਡਾ ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ, ਜਿਨ੍ਹਾਂ ਕੋਲੋਂ 3 ਪਿਸਤੌਲ (.30 ਬੋਰ), 4 ਮੈਗਜ਼ੀਨ,10 ਜ਼ਿੰਦਾ ਰੌਂਦ ਤੇ ਇਕ ਬਿਨਾਂ ਨੰਬਰੀ ਮੋਟਰਸਾਈਕਲ ਬਰਾਮਦ ਹੋਏ ਸਨ। ਐੱਸਪੀ (ਡੀ) ਅਦਿੱਤਿਆ ਵਾਰੀਅਰ ਨੇ ਦੱਸਿਆ ਕਿ ਉਕਤ ਗ੍ਰਿਫ਼ਤਾਰ ਮੁਲਜ਼ਮ ਅਮਰਬੀਰ ਸਿੰਘ ਉਰਫ਼ ਅਮਰ ਇਕ ਮਹੀਨਾ ਪਹਿਲਾਂ ਹੀ ਕੈਨੇਡਾ ਤੋਂ ਵਾਪਸ ਆਇਆ ਸੀ ਤੇ ਉਹ ਪਾਕਿਸਤਾਨੀ ਸਮੱਗਲਰਾਂ ਨਾਲ ਸੰਪਰਕ ਵਿਚ ਸੀ।

## ਕੋਰਟ ਨੋਟਿਸ, ਜ਼ਿਲ੍ਹਾ ਮੈਰਿਜ ਅਫ਼ਸਰ, ਜਲੰਧਰ V/S ਆਮ ਜਨਤਾ

ਵਿਸ਼ਾ : ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

ਬਿਨੈਕਾਰ ਦਾ ਨਾਮ : **ਸੰਤੋਸ਼ ਕੁਮਾਰੀ** ਪਿਤਾ/ਪਤੀ ਦਾ ਨਾਮ : **ਬਨਾਰਸੀ ਦਾਸ**
ਪਤਾ: H.No. 54/2 Mohalla Shaheed Babu Labh Singh Nagar Jalandhar, Tehsil - Jalandhar-1 / District-Jalandhar, Punjab
ਉਪਰੋਕਤ ਪ੍ਰਾਰਥੀ ਨੇ ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਲਈ ਸੇਵਾ ਕੇਂਦਰ ਵਿੱਚ ਬਿਨੈ ਪੱਤਰ ਦਿੱਤਾ ਹੈ। ਜਿਸ ਦੇ ਵੇਰਵੇ ਹੇਠ ਲਿਖੇ ਦਿੱਤੇ ਗਏ ਹਨ।
ਨਾਮ : **ਪ੍ਰਿੰਸ ਅਰੋੜਾ** ਪੱਕਾ ਪਤਾ: H.No. 54/2 Mohalla Shaheed Babu Labh Singh Nagar Jalandhar, Jalandhar-1, Jalandhar, Punjab ਵਿਦੇਸ਼ੀ ਪਤਾ: Vasou Agathangelou 49 Flat 2 Paralimni 5282 Famagusta Cyprus / ਵਾਸੂ ਅਗਾਥਾਨਗੇਲੂ 49 ਫਲੈਟ 2 ਪੈਰਲਿਮਨੀ 5282 ਫੇਮਾਗੁਸਤਾ ਸਾਇਪ੍ਰਸ
ਉਮਰ/ਜਨਮ ਮਿਤੀ : 30-(21/01/1995)
ਬਿਨੈਕਾਰ ਨੇ ਕਿਹਾ ਹੈ ਕਿ ਉਸਦਾ ਭਾਰਤ ਵਿੱਚ ਕੋਈ ਵਿਆਹੁਤਾ ਸੰਬੰਧ ਨਹੀਂ ਹੈ।
ਆਮ ਲੋਕਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਜੇ ਉਪਰੋਕਤ ਸਰਟੀਫ਼ਿਕੇਟ ਜਾਰੀ ਕਰਨ ਬਾਰੇ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੈ ਤਾਂ ਉਹ ਵਿਅਕਤੀ ਜਾਂ ਉਸਦੇ ਨੁਮਾਇੰਦੇ ਇਸ ਨੋਟਿਸ ਦੇ ਜਾਰੀ ਹੋਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਆਪਣੀ ਇਤਰਾਜ਼ (ਸ਼ਿਕਾਇਤ)ਪੇਸ਼ ਕਰ ਸਕਦੇ ਹਨ। ਉਸ ਤੋਂ ਬਾਅਦ ਕੋਈ ਇਤਰਾਜ਼ ਨਹੀਂ ਮੰਨਿਆ ਜਾਵੇਗਾ।
ਇਹ ਇਸ਼ਤਿਹਾਰ ਮੇਰੇ ਦਸਤਖ਼ਤਾਂ ਹੇਠ ਅਦਾਲਤੀ ਮੋਹਰ ਨਾਲ ਮਿਤੀ 13.10.2025 ਨੂੰ ਜਾਰੀ ਹੋਇਆ।
ਨੰਬਰ 85/ਨੰਬਰ/ਰੀਡਰ ਮਿਤੀ 13.10.2025 ਜ਼ਿਲ੍ਹਾ ਮੈਰਿਜ ਅਫ਼ਸਰ,ਜਲੰਧਰ,ਪੰਜਾਬ,ਭਾਰਤ

## ਉਤਰ ਰੇਲਵੇ

### ਭੰਡਾਰ ਦੀ ਸਪਲਾਈ ਲਈ ਨਿਵਿਦਾ ਮੰਗ
### ਨਿਵਿਦਾ ਇਲੈਕਟ੍ਰੋਨਿਕ ਨਿਵਿਦਾ ਈ-ਪ੍ਰਣਾਲੀ ਦੇ ਤਹਿਤ

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਪ੍ਰਮੁਖ ਸਮਗਰੀ ਪ੍ਰਬੰਧਕ/ ਉਤਰ ਰੇਲਵੇ /ਭੰਡਾਰ ਡਿਪੋ/ਯਾਂਤਰਿਕ ਕਾਰਖਾਨਾ/ਅੰਮ੍ਰਿਤਸਰ ਦੁਆਰਾ ਸੰਭਰਨਕਰਤਾਵਾਂ ਤੋਂ ਹੇਠਾਂ ਲਿਖਤ ਮਦਾਂ ਦੇ ਲਈ ਈ-ਨਿਵਿਦਾ ਦੀ ਮੰਗ ਕੀਤੀ ਜਾਂਦੀ ਹੈ:-

| ਨਿਵਿਦਾ ਨੰ. | ਮਾਲ ਦਾ ਵੇਰਵਾ | ਮਾਤਰਾ | ਨਿਵਿਦਾ ਖੁਲਣ ਦੀ ਮਿਤੀ |
|---|---|---|---|
| 62255131 B | D Frame Assembly (Fabricated) for end wall of BVCM wagon as per ASRW Drg. S.No. 01 to 05, (Ref. Drg. WD-17039-S-06) with glass wool (spec. IS -8183/1993 or latest). | 960 Nos. | 05.11.25 |

ਨਿਵਿਦਾ ਸ਼ਰਤਾਂ:- ireps ਦੀ ਵੈਬਸਾਈਟ www.ireps.gov.in 'ਤੇ ਉਪਲਬਧ ਹੈ। ਸਾਰੇ ਇਛੁਕ ਵਿਕ੍ਰੇਤਾਵਾਂ ਨੂੰ ਈ-ਨਿਵਿਦਾ ਵਿਚ ਭਾਗ ਲੈਣ ਅਤੇ ਰਜਿਸਟਰੇਸ਼ਨ ਕਰਾਉਣ ਦੇ ਲਈ ਭਾਰਤ ਸਰਕਾਰ ਆਈ ਟੀ ਅਧਿਨਿਯਮ 2000 ਦੇ ਤਹਿਤ ਪ੍ਰਾਧਿਕ੍ਰਿਤ ਏਜੰਸੀ ਤੋਂ ਕਲਾਸ-III ਡਿਜਿਟਲ ਪ੍ਰਮਾਣ ਪੱਤਰ (ਜੇਕਰ ਪਹਿਲਾਂ ਤੋਂ ਪ੍ਰਾਪਤ ਨਹੀਂ ਕੀਤਾ ਹੈ) ਕਰਨਾ ਹੋਵੇਗਾ। ਹੱਥ ਨਾਲ ਲਿਖੇ ਟੈਂਡਰ ਸਵੀਕ੍ਰਿਤ ਨਹੀਂ ਕੀਤੇ ਜਾਣਗੇ।
ਟੈਂਡਰ ਨੋਟਿਸ ਨੰ.:-09/2025 2026 ਮਿਤੀ 13.10.2025
3160/2025
ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਉਤਰ ਰੇਲਵੇ

### ਈ-ਨੀਲਾਮੀ ਸੂਚਨਾ

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਸੀਨੀਅਰ ਮੰਡਲ ਵਾਣਿਜ ਪ੍ਰਬੰਧਕ/ ਮਾਲਭਾੜਾ, ਉਤਰ ਰੇਲਵੇ, ਫਿਰੋਜਪੁਰ ਦੁਆਰਾ ਹੇਠਾਂ ਦਿਤੇ ਗਏ ਕੰਮ ਦੇ ਲਈ ਯੋਗ ਅਤੇ ਰਜਿਸਟਰਡ ਬੋਲੀਦਾਤਾਵਾਂ ਤੋਂ ਫਿਰੋਜਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਗਈ ਹੈ।

| ਨੀਲਾਮੀ ਸੂਚੀ ਨੰ. | ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ | ਕੰਮ ਦਾ ਨਾਮ |
|---|---|---|
| EAFZR-SLR25-115 | 29.10.25 ਨੂੰ 11:00 ਵਜੇ | ਗੱਡੀਆਂ ਵਿਚ ਪਾਰਸਲ ਸਪੇਸ ਨੂੰ ਲੀਸ 'ਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ ਐਸਐਲਆਰ ਕੰਪਾਰਟਮੈਂਟ) 14730/R1, 14633/F1, 14632/R1, 14730/F2, 14616/F1, 14630/R1, 19614/F1, 14633/F2, 12422/F1 & 20808/F1. |
| EAFZR-SLR25-116 | 30.10.25 ਨੂੰ 11:00 ਵਜੇ | ਗੱਡੀਆਂ ਵਿਚ ਪਾਰਸਲ ਸਪੇਸ ਨੂੰ ਲੀਸ 'ਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ ਐਸਐਲਆਰ ਕੰਪਾਰਟਮੈਂਟ) 14542/F1, 14622/F1, 12926/F1 & 12358/F1. |

ਵਿਸਤ੍ਰਿਤ ਜਾਣਕਾਰੀ ਅਤੇ ਪੰਜੀਕਰਨ ਦੇ ਲਈ, ਕਿਰਪਾ ਰੇਲਵੇ ਦੀ ਵੈਬਸਾਈਟ www.ireps.gov.in 'ਤੇ ਜਾਓ।
3173/2025
ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## AXIS BANK

Retail Asset Centre: AXIS Bank Ltd, SCO 367-368, SECTOR – 34A, Chandigarh, 160022
Corporate Office: 'Axis House', Block-B, Bombay Dyeing Mills Compound, Pandurang Budhkar Marg, Worli, Mumbai-400025.
Registered Office: 'Trishul', 3rd Floor, Oppsite Samartheswar Temple, Law Garden, Ellisbridge, Ahmedabad-380006.

### ਸਰਫੇਸੀ ਐਕਟ 2002 ਤਹਿਤ ਕਬਜ਼ਾ ਨੋਟਿਸ

[illegible]

## COURT NOTICE

(U/o 5 Rule 20 CPC)
In the Court of Sh. Gurinder Singh
Civil Judge (Junior Division)
Ludhiana

Next Date, Purpose of case, Orders and Judgments as well as other case information is available on http://ecourts.gov.in

CNR No. PBLD02-011919-2023
Next Date:- 18-11-2025
Punjab and Sind Bank
Vs.
M/S R.S. ENTERPRISES
Publication Issued To:
M/S R.s. Enterprises (2) Nitin Sahni Son Of Shri Rakesh Sahni Prop Of M/S R S Enterprises Both Defendants
ADDRESS :- 5516, Street No 1 Jassian Road Raghbir Park Haibowal Kalan Ludhiana Through Its Proprietor SHR Nitin Sahni

Whereas it has been proved to the satisfaction of the Court that the defendant(s)/respondent(s) above named cannot be served in the ordinary way of service. Hence, this proclamation under order 5 Rule 20 CPC is hereby issued against him/them and should appear personally or through their counsel on 18-11-2025 at 10:00 a.m.

Take notice that, in default of his/their appearance on the day before mentioned, the above said case will be heard and determined in his/their absence according to law.

Given under my hand and the seal of the Court, this 09-10-2025.

Civil Judge (Junior Division)
Ludhiana.

## COURT NOTICE

(U/o 5 Rule 20 CPC)
In the Court of Simranjit Kaur
Civil Judge (Junior Division),
Amritsar
CNR No. PBAS02-003631-2025
Next Date:- 04-11-2025
Bank of India
Vs.
Shri Thakur Ji Tent House Through Prop Sanjay Thakur
Recovery
Publication Issued To:
1. Shri Thakur Ji Tent House Through Prop Sanjay Thakur - its Prop Sanay Thakur R/o Plot No. 313 Akash Avenue Fatehgarh Churian, Road Distt. Asr.
2. Sanjay Thakur S/o Dharam Pal Thakur R/o House No. 167, Abadi Harnam Singh, Chah Raj Wala Putligarh, Distt. Asr.

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 04-11-2025 at 10:00 a.m.

For details logon to https://highcourtchd.gov.in/?trs=district_notice&district=Amritsar

Civil Judge (Junior Division)
Amritsar
Dated, this day of 14-10-2025

## ਪਬਲਿਕ ਨੋਟਿਸ

ਬਾ-ਅਦਾਲਤ ਸਹਾਇਕ ਕੁਲੈਕਟਰ, ਦਰਜਾ ਦੋਇਮ-ਕਮ-ਤਹਿਸੀਲਦਾਰ, ਬੁਢਲਾਡਾ
ਨੋਟਿਸ ਬਨਾਮ ਆਮ ਜਨਤਾ

ਇਸ ਨੋਟਿਸ ਰਾਹੀਂ ਹਰ ਆਮ ਅਤੇ ਖਾਸ ਵਿਅਕਤੀ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਬਲਵੀਰ ਕੌਰ ਵਿਧਵਾ ਵਾ ਬਲਜੀਤ ਸਿੰਘ-ਜੁਗਰਾਜ ਸਿੰਘ-ਗੁਰਤੇਜ ਸਿੰਘ-ਗਗਨਜੀਤ ਸਿੰਘ ਸੰਤਾਨ ਮਹਿੰਦਰ ਸਿੰਘ ਉਰਫ ਬਾਘਾ ਸਿੰਘ, ਵਾਸੀ ਪਿੰਡ ਬਰ੍ਹੇ, ਤਹਿਸੀਲ ਬੁਢਲਾਡਾ, ਜ਼ਿਲ੍ਹਾ ਮਾਨਸਾ ਵੱਲੋਂ ਦਰਖਾਸਤ ਪੇਸ਼ ਕੀਤੀ ਗਈ ਹੈ ਕਿ ਮੇਰੇ ਪਤੀ/ਸਾਡੇ ਪਿਤਾ ਦਾ ਨਾਂਅ ਜਮ੍ਹਾਂਬੰਦੀ ਸਾਲ 2022-23 ਖੇਵਟ/ਖਾਤਾ ਨੰਬਰ 641/1114 ਵਿੱਚ ਬਾਘਾ ਸਿੰਘ ਹੈ ਅਤੇ ਆਧਾਰ ਕਾਰਡ ਆਦਿ ਵਿੱਚ ਨਾਂਅ ਮਹਿੰਦਰ ਸਿੰਘ ਹੈ। ਮੇਰੇ ਪਤੀ/ਸਾਡੇ ਪਿਤਾ ਨੂੰ ਮਹਿੰਦਰ ਸਿੰਘ ਅਤੇ ਬਾਘਾ ਸਿੰਘ ਦੋਵਾਂ ਨਾਂਵਾਂ ਨਾਲ ਜਾਣਿਆ ਜਾਂਦਾ ਹੈ। ਇਸ ਲਈ ਜਮ੍ਹਾਂਬੰਦੀ ਸਾਲ 2022-23 ਖੇਵਟ/ਖਾਤਾ ਨੰਬਰ 641/1114 ਪਿੰਡ ਬਰ੍ਹੇ ਵਿੱਚ ਮੇਰੇ ਪਤੀ/ਸਾਡੇ ਪਿਤਾ ਦਾ ਨਾਂਅ ਬਾਘਾ ਸਿੰਘ ਉਰਫ਼ ਮਹਿੰਦਰ ਸਿੰਘ ਕੀਤਾ ਜਾਵੇ। ਜੇਕਰ ਕਿਸੇ ਵੀ ਵਿਅਕਤੀ ਨੂੰ ਦਰਖਾਸਤ ਕਰਤਾ ਦੇ ਨਾਂਅ, ਮਾਲ ਰਿਕਾਰਡ ਪਿੰਡ ਬਰ੍ਹੇ, ਤਹਿਸੀਲ ਬੁਢਲਾਡਾ, ਜ਼ਿਲ੍ਹਾ ਮਾਨਸਾ ਵਿਖੇ ਤਬਦੀਲੀ ਸੰਬੰਧੀ ਕੋਈ ਇਤਰਾਜ਼ ਹੈ ਤਾਂ ਉਹ ਇਸ ਇਸ਼ਤਿਹਾਰ ਦੇ ਪ੍ਰਕਾਸ਼ਿਤ ਹੋਣ ਤੋਂ ਇੱਕ ਮਹੀਨੇ ਦੇ ਅੰਦਰ-ਅੰਦਰ ਨਿਮਨਹਸਤਾਖਰ ਪਾਸ ਅਸਾਲਤਨ ਜਾਂ ਵਕਾਲਤਨ ਪੇਸ਼ ਹੋ ਕੇ ਆਪਣਾ ਇਤਰਾਜ਼ ਪੇਸ਼ ਕਰ ਸਕਦਾ ਹੈ। ਬਾਅਦ ਗੁਜ਼ਰਨੇ ਮਿਆਦ ਕਿਸੇ ਵੀ ਕਿਸਮ ਦੇ ਇਤਰਾਜ਼ ਪਰ ਕੋਈ ਗੌਰ ਨਹੀਂ ਕੀਤੀ ਜਾਵੇਗੀ ਅਤੇ ਦਰਖਾਸਤ ਕਰਤਾ ਦਾ ਨਾਂਅ ਮਾਲ ਰਿਕਾਰਡ ਜਮ੍ਹਾਂਬੰਦੀ ਸਾਲ 2022-23 ਖੇਵਟ/ਖਾਤਾ ਨੰਬਰ 641/1114 ਪਿੰਡ ਬਰ੍ਹੇ ਵਿੱਚ ਨਾਂਅ ਬਾਘਾ ਸਿੰਘ ਉਰਫ ਮਹਿੰਦਰ ਸਿੰਘ ਕਰ ਦਿੱਤਾ ਜਾਵੇਗਾ।

ਇਹ ਇਸ਼ਤਿਹਾਰ ਅੱਜ ਮਿਤੀ 13/10/2025 ਨੂੰ ਮੇਰੇ ਹਸਤਾਖਰ ਅਤੇ ਮੋਹਰ ਅਦਾਲਤ ਰਾਹੀਂ ਜਾਰੀ ਕੀਤਾ ਗਿਆ।

ਸਹਾਇਕ ਕੁਲੈਕਟਰ, ਦਰਜਾ ਦੋਇਮ-ਕਮ-ਤਹਿਸੀਲਦਾਰ, ਬੁਢਲਾਡਾ।
ਨੰਬਰ 10/ਰੀਡਰ-1 ਮਿਤੀ : 13/10/2025

## ਪਬਲਿਕ ਨੋਟਿਸ

ਬਾ-ਅਦਾਲਤ ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਹਾਜੀਪੁਰ, ਜ਼ਿਲ੍ਹਾ ਹੁਸ਼ਿਆਰਪੁਰ
ਨੋਟਿਸ ਬਨਾਮ ਆਮ ਜਨਤਾ

ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਦਫਤਰ ਵਿਖੇ ਸ੍ਰੀ ਰਾਜੀਵ ਸਿੰਘ ਪੁੱਤਰ ਨਿੱਕਾ ਰਾਮ ਪੁੱਤਰ ਆਗਿਆ ਰਾਮ, ਵਾਸੀ ਪਿੰਡ ਸੰਧਵਾਲ, ਤਹਿਸੀਲ ਮੁਕੇਰੀਆਂ, ਜ਼ਿਲ੍ਹਾ ਹੁਸ਼ਿਆਰਪੁਰ ਨੇ ਇੱਕ ਦਰਖਾਸਤ ਬਰਾਏ ਕਰਨੇ ਨਾਮ ਬਦਲੀ ਫਰਦ ਜਮ੍ਹਾਂਬੰਦੀ ਪੇਸ਼ ਕੀਤੀ ਹੈ, ਜਿਸ ਵਿੱਚ ਲਿਖਿਆ ਹੈ ਕਿ ਮਾਲ ਵਿਭਾਗ ਦੇ ਰਿਕਾਰਡ ਵਿੱਚ ਉਸ ਦਾ ਨਾਂਅ ਰਣਜੀਤ ਸਿੰਘ ਪੁੱਤਰ ਨਿੱਕੂ ਰਾਮ ਦਰਜ ਹੈ। ਹੁਣ ਉਸ ਨੇ ਆਪਣਾ ਨਾਂਅ ਰਾਜੀਵ ਸਿੰਘ ਪੁੱਤਰ ਨਿੱਕਾ ਰਾਮ ਪੁੱਤਰ ਆਗਿਆ ਰਾਮ ਰੱਖ ਲਿਆ ਹੈ। ਸਬੂਤ ਵਜੋਂ ਪ੍ਰਾਰਥੀ ਨੇ ਆਪਣਾ ਆਧਾਰ ਕਾਰਡ, ਬੈਂਕ ਦੀ ਕਾਪੀ, ਵੋਟਰ ਕਾਰਡ ਅਤੇ ਹਲਫੀਆ ਬਿਆਨ ਸਮੇਤ ਫਰਦ ਜਮ੍ਹਾਂਬੰਦੀ ਪੇਸ਼ ਕਰਕੇ ਬੇਨਤੀ ਕੀਤੀ ਹੈ ਕਿ ਉਸ ਦਾ ਨਾਂਅ ਮਾਲ ਰਿਕਾਰਡ ਦੀ ਫਰਦ ਜਮ੍ਹਾਂਬੰਦੀ ਪਿੰਡ ਸੰਧਵਾਲ/356, ਤਹਿਸੀਲ ਮੁਕੇਰੀਆਂ ਵਿੱਚ ਪੁਰਾਣਾ ਨਾਂਅ ਰਣਜੀਤ ਸਿੰਘ ਪੁੱਤਰ ਨਿਕੂ ਰਾਮ ਪੁੱਤਰ ਆਗਿਆ ਰਾਮ ਦੀ ਜਗ੍ਹਾ 'ਤੇ ਦਰੁਸਤੀ ਕਰਕੇ ਰਾਜੀਵ ਸਿੰਘ ਪੁੱਤਰ ਨਿੱਕਾ ਰਾਮ ਪੁੱਤਰ ਆਗਿਆ ਰਾਮ ਕਰ ਦਿੱਤਾ ਜਾਵੇ।

ਉਕਤ ਸੰਬੰਧੀ ਹਰ ਆਮ ਤੇ ਖਾਸ ਨੂੰ ਇਸ ਅਖਬਾਰ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਜੇਕਰ ਕਿਸੇ ਵਿਅਕਤੀ ਨੂੰ ਇਸ ਸੰਬੰਧੀ ਕੋਈ ਇਤਰਾਜ਼ ਹੋਵੇ ਤਾਂ ਉਹ ਇਸ ਦਫਤਰ ਵਿੱਚ ਅਸਾਲਤਨ ਜਾਂ ਵਕਾਲਤਨ ਪੇਸ਼ ਹੋ ਕੇ ਆਪਣਾ ਇਤਰਾਜ਼ ਇਸ ਨੋਟਿਸ ਛਪਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਤੱਕ ਇਸ ਦਫਤਰ ਵਿਖੇ ਪੇਸ਼ ਕਰ ਸਕਦਾ ਹੈ। ਬਾਅਦ ਗੁਜ਼ਰਨੇ ਮਿਆਦ ਮਾਲ ਰਿਕਾਰਡ ਵਿੱਚ ਫਰਦ ਬਦਰ ਰਾਹੀਂ ਨਿਯਮਾਂ ਅਨੁਸਾਰ ਦਰੁਸਤੀ ਕੀਤੀ ਜਾਵੇਗੀ।

ਅੱਜ ਮਿਤੀ 14/10/2025 ਨੂੰ ਮੇਰੇ ਦਸਤਖਤ ਤੇ ਮੋਹਰ ਅਦਾਲਤ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।

ਸਹੀ/- ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਹਾਜੀਪੁਰ, ਜ਼ਿਲ੍ਹਾ ਹੁਸ਼ਿਆਰਪੁਰ।
ਨੰਬਰ 674/ਰੀਡਰ ਮਿਤੀ 14/10/2025

## ਪਬਲਿਕ ਨੋਟਿਸ

ਬਾ-ਅਦਾਲਤ ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਹਾਜੀਪੁਰ, ਜ਼ਿਲ੍ਹਾ ਹੁਸ਼ਿਆਰਪੁਰ
ਨੋਟਿਸ ਬਨਾਮ ਆਮ ਜਨਤਾ

ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਦਫਤਰ ਵਿਖੇ ਸ੍ਰੀ ਨਰਿੰਦਰ ਸਿੰਘ ਪੁੱਤਰ ਨਿਕਾ ਰਾਮ ਪੁੱਤਰ ਆਗਿਆ ਰਾਮ ਵਾਸੀ ਪਿੰਡ ਸੰਧਵਾਲ, ਤਹਿਸੀਲ ਮੁਕੇਰੀਆਂ, ਜ਼ਿਲ੍ਹਾ ਹੁਸ਼ਿਆਰਪੁਰ ਨੇ ਇੱਕ ਦਰਖਾਸਤ ਬਰਾਏ ਕਰਨੇ ਨਾਮ ਬਦਲੀ ਫਰਦ ਜਮ੍ਹਾਂਬੰਦੀ ਪੇਸ਼ ਕੀਤੀ ਹੈ, ਜਿਸ ਵਿੱਚ ਲਿਖਿਆ ਹੈ ਕਿ ਮਾਲ ਵਿਭਾਗ ਦੇ ਰਿਕਾਰਡ ਵਿੱਚ ਉਸ ਦਾ ਨਾਂਅ ਦਵਿੰਦਰ ਸਿੰਘ ਪੁੱਤਰ ਨਿਕੂ ਰਾਮ ਦਰਜ ਹੈ। ਹੁਣ ਉਸ ਨੇ ਆਪਣਾ ਨਾਂਅ ਨਰਿੰਦਰ ਸਿੰਘ ਪੁੱਤਰ ਨਿਕਾ ਰਾਮ ਪੁੱਤਰ ਆਗਿਆ ਰਾਮ ਰੱਖ ਲਿਆ ਹੈ। ਸਬੂਤ ਵਜੋਂ ਪ੍ਰਾਰਥੀ ਨੇ ਆਪਣਾ ਆਧਾਰ ਕਾਰਡ, ਬੈਂਕ ਦੀ ਕਾਪੀ, ਪੈਨ ਕਾਰਡ ਅਤੇ ਹਲਫੀਆ ਬਿਆਨ ਸਮੇਤ ਫਰਦ ਜਮ੍ਹਾਂਬੰਦੀ ਪੇਸ਼ ਕਰਕੇ ਬੇਨਤੀ ਕੀਤੀ ਹੈ ਕਿ ਉਸ ਦਾ ਨਾਂਅ ਮਾਲ ਰਿਕਾਰਡ ਦੀ ਫਰਦ ਜਮ੍ਹਾਂਬੰਦੀ ਪਿੰਡ ਸੰਧਵਾਲ/356, ਤਹਿਸੀਲ ਮੁਕੇਰੀਆਂ ਵਿੱਚ ਪੁਰਾਣਾ ਨਾਂਅ ਦਵਿੰਦਰ ਸਿੰਘ ਪੁੱਤਰ ਨਿਕੂ ਰਾਮ ਪੁੱਤਰ ਆਗਿਆ ਰਾਮ ਦੀ ਜਗ੍ਹਾ 'ਤੇ ਦਰੁਸਤੀ ਕਰਕੇ ਨਰਿੰਦਰ ਸਿੰਘ ਪੁੱਤਰ ਨਿਕਾ ਰਾਮ ਪੁੱਤਰ ਆਗਿਆ ਰਾਮ ਕਰ ਦਿੱਤਾ ਜਾਵੇ।

ਉਕਤ ਸੰਬੰਧੀ ਹਰ ਆਮ ਤੇ ਖਾਸ ਨੂੰ ਇਸ ਅਖਬਾਰ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਜੇਕਰ ਕਿਸੇ ਵਿਅਕਤੀ ਨੂੰ ਇਸ ਸੰਬੰਧੀ ਕੋਈ ਇਤਰਾਜ਼ ਹੋਵੇ ਤਾਂ ਉਹ ਇਸ ਦਫਤਰ ਵਿੱਚ ਅਸਾਲਤਨ ਜਾਂ ਵਕਾਲਤਨ ਪੇਸ਼ ਹੋ ਕੇ ਆਪਣਾ ਇਤਰਾਜ਼ ਇਸ ਨੋਟਿਸ ਛਪਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਤੱਕ ਇਸ ਦਫਤਰ ਵਿਖੇ ਪੇਸ਼ ਕਰ ਸਕਦਾ ਹੈ। ਬਾਅਦ ਗੁਜ਼ਰਨੇ ਮਿਆਦ ਮਾਲ ਰਿਕਾਰਡ ਵਿੱਚ ਫਰਦ ਬਦਰ ਰਾਹੀਂ ਨਿਯਮਾਂ ਅਨੁਸਾਰ ਦਰੁਸਤੀ ਕੀਤੀ ਜਾਵੇਗੀ।

ਅੱਜ ਮਿਤੀ 08/10/2025 ਨੂੰ ਮੇਰੇ ਦਸਤਖਤ ਤੇ ਮੋਹਰ ਅਦਾਲਤ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।

ਸਹੀ/- ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਹਾਜੀਪੁਰ, ਜ਼ਿਲ੍ਹਾ ਹੁਸ਼ਿਆਰਪੁਰ।
ਨੰਬਰ 666/ਰੀਡਰ ਮਿਤੀ 08/10/2025

## ਪਬਲਿਕ ਨੋਟਿਸ

ਬਾ-ਅਦਾਲਤ ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਹਾਜੀਪੁਰ, ਜ਼ਿਲ੍ਹਾ ਹੁਸ਼ਿਆਰਪੁਰ
ਨੋਟਿਸ ਬਨਾਮ ਆਮ ਜਨਤਾ

ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਦਫਤਰ ਵਿਖੇ ਸ੍ਰੀ ਵਰਿੰਦਰ ਕੁਮਾਰ ਪੁੱਤਰ ਨਿਕਾ ਰਾਮ ਪੁੱਤਰ ਆਗਿਆ ਰਾਮ ਵਾਸੀ ਪਿੰਡ ਸੰਧਵਾਲ, ਤਹਿਸੀਲ ਮੁਕੇਰੀਆਂ, ਜ਼ਿਲ੍ਹਾ ਹੁਸ਼ਿਆਰਪੁਰ ਨੇ ਇੱਕ ਦਰਖਾਸਤ ਬਰਾਏ ਕਰਨੇ ਨਾਮ ਬਦਲੀ ਫਰਦ ਜਮ੍ਹਾਂਬੰਦੀ ਪੇਸ਼ ਕੀਤੀ ਹੈ, ਜਿਸ ਵਿੱਚ ਲਿਖਿਆ ਹੈ ਕਿ ਮਾਲ ਵਿਭਾਗ ਦੇ ਰਿਕਾਰਡ ਵਿੱਚ ਉਸ ਦਾ ਨਾਂਅ ਸ਼ਿਵਚਰਨ ਸਿੰਘ ਪੁੱਤਰ ਨਿੱਕੂ ਰਾਮ ਦਰਜ ਹੈ। ਹੁਣ ਉਸ ਨੇ ਆਪਣਾ ਨਾਂਅ ਵਰਿੰਦਰ ਕੁਮਾਰ ਪੁੱਤਰ ਨਿਕਾ ਰਾਮ ਪੁੱਤਰ ਆਗਿਆ ਰਾਮ ਰੱਖ ਲਿਆ ਹੈ। ਸਬੂਤ ਵਜੋਂ ਪ੍ਰਾਰਥੀ ਨੇ ਆਪਣਾ ਆਧਾਰ ਕਾਰਡ, ਬੈਂਕ ਦੀ ਕਾਪੀ, ਵੋਟਰ ਕਾਰਡ ਅਤੇ ਹਲਫੀਆ ਬਿਆਨ ਸਮੇਤ ਫਰਦ ਜਮ੍ਹਾਂਬੰਦੀ ਪੇਸ਼ ਕਰਕੇ ਬੇਨਤੀ ਕੀਤੀ ਹੈ ਕਿ ਉਸ ਦਾ ਨਾਂਅ ਮਾਲ ਰਿਕਾਰਡ ਦੀ ਫਰਦ ਜਮ੍ਹਾਂਬੰਦੀ ਪਿੰਡ ਸੰਧਵਾਲ/356, ਤਹਿਸੀਲ ਮੁਕੇਰੀਆਂ ਵਿੱਚ ਪੁਰਾਣਾ ਨਾਂਅ ਸ਼ਿਵਚਰਨ ਸਿੰਘ ਪੁੱਤਰ ਨਿਕੂ ਰਾਮ ਪੁੱਤਰ ਆਗਿਆ ਰਾਮ ਦੀ ਜਗ੍ਹਾ 'ਤੇ ਦਰੁਸਤੀ ਕਰਕੇ ਵਰਿੰਦਰ ਕੁਮਾਰ ਪੁੱਤਰ ਨਿਕਾ ਰਾਮ ਪੁੱਤਰ ਆਗਿਆ ਰਾਮ ਕਰ ਦਿੱਤਾ ਜਾਵੇ।

ਉਕਤ ਸੰਬੰਧੀ ਹਰ ਆਮ ਤੇ ਖਾਸ ਨੂੰ ਇਸ ਅਖਬਾਰ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਜੇਕਰ ਕਿਸੇ ਵਿਅਕਤੀ ਨੂੰ ਇਸ ਸੰਬੰਧੀ ਕੋਈ ਇਤਰਾਜ਼ ਹੋਵੇ ਤਾਂ ਉਹ ਇਸ ਦਫਤਰ ਵਿੱਚ ਅਸਾਲਤਨ ਜਾਂ ਵਕਾਲਤਨ ਪੇਸ਼ ਹੋ ਕੇ ਆਪਣਾ ਇਤਰਾਜ਼ ਇਸ ਨੋਟਿਸ ਛਪਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਤੱਕ ਇਸ ਦਫਤਰ ਵਿਖੇ ਪੇਸ਼ ਕਰ ਸਕਦਾ ਹੈ। ਬਾਅਦ ਗੁਜ਼ਰਨੇ ਮਿਆਦ ਮਾਲਕ ਰਿਕਾਰਡ ਵਿੱਚ ਫਰਦ ਬਦਰ ਰਾਹੀਂ ਨਿਯਮਾਂ ਅਨੁਸਾਰ ਦਰੁਸਤੀ ਕੀਤੀ ਜਾਵੇਗੀ।

ਅੱਜ ਮਿਤੀ 08/10/2025 ਨੂੰ ਮੇਰੇ ਦਸਤਖਤ ਤੇ ਮੋਹਰ ਅਦਾਲਤ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।

ਸਹੀ/- ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਹਾਜੀਪੁਰ, ਜ਼ਿਲ੍ਹਾ ਹੁਸ਼ਿਆਰਪੁਰ।
ਨੰਬਰ 667/ਰੀਡਰ ਮਿਤੀ 08/10/2025

# ਕਲਾਸੀਫਾਈਡ ਇਸ਼ਤਿਹਾਰ

## Change of Name

I, Ranjit Kaur W/o Inderjeet Singh R/o VPO Kotla Sultan Singh Distt Amritsar have changed my name from Navneet Kaur to Ranjit Kaur

I, Soni Chandar and Soni Chandan S/o Tilak Raj Soni R/o H.No.28/14, Vijay Nagar, Amritsar have declare that above both names are mine one and same person

I, Tina Sharma W/o Sarishti Sharma R/o H.No.24. Lane No.2, Gopal Nagar, Majitha Road, Amritsar have changed my name from Tina Sharma To Teena Sharma. All Please Note.

I, Srishti Sharma S/o Sudesh Bandhu Sharma R/o H.No.24. Lane No.2, Gopal Nagar, Majitha Road, Amritsar have changed my name from Srishti Sharma To Sarishti Sharma. All Please Note.

I, Biswajit Brar S/o Gurnam Singh Brar R/o 21 Min Street No.2 Hargobind Avenue near Madan Singh Gate Grills Majitha Road Amritsar have changed my name to Biswajit Singh Brar.

I Rahul Kumar S/O Ram Lakhan R/O Vill. Kahanpur, PO. Raipur Rasulpur, Jalandhar, Punjab - 144012, have changed my name Rahul to Rahul Kumar, In Which Rahul as given name and Kumar as Surname. All note.

I, Jaginder Masih S/o Dar Masih, R/o Village Maan, PO. Sidhwan,Tehsil/Distt. Gurdaspur Punjab - 143529, India have changed my name from Jaginder Masih to Joginder Masih.

I, hitherto known as Manga Ram S/o Charanjit R/o VPO. Kot Kalan, Jalandhar, Punjab-144024 have changed my name and shall hereafter be known as Maninder Singh.

I, Paramjeet Kaur W/o Manmohan Singh R/o Village Ali Khel, Kartarpur (Rural), Distt. Jalandhar, Punjab-144801 have changed my name/spelling from Paramjeet Kaur to Paramjit Kaur. All concerned please note.

I, hitherto known as SUKHVINDER SINGH S/o SANTOKH SINGH residing at Village Kotha, PO. Kang Khurd, Tehsil Shahkot, District Jalandhar, Punjab-144629, have changed my name and shall hereafter be known as HARPREET SINGH.

I, Harblas Mall S/o Kartara Ram R/o H No C-909, Village Khusropur, Distt Jalandhar Punjab have changed my name from Harblas to Harblas Mall. All concerned please note.

I, Vishal s/o Tilak Raj r/o H.No. 136, Basti Bawa Khel, Raj Nagar, Jalandhar, Punjab have changed my name from Vishal to Vishal Bhagat. All Please Note.

I, Rajni Bala w/o Manjot Singh r/o Nangal Majha, Po. Nangal Majha, Distt. Kapurthala, Punjab-144403 have changed my name as Rajdeep Kaur. All Please Note.

I, Rajinder Kumar Beri Alias Rajinder Beri s/o Brij Lal Beri r/o H.No. 390/7, Central Town, Jalandhar-144001, Punjab have changed my name as Rajinder Beri. All Please Note.

## Change of Name

I, Gurdyal Singh s/o Mangal Singh r/o VPO.Bharoli, SBS Nagar, Punjab have changed my name from Gurdyal Singh to Gurdial Singh. All Please Note.

I, Kuldip Singh s/o Faqir Singh r/o Patti Sahan Ki, VPO. Jandiala, Teh. Phillaur, Jalandhar have changed my name to Kuldip Singh Johal (Surname as Johal) All Please Note.

I, Sukhwinder Kaur w/o Kuldip Singh Johal r/o Patti Sahan Ki, VPO. Jandiala, Teh. Phillaur, Jalandhar have changed my name to Sukhwinder Kaur Johal (Surname as Johal) All Please Note.

I, Devinder Singh s/o Sukhdev Singh r/o 115/2, Sarabha Nagar, Pathankot Road, Jalandhar, Punjab have changed my name from Devinder Singh to Davinder Singh. All Please Note.

I, Sheela Kumar W/o Baljinder Kumar R/o H.No. 347, Deol Nagar, Nakodar Road, Jalandhar have changed my name to Given name as Sheela & Surname as Kumar. All Please Note.

I, Rahul S/o Ramesh Kumar R/o H.No.170/19, Near Hanuman Mandir, Mohalla Makhdoom Pura, Jalandhar, Punjab have changed my name from Rahul to Rahul Kumar. All Please Note.

I, Davinder Kumar S/o Roop Lal R/o H.No. B IX-285, Santokh Pura, Jalandhar, Punjab-144004 have changed my name to Given name as Davinder & Surname as Kumar. All Please Note.

## ਆਮ ਸੂਚਨਾ

ਮੈਂ ਰਜੀਵ ਕੁਮਾਰ ਅਰੋੜਾ ਪੁੱਤਰ ਜੈ ਚੰਦ ਅਰੋੜਾ ਵਾਸੀ ਐੱਚ ਨੰਬਰ 42/3 ਘਈ ਨਗਰ, ਮਾਡਲ ਹਾਊਸ, ਜਲੰਧਰ ਬਿਆਨ ਕਰਦਾ ਹਾਂ ਕਿ ਰਜੀਵ ਕੁਮਾਰ, ਰਜੀਵ ਕੁਮਾਰ ਅਰੋੜਾ ਅਤੇ ਰੰਜੀਵ ਕੁਮਾਰ ਅਰੋੜਾ ਇੱਕ ਹੀ ਵਿਅਕਤੀ ਦੇ ਨਾਮ ਹਨ।

ਮੈਂ ਸਿਮਰਨ (ਆਧਾਰ ਕਾਰਡ ਨੰਬਰ 7466-8029-4518) ਪਤਨੀ ਭਗਤ ਸਿੰਘ ਵਾਸੀ ਪਿੰਡ ਉੱਪਲ ਭੂੱਪਾ, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ, ਰਾਜ ਪੰਜਾਬ (ਭਾਰਤ) ਇਸ ਰਾਹੀਂ ਪੁਸ਼ਟੀ ਕਰਦੀ ਹਾਂ ਕਿ ਮੈਨੂੰ ਸਿਮਰਨ ਅਤੇ ਦੇਵਕੀ ਦੋਨਾਂ ਨਾਮਾਂ ਨਾਲ ਜਾਣਿਆ ਜਾਂਦਾ ਹੈ। ਮੇਰੇ ਕੁਝ ਮਹੱਤਵਪੂਰਨ ਦਸਤਾਵੇਜ਼ਾਂ 'ਤੇ ਮੇਰਾ ਨਾਮ ਸਿਮਰਨ ਹੈ ਅਤੇ ਕੁਝ ਹੋਰ ਦਸਤਾਵੇਜ਼ਾਂ 'ਤੇ ਮੇਰਾ ਨਾਮ ਦੇਵਕੀ ਹੈ। ਮੈਂ ਇਹ ਪੁਸ਼ਟੀ ਕਰਦੀ ਹਾਂ ਕਿ ਸਿਮਰਨ ਅਤੇ ਦੇਵਕੀ ਇੱਕੋ ਹੀ ਇਸਤਰੀ ਦੇ ਨਾਮ ਹਨ।

ਮੈਂ, ਸੰਤੋਸ਼ ਨੇਗੀ ਪਤਨੀ ਵਿਜੇ ਸਿੰਘ ਨੇਗੀ ਵਾਸੀ ਗਲੀ ਨੰ: 3, ਗੁਰੂ ਨਾਨਕ ਨਗਰ, ਨਾਗਰਾ, ਗੁਲਾਬ ਦੇਵੀ ਹਸਪਤਾਲ ਰੋਡ, ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਪਤੀ ਵਿਜੇ ਸਿੰਘ ਨੇਗੀ ਪੁੱਤਰ ਜੋਧ ਸਿੰਘ ਨੇਗੀ ਮੇਰੇ ਕਹਿਣੇ ਤੋਂ ਬਾਹਰ ਹੈ। ਮੇਰਾ ਮੇਰੇ ਪਤੀ ਨਾਲ ਕੋਈ ਤਲਕ ਵਾਸਤਾ ਨਹੀਂ ਹੈ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰਕ ਮੈਂਬਰਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਬੰਧਿਤ ਨੋਟ ਕਰਨ।

ਹੁਸਿਆਰ ਸਿੰਘ ਪੁੱਤਰ ਗਿਆਨ ਸਿੰਘ ਮਕੋਰੜ ਸਾਹਿਬ ਏ ਪੀ 15-3008288671 ਦੇ ਨਾਮ ਮੋਟਰ ਕੁਨੈਕਸ਼ਨ ਹੈ। ਇਸ ਨੂੰ ਬਦਲ ਕੇ ਸੰਸਾਰ ਸਿੰਘ ਪੁੱਤਰ ਜੋਗਿੰਦਰ ਸਿੰਘ ਬਿਸ਼ਨ ਪੁਰਾ ਖੋਖਰ ਰਕਬਾ ਮਕੋਰੜ ਸਾਹਿਬ ਦੇ ਨਾਮ ਬਦਲੀ ਕਰਨ ਦੀ ਅਰਜੀ ਆਈ ਹੈ। ਜੇਕਰ ਕਿਸੇ ਨੂੰ ਇਤਰਾਜ ਹੈ ਤਾਂ 15 ਦਿਨਾ ਵਿੱਚ ਕਰ ਸਕਦਾ ਹੈ। ਵੱਲੋਂ:- ਐਸ. ਡੀ. ਓ. ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮ: ਮੂਨਕ।

ਮੋਟਰ ਕੁਨੈਕਸ਼ਨ ਖਾਤਾ ਨੰਬਰ ਏ ਪੀ 17/957 ਰਵਿੰਦਰ ਸਿੰਘ ਪੁੱਤਰ ਚੈਂਚਲ ਸਿੰਘ, ਵਾਸੀ ਬੀੜ ਉਧੋਵਾਲ ਤੋਂ ਨਾਂਅ ਬਦਲੀ ਕਰਕੇ ਸਰਬਜੀਤ ਸਿੰਘ ਪੁੱਤਰ ਜਗੀਰ ਸਿੰਘ ਪਿੰਡ ਖੁਰਮਪੁਰ (ਜਲੰਧਰ) ਦੇ ਨਾਂਅ ਪਰ ਕਰਨਾ ਹੈ। ਕੋਈ ਵੀ ਇਤਰਾਜ਼ 15 ਦਿਨਾਂ ਅੰਦਰ ਸਹਾਇਕ ਕਾਰਜਕਾਰੀ ਇੰਜੀਨੀਅਰ ਪਾਵਰਕਾਮ ਲਿਮਟਿਡ ਮਹਿਤਪੁਰ ਦਰਜ ਕਰਵਾ ਸਕਦਾ ਹੈ।

## ਬੇਦਖਲੀ ਨੋਟਿਸ

ਮੈਂ, ਦਰਸ਼ਨ ਸਿੰਘ ਸਪੁੱਤਰ ਵੱਸਣ ਸਿੰਘ, ਪਿੰਡ ਵਜ਼ੀਰ ਭੁੱਲਰ, ਤਹਿਸੀਲ ਬਾਬਾ ਬਕਾਲਾ (ਅੰਮ੍ਰਿਤਸਰ) ਆਪਣੇ ਲੜਕੇ ਸੰਤੋਖ ਸਿੰਘ ਨੂੰ ਕਹਿਣਿਓਂ ਬਾਹਰੀ ਹੋਣ ਕਾਰਣ ਆਪਣੀ ਚੱਲ/ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ । ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ ।

ਮੈਂ, ਸੁਖਬੀਰ ਸਿੰਘ ਪੁੱਤਰ ਜਗੀਰ ਸਿੰਘ ਵਾਸੀ ਦਿਆਲਪੁਰਾ, ਤਹਿਸੀਲ ਪੱਟੀ ਜ਼ਿਲ੍ਹਾ ਤਰਨਤਾਰਨ ਦਾ ਰਹਿਣ ਵਾਲਾ ਹਾਂ । ਮੈਂ ਆਪਣੇ ਭਾਣਜੇ ਭੀਮਸ਼ੇਰ ਸਿੰਘ, ਭਾਣਜੀ ਸੁਖਨੰਦਨ ਕੌਰ, ਭਾਣਜੇ ਭੀਮਸ਼ੇਰ ਸਿੰਘ ਦੀ ਪਤਨੀ ਕਰਮਜੀਤ ਕੌਰ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਆਪਣੇ ਭਾਣਜੇ, ਭਾਣਜੀ ਅਤੇ ਭਾਣਜੇ ਦੀ ਪਤਨੀ ਤਿੰਨਾਂ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਵਿੱਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਅਸੀਂ ਸ਼ੰਸ਼ੀ ਕੁਮਾਰ ਪੁੱਤਰ ਸੋਹਨ ਲਾਲ ਅਤੇ ਰਚਨਾ ਪਤਨੀ ਸ਼ੰਸ਼ੀ ਕੁਮਾਰ ਵਾਸੀਆਨ ਪਿੰਡ ਹਰਿਆਣਾ, ਤਹਿਸੀਲ ਅਤੇ ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਰਵੀ ਕੁਮਾਰ ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹੈ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਅਸੀਂ, ਸਟੀਫਨ ਲਾਲ ਪੁੱਤਰ ਸ੍ਰੀ ਐਡਮਨ ਦਾਸ ਅਤੇ ਵੀਰੋ ਪਤਨੀ ਸਟੀਫਨ ਲਾਲ, ਵਾਸੀ ਮਕਾਨ ਨੰਬਰ 1327, ਬੂਟਾ ਪਿੰਡ, ਥਾਣਾ ਡਵੀਜ਼ਨ ਨੰ:-6, ਜਲੰਧਰ-1, ਪੰਜਾਬ ਬਿਆਨ ਕਰਦੇ ਹਾਂ ਕਿ ਸਾਡੇ ਲੜਕੇ (1) ਜੋਰਜ਼, (2) ਸੰਨੀ ਅਤੇ ਇਸ ਦੀ ਪਤਨੀ ਪ੍ਰਭਜੋਤ ਅਤੇ (3) ਮਨਜੀਤ ਅਤੇ ਇਸ ਦੀ ਪਤਨੀ ਗਗਨ ਸਾਡੇ ਕਹਿਣੇ ਤੋਂ ਬਾਹਰ ਹਨ ਤੇ ਸਾਡੇ ਨਾਲ ਲੜਾਈ-ਝਗੜਾ ਕਰਦੇ ਹਨ ਅਤੇ ਸਾਡੇ ਮਾੜਾ ਵਤੀਰਾ ਕਰਦੇ ਹਨ। ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ ਗੁਰਚਰਨ ਸਿੰਘ ਪੁੱਤਰ ਸ. ਅਵਤਾਰ ਸਿੰਘ , ਵਾਸੀ 2-ਡੀ /7, ਸ਼ਹੀਦ ਬਾਬਾ ਦੀਪ ਸਿੰਘ ਨਗਰ, ਪਠਾਨਕੋਟ ਬਾਈ ਪਾਸ, ਜਲੰਧਰ ਇਹ ਬਿਆਨ ਕਰਦਾ ਹਾਂ ਕਿ ਮੇਰੇ ਲੜਕਾ ਜਸਵਿੰਦਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਉਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ ।

ਮੈਂ ਸਤਪਾਲ ਸਿੰਘ ਪੁੱਤਰ ਬਚਨ ਦਾਸ ਵਾਸੀ ਮਕਾਨ ਨੰਬਰ B.IX-49/110, ਨਿਊ ਹਰਦਿਆਲ ਨਗਰ , ਹੁਸ਼ਿਆਰਪੁਰ ਰੋਡ , ਡਾਕਖਾਨਾ ਸ਼ੇਖੇ ਪਿੰਡ , ਜਲੰਧਰ ਇਹ ਬਿਆਨ ਕਰਦਾ ਹਾਂ ਕਿ ਮੇਰੇ ਲੜਕਾ ਹਨੀ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਉਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ ਆਸ਼ਾ ਭੱਟੀ ਪਤਨੀ ਜੋਗਿੰਦਰ ਭੱਟੀ , ਵਾਸੀ ਮਕਾਨ ਨੰਬਰ 1282 , ਬੂਟਾਂ ਪਿੰਡ , ਜਲੰਧਰ ਇਹ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਰੇਨੂ ਗਿੱਲ ਅਤੇ ਉਸਦਾ ਪਤੀ ਨਰਿੰਦਰ ਪਾਲ ਗਿੱਲ ਮੇਰੇ ਕਹਿਣੇ ਤੋਂ ਬਾਹਰ ਹਨ । ਇਸ ਲਈ ਮੈਂ ਇਹਨਾਂ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ । ਸੰਬੰਧਿਤ ਨੋਟ ਕਰਨ।

[illegible]

## ਬੇਦਖਲੀ ਨੋਟਿਸ

ਮੈਂ, ਸੁਨੀਲ ਪੁੱਤਰ ਫੂਲ ਚੰਦ ਵਾਸੀ ਮਕਾਨ ਨੰ: 66, ਮੁਹੱਲਾ ਨੰ: 30, ਜਲੰਧਰ ਕੈਂਟ, ਪੀ. ਓ. ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਬੇਟਾ ਹਰਸ਼ ਮੇਰੇ ਕਹਿਣੇ ਤੋਂ ਬਾਹਰ ਹੈ। ਮੇਰੀ ਪਤਨੀ, ਜੋ ਮੇਰੇ ਤੋਂ ਅਲੱਗ ਰਹਿੰਦੀ ਹੈ, ਇਹ ਦੋਵੇਂ ਮੈਨੂੰ ਤੇ ਮੇਰੀ ਮਾਤਾ ਨੂੰ ਤੰਗ-ਪ੍ਰੇਸ਼ਾਨ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਸੁਰਿੰਦਰ ਕੌਰ ਪਤਨੀ ਰਣਜੀਤ ਸਿੰਘ ਵਾਸੀ 102, ਰਜਿੰਦਰ ਨਗਰ, ਜੀ. ਟੀ. ਰੋਡ, ਤਹਿਸੀਲ/ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਪੁੱਤਰ ਪ੍ਰਭਜੀਤ ਸਿੰਘ ਅਤੇ ਉਸ ਦੀ ਪਤਨੀ ਹਰਪ੍ਰੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੇਰੇ ਨਾਲ ਲੜਾਈ- ਝਗੜਾ, ਤੰਗ-ਪ੍ਰੇਸ਼ਾਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਸੰਬੰਧ/ਤਲਕ-ਵਾਸਤਾ ਨਹੀਂ ਹੈ।

ਮੈਂ, ਮਹਿੰਦਰ ਕੌਰ ਪਤਨੀ ਮਿਹਰਬਾਨ ਸਿੰਘ, ਵਾਸੀ ਪਿੰਡ ਮੰਗਲ ਸੈਨ, ਡਾਕਖਾਨਾ ਗੁਰਦਾਸ ਨੰਗਲ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ। ਮੇਰਾ ਲੜਕਾ ਰਵੇਲ ਸਿੰਘ ਅਤੇ ਉਸ ਦੀ ਪਤਨੀ ਕੁਲਬੀਰ ਕੌਰ, ਜੋ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਜੋ ਇਨ੍ਹਾਂ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਬਲਵਿੰਦਰ ਸਿੰਘ ਪੁੱਤਰ ਚਰਨ ਸਿੰਘ, ਵਾਸੀ ਪਿੰਡ ਜਗਤਪੁਰ ਖੁਰਦ, ਡਾਕਖਾਨਾ ਪੁਰਾਣਾ ਸ਼ਾਲਾ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ। ਮੇਰਾ ਲੜਕਾ ਗੁਰਜੀਤ ਸਿੰਘ ਅਤੇ ਉਸ ਦੀ ਪਤਨੀ ਮਨਦੀਪ ਕੌਰ ਅਤੇ ਮੇਰਾ ਪੋਤਰਾ ਜਸ਼ਨਪ੍ਰੀਤ ਸਿੰਘ, ਜੋ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਆਪਣੇ ਪੁੱਤਰ ਅਤੇ ਨੂੰਹ ਦੋਵਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਜੋ ਇਨ੍ਹਾਂ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਗੁਰਨਾਮ ਸਿੰਘ ਪੁੱਤਰ ਉਜਾਗਰ ਸਿੰਘ, ਵਾਸੀ ਜਗਤਪੁਰ ਖੁਰਦ ਖਾਰੀਆ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ, ਆਪਣੇ ਲੜਕੇ ਮਨਦੀਪ ਸਿੰਘ ਤੇ ਨੂੰਹ ਗੁਰਮੀਤ ਕੌਰ ਨੂੰ ਮੇਰੇ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ/ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਅਸੀਂ ਮਨਮੋਹਨ ਕੁਮਾਰ ਪੁੱਤਰ ਸੰਤ ਰਾਮ ਅਤੇ ਰਚਨਾ ਪਤਨੀ ਮਨਮੋਹਨ ਕੁਮਾਰ ਵਾਸੀਆਨ ਮਕਾਨ ਨੰਬਰ 36/39, ਮੁਹੱਲਾ ਕਸਾਬਾਂ, ਕਪੂਰਥਲਾ ਘੋਸ਼ਣਾ ਕਰਦੇ ਹਾਂ ਕਿ ਸਾਡੀ ਲੜਕੀ ਮਾਧਵੀ ਸਾਡੇ ਕਹਿਣੇ ਤੋਂ ਬਾਹਰ ਹੈ। ਅਸੀਂ ਆਪਣੀ ਲੜਕੀ ਨੂੰ ਆਪਣੀ ਤਮਾਮ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਬੰਧਤ ਨੋਟ ਕਰਨ।

## PUBLIC NOTICE

I, Lovepreet Singh S/o Kuldeep Singh, R/o Village Hasanpur Singowal, Tehsil/Distt. Gurdaspur, Punjab - 143521, India. Declare that my given name as Lovepreet and my surname as Singh.

I, Sapna Randhawa D/o Rashpal Masih, R/o Village Sujanpur, PO. Khunda, Distt. Gurdaspur Pin code 143519, State Punjab, India. Declare that my given name as Sapna and my surname as Randhawa.

## ਨਾਂਅ ਦੀ ਬਦਲੀ

ਮੈਂ ਹਰਸ਼ਦੀਪ ਪੁੱਤਰ ਸੁਰਿੰਦਰ ਪਾਲ ਪਿੰਡ ਤੇ ਡਾਕ ਗਣੇਸ਼ਪੁਰ ਤਹਿਸੀਲ ਗੜ੍ਹਸ਼ੰਕਰ ਜਿਲ੍ਹਾ ਹੁਸ਼ਿਆਰਪੁਰ ਨੇ ਆਪਣਾ ਨਾਮ ਹਰਸ਼ਦੀਪ ਤੋਂ ਹਰਸ਼ਦੀਪ ਸਿੰਘ ਰੱਖ ਲਿਆ ਹੈ। ਸਬੰਧਤ ਨੋਟ ਕਰਨ।

ਮੈਂ, ਸਤਵਿੰਦਰ ਸਿੰਘ ਪੁੱਤਰ ਧਾਰਾ ਸਿੰਘ ਪੁੱਤਰ ਭਾਨ ਸਿੰਘ, ਵਾਸੀ ਅਖਾੜਾ, ਤਹਿਸੀਲ ਭੋਗਪੁਰ (ਆਦਮਪੁਰ), ਜ਼ਿਲ੍ਹਾ ਜਲੰਧਰ ਦਾ ਹਾਂ, ਮੈਂ ਆਪਣਾ ਨਾਂਅ ਸਤਵਿੰਦਰ ਸਿੰਘ ਤੋਂ ਬਦਲ ਕੇ ਸੁਖਵਿੰਦਰ ਸਿੰਘ ਰੱਖ ਲਿਆ ਹੈ। ਸੁਖਵਿੰਦਰ ਸਿੰਘ ਪੁੱਤਰ ਧਾਰਾ ਸਿੰਘ ਪੁੱਤਰ ਭਾਨ ਸਿੰਘ ਸਹੀ ਨਾਂਅ ਹੈ। ਸੰਬੰਧਤ ਨੋਟ ਕਰਨ।

ਮੈ ਕੁਲਵੰਤ ਕੌਰ ਪਤਨੀ ਬਲਵਿੰਦਰ ਸਿੰਘ ਵਾਸੀ ਠੱਠਾ ਦਲੇਲ ਸਿੰਘ ਤਹਿਸੀਲ ਜੀਰਾ ਜਿਲ੍ਹਾ ਫਿਰੋਜਪੁਰ ਦੀ ਰਹਿਣ ਵਾਲੀ ਹਾਂ । ਮੈਂ ਆਪਣਾ ਨਾਮ ਕੁਲਵੰਤ ਕੌਰ ਤੋਂ ਬਦਲ ਕੇ ਪਲਵਿੰਦਰ ਸਿੰਘ ਰੱਖ ਲਿਆ ਹੈ ।ਸਾਰੇ ਸਬੰਧਤ ਨੋਟ ਕਰਨ ।


## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਵੱਲੋਂ 16 ਦੀ ਰੈਲੀ 'ਚ ਸ਼ਮੂਲੀਅਤ ਕਰਨ ਦਾ ਐਲਾਨ

**ਜਲੰਧਰ (ਰਾਜੇਸ਼ ਥਾਪਾ)-** ਪੰਜਾਬ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਫ਼ਗਵਾੜਾ ਦੀ ਮਾਸਿਕ ਮੀਟਿੰਗ ਪ੍ਰਧਾਨ ਮੋਹਣ ਸਿੰਘ ਭੱਟੀ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਦੇ ਸ਼ੁਰੂ ਵਿੱਚ ਪਿਛਲੇ ਦਿਨਾਂ ਵਿੱਚ ਸਦੀਵੀ ਵਿਛੋੜਾ ਦੇ ਗਏ ਮਾਸੂਮ




ਹਰਵੀਰ , ਗਾਇਕ ਰਾਜਵੀਰ ਜਵੰਦਾ, ਕੌਮੀ ਬਾਡੀ ਬਿਲਡਰ ਵਰਿੰਦਰ ਸਿੰਘ ਘੁੰਮਣ, ਪੈਨਸ਼ਨਰ ਸ੍ਰੀ ਸਰਵਣ ਰਾਮ, ਭਜਨ ਕੌਰ, ਹਰਬੰਸ ਕੌਰ ਤੇ ਅਨਿਲ ਕੁਮਾਰ ਆਦਿ ਦੇ ਪਰਵਾਰਾਂ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦੇ ਹੋਏ ਮੋਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ ਗਈ। ਐਸੋਸੀਏਸ਼ਨ ਦੇ ਜਿਹਨਾਂ ਮੈਂਬਰਾਂ ਦਾ ਜਨਮ ਦਿਨ ਅਕਤੂਬਰ ਮਹੀਨੇ ਵਿੱਚ ਆਉਂਦਾ ਹੈ, ਉਹਨਾਂ ਨੂੰ ਜਨਮ ਦਿਨ ਦੀਆਂ ਮੁਬਾਰਕਾਂ ਦਿੰਦੇ ਹੋਏ, ਉਹਨਾਂ ਦੀ ਤੰਦਰੁਸਤੀ ਅਤੇ ਖੁਸ਼ੀਆਂ ਭਰਪੂਰ ਲੰਬੀ ਉਮਰ ਦੀ ਕਾਮਨਾ ਕੀਤੀ ਗਈ। ਮੀਟਿੰਗ ਦੀ ਸਮੁੱਚੀ ਕਾਰਵਾਈ ਨੂੰ ਐਸੋਸੀਏਸ਼ਨ ਦੇ ਜਨਰਲ ਸਕੱਤਰ ਕੁਲਦੀਪ ਸਿੰਘ ਕੌੜਾ ਨੇ ਚਲਾਇਆ। ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਜਨਰਲ ਸਕੱਤਰ ਕੁਲਦੀਪ ਸਿੰਘ ਕੌੜਾ ਨੇ ਦੱਸਿਆ ਕਿ ਮੀਟਿੰਗ ਵਿੱਚ ਹਾਜ਼ਰ ਮੈਂਬਰਾਂ ਨੇ ਸਾਂਝੇ ਤੌਰ 'ਤੇ ਪੰਜਾਬ ਸਰਕਾਰ ਤੋਂ ਜ਼ੋਰਦਾਰ ਢੰਗ ਨਾਲ ਮੰਗ ਕੀਤੀ ਕਿ ਪੰਜਾਬ ਦੇ ਆਈ ਏ ਐਸ/ਆਈ ਪੀ ਐਸ ਅਧਿਕਾਰੀਆਂ ਨੂੰ ਕੇਂਦਰ ਦੀ ਤਰਜ਼ ਤੇ ਤੁਰੰਤ 58 ਪ੍ਰਤੀਸ਼ਤ ਡੀ ਏ ਦਿੱਤਾ ਜਾ ਰਿਹਾ ਹੈ, ਠੀਕ ਉਸੇ ਤਰ੍ਹਾਂ ਹੀ ਡੀ ਏ ਲੈਣ ਲਈ ਤਰਸਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਵੀ ਦੀਵਾਲੀ ਦੇ ਤਿਉਹਾਰ ਤੋਂ ਪਹਿਲਾਂ ਪਹਿਲਾਂ ਡੀ ਏ ਦੀਆਂ ਰਹਿੰਦੀਆਂ ਸੋਲਾਂ ਪ੍ਰਤੀਸ਼ਤ ਦੀਆਂ ਕਿਸ਼ਤਾਂ ਨਗਦ ਦੇਣ ਦਾ ਐਲਾਨ ਪੰਜਾਬ ਸਰਕਾਰ ਤੁਰੰਤ ਕਰੇ ਤਾਂ ਜੋ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਵੀ ਵਧੀ ਹੋਈ ਮਹਿੰਗਾਈ ਤੋਂ ਰਾਹਤ ਮਿਲ ਸਕੇ। ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਵਲੋਂ ਲਗਾਤਾਰ ਸੰਘਰਸ਼ ਨੂੰ ਜਾਰੀ ਰੱਖਦੇ ਹੋਏ 16 ਨਵੰਬਰ ਨੂੰ ਮੁੱਖ ਮੰਤਰੀ ਪੰਜਾਬ ਦੇ ਸ਼ਹਿਰ ਸੰਗਰੂਰ ਵਿਖੇ ਕੀਤੀ ਜਾ ਰਹੀ ਸੂਬਾਈ ਰੈਲੀ ਵਿੱਚ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ।ਇਸ ਸਮੇਂ ਹੋਰਨਾਂ ਤੋਂ ਇਲਾਵਾ ਐਸੋਸੀਏਸ਼ਨ ਦੇ ਸਰਪ੍ਰਸਤ ਕਰਨੈਲ ਸਿੰਘ ਸੰਧੂ,ਪ੍ਰਧਾਨ ਮੋਹਣ ਸਿੰਘ ਭੱਟੀ, ਸੀਨੀਅਰ ਮੀਤ ਪ੍ਰਧਾਨ ਪ੍ਰਮੋਦ ਕੁਮਾਰ ਜੋਸ਼ੀ, ਜੁਆਇੰਟ ਸਕੱਤਰ ਸਤਪਾਲ ਸਿੰਘ ਖੱਟਕੜ, ਵਿੱਤ ਸਕੱਤਰ ਗੁਰਨਾਮ ਸਿੰਘ ਸੈਣੀ,ਕੇ ਕੇ ਪਾਂਡੇ, ਹਰਭਜਨ ਲਾਲ ਕੌਲ,ਹਰਭਜਨ ਲਾਲ, ਅਸ਼ਵਨੀ ਕੁਮਾਰ,ਰਤਨ ਸਿੰਘ ਅਤੇ ਕੁਲਦੀਪ ਸਿੰਘ ਕੌੜਾ ਆਦਿ ਪੈਨਸ਼ਨਰ ਸਾਥੀ ਹਾਜ਼ਰ ਸਨ।

## ਪਰਾਲੀ ਪ੍ਰਬੰਧਨ ਸੰਬੰਧੀ ਬਲਾਕ ਪੱਧਰੀ ਜਾਗਰੂਕਤਾ ਕੈਂਪ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)-** ਪਿਛਲੇ ਸਾਲਾਂ ਦੀ ਤਰ੍ਹਾਂ ਪੀ.ਏ.ਯੂ.-ਕ੍ਰਿਸ਼ੀ ਵਿਗਿਆਨ ਕੇਂਦਰ, ਹੁਸ਼ਿਆਰਪੁਰ ਵੱਲੋਂ ਕਿਸਾਨਾਂ ਲਈ ਪਰਾਲੀ ਪ੍ਰਬੰਧਨ ਸਬੰਧੀ ਜਿਲੇ ਦੇ ਵੱਖ-ਵੱਖ ਬਲਾਕਾਂ ਦੇ ਪਿੰਡਾਂ ਵਿੱਚ ਜਾਗਰੂਕਤਾ ਕੈਂਪਾਂ ਦੇ ਆਯੋਜਨ ਕੀਤੇ ਜਾ ਰਹੇ ਹਨ।ਇਸੇ ਲੜੀ ਤਹਿਤ ਪੀ.ਏ.ਯੂ.-ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਮਾਹਿਲਪੁਰ ਬਲਾਕ ਦੇ ਪਿੰਡ ਨਡਾਲੋਂ ਵਿਖੇ ਬਲਾਕ ਪੱਧਰੀ ਜਾਗਰੂਕਤਾ ਕੈਂਪ ਦਾ ਆਯੋਜਨ ਕੀਤਾ ਗਿਆ। ਕੈਂਪ ਦੀ ਸ਼ੁਰੂਆਤ ਵਿੱਚ ਡਾ. ਮਨਿੰਦਰ ਸਿੰਘ ਬੌਂਸ, ਸਹਿਯੋਗੀ ਨਿਰਦੇਸ਼ਕ (ਸਿਖਲਾਈ), ਕ੍ਰਿਸ਼ੀ ਵਿਗਿਆਨ ਕੇਂਦਰ, ਹੁਸ਼ਿਆਰਪੁਰ ਨੇ ਪਹੁੰਚੇ ਕਿਸਾਨਾਂ ਨੂੰ ਜੀ ਆਇਆਂ ਕਿਹਾ ਅਤੇ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਨਾਲ ਹੋਣ ਵਾਲੇ ਨੁਕਸਾਨ ਬਾਰੇ ਜਾਗਰੂਕ ਕੀਤਾ ਅਤੇ ਪਰਾਲੀ ਨੂੰ ਸੰਭਾਲਣ ਦੇ ਫਾਇਦੇ ਵੀ ਦੱਸੇ।ਉਹਨਾਂ ਇਸ ਗੱਲ ਤੇ ਜੋਰ ਦਿੱਤਾ ਕਿ ਕਿਸਾਨ ਆਪਣੇ ਇਲਾਕੇ ਅਤੇ ਜਮੀਨ ਅਨੁਸਾਰ




ਵੱਖ-ਵੱਖ ਤਕਨੀਕਾਂ ਅਪਨਾਕੇ ਪਰਾਲੀ ਨੂੰ ਸੰਭਾਲਣ ਅਤੇ ਅੱਗ ਲਗਾਉਣ ਦੇ ਰੁਝਾਨ ਨੂੰ ਠੱਲ ਪਾਉਣ।ਡਾ. ਬੌਂਸ ਨੇ ਇਹ ਵੀ ਦੱਸਿਆ ਕਿ ਬਲਾਕ ਵਿੱਚ ਪਰਾਲੀ ਪ੍ਰਬੰਧਨ ਲਈ ਵੱਖ-ਵੱਖ ਮਸ਼ੀਨਰੀ ਬੈਂਕ ਬਣਾਏ ਗਏ ਹਨ ਅਤੇ ਇਹਨਾਂ ਦੀ ਸਰਵੋਤਮ ਕਾਰਜਕੁਸ਼ਲਤਾ ਲਈ ਇਹ ਜਰੂਰੀ ਹੈ ਕਿ ਇਹਨਾਂ ਮਸ਼ੀਨਾਂ ਦੀ ਵਰਤੋਂ ਸਾਂਝੇ ਤੌਰ ਤੇ ਅਤੇ ਵੱਧ ਤੋਂ ਵੱਧ ਕੀਤੀ ਜਾਵੇ।ਡਾ. ਬੌਂਸ ਵੱਲੋਂ ਕਣਕ ਅਤੇ ਗੋਭੀ ਸਰ੍ਹੋਂ ਦੀ ਕਾਸ਼ਤ ਬਾਬਤ ਜਰੂਰੀ ਨੁਕਤੇ ਵੀ ਸਾਂਝੇ ਕੀਤੇ ਗਏ। ਕੈਂਪ ਦੌਰਾਨ ਪੀ.ਏ.ਯੂ.-ਕਿਸ਼ੀ ਵਿਗਿਆਨ ਕੇਂਦਰ ਦੇ ਮਾਹਿਰਾਂ ਵੱਲੋਂ ਕਿਸਾਨਾਂ ਦੀ ਸਹੂਲਤ ਲਈ ਵੱਖ-ਵੱਖ ਤਕਨੀਕੀ ਲੈਕਚਰ ਦਿੱਤੇ ਗਏ।

## ਦਲਿਤ ਸਮਾਜ ਖਿਲਾਫ ਅਪਰਾਧ ਤੇਜ਼ੀ ਨਾਲ ਵੱਧ ਰਹੇ ਹਨ : ਹੈਪੀ, ਸਤੀਸ਼, ਬੰਟੀ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)-** ਬੇਗਮਪੁਰਾ ਟਾਈਗਰ ਫੋਰਸ ਦੇ ਚੇਅਰਮੈਨ ਤਰਸੇਮ ਦੀਵਾਨਾ ਅਤੇ ਕੌਮੀ ਪ੍ਰਧਾਨ ਧਰਮਪਾਲ ਸਾਹਨੇਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਬੇਗਮਪੁਰਾ ਟਾਈਗਰ ਫੋਰਸ ਵੱਲੋ 14 ਅਕਤੂਬਰ ਨੂੰ ਹਰਿਆਣਾ ਦੇ ਇੱਕ ਆਈਪੀਐਸ ਦਲਿਤ ਅਧਿਕਾਰੀ ਵਾਈ ਪੂਰਨ ਕੁਮਾਰ ਵਲੋਂ ਕੀਤੀ ਗਈ ਖੁਦਕੁਸ਼ੀ ਤੋਂ ਬਾਅਦ ਕਥਿਤ ਦੋਸ਼ੀਆਂ ਤੇ ਬਣਦੀ ਕਾਰਵਾਈ ਨਾ ਕਰਨ ਦੇ ਸਬੰਧ ਵਿੱਚ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਦੇ ਜਰੀਏ ਮਾਨਯੋਗ ਰਾਸ਼ਟਰਪਤੀ ਨੂੰ ਇੱਕ ਮੰਗ ਪੱਤਰ ਜ਼ਿਲ੍ਹਾ ਪ੍ਰਧਾਨ ਹੈਪੀ ਫਤਿਹਗੜ੍ਹ ਅਤੇ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਸਤੀਸ਼ ਕੁਮਾਰ ਸ਼ੇਰਗੜ੍ਹ ਅਤੇ ਅਨਰ ਕੁਮਾਰ ਬੰਟੀ ਬਲਾਕ ਪ੍ਰਧਾਨ ਹਰਿਆਣਾ ਭੂੰਗਾ ਦੀ ਪ੍ਰਧਾਨਗੀ ਹੇਠ ਦਿੱਤਾ ਗਿਆ। ਮੰਗ ਪੱਤਰ ਵਿੱਚ ਆਗੂਆਂ ਨੇ ਕਿਹਾ ਕਿ ਮੌਜੂਦਾ ਭਾਜਪਾ ਦੇ ਸ਼ਾਸਨ ਵਿੱਚ ਦਲਿਤਾਂ ਖਿਲਾਫ ਅਪਰਾਧ ਤੇਜੀ ਨਾਲ ਵੱਧ ਰਹੇ ਹਨ। ਹਾਲ ਹੀ ਵਿੱਚ ਸੁਪਰੀਮ ਕੋਰਟ ਦੇ ਮਾਣਯੋਗ ਚੀਫ ਜਸਟਿਸ ਬੀ ਆਰ ਗਵੱਈ ਤੇ ਭਾਰੀ ਅਦਾਲਤ ਵਿੱਚ ਰਕੇਸ਼ ਕਿਸ਼ੋਰ ਨਾਂ ਦੇ ਵਕੀਲ ਵਲੋਂ ਜੁੱਤੀ ਸੁੱਟਣ ਦੀ ਕੋਸ਼ਿਸ ਕਰਨ ਅਤੇ ਹਰਿਆਣਾ ਦੇ ਇੱਕ ਆਈ ਪੀ ਐਸ ਦਲਿਤ ਅਧਿਕਾਰੀ ਵਾਈ ਪੂਰਨ ਕੁਮਾਰ ਵਲੋਂ ਖੁਦਕੁਸ਼ੀ ਕਰਨਾ ਬਹੁਤ ਮਾੜੀ ਗੱਲ ਹੈ। ਇਸ ਮੌਕੇ ਹੋਰਨਾਂ ਤੋ ਇਲਾਵਾ ਸੁੱਖੀ ਫਤਿਹਗੜ੍ਹ, ਬਿਪਨ ਕੁਮਾਰ ਸੀਨੀਅਰ ਮੀਤ ਪ੍ਰਧਾਨ ਚਬੇਵਾਲ, ਸਤੀਸ਼ ਕੁਮਾਰ ਬਸੀ ਬਾਹਦ,ਅਤੇ ਕਾਰਤਿਕ ਮਹਿਤੋਂ ਆਦਿ ਹਾਜ਼ਰ ਸਨ।

## ਰੋਪੜ ਇੰਪਰੂਵਮੈਂਟ ਟਰੱਸਟ ਪੈਨਸ਼ਨਰਜ਼ ਐਸੋਸੀਏਸ਼ਨ ਦੀ ਮੀਟਿੰਗ

**ਨੰਗਲ (ਸੁਰਜੀਤ ਢੇਰ)-** ਦੀ ਪੰਜਾਬ ਇੰਪਰੂਵਮੈਂਟ ਟਰੱਸਟ ਪੈਨਸ਼ਨਰਜ਼ ਐਸੋਸੀਏਸ਼ਨ ਬ੍ਰਾਂਚ ਰੋਪੜ ਦੀ ਮੀਟਿੰਗ ਗਿਆਨੀ ਜ਼ੈਲ ਸਿੰਘ ਨਗਰ ਦੇ ਮੇਨ ਪਾਰਕ ਵਿੱਚ ਅਜੀਤ ਪ੍ਰਦੇਸੀ ਦੀ ਰਹਿਨੁਮਾਈ ਹੇਠ ਹੋਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਧਰਮ ਪਾਲ ਨੇ ਦੱਸਿਆ ਕਿ ਮੀਟਿੰਗ ਵਿੱਚ ਸਰਬਸੰਮਤੀ ਨਾਲ ਅਜੀਤ ਪ੍ਰਦੇਸੀ ਪ੍ਰਧਾਨ, ਦਲਜੀਤ ਕੌਰ ਮੀਤ ਪ੍ਰਧਾਨ,ਰਮਾ ਰਾਣੀ ਕੈਸ਼ੀਅਰ,ਧਰਮ ਪਾਲ ਪ੍ਰੈਸ ਸਕੱਤਰ ਤੇ ਮਨਮੋਹਨ ਸਿੰਘ ਨੂੰ ਜਨਰਲ ਸਕੱਤਰ ਬਣਾਇਆ ਗਿਆ।ਦਲਜੀਤ ਕੌਰ ਨੇ ਬੋਲਦਿਆਂ ਕਿਹਾ ਕਿ ਪੈਨਸ਼ਨਰਜ਼ ਨੂੰ ਦਰਪੇਸ਼ ਸਮੱਸਿਆਵਾਂ ਬਾਰੇ ਜਾਣੂ ਕਰਵਾਉਣ ਲਈ ਏ.ਡੀ.ਸੀ ਮੈਡਮ ਪੂਜਾ ਸਿਆਲ ਗਰੇਵਾਲ ਨੂੰ ਇੱਕ ਮੰਗ ਪੱਤਰ ਦਿੱਤਾ ਜਾਵੇਗਾ। ਇਸ ਤੋਂ ਇਲਾਵਾ ਇਨ੍ਹਾਂ ਆਗੂਆਂ ਨੇ ਇਹ ਵੀ ਦੱਸਿਆ ਕਿ ਰੋਪੜ ਟਰਸਟ ਪੈਨਸ਼ਨਰਜ਼ ਐਸੋਸੀਏਸ਼ਨ ਟਰੱਸਟਾਂ ਦੀ ਸੂਬਾ ਪੱਧਰੀ ਪੈਨਸ਼ਨਰਜ਼ ਐਸੋ.ਤੇ ਹੋਰ ਪੈਨਸ਼ਨਰਜ਼ ਐਸੋਸੀਏਸ਼ਨਾਂ ਨੂੰ ਪੂਰਨ ਸਹਿਯੋਗ ਦੇਵੇਗੀ। ਮੀਟਿੰਗ ਵਿੱਚ ਉਕਤ ਆਗੂਆਂ ਤੋਂ ਇਲਾਵਾ ਗੁਰਮੇਲ ਕੌਰ, ਮਹਿੰਦਰ ਕੌਰ,ਰਮਾ ਰਾਣੀ, ਬਖਸ਼ੀਸ਼ ਸਿੰਘ,ਕ੍ਰਿਸ਼ਨ ਕੁਮਾਰ ਤੇ ਮਨਮੋਹਨ ਸਿੰਘ ਵੀ ਹਾਜ਼ਰ ਸਨ।



## ਨੌਜਵਾਨਾਂ ਨੂੰ ਪਾਰਟੀ ਸੰਗਠਨ 'ਚ ਅਹੁਦੇਦਾਰੀਆਂ ਬਣਾ ਕੇ ਨਿਵਾਜਿਆ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)-** ਆਮ ਆਦਮੀ ਪਾਰਟੀ ਵੱਲੋਂ ਨੌਜਵਾਨਾਂ ਨੂੰ ਪਾਰਟੀ ਸੰਗਠਨ ਵਿੱਚ ਅਹੁਦੇਦਾਰ ਬਣਾ ਕੇ ਨਿਵਾਜਿਆ ਗਿਆ ਹੈ ਤਾਂ ਕਿ ਪਿੰਡਾਂ ਵਿੱਚ ਉਸਾਰੂ ਰਾਜਨੀਤੀ ਵਿੱਚ ਇਹ ਅੱਗੇ ਵਧ ਸਕਣ,



ਰਵਾਇਤੀ ਪਾਰਟੀਆਂ ਮੁੜ ਮੁੜ ਵੱਡਿਆਂ ਘਰਾਂ ਤੱਕ ਸੀਮਤ ਰਹਿੰਦੀਆਂ ਸਨ। ਵਿਕਾਸ ਕਾਰਜਾਂ ਦੀ ਗੱਲ ਕਰਦਿਆਂ ਕਿ ਮਾਰਕੀਟ ਕਮੇਟੀ ਬਿਲਗਾ ਅਧੀਨ ਸੜਕਾਂ ਜਿਹੜੀਆਂ ਪਿਛਲੀ ਸਰਕਾਰ ਸਮੇਂ ਵੀ ਨਹੀ ਬਣੀਆਂ ਸਨ, ਨੂੰ ਹੁਣ ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ ਬਣਾ ਰਹੀ ਹੈ। ਇਹ ਵਿਚਾਰ ਹਲਕਾ ਨਕੋਦਰ ਦੇ ਵਿਧਾਇਕ ਇੰਦਰਜੀਤ ਕੌਰ ਮਾਨ ਨੇ ਅੱਜ ਬਿਲਗਾ ਤੋਂ ਤਲਵਣ ਸੜਕ ਜੋ ਬਣਨੀ ਸ਼ੁਰੂ ਹੋ ਗਈ ਹੈ, ਦਾ ਨੀਂਹ ਪੱਥਰ ਰੱਖਦਿਆਂ ਆਖੀ। ਬੀਬੀ ਮਾਨ ਨੇ ਆਖਿਆ ਕਿ ਸ਼ਮਸ਼ਾਬਾਦ ਤੋਂ ਅਜਤਾਣੀ, ਹਰਦੋ ਸੰਘਾ ਤੋਂ ਗਦਰੇ ਪਿੰਡ, ਅਕਾਲ ਅਕੈਡਮੀ ਬਿਲਗਾ ਤੋਂ ਪੁਆਦੜਾ ਸੜਕਾਂ ਬਣ ਗਈਆਂ ਹਨ। ਜਦੋਂਕਿ ਪੁਆਦੜਾ ਤੋਂ ਸੁਧਾਰਾ, ਤਲਵਣ ਤੋਂ ਭੋਡੇ, ਤਲਵਣ ਤੋਂ ਰਾਜੋਵਾਲ, ਤਲਵਣ ਤੋਂ ਮਹਿਤਪੁਰ ਰੋਡ ਗਦਰੇ ਸੜਕਾਂ ਵੀ ਬਣਨ ਜਾ ਰਹੀਆਂ ਹਨ। ਇਸ ਮੌਕੇ ਬੀਬੀ ਮਾਨ ਨਾਲ ਚੇਅਰਮੈਨ ਮਾਰਕੀਟ ਕਮੇਟੀ ਨੂਰਮਹਿਲ, ਲਖਵੀਰ ਸਿੰਘ ਸ਼ੀਰ ਚੇਅਰਮੈਨ ਮਾਰਕੀਟ ਕਮੇਟੀ ਬਿਲਗਾ, ਗੁਰਮੀਤ ਕੌਰ ਸੰਘੇੜਾ, ਹਲਕਾ ਕੋਆਰਡੀਨੇਟਰ ਐਸ ਸੀ ਵਿੰਗ ਰਾਜੂ ਉੱਪਲ, ਹਲਕਾ ਕੋਆਰਡੀਨੇਟਰ ਯੂਥ ਵਿੰਗ ਰਜਨੀਸ਼ ਬੱਬਰ, ਹਲਕਾ ਕੋਆਰਡੀਨੇਟਰ ਵੋਮੈਨ ਵਿੰਗ ਰੇਸ਼ਮਾ, ਹਲਕਾ ਕੋਆਰਡੀਨੇਟਰ ਮੀਡੀਆ ਵਿੰਗ ਗੁਰਪ੍ਰੀਤ ਸਿੰਘ ਰੰਧਾਵਾ, ਐਮਸੀ ਨੂਰਮਹਿਲ ਰਾਜੀਵ ਮਿਸ਼ਰ, ਬਲਾਕ ਪ੍ਰਧਾਨ ਕੁਲਵੰਤ ਸਿੰਘ ਰਾਜੋਪਾਨ ਬਲਾਕ ਪ੍ਰਧਾਨ, ਜਤਿੰਦਰ ਜੌਹਲ ਬਲਾਕ ਪ੍ਰਧਾਨ, ਜਸਬੀਰ ਸਿੰਘ ਸੰਗੋਵਾਲ ਬਲਾਕ ਪ੍ਰਧਾਨ, ਭੁਪਿੰਦਰ ਸਿੰਘ ਬਲਾਕ ਪ੍ਰਧਾਨ, ਬਲਦੇਵ ਰਾਜ ਸਰਪੰਚ ਫਤਿਹਪੁਰ, ਕੁਲਦੀਪ ਸਿੰਘ ਸਰਪੰਚ ਗੰਗਸੀਆਂ ਪੀਰਾਂ, ਕੁਲਦੀਪ ਸਿੰਘ ਸਰਪੰਚ ਜਨਤਾ ਨਗਰ, ਅਮਰਜੀਤ ਸਿੰਘ ਸਰਪੰਚ ਹਰਦੋ ਸੰਘਾ, ਮੋਹਣ ਲਾਲ ਸਰਪੰਚ ਹਰਦੋ ਸੰਘਾ, ਹਰਜਿੰਦਰ ਸਿੰਘ ਸਰਪੰਚ ਢੰਡਾਰਾ, ਕੁਲਦੀਪ ਸਿੰਘ ਸਰਪੰਚ ਭੱਡੇ, ਦੇਸਰਾਜ ਸਰਪੰਚ ਪੁਆਦੜਾ, ਅਵਤਾਰ ਸਿੰਘ ਅਜਤਾਣੀ, ਅਮਰੀਕ ਸਿੰਘ ਤਲਵਣ, ਹਰਮੇਸ਼ ਲਾਲ ਢਾਂਗਾਰਾ, ਬਲਬੀਰ ਸਿੰਘ ਪੁਆਦੜਾ, ਗੁਰਮੀਤ ਸਿੰਘ ਪੁਆਦੜਾ, ਜਗਤਾਰ ਸਿੰਘ ਜੱਗੋ ਪੁਆਦੜਾ, ਬੰਟੀ ਖੋਖੇਵਾਲ, ਸਾਹਿਲ ਬਿਲਗਾ, ਸਤਨਾਮ ਸਿੰਘ ਕਲੇਰ, ਭੁਪਿੰਦਰ ਕੈਂਥ, ਐਸ ਡੀ ਓਮਨਪ੍ਰੀਤ ਸਿੰਘ ਮੰਡੀ ਬੋਰਡ ਇਸ ਮੌਕੇ 'ਤੇ ਹਾਜ਼ਰ ਸਨ।

## ਕਾਂਗਰਸ ਨੇ ਏ ਡੀ ਜੀ ਪੀ ਨੂੰ ਇਨਸਾਫ ਦਿਵਾਉਣ ਲਈ ਕੱਢਿਆ ਕੈਂਡਲ ਮਾਰਚ

**ਬਲਾਚੌਰ (ਜਸਵਿੰਦਰ ਬੈਂਸ)-** ਬੀਤੇ ਕੱਲ੍ਹ ਅਜੇ ਮੰਗੂਪੁਰ ਜ਼ਿਲ੍ਹਾ ਪ੍ਰਧਾਨ ਜ਼ਿਲ੍ਹਾ ਕਾਂਗਰਸ ਕਮੇਟੀ ਸ਼ਹੀਦ ਭਗਤ ਸਿੰਘ ਨਗਰ ਦੀ ਸੀਨੀਅਰ ਲੀਡਰਸ਼ਿਪ, ਅਹੁਦੇਦਾਰਾਂ, ਬਲਾਕ ਪ੍ਰਧਾਨਾਂ, ਮੰਡਲ ਪ੍ਰਧਾਨਾਂ, ਵਾਰਡ ਪ੍ਰਧਾਨਾਂ, ਕੌਂਸਲਰਾਂ, ਸਾਬਕਾ ਕੌਂਸਲਰਾਂ, ਵਾਰਡ ਇੰਚਾਰਜਾਂ ਅਤੇ ਵਰਕਰਾਂ ਵੱਲੋਂ ਬਲਾਚੌਰ ਵਿਖੇ ਹਰਿਆਣਾ ਦੇ ਏ.ਡੀ.ਜੀ.ਪੀ. ਆਈ.ਪੀ.ਐਸ. ਵਾਈ. ਪੂਰਨ ਕੁਮਾਰ ਦੇ ਖੁਦਕੁਸ਼ੀ ਮਾਮਲੇ 'ਚ ਉਨ੍ਹਾਂ ਵੱਲੋਂ ਲਿਖੇ ਸੁਸਾਈਡ ਨੋਟ 'ਚ ਦਰਜ ਨਾਮ ਵਾਲੇ ਹਰਿਆਣਾ ਦੇ ਪੁਲਸ ਮਹਾਂਨਿਰਦੇਸ਼ਕ ਨੂੰ ਤੁਰੰਤ ਅਹੁਦੇ ਤੋਂ ਹਟਾ ਕੇ ਗ੍ਰਿਫਤਾਰ ਕਰਨ ਦੀ ਮੰਗ ਨੂੰ ਲੈ ਕੇ ਕੈਂਡਲ ਮਾਰਚ ਕੱਢਿਆ ਗਿਆ। ਇਸ ਮੌਕੇ ਸੰਬੋਧਨ ਕਰਦੇ ਹੋਏ ਅਜੇ ਮੰਗੂਪੁਰ ਨੇ ਦੱਸਿਆ ਕਿ ਏ.ਡੀ.ਜੀ.ਪੀ. ਪੂਰਨ ਕੁਮਾਰ ਭਾਜਪਾ ਵੱਲੋਂ ਅਪਣਾਈਆਂ ਜਾ ਰਹੀਆਂ ਗਲਤ ਨੀਤੀਆਂ ਦਾ ਸ਼ਿਕਾਰ ਹੋਏ ਹਨ। ਭਾਜਪਾ ਦਲਿਤਾਂ, ਪੱਛੜੇ ਵਰਗਾਂ, ਕਿਸਾਨਾਂ ਅਤੇ ਘੱਟ ਗਿਣਤੀਆਂ ਨੂੰ ਨਿਸ਼ਾਨਾ ਬਣਾ ਰਹੀ ਹੈ। ਅਜਿਹੇ ਮਾਮਲਿਆਂ 'ਚ ਪੁਲਸ ਹਮੇਸ਼ਾ ਸੁਸਾਈਡ ਨੋਟ 'ਚ ਦਰਜ ਸਾਰੇ ਨਾਮਾਂ ਖ਼ਿਲਾਫ਼ ਮਾਮਲਾ ਦਰਜ ਕਰ ਕੇ ਕਾਰਵਾਈ ਕਰਦੀ ਹੈ, ਪਰ ਚੰਡੀਗੜ੍ਹ ਪੁਲਸ ਜੋ ਕਿ ਸਿੱਧੇ ਕੇਂਦਰ 'ਚ ਭਾਜਪਾ ਸਰਕਾਰ ਦੇ ਅਧੀਨ ਹੈ, ਇਸ ਕਰਕੇ ਚੰਡੀਗੜ੍ਹ ਪੁਲਸ ਨੇ ਅਜੇ ਤੱਕ ਸਾਰੇ ਦੋਸ਼ੀਆਂ ਦੇ ਨਾਂਅ ਕਾਰਵਾਈ ਲਈ ਦਰਜ ਨਹੀਂ ਕੀਤੇ। ਜੇਕਰ ਇੱਕ ਦਲਿਤ ਆਈ.ਪੀ.ਐਸ. ਅਧਿਕਾਰੀ ਨੂੰ ਇਨਸਾਫ਼ ਨਹੀਂ ਮਿਲ ਸਕਦਾ, ਤਾਂ ਆਮ ਆਦਮੀ ਨੂੰ ਇਨਸਾਫ਼ ਕਿਵੇਂ ਮਿਲੇਗਾ? ਜੇ ਪੂਰਨ ਕੁਮਾਰ ਦੇ ਪਰਿਵਾਰ ਨੂੰ ਇਨਸਾਫ਼ ਨਾ ਮਿਲਿਆ ਤਾਂ ਕਾਂਗਰਸ ਪਾਰਟੀ ਭਾਜਪਾ ਦੇ ਖ਼ਿਲਾਫ਼ ਇਸ ਸੰਘਰਸ਼ ਨੂੰ ਹੋਰ ਤੇਜ਼ ਕਰੇਗੀ।ਇਸ ਮੌਕੇ ਤਰਲੋਚਨ ਸਿੰਘ ਸੂੰਢ ਸਾਬਕਾ ਵਿਧਾਇਕ ਬੰਗਾ, ਅਜੇ ਮੰਗੂਪੁਰ ਜ਼ਿਲ੍ਹਾ ਪ੍ਰਧਾਨ ਸ.ਭ.ਸ. ਨਗਰ, ਰਾਜ ਕੁਮਾਰ ਜ਼ਿਲ੍ਹਾ ਪ੍ਰਧਾਨ ਸੇਵਾ ਦੱਲ, ਧਰਮਪਾਲ ਚੇਅਰਮੈਨ ਬਲਾਕ ਸੰਮਤੀ ਬਲਾਚੌਰ, ਕੁਲਵਰਨ ਸਿੰਘ ਗਿੱਲ ਬਲਾਕ ਪ੍ਰਧਾਨ ਬੰਗਾ, ਮੋਹਨ ਲਾਲ ਸੰਧੂ ਬਲਾਕ ਪ੍ਰਧਾਨ ਬਲਾਚੌਰ, ਤਿਲਕ ਰਾਜ ਸੂਦ ਬਲਾਕ ਪ੍ਰਧਾਨ ਸੜੋਆ, ਜਿੰਦਰ ਕੁਮਾਰ ਪ੍ਰਧਾਨ ਐਸ.ਸੀ. ਵਿੰਗ, ਸੋਮਨਾਥ ਤਕਲਾ ਮੀਤ ਪ੍ਰਧਾਨ ਸ਼ਹਿਰੀ, ਪਰਮਜੀਤ ਕੋਰ ਪ੍ਰਧਾਨ ਮਹਿਲਾ ਵਿੰਗ ਸ਼ਹਿਰੀ, ਹਰਪ੍ਰੀਤ ਹੈਰੀ ਯੂਥ ਪ੍ਰਧਾਨ ਸ਼ਹਿਰੀ, ਨਰਿੰਦਰ ਘਈ ਸਾਬਕਾ ਪ੍ਰਧਾਨ, ਲਾਲ ਬਹਾਦੁਰ ਗਾਂਧੀ ਸਾਬਕਾ ਕੌਂਸਲਰ, ਆਤਮਾ ਰਾਮ ਸੀਨੀਅਰ ਆਗੂ, ਮਨੋਹਰ ਲਾਲ ਭਾਟੀਆ ਸੀਨੀਅਰ ਆਗੂ ਆਦਿ ਕਾਂਗਰਸੀ ਵਰਕਰ ਹਾਜ਼ਰ ਸਨ।



## ਪ੍ਰਿਯੰਕਾ ਨੇ ਕਿੱਕ ਬੌਕਸਿੰਗ 'ਚ ਸੋਨੇ ਦਾ ਤਮਗਾ ਜਿੱਤਿਆ



**ਜਲੰਧਰ (ਰਾਜੇਸ਼ ਥਾਪਾ)-** ਭਾਰਤ ਦੀ ਪ੍ਰਿਯੰਕਾ ਠਾਕੁਰ ਨੇ ਆਪਣੀ ਵਿਸ਼ੇਸ਼ ਕਾਬਲੀਅਤ ਅਤੇ ਹੌਂਸਲੇ ਨਾਲ ਦੁਨਿਆ ਨੂੰ ਮੋਹ ਲਿਆ, ਸੀਨੀਅਰ ਲੋ ਕਿਕ ਇਵੈਂਟ ਵਿੱਚ ਸੋਨੇ ਦਾ ਤਮਗਾ ਜਿੱਤਿਆ ਅਤੇ ਉਜ਼ਬੇਕਿਸਤਾਨ ਦੀ ਖਿਡਾਰੀ ਨੂੰ 3-0 ਨਾਲ ਹਰਾਇਆ। ਮਨਪ੍ਰੀਤ ਕੌਰ ਨੇ ਅਪਾਰ ਦ੍ਰਿੜਤਾ ਅਤੇ ਲੜਾਈ ਭਰੀ ਰੂਹ ਦੇ ਨਾਲ ਫੁੱਲ ਕਾਂਟੈਕਟ ਵਿੱਚ ਕਾਸੇ ਦਾ ਤਮਗਾ ਜਿੱਤਿਆ।ਦੋਵੇਂ ਖਿਡਾਰੀ, ਜੋ ਪੰਜਾਬ ਪੁਲਿਸ ਵਿੱਚ ਹੈੱਡ ਕਾਂਸਟੇਬਲ ਵਜੋਂ ਸੇਵਾ ਕਰ ਰਹੇ ਹਨ, ਨੇ ਅਸਧਾਰਣ ਸਮਰਪਣ, ਅਨੁਸ਼ਾਸਨ ਅਤੇ ਲਗਾਤਾਰ ਮਿਹਨਤ ਦਿਖਾਈ, ਜਿਸ ਨਾਲ ਦੇਸ਼ ਦਾ ਮਾਣ ਵਧਿਆ। ਟੀਮ ਨੂੰ ਇੰਸਪੈਕਟਰ ਖੇਮ ਚੰਦ ਅਤੇ ਅੰਕੁਸ਼ ਘਾਰੂ ਨੇ ਮਾਹਿਰ ਤੌਰ 'ਤੇ ਮਾਰਗਦਰਸ਼ਨ ਦਿੱਤਾ, ਜਿਨ੍ਹਾਂ ਦੀ ਕੋਚਿੰਗ ਖਿਡਾਰੀਆਂ ਦੀ ਸਫਲਤਾ ਵਿੱਚ ਮੂਲ ਭੂਮਿਕਾ ਰਹੀ। ਵਾਪਸੀ 'ਤੇ ਸੁਖਦੀਪ ਸਿੰਘ ਜੱਜ ਨੇ ਚੈਂਪੀਅਨਾਂ ਦਾ ਸਵਾਗਤ ਕੀਤਾ। ਖਿਡਾਰੀਆਂ ਨੇ ਸਾਰੇ ਸਵਾਗਤੀ ਮੈਂਬਰਾਂ ਦਾ ਦਿਲੋਂ ਧੰਨਵਾਦ ਕੀਤਾ, ਖਾਸ ਕਰਕੇ ਸਤਨਾਮ ਸਿੰਘ, ਮਨਪ੍ਰੀਤ ਕੌਰ ਦੇ ਪਤੀ, ਅਤੇ ਉਸ ਦੀ ਧੀ ਦਾ ਜ਼ਿਕਰ ਕੀਤਾ, ਜਿਨ੍ਹਾਂ ਦੀ ਸਹਾਇਤਾ ਅਤੇ ਪ੍ਰੇਰਣਾ ਖਿਡਾਰੀਆਂ ਲਈ ਬਹੁਤ ਮੂਲਯਵਾਨ ਸੀ।

## ਖੇਤ ਮਜ਼ਦੂਰਾਂ ਦੀ ਮੀਟਿੰਗ ਭਲਕੇ

**ਬੰਗਾ (ਅਵਤਾਰ ਕਲੇਰ)-** ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਰਾਮ ਸਿੰਘ ਨੂਰਪੁਰੀ ਅਤੇ ਸੂਬਾ ਜਨਰਲ ਸਕੱਤਰ ਗੁਰਮੇਸ ਸਿੰਘ ਨੇ ਦੱਸਿਆ ਕਿ ਯੂਨੀਅਨ ਦੀ ਸੂਬਾਈ ਵਰਕਿੰਗ ਕਮੇਟੀ ਦੀ ਮੀਟਿੰਗ 16 ਅਕਤੂਬਰ ਨੂੰ ਸਵੇਰੇ 10 ਵਜੇ ਜਲੰਧਰ ਸੂਬਾਈ ਹੈਡ ਕੁਆਰਟਰ ਤੇ ਹੋ ਰਹੀ ਹੈ। ਜਿਸ ਵਿਚ ਵੱਖ-ਵੱਖ ਏਜੰਡਿਆਂ 'ਤੇ ਵਿਚਾਰ ਕਰਕੇ ਫੈਸਲੇ ਲਏ ਜਾਣਗੇ।

## ਸੰਗਰਾਂਦ ਦਾ ਦਿਹਾੜਾ ਧੂਮਧਾਮ ਨਾਲ ਮਨਾਇਆ ਜਾਵੇਗਾ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)-** ਬਾਪੂ ਗੰਗਾ ਦਾਸ ਜੀ ਵੈਲਫੇਅਰ ਸੋਸਾਇਟੀ ਰਜਿਸਟਰਡ ਮਾਹਿਲਪੁਰ ਵੱਲੋ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਡੇਰਾ ਬਾਪੂ ਗੰਗਾ ਦਾਸ ਜੀ



ਮਾਹਿਲਪੁਰ ਵਿਖੇ ਕੱਤਕ ਮਹੀਨੇ ਦੀ ਸੰਗਰਾਂਦ ਦਾ ਦਿਹਾੜਾ 17 ਅਕਤੂਬਰ ਨੂੰ ਸਵੇਰੇ 11 ਤੋਂ ਦੁਪਹਿਰ 2 ਵਜੇ ਤੱਕ ਬਹੁਤ ਹੀ ਸ਼ਰਧਾ ਤੇ ਉਤਸ਼ਾਹ ਪੂਰਵਕ ਢੰਗ ਨਾਲ ਮਨਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਇਸ ਅਸਥਾਨ ਦੇ ਮੁੱਖ ਸੇਵਾਦਾਰ ਦਾਸ ਮਨਦੀਪ ਸਿੰਘ ਨੇ ਦੱਸਿਆ ਕਿ ਇਸ ਮੌਕੇ ਪਹੁੰਚ ਰਹੇ ਕਲਾਕਾਰ ਸੰਦੀਪ ਉਧਣਵਾਲ ਧਾਰਮਿਕ ਪ੍ਰੋਗਰਾਮ ਪੇਸ਼ ਕਰਕੇ ਬਾਪੂ ਜੀ ਦੀ ਮਹਿਮਾ ਦਾ ਗੁਣ ਗਾਇਨ ਕਰਨਗੇ। ਬਾਪੂ ਜੀ ਦਾ ਲੰਗਰ ਅਤੁੱਟ ਚੱਲੇਗਾ। ਇਸ ਮੌਕੇ ਉਹਨਾਂ ਇਲਾਕਾ ਨਿਵਾਸੀ ਸੰਗਤਾਂ ਨੂੰ ਡੇਰਾ ਬਾਪੂ ਗੰਗਾ ਦਾਸ ਜੀ ਮਾਹਿਲਪੁਰ ਵਿਖੇ ਪਹੁੰਚ ਕਿ ਦਰਬਾਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦੀ ਬੇਨਤੀ ਕੀਤੀ।

## ਡਾ. ਐੱਚ ਕੇ ਬਾਲੀ 'ਇੰਟਰਵੈਂਸ਼ਨਲ ਕਾਰਡੀਓਲੋਜਿਸਟ ਆਫ ਦਿ ਈਅਰ' ਪੁਰਸਕਾਰ ਨਾਲ ਸਨਮਾਨਤ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)-** ਲਿਵਾਸਾ ਹਸਪਤਾਲ ਦੇ ਕਾਰਡੀਆਕ ਸਾਇੰਸਜ਼ ਦੇ ਚੇਅਰਮੈਨ ਡਾ. ਐਚ. ਕੇ. ਬਾਲੀ ਨੂੰ ਹਾਲ ਹੀ ਵਿੱਚ ਨਵੀਂ ਦਿੱਲੀ ਵਿੱਚ ਵੌਇਸ ਆਫ ਹੈਲਥਕੇਅਰ ਦੁਆਰਾ ਆਯੋਜਿਤ ਨੈਸ਼ਨਲ ਕਾਰਡੀਓਵੈਸਕੁਲਰ ਸਮਿਟ ਐਂਡ ਅਵਾਰਡਜ਼-ਬੀਟ 2025 ਦੌਰਾਨ 'ਇੰਟਰਵੈਂਸ਼ਨਲ ਕਾਰਡੀਓਲੋਜਿਸਟ ਆਫ ਦਿ ਈਅਰ' ਰਾਸ਼ਟਰੀ ਪੁਰਸਕਾਰ ਨਾਲ ਸਨਮਾਨਤ ਕੀਤਾ ਗਿਆ। ਡਾ. ਬਾਲੀ ਨੂੰ ਉਨ੍ਹਾਂ ਦੀ ਸ਼ਾਨਦਾਰ ਅਗਵਾਈ, ਕਲੀਨਿਕਲ ਉੱਤਮਤਾ, ਅਤੇ ਇੰਟਰਵੈਂਸ਼ਨਲ ਕਾਰਡੀਓਲੋਜੀ ਵਿੱਚ ਮਹੱਤਵਪੂਰਨ ਕੰਮ ਲਈ ਸਨਮਾਨਤ ਕੀਤਾ ਗਿਆ। ਭਾਰਤ ਵਿੱਚ ਕਾਰਡੀਓਵੈਸਕੁਲਰ



ਸਿਹਤ ਨੂੰ ਅੱਗੇ ਵਧਾਉਣ ਵਿੱਚ ਉਨ੍ਹਾਂ ਦਾ ਨਿਰੰਤਰ ਯੋਗਦਾਨ, ਖਾਸ ਕਰਕੇ ਦਿਲ ਦੀ ਅਸਫਲਤਾ ਪ੍ਰਬੰਧਨ, ਗੁੰਝਲਦਾਰ ਦਖਲਅੰਦਾਜ਼ੀ ਪ੍ਰਕਿਰਿਆਵਾਂ, ਅਤੇ ਮਰੀਜ਼-ਕੇਂਦ੍ਰਿਤ ਦਿਲ ਦੀ ਦੇਖਭਾਲ ਵਿੱਚ, ਲਿਵਾਸਾ ਦੇ ਦ੍ਰਿਸ਼ਟੀਕੋਣ ਨੂੰ ਦਰਸਾਉਂਦਾ ਹੈ। ਲਿਵਾਸਾ ਹਸਪਤਾਲਾਂ ਦੇ ਸੀਈਓ ਅਨੁਰਾਗ ਯਾਦਵ ਨੇ ਕਿਹਾ, 'ਡਾ. ਬਾਲੀ ਦਾ ਸਨਮਾਨ ਦਿਲ ਦੇ ਵਿਗਿਆਨ ਵਿੱਚ ਮੋਹਰੀ ਤਰੱਕੀ ਅਤੇ ਪੂਰੇ ਭਾਰਤ ਵਿੱਚ ਮਰੀਜ਼ਾਂ ਲਈ ਨਤੀਜਿਆਂ ਨੂੰ ਬਿਹਤਰ ਬਣਾਉਣ ਪ੍ਰਤੀ ਸਾਡੀ ਵਚਨਬੱਧਤਾ ਨੂੰ ਹੋਰ ਮਜ਼ਬੂਤ ? ?ਕਰਦਾ ਹੈ'।

## ਸਰਕਾਰੀ ਪੋਲੀਟੈਕਨਿਕ ਕਾਲਜ ਵਿਖੇ ਮਾਨਕ ਐਕਸਪੋ ਦਾ ਆਯੋਜਨ

**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ, ਬਲਵੀਰ ਸਿੰਘ ਰਾਣਾ)-** ਵਿਸ਼ਵ ਮਾਨਕ ਦਿਵਸ-2025 ਦੇ ਸਮਾਰੋਹਾਂ ਦੇ ਹਿੱਸੇ ਵਜੋਂ ਬਿਊਰੋ ਆਫ ਇੰਡੀਅਨ ਸਟੈਂਡਰਡਜ਼ (ਬੀ ਆਈ ਐਸ) ਚੰਡੀਗੜ੍ਹ ਸ਼ਾਖਾ ਦਫ਼ਤਰ ਵੱਲੋਂ 13 ਅਕਤੂਬਰ ਨੂੰ ਪੰਡਿਤ ਜਗਤ ਰਾਮ ਸਰਕਾਰੀ ਪੋਲੀਟੈਕਨਿਕ ਕਾਲਜ, ਹੁਸ਼ਿਆਰਪੁਰ ਵਿਖੇ ਮਾਨਕ ਐਕਸਪੋ (ਕਾਰਨੀਵਲ) ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਵਿਚ 17 ਸਕੂਲਾਂ ਦੇ 600 ਵਿਦਿਆਰਥੀਆਂ ਅਤੇ 30 ਅਧਿਆਪਕਾਂ ਨੇ ਉਤਸ਼ਾਹਪੂਰਵਕ ਹਿੱਸਾ ਲਿਆ।ਸਹਾਇਕ ਕਮਿਸ਼ਨਰ ਪਰਮਪ੍ਰੀਤ ਸਿੰਘ ਨੇ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸਮਾਗਮ ਦੀ ਸ਼ੁਰੂਆਤ ਨਿਰਦੇਸ਼ਕ ਅਤੇ ਮੁਖੀ, ਬੀ.ਆਈ.ਐਸ. ਚੰਡੀਗੜ੍ਹ ਸ਼ਾਖਾ ਵਿਸ਼ਾਲ ਤੋਮਰ ਵੱਲੋਂ ਸਵਾਗਤੀ ਭਾਸ਼ਣ ਨਾਲ ਹੋਈ। ਮੰਚ ਦੀ ਕਾਰਵਾਈ ਉਪ ਨਿਰਦੇਸ਼ਕ ਕੁਸ਼ਾਗਰ ਜਿੰਦਲ ਨੇ ਕੀਤਾ ਅਤੇ ਹਰਸ਼ ਸੋਂਕਰ ਨੇ ਵਿਸ਼ਵ ਮਾਨਕ ਦਿਵਸ ਦੀ ਮਹੱਤਤਾ ਅਤੇ ਬੀ.ਆਈ.ਐਸ ਦੀਆਂ ਵੱਖ-ਵੱਖ ਪਹਿਲਕਦਮੀਆਂ ਬਾਰੇ ਜਾਣਕਾਰੀ ਦਿੱਤੀ। ਇਸ ਦੌਰਾਨ ਕੁੱਲ 10 ਉਦਯੋਗਾਂ, ਜਿਵੇਂ ਕਿ ਹਾਕਿੰਸ, ਊਸ਼ਾ ਮਾਰਟਿਨ, ਸਰਸਵਤੀ ਪਲਾਈਵੁੱਡ, ਕੇ.ਟੀ.ਐਮ. ਪਲਾਈਵੁੱਡ ਅਤੇ ਸੈਨੇਟਰੀ ਨੈਪਕਿਨ ਨਿਰਮਾਤਾ ਨੇ ਆਪਣੇ ਉਤਪਾਦਾਂ ਦੇ ਸਟਾਲ ਲਗਾਏ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਭੇਜੇ ਗਏ ਸਵੈ ਸਹਾਇਤਾ ਸਮੂਹਾਂ ਨੇ ਵੀ ਪ੍ਰਦਰਸ਼ਨੀ ਵਿਚ ਭਾਗ ਲਿਆ। ਪੰਡਿਤ ਜਗਤ ਰਾਮ ਸਰਕਾਰੀ ਪੋਲੀਟੈਕਨਿਕ ਕਾਲਜ ਦੇ ਪ੍ਰਿੰਸੀਪਲ ਨੂੰ ਪ੍ਰੋਗਰਾਮ ਦੇ ਆਯੋਜਨ ਵਿਚ ਦਿੱਤੇ ਮਹੱਤਵਪੂਰਨ ਯੋਗਦਾਨ ਲਈ ਬੀ.ਆਈ.ਐਸ ਵੱਲੋਂ ਸਨਮਾਨਤ ਕੀਤਾ ਗਿਆ। ਇਸ ਮੌਕੇ ਵਿਦਿਆਰਥੀਆਂ ਵੱਲੋਂ ਸੱਭਿਆਚਾਰਕ ਪੇਸ਼ਕਾਰੀਆਂ ਦਿੱਤੀਆਂ ਗਈਆਂ ਅਤੇ ਉਨਾਂ ਦੇ ਨਾਚ, ਗੀਤ ਅਤੇ ਪੋਸਟਰ ਬਣਾਉਣ ਆਦਿ ਮੁਕਾਬਲੇ ਕਰਵਾਏ ਗਏ। ਪ੍ਰੋਗਰਾਮ ਦੇ ਅੰਤ ਵਿਚ ਜੇਤੂ ਵਿਦਿਆਰਥੀਆਂ ਅਤੇ ਸਕੂਲਾਂ ਨੂੰ ਇਨਾਮ ਦਿੱਤੇ ਗਏ।ਇਸ ਮੌਕੇ ਅੰਤਰਰਾਸ਼ਟਰੀ ਜਾਦੂਗਰ ਪ੍ਰਮੋਦ ਕੁਮਾਰ ਨੇ ਆਪਣੀ ਮਨਮੋਹਕ ਤੇ ਸ਼ਿਕਾਰੀ ਰਾਹੀਂ ਸਮਾਗਮ ਨੂੰ ਚਾਰ ਚੰਦ ਲਗਾਏ।



## ਸੰਤ ਬਾਬਾ ਬਿਸ਼ਨ ਸਿੰਘ ਨੂੰ ਸਮਰਪਤ ਕੀਰਤਨ ਦਰਬਾਰ ਕਰਵਾਇਆ

**ਅੱਡਾ ਸਰਾਂ (ਜਸਵੀਰ ਕਾਜਲ)-** ਧੰਨ-ਧੰਨ ਸੰਤ ਬਾਬਾ ਬਿਸ਼ਨ ਸਿੰਘ ਜੀ ਨੂੰ ਸਮਰਪਤ 125ਵਾਂ ਸਾਲਾਨਾ ਸਮਾਗਮ ਅਤੇ ਕੀਰਤਨ ਦਰਬਾਰ ਪਿੰਡ ਕੰਧਾਲਾ ਜੱਟਾਂ ਵਿਖੇ ਖਾਲਸਾਈ ਸ਼ਾਨੋ ਸ਼ੌਕਤ ਅਤੇ ਸਤਿਕਾਰ ਨਾਲ ਕਰਵਾਇਆ ਗਿਆ । ਪ੍ਰਬੰਧਕ ਸੇਵਾਦਾਰਾਂ ਨੇ ਦੱਸਿਆ ਕਿ 125 ਦੇ ਕਰੀਬ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਲੜੀਵਾਰ ਕਰਵਾਏ ਗਏ।ਉਪਰੰਤ ਕੀਰਤਨ ਦੀਵਾਨ ਦੀ ਆਰੰਭਤਾ ਕੀਤੀ ਗਈ। ਸ੍ਰੀਮਾਨ ਸੰਤ ਬਾਬਾ ਮੱਖਣ ਸਿੰਘ ਜੀ ਨਿਰਮਲੇ ਕੁੱਲੀ ਬਾਬਾ ਖੁਸ਼ਦਿਲ ਦਰੀਆ ਵਾਲਿਆਂ ਨੇ ਗੁਰਬਾਣੀ ਕਥਾ ਵਿਚਾਰਦਿਆਂ ਸੰਗਤਾਂ ਨੂੰ ਨਾਮ ਬਾਣੀ ਨਾਲ ਜੁੜਨ ਵਾਸਤੇ ਪ੍ਰੇਰਿਆ ।ਇਸ ਮੌਕੇ ਸਿੱਖ ਪੰਥ ਦੇ ਮਹਾਨ ਕਵੀਸ਼ਰ ਭਾਈ ਚਾਨਣ ਸਿੰਘ ਬੀਏ ਸੁਰਵਿੰਡ ਹਜ਼ੂਰੀ ਕਵੀਸ਼ਰੀ ਜਥਾ, ਭਾਈ ਸੁਖਬੀਰ ਸਿੰਘ ਇੰਟਰਨੈਸ਼ਨਲ ਕਵੀਸ਼ਰੀ ਜਥਾ, ਗਿਆਨੀ ਗੁਰਪ੍ਰਤਾਪ ਸਿੰਘ ਪਦਮ ਇੰਟਰਨੈਸ਼ਨਲ ਢਾਡੀ ਜਥਾ, ਭਾਈ ਕਮਲਜੀਤ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਮਹਿਤਾਬ ਸਿੰਘ ਜਲੰਧਰ ਵਾਲੇ ਇੰਟਰਨੈਸ਼ਨਲ ਕੀਰਤਨੀ ਜਥਾ,ਬੀਬੀ ਕਿਰਨਦੀਪ ਕੌਰ ਖਾਲਸਾ ਇੰਟਰਨੈਸ਼ਨਲ ਢਾਡੀ ਜਥਾ, ਬਾਬਾ ਬਿਸ਼ਨ ਸਿੰਘ ਜੀ ਕੀਰਤਨ ਵਿਦਿਆਲਾ ਕੰਧਾਲਾ ਜੱਟਾਂ ਦੇ ਬੱਚੇ ਅਤੇ ਹੋਰ ਬਹੁਤ ਸਾਰੇ ਕੀਰਤਨੀ ਜਥਿਆਂ ਨੇ ਸੰਗਤਾਂ ਨੂੰ ਕੀਰਤਨ ਗੁਰਬਾਣੀ ਕਥਾ ਰਾਹੀਂ ਨਿਹਾਲ ਕੀਤਾ। ਇਸ ਮੌਕੇ ਰਾਤਰੀ ਦੇ ਦੀਵਾਨਾਂ ਵਿੱਚ ਭਾਈ ਹਰਭਜਨ ਸਿੰਘ ਜੀ ਸੋਤਲੇ ਵਾਲੇ, ਭਾਈ ਗੁਰਜਿੰਦਰ ਸਿੰਘ ਚੰਬਾ ਕਥਾਵਾਚਕ,



ਭਾਈ ਹਰਜੀਤ ਸਿੰਘ ਸੋਹਲਪੁਰ ਵਾਲਿਆਂ ਦਾ ਢਾਡੀ ਜਥਾ ਅਤੇ ਭਾਈ ਮਨਜੀਤ ਸਿੰਘ ਬਾਬਕ ਕੀਰਤਨੀ ਜਥਾ, ਕਥਾ ਵਿਚਾਰਾਂ ਅਤੇ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਸਮਾਗਮ ਵਿੱਚ ਅੰਮ੍ਰਿਤ ਸੰਚਾਰ ਵੀ ਕਰਵਾਇਆ ਗਿਆ । ਅੰਮ੍ਰਿਤ ਸੰਚਾਰ ਵਿੱਚ ਅੰਮ੍ਰਿਤ ਛਕਣ ਵਾਲੇ ਪ੍ਰਾਣੀਆਂ ਨੂੰ ਕਕਾਰ ਭੇਟਾ ਰਹਿਤ ਦਿੱਤੇ ਗਏ। ਗਿਆਨੀ ਗੁਰਮੁਖ ਸਿੰਘ ਪ੍ਰਬੰਧਕ ਕਮੇਟੀ ਵੱਲੋਂ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸਾਬਕਾ ਕੈਬਨਿਟ ਮੰਤਰੀ ਸੰਗਤ ਸਿੰਘ ਗਿਲਜ਼ੀਆਂ ਟਾਂਡਾ ਉੜਮੁੜ ਅਤੇ ਸ਼੍ਰੋਮਣੀ ਅਕਾਲੀ ਦਲ ਹਲਕਾ ਸ਼ਾਮ 84 ਇੰਚਾਰਜ ਸੰਦੀਪ ਸੀਕਰੀ ਵੀ ਨਤਮਸਤਕ ਹੋਏ। ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।ਬਰਸੀ ਸਮਾਗਮ ਮੌਕੇ ਅੰਮ੍ਰਿਤਪਾਲ ਸਿੰਘ ਪ੍ਰਧਾਨ ਗੁਰਦੁਆਰਾ ਬਾਬਾ ਬਿਸ਼ਨ ਸਿੰਘ ਜੀ, ਕੈਪਟਨ ਸੁਰਿੰਦਰ ਸਿੰਘ ਸੀ ਏ, ਮਨਜੀਤ ਸਿੰਘ ਖਜ਼ਾਨਚੀ, ਇੰਦਰਜੀਤ ਸਿੰਘ ਉੱਪ ਪ੍ਰਧਾਨ, ਤਜਿੰਦਰ ਸਿੰਘ ਉੱਪ ਖਜ਼ਾਨਚੀ, ਸੁਰਿੰਦਰ ਸਿੰਘ, ਸੁੱਖਨਿੰਦਰ ਸਿੰਘ, ਦਰਸ਼ਨ ਸਿੰਘ, ਗੁਰਮੇਲ ਸਿੰਘ, ਇੰਦਰਜੀਤ ਸਿੰਘ, ਅਜੀਤ ਸਿੰਘ, ਮੁੱਖ ਗ੍ਰੰਥੀ ਬਾਬਾ ਰਣਜੀਤ ਸਿੰਘ, ਬਾਬਾ ਅਵਤਾਰ ਸਿੰਘ ਗ੍ਰੰਥੀ ਸਿੰਘ, ਸਰਪੰਚ ਹਰਪ੍ਰੀਤ ਕੌਰ ਅਤੇ ਸਮੂਹ ਗ੍ਰਾਮ ਪੰਚਾਇਤ, ਹਰਵਿੰਦਰ ਸਿੰਘ ਬਿੱਟਾ, ਗੁਰਮੀਤ ਸਿੰਘ, ਪਰਮਜੀਤ ਸਿੰਘ, ਜਥੇਦਾਰ ਅਵਤਾਰ ਸਿੰਘ, ਕਮਲਜੀਤ ਸਿੰਘ ਕੰਬਾ, ਮਹਿੰਦਰ ਸਿੰਘ ਸ਼ਾਹ, ਵਰਿੰਦਰ ਸਿੰਘ ਪੰਚ, ਮਨਜੀਤ ਸਿੰਘ ਸੈਕਟਰੀ, ਕੈਪਟਨ ਹਰੀ ਓਮ ਸਿੰਘ ਪ੍ਰਧਾਨ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਸਭਾ, ਡਾਕਟਰ ਅਰਮਨਪ੍ਰੀਤ ਸਿੰਘ, ਅਮਰਜੀਤ ਸਿੰਘ ਕਾਕਾ, ਜਸਵੀਰ ਸਿੰਘ, ਸਾਬਕਾ ਸਰਪੰਚ ਜੋਗਿੰਦਰ ਸਿੰਘ ਹੀਰ, ਸਹਿਜਪਾਲ ਸਿੰਘ ਅਤੇ ਨਗਰ ਦੀਆਂ ਸੰਗਤਾਂ ਹਾਜ਼ਰ ਸਨ।



## ਹੜ੍ਹ ਪੀੜਤਾਂ ਦੀ ਮਦਦ ਲਈ ਸੁਰਜੀਤ ਹਾਕੀ ਸੁਸਾਇਟੀ ਵੱਲੋਂ 5 ਲੱਖ ਦਾ ਯੋਗਦਾਨ

**ਜਲੰਧਰ (ਸ਼ੈਲੀ ਐਲਬਰਟ)-** ਦੇਸ਼ ਦੀ ਨਾਮਵਰ ਸੁਰਜੀਤ ਹਾਕੀ ਸੁਸਾਇਟੀ ਵੱਲੋਂ ਹੜ੍ਹ ਪੀੜਤਾਂ ਦੀ ਮਦਦ ਲਈ ਅੱਗੇ ਆਉਂਦਿਆਂ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੂੰ 5 ਲੱਖ ਰੁਪਏ ਦਾ ਚੈੱਕ ਮੁੱਖ ਮੰਤਰੀ ਰੰਗਲਾ ਪੰਜਾਬ ਫੰਡ ਲਈ ਸੌਂਪਿਆ ਗਿਆ। ਸੁਸਾਇਟੀ ਵੱਲੋਂ ਸੀ.ਈ.ਓ. ਇਕਬਾਲ ਸਿੰਘ ਸੰਧੂ, ਵਰਕਿੰਗ ਪ੍ਰਧਾਨ ਐਲ.ਆਰ. ਨਈਅਰ ਅਤੇ ਲਖਵਿੰਦਰ ਸਿੰਘ ਨੇ ਇਹ ਚੈੱਕ ਡਿਪਟੀ ਕਮਿਸ਼ਨਰ ਨੂੰ ਉਨ੍ਹਾਂ ਦੇ ਦਫ਼ਤਰ ਵਿਖੇ ਸੌਂਪਿਆ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਅਮਨਿੰਦਰ ਕੌਰ ਵੀ ਮੌਜੂਦ ਸਨ। ਜ਼ਿਕਰਯੋਗ ਹੈ ਕਿ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਸੁਰਜੀਤ ਹਾਕੀ ਸੁਸਾਇਟੀ ਦੇ ਪ੍ਰਧਾਨ ਵੀ ਹਨ। ਉਨ੍ਹਾਂ 42ਵੇਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ ਦੀਆਂ ਤਿਆਰੀਆਂ ਸਬੰਧੀ ਸੁਰਜੀਤ ਹਾਕੀ ਸੁਸਾਇਟੀ ਦੀ ਹੋਈ ਮੀਟਿੰਗ ਦੌਰਾਨ ਐਲਾਨ ਕੀਤਾ ਸੀ ਕਿ ਪੰਜਾਬ ਵਿੱਚ ਹੜ੍ਹਾਂ ਕਾਰਨ ਪੈਦਾ ਹੋਈ ਇਸ ਔਖੀ ਘੜੀ ਵਿੱਚ ਸੁਰਜੀਤ ਹਾਕੀ ਸੁਸਾਇਟੀ ਵੱਲੋਂ 5 ਲੱਖ ਰੁਪਏ ਦਾ ਯੋਗਦਾਨ ਪਾਇਆ ਜਾਵੇਗਾ।

## ਰਾਜੋਆਣਾ ਦੀ ਫਾਂਸੀ ਰੱਦ ਕਰਨ ਸਬੰਧੀ ਡਿਪਟੀ ਕਮਿਸ਼ਨਰ ਨੂੰ ਦਿੱਤਾ ਯਾਦ ਪੱਤਰ

**ਹੁਸ਼ਿਆਰਪੁਰ, ਮੇਹਟੀਆਣਾ (ਬਲਵੀਰ ਸਿੰਘ ਸੈਣੀ, ਜਗਤਾਰ ਸਿੰਘ ਭੁੰਗਰਨੀ)-** ਭਾਈ ਬਲਵੰਤ ਸਿੰਘ ਰਾਜੋਆਣਾ ਜੋ ਕਿ ਪਿਛਲੇ 30 ਸਾਲ ਤੋਂ ਫਾਂਸੀ ਦੀ ਕਾਲ ਕੋਠੜੀ ਵਿੱਚ ਬੰਦ ਹਨ ਦੀ ਫਾਂਸੀ ਦੀ ਬੇਮਿਆਦੀ ਅਤੇ ਦੇਰੀ ਕਾਰਨ ਫਾਂਸੀ ਦੀ ਸਜ਼ਾ ਰੱਦ ਕਰਨ ਲਈ ਗੁਰਨਾਮ



ਸਿੰਘ ਸਿੰਗੜੀਵਾਲਾ ਜ਼ਿਲ੍ਹਾ ਪ੍ਰਧਾਨ ਤੇ ਗੁਰਦੀਪ ਸਿੰਘ ਖੁਣ ਖੁਣ ਸੀਨੀਅਰ ਮੀਤ ਪ੍ਰਧਾਨ ਕਿਸਾਨ ਵਿੰਗ ਦੀ ਅਗਵਾਈ ਹੇਠ ਇੱਕ ਯਾਦ ਪੱਤਰ ਰਾਸ਼ਟਰਪਤੀ ਦਰੋਪਤੀ ਮੁਰਮੋ ਲਈ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੂੰ ਦਿੱਤਾ। ਇਸ ਸਮੇਂ ਗੁਰਨਾਮ ਸਿੰਘ ਸਿੰਗੜੀਵਾਲਾ ਅਤੇ ਗੁਰਦੀਪ ਸਿੰਘ ਖੁਣ ਖੁਣ ਨੇ ਸਾਂਝੇ ਤੌਰ ਤੇ ਕਿਹਾ ਕਿ ਭਾਰਤ ਦੀ ਉੱਚ ਅਦਾਲਤ ਦੇ ਫੈਸਲੇ ਵਿੱਚ ਸਾਫ ਕਿਹਾ ਗਿਆ ਹੈ ਕਿ ਮੌਤ ਦੀ ਸਜ਼ਾ ਦੇ ਨਿਪਟਾਰੇ ਵਿੱਚ ਕਿਸੇ ਤਰ੍ਹਾਂ ਦੀ ਬੇਮਿਆਦੀ ਦੇਰੀ ਆਪਣੇ ਆਪ ਵਿੱਚ ਜਿਉਣ ਦੇ ਅਧਿਕਾਰ ਦੀ ਘੋਰ ਉਲੰਘਣਾ ਹੈ ਅਤੇ ਕੈਦੀ ਨੂੰ ਅਨਿਸ਼ਚਿਤਾ ਦੀ ਸਜ਼ਾ ਭੋਗਣੀ ਪੈਂਦੀ ਹੈ ਜਦੋਂ ਕਿ ਭਾਈ ਰਾਜੋਆਣੇ ਦੀ ਮੌਤ ਦੀ ਸਜ਼ਾ ਨਾ ਤਾਂ ਲਾਗੂ ਕੀਤੀ ਗਈ ਹੈ ਅਤੇ ਨਾ ਹੀ ਰੱਦ ਕੀਤੀ ਗਈ ਹੈ ਅਤੇ ਸਰਕਾਰ ਵੱਲੋਂ ਉਨਾਂ ਦੇ ਮਸਲੇ ਨੂੰ ਲੰਮੇ ਸਮੇਂ ਤੋਂ ਅਣਡਿੱਠ ਕੀਤਾ ਗਿਆ ਹੈ। ਇਸ ਲਈ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਫਾਂਸੀ ਨੂੰ ਰੱਦ ਕਰਕੇ ਉਹਨਾਂ ਨੂੰ ਰਿਹਾਅ ਕਰਨ ਦੇ ਹੁਕਮ ਹੋਣ। ਇਸ ਸਮੇਂ ਮਾਸਟਰ ਕੁਲਦੀਪ ਸਿੰਘ ਮਸੀਤੀ, ਸੰਦੀਪ ਸਿੰਘ ਖਾਲਸਾ ਟਾਂਡਾ, ਬੀਬੀ ਰਾਜਵਿੰਦਰ ਕੌਰ ਬੁੱਲੋਵਾਲ, ਹਰਵਿੰਦਰ ਸਿੰਘ ਹੀਰਾ, ਸਾਬਕਾ ਸਰਪੰਚ ਸਤਨਾਮ ਸਿੰਘ ਮੋਹਾਂ, ਰਣਜੀਤ ਸਿੰਘ ਝਾਵਾਂ ਸੁਖਦੇਵ ਸਿੰਘ ਕਹਾਰੀ, ਬਰਿੰਦਰ ਸਿੰਘ ਬਜਵਾੜਾ, ਗੁਰਪ੍ਰੀਤ ਸਿੰਘ ਚੀਮਾ, ਜਗਜੀਤ ਸਿੰਘ, ਸੁਖਵਿੰਦਰ ਸਿੰਘ, ਪ੍ਰਦੀਪ ਸਿੰਘ, ਜਤਿੰਦਰ ਸਿੰਘ ਆਦਿ ਹਾਜ਼ਰ ਸਨ।

## ਸਤਨਾਮ ਜਲਾਲਪੁਰ ਨੇ ਨਾਨੋਵਾਲ ਨੂੰ ਦਿੱਤੀ ਇੱਕ ਲੱਖ ਰੁਪਏ ਦੀ ਗਰਾਂਟ



**ਬਲਾਚੌਰ (ਜਸਵਿੰਦਰ ਬੈਂਸ)-** ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਸ਼ਹੀਦ ਭਗਤ ਸਿੰਘ ਨਗਰ ਸਤਨਾਮ ਜਲਾਲਪੁਰ ਨੇ ਆਪਣੇ ਅਖਤਿਆਰੀ ਕੋਟੇ ਵਿੱਚੋਂ ਇਕ ਲੱਖ ਰੁਪਏ ਦੀ ਗਰਾਂਟ ਗ੍ਰਾਮ ਪੰਚਾਇਤ ਨਾਨੋਵਾਲ ਬਲਾਕ ਸੜੋਆ ਨੂੰ ਦਿੱਤੀ। ਗਰਾਂਟ ਸ਼ਮਸ਼ਾਨਘਾਟ ਦੀ ਚਾਰਦੀਵਾਰੀ ਦੀ ਉਸਾਰੀ ਕਰਨ ਲਈ ਦਿੱਤੀ ਗਈ ਹੈ। ਸਤਨਾਮ ਜਲਾਲਪੁਰ ਨੇ ਦੱਸਿਆ ਕਿ ਪਿੰਡ ਨਾਨੋਵਾਲ ਵਾਸੀਆਂ ਨੇ ਬਲਦੇਵ ਰਾਜ ਨੂੰ ਸਰਬ ਸੰਮਤੀ ਨਾਲ ਸਰਪੰਚ ਬਣਾਇਆ ਅਤੇ ਆਪਣੀ ਏਕਤਾ ਦਾ ਸਬੂਤ ਦਿੱਤਾ। ਪਿੰਡ ਵਾਸੀਆਂ ਦੀ ਮੰਗ ਨੂੰ ਮੁੱਖ ਰੱਖਦੇ ਹੋਏ ਉਹਨਾਂ ਨੂੰ ਇਹ ਗਰਾਂਟ ਜਾਰੀ ਕੀਤੀ ਗਈ ਹੈ। ਉਹ ਕਿਹਾ ਕਿ ਸਰਕਾਰ ਵੱਲੋਂ ਬਾਕੀ ਰਹਿੰਦੇ ਵਿਕਾਸ ਕਾਰਜਾਂ ਨੂੰ ਵੀ ਜਲਦ ਪੂਰਾ ਕੀਤਾ ਜਾਵੇਗਾ । ਪਿੰਡ ਦੀ ਪੰਚਾਇਤ ਅਤੇ ਪਿੰਡ ਦੇ ਮੋਹਤਬਰ ਵਿਅਕਤੀਆਂ ਨੇ ਚੇਅਰਮੈਨ ਦਾ ਧੰਨਵਾਦ ਕੀਤਾ। ਇਸ ਮੌਕੇ ਹਰਮੇਸ਼ ਲਾਲ ਬਲਾਕ ਪ੍ਰਧਾਨ, ਬਲਦੇਵ ਰਾਜ (ਸਰਪੰਚ), ਰਿਟਾਇਰਡ ਡੀ.ਐਸ.ਪੀ ਸਤਪਾਲ, ਅਸ਼ੋਕ ਕੁਮਾਰ ਨਾਨੋਵਾਲ, ਇੰਸਪੈਕਟਰ ਨਰੇਸ਼ ਕੁਮਾਰ, ਪ੍ਰਿੰਸੀਪਲ ਸੁਖਦੇਵ ਸਿੰਘ, ਜਸਮਨ ਸਿੰਘ (ਲੰਬੜਦਾਰ), ਦੇਵਰਾਜ (ਪੰਚ), ਕਮਲ ਦੇਵ (ਪੰਚ), ਗੁਰਚਰਨ (ਪੰਚ), ਧਰਮਵੀਰ ਭੂੰਬਲਾ, ਮਿਹਰਦਾਸ ਭੂੰਬਲਾ, ਪਰਸ਼ੋਤਮ ਲਾਲ, ਰਾਮ ਕ੍ਰਿਸ਼ਨ, ਅਸ਼ਵਨੀ, ਜਸਵੀਰ ਸਿੰਘ ਗੁਰਦੇਵ, ਮਾਸਟਰ ਬਲਬੀਰ ਸਿੰਘ ਤੋਂ ਇਲਾਵਾ ਕਈ ਪਿੰਡ ਵਾਸੀ ਵੀ ਹਾਜ਼ਰ ਸਨ।

## ਜੂਡੋ ਅੰਡਰ-17 ਦੇ ਮੁਕਾਬਲਿਆਂ ਦਾ ਸ਼ਾਨਦਾਰ ਆਗਾਜ਼

**ਜਲੰਧਰ (ਸ਼ੈਲੀ ਐਲਬਰਟ)** ਸਕੂਲ ਸਿੱਖਿਆ ਵਿਭਾਗ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ 69ਵੀਆਂ ਰਾਜ ਪੱਧਰੀ ਸਕੂਲ ਖੇਡਾਂ ਜੂਡੋ ਅੰਡਰ-17 (ਲੜਕੇ/ਲੜਕੀਆਂ) ਦੇ




ਮੁਕਾਬਲੇ 14 ਅਕਤੂਬਰ ਨੂੰ ਸਕੂਲ ਆਫ਼ ਐਮੀਨੈਂਸ ਲਾਡੋਵਾਲੀ ਰੋਡ ਵਿਖੇ ਸ਼ੁਰੂ ਹੋਏ, ਜਿਨ੍ਹਾਂ ਦਾ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ) ਡਾ.ਗੁਰਿੰਦਰਜੀਤ ਕੌਰ ਅਤੇ ਵਿਸ਼ੇਸ਼ ਮਹਿਮਾਨ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ) ਰਾਜੀਵ ਜੋਸ਼ੀ ਵੱਲੋਂ ਰਸਮੀ ਤੌਰ 'ਤੇ ਗੁਬਾਰੇ ਛੱਡ ਕੇ ਉਦਘਾਟਨ ਕੀਤਾ ਗਿਆ। ਇਸ ਮੌਕੇ ਡਾ.ਗੁਰਿੰਦਰਜੀਤ ਕੌਰ ਨੇ ਸਮੂਹ ਖਿਡਾਰੀਆਂ ਨੂੰ ਖੇਡ ਭਾਵਨਾ ਨਾਲ ਖੇਡਣ ਲਈ ਪ੍ਰੇਰਿਤ ਕਰਨ ਦੇ ਨਾਲ-ਨਾਲ ਕੌਮਾਂਤਰੀ ਪੱਧਰ 'ਤੇ ਦੇਸ਼ ਦਾ ਨਾਂਅ ਚਮਕਾਉਣ ਲਈ ਉਤਸ਼ਾਹਿਤ ਕੀਤਾ।ਮੁਕਾਬਲਿਆਂ ਵਿੱਚ ਲੜਕਿਆਂ ਦੇ ਮੁਕਾਬਲਿਆਂ ਵਿੱਚ 81 ਕਿਲੋਗ੍ਰਾਮ ਭਾਰ ਵਰਗ ਵਿੱਚ ਗੁਰਦਾਸਪੁਰ ਦੇ ਅਵਿਨਾਸ਼ ਮੱਟੂ ਨੇ ਪਹਿਲਾ, ਹੁਸ਼ਿਆਰਪੁਰ ਦੇ ਸਰਵਨ ਸਿੰਘ ਨੇ ਦੂਜਾ ਅਤੇ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਜਸਨੂਰ ਤੇ ਬਠਿੰਡਾ ਦੇ ਸਕਸ਼ਮ ਗਰਗ ਨੇ ਸਾਂਝੇ ਤੌਰ 'ਤੇ ਤੀਜਾ ਸਥਾਨ ਹਾਸਲ ਕੀਤਾ। 90 ਕਿਲੋਗ੍ਰਾਮ ਭਾਰ ਵਰਗ ਵਿੱਚ ਪਟਿਆਲਾ ਦੇ ਰੋਹਿਤ ਨੇ ਪਹਿਲਾ, ਪਠਾਨਕੋਟ ਦੇ ਰਾਘਵ ਨੇ ਦੂਜਾ ਅਤੇ ਗੁਰਦਾਸਪੁਰ ਦੇ ਪ੍ਰਭਜੋਤ ਤੇ ਮਾਨਸਾ ਦੇ ਖੁਸ਼ਪ੍ਰੀਤ ਨੇ ਸਾਂਝੇ ਤੌਰ 'ਤੇ ਤੀਜਾ ਸਥਾਨ ਹਾਸਿਲ ਕੀਤਾ।ਇਸ ਮੌਕੇ ਅੰਤਰਰਾਸ਼ਟਰੀ ਰੈਫ਼ਰੀ ਅਤੇ ਜੂਡੋ ਐਸੋਸੀਏਸ਼ਨ ਪੰਜਾਬ ਦੇ ਜਨਰਲ ਸਕੱਤਰ ਲੈਕਚਰਾਰ ਸੁਰਿੰਦਰ ਕੁਮਾਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਟੂਰਨਾਮੈਂਟ ਦੇ ਜੇਤੂ ਖਿਡਾਰੀਆਂ ਨੂੰ 69ਵੀਆਂ ਨੈਸ਼ਨਲ ਸਕੂਲ ਖੇਡਾਂ ਜੂਡੋ ਵਿੱਚ ਸੂਬੇ ਦਾ ਨਾਂਅ ਚਮਕਾਉਣ ਦਾ ਮੌਕਾ ਮਿਲੇਗਾ।ਅਬਜ਼ਰਵਰ ਸੁਰਿੰਦਰ ਪਾਲ ਸਿੰਘ ਦੀ ਦੇਖ-ਰੇਖ ਵਿੱਚ ਕਰਵਾਏ ਗਏ ਮੁਕਾਬਲਿਆਂ ਦੌਰਾਨ ਆਸ਼ਾ ਰਾਣੀ, ਉਮਾ ਦੱਤਾ, ਦਿਨੇਸ਼ ਕੁਮਾਰ, ਰਜਨੀ, ਪਵਨ ਕੁਮਾਰ, ਨਰੇਸ਼ ਕੁਮਾਰ, ਸੁਲਿੰਦਰ ਸਿੰਘ, ਸਰੇਸ਼ ਕੁਮਾਰ ਅਤੇ ਸੁਧੀਰ ਕੁਮਾਰ ਵੱਲੋਂ ਬਤੌਰ ਰੈਫ਼ਰੀ ਦੀ ਭੂਮਿਕਾ ਬਖ਼ੂਬੀ ਨਿਭਾਈ ਗਈ। ਇਸ ਮੌਕੇ ਜ਼ਿਲ੍ਹਾ ਟੂਰਨਾਮੈਂਟ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਪ੍ਰਿੰਸੀਪਲ ਹਰਮੇਸ਼ ਲਾਲ ਘੇੜਾ, ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਅਮਨਦੀਪ ਕੌਂਡਲ, ਕਨਵੀਨਰ ਪ੍ਰਿੰਸੀਪਲ ਯੋਗੇਸ਼ ਕੁਮਾਰ, ਪ੍ਰਿੰਸੀਪਲ ਸੁਖਦੇਵ ਲਾਲ ਬੱਬਰ ਵੀ ਮੌਜੂਦ ਸਨ।

## ਸਾਹਿਬਜ਼ਾਦਾ ਅਜੀਤ ਸਿੰਘ ਅਖਾੜਾ ਕਾਲਾ ਸੰਘਿਆਂ ਦੇ ਤਿੰਨ ਖਿਡਾਰੀਆਂ ਨੇ ਜਿੱਤੇ ਗੋਲਡ ਮੈਡਲ

**ਕਾਲਾ ਸੰਘਿਆਂ (ਮਨਜੀਤ ਮਾਨ)-** ਇੰਡੋ ਨੇਪਾਲ ਯੂਥ ਸਪੋਰਟਸ ਇੰਟਰਨੈਸ਼ਨਲ ਚੈਂਪੀਅਨਸ਼ਿਪ 2025 ਪੋਖਰਾ ਨੇਪਾਲ ਵਿੱਚ ਹੋਏ ਇੰਟਰਨੈਸ਼ਨਲ ਗਤਕਾ ਚੈਂਪੀਅਨਸ਼ਿਪ ਵਿੱਚ ਜ਼ਿਲ੍ਹਾ ਕਪੂਰਥਲਾ ਦੇ



ਕਸਬਾ ਕਾਲਾ ਸੰਘਿਆਂ ਦੇ ਸਾਹਿਬਜ਼ਾਦਾ ਅਜੀਤ ਸਿੰਘ ਗਤਕਾ ਅਖਾੜਾ ਦੇ ਖਿਡਾਰੀ ਹਰਮੀਤ ਸਿੰਘ ਸੰਘਾ ਨੇ ਗਤਕਾ ਸਟੀਕ ਫਾਈਟ, ਗੁਰਕੀਰਤ ਸਿੰਘ ਗਤਕਾ ਸਟੀਕ ਫਾਈਟ, ਦਿਲਰਾਜ ਸਿੰਘ ਕਿੱਕ ਬਾਕਸਿੰਗ ਵਿੱਚ ਪਾਰਟੀਸਪੇਟ ਕਰਕੇ ਗਤਕਾ ਮੁਕਾਬਲਿਆਂ ਵਿੱਚੋਂ ਗੋਲਡ ਮੈਡਲ ਹਾਸਲ ਕਰਕੇ ਆਪਣਾ ਤੇ ਆਪਣੇ ਪਿੰਡ ਤੇ ਪੰਜਾਬ ਦਾ ਨਾਂਅ ਰੌਸ਼ਨ ਕੀਤਾ। ਖਿਡਾਰੀਆਂ ਦਾ ਕਸਬਾ ਕਾਲਾ ਸੰਘਿਆਂ ਵਿਖੇ ਪਹੁੰਚਣ 'ਤੇ ਗੁਰਦੁਆਰਾ ਸੰਤ ਬਾਬਾ ਕਾਹਨ ਦਾਸ ਪ੍ਰਬੰਧਕ ਕਮੇਟੀ ਦੇ ਹੈਡ ਗ੍ਰੰਥੀ ਭਾਈ ਸੁਰਜੀਤ ਸਿੰਘ, ਮੈਨੇਜਰ ਜੁਗਿੰਦਰ ਸਿੰਘ, ਗਤਕਾ ਕੋਚ ਨਰਿੰਦਰ ਸਿੰਘ ਸੰਘਾ ਕੋਆਰਡੀਨੇਟਰ ਕਿਸਾਨ ਵਿੰਗ ਕਪੂਰਥਲਾ, ਹਰਵਿੰਦਰ ਸਿੰਘ ਸੰਘਾ, ਮਨਜੀਤ ਮਾਨ ਸੂਬਾ ਪ੍ਰਧਾਨ ਜਰਨਲਿਸਟ ਪ੍ਰੈੱਸ ਕਲੱਬ ਰਜਿ ਪੰਜਾਬ, ਅਵਤਾਰ ਸਿੰਘ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਸੁਰਜੀਤ ਸਿੰਘ, ਗੁਰਪ੍ਰੀਤ ਸਿੰਘ, ਕੁਲਵਿੰਦਰ ਸਿੰਘ, ਇੰਦਰਜੀਤ ਸਿੰਘ, ਦਵਿੰਦਰਪਾਲ ਸਿੰਘ, ਗਿਆਨੀ ਲਾਲ ਸਿੰਘ, ਜੁਗਿੰਦਰ ਸਿੰਘ ਤੇ ਗੁਰਪਾਲ ਸਿੰਘ ਵੱਲੋਂ ਸਿਰੋਪਾਓ ਤੇ ਫੁੱਲਾਂ ਦੇ ਗੁਲਦਸਤੇ ਦੇ ਕੇ ਸਵਾਗਤ ਕੀਤਾ ਗਿਆ।

## ਹੜ੍ਹ ਪੀੜਤਾਂ ਲਈ ਮੈਡੀਕਲ ਕੈਂਪ ਲਗਾਏ



**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)-** ਪਿੰਡ ਨਰੂੜ ਵਿਖੇ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਚਲਾਈ ਜਾ ਰਹੀ ਹੈ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਸੰਸਥਾ ਮੁੱਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦੱਸਿਆ ਕਿ ਗੁਰੂ ਨਾਨਕ ਡਿਸਪੈਂਸਰੀ ਅਤੇ ਲੈਬੋਰਟਰੀ ਪਿੰਡ ਨਰੂੜ ਦੇ ਸਹਿਯੋਗ ਨਾਲ 'ਗਰੀਬ ਦਾ ਮੂੰਹ,ਗੁਰੂ ਦੀ ਗੋਲਕ' ਸੰਸਥਾ ਅਜਨੋਹਾ ਵਲੋਂ ਐਨ ਆਰ ਆਈ ਵੀਰਾਂ ਦੀ ਮਦਦ ਨਾਲ ਜ਼ਿਲ੍ਹਾ ਗੁਰਦਾਸਪੁਰ ਦੇ ਹਲਕਾ ਡੇਰਾ ਬਾਬਾ ਨਾਨਕ ਹੜ੍ਹ ਪੀੜਤ ਇਲਾਕਿਆਂ ਵਿੱਚ ਸੰਸਥਾ ਵੱਲੋਂ ਮੈਡੀਕਲ ਕੈਂਪ ਲਗਾਏ ਜਾ ਰਹੇ ਹਨ। ਕੈਂਪਾਂ ਲਈ ਐਂਬੂਲੈਂਸ ਦੀ ਸੇਵਾ ਗੁਰਦੀਪ ਸਿੰਘ ਯੂ ਐਸ ਏ ਨਰੂੜ ਆਪਣੇ ਪਿਤਾ ਸਵ.ਜੋਗਾ ਸਿੰਘ ਰਿਟਾਇਰ ਜੇ ਈ ਬਿਜਲੀ ਬੋਰਡ ਵਲੋਂ ਸਿੱਖ ਸੇਵਾ ਸੋਸਾਇਟੀ ਕੁਕੋਵਾਲ ਦੇ ਅਧੀਨ ਚੱਲ ਰਹੀ ਹੈ। ਸੰਸਥਾ ਦੀ ਟੀਮ ਵਲੋਂ ਪਰਵਾਰ ਅਤੇ ਸੰਸਥਾ ਪ੍ਰਧਾਨ ਸੂਬੇਦਾਰ ਸੁੱਚਾ ਸਿੰਘ ਦਾ ਧੰਨਵਾਦ ਕੀਤਾ ਜਾਂਦਾ ਹੈ। ਗੁਰੂ ਸਾਹਿਬ ਜੀ ਮੇਹਰ ਕਰਨ ਸੰਸਥਾ ਵਲੋਂ ਹੜ੍ਹ ਪੀੜਤ ਇਲਾਕਿਆਂ ਵਿੱਚ ਵੱਧ ਤੋਂ ਵੱਧ ਕੈਂਪ ਲਗਾਏ ਜਾਣੇ ਹਨ।ਇਸ ਮੌਕੇ ਸੰਸਥਾ ਮੁੱਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਡਾਕਟਰ ਸਤਨਾਮ ਸਿੰਘ ਖਾਲਸਾ, ਡਾਕਟਰ ਸੂਬੇਦਾਰ ਬਲਦੇਵ ਸਿੰਘ ਸਾਬਕਾ ਏ ਐੱਮ ਸੀ, ਸੁਖਜਿੰਦਰ ਸਿੰਘ ਦੇੜ ਗਵਾਰ, ਕੁਲਵਿੰਦਰ ਸਿੰਘ ਖਾਲਸਾ ਡੇਰਾ ਬਾਬਾ ਨਾਨਕ, ਦਰਬਾਰ ਸਿੰਘ ਅਜਨੋਹਾ, ਕੁਲਵਿੰਦਰ ਸਿੰਘ ਠੰਡਲ,ਰਾਮ ਰਤਨ ਸਿੰਘ ਖਾਲਸਾ,ਵਿਪਨ ਕੁਮਾਰ ਪੰਚਨੰਗਲਾ ,ਹਰਕਮਲ ਸਿੰਘ ਪਰਮਾਰ, ਸੁਖਦੇਵ ਸਿੰਘ, ਸੁਖਜਿੰਦਰ ਸਿੰਘ, ਹਰਭਜਨ ਕੌਰ, ਸੁਰਜੀਤ ਕੌਰ, ਸਰਬਜੀਤ ਕੌਰ, ਗੁਰਮੀਤ ਸਿੰਘ ,ਪ੍ਰਬਜੋਤ ਸਿੰਘ, ਗੁਰਦੇਵ ਸਿੰਘ, ਪਵਨ ਕੌਰ , ਸੁਨੀਤਾ ਦੇਵੀ, ਹਰਜੋਤ ਕੌਰ , ਅਮਰਿੰਦਰ ਸਿੰਘ ਅਤੇ ਰਾਜ ਸਿੰਘ ਆਦਿ ਹਾਜ਼ਰ ਸਨ।

15 Oct Page 9.qxd 10/14/2025 10:55 PM Page 1



# ਉਪ ਮੰਡਲ ਮੈਜਿਸਟਰੇਟ ਦੀ ਪ੍ਰਧਾਨਗੀ ਹੇਠ ਝੋਨੇ ਦੀ ਕਟਾਈ ਸੰਬੰਧੀ ਹਦਾਇਤਾਂ ਦੀ ਪਾਲਣਾ ਕਰਨ ਸੰਬੰਧੀ ਮੀਟਿੰਗ

**ਫਿਲੌਰ (ਨਿਰਮਲ)**- ਸਟੱਬਲ ਬਰਨਿੰਗ ਸੰਬੰਧੀ ਮੀਟਿੰਗ ਜੋ ਕਿ ਮੁਕਲਿਨ ਆਰ ਆਈ ਏ ਐਸ ਉਪ ਮੰਡਲ ਮੈਜਿਸਟਰੇਟ ਫਿਲੌਰ ਦੀ ਪ੍ਰਧਾਨਗੀ ਹੇਠ ਸਥਾਨ ਦਫਤਰ ਵਿਖੇ ਕੀਤੀ ਗਈ, ਜਿਸ ਵਿਚ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਤੋਂ ਇਲਾਵਾ



ਸਬ ਡਵੀਜ਼ਨ ਫਿਲੌਰ ਲਈ ਲਗਾਏ ਗਏ ਕਲੱਸਟਰ ਅਫਸਰ ਵੀ ਹਾਜ਼ਰ ਆਏ। ਹਾਜ਼ਰ ਆਏ ਕਲੱਸਟਰ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਕਿ ਉਹਨਾਂ ਨੂੰ ਅਲਾਟ ਪਿੰਡਾਂ ਦੇ ਉਹ ਨਿੱਜੀ ਤੌਰ 'ਤੇ ਸਮੇਤ ਲਗਾਏ ਗਏ ਨੋਡਲ ਅਧਿਕਾਰੀਆਂ ਸਮੇਤ ਵਿਜ਼ਟ ਕਰ ਲੈਣ ਤਾਂ ਕਿ ਭਵਿੱਖ ਵਿਚ ਕਿਸੇ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਇਸ ਉਪਰੰਤ ਸਮੂਹ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਕਿ ਉਹ ਆਪਣੇ ਆਪਣੇ ਅਧਿਕਾਰ ਖੇਤਰ ਵਿਚ ਪੈਂਦੇ ਹਲਕੇ ਵਿਚ ਡਿਪਟੀ ਕਮਿਸ਼ਨਰ ਜਲੰਧਰ ਵੱਲੋਂ ਜਾਰੀ ਕੀਤੇ ਗਏ ਹੁਕਮਾਂ ਸੰਬੰਧੀ ਅਨਾਊਂਸਮੈਂਟ ਕਰਵਾਉਣ ਕਿ ਸ਼ਾਮ 6 ਵਜੇ ਤੋਂ ਲੈ ਕੇ ਸਵੇਰੇ 10 ਵਜੇ ਤੱਕ ਕੰਬਾਈਨ ਨਾਲ ਝੋਨਾ ਕੱਟਣ 'ਤੇ ਪਾਬੰਦੀ ਹੈ, ਜੇਕਰ ਕੋਈ ਵੀ ਕਿਸਾਨ ਇਸ ਤਰ੍ਹਾਂ ਕਰਦਾ ਪਾਇਆ ਗਿਆ ਤਾਂ ਉਸ ਦੇ ਖਿਲਾਫ ਹਦਾਇਤਾਂ ਅਨੁਸਾਰ ਬਣਦੀ ਕਾਰਵਾਈ ਉਲੀਕੀ ਜਾਵੇਗੀ। ਏ ਆਰ ਕੋਆਪਰੇਟਿਵ ਸੁਸਾਇਟੀ ਫਿਲੌਰ ਤੋਂ ਉਹਨਾਂ ਦੇ ਵਿਭਾਗ ਪਾਸ ਮੌਜੂਦ ਪਰਾਲੀ ਪ੍ਰਬੰਧਨ ਦੀਆਂ ਮਸ਼ੀਨਾਂ ਦੀ ਲਿਸਟ ਮੰਗਵਾਈ ਗਈ ਅਤੇ ਹਦਾਇਤ ਕੀਤੀ ਗਈ ਕਿ ਉਹਨਾਂ ਪਾਸ ਮੌਜੂਦ ਮਸ਼ੀਨਾਂ ਨੂੰ ਛੋਟੇ ਅਤੇ ਸੀਮਾਂਤ ਕਿਸਾਨਾਂ ਨੂੰ ਹਦਾਇਤਾਂ ਅਨੁਸਾਰ ਮੁਹੱਈਆ ਕਰਵਾਈਆਂ ਜਾਣ।

# ਤਰਨ ਤਾਰਨ ਵਿਖੇ ਚੇਤਾਵਨੀ ਰੈਲੀ 17 ਨੂੰ

**ਜਲੰਧਰ (ਰਾਜੇਸ਼ ਥਾਪਾ)**- ਕੰਪਿਊਟਰ ਅਧਿਆਪਕ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਗੁਰਵਿੰਦਰ ਸਿੰਘ ਤਰਨਤਾਰਨ ਦੀ ਅਗਵਾਈ ਹੇਠ, ਸੂਬਾ ਕਮੇਟੀ ਅਤੇ ਜ਼ਿਲਾ ਪ੍ਰਧਾਨਾਂ ਨੇ ਜ਼ੂਮ ਮੀਟਿੰਗ ਤੇ ਲਏ ਫੈਸਲੇ ਅਨੁਸਾਰ ਸਰਕਾਰ ਦੇ ਕੰਪਿਊਟਰ ਅਧਿਆਪਕਾਂ ਪ੍ਰਤੀ ਅਪਣਾਏ ਅੜੀਅਲ ਅਤੇ ਲਾਰੇ ਲੱਪੇ ਵਾਲੇ ਵਤੀਰੇ ਤੋਂ ਅੱਕੇ ਕੰਪਿਊਟਰ ਅਧਿਆਪਕ ਜ਼ਿਲਾ ਜਲੰਧਰ ਰਮਨ



ਕੁਮਾਰ ਪ੍ਰਧਾਨ ਅਤੇ ਹਰਜਿੰਦਰ ਮਹਿਸਮ ਪੁਰ ਸੂਬਾ ਪ੍ਰੈਸ ਸਕੱਤਰ ਆਪਣੇ ਜ਼ਿਲੇ ਦੇ ਕੰਪਿਊਟਰ ਅਧਿਆਪਕ ਦੀ ਵੱਡੀ ਗਿਣਤੀ ਨਾਲ ਗੁਰਵਿੰਦਰ ਸਿੰਘ ਤਰਨਤਾਰਨ ਸੂਬਾ ਪ੍ਰਧਾਨ ਦੀ ਅਗਵਾਈ ਹੇਠ 17 ਅਕਤੂਬਰ ਨੂੰ ਤਰਨਤਾਰਨ ਵਿਖੇ 15 ਸਤੰਬਰ 2022 ਦਾ ਕੀਤਾ ਪੰਜਾਬ ਸਰਕਾਰ ਦੇ ਐਲਾਨ ਨੂੰ ਲਾਗੂ ਕਰਵਾਉਣ ਲਈ ਸੂਬਾ ਪੱਧਰੀ ਚੇਤਾਵਨੀ ਰੈਲੀ ਕੀਤੀ ਜਾਵੇਗੀ। ਕੰਪਿਊਟਰ ਅਧਿਆਪਕਾਂ ਦੇ ਹਾਲਾਤ ਅੱਜ ਵੀ ਪੁਰਾਣੀਆਂ ਸਰਕਾਰਾਂ ਦੇ ਸਮੇਂ ਵਾਲੇ ਹੀ ਹਨ। ਲਗਭਗ 100 ਦੇ ਕਰੀਬ ਕੰਪਿਊਟਰ ਅਧਿਆਪਕ ਇਸ ਸੰਸਾਰ ਨੂੰ ਛੱਡ ਗਏ ਹਨ, ਜਿਨਾਂ ਦੇ ਪਰਵਾਰਿਕ ਮੈਂਬਰਾਂ ਨੂੰ ਨਾ ਤਾਂ ਸਰਕਾਰ ਵੱਲੋਂ ਕੋਈ ਆਰਥਿਕ ਸਹਾਇਤਾ ਦਿੱਤੀ ਗਈ ਹੈ ਅਤੇ ਨਾ ਹੀ ਕਿਸੇ ਪਰਵਾਰ ਦੇ ਜੀਅ ਨੂੰ ਕੋਈ ਨੌਕਰੀ ਮਿਲੀ ਹੈ। ਜੇਕਰ ਜਲਦ ਤੋਂ ਜਲਦ ਕੰਪਿਊਟਰ ਅਧਿਆਪਕਾਂ ਦੇ ਮਸਲੇ ਹੱਲ ਕਰ ਕੇ ਸਿੱਖਿਆ ਵਿਭਾਗ ਵਿੱਚ ਸ਼ਿਫਟ ਨਹੀਂ ਕਰਦੀ ਤਾਂ ਤਰਨਤਾਰਨ ਵਿਖੇ ਜ਼ਿਮਨੀ ਚੋਣ ਨੂੰ ਮੁੱਖ ਰੱਖਦੇ ਹੋਏ ਚੋਣ ਖੇਤਰ ਵਿੱਚ ਝੰਡਾ ਮਾਰਚ ਕੀਤਾ ਜਾਵੇਗਾ।

# ਜਲ ਸਪਲਾਈ ਸੈਨੀਟੇਸ਼ਨ ਵਿਭਾਗ ਵੱਲੋਂ ਜਾਰੀ ਪੱਤਰ ਨਾਲ ਮੁਲਾਜ਼ਮਾਂ 'ਚ ਭਾਰੀ ਰੋਸ

**ਕਾਲਾ ਸੰਘਿਆਂ (ਮਨਜੀਤ ਮਾਨ)**- ਪੀ ਡਬਲਯੂ ਡੀ ਫੀਲਡ ਐਂਡ ਵਰਕਸ਼ਾਪ ਵਰਕਰ ਯੂਨੀਅਨ ਪੰਜਾਬ ਦੇ ਸੂਬਾ ਆਗੂ ਸੰਜੀਵ ਕੌਂਡਲ ਨੇ ਪ੍ਰੈਸ ਨੂੰ ਜਾਰੀ ਬਿਆਨ ਵਿੱਚ ਦੱਸਿਆ ਕਿ ਜਲ ਸਪਲਾਈ ਸੈਨੀਟੇਸ਼ਨ ਵਿਭਾਗ ਵੱਲੋਂ ਇਕ ਪੱਤਰ ਜਾਰੀ ਕੀਤਾ ਗਿਆ ਜਿਸ ਤੋਂ ਬਾਅਦ ਮੁਲਾਜ਼ਮਾਂ ਵਿੱਚ ਸਰਕਾਰ ਖ਼ਿਲਾਫ਼ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਕ ਪਾਸੇ ਸਰਕਾਰ ਵਲੋਂ ਜਲ ਸਪਲਾਈ ਸੈਨੀਟੇਸ਼ਨ ਵਿਭਾਗ ਦੇ ਇਨਲਿਸਟਮੈਂਟ ਵਾਲੇ ਕਾਮਿਆਂ ਨੂੰ ਵਿਭਾਗ ਵਿੱਚ ਲੈਣ ਲਈ ਮੁਲਾਜ਼ਮ ਜਥੇਬੰਦੀਆਂ ਨੂੰ ਲਾਰੇ ਲੱਪੇ ਲਗਾਏ ਜਾ ਰਹੇ ਹਨ, ਦੂਜੇ ਪਾਸੇ ਪੰਜਾਬ ਸਰਕਾਰ ਵਲੋਂ ਅੰਗਰੇਜ਼ਾਂ ਵਾਲੀ ਪਾਲਿਸੀ ਅਪਨਾ ਕੇ ਪਾੜ ਪਾਓ ਤੇ ਰਾਜ ਕਰੋ ਦੀ ਨੀਤੀ ਅਪਣਾਈ ਜਾ ਰਹੀ ਹੈ ਕਿਉਂਕਿ ਇਸ ਪੱਤਰ ਰਾਹੀ ਜਲ ਸਪਲਾਈ ਸੈਨੀਟੇਸ਼ਨ ਵਿਭਾਗ ਦੇ ਇਨਲਿਸਟਮੈਂਟ ਵਾਲੇ 600-700 ਦੇ ਕਰੀਬ ਮੁਲਾਜ਼ਮਾਂ ਨੂੰ ਘਰ ਬਿਠਾਉਣ ਦੀ



ਤਿਆਰੀ ਕੀਤੀ ਜਾ ਰਹੀ ਹੈ ਅਤੇ ਇਹ ਸਾਰੇ ਮੁਲਾਜ਼ਮ ਘੱਟੋ ਘੱਟ 20-25 ਸਾਲ ਤੋਂ ਜ਼ਿਆਦਾ ਦੀ ਸੇਵਾ ਮਹਿਕਮੇ ਵਿਚ ਨਿਭਾ ਰਹੇ ਹਨ ਅਤੇ ਜੇਕਰ ਇਨ੍ਹਾਂ ਨੂੰ ਘਰ ਬਿਠਾਇਆ ਜਾਂਦਾ ਹੈ ਤਾਂ ਇਨ੍ਹਾਂ ਦੇ ਪਰਵਾਰਾਂ ਦਾ ਘਰ ਦਾ ਗੁਜ਼ਾਰਾ ਨਹੀਂ ਚੱਲ ਸਕਦਾ। ਯੂਨੀਅਨ ਮੰਗ ਕਰਦੀ ਹੈ ਕਿ ਜਿਹੜੇ ਮੁਲਾਜ਼ਮ ਆਪਣੀ ਯੋਗਤਾ ਪੂਰੀ ਕਰਦੇ ਹਨ, ਉਨ੍ਹਾਂ ਨੂੰ ਮਹਿਕਮੇ ਅੰਦਰ ਲਿਆ ਜਾਵੇ ਅਤੇ ਜਿਨ੍ਹਾਂ ਦੀ ਉਮਰ ਜ਼ਿਆਦਾ ਹੈ ਉਹ ਪਹਿਲਾਂ ਦੀ ਤਰ੍ਹਾਂ ਹੀ ਮਹਿਕਮੇ ਵਿਚ ਆਪਣੀ ਸੇਵਾ ਨਿਭਾਉਂਦੇ ਰਹਿਣ ਅਤੇ ਕਿਸੇ ਦੀ ਸੇਵਾ ਨੂੰ ਖਤਮ ਨਹੀਂ ਕਰਨ ਦਿੱਤਾ ਜਾਵੇਗਾ। ਜੇਕਰ ਮਹਿਕਮੇ ਵਲੋਂ ਕੋਈ ਹਿਟਲਰਸ਼ਾਹੀ ਫਰਮਾਨ ਨਾਲ ਕਰਵਾਈ ਕੀਤੀ ਤਾਂ ਯੂਨੀਅਨ ਵਲੋਂ ਇਸ ਦਾ ਡਟ ਕੇ ਵਿਰੋਧ ਕੀਤਾ ਜਾਵੇਗਾ। ਸੂਬਾ ਆਗੂ ਕੌਂਡਲ ਨੇ ਕਿਹਾ ਕਿ ਇਸ ਮਸਲੇ ਤੇ ਸਾਰੀਆਂ ਜਥੇਬੰਦੀਆਂ ਨੂੰ ਇਕਜੁੱਟ ਹੋ ਕੇ ਇਸ ਪੱਤਰ ਦਾ ਵਿਰੋਧ ਕਰਨਾ ਚਾਹੀਦਾ ਹੈ।

# ਇਨੋਸੈਂਟ ਹਾਰਟਸ ਵੱਲੋਂ ਬੈਡਮਿੰਟਨ ਚੈਂਪੀਅਨਸ਼ਿਪ 'ਚ ਸ਼ਾਨਦਾਰ ਪ੍ਰਦਰਸ਼ਨ



**ਜਲੰਧਰ (ਸ਼ੈਲੀ ਐਲਬਰਟ)**- ਇਨੋਸੈਂਟ ਹਾਰਟਸ ਸਕੂਲ ਗ੍ਰੀਨ ਮਾਡਲ ਟਾਊਨ ਜਲੰਧਰ ਨੇ ਸੀ ਬੀ ਐਸ ਈ ਨੈਸ਼ਨਲ ਬੈਡਮਿੰਟਨ ਚੈਂਪੀਅਨਸ਼ਿਪ 2025-26 ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸ਼ਹਿਰ ਦਾ ਨਾਮ ਰੌਸ਼ਨ ਕੀਤਾ। ਇਹ ਮੁਕਾਬਲਾ ਸਤਿਆਨੰਦ ਪਬਲਿਕ ਸਕੂਲ, ਗੋਹਾਨਾ, ਸੋਨੀਪਤ (ਹਰਿਆਣਾ) ਵਿੱਚ ਆਯੋਜਿਤ ਕੀਤਾ ਗਿਆ ਸੀ।ਅੰਡਰ-19 ਮੁੰਡਿਆਂ ਦੀ ਬੈਡਮਿੰਟਨ ਟੀਮ, ਜਿਸ ਵਿੱਚ ਜਮਾਤ 12ਵੀਂ ਦੇ ਵਿਦਿਆਰਥੀ ਦਿਵਯਮ ਸਚਦੇਵਾ ਅਤੇ ਅਨੀਸ਼ ਭਾਰਦਵਾਜ ਸ਼ਾਮਲ ਸਨ, ਨੇ ਸ਼ਾਨਦਾਰ ਹੁਨਰ, ਟੀਮਵਰਕ ਅਤੇ ਦ੍ਰਿੜ ਨਿਸ਼ਚੇ ਦਾ ਪ੍ਰਦਰਸ਼ਨ ਕਰਦਿਆਂ ਰਾਸ਼ਟਰੀ ਪੱਧਰ 'ਤੇ ਤੀਜਾ ਸਥਾਨ ਪ੍ਰਾਪਤ ਕੀਤਾ।ਇਸ ਗੌਰਵ ਵਿੱਚ ਹੋਰ ਵਾਧਾ ਕਰਦਿਆਂ, ਦਿਵਯਮ ਸਚਦੇਵਾ ਨੇ ਇੰਡਿਵਿਜੁਅਲ ਕੈਟਾਗਰੀ ਵਿੱਚ ਵਿਲੱਖਣ ਪ੍ਰਦਰਸ਼ਨ ਕਰਦਿਆਂ ਸੋਨੇ ਦਾ ਤਗਮਾ ਜਿੱਤਿਆ ਅਤੇ ਸਕੂਲ ਤੇ ਸ਼ਹਿਰ ਦਾ ਨਾਮ ਰੌਸ਼ਨ ਕੀਤਾ।ਇਨੋਸੈਂਟ ਹਾਰਟਸ ਦੇ ਚੇਅਰਮੈਨ ਡਾ. ਅਨੂਪ ਬੌਰੀ ਨੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਤਾ-ਪਿਤਾ ਨੂੰ ਇਸ ਸ਼ਾਨਦਾਰ ਉਪਲਬਧੀ 'ਤੇ ਵਧਾਈ ਦਿੱਤੀ। ਪ੍ਰਿੰਸੀਪਲ ਸ੍ਰੀ ਮਾਨ ਰਾਜੀਵ ਪਾਲੀਵਾਲ ਨੇ ਵੀ ਜੇਤੂਆਂ ਨੂੰ ਵਧਾਈ ਦਿੱਤੀ। ਉਨ੍ਹਾਂ ਨੇ ਖੇਡਾਂ ਦੇ ਕੋਡੀਨੇਟਰ ਮਿਸਟਰ ਸੰਜੀਵ ਭਰਦਵਾਜ ਅਤੇ ਖੇਡ ਵਿਭਾਗ ਦੇ ਮੁੱਖੀ ਮਿਸਟਰ ਅਨਿਲ ਦੀ ਸਮਰਪਿਤ ਟ੍ਰੇਨਿੰਗ ਅਤੇ ਮਾਰਗਦਰਸ਼ਨ ਲਈ ਪ੍ਰਸ਼ੰਸਾ ਕੀਤੀ।

# ਨਸ਼ਾ ਸਮਗਲਰਾਂ ਦੇ ਘਰ 'ਤੇ ਚੱਲਿਆ ਪੀਲਾ ਪੰਜਾ

**ਬੰਗਾ (ਅਵਤਾਰ ਕਲੇਰ)**- ਪੰਜਾਬ ਸਰਕਾਰ ਦੀ ਨਸ਼ਿਆ ਵਿਰੁੱਧ ਚਲਾਈ ਮੁਹਿੰਮ ਤਹਿਤ ਸਿਵਲ ਪ੍ਰਸ਼ਾਸਨ ਵੱਲੋਂ ਪੁਲਸ ਪ੍ਰਸ਼ਾਸਨ ਦੇ ਸਹਿਯੋਗ ਨਾਲ ਬੰਗਾ ਦੇ ਮੁੱਹਲਾ ਮੁਕਤਪੁਰਾ ਦੇ ਦੋ ਜੇਲ੍ਹ ਵਿੱਚ ਬੰਦ ਨਸ਼ੇ ਦੇ ਸੌਦਾਗਰਾਂ ਦੇ ਘਰਾਂ ਤੇ ਪੀਲਾ ਪੰਜਾ ਚਲਾ ਘਰ ਨੂੰ ਇਕ ਮਿੰਟ ਵਿੱਚ ਮਲਬੇ ਵਿੱਚ ਤਬਦੀਲ ਕਰ ਦਿੱਤਾ ਗਿਆ।ਇਸ ਸਬੰਧੀ ਜਾਣਕਾਰੀ ਮੌਕੇ ਤੇ ਪੁੱਜੇ



ਸੀਨੀਅਰ ਪੁਲਸ ਕਪਤਾਨ ਸ਼ਹੀਦ ਭਗਤ ਸਿੰਘ ਨਗਰ ਡਾ ਮਹਿਤਾਬ ਸਿੰਘ ਨੇ ਦੱਸਿਆ ਕਿ ਕੁਲਦੀਪ ਕੁਮਾਰ ਉਰਫ ਦੀਪਾ ਪੁੱਤਰ ਸਲਿੰਦਰ ਕੁਮਾਰ ਜੋ ਨਸ਼ੇ ਦਾ ਕਾਰੋਬਾਰ ਕਰਦਾ ਹੈ ਜਿਸ ਤੇ 12 ਐਂਨ ਡੀ ਪੀ ਐਸ ਅਧੀਨ ਮਾਮਲੇ ਦਰਜ ਹਨ ,ਜਦੋ ਕਿ ਇਸ ਦੇ ਹੋਰ ਪਰਿਵਾਰ ਮੈਂਬਰਾ ਤੇ ਵੀ ਐਂਨ ਡੀ ਪੀ ਐਸ ਅਧੀਨ ਮਾਮਲੇ ਦਰਜ ਹਨ ।ਉਨਾਂ ਦੱਸਿਆ ਇਸ ਦੇ ਪਿਤਾ ਸੁਲਿੰਦਰ ਕੁਮਾਰ ਉਰਫ ਛਿੰਦਾ ਪੁੱਤਰ ਗਵਰਧਨ ਜਿਸ ਤੇ 8 ਐਂਨ ਡੀ ਪੀ ਐਸ ਅਧੀਨ ਮਾਮਲੇ ਦਰਜ ਹਨ ।ਜੋ ਉਕਤ ਮਾਮਲੇ ਕਾਰਨ ਜੇਲ੍ਹ ਵਿੱਚ ਬੰਦ ਹਨ।ਉਨਾਂ ਦੱਸਿਆ ਕਿ ਸਰਕਾਰ ਦੁਆਰਾ ਚਲਾਈ ਯੁੱਧ ਨਸ਼ਿਆ ਵਿਰੁੱਧ ਮੁਹਿੰਮ ਤਹਿਤ ਜ਼ਿਲਾ ਸ਼ਹੀਦ ਭਗਤ ਸਿੰਘ ਨਗਰ ਪੁਲਸ ਦੁਆਰਾ 1 ਹਜ਼ਾਰ ਤੋ ਵੱਧ ਐਂਨ ਡੀ ਪੀ ਐਸ ਮਾਮਲੇ ਦਰਜ਼ ਕਰ 1200 ਤੋ ਵੱਧ ਨਸ਼ੇ ਦੇ ਸੌਦਾਗਰਾਂ ਨੂੰ ਜੇਲ ਭੇਜਿਆ ਜਾ ਚੁੱਕਾ ਹੈ ਜਿਨਾਂ ਵਿੱਚੋ 13 ਡੱਰਗ ਦੇ ਸੋਦਾਗਰਾਂ ਦੀ 1 ਕਰੋੜ ਤੋਂ ਵੱਧ ਦੀ ਪ੍ਰਾਪਟੀ ਵੀ ਸੀਲ ਕੀਤੀ ਗਈ ਹੈ।

# ਸ੍ਰੀ ਗੁਰੂ ਤੇਗ ਬਹਾਦੁਰ ਜੀ ਨੇ ਸ਼ਹਾਦਤ ਦੇ ਕੇ ਮੰਦਰਾਂ ਤੇ ਹੋਰ ਧਾਰਮਿਕ ਸਥਾਨਾਂ ਨੂੰ ਬਚਾਇਆ : ਚਾਵਲਾ

**ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਦੇ ਇਲਾਕੇ ਅੰਦਰ ਸ੍ਰੀ ਗੁਰੂ ਤੇਗ ਬਹਾਦੁਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਅਰੰਭ ਕੀਤੀਆਂ ਪ੍ਰਭਾਤ ਫੇਰੀਆਂ 13



ਅਕਤੂਬਰ ਨੂੰ ਕਿਲਾ ਹੋਲਗੜ ਸਹਿਬ,ਅਗੰਮਪੁਰ, ਟੱਪਰੀਆਂ, ਗਰਾ, ਗਨਾਰੂ, ਮਜਾਰਾ, ਲੰਗ ਮਜਾਰੀ, ਚੰਡੇਸਰ, ਮਹਿਰੋਲੀ, ਮੱਥੁਰਾ ਵਿਖੇ ਪੁੱਜੀ ਜਿਥੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸੁਆਗਤ ਕੀਤਾ। ਇਸ ਮੌਕੇ ਸੰਗਤ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਨੇ ਕਿਹਾ ਕਿ ਹਿੰਦ ਵਾਸੀਆਂ ਨੂੰ ਉਹ ਦਿਨ ਕਦੇ ਨਹੀ ਭੁੱਲਣੇ ਚਾਹੀਦੇ ਜਦ ਔਰੰਗਜ਼ੇਬ ਹਿੰਦੂ ਧਰਮ ਦੇ ਮੰਦਰ ਸ਼ਵਾਲੇ ਢੁਆਉਣ ਦੇ ਹੁਕਮ ਚਾੜ ਰਿਹਾ ਸੀ ਪਰ ਸ੍ਰੀ ਗੁਰੂ ਤੇਗ ਬਹਾਦੁਰ ਮਹਾਰਾਜ ਨੇ ਆਪਣੀ ਸ਼ਹਾਦਤ ਦੇ ਕੇ ਇਹਨਾਂ ਮੰਦਰਾ ਅਤੇ ਹੋਰ ਧਾਰਮਿਕ ਸਥਾਨਾਂ ਨੂੰ ਬਚਾਇਆ ਅਤੇ ਅੱਜ ਇਸ ਦੇਸ਼ ਅੰਦਰ ਹਰ ਕਿਸੇ ਨੂੰ ਵੀ ਆਪਣੇ ਧਰਮ ਦੀ ਪੂਜਾ ਕਰਨ ਦਾ ਅਧਿਕਾਰ ਹਾਸਿਲ ਹੈ। ਇਸ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ ਸੁਰਿੰਦਰ ਸਿੰਘ ਮਟੌਰ, ਬਾਬਾ ਮਲਕੀਤ ਸਿੰਘ, ਹਰਦੇਵ ਸਿੰਘ ਦੇਬੀ, ਪ੍ਰਿੰਸੀਪਲ ਨਿਰੰਜਣ ਸਿੰਘ, ਅਮਰਜੀਤ ਸਿੰਘ, ਸਰਪੰਚ ਤੇਗਵੀਰ ਸਿੰਘ, ਪ੍ਰਧਾਨ ਕੁਲਵੰਤ ਸਿੰਘ ਟੱਪਰੀਆਂ, ਬਲਵੀਰ ਸਿੰਘ, ਹਰਮਿੰਦਰ ਸਿੰਘ, ਅਜਮੇਰ ਸਿੰਘ, ਰਾਮ ਸਿੰਘ ਮਜਾਰਾ, ਪ੍ਰਧਾਨ ਮਲਕੀਤ ਸਿੰਘ, ਮਾਸਟਰ ਅੰਮ੍ਰਿਤ ਪਾਲ, ਭਜਨ ਸਿੰਘ, ਸਰਪੰਚ ਰਘਵੀਰ ਕੁਮਾਰ ਗਨਾਰੂ ਵਿਨੋਦ ਕੁਮਾਰ, ਰਜੇਸ਼ ਕੁਮਾਰ, ਰਾਮਸਰੂਪ ਸਿੰਘ, ਸਰਪੰਚ ਸਤਵੀਰ ਸਿੰਘ ਆਦਿ ਹਾਜ਼ਰ ਸਨ।

# ਜਵੈਲਰੀ ਮੇਕਿੰਗ ਤੇ ਮਹਿੰਦੀ ਪ੍ਰਤੀਯੋਗਤਾ ਦਾ ਆਯੋਜਨ



**ਕਪੂਰਥਲਾ (ਹਨੀ)**- ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਵਿਖੇ ਡਾਇਰੈਕਟਰ ਇੰਜੀਨੀਅਰ ਹਰਨਿਆਮਤ ਕੌਰ ਦੀ ਅਗਵਾਈ ਵਿੱਚ ਕਰਵਾ ਚੌਥ ਦੇ ਪਵਿੱਤਰ ਦਿਹਾੜੇ ਨੂੰ ਸਮਰਪਤ ਜਵੈਲਰੀ ਮੇਕਿੰਗ ਅਤੇ ਮਹਿੰਦੀ ਪ੍ਰਤੀਯੋਗਤਾ ਦਾ ਆਯੋਜਨ ਕੀਤਾ ਗਿਆ। ਛੇਵੀਂ ਤੋਂ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਜਵੈਲਰੀ ਮੇਕਿੰਗ ਪ੍ਰਤੀਯੋਗਤਾ ਵਿਚ ਹਿੱਸਾ ਲਿਆ। ਛੇਵੀਂ ਜਮਾਤ 'ਚੋਂ ਏਕਮਜੋਤ ਪਹਿਲੇ, ਗੁਰਨੂਰ ਕੌਰ ਦੂਜੇ ਅਤੇ ਮਨਪ੍ਰੀਤ ਕੌਰ ਤੀਜੇ ਸਥਾਨ 'ਤੇ ਰਹੀ। ਸੱਤਵੀਂ ਜਮਾਤ ਖੁਸ਼ਦੀਪ ਪਹਿਲੇ, ਸਮਰੀਤ ਕੌਰ ਦੂਜੇ ਅਤੇ ਮਹਿਕ ਤੀਜੇ ਸਥਾਨ 'ਤੇ ਰਹੀ। ਅੱਠਵੀਂ ਜਮਾਤ 'ਚੋਂ ਹਰਲੀਨ ਕੌਰ ਪਹਿਲੇ, ਰਿਧੀਮਾ ਤੇ ਮਨਵੀਰ ਦੂਜੇ ਅਤੇ ਜਸ਼ਨਪ੍ਰੀਤ ਕੌਰ ਤੀਜੇ ਸਥਾਨ 'ਤੇ ਰਹੀ। ਨੌਵੀਂ ਤੋਂ ਬਾਰਵੀਂ ਜਮਾਤ ਦੇ ਵਿਦਿਆਰਥੀਆਂ ਮਹਿੰਦੀ ਲਗਾਉਣ ਦੀ ਪ੍ਰਤੀਯੋਗਤਾ ਵਿਚ ਹਿੱਸਾ ਲਿਆ। ਦਸਵੀਂ ਜਮਾਤ ਦੀ ਇਸ਼ਮੀਤ ਪਹਿਲੇ, ਗਿਆਰਵੀਂ ਦੀ ਐਸ਼ਮੀਤ ਦੂਸਰੇ ਅਤੇ ਬਾਰ੍ਹਵੀਂ ਜਮਾਤ ਦੀ ਗੁਰਲੀਨ ਤੀਜੇ ਸਥਾਨ 'ਤੇ ਰਹੀ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਡਾਇਰੈਕਟਰ ਸਕੂਲ ਇੰਜੀਨੀਅਰ ਹਰਨਿਆਮਤ ਕੌਰ ਅਤੇ ਪ੍ਰਸ਼ਾਸ਼ਕ ਇੰਜੀਨੀਅਰ ਨਿਮਰਤਾ ਕੌਰ ਨੂੰ ਵਧਾਈ ਦਿੱਤੀ ਤੇ ਪ੍ਰਤੀਯੋਗਤਾ ਵਿਚ ਹਿੱਸਾ ਲੈਣ ਵਾਲੀਆਂ ਵਿਦਿਆਰਥਣਾਂ ਵੱਲੋਂ ਦਿਖਾਈ ਕਲਾ ਦੀ ਪ੍ਰਸ਼ੰਸਾ ਕੀਤੀ।

# ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਲਾਈਆਂ

**ਅੱਡਾ ਸਰਾਂ (ਜਸਵੀਰ ਕਾਜਲ)**- ਸਿਵਲ ਸਰਜਨ ਹੁਸ਼ਿਆਰਪੁਰ ਡਾ. ਬਲਵੀਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪਲਸ ਪੋਲਿਉ ਮਹਿਮ ਤਹਿਤ ਬਸ ਸਟੈਂਡ ਹਰਿਆਣਾ ਵਿਖੇ ਕਾਰਜਕਾਰੀ ਐਸ ਐਮ ਉ, ਸੀ ਐਚ ਸੀ ਭੂੰਗਾਂ ਡਾ, ਜਗਤਾਰ ਸਿੰਘ ਹੁਕਮਾਂ ਤਹਿਤ ਹਰਵਿੰਦਰ ਪਾਲ, ਜਸਵੀਰ, ਸਿੰਘ, ਰਾਜੀਵ ਪ੍ਰਕਾਸ਼ ਵੱਲੋਂ 0 ਤੋਂ 5 ਸਾਲ ਦੇ ਬੱਚਿਆਂ ਨੂੰ ਪੋਲੀਓ ਮੋਹਿਮ ਤਹਿਤ, ਪੋਲੀਓ ਰੋਕੂ ਬੂੰਦਾਂ ਪਲਾਈਆਂ ਗਈਆਂ। ਇਸ ਮੌਕੇ



ਕਾਰਜਕਾਰੀ ਐਸ ਐਮ ਓ ਡਾ. ਜਗਤਾਰ ਸਿੰਘ ਨੇ ਕਿਹਾ ਕਿ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਆਉਣਾ ਸਾਡੀ ਨੈਤਿਕ ਜ਼ੁਮੇਵਾਰੀ ਵੀ ਬਣਦੀ ਹੈ ਤਾਂ ਜੋ ਬੀਮਾਰੀ ਨੂੰ ਜੜ ਤੋਂ ਖਤਮ ਕੀਤਾ ਜਾ ਸਕੇ। ਇਸ ਮੌਕੇ ਹਰਵਿੰਦਰ ਪਾਲ, ਜਸਤਦਿਰ ਸਿੰਘ, ਅਮਿਤ ਕੁਮਾਰ ਵੀ ਹਾਜ਼ਰ ਸਨ।

# ਖ਼ੂਨਦਾਨ ਕੈਂਪ ਲਗਾਇਆ

**ਅੱਡਾ ਸਰਾਂ (ਜਸਵੀਰ ਕਾਜਲ)**- ਬ੍ਰਹਮ ਗਿਆਨੀ ਧੰਨ ਧੰਨ ਬਾਬਾ ਬਿਸ਼ਨ ਸਿੰਘ ਜੀ ਕੰਧਾਲਾ ਜੱਟਾਂ ਵਿਖੇ ਬਰਸੀ ਮੌਕੇ ਗੰਗਾ ਔਰੋਥੋ ਬਲੱਡ ਸੈਂਟਰ ਜਲੰਧਰ ਅਤੇ ਪ੍ਰਦੀਪ



ਕਲੀਨਿਕਲ ਲੈਬੋਰਟਰੀ ਅੱਡਾ ਸਰਾਂ ਕੰਧਾਲਾ ਜੱਟਾਂ ਦੀ ਪੂਰੀ ਟੀਮ ਵੱਲੋਂ ਖ਼ੂਨਦਾਨ ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਦੇ ਕਰੀਬ ਸੇਵਾਦਾਰ ਦਾਨੀਆਂ ਨੇ ਖ਼ੂਨਦਾਨ ਕੀਤਾ ਅਤੇ ਲੋੜਵੰਦ ਮਰੀਜ਼ਾਂ ਦੇ ਫਰੀ ਟੈਸਟ ਵੀ ਕੀਤੇ ਗਏ। ਇਸ ਕੈਂਪ ਦੌਰਾਨ ਲੈਬੋਟਰੀ ਟੈਕਨੀਸ਼ੀਅਨ ਪ੍ਰਦੀਪ ਸਿੰਘ, ਲਖਵੀਰ ਸਿੰਘ, ਡਾ. ਚਰਨਜੀਤ ਸਿੰਘ, ਜਸਵੀਰ ਲੱਕੀ, ਅਮਰਜੀਤ ਹੀਰ,ਵਿੱਕ ਸਿੰਘ,ਅਤੇ ਗੁਰਦੁਆਰਾ ਬਾਬਾ ਬਿਸ਼ਨ ਸਿੰਘ ਜੀ ਦੀ ਪ੍ਰਬੰਧਕ ਕਮੇਟੀ ਮੈਂਬਰ ਹਾਜ਼ਰ ਸਨ।

# ਕਟਾਰੂ ਚੱਕ ਨੇ ਦਾਣਾ ਮੰਡੀ 'ਚ ਲਿਆ ਝੋਨੇ ਦੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ



**ਬੰਗਾ (ਅਵਤਾਰ ਕਲੇਰ, ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਪੰਜਾਬ ਦੇ ਖੁਰਾਕ ਅਤੇ ਸਿਵਲ ਸਪਲਾਈਜ ਮੰਤਰੀ ਲਾਲ ਚੰਦ ਕਟਾਰੂਚੱਕ ਨੇ 13 ਅਕਤੂਬਰ ਨੂੰ ਸਥਾਨਕ ਦਾਣਾ ਮੰਡੀ ਵਿਖੇ ਝੋਨੇ ਦੀ ਖਰੀਦ ਦਾ ਜਾਇਜ਼ਾ ਲੈਂਦਿਆਂ ਕਿਹਾ ਕਿ ਸੂਬੇ ਦੀਆਂ ਮੰਡੀਆਂ ਵਿੱਚ ਝੋਨੇ ਦੀ ਖਰੀਦ ਸੁਚੱਜੇ ਢੰਗ ਨਾਲ ਜਾਰੀ ਹੈ ਅਤੇ ਹੁਣ ਤੱਕ ਕੁੱਲ 18 ਲੱਖ ਮੀਟਰਿਕ ਟਨ ਝੋਨੇ ਦੀ ਆਮਦ ਵਿਚ 17 ਲੱਖ ਮੀਟਰਿਕ ਟਨ ਤੋਂ ਵੱਧ ਫਸਲ ਖਰੀਦੀ ਜਾ ਚੁੱਕੀ ਹੈ। ਮੰਡੀ ਵਿੱਚ ਖਰੀਦ ਦੇ ਜਾਇਜ਼ੇ ਉਪਰੰਤ ਖੁਰਾਕ ਤੇ ਸਿਵਲ ਸਪਲਾਈਜ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਦੱਸਿਆ ਕਿ ਪੰਜਾਬ ਵਿੱਚ 1822 ਮੰਡੀਆਂ ਵਿੱਚ ਖਰੀਦ ਪ੍ਰਕਿਰਿਆ ਜਾਰੀ ਹੈ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ 'ਤੇ ਰੋਜ਼ਾਨਾਂ ਮੰਡੀਆਂ ਦਾ ਦੌਰਾ ਕਰਕੇ ਖਰੀਦ ਪ੍ਰਬੰਧਾਂ ਦੀ ਸਮੀਖਿਆ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਕਿਸਾਨਾਂ, ਆੜਤੀਆਂ ਅਤੇ ਮਜ਼ਦੂਰਾਂ ਦੀ ਸਹੂਲਤ ਦੇ ਮੱਦੇਨਜ਼ਰ ਹਰ ਪੱਖੋਂ ਲੋੜੀਂਦੇ ਇੰਤਜਾਮ ਕੀਤੇ ਗਏ ਹਨ ਜਿਨ੍ਹਾਂ ਸਦਕਾ ਫਸਲ ਦੀ ਖਰੀਦ ਸੁਖਾਲੇ ਢੰਗ ਨਾਲ ਯਕੀਨੀ ਬਣਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਰਾਜ ਅੰਦਰ ਹੁਣ ਤੱਕ ਖਰੀਦੀ ਫਸਲ ਦੇ ਇਵਜ ਵਿੱਚ ਕਿਸਾਨਾ ਦੇ ਖਾਤਿਆਂ ਵਿੱਚ 3215 ਕਰੋੜ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ।ਇਸ ਮੌਕੇ ਵਿਧਾਇਕ ਡਾ. ਸੁਖਵਿੰਦਰ ਕੁਮਾਰ ਸੁੱਖੀ, ਡਿਪਟੀ ਕਮਿਸਨਰ ਅੰਕੁਰਜੀਤ ਸਿੰਘ, ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਕੁਲਜੀਤ ਸਿੰਘ ਸਰਹਾਲ, ਹਰਜੋਤ ਕੌਰ ਲੋਹਟੀਆ ਅਤੇ ਹੋਰ ਅਧਿਕਾਰੀ ਮੌਜੂਦ ਸਨ।

# ਜਨਗਣਨਾ-2027 ਦੀ ਤਿਆਰੀ ਸੰਬੰਧੀ ਮੀਟਿੰਗ

**● ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਲੋੜੀਂਦੇ ਸੁਧਾਰ ਕਰਨ ਦੇ ਦਿੱਤੇ ਦਿਸ਼ਾ-ਨਿਰਦੇਸ਼**

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੀ ਪ੍ਰਧਾਨਗੀ ਹੇਠ 13 ਅਕਤੂਬਰ ਨੂੰ ਹੁਸ਼ਿਆਰਪੁਰ ਵਿਚ ਜਨਗਣਨਾ-2027 ਦੀ ਤਿਆਰੀ ਸਬੰਧੀ ਇਕ ਮਹੱਤਵਪੂਰਨ ਮੀਟਿੰਗ ਕੀਤੀ ਗਈ। ਇਹ ਮੀਟਿੰਗ ਭਾਰਤ



ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਕੀਤੀ ਗਈ, ਜਿਸ ਵਿਚ ਜਨਗਣਨਾ ਵਿਭਾਗ ਚੰਡੀਗੜ੍ਹ ਤੋਂ ਸਹਾਇਕ ਡਾਇਰੈਕਟਰ ਸਵਦੇਸ਼ ਪ੍ਰਤਾਪ ਸਿੰਘ ਅਤੇ ਜ਼ਿਲ੍ਹਾ ਇੰਚਾਰਜ ਅੰਕਿਤ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਮੀਟਿੰਗ ਦੌਰਾਨ ਜਨਗਣਨਾ ਵਿਭਾਗ ਵੱਲੋਂ ਹਾਲ ਹੀ ਵਿਚ ਜਾਰੀ ਸਰਕੂਲਰਾਂ, ਅਧਿਕਾਰ ਖੇਤਰ ਢਾਂਚਾ, ਪੇਂਡੂ-ਸ਼ਹਿਰੀ ਵਰਗੀਕਰਨ, ਬਾਹਰੀ ਵਿਕਾਸ ਖੇਤਰ ਅਤੇ ਸ਼ਹਿਰੀ ਸਮੂਹੀਕਰਨ ਅਤੇ ਬੇਸ ਮੈਪ ਦੀ ਅਪਡੇਟਿੰਗ ਦੇ ਬਾਰੇ ਵਿਚ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਅਧਿਕਾਰੀਆਂ ਨੇ ਕਿਹਾ ਇਨ੍ਹਾਂ ਬਿੰਦੂਆਂ ਨੂੰ ਸਹੀ ਅਤੇ ਸਮੇਂ ਸਿਰ ਅੱਪਡੇਟ ਕਰਨਾ ਜਨਗਣਨਾ-2027 ਦੀ ਸਫਲਤਾ ਦੇ ਲਈ ਜ਼ਰੂਰੀ ਹੈ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਹਾਜ਼ਰ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਪੇਂਡੂ ਖੇਤਰਾਂ ਵਿਚ ਤਹਿਸੀਲਦਾਰਾਂ ਅਤੇ ਸ਼ਹਿਰੀ ਖੇਤਰਾਂ ਵਿਚ ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਵੱਲੋਂ ਭੇਜੀਆਂ ਗਈਆਂ ਰਿਪੋਰਟਾਂ ਦੀ ਮੁੜ ਜਾਂਚ ਕੀਤੀ ਜਾਵੇ। ਲੋੜੀਂਦੇ ਸੁਧਾਰ ਕਰਨ ਅਤੇ ਸੋਧੀਆਂ ਰਿਪੋਰਟਾਂ ਨੂੰ ਤੁਰੰਤ ਜਨਗਣਨਾ ਭਵਨ ਨੂੰ ਭੇਜਣ ਦੇ ਨਿਰਦੇਸ਼ ਦਿੱਤੇ ਗਏ। ਉਨ੍ਹਾਂ ਕਿਹਾ ਕਿ ਇਸ ਕੰਮ ਨੂੰ ਪੂਰੀ ਗੰਭੀਰਤਾ, ਸ਼ੁੱਧਤਾ ਅਤੇ ਨਿਰਧਾਰਤ ਸਮਾਂ ਸੀਮਾ ਦੇ ਅੰਦਰ ਪੂਰਾ ਕੀਤਾ ਜਾਵੇ, ਤਾਂ ਜੋ ਜਨਗਣਨਾ ਪ੍ਰਕਿਰਿਆ ਵਿਚ ਦੇਰੀ ਨਾ ਹੋਵੇ।

# ਆਮ ਆਦਮੀ ਪਾਰਟੀ ਦੀ ਮੀਟਿੰਗ



**ਬਲਾਚੌਰ (ਜਸਵਿੰਦਰ ਬੈਂਸ)**- ਮੀਡੀਆ ਵਿੰਗ ਦੁਆਬਾ ਜੋਨ ਆਮ ਆਦਮੀ ਪਾਰਟੀ ਦੀ ਮੀਟਿੰਗ ਸਰਕਟ ਹਾਊਸ ਜਲੰਧਰ ਵਿਖੇ ਹੋਈ। ਇਹ ਮੀਟਿੰਗ ਦੁਆਬਾ ਜੋਨ ਦੇ ਇੰਚਾਰਜ ਤਰਨਦੀਪ ਸਿੰਘ ਸੰਨੀ ਅਤੇ ਦੁਆਬਾ ਜੋਨ ਦੇ ਸੈਕਟਰੀ ਆਤਮ ਪ੍ਰਕਾਸ਼ ਬੱਬਲੂ ਵਲੋਂ ਜ਼ਿਲ੍ਹਾ ਹੁਸ਼ਿਆਰਪੁਰ, ਕਪੂਰਥਲਾ, ਜਲੰਧਰ ਅਤੇ ਨਵਾਂਸ਼ਹਿਰ ਦੇ ਜਿੰਨੇ ਵੀ ਜਿਲ੍ਹਾ ਮੀਡੀਆ ਇੰਚਾਰਜ, ਜ਼ਿਲ੍ਹਾ ਮੀਡੀਆ ਸੈਕਟਰੀ, ਅਤੇ ਹਲਕਾ ਮੀਡੀਆ ਇੰਚਾਰਜ ਤੇ ਸਹਾਇਕ ਮੀਡੀਆ ਇੰਚਾਰਜ ਲਗਾਏ ਗਏ ਸਨ। ਉਹਨਾਂ ਨਾਲ ਮੀਟਿੰਗ ਕੀਤੀ। ਆਮ ਆਦਮੀ ਪਾਰਟੀ ਪੰਜਾਬ ਦੇ ਇੰਚਾਰਜ ਮੁਨੀਸ਼ ਸਿਸੋਦੀਆ ਤੇ ਦੀਪਕ ਬਾਲੀ ਜਨਰਲ ਸੈਕਟਰੀ ਪੰਜਾਬ ਅਤੇ ਸੀਨੀਅਰ ਲੀਡਰਸ਼ਿਪ ਵਲੋਂ ਜੋ ਵੀ ਹਦਾਇਤਾਂ ਜਾਰੀ ਕੀਤੀਆਂ ਗਈਆਂ ਸਨ ਉਸ ਸਬੰਧੀ ਜਿੰਨੇ ਵੀ ਮੀਡੀਆ ਇੰਚਾਰਜ ਲੱਗੇ ਹਨ ਨਾਲ ਮੀਟਿੰਗ ਕੀਤੀ। ਤਰਨਦੀਪ ਸੰਨੀ ਨੇ ਸਾਰੇ ਹੀ ਅਹੁਦੇਦਾਰਾਂ ਨੂੰ ਮੀਡੀਆ ਸੰਬੰਧੀ ਵਿਸਥਾਰ ਨਾਲ ਜਾਣਕਾਰੀ ਦਿੱਤੀ ਤੇ ਆਮ ਆਦਮੀ ਪਾਰਟੀ ਦੇ ਦਿਸ਼ਾ ਨਿਰਦੇਸ਼ ਅਨੁਸਾਰ ਕੰਮ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਤਰਨਦੀਪ ਸੰਨੀ ਤੇ ਆਤਮਪ੍ਰਕਾਸ਼ ਬਬਲੂ ਨੇ ਨਵ ਨਿਯੁਕਤ ਮੀਡੀਆ ਇੰਚਾਰਜ ਤੇ ਸਹਿ ਮੀਡੀਆ ਇੰਚਾਰਜਾਂ ਦਾ ਸਨਮਾਨ ਵੀ ਕੀਤਾ।

# ਕਈ ਦਹਾਕਿਆਂ ਬਾਅਦ ਝੰਜੇੜੀ ਸਬ-ਯਾਰਡ 'ਚ ਹੋਈ ਝੋਨੇ ਦੀ ਖਰੀਦ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਸ੍ਰੀ ਆਨੰਦਪੁਰ ਸਾਹਿਬ ਤੋਂ ਲੋਕ ਸਭਾ ਮੈਂਬਰ ਮਲਵਿੰਦਰ ਸਿੰਘ ਕੰਗ ਦੇ ਯਤਨਾਂ ਸਦਕਾ 13 ਅਕਤੂਬਰ ਨੂੰ ਕਈ ਦਹਾਕਿਆਂ ਬਾਅਦ ਝੰਜੇੜੀ ਪਿੰਡ ਦੀ ਮੰਡੀ ਵਿੱਚ ਝੋਨੇ ਦੀ ਖਰੀਦ ਰਸਮੀ ਤੌਰ ਤੇ ਸ਼ੁਰੂ ਹੋ ਗਈ। ਐਮ ਪੀ ਮਲਵਿੰਦਰ ਸਿੰਘ ਕੰਗ ਨੇ ਇਸ ਮੌਕੇ ਕਿਸਾਨਾਂ ਨੂੰ ਭਰੋਸਾ ਦਿੱਤਾ ਕਿ ਹਾੜੀ ਦੇ ਸੀਜ਼ਨ ਤੱਕ ਇਸ ਮੰਡੀ ਨੂੰ ਹੋਰ ਵੱਡਾ ਕਰਨ ਦੀ ਪੁਰਜੋਰ ਕੋਸ਼ਿਸ਼ ਕੀਤੀ ਜਾਵੇਗੀ। ਹਾਲ ਦੀ ਘੜੀ ਇਹ



ਸਾਢੇ ਪੰਜ ਏਕੜ ਵਿੱਚ ਖਰੜ ਮੰਡੀ ਦਾ ਆਰਜ਼ੀ ਖਰੀਦ ਕੇਂਦਰ ਬਣਾਇਆ ਗਿਆ ਹੈ, ਜਿਸ ਨਾਲ ਇਸ ਦੇ ਆਲੇ ਦੁਆਲੇ ਦੇ 20 ਦੇ ਕਰੀਬ ਪਿੰਡਾਂ ਦੇ ਕਿਸਾਨਾਂ ਨੂੰ ਲਾਭ ਮਿਲੇਗਾ।

# ਬੁਨਿਆਦੀ ਢਾਂਚੇ ਦੇ ਅਪਗ੍ਰੇਡ ਕੰਮਾਂ ਵਾਸਤੇ ਗਮਾਡਾ ਦੇ ਮੁੱਖ ਪ੍ਰਸ਼ਾਸਕ ਨਾਲ ਮੀਟਿੰਗ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਮੋਹਾਲੀ ਹਲਕੇ ਦੇ ਗਮਾਡਾ ਨਾਲ ਸਬੰਧਤ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਅੱਗੇ ਵਧਾਉਣ ਲਈ ਹਲਕਾ ਵਿਧਾਇਕ ਕੁਲਵੰਤ ਸਿੰਘ ਵੱਲੋਂ 13 ਅਕਤੂਬਰ ਨੂੰ ਗਮਾਡਾ ਦੇ ਮੁੱਖ ਪ੍ਰਸ਼ਾਸਕ ਵਿਸ਼ੇਸ਼ ਸਾਰੰਗਲ ਤੇ ਗਮਾਡਾ ਦੇ ਹੋਰ ਅਧਿਕਾਰੀਆਂ ਨਾਲ ਵਿਸਥਾਰਪੂਰਵਕ ਮੀਟਿੰਗ ਕੀਤੀ ਗਈ। ਇਸ ਮੀਟਿੰਗ ਦੌਰਾਨ ਮੋਹਾਲੀ ਦੇ ਕਈ ਮਹੱਤਵਪੂਰਨ ਸੜਕੀ ਅਤੇ ਚੌਂਕਾਂ ਦੇ ਵਿਕਾਸ ਪ੍ਰੋਜੈਕਟਾਂ ਸਬੰਧੀ ਚਰਚਾ ਕੀਤੀ ਗਈ। ਹਲਕੇ ਦੇ ਵਿਕਾਸ ਪ੍ਰੋਜੈਕਟਾਂ ਸਬੰਧੀ ਵਿਧਾਇਕ ਕੁਲਵੰਤ ਸਿੰਘ ਨੇ ਪੀ.ਆਰ. 7 ਸੜਕ 'ਤੇ ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ, ਸੈਕਟਰ 69-



68/78-79 ਇੰਟਰਸੈਕਸ਼ਨ ਅਤੇ ਆਈਸਰ ਲਾਈਟ ਪੁਆਇੰਟ 'ਤੇ ਚੌਂਕਾਂ ਦੀ ਉਸਾਰੀ ਦਾ ਕੰਮ ਜਲਦ ਸ਼ੁਰੂ ਕਰਨ ਲਈ ਕਿਹਾ। ਇਸ ਤੋਂ ਇਲਾਵਾ ਏਅਰੋਸਿਟੀ ਖੇਤਰ ਵਿੱਚ ਪੀ.ਆਰ. 7 ਸੜਕ 'ਤੇ ਤਿੰਨ ਹੋਰ ਚੌਂਕਾਂ ਦੀ ਉਸਾਰੀ ਸਬੰਧੀ ਮੁੱਦਾ ਵੀ ਵਿਚਾਰਿਆ ਗਿਆ।

# ਸਰਕਾਰੀ ਪੋਲੀਟੈਕਨਿਕ ਕਾਲਜ ਵਿਖੇ ਮਾਨਕ ਐਕਸਪੋ

**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)**- ਵਿਸ਼ਵ ਮਾਨਕ ਦਿਵਸ-2025 ਦੇ ਸਮਾਰੋਹਾਂ ਦੇ ਹਿੱਸੇ ਵਜੋਂ ਬਿਊਰੋ ਆਫ ਇੰਡੀਅਨ ਸਟੈਂਡਰਡਜ਼ (ਬੀ ਆਈ ਐਸ) ਚੰਡੀਗੜ੍ਹ ਸ਼ਾਖਾ ਦਫ਼ਤਰ ਵੱਲੋਂ 13 ਅਕਤੂਬਰ ਨੂੰ ਪੰਡਿਤ ਜਗਤ ਰਾਮ ਸਰਕਾਰੀ ਪੋਲੀਟੈਕਨਿਕ ਕਾਲਜ, ਹੁਸ਼ਿਆਰਪੁਰ ਵਿਖੇ ਮਾਨਕ ਐਕਸਪੋ (ਕਾਰਨੀਵਲ) ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਵਿਚ 17 ਸਕੂਲਾਂ ਦੇ 600 ਵਿਦਿਆਰਥੀਆਂ ਅਤੇ 30 ਅਧਿਆਪਕਾਂ ਨੇ ਉਤਸ਼ਾਹਪੂਰਵਕ ਹਿੱਸਾ ਲਿਆ।ਸਹਾਇਕ ਕਮਿਸ਼ਨਰ ਪਰਮਪ੍ਰੀਤ ਸਿੰਘ ਨੇ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸਮਾਗਮ ਦੀ ਸ਼ੁਰੂਆਤ ਨਿਰਦੇਸ਼ਕ ਅਤੇ ਮੁਖੀ, ਬੀ.ਆਈ.ਐਸ. ਚੰਡੀਗੜ੍ਹ ਸ਼ਾਖਾ ਵਿਸ਼ਾਲ ਤੋਮਰ ਵੱਲੋਂ ਸਵਾਗਤੀ ਭਾਸ਼ਣ ਨਾਲ ਹੋਈ।



ਮੰਚ ਦੀ ਕਾਰਵਾਈ ਉਪ ਨਿਰਦੇਸ਼ਕ ਕੁਸ਼ਾਗਰ ਜਿੰਦਲ ਨੇ ਕੀਤਾ ਅਤੇ ਹਰਸ਼ ਸੌਂਕਰ ਨੇ ਵਿਸ਼ਵ ਮਾਨਕ ਦਿਵਸ ਦੀ ਮਹੱਤਤਾ ਅਤੇ ਬੀ.ਆਈ.ਐਸ ਦੀਆਂ ਵੱਖ-ਵੱਖ ਪਹਿਲਕਦਮੀਆਂ ਬਾਰੇ ਜਾਣਕਾਰੀ ਦਿੱਤੀ। ਇਸ ਦੌਰਾਨ ਕੁੱਲ 10 ਉਦਯੋਗਾਂ, ਜਿਵੇਂ ਕਿ ਹਾਕਿੰਸ, ਊਸ਼ਾ ਮਾਰਟਿਨ, ਸਰਸਵਤੀ ਪਲਾਈਵੁੱਡ, ਕੇ.ਟੀ.ਐਮ. ਪਲਾਈਵੁੱਡ ਅਤੇ ਸੈਨੇਟਰੀ ਨੈਪਕਿਨ ਨਿਰਮਾਤਾ ਨੇ ਆਪਣੇ ਉਤਪਾਦਾਂ ਦੇ ਸਟਾਲ ਲਗਾਏ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਭੇਜੇ ਗਏ ਸਵੈ ਸਹਾਇਤਾ ਸਮੂਹਾਂ ਨੇ ਵੀ ਪ੍ਰਦਰਸ਼ਨੀ ਵਿਚ ਭਾਗ ਲਿਆ। ਪੰਡਿਤ ਜਗਤ ਰਾਮ ਸਰਕਾਰੀ ਪੋਲੀਟੈਕਨਿਕ ਕਾਲਜ ਦੇ ਪ੍ਰਿੰਸੀਪਲ ਨੂੰ ਪ੍ਰੋਗਰਾਮ ਦੇ ਆਯੋਜਨ ਵਿਚ ਦਿੱਤੇ ਮਹੱਤਵਪੂਰਨ ਯੋਗਦਾਨ ਲਈ ਬੀ.ਆਈ.ਐਸ ਵੱਲੋਂ ਸਨਮਾਨਤ ਕੀਤਾ ਗਿਆ। ਇਸ ਮੌਕੇ ਵਿਦਿਆਰਥੀਆਂ ਵੱਲੋਂ ਸੱਭਿਆਚਾਰਕ ਪੇਸ਼ਕਾਰੀਆਂ ਦਿੱਤੀਆਂ ਗਈਆਂ ਅਤੇ ਉਨਾਂ ਦੇ ਨਾਚ, ਗੀਤ ਅਤੇ ਪੋਸਟਰ ਬਣਾਉਣ ਆਦਿ ਮੁਕਾਬਲੇ ਕਰਵਾਏ ਗਏ। ਪ੍ਰੋਗਰਾਮ ਦੇ ਅੰਤ ਵਿਚ ਜੇਤੂ ਵਿਦਿਆਰਥੀਆਂ ਅਤੇ ਸਕੂਲਾਂ ਨੂੰ ਇਨਾਮ ਦਿੱਤੇ ਗਏ।ਇਸ ਮੌਕੇ ਅੰਤਰਰਾਸ਼ਟਰੀ ਜਾਦੂਗਰ ਪ੍ਰਮੋਦ ਕੁਮਾਰ ਨੇ ਆਪਣੀ ਮਨਮੋਹਕ ਤੇ ਸ਼ਿਕਾਰੀ ਰਾਹੀਂ ਸਮਾਗਮ ਨੂੰ ਚਾਰ ਚੰਦ ਲਗਾਏ।

# ਡਾ. ਰਾਜੇਸ਼ ਗਰਗ ਨੇ ਸਿਵਲ ਸਰਜਨ ਦਾ ਅਹੁਦਾ ਸੰਭਾਲਿਆ

**ਜਲੰਧਰ (ਸ਼ੈਲੀ ਐਲਬਰਟ)**- ਡਾ. ਰਾਜੇਸ਼ ਗਰਗ ਵਲੋਂ ਸੋਮਵਾਰ ਨੂੰ ਸਿਵਲ ਸਰਜਨ ਜਲੰਧਰ ਦਾ ਅਹੁਦਾ ਸੰਭਾਲਿਆ ਗਿਆ। ਡਾ. ਰਾਜੇਸ਼ ਗਰਗ ਓਪਥੈਲਮੋਲੋਜਿਸਟ (ਅੱਖਾਂ ਦੇ ਰੋਗਾਂ ਦੇ ਮਾਹਿਰ) ਡਾਕਟਰ ਹਨ। ਉਨ੍ਹਾ ਵਲੋਂ ਸਿਹਤ ਵਿਭਾਗ ਪੰਜਾਬ 'ਚ ਸਾਲ 1995 ਵਿੱਚ ਪੀ.ਐਚ.ਸੀ. ਲੰਬੀ ਅਧੀਨ ਐਸ.ਐੱਚ.ਸੀ. ਮਨੀ ਖੇੜਾ ਜ਼ਿਲ੍ਹਾ ਮੁਕਤਸਰ ਵਿਖੇ ਬਤੌਰ ਮੈਡੀਕਲ ਅਫ਼ਸਰ ਆਪਣੀਆਂ ਸੇਵਾਵਾਂ ਦਾ ਸਫਰ ਸ਼ੁਰੂ ਕੀਤਾ ਗਿਆ। ਇਸ ਤੋਂ ਇਲਾਵਾ 1995 ਵਿੱਚ ਹੀ ਉਨ੍ਹਾਂ ਵੱਲੋਂ ਇਆਲੀ



ਖੁਰਦ ਪੀ.ਐਚ.ਸੀ. ਕੁਮਕਲਾਂ, ਲੁਧਿਆਣਾ ਵਿਖੇ ਬਤੌਰ ਮੈਡੀਕਲ ਅਫ਼ਸਰ, 2020 ਵਿੱਚ ਬਤੌਰ ਜ਼ਿਲ੍ਹਾ ਸਿਹਤ ਅਫ਼ਸਰ, ਲੁਧਿਆਣਾ ਵਿਖੇ, 2022 ਵਿੱਚ ਬਤੌਰ ਐਸ.ਐਮ.ਓ. ਮੰਡੀ ਅਹਿਮਦਗੜ੍ਹ ਸੰਗਰੂਰ ਵਿਖੇ ਅਤੇ 2024 ਵਿੱਚ ਬਤੌਰ ਐਸ.ਐਮ.ਓ. ਸੀ ਐਚ ਸੀ ਡੇਲੋਂ ਲੁਧਿਆਣਾ ਵਿਖੇ ਆਪਣੀਆਂ ਸੇਵਾਵਾਂ ਸੇਵਾਵਾਂ ਨਿਭਾਅ ਚੁੱਕੇ ਹਨ। ਸਿਵਲ ਸਰਜਨ ਦਾ ਅਹੁਦਾ ਸੰਭਾਲਣ 'ਤੇ ਡਾ. ਰਾਜੇਸ਼ ਗਰਗ ਦਾ ਸਿਵਲ ਸਰਜਨ ਦਫ਼ਤਰ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ।

# ਸੰਤੋਖ ਸਿੰਘ ਧੀਰ ਲਾਇਬਰੇਰੀ ਨੂੰ ਦਿੱਤੀਆਂ 300 ਕਿਤਾਬਾਂ



**ਚੰਡੀਗੜ੍ਹ (ਗੁਰਜੀਤ ਬਿੱਲਾ)**- ਨਗਰ ਨਿਗਮ ਮੁਹਾਲੀ ਵੱਲੋਂ ਮੇਅਰ ਸ੍ਰੀ ਅਮਰਜੀਤ ਸਿੰਘ ਜੀਤੀ ਸਿੱਧੂ, ਸੀਨੀਅਰ ਡਿਪਟੀ ਮੇਅਰ ਸ੍ਰੀ ਅਮਰੀਕ ਸਿੰਘ ਸੋਮਲ, ਡਿਪਟੀ ਮੇਅਰ ਸ੍ਰੀ ਕੁਲਜੀਤ ਸਿੰਘ ਬੇਦੀ ਅਤੇ ਤਮਾਮ ਮਿਉਸਪਲ ਕੌਂਸਲਰਾਂ ਦੇ ਭਰਵੇਂ ਸਹਿਯੋਗ ਨਾਲ ਪੰਜਾਬੀ ਸਾਹਿਤ ਦੀ ਝੋਲੀ ਚਾਲੀ ਤੋਂ ਉਪਰ ਪੁਸਤਕਾਂ ਪਾਉਂਣ ਵਾਲੇ ਬਹੁ-ਵਿਧਾਵੀ ਪੰਜਾਬੀ ਲੇਖਕ ਸਵਰਗੀ ਸੰਤੋਖ ਸਿੰਘ ਧੀਰ ਨੂੰ ਸਮਰਿਪਤ ਮੁਹਾਲੀ ਦੇ ਫੇਜ਼-10 ਸਥਿਤ ਸਿਲਵੀ ਪਾਰਕ ਵਿਚ ਸਥਾਪਤ ਕੀਤੀ ਸੰਤੋਖ ਸਿੰਘ ਧੀਰ ਲਾਈਬਰੇਰੀ ਨੂੰ ਦਿੱਤੀਆਂ ਤਿੰਨ ਸੌ ਕਿਤਾਬਾਂ। ਨਾਟਕਰਮੀ ਸੰਜੀਵਨ ਸਿੰਘ ਨੇ ਆਪਣੇ 64ਵੇਂ ਜਨਮ ਦਿਨ ਸ੍ਰੀ ਕੁਲਜੀਤ ਸਿੰਘ ਬੇਦੀ ਰਾਹੀਂ ਲਾਈਬਰੇਰੀ ਦੇ ਸੰਚਾਲਕ ਪ੍ਰੋਫੈਸਰ ਅੰਗਰੇਜ਼ ਸਿੰਘ ਚਾਹਿਲ ਨੂੰ ਸੌਂਪਦਿਆਂ ਕਿਹਾ ਕਿ ਅੱਜ ਦੇ ਆਪਾ-ਧਾਪੀ ਕੱਲਯੁਗੀ ਦੌਰ ਵਿਚ ਸਾਡੀ ਸਭ ਤੋਂ ਸੁਹਿਰਦ ਅਤੇ ਇਮਾਨਦਾਰ ਸਾਥੀ ਕਿਤਾਬ ਹੀ ਹੈ।ਕਿਤਾਬਾਂ ਸਾਨੂੰ ਹਰ ਸੰਕਟ ਅਤੇ ਦੁਬਿਧਾ 'ਚੋ ਕੱਢਣ ਦੇ ਸਮਰਥ ਹਨ।ਸ੍ਰੀ ਬੇਦੀ ਨੇ ਕਿਹਾ ਕਿ ਰੂਪ ਪਰਵਾਰ ਵੱਲੋਂ ਸੰਜੀਵਨ ਦੇ ਜਨਮ ਦਿਨ ਮੌਕੇ ਲਾਈਬਰੇਰੀ ਨੂੰ ਕਿਤਾਬਾਂ ਭੇਂਟ ਕਰਨੀਆਂ ਸ਼ਲਾਘਾਯੋਗ ਹੈ। ਇਸ ਪ੍ਰੀਵਾਰ ਦੀ ਚੌਥੀ ਪੀੜ੍ਹੀ ਸਾਹਿਤ ਦੇ ਖੇਤਰ ਵਿਚ ਸਰਗਰਮ ਹੈ।ਪੰਜਾਬੀ ਰੰਗਮੰਚ ਅਤੇ ਫਿਲਮਾਂ ਦੇ ਚਰਚਿੱਤ ਅਦਾਕਾਰ ਕੁੱਕੂ ਦੀਵਾਨ ਅਤੇ ਰੰਜੀਵਨ ਸਿੰਘ ਅਤੇ ਪ੍ਰੋਫੈਸਰ ਚਾਹਲ ਨੇ ਵੀ ਆਪਣੀਆਂ ਭਾਵਨਾਵਾਂ ਵਿਅਕਤ ਕੀਤੀਆਂ।ਇਸ ਮੌਕੇ ਹੋਰਨਾਂ ਤੋਂ ਇਲਾਵਾ ਅਡੈਵੋਕੇਟ ਅਤੇ ਰੰਗਕਰਮੀ ਰਿਸ਼ਮਰਾਗ ਸਿੰਘ, ਸਾਹਿਲ ਅਤੇ ਦਕਸ਼ ਵੀ ਹਾਜ਼ਿਰ ਸਨ।

# ਨਵਾਂਸ਼ਹਿਰ 'ਚ ਅੱਖਾਂ ਦਾ ਹਸਪਤਾਲ ਖੁੱਲ੍ਹਿਆ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਅੱਖਾਂ ਦੀ ਦੇਖਭਾਲ ਲਈ ਹਸਪਤਾਲ ਚੰਡੀਗੜ੍ਹ ਰੋਡ ਨਵਾਂਸ਼ਹਿਰ ਅੱਖਾਂ ਦਾ ਹਸਪਤਾਲ ਕੇਅਰ ਸੈਂਟਰ ਖੁੱਲ ਗਿਆ। ਅੱਖਾਂ ਦੇ



ਮਾਹਿਰ ਡਾਕਟਰ ਨਵਰੀਤ ਕੌਰ ਨੇ ਕਿਹਾ ਕਿ ਚੰਡੀਗੜ੍ਹ ਰੋਡ ਅੱਖਾਂ ਦਾ ਨਵਾਂਸ਼ਹਿਰ ਹਸਪਤਾਲ ਵਿੱਚ ਹਰ ਵੀਰਵਾਰ ਨੂੰ ਮੁਫ਼ਤ ਓ, ਪੀ, ਡੀ, ਮੁਫਤ ਦਵਾਈਆਂ ਬਹੁਤ ਹੀ ਘੱਟ ਰੇਟ ਲੈਨਜ਼ਾਂ ਪਾਏ ਜਾਣਗੇ ਅਤੇ ਜ਼ਰੂਰੀ ਸੇਵਾ ਦੀ ਸ਼ੁਰੂਆਤ ਕੀਤੀ ਹੈ। ਸਿਵਲ ਹਸਪਤਾਲ ਸੜੋਅ ਤੋਂ ਰਿਟਾਇਰ ਹੋਏ ਸੀਨੀਅਰ ਰਿਟਾਇਰ ਐਸ ਐਮ ਓ ਡਾ. ਨਵਰੀਤ ਕੌਰ ਨੇ ਦੱਸਿਆਂ ਕਿ ਨਜ਼ਦੀਕੀ ਨਜ਼ਰ ਦੀ ਕਮੀ ਤੇਜ਼ੀ ਨਾਲ ਵਧੀ ਹੈ। ਮੋਬਾਈਲ ਫੋਨਾਂ, ਆਨਲਾਈਨ ਕਲਾਸਾਂ ਅਤੇ ਸਕਰੀਨ ਟਾਈਮ ਨੇ ਇਸ ਸਮੱਸਿਆ ਨੂੰ ਹੋਰ ਗੰਭੀਰ ਬਣਾ ਦਿੱਤਾ ਹੈ। ਚਿੰਤਾ ਦੀ ਗੱਲ ਇਹ ਹੈ ਕਿ ਘੱਟ ਦਿੱਸਣਾ ਉਮਰ ਨਾਲ ਵੱਧਦਾ ਜਾਂਦਾ ਹੈ ਜੋ ਚਿੰਤਾ ਵਿਸ਼ਾ ਹੈ। ਇਸ ਕਲੀਨਿਕ ਦਾ ਮੁੱਖ ਉਦੇਸ਼ ਬੱਚਿਆਂ ਵਿੱਚ ਨਜ਼ਰ ਦੀ ਕਮਜ਼ੋਰੀ ਨੂੰ ਰੋਕਣਾ ਹੈ, ਨਾ ਕਿ ਸਿਰਫ਼ ਚਸ਼ਮੇ ਦੇ ਨੰਬਰ ਨੂੰ ਬਦਲਣਾ। ਕਲੀਨਿਕ ਹਰ ਹਫ਼ਤੇ, ਵੀਰਵਾਰ ਮੁਫ਼ਤ ਓ, ਪੀ, ਡੀ ਰਹੇਗੀ।

# ਰਿਆਤ ਬਾਹਰਾ 'ਵਰਸਿਟੀ 'ਚ ਤੀਜਾ ਨੈਸ਼ਨਲ ਕਰੰਟ ਗੁੱਡ ਮੈਨੂਫੈਕਚਰਿੰਗ ਪ੍ਰੈਕਟਿਸ ਡੇਅ ਮਨਾਇਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ



ਦੇ ਯੂਨੀਵਰਸਿਟੀ ਸਕੂਲ ਆਫ ਫਾਰਮਾਸਿਊਟਿਕਲ ਸਾਇੰਸਜ਼ ਵਿੱਚ ਤੀਜੇ ਨੈਸ਼ਨਲ ਕਰੰਟ ਗੁੱਡ ਮੈਨੂਫੈਕਚਰਿੰਗ ਪ੍ਰੈਕਟਿਸ ਡੇਅ ਦੇ ਮੌਕੇ 'ਤੇ ਇੱਕ ਜਾਗਰੂਕਤਾ ਲੈਕਚਰ ਦਾ ਆਯੋਜਨ ਕੀਤਾ ਗਿਆ। ਇਹ ਪ੍ਰੋਗਰਾਮ ਵਾਈਸ ਚਾਂਸਲਰ ਡਾ. ਚੰਦਰ ਮੋਹਨ ਅਤੇ ਡਾਇਰੈਕਟਰ ਪ੍ਰਿੰਸੀਪਲ ਡਾ. ਮਨਿੰਦਰ ਸਿੰਘ ਗਰੋਵਰ ਦੀ ਪ੍ਰਧਾਨਗੀ ਵਿੱਚ ਹੋਇਆ। ਇਸ ਸੰਬੰਧ ਵਿਚ ਜਾਣਕਾਰੀ ਦਿੰਦੇ ਹੋਏ ਡਾ. ਮਨਿੰਦਰ ਸਿੰਘ ਨੇ ਦੱਸਿਆ ਕਿ ਇਹ ਪ੍ਰੋਗਰਾਮ ਫਾਰਮੇਸੀ ਕੌਂਸਿਲ ਆਫ ਇੰਡੀਆ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਆਯੋਜਿਤ ਕੀਤਾ ਗਿਆ।ਇਸ ਮੌਕੇ ਮੁੱਖ ਵਕਤਾ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਐਸੋਸੀਏਟ ਪ੍ਰੋਫੈਸਰ ਡਾ. ਸੁਰੇਸ਼ ਕੁਮਾਰ ਸਨ, ਜਿਨ੍ਹਾਂ ਵਿਦਿਆਰਥੀਆਂ ਨੂੰ ਦਵਾਈਆਂ ਦੀ ਗੁਣਵੱਤਾ, ਸੁਰੱਖਿਆ ਅਤੇ ਸਹੀ ਉਤਪਾਦਨ ਪ੍ਰਕਿਰਿਆ ਦੇ ਮਹੱਤਵ ਬਾਰੇ ਵਿਸਥਾਰ ਨਾਲ ਦੱਸਿਆ। ਉਨ੍ਹਾਂ ਕਿਹਾ ਕਿ ਦਵਾਈ ਨਿਰਮਾਣ ਦੌਰਾਨ ਸਫਾਈ, ਗੁਣਵੱਤਾ ਨਿਯੰਤਰਣ ਅਤੇ ਨਿਯਮਕ ਮਾਪਦੰਡਾਂ ਦਾ ਪਾਲਣ ਬਹੁਤ ਜ਼ਰੂਰੀ ਹੈ, ਕਿਉਂਕਿ ਇਹ ਲੋਕਾਂ ਦੀ ਸਿਹਤ ਅਤੇ ਭਰੋਸੇ ਨਾਲ ਜੁੜਿਆ ਹੋਇਆ ਹੈ। ਪ੍ਰੋਗਰਾਮ ਵਿੱਚ ਵਿਭਾਗ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਦਵਾਈ ਉਦਯੋਗ ਦੀ ਸਹੀ ਕਾਰਜਪ੍ਰਣਾਲੀ ਬਾਰੇ ਮਹੱਤਵਪੂਰਨ ਜਾਣਕਾਰੀ ਪ੍ਰਾਪਤ ਕੀਤੀ।

# ਤੀਸਰਾ ਸਾਲਾਨਾ ਭੰਡਾਰਾ ਤੇ ਧਾਰਮਿਕ ਸਮਾਗਮ

**ਲੋਹੀਆਂ ਖਾਸ (ਯੋਗੇਸ਼ਵਰ, ਰੀਨਾ ਸ਼ਰਮਾ)**- ਸਥਾਨਕ ਪ੍ਰਾਚੀਨ ਸ਼ਿਵ ਮੰਦਰ 'ਚ ਸ਼ਰਧਾਲੂਆਂ ਦੀਆਂ ਭਾਰੀ ਰੋਣਕਾਂ ਲੱਗੀਆਂ, ਜਿੱਥੇ ਸੰਗਤ ਬ੍ਰਹਮਲੀਨ ਮਹੰਤ ਰਵਿੰਦਰਾ ਗਿਰੀ ਜੀ ਮਹਾਰਾਜ ਦੀ ਪੁੰਨਿਆ ਤਿਥੀ ਤੇ ਤੀਸਰਾ ਭੰਡਾਰਾ ਤੇ ਧਾਰਮਿਕ ਸਮਾਗਮ ਕਰਵਾਇਆ ਗਿਆ ਤੇ ਇਸ ਵਿੱਚ ਵੱਡੀ ਗਿਣਤੀ 'ਚ ਸੰਗਤ ਪੁੱਜੀ ਹੋਈ ਸੀ। ਇਸ ਮੌਕੇ ਵੱਡੀ ਗਿਣਤੀ 'ਚ ਸਾਧੂ-ਮਹਾਤਮਾ ਵੀ ਮੰਦਿਰ ਵਿੱਚ ਪੁੱਜੇ ਤੇ ਪ੍ਰਸ਼ਾਦ ਛਕਣ ਉਪਰੰਤ ਸਮੂਹ ਸੰਗਤ ਨੂੰ ਆਸ਼ੀਰਵਾਦ ਦਿੱਤਾ ਤੇ ਉਪਰੰਤ ਉਹਨਾਂ ਨੂੰ ਦਾਨ-ਦਕਸ਼ਿਣਾ ਦੇ ਕੇ ਸਨਮਾਨ ਸਹਿਤ ਰਵਾਨਾ ਕੀਤਾ ਗਿਆ। ਇਸ ਦੌਰਾਨ ਦੇਸ਼-ਵਿਦੇਸ਼ ਤੋਂ ਵੱਡੀ ਗਿਣਤੀ 'ਚ ਮਹੰਤ ਸ੍ਰੀ ਰਵਿੰਦਰਾ ਗਿਰੀ ਜੀ ਦੇ ਸ਼ਰਧਾਲੂ ਪ੍ਰਾਚੀਨ ਸ਼ਿਵ ਮੰਦਿਰ ਦੇ ਵਿਹੜੇ 'ਚ ਮੱਥਾ ਟੇਕਣ ਲਈ ਪਹੁੰਚੇ। ਇਸ ਮੌਕੇ ਸ੍ਰੀ ਰਾਮਾਇਣ ਜੀ ਦੇ ਪਾਠ ਦੇ ਭੋਗ ਪਾਏ ਗਏ। ਇਸ ਮੌਕੇ ਸਥਾਨਕ ਗਣਪਤੀ ਆਸ਼ਰਮ 'ਚ 2 ਦਿਨਾਂ ਧਾਰਮਿਕ ਸਮਾਗਮ ਵੀ ਆਯੋਜਿਤ ਕੀਤੇ ਗਏ ਜਿਸ 'ਚ ਸ਼ਰਧਾਲੂਆਂ ਨੇ ਹਾਜ਼ਰੀ ਲਗਵਾਈ ਤੇ ਬ੍ਰਹਮਲੀਨ ਮਹੰਤ ਸ੍ਰੀ ਰਵਿੰਦਰਾ ਗਿਰੀ ਜੀ ਮਹਾਰਾਜ ਨੂੰ ਨਤਮਸਤਕ ਵੀ ਹੋਏ। ਇਸ ਮੌਕੇ ਪ੍ਰਾਚੀਨ ਸ਼ਿਵ



ਮੰਦਿਰ ਲੋਹੀਆਂ ਖਾਸ ਦੇ ਗੱਦੀਨਸ਼ੀਨ ਸ੍ਰੀ ਸ੍ਰੀ 1008 ਮਹਾਂ ਮੰਡਲੇਸ਼ਵਰ ਮਹੰਤ ਸ੍ਰੀ ਸ਼ਿਪਰਾ ਗਿਰੀ ਜੀ ਮਹਾਰਾਜ ਵੱਲੋਂ ਸੰਗਤ ਨੂੰ ਆਸ਼ੀਰਵਾਦ ਦਿੱਤਾ ਅਤੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਆਪ ਸਭ ਨੂੰ ਇੱਕ ਹੋ ਕੇ ਇਸ ਸੱਭ ਧਾਰਮਿਕ ਸਮਾਗਮ ਕਰਵਾਉਂਦੇ ਰਹਿਣਾ ਚਾਹੀਦਾ ਹੈ। ਇਸ ਨਾਲ ਸਾਡੀ ਆਉਣ ਵਾਲੀ ਪੀੜ੍ਹੀ ਨੂੰ ਸਾਡੇ ਸੰਸਕਾਰਾਂ ਬਾਰੇ ਪਤਾ ਲਗਦਾ ਹੈ। ਇਸ ਮੌਕੇ ਮਹਾਂ ਮੰਡਲੇਸ਼ਵਰ ਮਹੰਤ ਸ੍ਰੀ ਸ਼ਿਪਰਾ ਗਿਰੀ ਜੀ ਮਹਾਰਾਜ ਤੇ ਸੁਆਮੀ ਰਿਸ਼ੀ ਰਾਜ ਜੀ (ਨਵਾਂਸ਼ਹਿਰ) ਪਹੁੰਚੇ ਤੇ ਇਨ੍ਹਾਂ ਵੱਲੋਂ ਸੰਕੀਰਤਨ ਕੀਤਾ ਗਿਆ ਅਤੇ ਸਾਰਿਆਂ ਨੂੰ ਪ੍ਰਭੂ ਚਰਨਾਂ ਨਾਲ ਜੋੜਿਆ। ਆਪਣੇ ਸ਼ਾਨਦਾਰ ਭਜਨਾਂ ਅਤੇ ਮਿੱਠੇ ਬੋਲਾਂ ਨਾਲ ਸਮੂਹ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਕਦੇ ਵੀ ਕਿਸੇ ਸੰਤ ਜਾਂ ਕਿਸੇ ਜੀਵ ਬਾਰੇ ਚੁਗਲੀ ਨਾ ਕਰਨ। ਇਸ ਮੌਕੇ ਮਹੰਤ ਸ੍ਰੀ ਰਵਿੰਦਰਾ ਗਿਰੀ ਜੀ ਮਹਾਰਾਜ ਦੇ ਭੰਡਾਰੇ ਹਰਦੇਵ ਸਿੰਘ ਲਾਡੀ ਵਿਧਾਇਕ ਸ਼ਾਹਕੋਟ, ਪਰਮਿੰਦਰ ਸਿੰਘ ਪਿੰਦਰ ਭੰਡੋਰੀ ਹਲਕਾ ਇੰਚਾਰਜ ਸ਼ਾਹਕੋਟ, ਬਚਿੱਤਰ ਸਿੰਘ ਕੋਹਾੜ ਅਕਾਲੀ ਦਲ ਹਲਕਾ ਇੰਚਾਰਜ ਸ਼ਾਹਕੋਟ ਸਮੇਤ ਲੋਹੀਆਂ ਖਾਸ ਤੋਂ ਇਲਾਵਾ ਹੋਰ ਨਗਰ ਨਿਵਾਸੀ ਤੇ ਸੇਵਾਦਾਰ ਪ੍ਰਾਚੀਨ ਸ਼ਿਵ ਮੰਦਿਰ ਵਿੱਚ ਸ਼ਾਮਲ ਸਨ।

# ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਤੇ ਆਦਿ ਧਰਮ ਮਿਸ਼ਨ ਵੱਲੋਂ ਖੁਰਾਲਗੜ੍ਹ 'ਚ ਸਮਾਗਮ ਮਨਾਉਣ ਦਾ ਫ਼ੈਸਲਾ



**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ, ਬੀ ਐੱਸ ਸੈਣੀ)**- ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ ਅਤੇ ਆਲ ਇੰਡੀਆ ਆਦਿ ਧਰਮ ਮਿਸ਼ਨ ਭਾਰਤ ਵੱਲੋਂ ਇਤਿਹਾਸਕ ਅਸਥਾਨ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਸਾਂਝੇ ਤੌਰ ਤੇ ਵੱਡੇ ਸਮਾਗਮ ਮਨਾਏ ਜਾਣਗੇ।ਆਲ ਇੰਡੀਆ ਆਦਿ ਧਰਮ ਮਿਸ਼ਨ ਭਾਰਤ ਦੀ ਵਿਸ਼ੇਸ਼ ਮੀਟਿੰਗ ਸੰਤ ਸਰਵਣ ਦਾਸ ਸੀਨੀ.ਮੀਤ ਪ੍ਰਧਾਨ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ ਦੀ ਸਰਪ੍ਰਸਤੀ ਹੇਠ ਅਤੇ ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ ਭਾਰਤ ਦੀ ਪ੍ਰਧਾਨਗੀ ਹੇਠ ਲੁਧਿਆਣਾ ਵਿਖੇ ਹੋਈ,ਜਿਸ ਵਿੱਚ ਜੀ ਸੀ ਸਲਣ ਪ੍ਰਧਾਨ ਆਦਿ ਧਰਮ ਮਿਸ਼ਨ ਦਿੱਲੀ ਯੂਨਿਟ ਅਤੇ ਕੈਪਟਨ ਬੀ ਆਰ ਨਈਯਰ ਇੰਗਲੈਂਡ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ। ਇਸ ਮੌਕੇ ਸੰਤ ਸਰਵਣ ਦਾਸ ਅਤੇ ਸੰਤ ਸਤਵਿੰਦਰ ਹੀਰਾ ਨੇ ਦੱਸਿਆ ਕਿ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਬਾਣੀ ਦੇ ਪ੍ਰਚਾਰ ਤੇ ਪ੍ਰਸਾਰ ਅਤੇ ਰਹਿਬਰਾਂ ਦੀ ਵਿਚਾਰਧਾਰਾ ਨੂੰ ਜਨ ਜਨ ਤੱਕ ਪਹੁੰਚਾਉਣ ਲਈ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਅਤੇ ਆਦਿ ਧਰਮ ਮਿਸ਼ਨ ਵੱਡੇ ਸਮਾਗਮ ਮਨਾਉਣਗੇ। ਮੀਟਿੰਗ ਵਿੱਚ ਮਤਾ ਪਾਸ ਕਰਕੇ ਜਾਤੀਵਾਦੀ , ਵੈਰ ਵਿਰੋਧ ਦੀਆਂ ਘਟਨਾਵਾਂ ਦੀ ਸਖਤ ਨਿੰਦਿਆ ਕੀਤੀ ਗਈ। ਇਸ ਮੌਕੇ ਅਜੀਤ ਰਾਮ ਖੇਤਾਨ ਚੇਅਰਮੈਨ, ਸੁਖਵੀਰ ਦੁਗਾਲ ਮੈਨੇਂਜਰ, ਸੰਤ ਸੋਹਣ ਲਾਲ ਫਾਜ਼ਿਲਕਾ, ਸੰਤ ਕੁਲਦੀਪ ਸਿੰਘ ਬਠਿੰਡਾ, ਸੰਤ ਚਰਨ ਦਾਸ ਮਾਂਗਟ, ਸੰਤ ਅਮਰਜੀਤ ਸੈਂਪਲੈ, ਨਰਿੰਦਰ ਪਾਲ ਸਿੰਘ ਬਲਾਚੌਰ, ਬਲਵੀਰ ਮਹੇ, ਰਾਮ ਜੀ ਦਾਸ, ਗੁਰਜੀਤ ਸਿੰਘ, ਅਨੰਤ ਰਾਮ,ਰਣਧੀਰ ਸਿੰਘ, ਸ਼ਰਨਜੀਤ ਸਿੰਘ, ਸੰਤ ਬੀਬੀ ਪੂਨਮ ਹੀਰਾ, ਚਰਨਜੀਤ ਕੌਰ ਬਠਿੰਡਾ ਆਦਿ ਹਾਜ਼ਰ ਸਨ।

15-OCT-PAGE-10.qxd 10/14/2025 10:30 PM Page 1



## ਸ਼੍ਰੋਮਣੀ ਅਕਾਲੀ ਦਲ ਵੱਲੋਂ ਸਰਕਲ ਪ੍ਰਧਾਨਾਂ ਦੀ ਨਿਯੁਕਤੀ



**ਸ਼੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਸ਼੍ਰੋਮਣੀ ਅਕਾਲੀ ਦਲ ਨੇ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਲਈ ਜ਼ਿਲ੍ਹਾ ਪ੍ਰਧਾਨ ਕੰਵਰਜੀਤ ਸਿੰਘ ਰੋਜ਼ੀ ਬਰਕੰਦੀ ਵੱਲੋਂ ਹਲਕਾ ਸ਼੍ਰੀ ਮੁਕਤਸਰ ਸਾਹਿਬ ਤੇ ਲੰਬੀ ਸਰਕਲ ਪ੍ਰਧਾਨ ਦੀ ਲਿਸਟ ਜਾਰੀ ਕੀਤੀ।ਬਿੰਦਰ ਗੋਨਿਆਣਾ ਜ਼ਿਲ੍ਹਾ ਸਕੱਤਰ ਜਨਰਲ ਨੇ ਦੱਸਿਆ ਕਿ ਮੇਜਰ ਸਿੰਘ ਨੂੰ ਮੁਕਤਸਰ ਦਿਹਾਤੀ, ਜਗਜੀਤ ਸਿੰਘ ਸਰਪੰਚ ਨੂੰ ਉਦੇਕਰਨ, ਅਵਤਾਰ ਸਿੰਘ ਸਰਪੰਚ ਨੂੰ ਕਾਨਿਆਂਵਾਲੀ, ਗੁਰਸੇਵਕ ਸਿੰਘ ਮੈਂਬਰ ਨੂੰ ਗੁਲਾਬੇਵਾਲਾ, ਕੁਲਦੀਪ ਸਿੰਘ ਨੂੰ ਥਾਂਦੇਵਾਲਾ, ਲਛਮਣ ਚੰਦ ਨੂੰ ਬਰੀਵਾਲਾ ਦਿਹਾਤੀ, ਬਲਜਿੰਦਰ ਸਿੰਘ ਨੂੰ ਮੰਡੀ ਬਰੀਵਾਲਾ, ਸੁਰਿੰਦਰ ਖੱਤਰੀ ਸਿੰਦੀ ਨੂੰ ਵਾਰਡ ਨੰਬਰ 1 ਤੋਂ 10, ਅਜੀਤ ਸਿੰਘ ਨੂੰ ਵਾਰਡ ਨੰਬਰ 11 ਤੋਂ 20 ਤੇ ਬੋਹੜ ਸਿੰਘ ਨੂੰ ਵਾਰਡ ਨੰਬਰ 21 ਤੋਂ 31 ਦਾ ਸਰਕਲ ਪ੍ਰਧਾਨ ਨਿਯੁਕਤ ਕੀਤਾ ਗਿਆ।ਇਸੇ ਹਲਕਾ ਲੰਬੀ ਦੇ ਰਵਿੰਦਰ ਸਿੰਘ ਸਿੰਘੇਵਾਲਾ, ਬਲਵਿੰਦਰ ਸਿੰਘ ਭਾਟੀ ਕਿਲਿਆਂਵਾਲੀ, ਹਰਵੀਰ ਸਿੰਘ ਹੈਰੀ ਭੁੱਲਰ, ਬਲਰਾਜ ਸਿੰਘ ਖੇਮਾ ਖੇੜਾ, ਸਤਵੀਰ ਸਿੰਘ ਖਿਉਵਾਲੀ, ਗੁਰਜੀਤ ਸਿੰਘ ਥਰਾਜਵਾਲਾ, ਬਿੱਕਰ ਸਿੰਘ ਬਲੋਚਕੇਰਾ, ਅਜੈਦੀਪ ਸਿੰਘ ਆਧਨੀਆ, ਊਦੇਪਾਲ ਸਿੰਘ ਆਲਮਵਾਲਾ, ਰਛਪਾਲ ਸਿੰਘ ਕੱਟਿਆਂਵਾਲੀ, ਬੀਰਇੰਦਰ ਸਿੰਘ ਸਰਾਵਾਂ ਬੋਦਲਾ ਨੂੰ ਸਰਕਲ ਪ੍ਰਧਾਨ ਨਿਯੁਕਤ ਕੀਤਾ ਗਿਆ।

## ਬਹਿਰ ਸਾਹਿਬ-ਅਰਨੋਂ ਸੜਕ ਦੀ ਮੁਰੰਮਤ ਦਾ ਨੀਂਹ ਪੱਥਰ ਰੱਖਿਆ




**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸੂਬੇ ਦੀਆਂ ਲਿੰਕ ਸੜਕਾਂ ਦੀ ਮੁਰੰਮਤ ਕੀਤੇ ਜਾਣ ਦੀ ਸ਼ੁਰੂ ਕੀਤੀ ਗਈ ਮੁਹਿੰਮ ਤਹਿਤ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਇਤਿਹਾਸਿਕ ਪਿੰਡ ਬਹਿਰ ਸਾਹਿਬ ਤੋਂ ਅਰਨੋਂ ਜਾਣ ਵਾਲੀ ਸੜਕ ਦੀ ਸਪੈਸ਼ਲ ਮੁਰੰਮਤ ਦਾ ਨੀਂਹ ਪੱਥਰ ਹਲਕਾ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਰੱਖਿਆ।ਮੌਕੇ 'ਤੇ ਹਾਜ਼ਰ ਪੀਡਬਲਿਊਡੀ ਅਧਿਕਾਰੀਆਂ ਨੂੰ ਹਲਕੇ ਦੀਆਂ ਸੜਕਾਂ ਦੀ ਮੁਰੰਮਤ 'ਚ ਤੇਜ਼ੀ ਲਿਆਉਣ ਦੀਆਂ ਹਦਾਇਤਾਂ ਜਾਰੀ ਕੀਤੀਆਂ। ਨੀਂਹ ਪੱਥਰ ਰੱਖਣ ਉਪਰੰਤ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ 'ਆਪ' ਸਰਕਾਰ ਨੇ ਸੂਬੇ 'ਚ ਲਿੰਕ ਸੜਕਾਂ ਦੀ ਮੁਰੰਮਤ ਦੀ ਮੁਹਿੰਮ ਸ਼ੁਰੂ ਕੀਤੀ ਗਈ ਹੈ।ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਹਲਕਾ ਸ਼ੁਤਰਾਣਾ ਦੇ ਪਿੰਡ ਬਹਿਰ ਸਾਹਿਬ ਤੋਂ ਹਲਕੇ ਵਿਚਲੀਆਂ ਲਿੰਕ ਸੜਕਾਂ ਦੀ ਮੁਰੰਮਤ ਦੀ ਮੁਹਿੰਮ ਸ਼ੁਰੂ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਹਲਕਾ ਹਲਕਾ ਸ਼ੁਤਰਾਣਾ ਦੇ ਪਿੰਡਾਂ ਨੂੰ ਆਪਸ ਵਿੱਚ ਜੋੜਨ ਵਾਲੀਆਂ 91 ਕਿਲੋਮੀਟਰ ਲੰਬੀਆਂ 42 ਸੜਕਾਂ ਦੀ ਮੁਰੰਮਤ ਕੀਤੀ ਜਾ ਰਹੀ ਹੈ।ਇਸ ਤੋਂ ਇਲਾਵਾ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਪ੍ਰਕਾਸ਼ ਪੁਰਬ ਨੂੰ ਧਿਆਨ 'ਚ ਰੱਖਦਿਆਂ ਹੋਇਆ ਪੰਜਾਬ ਸਰਕਾਰ ਵੱਲੋਂ ਗੁਰੂ ਸਾਹਿਬ ਦੀ ਚਰਨ ਛੋਹ ਪ੍ਰਾਪਤ ਪਿੰਡਾਂ ਦੇ ਵਿਕਾਸ ਲਈ ਵਿਸ਼ੇਸ਼ ਗ੍ਰਾਂਟਾਂ ਜਾਰੀ ਕੀਤੀਆਂ ਗਈਆਂ ਹਨ, ਜਿਸ ਤਹਿਤ ਪਿੰਡ ਬਹਿਰ ਸਾਹਿਬ ਨੂੰ 50 ਲੱਖ ਰੁਪਏ ਦੀ ਵਿਸ਼ੇਸ਼ ਗ੍ਰਾਂਟ ਜਾਰੀ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਇਸ ਗਰਾਂਟ ਨਾਲ ਪਿੰਡ ਦੀ ਪੰਚਾਇਤ ਤੇ ਕਮੇਟੀ ਪਿੰਡਾਂ ਦੇ ਸਰਬਪੱਖੀ ਵਿਕਾਸ ਦੇ ਨਾਲ-ਨਾਲ ਕਮਿਊਨਿਟੀ ਹਾਲ ਜਾਂ ਯਾਦਗਾਰੀ ਸਮਾਰਕ ਦੀ ਉਸਾਰੀ ਵਰਗੇ ਕੰਮ ਕਰ ਸਕੇਗੀ।

## 69ਵੀਆਂ ਅੰਤਰ ਜ਼ਿਲ੍ਹਾ ਸਕੂਲ ਖੇਡਾਂ 'ਚ ਅੰਡਰ 19 ਲੜਕੀਆਂ ਨੇ ਕੀਤਾ ਸ਼ਾਨਦਾਰ ਪ੍ਰਦਰਸ਼ਨ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਰਹਿਨੁਮਾਈ ਹੇਠ ਸਕੂਲਾਂ ਦੇ ਵਿਦਿਆਰਥੀਆਂ ਲਈ ਵੱਖ-ਵੱਖ ਪੱਧਰਾਂ 'ਤੇ ਖੇਡ ਮੁਕਾਬਲਿਆਂ ਦਾ ਆਯੋਜਨ ਕੀਤਾ ਜਾ ਰਿਹਾ ਹੈ।ਇਸ ਤਹਿਤ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸੰਜੀਵ ਸ਼ਰਮਾ ਦੇ ਦਿਸ਼ਾ ਨਿਰਦੇਸ਼ ਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਡਾ. ਰਵਿੰਦਰਪਾਲ ਸਿੰਘ ਦੀ ਅਗਵਾਈ ਵਿੱਚ 69ਵੀਆਂ ਅੰਤਰ ਜ਼ਿਲ੍ਹਾ ਮੁਕਾਬਲੇ ਪਟਿਆਲਾ ਵਿਖੇ ਆਯੋਜਤ ਕੀਤੇ ਜਾ ਰਹੇ ਹਨ।ਜ਼ਿਲ੍ਹਾ ਡੀਐਸਸੀ ਡਾ. ਦਲਜੀਤ ਸਿੰਘ ਨੇ ਦੱਸਿਆ ਅੰਡਰ 19 ਲੜਕੀਆਂ ਦੇ ਖੋ ਖੋ ਅੰਤਰ ਜ਼ਿਲ੍ਹਾ ਮੁਕਾਬਲੇ ਜ਼ਿਲ੍ਹਾ ਟੂਰਨਾਮੈਂਟ ਕਮੇਟੀ ਸਕੱਤਰ ਚਰਨਜੀਤ ਸਿੰਘ ਭੁੱਲਰ ਦੇ ਤਾਲਮੇਲ ਨਾਲ ਪੋਲੋ ਗਰਾਊਂਡ ਪਟਿਆਲਾ ਵਿਖੇ 13 ਤੋਂ 15 ਅਕਤੂਬਰ ਤੱਕ ਕਰਾਏ ਜਾ ਰਹੇ ਹਨ।ਖੇਡ ਇੰਚਾਰਜ ਪ੍ਰਿੰਸੀਪਲ ਮਾੜੂ ਰਾਜੇਸ਼ ਮੰਗੀ, ਰਿਹਾਇਸ਼ ਕਮੇਟੀ ਇੰਚਾਰਜ ਪ੍ਰਿੰਸੀਪਲ ਓਪੀਐਲ ਮਨਦੀਪ ਕੌਰ, ਮੈਸ ਕਮੇਟੀ ਇੰਚਾਰਜ ਰਾਜ ਕੁਮਾਰ ਪ੍ਰਿੰਸੀਪਲ ਨੌਗਾਵਾਂ, ਟੂਰਨਾਮੈਂਟ ਰਜਿਸਟ੍ਰੇਸ਼ਨ ਕਮੇਟੀ ਇੰਚਾਰਜ ਜਗਤਾਰ ਸਿੰਘ ਟਿਵਾਣਾ ਡਿਊਟੀ ਨਿਭਾਅ ਰਹੇ ਹਨ।ਮੁਕਾਬਲਿਆਂ ਵਿੱਚ ਸ੍ਰੀ ਮੁਕਤਸਰ ਸਾਹਿਬ ਨੇ ਮੋਹਾਲੀ, ਪਟਿਆਲਾ ਨੇ ਬਠਿੰਡਾ, ਸ਼ਹੀਦ ਭਗਤ ਸਿੰਘ ਨਗਰ ਨੇ ਕਪੂਰਥਲਾ, ਸ੍ਰੀ ਅੰਮ੍ਰਿਤਸਰ ਸਾਹਿਬ ਨੇ ਫ਼ਰੀਦਕੋਟ, ਲੁਧਿਆਣਾ ਨੇ ਸ੍ਰੀ ਫਤਿਹਗੜ੍ਹ ਸਾਹਿਬ, ਰੂਪਨਗਰ ਨੇ ਮੋਗਾ, ਜਲੰਧਰ ਨੇ ਗੁਰਦਾਸਪੁਰ, ਫਿਰੋਜ਼ਪੁਰ ਨੇ ਬਰਨਾਲਾ ਨੂੰ ਹਰਾਇਆ। ਜ਼ੋਨਲ ਸਕੱਤਰ ਅਮਨਿੰਦਰ ਸਿੰਘ ਬਾਬਾ ਪਟਿ 1, ਬਲਵਿੰਦਰ ਸਿੰਘ ਜੱਸਲ ਪਟਿ 2, ਸ਼ਸ਼ੀ ਮਾਨ ਪਟਿ 3, ਜਸਵਿੰਦਰ ਸਿੰਘ ਚੱਪੜ ਸਟੇਟ ਐਵਾਰਡੀ ਘਨੌਰ, ਦਵਿੰਦਰ ਸਿੰਘ ਪਾਤੜਾਂ, ਰਜਿੰਦਰ ਸੈਣੀ ਰਾਜਪੁਰਾ, ਗੁਰਪ੍ਰੀਤ ਸਿੰਘ ਟਿਵਾਣਾ ਭਾਦਸੋਂ, ਬਲਜੀਤ ਸਿੰਘ ਧਾਰੋਕੀ ਨਾਭਾ, ਤਰਸੇਮ ਸਿੰਘ ਭੁੰਨਰਹੇੜੀ, ਭਰਪੂਰ ਸਿੰਘ ਸਮਾਣਾ, ਵਿਨੋਦ ਕੁਮਾਰ, ਸਰਬਜੀਤ ਸਿੰਘ ਡਕਾਲਾ, ਬਲਕਾਰ ਸਿੰਘ, ਰਾਜਪਾਲ ਸਿੰਘ, ਸੁਖਵੰਤ ਸਿੰਘ, ਸੁਖਦੀਪ ਸਿੰਘ ਕੋਚ, ਹਰਦੀਪ ਕੌਰ, ਕਿਰਨਜੀਤ ਕੌਰ, ਕਮਲਜੀਤ ਕੌਰ, ਸੁਰਿੰਦਰ ਪਾਲ ਕੌਰ, ਅਮਨਦੀਪ ਕੌਰ, ਤਨਵੀਰ ਸਿੰਘ, ਮੋਂਟਣ ਸਿੰਘ, ਕਮਲਦੀਪ ਸਿੰਘ ਕੋਚ, ਰਜਿੰਦਰ ਸਿੰਘ, ਰਾਮ ਕੁਮਾਰ, ਗੌਰਵ ਵਿਰਦੀ, ਗੁਰਪ੍ਰੀਤ ਸਿੰਘ ਝੰਡਾ, ਜਰਨੈਲ ਸਿੰਘ, ਗੁਰਪਿਆਰ ਸਿੰਘ, ਕੁਲਵੰਤ ਸਿੰਘ, ਦੀਦਾਰ ਸਿੰਘ, ਰਕੇਸ਼ ਲਚਕਾਣੀ, ਸ਼ਿਵ ਪੰਡੋਰ, ਪ੍ਰੇਮ ਸਿੰਘ, ਕਰਨ ਸਿੰਘ ਤੇ ਪ੍ਰੈਸ ਇੰਚਾਰਜ ਜਸਵਿੰਦਰ ਸਿੰਘ ਹਾਜ਼ਰ ਸਨ।

## ਬੱਸ ਸਟੈਂਡ 'ਤੇ ਸੰਸਥਾ ਵੱਲੋਂ ਰੱਖੀ ਗਈ ਨਵੀਂ ਟੈਂਕੀ



**ਬੁਢਲਾਡਾ (ਅਸ਼ੋਕ ਲਾਕੜਾ)**-ਸਮਾਜ ਸੇਵੀ ਸੰਸਥਾ ਮਾਤਾ ਗੁਜਰੀ ਜੀ ਭਲਾਈ ਕੇਂਦਰ ਬੁਢਲਾਡਾ ਵੱਲੋਂ ਬੱਸ ਸਟੈਂਡ 'ਤੇ ਸਵਾਰੀਆਂ ਦੀ ਸਹੂਲਤ ਲਈ ਇੱਕ ਨਵੀਂ ਪਾਣੀ ਵਾਲੀ ਟੈਂਕੀ ਰੱਖੀ ਗਈ। ਮਾਸਟਰ ਕੁਲਵੰਤ ਸਿੰਘ ਅਤੇ ਸੁਖਦਰਸ਼ਨ ਸਿੰਘ ਕੁਲਾਨਾ ਨੇ ਦੱਸਿਆ ਕਿ ਸੰਸਥਾ ਵੱਲੋਂ ਚਲਾਏ ਜਾ ਰਹੇ ਬੱਸ ਸਟੈਂਡ ਤੇ ਹਸਪਤਾਲ ਵਾਲੇ ਪਿਆਉ 31 ਅਕਤੂਬਰ ਤੋਂ ਬੰਦ ਕੀਤੇ ਜਾ ਰਹੇ ਹਨ।ਪਾਣੀ ਵਾਲੇ ਰਿਕਸ਼ਿਆਂ ਦੀ ਸੇਵਾ ਜੀਰੀ ਦੇ ਸੀਜ਼ਨ ਕਾਰਨ ਨਵੰਬਰ ਦਾ ਮਹੀਨਾ ਜਾਰੀ ਰਹੇਗੀ।ਸੰਸਥਾ ਮੈਂਬਰ ਨਰੇਸ਼ ਕੁਮਾਰ ਤੇ ਸੋਹਣ ਸਿੰਘ ਨੇ ਦੱਸਿਆ ਕਿ ਸਟੈਂਡ ਅੰਦਰ ਇਸ ਨਵੀਂ ਟੈਂਕੀ ਦੀ ਸੇਵਾ ਪੈਨਸ਼ਨਰ ਨਗਰ ਕੌਂਸਲ ਤੋਂ ਰਿਟਾਇਰ ਸ੍ਰੀ ਪਵਨ ਕੁਮਾਰ ਜੈਨ ਵੱਲੋਂ ਆਪਣੇ ਪਿਤਾ ਸਵ ਸ੍ਰੀ ਸੋਹਣ ਲਾਲ ਤੇ ਮਾਤਾ ਸਵ ਮੂਰਤੀ ਦੇਵੀ ਦੀ ਮਿੱਠੀ ਯਾਦ ਵਿੱਚ ਕੀਤੀ ਗਈ ਹੈ।ਸੰਸਥਾ ਵੱਲੋਂ ਸ੍ਰੀ ਪਵਨ ਜੈਨ ਜੀ ਦਾ ਤਹਿ ਦਿਲੋਂ ਧੰਨਵਾਦ ਕਰਦੇ ਹੋਏ ਸਨਮਾਨ ਕੀਤਾ ਗਿਆ।ਉਨ੍ਹਾਂ ਕਿਹਾ ਕਿ ਠੰਡਾ ਪਾਣੀ ਪੀ ਕੇ ਮਨ ਨੂੰ ਸ਼ਾਂਤੀ ਮਿਲਦੀ ਹੈ ਅਤੇ ਦੁਆਵਾਂ ਨਿਕਲਦੀਆਂ ਹਨ। ਮਾਤਾ ਪਿਤਾ ਜੀ ਦਾ ਅਸ਼ੀਰਵਾਦ ਹਮੇਸ਼ਾ ਪਰਵਾਰ ਦੇ ਸਿਰ 'ਤੇ ਬਣਿਆ ਰਹੇ।ਪਾਣੀ ਦੀ ਸੇਵਾ ਵੀ 1100 ਰੁਪਏ ਦੇ ਕੇ ਕੀਤੀ ਗਈ ਹੈ।

## ਧੂਰੀ ਵਿਕਾਸ ਮੰਚ ਦਾ ਵਫ਼ਦ ਨਵੇਂ ਆਏ ਡੀ ਐੱਸ ਪੀ ਨੂੰ ਮਿਲਿਆ



**ਧੂਰੀ (ਮਨਿੰਦਰ ਸਿੰਘ ਸੰਧੂ, ਮੋਹਿਤ ਗਰਗ, ਬਿੰਨੀ ਗਰਗ)**-ਧੂਰੀ ਵਿਕਾਸ ਮੰਚ ਦੇ ਇੱਕ ਵਫ਼ਦ ਨੇ ਪੁਲਸ ਉੱਪ ਮੰਡਲ ਧੂਰੀ ਦੇ ਨਵੇਂ ਆਏ ਡੀ ਐੱਸ ਪੀ ਰਣਬੀਰ ਸਿੰਘ ਨੂੰ ਮਿਲ ਕੇ ਹਲਕੇ ਦੀਆਂ ਸਮੱਸਿਆਵਾਂ ਬਾਰੇ ਵਿਚਾਰ ਚਰਚਾ ਕੀਤੀ।ਵਫ਼ਦ ਦੀ ਅਗਵਾਈ ਮੰਚ ਦੇ ਉੱਪ ਚੇਅਰਮੈਨ ਐਡਵੋਕੇਟ ਰਾਜੇਸ਼ਵਰ ਚੌਧਰੀ, ਅਭਿਨਵ ਗੋਇਲ, ਪ੍ਰਧਾਨ ਅਮਨ ਗਰਗ ਤੇ ਸਕੱਤਰ ਜਨਰਲ ਹੰਸ ਰਾਜ ਬਜਾਜ ਨੇ ਕੀਤੀ।ਮੰਚ ਦੇ ਵਫ਼ਦ ਨੇ ਅਹੁਦਾ ਸੰਭਾਲਣ 'ਤੇ ਜਿੱਥੇ ਡੀ ਐੱਸ ਪੀ ਰਣਬੀਰ ਸਿੰਘ ਦਾ ਸਵਾਗਤ ਕੀਤਾ, ਉਥੇ ਇਲਾਕੇ ਦੀਆਂ ਸਮੱਸਿਆਵਾਂ ਤੇ ਪੁਲਸ ਨਾਲ ਸਬੰਧਤ ਹੋਰ ਮੁੱਦੇ ਉਨ੍ਹਾਂ ਦੇ ਧਿਆਨ 'ਚ ਲਿਆਂਦੇ। ਵਫ਼ਦ ਨੇ ਲੜਕੀਆਂ ਦੇ ਸਕੂਲਾਂ ਨੇੜੇ ਪੁਲਸ ਗਸ਼ਤ ਵਧਾਉਣ, ਆਵਾਜਾਈ ਦੀ ਸਮੱਸਿਆ ਦੇ ਹਲ ਲਈ ਟ੍ਰੈਫਿਕ ਪੁਲਸ 'ਚ ਵਧੇਰੇ ਮੁਲਾਜ਼ਮ ਤਾਇਨਾਤ ਕਰਨ, ਲੋਕਾਂ ਦੀ ਸੁਰੱਖਿਆ ਲਈ ਪੁਲਸ ਨਫ਼ਰੀ ਵਧਾਉਣ, ਚੋਰੀ ਦੀਆਂ ਵਾਰਦਾਤਾਂ ਨੂੰ ਠੱਲ੍ਹ ਪਾਉਣ ਲਈ ਕਾਰਵਾਈ ਕਰਨ ਤੇ ਤਿਓਹਾਰਾਂ ਦੇ ਮੱਦੇਨਜ਼ਰ ਰਾਤ ਸਮੇਂ ਪੁਲਸ ਗਸ਼ਤ ਤੇਜ਼ ਕਰਨ ਦੀ ਮੰਗ ਕਰਦਿਆਂ ਮੰਚ ਵੱਲੋਂ ਸਹਿਯੋਗ ਦਾ ਭਰੋਸਾ ਦਿੱਤਾ।ਡੀ ਐੱਸ ਪੀ ਰਣਬੀਰ ਸਿੰਘ ਨੇ ਮੰਚ ਦੇ ਉਦੇਸ਼ ਤੇ ਸਮੱਸਿਆਵਾਂ ਪ੍ਰਤੀ ਦਿਖਾਈ ਗੰਭੀਰਤਾ ਲਈ ਮੰਚ ਦੀ ਸ਼ਲਾਘਾ ਕਰਦਿਆਂ ਲੋੜੀਂਦੀ ਕਾਰਵਾਈ ਕਰਨ ਦਾ ਭਰੋਸਾ ਦਿਵਾਇਆ।

## ਮਨਰੇਗਾ ਤੇ ਆਸ਼ਾ ਵਰਕਰ ਦੇ ਤੌਰ 'ਤੇ ਕੰਮ ਕਰਦੀ ਔਰਤ ਖਿਲਾਫ ਕਾਰਵਾਈ ਦੀ ਮੰਗ

**ਦੋਰਾਹਾ (ਹਰਮਿੰਦਰ ਸੇਠ)**-ਮਨਰੇਗਾ ਤੇ ਆਸ਼ਾ ਵਰਕਰ ਦੇ ਤੌਰ 'ਤੇ ਕੰਮ ਕਰਦੀ ਪਿੰਡ ਰੌਲ ਦੀ ਜਸਪ੍ਰੀਤ ਕੌਰ ਵੱਲੋਂ ਪੰਜਾਬ ਸਰਕਾਰ ਤੇ ਮਹਿਕਮੇ ਨਾਲ ਵੱਡਾ ਧੋਖਾ ਕੀਤਾ ਜਾ ਰਿਹਾ ਹੈ, ਕਿਉਂਕਿ ਇੱਕ ਵਿਅਕਤੀ ਇੱਕ ਜਗ੍ਹਾ ਹੀ ਕੰਮ ਕਰ ਸਕਦਾ ਹੈ। ਇਸ ਤਰ੍ਹਾਂ ਇਹ ਇਹ ਔਰਤ ਦਰਾਹੇ ਦੇ ਨਜ਼ਦੀਕ ਪਿੰਡ ਰੌਲ ਵਿੱਚ ਨਰੇਗਾ ਵਰਕਰ ਤੇ ਆਸ਼ਾ ਵਰਕਰ ਦੇ ਤੌਰ 'ਤੇ ਵੀ ਕੰਮ ਕਰਕੇ ਜਿੱਥੇ ਸਰਕਾਰੀ ਨਿਯਮਾਂ ਦੀਆਂ ਧੱਜੀਆਂ ਉਡਾ ਰਹੀ ਹੈ, ਉਥੇ ਪ੍ਰਸ਼ਾਸਨ ਨਾਲ ਧੋਖਾ ਧੜੀ ਵੀ ਕਰ ਰਹੀ ਹੈ। ਜਦੋਂ ਇਸ ਸਬੰਧੀ ਐੱਸ ਐੱਮ ਓ ਪਾਇਲ ਨਾਲ ਰਾਬਤਾ ਕਾਇਮ ਕੀਤਾ ਗਿਆ ਤਾਂ ਉਨ੍ਹਾਂ ਕਿਹਾ ਕਿ ਇਹ ਮਾਮਲਾ ਉਨ੍ਹਾਂ ਦੇ ਧਿਆਨ ਵਿੱਚ ਹੈ ਅਤੇ ਇਸ ਸਬੰਧੀ ਉੱਚ ਅਧਿਕਾਰੀਆਂ ਨੂੰ ਲਿਖ ਕੇ ਭੇਜ ਦਿੱਤਾ ਹੈ ਅਤੇ ਇਸ ਖਿਲਾਫ ਬਣਦੀ ਕਾਰਵਾਈ ਕੀਤੀ ਜਾਵੇਗੀ। ਜਦੋਂ ਇਸ ਸਬੰਧੀ ਆਸ਼ਾ ਵਰਕਰ ਦੀ ਪ੍ਰਧਾਨ ਹਰਪ੍ਰੀਤ ਕੌਰ ਭੱਠਲ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਜਸਪ੍ਰੀਤ ਕੌਰ ਪਿੰਡ ਰੌਲ ਨੇ ਸਿਹਤ ਮਹਿਕਮੇ ਤੇ ਪ੍ਰਸ਼ਾਸਨ ਨਾਲ ਧੋਖਾ ਧੜੀ ਕੀਤੀ ਹੈ, ਇਸ ਦੇ ਖਿਲਾਫ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਜਸਪ੍ਰੀਤ ਕੌਰ 2017 ਤੋਂ ਦੋ ਜਗ੍ਹਾ ਤੋਂ ਕੰਮ ਕਰਕੇ ਦੋਨੇ ਪਾਸੇ ਤਨਖਾਹਾਂ ਲੈ ਰਹੀ ਹੈ ਅਤੇ ਇਹ ਸਰਕਾਰੀ ਫੰਡਾਂ ਦਾ ਦੁਰਉਪਯੋਗ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਹਲਕਾ ਪਾਇਲ ਦੇ ਐੱਮ ਐੱਲ ਏ ਮਨਵਿੰਦਰ ਸਿੰਘ ਗਿਆਸਪੁਰਾ ਵੱਲੋਂ ਜਤਿੰਦਰ ਪਾਲ ਕੌਰ, ਜੋ ਕਿ ਆਸ਼ਾ ਵਰਕਰ ਦੇ ਤੌਰ 'ਤੇ ਮਾਰਕ ਕਰਕੇ ਸੀਨੀਅਰ ਅਧਿਕਾਰੀਆਂ ਨੂੰ ਭੇਜਿਆ ਗਿਆ ਹੈ, ਉਨ੍ਹਾਂ ਨੇ ਐੱਮ ਐੱਲ ਏ ਤੋਂ ਮੰਗ ਕੀਤੀ ਕਿ ਜਤਿੰਦਰ ਪਾਲ ਕੌਰ ਦੀ ਆਸ਼ਾ ਵਰਕਰ ਦੇ ਤੌਰ 'ਤੇ ਤੁਰੰਤ ਨਿਯੁਕਤੀ ਰੱਦ ਕੀਤੀ ਜਾਵੇ ਤੇ ਜਸਪ੍ਰੀਤ ਕੌਰ ਖਿਲਾਫ ਸਖਤ ਸਖਤ ਕਾਰਵਾਈ ਕੀਤੀ ਜਾਵੇ।

# ਸ਼ਹੀਦੀ ਸ਼ਤਾਬਦੀ ਨੂੰ ਸਮਰਪਤ ਰਾਜ ਪੱਧਰੀ ਸਮਾਗਮਾਂ ਦੀਆਂ ਤਿਆਰੀਆਂ ਜੰਗੀ ਪੱਧਰ 'ਤੇ ਜਾਰੀ : ਸੌਂਦ

- 21 ਨਵੰਬਰ ਨੂੰ ਪਟਿਆਲਾ ਪੁੱਜੇਗੀ ਨਗਰ ਕੀਰਤਨ ਦੇ ਰੂਪ 'ਚ ਧਾਰਮਿਕ ਯਾਤਰਾ
- ਨਗਰ ਕੀਰਤਨ ਵਾਲੇ ਰੂਟ 'ਤੇ ਤੰਬਾਕੂ, ਮੀਟ ਦੀਆਂ ਦੁਕਾਨਾਂ ਤੇ ਸ਼ਰਾਬ ਦੇ ਠੇਕੇ ਬੰਦ ਰਹਿਣਗੇ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਨੌਵੇਂ ਪਾਤਸ਼ਾਹ ਤੇ ਹਿੰਦ ਦੀ ਚਾਦਰ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਮਨਾਉਣ ਲਈ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਉਲੀਕੇ ਰਾਜ ਪੱਧਰੀ ਸਮਾਗਮਾਂ ਦੀਆਂ ਤਿਆਰੀਆਂ ਜੰਗੀ ਪੱਧਰ 'ਤੇ ਕੀਤੀਆਂ ਜਾ ਰਹੀਆਂ ਹਨ।ਇਹ ਪ੍ਰਗਟਾਵਾ ਪੰਜਾਬ ਦੇ ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕੀਤਾ।

ਕੈਬਨਿਟ ਮੰਤਰੀ ਸ਼ਹੀਦੀ ਸ਼ਤਾਬਦੀ ਨੂੰ ਸਮਰਪਤ ਪਟਿਆਲਾ ਵਿਖੇ ਹੋਣ ਵਾਲੇ ਸਮਾਗਮਾਂ ਤੇ ਵਿਸ਼ੇਸ਼ ਨਗਰ ਕੀਰਤਨ ਦੇ ਰੂਪ 'ਚ 21 ਨਵੰਬਰ ਨੂੰ ਪਟਿਆਲਾ ਪੁੱਜਣ ਵਾਲੀ ਧਾਰਮਿਕ ਯਾਤਰਾ ਲਈ ਕੀਤੇ ਜਾ ਰਹੇ ਪ੍ਰਬੰਧਾਂ ਜਾਇਜ਼ਾ ਲੈਣ ਲਈ ਪੁੱਜੇ ਹੋਏ ਸਨ।ਇਸ ਮੌਕੇ ਕੈਬਨਿਟ ਮੰਤਰੀ ਨੇ ਪੰਜਾਬ ਸਰਕਾਰ ਵੱਲੋਂ ਜਾਰੀ ਕੀਤਾ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਲਾਸਾਨੀ ਸ਼ਹਾਦਤ ਦੇ 350 ਸਾਲਾ ਸਮਾਗਮਾਂ ਦਾ ਲੋਗੋ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੂੰ ਸੌਂਪਿਆ।ਮੀਟਿੰਗ ਦੌਰਾਨ ਪਟਿਆਲਾ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ, ਸੈਰ ਸਪਾਟਾ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ, ਪੀ.ਆਰ.ਟੀ.ਸੀ. ਚੇਅਰਮੈਨ ਰਣਜੋਧ ਸਿੰਘ ਹਡਾਣਾ, ਸੈਰ ਸਪਾਟਾ ਵਿਭਾਗ ਦੇ ਡਾਇਰੈਕਟਰ ਸੰਜੀਵ ਤਿਵਾੜੀ ਵੀ ਮੌਜੂਦ ਸਨ।ਕੈਬਨਿਟ ਮੰਤਰੀ ਨੇ ਦੱਸਿਆ ਕਿ ਧਾਰਮਿਕ ਯਾਤਰਾ ਦੇ ਰੂਟ 'ਤੇ ਮੀਟ, ਸ਼ਰਾਬ ਤੇ ਤੰਬਾਕੂ ਦੀਆਂ ਦੁਕਾਨਾਂ ਤੇ ਠੇਕੇ ਬੰਦ ਰਹਿਣਗੇ ਅਤੇ ਸਾਰੀਆਂ ਸੜਕਾਂ ਦੀ ਪੂਰੀ ਤਰ੍ਹਾਂ ਸਾਫ਼-ਸਫ਼ਾਈ ਕਰਵਾਈ ਜਾਵੇਗੀ।ਇਸ ਮੌਕੇ ਕੈਬਨਿਟ ਮੰਤਰੀ ਸੌਂਦ ਨੇ ਦੱਸਿਆ ਕਿ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੀ ਸ਼ਹਾਦਤ ਦੇ 350 ਸਾਲਾ ਸ਼ਤਾਬਦੀ ਦਿਹਾੜੇ ਨੂੰ ਸਪਰਪਤ ਵੱਖ-ਵੱਖ ਸਮਾਗਮ 25 ਅਕਤੂਬਰ ਨੂੰ ਸ਼ੁਰੂ ਹੋ ਜਾਣਗੇ ਤੇ 25 ਨਵੰਬਰ ਤੱਕ ਜਾਰੀ ਰਹਿਣਗੇ।ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਮੁੱਚੀ ਕੈਬਨਿਟ ਤੇ ਸਾਰੀ ਸਰਕਾਰ ਇਨ੍ਹਾਂ ਸਮਾਗਮਾਂ ਨੂੰ ਇੱਕ ਨਿਮਾਣੇ ਸ਼ਰਧਾਲੂ ਵਜੋਂ ਪੂਰੀ ਅਕੀਦਤ ਤੇ ਸ਼ਰਧਾ ਭਾਵਨਾ ਤੇ ਗੁਰਮਤਿ ਮਰਿਯਾਦਾ ਨਾਲ ਮਨਾਉਣ ਸਮੇਤ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਤੇ ਭਾਈ ਦਿਆਲਾ ਜੀ ਦੀ ਸ਼ਾਨਾਮੱਤੀ ਸ਼ਹਾਦਤ ਦੇ 350 ਸਾਲਾ ਦਿਹਾੜੇ ਸਮੇਤ ਭਾਈ ਜੈਤਾ ਜੀ ਤੇ ਭਾਈ ਲੱਖੀ ਸ਼ਾਹ ਵਣਜਾਰੇ ਦੀ ਯਾਦ ਨੂੰ ਵੀ ਪੂਰੀ ਧਾਰਮਿਕ ਮਾਣ-ਮਰਿਆਦਾ ਤੇ ਸ਼ਰਧਾ ਸਤਿਕਾਰ ਨਾਲ ਮਨਾਏਗੀ।

ਉਨ੍ਹਾਂ ਦੱਸਿਆ ਕਿ ਇਸ ਦੌਰਾਨ ਇਸ ਮੌਕੇ ਚਾਰ ਸਥਾਨਾਂ ਤੋਂ ਯਾਤਰਾਵਾਂ ਸ੍ਰੀ ਆਨੰਦਪੁਰ ਸਾਹਿਬ ਪੁੱਜਣਗੀਆਂ, ਜਿਨ੍ਹਾਂ ਵਿੱਚ ਗੁਰਦਾਸਪੁਰ ਤੋਂ ਮਾਝਾ, ਦੁਆਬਾ ਤੋਂ ਯਾਤਰਾ ਸਮੇਤ ਮਾਲਵਾ ਤੋਂ ਦੋ ਯਾਤਰਾਵਾਂ ਬਠਿੰਡਾ ਤੇ ਫਰੀਦਕੋਟ ਤੋਂ ਸ੍ਰੀ ਅਨੰਦਪੁਰ ਸਾਹਿਬ ਲਈ ਰਵਾਨਾ ਹੋਣਗੀਆਂ, ਜੋ ਸੂਬੇ ਦੇ ਲਗਭਗ ਸਾਰੇ ਜ਼ਿਲ੍ਹਿਆਂ ਤੇ ਪ੍ਰਮੁੱਖ ਸ਼ਹਿਰਾਂ ਤੋਂ ਹੋ ਕੇ ਸ੍ਰੀ ਅਨੰਦਪੁਰ ਸਾਹਿਬ ਪਹੁੰਚਣਗੀਆਂ।ਸ੍ਰੀ ਆਨੰਦਪੁਰ ਸਾਹਿਬ ਵਿਖੇ ਹੋਣ ਵਾਲੇ ਧਾਰਮਿਕ ਸਮਾਗਮਾਂ ਬਾਰੇ ਉਨ੍ਹਾ ਦੱਸਿਆ ਕਿ ਵਿਰਾਸਤ ਏ ਖਾਲਸਾ ਵਿਖੇ 23 ਨਵੰਬਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੀ ਅਰੰਭਤਾ ਹੋਵੇਗੀ, ਜਿਸ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਮੇਤ ਦੇਸ਼ ਵਿਦੇਸ਼ ਤੋਂ ਪ੍ਰਮੁੱਖ ਹਸਤੀਆਂ, ਧਾਰਮਿਕ ਸ਼ਖ਼ਸੀਅਤਾਂ ਹਾਜ਼ਰੀ ਲਗਵਾਉਣਗੀਆਂ।ਉਨ੍ਹਾਂ ਦੱਸਿਆ ਕਿ 24 ਨਵੰਬਰ ਨੂੰ ਇੱਕ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਵੀ ਬੁਲਾਇਆ ਜਾਵੇਗਾ।ਅਨੰਦਪੁਰ ਸਾਹਿਬ ਸਮੇਤ ਸਾਰੇ ਪੰਜਾਬ 'ਚ 'ਲਾਈਟ ਐਂਡ ਸਾਊਂਡ ਸ਼ੋਅ ਰੋਸ਼ਨੀ ਤੇ ਅਵਾਜ਼' ਦੇ ਪ੍ਰੋਗਰਾਮ ਕਰਵਾਏ ਜਾਣਗੇ।

## ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ ਸੰਗਰੂਰ 'ਚ ਸੂਬਾ ਪੱਧਰੀ ਰੈਲੀ 16 ਨਵੰਬਰ ਨੂੰ

- ਕੈਬਨਿਟ ਮੰਤਰੀ ਸੰਜੀਵ ਅਰੋੜਾ ਦੇ ਪੀ ਏ ਰਾਹੀਂ ਪੰਜਾਬ ਸਰਕਾਰ ਨੂੰ ਭੇਜਿਆ ਰੋਸ ਪੱਤਰ



**ਮੁੱਲਾਂਪੁਰ ਦਾਖਾ (ਪੱਤਰ ਪ੍ਰੇਰਕ)**-ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਲੁਧਿਆਣਾ ਵੱਲੋਂ ਪੰਜਾਬ ਦੇ ਮੁਲਾਜ਼ਮਾਂ ਦੀਆਂ ਪਿਛਲੇ ਲੰਮੇ ਸਮੇਂ ਲਟਕਦੀਆਂ ਮੰਗਾਂ ਸਬੰਧੀ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਦੇ ਪੀ ਏ ਰਾਹੀਂ ਪੰਜਾਬ ਸਰਕਾਰ ਦੇ ਨਾਂਅ ਰੋਸ ਪੱਤਰ ਤੇ ਅਗਲੇਰੇ ਸੰਘਰਸ਼ ਸਬੰਧੀ ਵੱਡੀ ਗਿਣਤੀ ਵਫ਼ਦ ਨੇ ਮੰਗ ਪੱਤਰ ਸੌਂਪਿਆ।ਇਸ ਵਫ਼ਦ ਵਿੱਚ ਲੁਧਿਆਣਾ ਦੇ ਆਗੂ ਗੁਰਮੇਲ ਸਿੰਘ ਮੈਲਡੇ, ਸੁਖਵਿੰਦਰ ਸਿੰਘ ਲੀਲ੍ਹ, ਨਿਰਭੈ ਸਿੰਘ, ਕੇਵਲ ਸਿੰਘ ਬਨਵੈਤ, ਚਮਕੌਰ ਸਿੰਘ ਬਰਮੀ, ਰਛਪਾਲ ਸਿੰਘ, ਪ੍ਰਵੀਨ ਕੁਮਾਰੀ, ਰਣਧੀਰ ਸਿੰਘ ਧੀਰਾ, ਸੁਸ਼ੀਲ ਕੁਮਾਰ ਆਦਿ ਆਗੂ ਹਾਜ਼ਰ ਹੋਏ।ਮੰਗਾਂ ਸਬੰਧੀ ਜਾਣਕਾਰੀ ਦਿੰਦਿਆਂ ਸੁਖਵਿੰਦਰ ਲੀਲ੍ਹ ਨੇ ਦੱਸਿਆ ਕਿ ਪੰਜਾਬ ਦੇ ਪੈਨਸ਼ਨਰਜ਼ ਤੇ ਮੁਲਾਜ਼ਮਾਂ ਦੀਆਂ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਤੇ ਬਕਾਏ ਜਾਰੀ ਕਰਨ, ਛੇਵੇਂ ਤਨਖਾਹ ਕਮਿਸ਼ਨ ਤਹਿਤ ਪੈਨਸ਼ਨਰਾਂ ਉੱਤੇ 2.59 ਦਾ ਗੁਣਾਂਕ ਲਾਗੂ ਕਰਨ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ, ਮਾਣ ਭੱਤਾ ਵਰਕਰਾਂ ਉੱਤੇ ਪੰਜਾਬ ਸਕੇਲ ਲਾਗੂ ਕਰਨ, ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ 17 ਜੁਲਾਈ 2020 ਤੋਂ ਬਾਅਦ ਭਰਤੀ ਮੁਲਾਜ਼ਮਾਂ 'ਤੇ ਪੰਜਾਬ ਦੇ ਸਕੇਲ ਲਾਗੂ ਕਰਨ, ਪਰਖ ਕਾਲ ਦੌਰਾਨ ਮੁਢਲੀ ਤਨਖਾਹ ਦੇਣ ਸਬੰਧੀ, 15-01-2015 ਤੇ 05-09-2016 ਦੇ ਪੱਤਰਾਂ ਨੂੰ ਰੱਦ ਕਰਨ, ਬੰਦ ਕੀਤੇ ਪੇਂਡੂ ਤੇ ਬਾਰਡਰ ਏਰੀਆ ਸਮੇਤ ਸਮੁੱਚੇ ਭੱਤੇ ਤੇ ਏ.ਸੀ.ਪੀ. ਬਹਾਲ ਕਰਨ ਤੇ ਡਿਵੈਲਪਮੈਂਟ ਟੈਕਸ ਨੂੰ ਬੰਦ ਕਰਨ ਤੋਂ ਸਰਕਾਰ ਟਾਲਾ ਵੱਟ ਰਹੀ ਹੈ।ਇਸ ਚੱਲ ਰਹੇ ਵਰਤਾਰੇ ਪ੍ਰਤੀ ਸਮੁੱਚੇ ਕੱਚੇ-ਪੱਕੇ ਮੁਲਾਜ਼ਮ ਵਰਗ ਵਿੱਚ ਰੋਸ ਦੀ ਲਹਿਰ ਹੈ।ਇਸ ਮੌਕੇ ਆਗੂਆਂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਮੁਲਾਜ਼ਮ ਮੰਗਾਂ ਵੱਲ ਧਿਆਨ ਨਾ ਦਿੱਤਾ ਗਿਆ ਤਾਂ 16 ਨਵੰਬਰ ਨੂੰ ਸੰਗਰੂਰ ਵਿਖੇ ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝੇ ਫਰੰਟ ਵੱਲੋਂ ਪੰਜਾਬ ਦੇ ਸਮੁੱਚੇ ਮੁਲਾਜ਼ਮਾਂ ਵੱਲੋਂ ਸੂਬਾਈ ਰੈਲੀ ਕੀਤੀ ਜਾਵੇਗੀ।ਇਸ ਮੌਕੇ ਸਤਿਕਰਤਾਰ ਸਿੰਘ, ਗੁਰਪ੍ਰੀਤ ਸਿੰਘ ਮਹਿਦੂਦਾਂ, ਨਿਰਮਲ ਸਿੰਘ ਲਲਤੋਂ, ਰਜਿੰਦਰ ਸਿੰਘ ਲਲਤੋਂ, ਚੰਦ ਸਿੰਘ, ਮਾਨਵਪਰੀਤ ਸਿੰਘ, ਰਮੇਸ਼ ਕੁਮਾਰ, ਪਰਮਿੰਦਰ ਸਿੰਘ, ਨਿਸ਼ਾਨ ਸਿੰਘ, ਪਿੰਕੀ ਰਾਣੀ, ਰਾਧਾ ਰਾਣੀ ਹਾਜ਼ਰ ਹੋਏ।

## ਪਰਾਲੀ ਪ੍ਰਬੰਧਨ ਨੂੰ ਲੈ ਕੇ ਧਰਨੇ ਭਲਕੇ

**ਮਾਨਸਾ (ਆਤਮਾ ਸਿੰਘ ਪਮਾਰ)**-ਪੰਜਾਬ ਕਿਸਾਨ ਯੂਨੀਅਨ ਦੇ ਸੂਬਾਈ ਪ੍ਰਧਾਨ ਰੁਲਦੂ ਸਿੰਘ ਮਾਨਸਾ, ਜਨਰਲ ਸਕੱਤਰ ਗੁਰਨਾਮ ਸਿੰਘ ਭੀਖੀ ਤੇ ਪ੍ਰੈੱਸ ਸਕੱਤਰ ਨਰਿੰਦਰ ਕੌਰ ਬੁਰਜ ਹਮੀਰਾ ਨੇ ਪ੍ਰੈੱਸ ਦੇ ਨਾਂਅ ਇੱਕ ਸਾਂਝਾ ਬਿਆਨ ਜਾਰੀ ਕਰਦਿਆਂ ਦੱਸਿਆ ਕਿ 16 ਅਕਤੂਬਰ ਨੂੰ ਪਰਾਲੀ ਦੇ ਸਥਾਈ ਪ੍ਰਬੰਧਨ ਤੇ ਡੀ ਏ ਪੀ ਖਾਦ ਦੇ ਹੱਲ ਨੂੰ ਲੈ ਕੇ ਡਿਪਟੀ ਕਮਿਸ਼ਨਰ ਮਾਨਸਾ ਦੇ ਦਫ਼ਤਰ ਅੱਗੇ ਦੁਪਹਿਰ 12 ਵਜੇ ਤੋਂ ਲੈ ਕੇ 3 ਵਜੇ ਧਰਨਾ ਦਿੱਤਾ ਜਾਵੇਗਾ। ਇਸ ਦੇ ਪੁਖਤਾ ਹੱਲ ਲਈ ਡੀ ਸੀ ਮਾਨਸਾ ਰਾਹੀਂ ਪੰਜਾਬ ਸਰਕਾਰ ਨੂੰ ਵੀ ਮੰਗ ਪੱਤਰ ਭੇਜਿਆ ਜਾਵੇਗਾ।

# ਗੁਰੂ ਨਾਨਕ ਮਾਡਲ ਸੀਨੀਅਰ ਸੈਕੰਡਰੀ ਸਕੂਲ ਦੇ ਖਿਡਾਰੀਆਂ ਨੇ ਮਾਰੀਆਂ ਮੱਲਾਂ

**ਦੋਰਾਹਾ (ਹਰਮਿੰਦਰ ਸੇਠ)**



ਗੁਰੂ ਨਾਨਕ ਮਾਡਲ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਾਇਮਰੀ ਵਿੰਗ ਦੇ ਖਿਡਾਰੀਆਂ ਨੇ ਸਰਕਾਰੀ ਪ੍ਰਾਇਮਰੀ ਸਕੂਲ, ਜੈਪੁਰਾ ਵਿਖੇ ਆਯੋਜਿਤ ਦੋ ਰੋਜ਼ਾ ਪ੍ਰਾਇਮਰੀ ਸੈਂਟਰ ਐਥਲੈਟਿਕਸ ਮੀਟ-2025-26 ਵਿੱਚ ਪੂਰੇ ਉਤਸ਼ਾਹ ਅਤੇ ਜੋਸ਼ ਨਾਲ ਹਿੱਸਾ ਲਿਆ।ਅੰਡਰ-11 ਅਧੀਨ ਕੁੱਲ 12 ਖਿਡਾਰੀਆਂ (6 ਲੜਕੇ ਤੇ 6 ਲੜਕੀਆਂ) ਨੇ ਵੱਖ-ਵੱਖ ਮੁਕਾਬਲਿਆਂ ਵਿੱਚ ਹਿੱਸਾ ਲਿਆ, ਜਿਸ 'ਚ ਅਮੈ ਅੱਤਰੀ ਨੇ 400 ਮੀਟਰ ਦੌੜ, 600 ਮੀਟਰ ਦੌੜ ਤੇ ਰਿਲੇਅ, ਕੰਵਲਅਸੀਸ ਸਿੰਘ ਨੇ 200 ਮੀਟਰ ਦੌੜ, 400 ਮੀਟਰ ਦੌੜ ਅਤੇ ਰਿਲੇਅ, ਜਤਿਨ ਕੁਮਾਰ ਨੇ 200 ਮੀਟਰ ਦੌੜ, ਲੰਮੀ ਛਾਲ ਅਤੇ ਰਿਲੇਅ, ਦਿਵਯਾਂਸ਼ ਨੇ 600 ਮੀਟਰ ਦੌੜ, ਲੰਮੀ ਛਾਲ ਤੇ ਰਿਲੇਅ , ਵੇਦਾਂਸ਼ ਨੇ 100 ਮੀਟਰ ਦੌੜ, ਭਾਗਰਵ ਸ਼ਰਮਾ ਨੇ 100 ਮੀਟਰ ਦੌੜ, ਇਸੇ ਤਰ੍ਹਾਂ ਗੁਰਸਿਮਰਨ ਕੌਰ ਨੇ 400 ਮੀਟਰ ਦੌੜ, 600 ਮੀਟਰ ਦੌੜ ਅਤੇ ਰਿਲੇਅ , ਅਰਪਿਤਾ ਕੁਮਾਰੀ ਨੇ 400 ਮੀਟਰ ਦੌੜ, 600 ਮੀਟਰ ਦੌੜ ਅਤੇ ਰਿਲੇਅ, ਪ੍ਰਭਨੂਰ ਕੌਰ ਨੇ 100 ਮੀਟਰ ਦੌੜ, 200 ਮੀਟਰ ਦੌੜ ਤੇ ਰਿਲੇਅ, ਰਵਲੀਨ ਕੌਰ ਨੇ 200 ਮੀਟਰ ਦੌੜ, ਲੰਮੀ ਛਾਲ਼ ਅਤੇ ਰਿਲੇਅ, ਅਰਾਧਿਆ ਠਾਕੁਰ ਨੇ 100 ਮੀਟਰ ਦੌੜ, ਲੰਮੀ ਛਾਲ਼, ਇਸ ਤੋਂ ਇਲਾਵਾ ਮਨਰੀਤ ਕੌਰ ਨੇ ਸ਼ਾਰਟ-ਪੁੱਟ ਈਵੈਂਟ ਵਿੱਚ ਹਿੱਸਾ ਲਿਆ।

ਪ੍ਰਭਾਵਸ਼ਾਲੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਦੇ ਹੋਏ ਪ੍ਰਭਨੂਰ ਕੌਰ ਨੇ 100 ਮੀਟਰ ਦੌੜ ਤੇ 200 ਮੀਟਰ ਦੌੜ ਵਿੱਚ ਸੋਨ ਤਮਗੇ ਪ੍ਰਾਪਤ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ।ਇਸੇ ਤਰ੍ਹਾਂ ਰਵਲੀਨ ਕੌਰ ਤੇ ਕੰਵਲਅਸੀਸ ਸਿੰਘ ਨੇ 200 ਮੀਟਰ ਦੌੜ ਵਿੱਚ ਚਾਂਦੀ ਤਮਗੇ ਪ੍ਰਾਪਤ ਕਰਕੇ ਜਿੱਤ ਪ੍ਰਾਪਤ ਕੀਤੀ।ਅਰਪਿਤਾ ਕੁਮਾਰੀ ਨੇ 600 ਮੀਟਰ ਦੌੜ ਵਿੱਚ ਸੋਨ ਤਮਗਾ ਤੇ ਗੁਰਸਿਮਰਨ ਕੌਰ ਨੇ ਚਾਂਦੀ ਤਮਗਾ ਪ੍ਰਾਪਤ ਕੀਤਾ।ਅਮੈ ਅੱਤਰੀ ਨੇ 600 ਮੀਟਰ ਦੌੜ ਵਿੱਚ ਸੋਨ ਤਮਗਾ, ਅਰਪਿਤਾ ਕੁਮਾਰੀ ਨੇ 400 ਮੀਟਰ ਦੌੜ ਵਿੱਚ ਸੋਨ ਤਮਗਾ ਤੇ ਗੁਰਸਿਮਰਨ ਕੌਰ ਨੇ 400 ਮੀਟਰ ਦੌੜ ਵਿੱਚ ਕਾਂਸੀ ਤਮਗਾ ਪ੍ਰਾਪਤ ਕੀਤਾ।ਅਮੈ ਅੱਤਰੀ ਨੇ 400 ਮੀਟਰ ਦੌੜ ਵਿੱਚ ਸੋਨ ਤਮਗਾ ਪ੍ਰਾਪਤ ਕਰਕੇ ਆਪਣੀ ਜਿੱਤ ਦਰਜ ਕੀਤੀ।ਅਰਪਿਤਾ ਕੁਮਾਰੀ, ਗੁਰਸਿਮਰਨ ਕੌਰ, ਰਵਲੀਨ ਕੌਰ ਅਤੇ ਪ੍ਰਭਨੂਰ ਕੌਰ ਨੇ ਚਾਰ ਸੌ ਮੀਟਰ ਰਿਲੇਅ ਵਿੱਚ ਸੋਨ ਤਮਗਾ ਪ੍ਰਾਪਤ ਕਰਕੇ ਸਕੂਲ ਦਾ ਮਾਣ ਵਧਾਇਆ।ਗੁਰੂ ਨਾਨਕ ਪ੍ਰਬੰਧਕ ਬੋਰਡ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ ਨੇ ਇਹਨਾਂ ਛੋਟੇ-ਛੋਟੇ ਖਿਡਾਰੀਆਂ ਦੀ ਖੇਡਾਂ ਪ੍ਰਤੀ ਲਗਨ ਤੇ ਜੋਸ਼ ਨੂੰ ਦੇਖਦਿਆਂ ਹੋਇਆਂ ਮਾਣ ਪ੍ਰਗਟ ਕੀਤਾ ਅਤੇ ਉਹਨਾਂ ਨੂੰ ਉਜੱਵਲ ਭਵਿੱਖ ਦੇ ਪ੍ਰੇਰਨਾ ਸਰੋਤ ਕਿਹਾ।ਸਕੂਲ ਕਾਰਜਕਾਰੀ ਪ੍ਰਸ਼ਾਸ਼ਕ ਰੁਪਿੰਦਰ ਕੌਰ ਬਰਾੜ ਨੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਕੋਚ ਊਧਮ ਸਿੰਘ ਦੀ ਜੀਅ ਤੋੜ ਮਿਹਨਤ ਅਤੇ ਯਤਨਾਂ ਦੀ ਸ਼ਲਾਘਾ ਕੀਤੀ।

## ਅਧਿਆਪਕ ਵੱਲੋਂ 9 ਸਾਲਾ ਵਿਦਿਆਰਥਣ ਨਾਲ ਗੰਦੀ ਹਰਕਤ, ਗ੍ਰਿਫ਼ਤਾਰ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਟਿਆਲਾ ਦੇ ਇੱਕ ਪ੍ਰਾਈਵੇਟ ਸਕੂਲ ਆਰੋ ਮੀਰਾ ਵਿੱਚ ਇੱਕ ਖੇਡ ਅਧਿਆਪਕ ਨੇ ਕਥਿਤ ਤੌਰ 'ਤੇ 9 ਸਾਲਾ ਵਿਦਿਆਰਥਣ ਨਾਲ ਛੇੜਛਾੜ ਕੀਤੀ ਹੈ।ਲਾਹੌਰੀ ਗੇਟ ਪੁਲਸ ਸਟੇਸ਼ਨ ਦੀ ਪੁਲਸ ਨੇ ਅਧਿਆਪਕ ਵਿਰੁੱਧ ਮਾਮਲਾ ਦਰਜ ਕਰਕੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ।ਲਾਹੌਰੀ ਗੇਟ ਪੁਲਸ ਸਟੇਸ਼ਨ ਦੇ ਐੱਸ ਐੱਚ ਓ ਇੰਸਪੈਕਟਰ ਸ਼ਿਵਰਾਜ ਸਿੰਘ ਢਿੱਲੋਂ ਨੇ ਪੁਸ਼ਟੀ ਕੀਤੀ ਕਿ ਅਧਿਆਪਕ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ।ਰਿਪੋਰਟਾਂ ਅਨੁਸਾਰ, ਸਕੂਲ ਦੇ ਖੇਡ ਅਧਿਆਪਕ ਨੇ 9 ਸਾਲਾ ਬੱਚੀ ਨਾਲ ਛੇੜਛਾੜ ਕੀਤੀ, ਜਿਸ ਦੀ ਸੂਚਨਾ ਲੜਕੀ ਨੇ ਆਪਣੇ ਮਾਪਿਆਂ ਨੂੰ ਦਿੱਤੀ, ਜੋ ਫਿਰ ਪੁਲਸ ਸਟੇਸ਼ਨ ਗਏ।ਲਾਹੌਰੀ ਗੇਟ ਪੁਲਸ ਨੇ ਤੁਰੰਤ ਬਾਲ ਭਲਾਈ ਵਿਭਾਗ ਦੇ ਅਧਿਕਾਰੀਆਂ ਨਾਲ ਸੰਪਰਕ ਕੀਤਾ।ਬਾਲ ਭਲਾਈ ਵਿਭਾਗ ਦੀ ਟੀਮ ਨੇ ਲੜਕੀ ਦੀ ਕੌਂਸਲਿੰਗ ਕੀਤੀ ਤੇ ਪੁਲਸ ਨੂੰ ਕੇਸ ਦਰਜ ਕਰਨ ਵਿੱਚ ਸਹਾਇਤਾ ਕੀਤੀ।ਲਾਹੌਰੀ ਗੇਟ ਪੁਲਸ ਨੇ ਲੜਕੀ ਦੇ ਪਰਿਵਾਰ ਦਾ ਬਿਆਨ ਦਰਜ ਕਰ 42 ਸਾਲਾ ਖੇਡ ਅਧਿਆਪਕ ਵਿਰੁੱਧ ਐੱਫਆਈਆਰ ਦਰਜ ਕੀਤੀ ਅਤੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ।ਲੜਕੀ ਦੀ ਡਾਕਟਰੀ ਜਾਂਚ ਕਰਵਾਈ ਜਾ ਰਹੀ ਹੈ।ਜ਼ਿਲ੍ਹਾ ਬਾਲ ਭਲਾਈ ਅਧਿਕਾਰੀ ਰੁਪਵੰਤ ਕੌਰ ਨੇ ਕਿਹਾ ਕਿ ਲੜਕੀ ਨੇ ਕੌਂਸਲਿੰਗ ਦੌਰਾਨ ਘਟਨਾ ਦਾ ਵਿਸਥਾਰ ਨਾਲ ਵਰਣਨ ਕੀਤਾ।ਪਰਿਵਾਰ ਦੀ ਸ਼ਿਕਾਇਤ ਦੇ ਆਧਾਰ 'ਤੇ ਪੁਲਸ ਨੇ ਐੱਫਆਈਆਰ ਦਰਜ ਕਰਕੇ ਦੋਸ਼ੀ ਨੂੰ ਗ੍ਰਿਫ਼ਤਾਰ ਕਰ ਲਿਆ ਹੈ।

## ਚੇਅਰਮੈਨ ਮਸੀਹ ਗੌਰਵ ਨੇ ਦਫ਼ਤਰੀ ਕੰਮਕਾਜ ਦੌਰਾਨ ਸੁਣੀਆਂ ਮੁਸ਼ਕਲਾਂ

**ਮੌਕੇ 'ਤੇ ਹੀ ਦਰਜਨਾਂ ਸ਼ਿਕਾਇਤਾਂ ਦਾ ਨਿਪਟਾਰਾ ਕਰਕੇ ਲੋਕਾਂ ਨੂੰ ਤੁਰੰਤ ਇਨਸਾਫ਼ ਦਿਵਾਇਆ**



**ਫ਼ਰੀਦਕੋਟ/ਚੰਡੀਗੜ੍ਹ (ਐਲਿਗਜੈਂਡਰ ਡਿਸੂਜ਼ਾ)**-ਪੰਜਾਬ ਰਾਜ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਸ੍ਰੀ ਜਤਿੰਦਰ ਮਸੀਹ ਗੌਰਵ ਵੱਲੋਂ ਦਫ਼ਤਰੀ ਕੰਮ ਕਾਜ ਦੌਰਾਨ ਇੱਕ ਸ਼ਲਾਘਾਯੋਗ ਤੇ ਅਹਿਮ ਪਹਿਲ ਕੀਤੀ ਗਈ।ਪੰਜਾਬ ਸਟੇਟ ਦੇ ਵੱਖ-ਵੱਖ ਕੋਨਿਆਂ ਤੋਂ ਆਪਣੀਆਂ ਮੁਸ਼ਕਲਾਂ ਲੈ ਕੇ ਆਏ ਘੱਟ ਗਿਣਤੀ ਭਾਈਚਾਰੇ ਨਾਲ ਸੰਬੰਧਤ ਫਰਿਆਦੀਆਂ ਨੂੰ ਵੱਡੀ ਰਾਹਤ ਮਿਲੀ।ਸ੍ਰੀ ਜਤਿੰਦਰ ਮਸੀਹ ਗੌਰਵ ਨੇ ਖੁਦ ਸੁਣਵਾਈ ਕਰਦਿਆਂ ਦਫ਼ਤਰ ਵਿੱਚ ਮੌਜੂਦ ਰਹੇ ਅਤੇ ਬੜੀ ਸੰਜੀਦਗੀ ਨਾਲ ਲੋਕਾਂ ਦੀਆਂ ਦਰਦ ਭਰੀਆਂ ਸ਼ਿਕਾਇਤਾਂ ਸੁਣੀਆਂ।ਚੇਅਰਮੈਨ ਸਾਹਿਬ ਨੇ ਆਪਣੀ ਤੁਰੰਤ ਕਾਰਵਾਈ ਨਾਲ ਕਈ ਸ਼ਿਕਾਇਤਾਂ ਦਾ ਮੌਕੇ 'ਤੇ ਹੀ ਨਿਪਟਾਰਾ ਕਰ ਦਿੱਤਾ, ਜਿਸ ਨਾਲ ਫਰਿਆਦੀਆਂ ਦੇ ਚਿਹਰਿਆਂ 'ਤੇ ਖੁਸ਼ੀ ਦੀ ਲਹਿਰ ਦੌੜ ਗਈ। ਜੋ ਮਸਲੇ ਤੁਰੰਤ ਹੱਲ ਨਹੀਂ ਹੋ ਸਕਦੇ ਸਨ, ਉਨ੍ਹਾਂ ਨੂੰ ਸੰਬੰਧਤ ਅਧਿਕਾਰੀਆਂ ਨੂੰ ਨਿਪਟਾਰਾ ਕਰਨ ਲਈ ਸਮਾਂਬੱਧ ਢੰਗ ਨਾਲ ਭੇਜ ਦਿੱਤਾ ਗਿਆ ਹੈ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਵੱਖ ਵੱਖ ਪਾਸਟਰ, ਪਾਦਰੀ ਸਾਹਿਬਾਨ, ਮੁਸਲਮਾਨ ਭਾਈਚਾਰੇ, ਜੈਨੀ ਤੇ ਬੋਧੀ ਭਾਈਚਾਰੇ ਦੇ ਲੋਕਾਂ ਨਾਲ ਗੱਲਬਾਤ ਕਰਦਿਆਂ ਸ੍ਰੀ ਗੌਰਵ ਨੇ ਇੱਕ ਬਹੁਤ ਹੀ ਵੱਡਾ ਐਲਾਨ ਕੀਤਾ। ਉਨ੍ਹਾਂ ਭਰੋਸਾ ਦਿਵਾਇਆ ਕਿ ਕਮਿਸ਼ਨ ਬਹੁਤ ਜਲਦੀ ਜ਼ਿਲ੍ਹੇ ਵਾਰ ਪ੍ਰਸ਼ਾਸਨ ਨਾਲ ਉੱਚ ਪੱਧਰੀ ਮੀਟਿੰਗਾਂ ਦਾ ਸਿਲਸਿਲਾ ਸ਼ੁਰੂ ਕਰੇਗਾ।ਚੇਅਰਮੈਨ ਸ੍ਰੀ ਗੌਰਵ ਨੇ ਸਪੱਸ਼ਟ ਕੀਤਾ ਕਿ ਜ਼ਿਲ੍ਹੇ ਪੱਧਰ 'ਤੇ ਹਰ ਮਸਲੇ 'ਤੇ ਡੂੰਘਾਈ ਨਾਲ ਵਿਚਾਰ ਚਰਚਾ ਕੀਤੀ ਜਾਵੇਗੀ ਅਤੇ ਫਿਰ ਵੱਖ-ਵੱਖ ਮਹਿਕਮਿਆਂ ਤੇ ਪ੍ਰਸ਼ਾਸਨ ਕੋਲੋਂ ਸਮਾਂਬੱਧ ਤਰੀਕੇ ਨਾਲ ਲੋਕਾਂ ਦੇ ਮਸਲਿਆਂ ਦਾ ਹੱਲ ਕਰਵਾਇਆ ਜਾਵੇਗਾ।ਉਨ੍ਹਾਂ ਦਾ ਇਹ ਯਤਨ ਘੱਟ ਗਿਣਤੀ ਭਾਈਚਾਰੇ ਨੂੰ ਇਨਸਾਫ਼ ਦਿਵਾਉਣ ਤੇ ਉਨ੍ਹਾਂ ਦੇ ਮਸਲਿਆਂ ਨੂੰ ਜੜ੍ਹੋਂ ਖ਼ਤਮ ਕਰਨ ਵੱਲ ਇੱਕ ਮਹਾਨ ਕਦਮ ਹੈ।

# ਚੇਅਰਮੈਨ ਬਰਸਟ ਨੇ ਡਕਾਲਾ 'ਚ ਝੋਨੇ ਦੀ ਖ਼ਰੀਦ ਸ਼ੁਰੂ ਕਰਵਾਈ



**ਸਮਾਣਾ (ਇਕਬਾਲ ਸਿੰਘ ਬੱਲ)**

ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ੍. ਹਰਚੰਦ ਸਿੰਘ ਬਰਸਟ ਵੱਲੋਂ ਡਕਾਲਾ ਦੀ ਅਨਾਜ ਮੰਡੀ ਵਿਖੇ ਝੋਨੇ ਦੀ ਖਰੀਦ ਸ਼ੁਰੂ ਕਰਵਾਈ ਗਈ।ਇਸ ਮੌਕੇ ਸ੍. ਬਰਸਟ ਨੇ ਕਿਸਾਨਾਂ ਦਾ ਮੂੰਹ ਮਿੱਠਾ ਕਰਵਾਇਆ।ਚੇਅਰਮੈਨ ਵੱਲੋਂ ਮੰਡੀ ਦਾ ਦੌਰਾ ਵੀ ਕੀਤਾ ਗਿਆ ਤੇ ਖਰੀਦ ਪ੍ਰਬੰਧਾਂ ਸਬੰਧੀ ਕਿਸਾਨਾਂ, ਆੜ੍ਹਤੀਆਂ ਤੇ ਮਜ਼ਦੂਰਾਂ ਨਾਲ ਗੱਲਬਾਤ ਵੀ ਕੀਤੀ ਗਈ।ਇਸ ਮੌਕੇ ਆੜ੍ਹਤੀ ਐਸੋਸੀਏਸ਼ਨ ਤੇ ਇਲਾਕਾ ਨਿਵਾਸੀਆਂ ਵੱਲੋਂ ਸ੍. ਹਰਚੰਦ ਸਿੰਘ ਬਰਸਟ ਦਾ ਸਵਾਗਤ ਕੀਤਾ ਗਿਆ।ਇਸ ਦੌਰਾਨ ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ੍. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਝੋਨੇ ਦੀ ਫਸਲ ਦਾ ਦਾਣਾ-ਦਾਣਾ ਖ੍ਰੀਦਣ ਲਈ ਵਚਨਬੱਧ ਹੈ।ਮੰਡੀਆਂ ਵਿੱਚ ਝੋਨੇ ਦੀ ਖ਼ਰੀਦ ਮੌਕੇ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਸੂਬੇ ਦੀਆਂ ਮੰਡੀਆਂ ਵਿੱਚ ਝੋਨੇ ਦੇ ਖਰੀਦ ਕਾਰਜ ਸੁਚਾਰੂ ਢੰਗ ਨਾਲ ਚੱਲ ਰਹੇ ਹਨ। ਮੰਡੀਆਂ ਵਿੱਚ ਕਿਸਾਨਾਂ, ਆੜ੍ਹਤੀਆਂ, ਮਜ਼ਦੂਰਾਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਪੇਸ਼ ਨਾ ਆਵੇ, ਇਸ ਦੇ ਲਈ ਪੁਖਤਾ ਪ੍ਰਬੰਧ ਕੀਤੇ ਗਏ ਹਨ।ਇਸਦੇ ਨਾਲ ਹੀ ਮੰਡੀਆਂ ਵਿੱਚ ਪੇਸ਼ ਆਉਣ ਵਾਲੀਆਂ ਸਮੱਸਿਆਵਾਂ ਦੇ ਨਿਪਟਾਰਾ ਲਈ ਪੰਜਾਬ ਮੰਡੀ ਬੋਰਡ ਦੇ ਮੁੱਖ ਦਫ਼ਤਰ ਵਿਖੇ ਕੰਟਰੋਲ ਰੂਮ ਵੀ ਸਥਾਪਤ ਕੀਤਾ ਗਿਆ ਹੈ।

ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਫ਼ਸਲ ਨੂੰ ਸੁਕਾ ਕੇ ਹੀ ਮੰਡੀਆਂ ਵਿੱਚ ਲਿਆਉਣ, ਤਾਂ ਕਿ ਉਨ੍ਹਾਂ ਨੂੰ ਫਸਲ ਵੇਚਣ ਸਮੇਂ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਨਾ ਹੋਵੇ।ਉਨ੍ਹਾਂ ਦੱਸਿਆ ਕਿ ਮੰਡੀ ਬੋਰਡ ਦੇ ਮੁੱਖ ਦਫ਼ਤਰ ਪੱਧਰ ਦੇ ਅਧਿਕਾਰੀਆਂ ਵੱਲੋਂ ਮੰਡੀਆਂ ਵਿੱਚ ਜਾ ਕੇ ਚੈਕਿੰਗ ਕੀਤੀ ਜਾ ਰਹੀ ਹੈ।ਇਸ ਮੌਕੇ ਡੀ.ਐੱਮ.ਓ. ਅਸਲਮ ਮੁਹੰਮਦ, ਹਰਿੰਦਰ ਸਿੰਘ ਧਬਲਾਨ, ਹਨੀ ਮਾਹਲਾ ਚੇਅਰਮੈਨ ਮਾਰਕਿਟ ਕਮੇਟੀ ਡਕਾਲਾ, ਬਲਕਾਰ ਡਕਾਲਾ, ਸਕੱਤਰ ਅਸ਼ੋਕ ਕੁਮਾਰ, ਗਿਆਨ ਚੰਦ, ਅਤੁਲ ਗੋਇਲ, ਗੁਰਜੋਬਨ ਸਿੰਘ, ਲਲਿਤ ਗੋਇਲ, ਹਰਮੇਸ਼ ਗੋਇਲ, ਦੀਪਕ ਡਕਾਲਾ, ਪਰਮਿੰਦਰ ਸਿੰਘ ਮਾਰਕਫੈੱਡ, ਸਿਮਰਨਜੀਤ ਪਨਸਬ, ਰਾਹੁਲ ਸਿੰਗਲਾ ਪਨਗਰੇਨ, ਦਿਲਪ੍ਰੀਤ ਡਕਾਲਾ ਸਮੇਤ ਸਮੂਹ ਇਲਾਕਾ ਨਿਵਾਸੀ ਮੌਜੂਦ ਰਹੇ।

## ਸੈਟਿੰਨ ਕ੍ਰੈਡਿਟ ਕੇਅਰ ਨੈੱਟਵਰਕ ਵੱਲੋਂ ਪਲੇਸਮੈਂਟ ਕੈਂਪ ਅੱਜ

**ਸੰਗਰੂਰ (ਪ੍ਰਵੀਨ ਸਿੰਘ)**-ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਸੰਗਰੂਰ ਵੱਲੋਂ ਸੈਟਿੰਨ ਕ੍ਰੈਡਿਟ ਕੇਅਰ ਨੈੱਟਵਰਕ ਲਿਮਿਟਡ ਕੰਪਨੀ ਨਾਲ ਤਾਲਮੇਲ ਕਰਕੇ 15 ਅਕਤੂਬਰ ਬੁੱਧਵਾਰ ਨੂੰ ਨੌਕਰੀ ਦੇ ਚਾਹਵਾਨ ਪ੍ਰਾਰਥੀਆਂ ਲਈ ਜ਼ਿਲ੍ਹਾ ਰੋਜ਼ਗਾਰ ਉੱਤਪਤੀ ਹੁਨਰ ਵਿਕਾਸ ਤੇ ਸਿਖਲਾਈ ਦਫ਼ਤਰ ਸੰਗਰੂਰ ਵਿਖੇ ਇੱਕ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ।ਇਸ ਸਬੰਧੀ ਕੰਪਨੀ ਵੱਲੋਂ ਸੀ ਐੱਸ ਓ (ਕੇਵਲ ਲੜਕੇ ਲਈ) ਦੀ ਅਸਾਮੀ ਲਈ ਇੰਟਰਵਿਊ ਲਈ ਜਾਵੇਗੀ, ਜਿਸ ਲਈ ਪ੍ਰਾਰਥੀ ਦੀ ਵਿੱਦਿਅਕ ਯੋਗਤਾ 12ਵੀਂ ਪਾਸ ਹੋਣੀ ਚਾਹੀਦੀ ਹੈ।ਇਸ ਤੋਂ ਇਲਾਵਾ ਉਮਰ 19 ਸਾਲ ਤੋਂ 32 ਸਾਲ ਤੱਕ ਹੋਣੀ ਚਾਹੀਦੀ ਹੈ।ਚਾਹਵਾਨ ਤੇ ਯੋਗ ਪ੍ਰਾਰਥੀ ਰਜ਼ਿਊਮ ਤੇ ਵਿੱਦਿਅਕ ਯੋਗਤਾ ਦੇ ਸਰਟੀਫਿਕੇਟ ਦੀਆਂ ਫੋਟੋ ਕਾਪੀਆਂ ਲੈ ਕੇ ਇਸ ਇੰਟਰਵਿਊ ਵਿੱਚ ਭਾਗ ਲੈ ਸਕਦੇ ਹਨ।ਇੰਟਰਵਿਊ ਵਿੱਚ ਭਾਗ ਲੈਣ ਲਈ ਕੋਈ ਵੀ ਟੀ ਏ ਤੇ ਡੀ ਏ ਦੇਣ ਯੋਗ ਨਹੀਂ ਹੋਵੇਗਾ।

## ਮੁਕਤੀਸਰ ਵੈੱਲਫੇਅਰ ਕਲੱਬ ਵੱਲੋਂ ਮੁਫ਼ਤ ਮੈਡੀਕਲ ਕੈਂਪ



**ਸ਼੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਮੁਕਤੀਸਰ ਵੈਲਫੇਅਰ ਕਲੱਬ ਰਜਿ. ਨੈਸ਼ਨਲ ਅਵਾਰਡੀ ਸੰਸਥਾ ਵੱਲੋਂ ਗੁਰੂ ਗੋਬਿੰਦ ਸਿੰਘ ਪਾਰਕ ਵਿਖੇ ਸ਼ਾਮ ਸਮੇਂ ਮੁਫ਼ਤ ਮੈਡੀਕਲ ਕੈਂਪ ਲਾਇਆ ਗਿਆ। ਸੰਸਥਾ ਵੱਲੋਂ ਸੈਰ ਕਰਨ ਆਉਂਦੇ ਲੋਕਾਂ ਦਾ ਮੁਫ਼ਤ ਮੈਡੀਕਲ ਚੈੱਕ ਕਰਕੇ ਉਨ੍ਹਾਂ ਨੂੰ ਵੱਖ ਵੱਖ ਪ੍ਰਕਾਰ ਦੀ ਦਵਾਈ ਮੁਹੱਈਆ ਕਰਾਈ ਗਈ। ਇਸ ਮੌਕੇ ਮੁਕਤੀਸਰ ਚੈਰੀਟੇਬਲ ਲੈਬਾਰਟਰੀ ਵੱਲੋਂ ਮਰੀਜ਼ਾਂ ਦੇ ਮੁਫ਼ਤ ਸ਼ੂਗਰ ਤੇ ਬੀ.ਪੀ ਚੈੱਕ ਕੀਤਾ ਗਿਆ। ਜਸਪ੍ਰੀਤ ਸਿੰਘ ਛਾਬੜਾ ਪ੍ਰਧਾਨ ਮੁਕਤੀਸਰ ਵੈਲਫੇਅਰ ਕਲੱਬ ਨੇ ਕਿਹਾ ਕਿ ਬਦਲਦੇ ਮੌਸਮ ਦੌਰਾਨ ਲੋਕਾਂ ਦੀ ਤੰਦਰੁਸਤ ਸਿਹਤ ਦਾ ਧਿਆਨ ਰੱਖਣ ਲਈ ਸੰਸਥਾ ਵੱਲੋਂ ਇਹ ਉਪਰਾਲਾ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸੰਸਥਾ ਵੱਲੋਂ ਲਾਏ ਜਾਣ ਵਾਲੇ ਕੈਂਪਾਂ ਦਾ ਲੋਕ ਵੱਧ ਤੋਂ ਵੱਧ ਲਾਭ ਉਠਾਉਣ। ਉਨ੍ਹਾਂ ਕਿਹਾ ਕਿ ਇਥੇ ਹਰੇਕ ਕਾਰ ਦੀ ਦਵਾਈ ਲੋਕਾਂ ਨੂੰ ਮੁਫਤ ਮੁਹੱਈਆ ਕਰਾਈ ਜਾ ਰਹੀ ਹੈ ਤਾਂ ਜੁ ਲੋਕ ਇਨ੍ਹਾਂ ਕੈਂਪਾਂ ਦਾ ਲਾਭ ਪ੍ਰਾਪਤ ਕਰ ਸਕਣ। ਉਨ੍ਹਾਂ ਕਿਹਾ ਕਿ ਮੁਕਤੀਸਰ ਵੈਲਫੇਅਰ ਕਲੱਬ ਵੱਲੋਂ ਲੋਕਾਂ ਦੀ ਸਿਹਤ ਦਾ ਧਿਆਨ ਰੱਖਦੇ ਹੋਏ ਉਨ੍ਹਾਂ ਲਈ ਮੁਕਤੀਸਰ ਚੈਰੀਟੇਬਲ ਲੈਬਾਰਟਰੀ ਫਾਇਰ ਬ੍ਰਿਗੇਡ ਦਫ਼ਤਰ ਦੇ ਸਾਹਮਣੇ ਖੋਲ੍ਹੀ ਗਈ ਹੈ, ਜਿੱਥੇ ਹਰੇਕ ਵਿਅਕਤੀ ਅੱਧੇ ਰੇਟਾਂ ਵਿੱਚ ਆਪਣਾ ਟੈੱਸਟ ਕਰਾ ਸਕਦਾ ਹੈ। ਉਨ੍ਹਾਂ ਕਿਹਾ ਕਿ ਇਸ ਲੈਬਾਰਟਰੀ ਦਾ ਹਜ਼ਾਰਾਂ ਲੋਕ ਫਾਇਦਾ ਉਠਾ ਚੁੱਕੇ ਹਨ ਅਤੇ ਉਹ ਹੋਰ ਲੋਕਾਂ ਨੂੰ ਅਪੀਲ ਕਰਦੇ ਹਨ ਕਿ ਮਹਿੰਗੇ ਟੈਸਟਾਂ ਦੇ ਛੁਟਕਾਰੇ ਤੋਂ ਬਚ ਕੇ ਇੱਥੇ ਤੁਸੀਂ ਆਪਣੇ ਸਰੀਰ ਦਾ ਚੈੱਕਅਪ ਅੱਧੇ ਰੇਟਾਂ 'ਤੇ ਕਰਾ ਸਕਦੇ ਹੋ।

## ਇੰਦਰ ਸਿੰਘ ਸਦੀਵੀ ਵਿਛੋੜਾ ਦੇ ਗਏ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਸਵ: ਇੰਦਰ ਸਿੰਘ ਹੁਣ ਇਸ ਸੰਸਾਰ ਵਿੱਚ ਨਹੀਂ ਰਹੇ।ਉਹ 4 ਅਕਤੂਬਰ ਨੂੰ ਅਚਾਨਕ ਹੱਸਦੇ-ਵੱਸਦੇ ਪਰਵਾਰ ਤੇ ਸਮਾਜ ਨੂੰ ਸਦਾ ਲਈ ਅਲਵਿਦਾ ਆਖ ਗਏ।ਇੰਦਰ ਸਿੰਘ ਉਨ੍ਹਾਂ ਵਿਰਲੇ ਲੋਕਾਂ ਵਿੱਚੋਂ ਸਨ, ਜਿਨ੍ਹਾਂ ਨੂੰ ਉਨ੍ਹਾਂ ਦੇ ਤੁਰ ਜਾਣ ਤੋਂ ਬਾਅਦ ਵੀ ਲੰਬਾ ਸਮਾਂ ਯਾਦ ਰੱਖਿਆ ਜਾਵੇਗਾ।ਉਨ੍ਹਾਂ ਬਹੁਤ ਸਾਦਾ ਜੀਵਨ ਜਿਉਂਦਿਆਂ ਜਿੱਥੇ ਖੁਦ ਸੱਚੀ-ਸੁੱਚੀ ਕਿਰਤ ਕਰਕੇ ਆਪਣੇ ਪਰਵਾਰ ਨੂੰ ਸਥਾਪਤ ਕੀਤਾ, ਉੱਥੇ ਹਮੇਸ਼ਾ ਆਪਣੀ ਸਮਰੱਥਾ ਅਨੁਸਾਰ ਆਪਣੇ ਸੰਪਰਕ 'ਚ ਆਉਂਦੇ ਲੋਕਾਂ ਦਾ ਮਾਰਗ ਦਰਸ਼ਨ ਕਰਕੇ ਵੱਡੇ ਪੱਧਰ ਤੇ ਪਿਆਰ ਅਤੇ ਸਤਿਕਾਰ ਪ੍ਰਾਪਤ ਕੀਤਾ।ਇੰਦਰ ਸਿੰਘ ਦਾ ਜਨਮ 27 ਜੁਲਾਈ 1941 ਨੂੰ ਚੇਤ ਸਿੰਘ ਦੇ ਘਰ ਮਾਤਾ ਸ਼੍ਰੀਮਤੀ ਧੰਨ ਕੌਰ ਦੀ ਕੁੱਖੋਂ ਫ਼ਰੀਦਕੋਟ ਵਿਖੇ ਹੋਇਆ।ਉਨ੍ਹਾਂ ਨੇ ਦਸਵੀਂ ਤੱਕ ਦੀ ਪੜ੍ਹਾਈ ਕਰਨ ਤੋਂ ਬਾਅਦ ਆਈ.ਟੀ.ਆਈ. ਤੋਂ ਡਿਪਲੋਮਾ ਕੀਤਾ।1963 'ਚ ਆਪ ਦਾ ਵਿਆਹ ਸ਼੍ਰੀਮਤੀ ਪਰਮਿੰਦਰ ਕੌਰ ਨਾਲ ਹੋਇਆ।ਆਪ ਦੇ ਘਰ ਇੱਕ ਬੇਟੀ ਰਾਜਿੰਦਰ ਕੌਰ ਤੇ ਤਿੰਨ ਬੇਟੇ ਹਰਮਿੰਦਰ ਸਿੰਘ ਮਿੰਦਾ (ਪੱਤਰਕਾਰ), ਡਾ. ਸ਼ਵਿੰਦਰ ਸਿੰਘ (ਕਾਰੋਬਾਰੀ) ਤੇ ਲੈਕਚਰਾਰ ਪ੍ਰਦੀਪ ਸਿੰਘ (ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਾਜਾਖਾਨਾ) ਨੇ ਜਨਮ ਲਿਆ।ਆਪ ਨੇ ਮਾਤਾ ਪਰਮਿੰਦਰ ਕੌਰ ਨਾਲ ਮਿਲ ਕੇ ਆਪਣੇ ਚਾਰੇ ਬੱਚਿਆਂ ਨੂੰ ਚੰਗੇ ਸੰਸਕਾਰ ਤੇ ਸਿੱਖਿਆ ਦਿੱਤੀ ਤੇ ਆਪਣੇ ਹਰ ਰਿਸ਼ਤੇਦਾਰ ਨੂੰ ਜ਼ਿੰਦਗੀ 'ਚ ਸਖ਼ਤ ਮਿਹਨਤ ਨਾਲ ਅੱਗੇ ਵਧਣ ਲਈ ਪ੍ਰੇਰਿਤ ਅਤੇ ਉਤਸ਼ਾਹਤ ਕੀਤਾ।ਇੰਦਰ ਸਿੰਘ ਨਮਿਤ ਰੱਖੇ ਸ਼੍ਰੀ ਸਹਿਜ ਪਾਠ ਦਾ ਭੋਗ ਤੇ ਅੰਤਿਮ ਅਰਦਾਸ 14 ਅਕਤੂਬਰ ਦੁਪਹਿਰ 12:00 ਵਜੇ ਤੋਂ 1:00 ਵਜੇ ਗੁਰਦੁਆਰਾ ਹਰਿੰਦਰਾ ਨਗਰ, ਕੋਟਕਪੂਰਾ ਰੋਡ, ਫ਼ਰੀਦਕੋਟ ਵਿਖੇ ਹੋਵੇਗੀ।

## ਬਿਲਾਸਪੁਰ 'ਚ ਜ਼ਮੀਨ ਦਾ ਵਾਰੰਟ ਕਬਜ਼ਾ ਰੋਕਿਆ



**ਦੋਰਾਹਾ (ਹਰਮਿੰਦਰ ਸੇਠ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਪਿੰਡ ਬਿਲਾਸਪੁਰ ਵਿਖੇ ਜ਼ਮੀਨ ਦਾ ਵਾਰੰਟ ਕਬਜ਼ਾ ਰੋਕਿਆ ਗਿਆ। ਜ਼ਿਲ੍ਹੇ ਦੇ ਜਨਰਲ ਸਕੱਤਰ ਸੁਦਾਗਰ ਸਿੰਘ ਘੁਡਾਣੀ ਤੇ ਮਾਸਟਰ ਰਜਿੰਦਰ ਸਿੰਘ ਸਿਆੜ ਨੇ ਕਿਹਾ ਇਹ ਜ਼ਮੀਨ 1879 ਚ ਮਹਾਰਾਜਾ ਸਾਹਿਬ ਸਿੰਘ ਨੇ ਮਹੰਤ ਕੇਸਰ ਦਾਸ ਨੂੰ ਦਾਨ ਦਿੱਤੀ ਸੀ, ਜੋ 1879 ਤੋਂ ਜ਼ਮੀਨ ਤੇ ਖ਼ੁਦ ਕਾਸ਼ਤ ਪੀੜ੍ਹੀ ਦਰ ਪੀੜ੍ਹੀ ਖੇਤੀ ਕਰ ਰਹੇ ਹਨ, ਪਰ 1951 'ਚ ਕਿਲੇਬੰਦੀ ਦੌਰਾਨ ਇਹ ਜ਼ਮੀਨ ਸ੍ਰੀ ਗੁਰੂ ਗ੍ਰੰਥ ਸਾਹਿਬ ਬਿਰਾਜਮਾਨ ਧਰਮਸ਼ਾਲਾ ਦੇ ਨਾਂਅ ਕਰ ਦਿੱਤੀ, ਪਰ ਕਾਸ਼ਤਕਾਰਾਂ ਪਹਿਲਾਂ ਕਾਸ਼ਤ ਕਰ ਰਹੇ ਮਹੰਤ ਦੇ ਨਾਂਅ 'ਤੇ ਹੀ ਜ਼ਮੀਨ ਚੱਲ ਰਹੀ ਹੈ। ਸ਼੍ਰੋਮਣੀ ਕਮੇਟੀ ਵੱਲੋਂ ਦਾਅਵਾ ਕੀਤਾ ਜਾ ਰਿਹਾ ਕਿ ਇਥੇ ਗੁਰਦੁਆਰਾ ਸਾਹਿਬ ਸੀ, ਇਸ ਕਰਕੇ ਇਹ ਜ਼ਮੀਨ ਸ਼੍ਰੋਮਣੀ ਕਮੇਟੀ ਦੇ ਕਬਜ਼ੇ ਹੇਠ ਕੀਤੀ ਜਾਵੇ, ਪਰ ਪਿੰਡ ਵਾਸੀਆਂ ਅਨੁਸਾਰ ਤੇ ਕਾਬਜ਼ ਮੁਜ਼ਾਹਰਿਆਂ ਅਨੁਸਾਰ ਇੱਥੇ ਗੁਰਦੁਆਰਾ ਸਾਹਿਬ ਨਾ ਸੀ, ਇਹ ਕੇਵਲ ਕੇਸਰ ਦਾਸ ਦਾ ਡੇਰਾ ਹੀ ਹੈ, ਇਨ੍ਹਾਂ ਕਾਸ਼ਤਕਾਰਾਂ ਕੋਲ ਸਭ ਡੇਰੇ ਦੀਆਂ ਲਿਖਤਾਂ ਹਨ, ਪਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਜ਼ਮੀਨ 'ਤੇ ਕਬਜ਼ਾ ਵਾਰੰਟ ਦਾ ਅਦਾਲਤੀ ਫ਼ੈਸਲਾ ਲਿਆ ਕੇ 15 ਅਕਤੂਬਰ ਤੱਕ ਅਦਾਲਤ 'ਚ ਜਵਾਬ ਪੇਸ਼ ਕਰਨਾ ਹੈ। ਪਹਿਲਾਂ 9 ਅਕਤੂਬਰ ਨੂੰ ਪੁਲਸ ਪ੍ਰਸ਼ਾਸਨ ਨੂੰ ਆਇਆ ਸੀ ਤੇ ਅੱਜ 13 ਅਕਤੂਬਰ ਨੂੰ ਵਰੰਟ ਕਬਜ਼ਾ ਲੈ ਕੇ ਆਉਣ ਦੀ ਸਮਾਂ ਸੀ, ਪਰ ਲੋਕ ਰੋਹ ਨੂੰ ਵੇਖਦਿਆਂ ਕੋਈ ਵੀ ਪ੍ਰਸ਼ਾਸਨ ਨਹੀਂ ਅੱਪੜਿਆਂ।ਜ਼ਿਲ੍ਹਾ ਆਗੂ ਬਲਵੰਤ ਸਿੰਘ ਘੁਡਾਣੀ ਤੇ ਯੁਵਰਾਜ ਸਿੰਘ ਘੁਡਾਣੀ ਨੇ ਕਿਹਾ ਕਿ ਸਰਕਾਰ ਕਿਸਾਨਾਂ ਦੀਆਂ ਜ਼ਮੀਨਾਂ ਕਾਰਪੋਰੇਟਾਂ ਨੂੰ ਸੰਭਾਲਣ ਲਈ ਨਵੇਂ ਤੋਂ ਨਵੇਂ ਕਾਨੂੰਨ ਲਿਆ ਰਹੀ, ਕਦੇ ਭਾਰਤ ਮਾਲਾ ਪ੍ਰਾਜੈਕਟ ਤਹਿਤ ਕਿਸਾਨਾਂ ਦੀਆਂ ਜ਼ਮੀਨਾਂ ਅਕਵਾਇਰ ਕੀਤੀਆਂ, ਕਦੇ ਸਦੀਆਂ ਤੋਂ ਜ਼ਮੀਨ ਤੇ ਕਬਜ਼ਾ ਕਾਸ਼ਤਕਾਰਾਂ ਦੀਆਂ ਜ਼ਮੀਨਾਂ ਖੋਹ ਕੇ ਕਾਰਪੋਰੇਟਾਂ ਤੇ ਵੱਡੇ ਜਗੀਰਦਾਰਾਂ ਨੂੰ ਦੇ ਰਹੇ ਹਨ, ਭਾਵੇਂ ਪਿੰਡ ਜਿਉਂਦ (ਬਠਿੰਡਾ) ਦਾ ਭਾਵੇਂ ਪਿੰਡ ਬਥੋਈ (ਪਟਿਆਲਾ) ਦਾ ਹੋਏ।ਜ਼ਮੀਨਾਂ ਖੋਹਣ ਲਈ ਹਮਲੇ ਵੱਖ-ਵੱਖ ਰੂਪਾਂ 'ਚ ਕੀਤੇ ਜਾ ਰਹੇ ਹਨ।ਇਸ ਲਈ ਇਨ੍ਹਾਂ ਕਾਰਪੋਰੇਟ ਦੀਆਂ ਨੀਤੀਆਂ ਦਾ ਖਿਲਾਫ਼ ਵੱਡੇ ਸੰਘਰਸ਼ ਲੋੜ ਦੀ ਲੋੜ ਹੈ। ਇਸ ਤੋਂ ਉਪਰੰਤ ਪਿੰਡ 'ਚ ਰੋਹ ਭਰਪੂਰ ਮੁਜ਼ਾਹਰਾ ਵੀ ਕੀਤਾ ਗਿਆ।

## ਪੰਜਾਬ ਸਰਕਾਰ ਸ੍ਰੀ ਅਨੰਦਪੁਰ ਸਾਹਿਬ ਨੂੰ ਨਵਾਂ ਜ਼ਿਲ੍ਹਾ ਘੋਸ਼ਿਤ ਕਰੇ : ਪ੍ਰੋ. ਬਡੂੰਗਰ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋਫੈਸਰ ਕਿਰਪਾਲ ਸਿੰਘ ਬਡੂੰਗਰ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਪੱਤਰ ਲਿਖ ਕੇ ਮੰਗ ਕੀਤੀ ਹੈ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਮੌਕੇ ਸ੍ਰੀ ਅਨੰਦਪੁਰ ਸਾਹਿਬ ਨੂੰ ਪੰਜਾਬ ਦਾ ਨਵਾਂ ਜ਼ਿਲ੍ਹਾ ਘੋਸ਼ਿਤ ਕੀਤਾ ਜਾਵੇ, ਕਿਉਂਕਿ ਸ੍ਰੀ ਅਨੰਦਪੁਰ ਸਾਹਿਬ ਦਾ ਪਵਿੱਤਰ ਨਗਰ ਸਰਬ ਧਰਮ ਰੱਖਿਅਕ ਅਮਰ ਸ਼ਹੀਦ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਵੱਲੋਂ ਵਸਾਇਆ ਹੋਇਆ ਹੈ।ਪ੍ਰੋਫੈਸਰ ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਇਥੇ ਹੀ ਕਸ਼ਮੀਰੀ ਬ੍ਰਾਹਮਣਾਂ ਦਾ ਇੱਕ ਵਫਦ ਪੰਡਤ ਕਿਰਪਾ ਰਾਮ ਦੀ ਅਗਵਾਈ ਵਿੱਚ ਫਰਿਆਦੀ ਬਣ ਕੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ਸਨਮੁੱਖ ਪੇਸ਼ ਹੋਏ ਸਨ ਤੇ ਇਥੇ ਹੀ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਧਰਮ ਰੱਖਿਆ ਲਈ ਆਪ ਚੱਲ ਕੇ ਦਿੱਲੀ ਨੂੰ ਗਏ ਸਨ।ਉਨ੍ਹਾਂ ਕਿਹਾ ਕਿ ਇਥੇ ਹੀ ਗੁਰੂ ਸਾਹਿਬ ਜੀ ਦੀ ਸ਼ਹੀਦੀ ਉਪਰੰਤ ਪਵਿੱਤਰ ਸੀਸ ਭਾਈ ਜੈਤਾ ਜੀ ਲੈ ਕੇ ਪਹੁੰਚੇ ਸਨ ਤੇ ਸਤਿਗੁਰਾਂ ਦੇ ਪਵਿੱਤਰ ਸੀਸ ਦਾ ਸਸਕਾਰ ਵੀ ਇੱਥੇ ਹੀ ਕੀਤਾ ਗਿਆ, ਜਿੱਥੇ ਗੁਰਦੁਆਰਾ ਸੀਸ ਗੰਜ ਸਾਹਿਬ ਯਾਦਗਾਰੀ ਗੁਰੂ ਘਰ ਹੈ।ਪ੍ਰੋਫੈਸਰ ਬਡੂੰਗਰ ਨੇ ਕਿਹਾ ਕਿ ਅਨੰਦਪੁਰ ਸਾਹਿਬ ਵਿਖੇ ਹੀ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਲੰਮਾ ਸਮਾਂ ਨਿਵਾਸ ਕੀਤਾ ਤੇ 30 ਮਾਰਚ 1699 ਨੂੰ ਖਾਲਸਾ ਪੰਥ ਦੀ ਸਾਜਨਾ ਕੀਤੀ ਗਈ।ਉਨ੍ਹਾਂ ਦੱਸਿਆ ਕਿ ਇਥੇ ਹੀ ਦਸਮੇਸ਼ ਪਿਤਾ ਜੀ ਦੇ ਤਿੰਨ ਸਾਹਿਬਜ਼ਾਦਿਆਂ ਬਾਬਾ ਜੁਝਾਰ ਸਿੰਘ ਜੀ, ਬਾਬਾ ਜੋਰਾਵਰ ਸਿੰਘ ਜੀ ਤੇ ਬਾਬਾ ਫਤਿਹ ਸਿੰਘ ਜੀ ਦਾ ਜਨਮ ਹੋਇਆ ਤੇ ਇਥੋਂ ਥੋੜ੍ਹੀ ਦੂਰ ਅਨੰਦਪੁਰ ਵਿੱਚ ਦਸਮੇਸ਼ ਜੀ ਦੇ ਵੱਡੇ ਮਾਤਾ ਜੀਤੇ ਜੀ ਮੁਗਲਾਂ ਨਾਲ ਲੋਹਾ ਲੈਂਦਿਆਂ ਸ਼ਹੀਦ ਹੋਏ ਸਨ। ਸਾਬਕਾ ਪ੍ਰਧਾਨ ਪ੍ਰੋਫੈਸਰ ਬਡੂੰਗਰ ਨੇ ਕਿਹਾ ਕਿ ਇਨ੍ਹਾਂ ਮਹਾਨਤਾਵਾਂ ਨੂੰ ਵੇਖਦਿਆਂ ਸ੍ਰੀ ਅਨੰਦਪੁਰ ਸਾਹਿਬ ਨੂੰ ਪੰਜਾਬ ਦਾ ਨਵਾਂ ਜ਼ਿਲ੍ਹਾ ਬਣਾਇਆ ਜਾਵੇ, ਜੋ ਇਹ ਸਮੂਹ ਸ਼ਰਧਾਲੂ ਸੰਗਤਾਂ ਦੀ ਦਿਲੀ ਮੰਗ ਵੀ ਹੈ।ਉਨ੍ਹਾਂ ਮੁੱਖ ਮੰਤਰੀ ਪੰਜਾਬ ਸ੍. ਭਗਵੰਤ ਸਿੰਘ ਮਾਨ ਪਾਸੋਂ ਮੰਗ ਕਰਦਿਆਂ ਕਿਹਾ ਕਿ ਇਸ ਪਵਿੱਤਰ ਕਾਰਜ ਕਰਕੇ ਸਤਿਗੁਰਾਂ ਨੂੰ ਸੱਚੀ ਸ਼ਰਧਾ ਭੇਟ ਕੀਤੀ ਜਾਵੇ।

## ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ 'ਚ ਕਰਵਾਈ ਪਲੇਸਮੈਂਟ ਡਰਾਈਵ



**ਸਮਰਾਲਾ (ਸੁਰਜੀਤ ਸਿੰਘ)**-ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫ਼ਾਰ ਵਿਮੈਨ ਝਾੜ ਸਾਹਿਬ ਦੇ ਪ੍ਰਿੰਸੀਪਲ ਡਾ. ਰਜਿੰਦਰ ਕੌਰ ਦੀ ਅਗਵਾਈ ਵਿੱਚ ਕਾਲਜ ਪਲੇਸਮੈਂਟ ਸੈੱਲ ਵੱਲੋਂ 'ਨਿੱਟ' ਲਿਮਟਡ ਕੰਪਨੀ ਦੇ ਸਹਿਯੋਗ ਨਾਲ ਪਲੇਸਮੈਂਟ ਡਰਾਈਵ ਕਰਵਾਈ ਗਈ, ਜਿਸ ਵਿੱਚ ਐਕਸਿਜ਼ ਬੈਂਕ ਵਿੱਚ ਅਸਿਟੈਂਟ ਮੈਨੇਜਰ ਦੀ ਪੋਸਟ ਲਈ ਇੰਟਰਵਿਊਜ਼ ਲਈਆਂ ਗਈਆਂ।ਇਸ ਪਲੇਸਮਟ ਡਰਾਈਵ ਵਿੱਚ ਕਾਲਜ ਵਿਦਿਆਰਥਣਾਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ।ਕਾਲਜ ਵਿੱਚ 'ਨਿੱਟ' ਟੀਮ ਦੇ ਮੈਂਬਰ ਮਨੋਜ ਕਸ਼ਪ ਤੇ ਮਿਸ ਸਿਮਰਨਜੀਤ ਕੌਰ ਦਾ ਕਾਲਜ ਪ੍ਰੋ. ਸਿਮਰਨਪ੍ਰੀਤ ਕੌਰ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ।ਵਿਦਿਆਰਥਣਾਂ ਨੂੰ 'ਨਿੱਟ' ਟੀਮ ਦੇ ਮੈਂਬਰਾਂ ਨਾਲ ਜਾਣ-ਪਛਾਣ ਕਰਵਾਈ ਗਈ।ਮਨੋਜ ਕਸ਼ਪ ਵੱਲੋਂ ਵਿਦਿਆਰਥਣਾਂ ਨੂੰ ਕੈਰੀਅਰ ਆਪਸ਼ਨ ਦੀ ਮਹੱਤਤਾ ਬਾਰੇ ਦੱਸਿਆ ਗਿਆ ਤੇ ਪਲੇਸਮੈਂਟ ਡਰਾਈਵ ਦੇ ਉਦੇਸ਼ ਬਾਰੇ ਵਿਦਿਆਰਥਣਾਂ ਨਾਲ ਗੱਲਬਾਤ ਕੀਤੀ ਗਈ। ਐਜੂਕੇਸ਼ਨ ਸੈਕਟਰੀ ਸੁਖਮਿੰਦਰ ਸਿੰਘ ਤੇ ਪ੍ਰਿੰਸੀਪਲ ਡਾ. ਰਜਿੰਦਰ ਕੌਰ ਦੀ ਅਗਵਾਈ ਵਿੱਚ ਕਾਲਜ ਵਿੱਚ ਵਿਦਿਆਰਥਣਾਂ ਨੂੰ ਇਸ ਤਰ੍ਹਾਂ ਦਾ ਕੈਰੀਅਰ ਸਬੰਧੀ ਪਲੇਟਫਾਰਮ ਸਮੇਂ ਸਮੇਂ 'ਤੇ ਉਪਲੱਬਧ ਕਰਵਾਇਆ ਜਾਂਦਾ ਹੈ।ਇਸ ਪਲੇਸਮੈਂਟ ਡਰਾਈਵ ਵਿੱਚ ਸ਼ੋਰਟ ਲਿਸਟ ਕੀਤੀਆਂ 22 ਵਿਦਿਆਰਥਣਾਂ ਵਿੱਚੋਂ 5 ਨੂੰ ਅਸਿਸਟੈਂਟ ਮੈਨੇਜਰ ਦੀ ਪੋਸਟ ਲਈ ਸਿਲੈਕਟ ਕੀਤਾ।ਸਿਲੈਕਟ ਕੀਤੀਆਂ ਵਿਦਿਆਰਥਣਾਂ ਦਾ ਕਹਿਣਾ ਹੈ ਕਿ ਉਨ੍ਹਾਂ ਨੂੰ ਨੌਕਰੀ ਲਈ ਭਟਕਣਾ ਨਹੀਂ ਪਿਆ, ਬਲਕਿ ਕਾਲਜ ਪ੍ਰਿੰਸੀਪਲ ਦੇ ਪ੍ਰੇਰਨਾ ਸਦਕਾ ਕਾਲਜ ਵਿੱਚ ਪੜ੍ਹਦੇ ਪੜ੍ਹਦੇ ਹੀ ਚੰਗੀ ਨੌਕਰੀ ਮਿਲ ਗਈ।ਸ਼੍ਰੋਮਣੀ ਕਮੇਟੀ ਦੀ ਨਿਰਦੇਸ਼ਨਾਂ ਹੇਠ ਕਾਲਜ ਵਿੱਚ ਸਮੇਂ ਸਮੇਂ 'ਤੇ ਪਲੇਸਮੈਂਟ ਡਰਾਈਵ ਕਰਵਾਈਆਂ ਜਾਂਦੀਆਂ ਹਨ, ਜਿਸ ਨਾਲ ਵਿਥੀਆਰਥਣਾਂ ਨੂੰ ਰੋਜ਼ਗਾਰ ਦੇ ਅਵਸਰ ਪ੍ਰਾਪਤ ਹੁੰਦੇ ਹਨ।ਕਾਲਜ ਪਲੇਸਮੈਂਟ ਅਫਸਰ ਡਾ. ਸੁਨੀਤਾ ਕੌਸ਼ਲ ਵੱਲੋਂ 'ਨਿੱਟ' ਟੀਮ ਦੇ ਮੈਂਬਰਾਂ ਦਾ ਧੰਨਵਾਦ ਕੀਤਾ ਗਿਆ।ਇਸ ਪਲੇਸਮੈਂਟ ਡਰਾਇਵ ਵਿੱਚ ਡਾ. ਰਣਜੀਤ ਕੌਰ, ਮਿਸ ਆਰਤੀ ਰਾਣੀ, ਮਿਸ ਸੁਖਦੀਪ ਕੌਰ, ਮਿਸ ਸਿਮਰਨਪ੍ਰੀਤ ਕੌਰ ਤੇ ਮਿਸ ਅਮਨਦੀਪ ਕੌਰ ਹਾਜ਼ਰ ਸਨ।

15-Oct Page 11-Majha-25-Final21.qxd 10/14/2025 10:52 PM Page 1



# ਫੂਡ ਮਨਿਸਟਰੀ ਦੀ ਟੀਮ ਦਾਣਾ ਮੰਡੀ ਸ਼ਹਿਜ਼ਾਦਾ ਤੇ ਡੇਰਾ ਬਾਬਾ ਨਾਨਕ ਪਹੁੰਚੀ

### * ਹੜ੍ਹਾਂ ਦੀ ਮਾਰ ਨਾਲ ਪ੍ਰਭਾਵਿਤ ਹੋਈ ਝੋਨੇ ਦੀ ਫਸਲ ਦਾ ਲਿਆ ਜਾਇਜ਼ਾ

ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ)-ਹੜ੍ਹਾਂ ਕਾਰਨ ਪ੍ਰਭਾਵਿਤ ਦਾਣਾ ਮੰਡੀਆਂ ਵਿੱਚ ਪਹੁੰਚੀ ਝੋਨੇ ਦੀ ਫਸਲ ਦਾ ਜਾਇਜ਼ਾ ਲੈਣ ਲਈ ਦਿੱਲੀ ਤੋਂ ਫੂਡ ਮਨਿਸਟਰੀ ਦੀ ਟੀਮ ਡੇਰਾ ਬਾਬਾ ਨਾਨਕ, ਕਲਾਨੌਰ ਅਤੇ ਦੀਨਾਨਗਰ ਦਾਣਾ ਮੰਡੀਆਂ ਵਿੱਚ ਪਹੁੰਚੀ ਤੇ ਉਨ੍ਹਾਂ ਪ੍ਰਭਾਵਿਤ ਝੋਨੇ ਦੀ ਫਸਲ ਦੇ ਸੈਂਪਲ ਭਰੇ। ਫੂਡ ਮਨਿਸਟਰੀ ਦੀ ਟੀਮ ਵਿੱਚ ਪ੍ਰਕਾਰ ਐਡੀਸ਼ਨਲ ਡਾਇਰੈਕਟਰ, ਮੈਡਮ ਸ਼ਾਂਤੀ ਪਾਲ ਅਤੇ ਰੌਸ਼ਨ ਸਿੰਘ ਟੈਕਨੀਕਲ ਅਫਸਰ ਮੌਜੂਦ ਸਨ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ, ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਅਤੇ ਐੱਸਡੀਐੱਮ ਡੇਰਾ ਬਾਬਾ ਨਾਨਕ ਆਦਿਤਿਆ ਸ਼ਰਮਾ ਵੀ ਪਹੁੰਚੇ। ਇਸ ਮੌਕੇ ਗੱਲ ਕਰਦਿਆਂ ਸੁਖਜਿੰਦਰ ਸਿੰਘ, ਡੀਐੱਫਐੱਸਸੀ ਨੇ ਦੱਸਿਆ ਕਿ ਫੂਡ ਮਨਿਸਟਰੀ ਵਿਭਾਗ ਦੀ ਟੀਮ ਵੱਲੋਂ ਹੜ੍ਹਾਂ ਕਾਰਨ ਪ੍ਰਭਾਵਿਤ ਹੋਈ ਝੋਨੇ ਦੀ ਫਸਲ ਦਾ ਜਾਇਜ਼ਾ ਲੈ ਕੇ ਸੈਂਪਲ ਇਕੱਤਰ ਕੀਤੇ ਗਏ ਹਨ, ਜਿਸ ਦਾ ਵਿਸ਼ਲੇਸ਼ਣ ਕਰਨ ਉਪਰੰਤ ਰਿਪੋਰਟ ਕੀਤੀ ਜਾਵੇਗੀ।ਇਸ ਮੌਕੇ ਹਲਕਾ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੰਗ ਕਰਨ ਤੇ ਹੀ ਸੈਂਟਰ ਦੇ ਅਧਿਕਾਰੀਆਂ ਵੱਲੋਂ ਜ਼ਿਲ੍ਹੇ ਦੀਆਂ ਉਨ੍ਹਾਂ ਮੰਡੀਆਂ ਦਾ ਦੌਰਾ ਕੀਤਾ ਜਾ ਰਿਹਾ ਹੈ, ਜਿਨ੍ਹਾਂ ਮੰਡੀਆਂ ਵਿੱਚ ਪਿਛਲੇ ਦਿਨੀਂ ਹੜ੍ਹਾਂ ਨਾਲ ਬਹੁਤ ਵੱਡਾ ਨੁਕਸਾਨ ਹੋਇਆ ਹੈ।ਸਾਨੂੰ ਇੱਕ ਉਮੀਦ ਬੱਝੀ ਹੈ ਕਿ ਆਉਣ ਵਾਲੇ ਸਮੇਂ ਵਿੱਚ ਸੈਂਟਰ ਸਰਕਾਰ ਆੜ੍ਹਤੀਆਂ ਅਤੇ ਜ਼ਿਮੀਦਾਰਾਂ ਨੂੰ ਕੁਝ ਨਾ ਕੁਝ ਰਾਹਤ ਜ਼ਰੂਰ ਦੇਵੇਗੀ। ਇਸ ਮੌਕੇ ਸਾਬਕਾ ਚੇਅਰਮੈਨ ਬਲਵਿੰਦਰ ਸਿੰਘ ਹੁੜਵਾਲ, ਆੜ੍ਹਤੀ



ਯੂਨੀਅਨ ਡੇਰਾ ਬਾਬਾ ਨਾਨਕ ਦੇ ਪ੍ਰਧਾਨ ਲਖਬੀਰ ਸਿੰਘ, ਕਸ਼ਮੀਰ ਸਿੰਘ ਸਮਰਾਵਾਂ, ਮੈਨੇਜਰ ਐੱਫਸੀਆਈ ਅਮਿਤ ਕੁਮਾਰ, ਮੈਨੇਜਰ ਅਰੁਨੇਸ਼ ਕੁਮਾਰ, ਐੱਫਡੀਓ ਜਗਜੀਤ ਸਿੰਘ, ਸੈਕਟਰੀ ਮਾਰਕੀਟ ਕਮੇਟੀ ਸੁਰਿੰਦਰ ਸਿੰਘ, ਨੀਰਜ ਕੁਮਾਰ, ਰਣਜੀਤ ਸਿੰਘ, ਆੜ੍ਹਤੀ ਮੁਨੀਸ਼ ਮਹਾਜਨ, ਰਜਿੰਦਰ ਕੁਮਾਰ ਨਈਅਰ, ਸੱਜਣ ਸਿੰਘ ਖਲੀਲਪੁਰ, ਅੰਗੀ ਬਾਜਵਾ, ਧਨਰਾਜ ਸਿੰਘ ਬਾਜਵਾ, ਨਵਦੀਪ ਸਿੰਘ ਧਾਲੀਵਾਲ, ਜਰਨੈਲ ਸਿੰਘ ਰੰਧਾਵਾ, ਸੁਮਿਤ ਵੋਹਰਾ, ਕਿਸ਼ਨ ਸਿੰਘ ਰੰਧਾਵਾ, ਕੁਲਦੀਪ ਸਿੰਘ ਭਿੰਡਾ, ਗੁਰਪਰਮਪਾਲ ਸਿੰਘ, ਸੁਸ਼ਾਂਤ ਮਹਾਜਨ, ਜੋਗਾ ਸਿੰਘ ਆਦਿ ਤੋਂ ਇਲਾਵਾ ਕਿਸਾਨ ਵੀ ਹਾਜ਼ਰ ਸਨ।

# ਦੋ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲਾ ਦਰਜ; ਕਾਰਵਾਈ ਸ਼ੁਰੂ

ਗੁਰਦਾਸਪੁਰ, (ਜਨਕ ਮਹਾਜਨ)-ਥਾਣਾ ਦੀਨਾਨਗਰ ਦੇ ਐੱਸ. ਆਈ. ਦਵਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਮੰਗਲ ਪੁਲਸ ਪਾਰਟੀ ਸੁਵਿਧਾ ਕੇਂਦਰ ਦੀਨਾਨਗਰ ਨਜ਼ਦੀਕ ਪੈਦਲ ਆਉਂਦੇ ਇਕ ਮੋਨੇ ਵਿਅਕਤੀ ਨੂੰ ਸ਼ੱਕ ਦੇ ਆਧਾਰ 'ਤੇ ਰੋਕਿਆ ਜਿਸ ਨੇ ਆਪਣਾ ਨਾਂਅ ਜਸਵੀਰ ਸਿੰਘ ਪੁੱਤਰ ਨਿਸ਼ਾਨ ਸਿੰਘ ਵਾਸੀ ਧਮਰਾਈ ਦੱਸਿਆ ਅਤੇ ਉਸ ਕੋਲੋਂ 10 ਗਰਾਮ ਹੈਰੋਇਨ ਬਰਾਮਦ ਹੋਈ। ਇਸੇ ਤਰ੍ਹਾਂ ਥਾਣਾ ਸਿਟੀ ਗੁਰਦਾਸਪੁਰ ਦੇ ਏਐੱਸਆਈ ਮਹਿੰਦਰ ਪਾਲ ਨੇ ਸਾਥੀ ਕਰਮਚਾਰੀਆਂ ਨਾਲ ਇਕ ਵਿਅਕਤੀ ਜੋ ਨਹਿਰੂ ਪਾਰਕ ਵਿੱਚ ਬਿਜਲੀ ਬੋਰਡ ਦੀ ਦੀਵਾਰ ਨਜ਼ਦੀਕ ਝਾੜੀਆਂ ਵਿਚ ਬੈਠ ਕੇ ਹੈਰੋਇਨ ਦੇ ਨਸ਼ੇ ਨੂੰ ਕਾਬੂ ਕੀਤਾ ਜਿਸ ਨੇ ਆਪਣਾ ਨਾਮ ਗੁਰਜੰਟ ਸਿੰਘ ਉਰਫ ਗਗਨ ਪੁੱਤਰ ਹਰਜੀਤ ਸਿੰਘ ਵਾਸੀ ਸ਼ਾਮ ਨਗਰ ਗੁਰਦਾਸਪੁਰ ਦੱਸਿਆ। ਉਕਤ ਵਿਅਕਤੀ ਪਾਸੋਂ ਹੈਰੋਇਨ ਲੱਗਾ ਸਿਲਵਰ ਪੇਪਰ, 10 ਰੁਪਏ ਦੇ ਨੋਟ ਦੀ ਪਾਇਪ ਅਤੇ ਲਾਇਟਰ ਬਰਾਮਦ ਹੋਇਆ। ਪੁਲਸ ਨੇ ਦੋਵਾਂ ਨਸ਼ਾ ਤਸਕਰਾਂ ਖ਼ਿਲਾਫ ਐੱਨਡੀਪੀਐੱਸ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

# ਚੋਣ ਜ਼ਾਬਤੇ ਦੀ ਉਲੰਘਣਾ ਸਬੰਧੀ ਹਰ ਸ਼ਿਕਾਇਤ ਸੀ-ਵਿਜ਼ਲ ਐਪ ਉਪਰ ਕੀਤੀ ਜਾ ਸਕਦੀ

ਤਰਨ ਤਾਰਨ (ਪ੍ਰਿਤਪਾਲ ਸਿੰਘ)-ਭਾਰਤ ਚੋਣ ਕਮਿਸ਼ਨ ਵੱਲੋਂ ਤਿਆਰ ਕੀਤੀ ਗਈ ਸੀ-ਵਿਜ਼ਲ ਐਪ ਰਾਹੀਂ ਕੋਈ ਵੀ ਚੋਣਾਂ ਵਿਚ ਵੋਟਿੰਗ ਪ੍ਰਕਿਰਿਆ ਜਾਂ ਚੋਣ ਜ਼ਾਬਤੇ ਦੀ ਉਲੰਘਣਾ ਸਬੰਧੀ ਕਿਸੇ ਕਿਸਮ ਦੀ ਸ਼ਿਕਾਇਤ ਬਾਰੇ ਫ਼ੋਟੋ/ਵੀਡੀਓ ਸਿੱਧੇ ਤੌਰ 'ਤੇ ਕਮਿਸ਼ਨ ਪਾਸ ਭੇਜਣ ਦੇ ਸਮਰੱਥ ਹਨ।ਸੀ-ਵਿਜ਼ਲ ਐਪ 'ਤੇ ਪ੍ਰਾਪਤ ਹੁੰਦੀ ਸ਼ਿਕਾਇਤ 'ਤੇ 100 ਮਿੰਟ ਦੇ ਅੰਦਰ-ਅੰਦਰ ਹੀ ਕਾਰਵਾਈ ਕੀਤੀ ਜਾਂਦੀ ਹੈ ਅਤੇ ਸਬੰਧਿਤ ਸ਼ਿਕਾਇਤਕਰਤਾ ਨੂੰ ਵੀ ਸੂਚਿਤ ਕੀਤਾ ਜਾਂਦਾ ਹੈ।ਜ਼ਿਲ੍ਹਾ ਚੋਣ ਅਧਿਕਾਰੀ-ਕਮ-ਡਿਪਟੀ ਕਮਿਸ਼ਨਰ ਤਰਨ ਤਾਰਨ ਸ੍ਰੀ ਰਾਹੁਲ ਨੇ ਸੀ-ਵਿਜ਼ਲ ਐਪ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕੋਈ ਵੀ ਵਿਅਕਤੀ ਆਪਣੇ ਫ਼ੋਨ ਵਿਚ ਸੀ-ਵਿਜ਼ਲ ਐਪ ਡਾਊਨਲੋਡ ਕਰਕੇ ਕਿਸੇ ਵੀ ਤਰਾਂ ਦੀ ਚੋਣ ਜ਼ਾਬਤੇ ਦੀ ਉਲੰਘਣਾ ਦੀ ਸ਼ਿਕਾਇਤ ਇਸ ਐਪ ਰਾਹੀਂ ਕਰ ਸਕਦਾ ਹੈ। ਉਨ੍ਹਾਂ ਕਿਹਾ ਕਿ ਇਸ ਐਪ 'ਤੇ ਸ਼ਰਾਰਤੀ ਅਨਸਰਾਂ ਸਮੇਤ ਵੋਟਾਂ ਖ਼ਰੀਦਣ ਲਈ ਸ਼ਰਾਬ, ਨਸ਼ੇ ਤੇ ਪੈਸੇ ਵੰਡਣ ਵਾਲਿਆਂ ਦੀ ਸ਼ਿਕਾਇਤ ਵੀ ਕੀਤੀ ਜਾ ਸਕਦੀ ਹੈ।ਇਸ ਤੋਂ ਇਲਾਵਾ ਵੋਟਰ ਹੈਲਪ ਲਾਈਨ ਨੰਬਰ 1950 ਉਤੇ ਵੀ ਸ਼ਿਕਾਇਤ ਜਾਂ ਵੋਟਾਂ ਸਬੰਧੀ ਸਹਾਇਤਾ ਲਈ ਸੰਪਰਕ ਕੀਤਾ ਜਾ ਸਕਦਾ ਹੈ।

# ਹਰੇਕ ਹੜ੍ਹ ਪੀੜਤ ਪਰਿਵਾਰ ਨੂੰ ਪੈਰਾਂ ਸਿਰ ਕਰਨ ਲਈ ਹਰ ਸੰਭਵ ਸਹਾਇਤਾ ਕੀਤੀ ਜਾਵੇਗੀ: ਏ ਡੀ ਸੀ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਦੀ ਅਗਵਾਈ ਹੇਠ ਵਧੀਕ ਡਿਪਟੀ ਕਮਿਸ਼ਨਰ (ਜ) ਗੁਰਦਾਸਪੁਰ ਡਾ. ਹਰਜਿੰਦਰ ਸਿੰਘ ਬੇਦੀ ਵੱਲੋਂ ਨਿਵੇਕਲੀ ਪਹਿਲ ਕਰਦਿਆਂ ਹੜ੍ਹ ਪੀੜਤ ਲੋੜਵੰਦਾਂ ਦੀ ਸਮਾਜ ਸੇਵੀ ਸੰਸਥਾਵਾਂ ਰਾਹੀਂ ਸਹਾਇਤਾ ਦੀ ਸ਼ੁਰੂਆਤ ਕੀਤੀ ਗਈ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਡਾ. ਬੇਦੀ ਨੇ ਦੱਸਿਆ ਕਿ ਇਹ ਪੀੜਤ ਪਰਿਵਾਰ ਹੜ੍ਹਾਂ ਦੀ ਤਰਾਸਦੀ ਦੌਰਾਨ ਬੁਰੇ ਹਾਲਾਤ ਵਿੱਚੋਂ ਗੁਜ਼ਰੇ ਹਨ।ਇਨ੍ਹਾਂ ਪਰਿਵਾਰਾਂ ਦਾ ਆਰਥਿਕ ਤੌਰ ਤੇ ਕਾਫੀ ਨੁਕਸਾਨ ਹੋਇਆ ਹੈ।ਇਨ੍ਹਾਂ ਦੀ ਸਹਾਇਤਾ ਲਈ ਸਮਾਜ ਸੇਵੀ ਸੰਸਥਾਵਾਂ ਜਿਨ੍ਹਾਂ ਵਿਚ ਪਰਮਿੰਦਰ ਸਿੰਘ ਸੈਣੀ, ਸਕੱਤਰ ਸਮਰਪਣ ਸੋਸਾਇਟੀ ਗੁਰਦਾਸਪੁਰ, ਸੱਜਣ ਸਿੰਘ ਧਾਲਾ ਚੇਅਰਮੈਨ, ਸਰਵਣ ਸਿੰਘ ਧਾਲਾ ਡਾਇਰੈਕਟਰ ਸੇਂਟ ਵਾਰੀਅਰਜ਼ ਸਕੂਲ ਕਾਦੀਆਂ ਸੋਸਾਇਟੀ, ਬਖਤਾਵਰ ਸਿੰਘ ਪ੍ਰਧਾਨ, ਆਲ ਇੰਡੀਆਂ ਫਰੀਡਮ ਫਾਈਟਰਜ਼ ਫੈਮਲੀਜ਼ ਐਸੋਸੀਏਸ਼ਨ ਅਤੇ ਮੁਕੇਸ਼ ਵਰਮਾ ਪ੍ਰਧਾਨ ਜਗਤ ਪੰਜਾਬੀ ਸਭਾ ਕੈਨੇਡਾ ਪੰਜਾਬ ਇਕਾਈ ਵੱਲੋਂ ਵਿਸ਼ੇਸ਼ ਯੋਗਦਾਨ ਪਾਇਆ ਗਿਆ ਹੈ।

ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਗੁਰਦਾਸਪੁਰ ਵਿੱਚ ਜਿਥੇ ਹੜ੍ਹ ਪੀੜਤਾਂ ਦੀ ਆਰਥਿਕ ਤੌਰ ਤੇ ਸਹਾਇਤਾ ਕੀਤੀ ਜਾ ਰਹੀ ਹੈ ਉਥੇ ਨਾਲ ਹੀ ਮਿਸ਼ਨ ਉਮੀਦ ਤਹਿਤ ਜ਼ਿਲ੍ਹੇ ਦੇ ਨੌਜਵਾਨਾ ਲਈ ਵੱਖ-ਵੱਖ ਪ੍ਰਬੰਧਕੀ ਅਹੁਦੇ ਦੀਆਂ ਪ੍ਰੀਖਿਆਵਾਂ ਯੂਪੀਐੱਸਸੀ/ਪੀਸੀਐੱਸ ਦੀ ਤਿਆਰੀ ਲਈ ਮੁਫ਼ਤ ਕੋਚਿੰਗ ਦਾ ਪ੍ਰਬੰਧ ਕਰਵਾਇਆ ਜਾ ਰਿਹਾ ਹੈ।ਜ਼ਿਲ੍ਹੇ ਗੁਰਦਾਸਪੁਰ ਦੀ ਹਰ



ਸਬ-ਡਵੀਜ਼ਨ ਵਿੱਚ ਇਨ੍ਹਾਂ ਪ੍ਰੀਖਿਆਵਾਂ ਲਈ ਮੁਫ਼ਤ ਕੋਚਿੰਗ ਕਰਵਾਈ ਜਾਵੇਗੀ। ਇਸ ਕੰਮ ਲਈ ਪਰਮਿੰਦਰ ਸਿੰਘ ਸੈਣੀ ਜ਼ਿਲ੍ਹਾ ਗਾਈਡੈਂਸ ਕਾਉਂਸਲਰ ਦੀ ਡਿਊਟੀ ਲਗਾਈ ਗਈ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜਿਥੇ ਹੜ੍ਹ ਪੀੜਤ ਹਰ ਪਰਿਵਾਰ ਤੱਕ ਸਮਾਜ ਸੇਵੀ ਸੰਸਥਾਵਾਂ ਦੀ ਮੱਦਦ ਨਾਲ ਹਰ ਸੰਭਵ ਸਹਾਇਤਾ ਪਹੁੰਚਾਈ ਜਾ ਰਹੀ ਹੈ, ਉਥੇ ਨਾਲ ਹੀ ਵਿਦਿਆਰਥੀਆਂ ਦੀ ਪੜ੍ਹਾਈ ਦਾ ਖਾਸ ਧਿਆਨ ਰੱਖਿਆ ਜਾ ਰਿਹਾ ਹੈ।ਇਸ ਮੌਕੇ ਹੜ੍ਹ ਪੀੜਤ ਪਰਿਵਾਰਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਵਧੀਕ ਡਿਪਟੀ ਕਮਿਸ਼ਨਰ ਡਾ. ਹਰਜਿੰਦਰ ਸਿੰਘ ਬੇਦੀ ਦਾ ਧੰਨਵਾਦ ਕੀਤਾ।

# ਪਰਾਲੀ ਨੂੰ ਅੱਗ ਨਾ ਲਗਾਉਣ ਸਬੰਧੀ ਬੱਚਿਆਂ ਦੇ ਲੇਖ, ਭਾਸ਼ਣ ਅਤੇ ਪੇਂਟਿੰਗ ਮੁਕਾਬਲੇ ਕਰਵਾਏ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਰੋਕਣ ਲਈ ਮਾਣਯੋਗ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਦੇ ਦਿਸ਼ਾ ਨਿਰਦੇਸ਼ਾ ਤਹਿਤ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋ ਜ਼ਿਲ੍ਹਾ ਗੁਰਦਾਸਪੁਰ ਦੇ ਸਕੂਲਾਂ ਵਿੱਚ ਜਾਗਰੂਕਤਾ ਅਭਿਆਨ ਚਲਾਇਆ ਜਾ ਰਿਹਾ ਹੈ।



ਇਸ ਲੜੀ ਤਹਿਤ ਬਲਾਕ ਖੇਤੀਬਾੜੀ ਅਫਸਰ ਪਰਮਿੰਦਰ ਕੁਮਾਰ ਦੀ ਯੋਗ ਅਗਵਾਈ ਸਦਕਾ ਬਲਾਕ ਕਾਹਨੂੰਵਾਨ ਦੀ ਟੀਮ ਵੱਲੋਂ ਜੀਵਨ ਜੋਤੀ ਪਬਲਿਕ ਸਕੂਲ, ਭੇਣੀ ਮੀਆਂ ਖਾਂ ਵਿੱਖੇ ਸਕੂਲੀ ਬੱਚਿਆ ਨੂੰ ਜਾਗਰੂਕ ਕਰਨ ਸਬੰਧੀ ਲੇਖ, ਭਾਸ਼ਣ ਅਤੇ ਪੇਂਟਿੰਗ ਮੁਕਾਬਲੇ ਕਰਵਾਏ ਗਏ।ਸਕੂਲ ਦੇ ਬੱਚਿਆ ਨੂੰ ਸੰਬੋਧਨ ਕਰਦਿਆਂ ਡਾ. ਭਵਜੀਤ ਸਿੰਘ, ਖੇਤੀਬਾੜੀ ਵਿਕਾਸ ਅਫਸਰ ਨੇ ਕਿਹਾ ਕਿ ਅਸੀਂ ਆਪਣੇ ਬਲਾਕ ਕਾਹਨੂੰਵਾਨ ਅਤੇ ਜ਼ਿਲ੍ਹੇ ਨੂੰ ਅੱਗ ਤੋਂ ਮੁਕਤ ਕਰਨਾ ਹੈ, ਜਿਸ ਲਈ ਸਾਨੂੰ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਰੋਕਣਾ ਪਵੇਗਾ।

ਪਰਾਲੀ ਨੂੰ ਅੱਗ ਨਾ ਲਾਉਣ ਸਬੰਧੀ ਬੱਚੇ ਆਪਣੇ ਪਰਿਵਾਰ ਨੂੰ ਜਾਗਰੂਕ ਕਰਨ ਤਾਂ ਜੋ ਉਹ ਆਪਣੀ ਫਸਲ ਦੀ ਰਹਿੰਦ-ਖੂੰਹਦ ਨੂੰ ਨਾ ਸਾੜਨ ਅਤੇ ਕਣਕ ਦੀ ਬਿਜਾਈ ਆਪਣੇ ਫਸਲੀ ਚੱਕਰ ਅਨੁਸਾਰ ਹੈਪੀ ਸੀਡਰ, ਸੁਪਰ ਸੀਡਰ, ਸਮਾਰਟ ਸੀਡਰ, ਸਰਫੇਸ ਸੀਡਰ ਆਦਿ ਦੀ ਵਰਤੋਂ ਕਰਕੇ ਕਣਕ ਦੀ ਬਿਜਾਈ ਕਰਨ।

ਇਸ ਮੌਕੇ ਬੱਚਿਆ ਅਤੇ ਸਕੂਲ ਸਟਾਫ ਦਾ ਇਸ ਮੁਹਿੰਮ 'ਚ ਯੋਗਦਾਨ ਪਾਉਣ ਲਈ ਧੰਨਵਾਦ ਕੀਤਾ ਅਤੇ ਮੁਕਾਬਲੇ ਵਿੱਚ ਜੇਤੂ ਬੱਚਿਆਂ ਨੂੰ ਇਨਾਮ ਵੀ ਵੰਡੇ ਗਏ।

ਇਸ ਮੌਕੇ ਅਮਨਦੀਪ ਕੌਰ ਖੇਤੀਬਾੜੀ ਵਿਸਥਾਰ ਅਫ਼ਸਰ, ਰਜਵਿੰਦਰ ਕੌਰ ਖੇਤੀਬਾੜੀ ਉਪ-ਨਿਰੀਖਕ, ਲਖਨੇਸ਼ ਸਿੰਘ, ਰਾਜਬੀਰ ਕੌਰ, ਸਕੂਲ ਦੇ ਪ੍ਰਿੰਸੀਪਲ ਅਤੇ ਹੋਰ ਸਟਾਫ ਵੀ ਮੌਜੂਦ ਸੀ।

# ਚੋਣ ਖ਼ਰਚਾ ਅਬਜ਼ਰਵਰ ਵੱਲੋਂ ਵੱਖ-ਵੱਖ ਟੀਮਾਂ ਦੇ ਨੋਡਲ ਅਫਸਰਾਂ ਨਾਲ ਮੀਟਿੰਗ

### * ਵਿਧਾਨ ਸਭਾ ਚੋਣ ਦੌਰਾਨ ਉਮੀਦਵਾਰ 40 ਲੱਖ ਰੁਪਏ ਤੱਕ ਕਰ ਸਕਦਾ ਹੈ ਚੋਣ ਖ਼ਰਚਾ

ਪੱਟੀ (ਬਲਦੇਵ ਸਿੰਘ ਸੰਧੂ)-ਜ਼ਿਮਨੀ ਚੋਣ ਤਰਨ ਤਾਰਨ-2025 ਲਈ ਮਾਣਯੋਗ ਭਾਰਤ ਚੋਣ ਕਮਿਸ਼ਨ ਵੱਲੋਂ ਨਿਯੁਕਤ ਕੀਤੇ ਗਏ ਖ਼ਰਚਾ ਆਬਜ਼ਰਵਰ ਮਨਜ਼ੁਰੁਲ ਹਸਨ, ਆਈਆਰਐੱਸ ਵੱਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਤਰਨ ਤਾਰਨ ਵਿਖੇ ਜ਼ਿਮਨੀ ਚੋਣ ਲਈ ਗਠਿਤ ਵੱਖ-ਵੱਖ ਟੀਮਾਂ ਦੇ ਨੋਡਲ ਅਫਸਰਾਂ ਨਾਲ ਮੀਟਿੰਗ ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਚੋਣ ਅਧਿਕਾਰੀ-ਕਮ-ਡਿਪਟੀ ਕਮਿਸ਼ਨਰ ਰਾਹੁਲ., ਵਧੀਕ ਡਿਪਟੀ ਕਮਿਸ਼ਨਰ (ਜਨਰਲ) ਰਾਜਦੀਪ ਸਿੰਘ ਬਰਾੜ, ਸਹਾਇਕ ਕਮਿਸ਼ਨਰ ਕਰਨਵੀਰ ਸਿੰਘ, ਡਾ. ਅਮਨਦੀਪ ਸਿੰਘ, ਚੋਣ ਤਹਿਸੀਲਦਾਰ ਅਰਮਿੰਦਰਪਾਲ ਸਿੰਘ ਸਮੇਤ ਵੱਖ-ਵੱਖ ਅਧਿਕਾਰੀ ਮੌਜੂਦ ਸਨ।ਖਰਚਾ ਆਬਜ਼ਰਵਰ ਮਨਜ਼ੁਰੁਲ ਹਸਨ ਨੇ ਮੀਟਿੰਗ ਦੌਰਾਨ ਵੱਖ-ਵੱਖ ਟੀਮਾਂ ਦੇ ਨੋਡਲ ਅਫਸਰਾਂ ਨੂੰ ਕਿਹਾ ਕਿ ਉਹ ਮਾਣਯੋਗ ਚੋਣ ਕਮਿਸ਼ਨ ਦੀ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਚੋਣਾਂ ਦੇ ਕੰਮ ਨੂੰ ਸਫ਼ਲਤਾਪੂਰਵਕ ਨੇਪਰੇ ਚਾੜ੍ਹਨ।ਉਨ੍ਹਾਂ ਦੱਸਿਆ ਕਿ ਚੋਣ ਕਮਿਸ਼ਨ ਵੱਲੋਂ ਵਿਧਾਨ ਸਭਾ ਚੋਣਾਂ ਵਿੱਚ ਉਮੀਦਵਾਰ ਨੂੰ 40 ਲੱਖ ਰੁਪਏ ਤੱਕ ਚੋਣ ਖ਼ਰਚਾ ਕਰਨ ਦੀ ਇਜਾਜ਼ਤ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਚੋਣ ਅਮਲਾ ਉਮੀਦਵਾਰ ਦੇ ਸਮੁੱਚੇ ਚੋਣ ਪ੍ਰਚਾਰ ਉਪਰ ਤਿੱਖੀ ਨਜ਼ਰ ਰੱਖੇ ਅਤੇ ਉਸ ਵੱਲੋਂ ਕੀਤੇ ਜਾਂਦੇ ਹਰ ਖਰਚੇ ਨੂੰ ਆਪਣੇ ਸ਼ੈਡੋ ਰਜਿਸਟਰ ਵਿੱਚ ਦਰਜ ਕਰੇ।ਇਸ ਤੋਂ ਇਲਾਵਾ ਉਮੀਦਵਾਰ ਵੱਲੋਂ ਵੀ ਆਪਣਾ ਇੱਕ ਖਰਚਾ ਰਜਿਸਟਰ ਲਗਾਇਆ ਜਾਵੇਗਾ ਅਤੇ ਜਿਸ ਵਿੱਚ ਉਹ ਆਪਣੇ ਸਾਰੇ ਖਰਚਿਆਂ ਨੂੰ ਨਾਲ ਦੀ ਨਾਲ ਹੀ ਦਰਜ ਕਰੇਗਾ।ਉਨ੍ਹਾਂ ਦੱਸਿਆ ਕਿ ਚੋਣ ਅਮਲੇ ਵੱਲੋਂ ਉਮੀਦਵਾਰ ਦੇ ਚੋਣ ਖਰਚਾ ਰਜਿਸਟਰ ਦਾ ਸ਼ੈਡੋ ਰਜਿਸਟਰ ਨਾਲ ਮਿਲਾਨ ਵੀ ਕੀਤਾ ਜਾਵੇਗਾ।ਇਸ ਮੌਕੇ ਉਨ੍ਹਾਂ ਕਿਹਾ ਕਿ ਗਠਿਤ ਫਲਾਇੰਗ ਸਕੁਐਡ, ਸਟੈਟਿਕ ਸਰਵੇਲੈਂਸ ਟੀਮਾਂ ਆਦਿ ਦੀ ਜਾਣਕਾਰੀ ਹਾਸਲ ਕੀਤੀ।ਉਨ੍ਹਾਂ ਅੱਗੇ ਕਿਹਾ ਕਿ ਚੋਣਾਂ ਦੌਰਾਨ ਸ਼ਰਾਬ ਅਤੇ ਨਕਦੀ ਦੀ ਵਰਤੋਂ ਨੂੰ ਰੋਕਣ ਲਈ ਸ਼ਰਾਬ ਦੇ ਉਤਪਾਦਨ/ਸ਼ਰਾਬ ਦੇ ਠੇਕਿਆਂ 'ਤੇ ਨਿਗਰਾਨੀ ਰੱਖਣ ਦੇ ਨਾਲ-ਨਾਲ ਵਾਹਨਾਂ ਦੀ ਚੈਕਿੰਗ ਖ਼ਾਸ ਕਰ ਅੰਤਰ-ਜ਼ਿਲ੍ਹਾ ਨਾਕਿਆਂ 'ਤੇ ਯਕੀਨੀ ਬਣਾਉਣ ਲਈ ਢੁਕਵੇਂ ਅਮਲ ਨੂੰ ਯਕੀਨੀ ਬਣਾਇਆ ਜਾਵੇ।ਉਨ੍ਹਾਂ ਇਹ ਵੀ ਕਿਹਾ ਕਿ ਉਮੀਦਵਾਰਾਂ ਦੇ ਸੋਸ਼ਲ ਮੀਡੀਆ ਖਾਤਿਆਂ ਦੀ ਨਿਯਮਿਤ ਤੌਰ 'ਤੇ ਜਾਂਚ ਕੀਤੀ ਜਾਵੇ ਅਤੇ ਪੋਸਟਾਂ ਦੀ ਪ੍ਰਮੋਸ਼ਨ/ਬੂਸਟਿੰਗ 'ਤੇ ਹੋਏ ਖ਼ਰਚੇ ਨੂੰ ਉਮੀਦਵਾਰਾਂ ਦੇ ਚੋਣ ਖ਼ਰਚੇ ਵਿੱਚ ਦਰਜ ਕੀਤਾ ਜਾਵੇ। ਇਸ ਮੌਕੇ ਖ਼ਰਚਾ ਆਬਜ਼ਰਵਰ, ਮਨਜ਼ੁਰੁਲ ਹਸਨ ਨੇ ਕਿਹਾ ਕਿ ਉਹ ਜ਼ਿਮਨੀ ਚੋਣ ਦੌਰਾਨ ਤਰਨ ਤਾਰਨ ਜ਼ਿਲ੍ਹੇ ਵਿੱਚ ਹੀ ਮੌਜੂਦ ਰਹਿਣਗੇ ਅਤੇ ਕੋਈ ਵੀ ਵਿਅਕਤੀ ਚੋਣ ਖ਼ਰਚੇ ਨਾਲ ਮੁੱਤਲਕ ਮਾਮਲੇ ਵਿੱਚ ਉਨ੍ਹਾਂ ਦੇ ਮੋਬਾਇਲ ਨੰਬਰ 79860-95244 'ਤੇ ਸੰਪਰਕ ਕਰ ਸਕਦਾ ਹੈ।

ਇਸ ਮੌਕੇ ਜ਼ਿਲ੍ਹਾ ਚੋਣ ਅਫ਼ਸਰ, ਰਾਹੁਲ ਨੇ ਜ਼ਿਮਨੀ ਚੋਣ ਤਰਨ ਤਾਰਨ ਦੀਆਂ ਤਿਆਰੀਆਂ ਸਬੰਧੀ ਸਾਰੀ ਜਾਣਕਾਰੀ ਖਰਚਾ ਆਬਜ਼ਰਵਰ ਨਾਲ ਸਾਂਝੀ ਕੀਤੀ ਅਤੇ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਮੁੱਚੀ ਚੋਣ ਪ੍ਰਕਿਰਿਆ ਨਿਰਪੱਖ ਅਤੇ ਆਜ਼ਾਦਾਨਾ ਮਹੌਲ ਵਿੱਚ ਨੇਪਰੇ ਚਾੜ੍ਹੀ ਜਾਵੇਗੀ।

# 69ਵੀਆਂ ਪੰਜਾਬ ਰਾਜ ਅੰਤਰ ਜ਼ਿਲ੍ਹਾ ਸਕੂਲ ਖੇਡਾਂ ਤਰਨਤਾਰਨ ਵਿਖੇ ਸ਼ੁਰੂ

ਤਰਨ ਤਾਰਨ (ਪ੍ਰਿਤਪਾਲ ਸਿੰਘ)-ਸਕੂਲ ਸਿੱਖਿਆ ਵਿਭਾਗ ਅਤੇ ਡਿਪਟੀ ਡਾਇਰੈਕਟਰ ਫਿਜੀਕਲ ਐਜੂਕੇਸ਼ਨ ਸੁਨੀਲ ਕੁਮਾਰ ਦੀਆਂ ਹਦਾਇਤਾਂ ਤੇ ਸਤਿਨਾਮ ਸਿੰਘ ਬਾਠ ਜ਼ਿਲ੍ਹਾ ਸਿੱਖਿਆ ਅਫਸਰ (ਸੈ. ਸਿ ) ਤਰਨ ਤਾਰਨ ਦੀ ਰਹਿਨੁਮਾਈ ਹੇਠ 69ਵੀਆਂ ਅੰਤਰ ਜ਼ਿਲ੍ਹਾ ਸਕੂਲ ਸਟੇਟ ਖੇਡਾਂ ਦਾ ਉਦਘਾਟਨ ਸੇਵਾ ਦੇਵੀ ਕਾਲਜ ਤਰਨ ਤਾਰਨ ਦੇ ਖੇਡ ਮੈਦਾਨ ਵਿੱਚ ਸਤਨਾਮ ਸਿੰਘ ਬਾਠ, ਜ਼ਿਲ੍ਹਾ ਸਿੱਖਿਆ ਅਫ਼ਸਰ ਤਰਨ ਤਾਰਨ ਨੇ ਕੀਤਾ। ਇਹਨਾਂ ਖੇਡਾਂ ਵਿੱਚ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਦੇ ਬੱਚੇ ਭਾਗ ਲੈ ਰਹੇ ਹਨ।ਇਸ ਮੌਕੇ ਜੁਗਰਾਜ ਸਿੰਘ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਤਰਨਤਾਰਨ ਨੇ ਦੱਸਿਆ ਕਿ ਨੈੱਟਬਾਲ ਅੰਡਰ 17 ਸਾਲ ਮੁੰਡਿਆਂ ਦੇ ਮੁਕਾਬਲੇ 13 ਤੋਂ 15 ਅਕਤੂਬਰ ਤੱਕ ਚੱਲਣਗੇ।ਇਸ ਮੌਕੇ ਪ੍ਰਿੰਸੀਪਲ ਗੁਰਦੀਪ ਸਿੰਘ, ਪ੍ਰਿੰਸੀਪਲ ਡਿੰਪਲ ਅਗਰਵਾਲ, ਪ੍ਰਿੰਸੀਪਲ ਰਵਿੰਦਰ ਕੌਰ, ਲੈਕਚਰਾਰ ਅਵਤਾਰ ਸਿੰਘ ਅਬਜਰਵਰ ਸਟੇਟ ਖੇਡਾਂ, ਆਦੇਸ਼ ਸਿੰਘ ਸੀਨੀਅਰ ਸਹਾਇਕ ਅਤੇ ਵੱਖ-ਵੱਖ ਜ਼ਿਲਿਆਂ ਤੋ ਆਏ ਆਫੀਸ਼ਲਜ਼ ਨੂੰ ਜ਼ਿਲ੍ਹਾ ਸਕੂਲ ਟੂਰਨਾਮੈਂਟ ਕਮੇਟੀ ਵੱਲੋਂ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮਨਿੰਦਰ ਸਿੰਘ, ਸੁਖਦੀਪ ਸਿੰਘ, ਨਿਰਮਲ ਕੌਰ,



ਇੰਦਰਜੀਤ ਕੌਰ, ਕੰਵਲਜੀਤ ਕੌਰ, ਹਰਦੀਸ਼ ਕੌਰ, ਹਰਪ੍ਰੀਤ ਕੌਰ ਲੈਕਚਰਾਰ, ਜੁਗਤਾਰ ਸਿੰਘ, ਪਰਦੀਪ ਸਿੰਘ, ਪ੍ਰੇਮ ਸਿੰਘ ਗੁਲਬਾਗ ਸਿੰਘ, ਹਰਪ੍ਰੀਤ ਸਿੰਘ, ਸੁੱਖਵਿੰਦਰ ਸਿੰਘ, ਹਰਪ੍ਰੀਤ ਕੌਰ, ਗੁਰਪ੍ਰੀਤ ਕੌਰ ਡੀਪੀਈ, ਸੁਖਜਿੰਦਰ ਸਿੰਘ, ਗੁਰਦੇਵ ਸਿੰਘ, ਅਮਨਦੀਪ ਸਿੰਘ, ਦਲਜੀਤ ਸਿੰਘ, ਜਸਵਿੰਦਰ ਕੌਰ ਪੀਟੀਆਈ ਤੋਂ ਇਲਾਵਾ ਤਰਨ ਤਾਰਨ ਜ਼ਿਲ੍ਹੇ ਦੇ ਸਮੂਹ ਸਰੀਰਕ ਸਿੱਖਿਆ ਅਧਿਆਪਕ ਹਾਜ਼ਰ ਸਨ।

# ਜ਼ਿਲ੍ਹਾ ਗੁਰਦਾਸਪੁਰ ਅਤੇ ਪਠਾਨਕੋਟ ਦੇ ਫਰੀਡਮ ਫਾਈਟਰ ਆਸ਼ਰਿਤ ਪਰਿਵਾਰਾਂ ਦੀ ਹੋਈ ਮਹੀਨਾਵਾਰ ਮੀਟਿੰਗ

ਧਾਰੀਵਾਲ, (ਮਨਦੀਪ ਸਿੰਘ ਵਿੱਕੀ)-ਜ਼ਿਲ੍ਹਾ ਗੁਰਦਾਸਪੁਰ ਅਤੇ ਪਠਾਨਕੋਟ ਫਰੀਡਮ ਫਾਈਟਰ ਪਰਿਵਾਰਾਂ ਦੇ ਉਤਰ ਅਧਿਕਾਰੀਆਂ ਦੀ ਮੀਟਿੰਗ ਫਰੀਡਮ ਫਾਈਟਰ ਸਮਾਰਕ ਲਾਧੂਪੁਰ ਵਿਖੇ ਪ੍ਰਧਾਨ ਬਖਤਾਵਰ ਸਿੰਘ ਲਾਧੂਪੁਰ ਦੀ ਪ੍ਰਧਾਨਗੀ ਹੇਠ ਹੋਈ।ਇਸ ਭਰਵੀਂ ਅਤੇ ਪ੍ਰਭਾਵਸ਼ਾਲੀ ਮੀਟਿੰਗ ਵਿੱਚ ਰਿਕਾਰਡ ਤੋੜ 75 ਫਰੀਡਮ ਫਾਈਟਰ ਪਰਿਵਾਰਾਂ ਦੇ ਉੱਤਰ ਅਧਿਕਾਰੀਆਂ ਨੇ ਹਿੱਸਾ ਲਿਆ।ਇਸ ਮੀਟਿੰਗ ਵਿੱਚ ਕਿਸਾਨੀ ਅਤੇ ਬਹੁਤ ਸਾਰੇ ਸਮਾਜਿਕ ਮੁੱਦਿਆਂ ਤੇ ਖੁੱਲ੍ਹ ਕੇ ਵਿਚਾਰ ਚਰਚਾ ਹੋਈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਨੰਬਰਦਾਰ ਠਾਕੁਰ ਕਸ਼ਮੀਰ ਸਿੰਘ ਨੇ ਕਿਹਾ ਕਿ ਮੰਡੀਆਂ ਵਿੱਚ ਝੋਨੇ ਦੀ ਖਰੀਦ ਸਮੇਂ ਕਿਸਾਨਾਂ ਦਾ ਬਹੁਤ ਸ਼ੋਸ਼ਣ ਹੋ ਰਿਹਾ ਹੈ।ਕਿਸਾਨ ਦੀ ਫਸਲ ਬਹੁਤ ਹੀ ਘੱਟ ਰੇਟ ਤੇ ਖਰੀਦੀ ਜਾ ਰਹੀ ਹੈ, ਪਰ ਕੋਈ ਅਧਿਕਾਰੀ ਜਾਂ ਸਿਆਸੀ ਲੀਡਰ ਇਸ ਦੀ ਜਿੰਮੇਵਾਰੀ ਨਹੀਂ ਲੈ ਰਿਹਾ।ਮੰਡੀਆਂ ਵਿੱਚ ਝੋਨੇ ਦੇ ਅੰਬਾਰ ਲੱਗੇ ਹੋਏ ਹਨ, ਨਾ ਖਰੀਦ ਹੋ ਰਹੀ ਹੈ ਅਤੇ ਨਾ ਹੀ ਕਿਸਾਨਾਂ ਨੂੰ ਕੋਈ ਪੇਮੈਂਟ ਹੋ ਰਹੀ ਹੈ, ਜਿਸ ਕਾਰਨ ਅੰਨਦਾਤੇ ਦੀ ਹਾਲਤ ਬਹੁਤ ਹੀ ਤਰਸਯੋਗ ਬਣੀ ਹੋਈ ਹੈ। ਫਰੀਡਮ ਫਾਈਟਰ ਜਥੇਬੰਦੀ ਇਸਦੀ ਸਖਤ ਨਿੰਦਾ ਕਰਦੀ ਹੈ ਅਤੇ ਇਸ ਔਖੀ ਘੜੀ ਵਿੱਚ ਕਿਸਾਨਾਂ ਨਾਲ ਖੜ੍ਹੀ ਹੈ ਅਤੇ ਸਰਕਾਰੀ ਅਤੇ ਸਿਆਸੀ ਤੰਤਰ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦੀ ਹੈ। ਮੀਟਿੰਗ ਵਿੱਚ ਉਘੇ ਵਕੀਲ ਅਤੇ ਇਸ ਸੰਸਥਾ ਦੇ ਕਾਨੂੰਨੀ ਸਲਾਹਕਾਰ ਬਲਦੇਵ ਸਿੰਘ ਐਡਵੋਕੇਟ ਨੇ ਚੀਫ ਜਸਟਿਸ ਆਫ ਇੰਡੀਆ ਵੱਲ ਜੁੱਤੀ ਸੁੱਟਣ ਦੀ ਕੋਸ਼ਿਸ਼ ਕਰਨ ਬਾਰੇ ਵਿਸਥਾਰਪੂਰਵਕ ਦੱਸਿਆ।ਉਨ੍ਹਾਂ ਕਿਹਾ ਕਿ ਇਹ ਘਟਨਾ



ਜਾਤ ਆਧਾਰਿਤ ਨਫਰਤ ਵਿੱਚੋਂ ਉਪਜੀ ਘਟਨਾ ਹੈ ਅਤੇ ਸੰਵਿਧਾਨਿਕ ਅਹੁਦਿਆਂ ਤੇ ਬੈਠੇ ਵਿਅਕਤੀਆਂ ਦਾ ਮਨੋਬਲ ਡੇਗਣ ਦੀ ਸੋਚੀ ਸਮਝੀ ਸਾਜ਼ਿਸ਼ ਹੈ, ਜਿਸਦੀ ਸਾਡੀ ਜਥੇਬੰਦੀ ਸਖਤ ਸ਼ਬਦਾਂ ਵਿੱਚ ਘਟਨਾ ਦੀ ਨਿਖੇਧੀ ਕਰਦੀ ਹੈ। ਸਰਦਾਰ ਤਰਸੇਮ ਸਿੰਘ ਪਠਾਨਕੋਟ ਨੇ ਲਦਾਖ ਵਿੱਚ ਵਾਪਰੀਆਂ ਘਟਨਾਵਾਂ ਤੇ ਚਰਚਾ ਕੀਤੀ ਅਤੇ ਵਾਤਾਵਰਨ ਪ੍ਰੇਮੀ ਤੇ ਐਨਐਸਏ ਅਤੇ ਹੋਰ ਧਰਾਵਾਂ ਤਹਿਤ ਕੇਸ ਦਰਜ ਕਰਨ ਦੀ ਨਿਖੇਧੀ ਕੀਤੀ ਅਤੇ ਉਥੋਂ ਦੇ ਲੋਕਾਂ ਦੀ ਪੂਰਨ ਰਾਜ ਦਾ ਦਰਜਾ ਪ੍ਰਾਪਤ ਕਰਨ ਦੀ ਮੰਗ ਨੂੰ ਗੈਰ ਜਮਹੂਰੀ ਤਰੀਕੇ ਨਾਲ ਦਬਾਉਣ ਦੀ ਨਿਖੇਧੀ ਕੀਤੀ ਅਤੇ ਕਿਹਾ ਕਿ ਅਸੀਂ ਲੇਹ ਦਾਖ ਦੇ ਲੋਕਾਂ ਨਾਲ ਉਹਨਾਂ ਦੇ ਹੱਕਾਂ ਪ੍ਰਤੀ ਸੰਘਰਸ਼ ਵਿੱਚ ਉਹਨਾਂ ਦੇ ਨਾਲ ਖੜੇ ਹਾਂ।ਇਸ ਮੌਕੇ ਦਲਬੀਰ ਸਿੰਘ ਡੁੱਗਰੀ ਨੇ ਕਿਹਾ ਕਿ ਦਫਤਰਾਂ ਵਿੱਚ ਫਰੀਡਮ ਫਾਈਟਰਾਂ ਨਾਲ ਸੰਬੰਧਿਤ ਕੰਮ ਨਹੀਂ ਹੋ ਰਹੇ। ਉਨ੍ਹਾਂ ਮੰਗ ਕੀਤੀ ਕਿ ਸਰਕਾਰ ਅਫ਼ਸਰਸ਼ਾਹੀ ਨੂੰ ਸਖਤ ਹਦਾਇਤਾਂ ਕਰੇ ਕਿ ਫਰੀਡਮ ਫਾਈਟਰ ਪਰਿਵਾਰਾਂ ਦੇ ਕੰਮ ਪਹਿਲ ਦੇ ਆਧਾਰ ਤੇ ਕੀਤੇ ਜਾਣ।ਇਸ ਮੌਕੇ ਪ੍ਰਧਾਨ ਬਖਤਾਵਰ ਸਿੰਘ ਨੇ ਕਿਹਾ ਕਿ ਦਫਤਰਾਂ ਵਿੱਚ ਬੈਠੀ ਬਾਬੂਸ਼ਾਹੀ ਫਰੀਡਮ ਫਾਈਟਰ ਪਰਿਵਾਰਾਂ ਨੂੰ ਬਿਨਾਂ ਵਜ੍ਹਾ ਪ੍ਰੇਸ਼ਾਨ ਕਰਨਾ ਬੰਦ ਕਰੇ ਅਤੇ ਸਰਕਾਰ ਆਪਣੀ ਕਹਿਣੀ ਤੇ ਕਰਨੀ ਵਿੱਚ ਫਰੀਡਮ ਫਾਈਟਰ ਪਰਿਵਾਰਾਂ ਦਾ ਵਿਸ਼ਵਾਸ ਬਹਾਲ ਕਰੇ।ਮੀਟਿੰਗ ਦੇ ਅੰਤ ਵਿੱਚ ਇਸਦੇ ਜਨਰਲ ਸਕੱਤਰ ਪ੍ਰਿੰਸੀਪਲ ਸੁਲੱਖਣ ਸਿੰਘ ਗੁਰਾਇਆ ਨੇ ਆਏ ਹੋਏ ਮੈਂਬਰਾਂ ਦਾ ਧੰਨਵਾਦ ਕੀਤਾ ਅਤੇ ਫਰੀਡਮ ਫਾਈਟਰ ਅਹੁਦੇਦਾਰਾਂ ਵੱਲੋਂ ਹੜ੍ਹ ਪੀੜਤ ਪਰਿਵਾਰਾਂ ਨੂੰ ਦਿੱਤੀ ਮਦਦ ਅਤੇ ਯਤਨਾਂ ਦੀ ਪ੍ਰਸ਼ੰਸਾ ਕੀਤੀ।ਇਸ ਮੀਟਿੰਗ ਵਿੱਚ ਸੁਰਿੰਦਰ ਸਿੰਘ ਲਾਧੂਪੁਰ, ਰਜਿੰਦਰ ਕੁਮਾਰ, ਗੁਰਨਾਮ ਸਿੰਘ, ਪਰਮੋਦ ਕੁਮਾਰ, ਦਲਬੀਰ ਸਿੰਘ ਡੁੱਗਰੀ, ਸੁਖਦੇਵ ਸਿੰਘ, ਵਿਸ਼ਾਲ, ਯੁੱਧਵੀਰ ਸਿੰਘ, ਲਖਵਿੰਦਰ ਸਿੰਘ, ਤਰਸੇਮ ਸਿੰਘ ਪਠਾਨਕੋਟ, ਕਰਨ ਸਿੰਘ ਸੈਦਪੁਰ, ਕਰਮ ਸਿੰਘ, ਰਜਨੀਸ਼ ਕੁਮਾਰ, ਪਿਆਰਾ ਸਿੰਘ, ਵਿਵੇਕ, ਦੀਪਕ ਕੁਮਾਰ, ਬਚਨ ਸਿੰਘ, ਸਰਦਾਰੀ ਲਾਲ ਅਤੇ ਹੋਰ ਬਹੁਤ ਸਾਰੇ ਮੈਂਬਰ ਹਾਜ਼ਰ ਸਨ।


# ਬਾਬਾ ਸਰਬਜੋਤ ਸਿੰਘ ਬੇਦੀ ਨੇ ਪੰਥਕ ਅਕਾਲੀ ਲਹਿਰ ਵੱਲੋਂ ਲਗਾਏ ਕੈਂਪ ਦੌਰਾਨ ਰਾਹਤ ਕਾਰਜਾਂ 'ਚ ਹਿੱਸਾ ਪਾਇਆ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਡੇਰਾ ਬਾਬਾ ਨਾਨਕ ਦੇ ਪਿੰਡ ਠੇਠਰਕੇ ਵਿਖੇ ਪੰਥਕ ਅਕਾਲੀ ਲਹਿਰ ਵੱਲੋਂ ਪਿਛਲੇ ਡੇਢ ਮਹੀਨਿਆਂ ਤੋਂ ਲਗਾਏ ਰਾਹਤ ਕੈਂਪ ਵਿੱਚ ਪੰਥ ਦੀ ਬਹੁਤ ਹੀ ਸਤਿਕਾਰਯੋਗ ਸ਼ਖ਼ਸ਼ੀਅਤ ਸੰਤ ਬਾਬਾ ਸਰਬਜੋਤ ਸਿੰਘ ਬੇਦੀ ਸਰਪ੍ਰਸਤ ਪੰਥਕ ਅਕਾਲੀ ਲਹਿਰ ਵੱਡੀ ਪੱਧਰ ਤੇ ਰਾਹਤ ਸਮੱਗਰੀ ਲੈ ਕੇ ਆਪਣੇ ਸਾਥੀਆਂ ਸਮੇਤ ਪਹੁੰਚੇ ਜਿੱਥੇ ਉਨ੍ਹਾਂ ਵੱਲੋਂ ਇਨ੍ਹਾਂ ਚੱਲ ਰਹੇ ਰਾਹਤ ਕਾਰਜਾਂ ਵਿੱਚ ਕਣਕ ਦੇ ਬੀਜ ਅਤੇ ਖਾਦ ਵੱਡੀ ਪੱਧਰ ਤੇ ਦਿੱਤੀ ਉਥੇ ਰਾਵੀ ਦਰਿਆ ਦੇ ਬੰਨ੍ਹ ਉਪਰ ਚੱਲ ਰਹੇ ਪੈਲੀ ਪੱਧਰੀ ਕਾਰਨ ਦੇ ਕਾਰਜ ਵਿੱਚ ਟਰੈਕਟਰਾਂ ਵਿੱਚ ਡੀਜ਼ਲ ਪਾਉਣ ਲਈ ਨਗਦ ਰਾਸ਼ੀ ਦਿੱਤੀ ਉਥੇ ਹੀ ਕੈਂਪ ਵਿੱਚ ਵੱਖ-ਵੱਖ ਪਿੰਡਾਂ ਨੂੰ ਜਿਨ੍ਹਾਂ ਵਿੱਚ ਗੁਰ ਚੱਕ, ਪੱਤੀ ਹਵੇਲੀਆਂ, ਖਾਸਾਂ ਵਾਲੀ, ਸ਼ਹਿਜਾਦਾ ਖੁਰਦ ਅਤੇ ਠੇਠਰਕੇ ਆਦਿ ਪਿੰਡਾਂ ਨੂੰ ਕਣਕ ਦਾ ਬੀਜ ਅਤੇ ਖਾਦ ਵੰਡੀ। ਇਸ ਮੌਕੇ ਪੰਥਕ ਅਕਾਲੀ ਲਹਿਰ ਦੇ ਮੁੱਖ ਬੁਲਾਰੇ ਭਾਈ ਰਵੇਲ ਸਿੰਘ ਸਹਾਇਪੁਰ ਨੇ ਬਾਬਾ ਜੀ ਦਾ ਕੈਂਪ ਵਿੱਚ ਪਹੁੰਚਣ ਤੇ ਸਵਾਗਤ ਕੀਤਾ ਅਤੇ ਉਨ੍ਹਾਂ ਨੂੰ ਜੀ ਆਇਆਂ ਆਖਦਿਆਂ ਇਨ੍ਹਾਂ ਰਾਹਤ ਕਾਰਜਾਂ ਵਿੱਚ ਵੱਡੀ ਪੱਧਰ ਤੇ ਹਿੱਸਾ ਪਾਉਣ ਲਈ ਧੰਨਵਾਦ ਕੀਤਾ। ਬਾਬਾ ਸਰਬਜੋਤ ਸਿੰਘ ਬੇਦੀ ਨਾਲ ਸੰਤ ਬਾਬਾ ਜੋਗਿੰਦਰ ਸਿੰਘ ਮੋਨੀ ਹਜੂਰ ਸਾਹਿਬ ਵਾਲਿਆਂ ਦਾ ਟਰਸਟ ਜੋ ਪੂਨਾ ਵਿਖੇ ਚੱਲ ਰਿਹਾ ਹੈ, ਦੇ ਸਿੰਘਾਂ ਵੱਲੋਂ ਵੀ ਉਚੇਚੇ ਤੌਰ ਤੇ ਪਹੁੰਚ ਕੇ ਹੜ੍ਹ ਪੀੜਤ ਲੋਕਾਂ ਨੂੰ ਵੱਡੀ ਪੱਧਰ ਤੇ ਰਾਹਤ ਸਮੱਗਰੀ ਵੰਡੀ। ਇਸ ਮੌਕੇ ਠੇਠਰਕੇ ਕੈਂਪ ਵਿੱਚ ਪੰਥਕ ਅਕਾਲੀ ਲਹਿਰ ਦੇ ਜ਼ਿਲ੍ਹਾ ਜਨਰਲ ਸਕੱਤਰ ਭਾਈ ਰਣਜੀਤ ਸਿੰਘ ਖਾਲਸਾ,




ਕੈਸ਼ੀਅਰ ਕੁਲਦੀਪ ਸਿੰਘ ਕਲਾਨੌਰ, ਜੋਗਿੰਦਰ ਸਿੰਘ ਨਾਨੋਵਾਲੀਆ ਮੁੱਖ ਸਲਾਹਕਾਰ, ਭਾਈ ਦਲਵਿੰਦਰ ਸਿੰਘ ਕਲਾਨੌਰ ਸਾਬਕਾ ਪ੍ਰਧਾਨ ਬਾਬਾ ਬੰਦਾ ਸਿੰਘ ਬਹਾਦਰ ਕਮੇਟੀ, ਭਾਈ ਗੁਰਪ੍ਰੀਤ ਸਿੰਘ ਠੇਠਰਕੇ, ਭਾਈ ਸ਼ਮਸ਼ੇਰ ਸਿੰਘ ਖਾਸਾਵਾਲੀ, ਭਾਈ ਨਵਨੀਤ ਸਿੰਘ ਰਮਦਾਸ, ਭਾਈ ਰਜਿੰਦਰ ਸਿੰਘ ਕਾਲੂ ਵੀ ਮੌਜੂਦ ਸਨ। ਪੰਥਕ ਅਕਾਲੀ ਲਹਿਰ ਦੇ ਮੁੱਖ ਬੁਲਾਰੇ ਅਤੇ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਰਵੇਲ ਸਿੰਘਸਹਾਏਪੁਰ ਨੇ ਦੱਸਿਆ ਕਿ ਇਨ੍ਹਾਂ ਰਾਹਤ ਕੈਂਪਾਂ ਵਿੱਚ ਪਿਛਲੇ ਦਿਨੀਂ ਸਿੰਘ ਸਾਹਿਬ ਭਾਈ ਰਣਜੀਤ ਸਿੰਘ, ਸੰਤ ਬਾਬਾ ਭੁਪਿੰਦਰ ਸਿੰਘ ਯਰਕ ਵਾਲੇ, ਸੰਤ ਬਾਬਾ ਕਸ਼ਮੀਰਾ ਸਿੰਘ ਅਲਹੋਰਾਂ ਵਾਲੇ, ਸੰਤ ਬਾਬਾ ਲਖਬੀਰ ਸਿੰਘ ਰਤਵਾੜੇ ਵਾਲੇ, ਸੰਤ ਬਾਬਾ ਹਰੀ ਸਿੰਘ ਰੰਧਾਵੇ ਵਾਲੇ, ਭਾਈ ਸੁਖਵਿੰਦਰ ਸਿੰਘ ਰਤਵਾੜੇ ਵਾਲੇ, ਭਾਈ ਗੁਰਪ੍ਰੀਤ ਸਿੰਘ ਰੰਧਾਵੇ ਵਾਲੇ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਭਾਈ ਹਰਦੇਵ ਸਿੰਘ, ਭਾਈ ਤਰਲੋਚਨ ਸਿੰਘ ਹੈੱਡ ਗ੍ਰੰਥੀ ਪਹੁੰਚੇ ਸਨ ਅਤੇ ਉਨ੍ਹਾਂ ਵੱਲੋਂ ਹੜ੍ਹ ਪੀੜਤ ਇਲਾਕੇ ਦੇ ਕਰੀਬ 55 ਪਿੰਡਾਂ ਦੇ ਗ੍ਰੰਥੀਆਂ ਨੂੰ ਵੱਡੇ ਪੱਧਰ ਤੇ ਨਗਦ ਰਾਸ਼ੀ ਅਤੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਸੀ।ਪੰਥਕ ਅਕਾਲੀ ਲਹਿਰ ਨੇ ਇਸ ਹੜ੍ਹ ਨਾਲ ਆਈ ਆਫਤ ਵਿੱਚ ਬਹੁਤ ਵੱਡੇ ਪੱਧਰ ਤੇ ਸੇਵਾਵਾਂ ਨਿਭਾਈਆਂ ਹਨ ਜਿਸ ਕਰਕੇ ਇਲਾਕੇ ਦੀਆਂ ਸੰਗਤਾਂ ਵੱਲੋਂ ਬਹੁਤ ਵੱਡੇ ਪੱਧਰ ਤੇ ਧੰਨਵਾਦ ਕੀਤਾ ਜਾ ਰਿਹਾ ਹੈ। ਹੜ੍ਹ ਪੀੜਤ ਹਲਕਿਆਂ ਦੇ ਲੋਕਾਂ ਵੱਲੋਂ ਖਾਸ ਕਰਕੇ ਰਾਵੀ ਦਰਿਆ ਦੇ ਪਾਰ ਸੱਤ ਪਿੰਡਾਂ ਦੇ ਸਰਪੰਚਾਂ ਅਤੇ ਨਗਰ ਨਿਵਾਸੀਆਂ ਵੱਲੋਂ ਸੰਤ ਬਾਬਾ ਨਰਿੰਦਰ ਸਿੰਘ, ਸੰਤ ਬਾਬਾ ਬਲਵਿੰਦਰ ਸਿੰਘ ਲੰਗਰਾਂ ਵਾਲੇ ਹਜ਼ੂਰ ਸਾਹਿਬ ਵਾਲਿਆਂ ਦਾ ਇੱਕ ਵੱਡਾ ਬੇੜਾ ਦੇ ਕੇ ਇਲਾਕੇ ਦੀ ਸੇਵਾ ਕਰਨ ਲਈ ਵਿਸ਼ੇਸ਼ ਧੰਨਵਾਦ ਕੀਤਾ ਜਾ ਰਿਹਾ ਹੈ।ਪੰਥਕ ਅਕਾਲੀ ਲਹਿਰ ਦੇ ਆਗੂਆਂ ਨੇ ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਜਿਸ ਕਿਸਮ ਦੀ ਵੀ ਲੋੜ ਹੜ੍ਹ ਪੀੜਤ ਇਲਾਕੇ ਵਿੱਚ ਲੋਕਾਂ ਨੂੰ ਹੋਵੇਗੀ ਪੰਥਕ ਅਕਾਲੀ ਲਹਿਰ ਉਨ੍ਹਾਂ ਨਾਲ ਹਰ ਤਰ੍ਹਾਂ ਦਾ ਸਹਿਯੋਗ ਕਰਦੀ ਰਹੇਗੀ ਅਤੇ ਆਉਣ ਵਾਲੇ ਸਮੇਂ ਵਿੱਚ ਜਿਨ੍ਹਾਂ ਵੀ ਚੀਜ਼ਾਂ ਦੀ ਜ਼ਰੂਰਤ ਪਵੇਗੀ ਪੰਥਕ ਅਕਾਲੀ ਲਹਿਰ ਵੱਲੋਂ ਹਰ ਉਪਰਾਲਾ ਕਰਕੇ ਉਹ ਜ਼ਰੂਰਤ ਪੂਰੀ ਕੀਤੀ ਜਾਵੇਗੀ।

# ਮੂਲਿਆਂਵਾਲ 'ਚ ਲੱਗਾ ਪਰਾਲੀ ਦੇ ਪ੍ਰਬੰਧਾਂ ਬਾਬਤ ਪਿੰਡ ਪੱਧਰੀ ਜਾਗਰੂਕਤਾ ਕੈਂਪ




ਬਟਾਲਾ, (ਡਾ. ਮਲਵਿੰਦਰ ਸਿੰਘ)-ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਐੱਸਡੀਐੱਮ ਸਾਹਿਬ ਬਟਾਲਾ ਦੀ ਅਗਵਾਈ ਹੇਠ ਸਰਕਲ ਸੁਰੂਪਵਾਲੀ ਕੁਲਵਿੰਦਰ ਕੌਰ ਏਈਓ ਦੇ ਪ੍ਰਬੰਧਾਂ ਹੇਠ ਪਿੰਡ ਮੂਲਿਆਂਵਾਲ ਬਲਾਕ ਬਟਾਲਾ ਵਿਖੇ ਸੀਆਰਐੱਮ ਸਕੀਮ ਅਧੀਨ ਆਈਈਸੀ ਗਤੀਵਿਧੀਆਂ ਤਹਿਤ ਝੋਨੇ ਦੀ ਪਰਾਲੀ ਪ੍ਰਬੰਧਨ ਲਈ ਜਾਗਰੂਕਤਾ ਕੈਂਪ ਲਗਾਇਆ ਗਿਆ।ਕੁਲਵਿੰਦਰ ਕੌਰ ਏਈਓ ਨੇ ਸੰਬੋਧਨ ਕਰਦਿਆਂ ਸਭ ਤੋਂ ਪਹਿਲਾਂ ਪਿੰਡ ਦੇ ਕਿਸਾਨਾਂ ਨੂੰ ਪਿੰਡ ਵਿੱਚ ਗਠਿਤ ਕੀਤੀ ਗਈ ਪਰਾਲੀ ਪ੍ਰੋਟੈਕਸ਼ਨ ਟੀਮ ਬਾਰੇ ਜਾਣਕਾਰੀ ਅਤੇ ਪਰਾਲੀ ਪ੍ਰਬੰਧਨ ਲਈ ਖੇਤੀ ਮਸ਼ੀਨਰੀ ਅਤੇ ਮਸ਼ੀਨਰੀ ਲਈ ਸਰਕਾਰੀ ਸਹਾਇਤਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਉਨ੍ਹਾਂ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਰਹਿੰਦ-ਖੂੰਹਦ ਨੂੰ ਬਿਨਾਂ ਅੱਗ ਲਗਾਏ ਖੇਤਾਂ ਵਿੱਚ ਵਾਹੁਣ ਲਈ ਜਾਗਰੂਕ ਕੀਤਾ।ਰਣਜੀਤ ਸਿੰਘ ਏਈਓ ਨੇ ਪਰਾਲੀ ਨੂੰ ਅੱਗ ਲਗਾਉਣ ਨਾਲ ਵਾਤਾਵਰਨ ਅਤੇ ਜ਼ਮੀਨ ਨੂੰ ਹੋਣ ਵਾਲੇ ਨੁਕਸਾਨਾਂ ਬਾਰੇ ਜਾਗਰੂਕ ਕੀਤਾ।ਅਖੀਰ ਵਿੱਚ ਪਿੰਡ ਦੇ ਸਰਪੰਚ ਸੰਦੀਪ ਸਿੰਘ ਵੱਲੋਂ ਆਏ ਹੋਏ ਕਿਸਾਨਾਂ ਦਾ ਧੰਨਵਾਦ ਕੀਤਾ।ਕੈਂਪ ਵਿੱਚ ਨੋਡਲ ਅਫਸਰ ਜਗਜੀਤ ਸਿੰਘ, ਹਰਜਿੰਦਰ ਸਿੰਘ, ਗੁਰਮੀਤ ਸਿੰਘ, ਸੁਖਵਿੰਦਰ ਸਿੰਘ, ਸੁਖਦੇਵ ਸਿੰਘ, ਹਰਪਾਲ ਸਿੰਘ, ਦਲਜੀਤ ਸਿੰਘ, ਸਤਨਾਮ ਸਿੰਘ ਤੇ ਹੋਰ ਅਗਾਂਹਵਧੂ ਕਿਸਾਨ ਹਾਜ਼ਰ ਸਨ।

# ਤਰਨਤਾਰਨ ਜ਼ਿਮਨੀ ਚੋਣ ਆਮ ਆਦਮੀ ਪਾਰਟੀ ਸ਼ਾਨ ਨਾਲ ਜਿੱਤੇਗੀ : ਪ੍ਰਧਾਨ ਸੁਖਦੇਵ ਸਿੰਘ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਤਰਨਤਾਰਨ ਦੀ ਜ਼ਿਮਨੀ ਚੋਣ 'ਚ ਆਮ ਆਦਮੀ ਪਾਰਟੀ ਦੀ ਇਤਿਹਾਸਿਕ ਜਿੱਤ ਹੋ ਵੇ ਗੀ। ਉ ਕ ਤ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਖੇਮਕਰਨ ਤੋਂ ਆਮ ਆਦਮੀ ਪਾਰਟੀ ਦੇ ਯੂਥ ਪ੍ਰਧਾਨ ਸੁਖਦੇਵ ਸਿੰਘ ਸੰਧੂ, ਸਰਪੰਚ ਬਲਰਾਜ ਸਿੰਘ ਬੈਂਕਾਂ, ਸਰਪੰਚ ਪਲਵਿੰਦਰ ਸਿੰਘ ਸਾਂਡਪੁਰਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਪ੍ਰਧਾਨ ਸੁਖਦੇਵ ਸਿੰਘ ਸੰਧੂ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਹਰਮੀਤ ਸਿੰਘ ਸੰਧੂ ਦੇ ਰੂਪ ਵਿੱਚ ਤਜਰਬੇਕਾਰ ਤੇ ਵਧੀਆ ਉਮੀਦ ਦੀ ਕੀਤੀ ਗਈ ਚੋਣ ਸਦਕਾ ਇਹ ਸੀਟ ਆਮ ਆਦਮੀ ਪਾਰਟੀ ਦੀ ਝੋਲੀ ਪਵੇਗੀ।ਇਸ ਮੌਕੇ ਸਰਪੰਚ ਬਲਰਾਜ ਸਿੰਘ ਬੈਂਕਾਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੇ ਕਾਰਜਕਾਲ ਦੌਰਾਨ ਜਦੋਂ ਵੀ ਕਿਸੇ ਵਿਧਾਨ ਸਭਾ ਹਲਕੇ ਵਿੱਚ ਜ਼ਿਮਨੀ ਚੋਣ ਹੋਈ ਹੈ ਤਾਂ ਉਹ ਸੀਟ ਮੁੜ ਕੇ 'ਆਪ' ਦੀ ਹੀ ਝੋਲੀ ਪਈ ਹੈ।ਉਨ੍ਹਾਂ ਕਿਹਾ ਕਿ ਆਮ ਦੇਖਣ ਵਿੱਚ ਆਇਆ ਹੈ ਕਿ ਸਮਾਂ ਪਾ ਕੇ ਕਿਸੇ ਵੀ ਸੱਤਾਧਾਰੀ ਪਾਰਟੀ ਦੇ ਵਿਧਾਇਕਾਂ ਦੀ ਗਿਣਤੀ ਕਿਸੇ ਨਾ ਕਿਸੇ ਸਿਆਸੀ ਕਾਰਨ ਕਰਕੇ ਜਾਂ ਲਾਲਚ ਵੱਸ ਘਟਦੀ ਰਹੀ ਹੈ ਪਰ 'ਆਪ' ਦੇ ਵਿਧਾਇਕਾਂ ਦੀ ਗਿਣਤੀ 92 ਤੋਂ 95 ਹੋ ਚੁੱਕੀ ਹੈ। ਹੁਣ ਜ਼ਿਮਨੀ ਚੋਣ ਵਿੱਚ ਹਰਮੀਤ ਸਿੰਘ ਸੰਧੂ ਵੀ ਵੱਡੇ ਫ਼ਰਕ ਨਾਲ ਜਿੱਤ ਪ੍ਰਾਪਤ ਕਰ ਕੇ ਆਮ ਆਦਮੀ ਪਾਰਟੀ ਦੇ ਵਿਧਾਇਕਾਂ ਦੀ ਗਿਣਤੀ ਵਿੱਚ ਹੋਰ ਵਾਧਾ ਕਰਨਗੇ।ਇਸ ਮੌਕੇ ਸਰਪੰਚ ਪਲਵਿੰਦਰ ਸਿੰਘ ਸਾਂਡਪੁਰਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਹਰਮੀਤ ਸਿੰਘ ਸੰਧੂ ਉੱਪਰ ਜਤਾਏ ਭਰੋਸੇ ਨੂੰ ਹਲਕਾ ਤਰਨ ਤਰਨ ਦੇ ਵਾਸੀ ਬਰਕਰਾਰ ਰੱਖਣਗੇ।



# ਮੁੱਖ ਮੰਤਰੀ ਸੈਣੀ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਪੁਰਸਕਾਰ ਨਾਲ ਸਨਮਾਨਤ

**ਚੰਡੀਗੜ੍ਹ (ਕ੍ਰਿਸ਼ਨ ਗਰਗ)**-ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੂੰ ਗਲੋਬਲ ਪੰਜਾਬੀ ਐਸੋਸੀਏਸ਼ਨ ਵੱਲੋਂ 'ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਪੁਰਸਕਾਰ' ਨਾਲ ਸਨਮਾਨਤ ਕੀਤਾ ਗਿਆ। ਇਹ ਸਨਮਾਨ ਉਨ੍ਹਾਂ ਨੂੰ ਉਨ੍ਹਾਂ ਦੀ ਪ੍ਰੇਰਨਾਦਾਇਕ ਅਗਵਾਈ, ਸਮਾਜਿਕ ਸਦਭਾਵਨਾ ਪ੍ਰਤੀ ਪ੍ਰਤੀਬੱਧਤਾ ਅਤੇ ਹਰਿਆਣਾ ਦੇ ਸਿੱਖ ਭਾਈਚਾਰੇ ਦੀ ਭਲਾਈ ਲਈ ਕੀਤੇ ਗਏ ਲਗਾਤਾਰ ਯਤਨਾਂ ਦੀ ਸ਼ਲਾਘਾ ਵਜੋਂ ਪ੍ਰਦਾਨ ਕੀਤਾ ਗਿਆ।ਮੁੱਖ ਮੰਤਰੀ ਨੇ ਚੰਡੀਗੜ੍ਹ ਦੇ ਸੈਕਟਰ 18 ਸਥਿਤ ਟੈਗੋਰ ਥਿਏਟਰ ਵਿੱਚ ਆਯੋਜਿਤ ਪ੍ਰੋਗਰਾਮ ਵਿੱਚ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ। ਇਸ ਮੌਕੇ ਮੁੱਖ ਮੰਤਰੀ ਨੇ ਸ੍ਰੀ ਗੁਰੂ ਤੇਗ ਬਹਾਦੁਰ ਜੀ ਨੂੰ ਨਮਨ ਕਰਦੇ ਹੋਏ ਕਿਹਾ ਕਿ ਅੱਜ ਦਾ ਇਹ ਮੌਕਾ ਮੇਰੇ ਲਈ ਬਹੁਤ ਪ੍ਰੇਰਨਾਦਾਇਕ ਅਤੇ ਦਿਲ ਨੂੰ ਛੂਹ ਲੈਣ ਵਾਲਾ ਹੈ। ਜਦੋਂ ਅਸੀ ਹਿੰਦ ਦੀ ਚਾਦਰ ਨੌਵੇਂ ਪਾਤਸ਼ਾਹੀ ਸ੍ਰੀ ਗੁਰੂ ਤੇਗ ਬਹਾਦੁਰ ਜੀ ਦੇ ਜੀਵਨ 'ਤੇ ਅਧਾਰਤ ਕਿਤਾਬ ਦੇ ਵਿਮੋਚਨ ਦੇ ਗਵਾਹ ਬਣੇ ਹਾਂ।ਇਸ ਮੌਕੇ ਮੁੱਖ ਮੰਤਰੀ ਨੇ ਗਲੋਬਲ ਪੰਜਾਬੀ ਐਸੋਸੀਏਸ਼ਨ ਦੇ ਮੁੱਖ ਸਰੰਖਕ ਡਾ. ਇਕਬਾਲ ਸਿੰਘ ਲਾਲਪੁਰਾ ਵੱਲੋਂ ਲਿਖਿਤ ਹਿੰਦੀ ਕਿਤਾਬ 'ਤਿਲਕ ਜੰਜੂ ਦਾ ਰਾਖਾ' ਦਾ ਵਿਮੋਚਨ ਕੀਤਾ। ਇਹ ਕਿਤਾਬ ਸਿੱਖਾਂ ਦੇ ਨੌਵੇਂ ਗੁਰੂ ਸ੍ਰੀ ਗੁਰੂ ਤੇਗ ਬਹਾਦੁਰ ਜੀ ਦੇ ਜੀਵਨ, ਯਾਤਰਾਵਾਂ ਅਤੇ ਵਿਲੱਖਣ ਬਲਿਦਾਨ ਦਾ ਖੋਜਿਆ ਬਿਰਤਾਂਤ ਹੈ। ਸੈਣੀ ਨੇ ਆਪਣੇ ਭਾਸ਼ਣ ਵਿੱਚ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦੁਰ ਜੀ ਨੇ ਮਨੁੱਖਤਾ ਦੀ ਰੱਖਿਆ ਅਤੇ ਧਰਮ ਦੀ ਸੁਤੰਤਰਤਾ ਲਈ ਆਪਣੇ ਪ੍ਰਾਣਾਂ ਦਾ ਬਲਿਦਾਨ ਦਿੱਤਾ। ਹਿੰਦੂ ਧਰਮ ਦੀ ਰੱਖਿਆ ਲਈ 11 ਨਵੰਬਰ, 1675 ਨੂੰ ਸ੍ਰੀ ਗੁਰੂ ਤੇਗ ਬਹਾਦੁਰ ਜੀ ਨੇ ਆਪਣਾ ਸ਼ੀਸ਼ ਕੁਰਬਾਨ ਕਰ ਦਿੱਤਾ।ਇਸ ਮੌਕੇ ਗੋਸਵਾਮੀ ਸੁਸ਼ੀਲ ਮਹਾਰਾਜ, ਨਾਭਾ ਦੀ ਮਹਾਰਾਣੀ ਸ੍ਰੀਮਤੀ ਉਮਾ ਸਿੰਘ, ਮੁੱਖ ਮੰਤਰੀ ਦੇ ਓ ਐਸ ਡੀ ਵੀਰੇਂਦਰ ਬੜਖਾਲਸਾ, ਕੁਲਵੰਤ ਸਿੰਘ ਧਾਲੀਵਾਲ ਅਤੇ ਗਲੋਬਲ ਪੰਜਾਬ ਐਸੋਸੀਏਸ਼ਨ ਦੇ ਅਧਿਕਾਰੀ ਸਮੇਤ ਹੋਰ ਮਾਣਯੋਗ ਵਿਅਕਤੀ ਮੌਜੂਦ ਰਹੇ।

# ਪ੍ਰਤਾਪ ਵਰਲਡ ਸਕੂਲ ਵੱਲੋਂ ਹੜ੍ਹ ਪੀੜਤਾਂ ਦੀ ਸਹਾਇਤਾ ਲਈ ਇੱਕ ਲੱਖ ਰੁਪਏ ਦਾ ਯੋਗਦਾਨ

ਪਠਾਨਕੋਟ (ਦਵਿੰਦਰ ਸਿੰਘ)-ਪ੍ਰਤਾਪ ਵਰਲਡ ਸਕੂਲ ਪਠਾਨਕੋਟ ਵੱਲੋਂ ਹਾਲ ਹੀ ਵਿੱਚ ਪੰਜਾਬ ਰਾਜ ਵਿੱਚ ਆਏ ਭਿਆਨਕ ਹੜ੍ਹ ਕਾਰਨ ਪ੍ਰਭਾਵਿਤ ਹੋਏ ਪਰਿਵਾਰਾਂ ਦੀ ਸਹਾਇਤਾ ਲਈ ਪੰਜਾਬ ਸਰਕਾਰ ਦੀ ਪਹਿਲ ਰੰਗਲਾ ਪੰਜਾਬ ਦੇ ਤਹਿਤ 1,00,000 (ਇੱਕ ਲੱਖ ਰੁਪਏ) ਦਾ ਯੋਗਦਾਨ ਦਿੱਤਾ ਹੈ।ਇਹ ਚੈੱਕ ਅਰਸ਼ਦੀਪ ਸਿੰਘ ਲੁਬਾਣਾ, ਐਡੀਸ਼ਨਲ ਡਿਪਟੀ ਕਮਿਸ਼ਨਰ ਪਠਾਨਕੋਟ ਨੂੰ ਇੱਕ ਸੰਖੇਪ ਸਮਾਰੋਹ ਦੌਰਾਨ ਰਾਜੇਸ਼ ਕੁਮਾਰ ਜ਼ਿਲ੍ਹਾ ਸਿੱਖਿਆ ਅਫ਼ਸਰ, ਅਮਨਦੀਪ ਕੁਮਾਰ, ਉਪ ਜ਼ਿਲ੍ਹਾ ਸਿੱਖਿਆ ਅਫਸਰ ਅਤੇ ਅਰੁਣ ਕੁਮਾਰ, ਜ਼ਿਲ੍ਹਾ ਖੇਡ ਅਫ਼ਸਰ ਦੀ ਹਾਜ਼ਰੀ ਵਿੱਚ ਭੇਟ ਕੀਤਾ ਗਿਆ।ਇਹ ਰਕਮ ਪ੍ਰਤਾਪ ਵਰਲਡ ਸਕੂਲ ਦੇ ਡਾਇਰੈਕਟਰ ਸੰਨੀ ਮਹਾਜਨ ਅਤੇ ਪ੍ਰਿੰਸੀਪਲ ਸ਼ੁਭਰਾ ਰਾਣੀ ਵੱਲੋਂ ਸੌਂਪੀ ਗਈ।ਇਸ ਮੌਕੇ ਡਾਇਰੈਕਟਰ ਸੰਨੀ ਮਹਾਜਨ ਨੇ ਕਿਹਾ ਕਿ ਪ੍ਰਤਾਪ ਵਰਲਡ ਸਕੂਲ ਵਿੱਚ ਅਸੀਂ ਇਹ ਮੰਨਦੇ ਹਾਂ ਕਿ ਸਿੱਖਿਆ ਸਿਰਫ ਕਿਤਾਬਾਂ ਜਾਂ ਕਲਾਸਾਂ ਤੱਕ ਸੀਮਤ ਨਹੀਂ ਹੁੰਦੀ, ਸਗੋਂ ਇਹ ਦਇਆ, ਸਮਾਜ ਪ੍ਰਤੀ ਜ਼ਿੰਮੇਵਾਰੀ ਦੇ ਭਾਵ ਨੂੰ ਵੀ ਵਿਕਸਤ ਕਰਦੀ ਹੈ।ਇਸ ਛੋਟੇ ਜਿਹੇ ਯੋਗਦਾਨ ਰਾਹੀਂ ਅਸੀਂ ਪੰਜਾਬ ਦੇ ਉਨ੍ਹਾਂ ਲੋਕਾਂ ਦੇ ਨਾਲ ਖੜ੍ਹੇ ਹੋਣਾ ਚਾਹੁੰਦੇ ਹਾਂ, ਜਿਨ੍ਹਾਂ ਨੇ ਇਸ ਆਫ਼ਤ ਵਿੱਚ ਵੱਡਾ ਨੁਕਸਾਨ ਝੱਲਿਆ ਹੈ ਅਤੇ ਅਸੀਂ ਉਨ੍ਹਾਂ ਦੀ



ਜ਼ਿੰਦਗੀ ਦੇ ਮੁੜ ਨਿਰਮਾਣ ਵਿੱਚ ਸਾਥ ਦੇਣਾ ਚਾਹੁੰਦੇ ਹਾਂ।ਪ੍ਰਿੰਸੀਪਲ ਸ਼ੁਭਰਾ ਰਾਣੀ ਨੇ ਵੀ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ ਇਹ ਪਹਿਲ ਸਾਡੇ ਸਾਰੇ ਲਈ ਇੱਕ ਪ੍ਰੇਰਨਾ ਹੈ ਕਿ ਅਸੀਂ ਸੰਕਟ ਦੇ ਸਮੇਂ ਇਕਠੇ ਹੋ ਕੇ ਅੱਗੇ ਆਈਏ।ਸਾਨੂੰ ਉਮੀਦ ਹੈ ਕਿ ਸਾਡਾ ਇਹ ਯੋਗਦਾਨ ਹੋਰਾਂ ਨੂੰ ਵੀ ਪ੍ਰੇਰਿਤ ਕਰੇਗਾ ਕਿ ਉਹ ਰਾਜ ਸਰਕਾਰ ਦੇ ਰਾਹਤ ਯਤਨਾਂ ਵਿੱਚ ਸਹਿਭਾਗੀ ਬਣਨ ਅਤੇ ਹੜ੍ਹ ਪੀੜਤ ਪਰਿਵਾਰਾਂ ਤੱਕ ਮਦਦ ਪਹੁੰਚਾਉਣ ਲਈ ਅੱਗੇ ਆਉਣ।

# ਮਲਵਿੰਦਰ ਸਿੰਘ ਕੰਗ ਵੱਲੋਂ ਐੱਨ ਐੱਫ ਐੱਲ ਪਲਾਂਟ ਦਾ ਦੌਰਾ

**ਨੰਗਲ (ਸੁਰਜੀਤ ਸਿੰਘ)**-ਭਾਰਤੀ ਪਾਰਲੀਮੈਂਟ ਦੀ ਸਟੈਂਡਿੰਗ ਕਮੇਟੀ ਦੇ ਮੈਂਬਰ ਹੋਣ ਦੇ ਨਾਤੇ 14 ਨਵੰਬਰ ਨੂੰ ਲੋਕ ਸਭਾ ਮੈਂਬਰ ਮਲਵਿੰਦਰ ਸਿੰਘ ਕੰਗ ਨੇ ਨੰਗਲ ਵਿਖੇ ਸਥਿਤ ਨੈਸ਼ਨਲ ਫਰਟੀਲਾਈਜ਼ਰਜ਼ ਲਿਮਿਟਿਡ (ਐੱਨ ਐੱਫ ਐੱਲ) ਪਲਾਂਟ ਦਾ ਦੌਰਾ ਕੀਤਾ। ਇਸ ਮੌਕੇ ਉਨ੍ਹਾਂ ਨੇ ਸੰਬੰਧਿਤ ਅਧਿਕਾਰੀਆਂ ਤੇ ਮੈਨਜਮੈਂਟ ਨਾਲ ਵਿਸਥਾਰਪੂਰਵਕ ਮੀਟਿੰਗ ਕਰਕੇ ਪਲਾਂਟ ਨਾਲ ਜੁੜੀਆਂ ਵੱਖ-ਵੱਖ ਸਮੱਸਿਆਵਾਂ ਤੇ ਚੁਣੌਤੀਆਂ ਬਾਰੇ ਜਾਣਕਾਰੀ ਹਾਸਲ ਕੀਤੀ।



ਸਰਦਾਰ ਮਲਵਿੰਦਰ ਸਿੰਘ ਕੰਗ ਨੇ ਕਿਹਾ ਕਿ ਐੱਨ ਐੱਫ ਐੱਲ ਨੰਗਲ ਪਲਾਂਟ ਦਾ ਦੇਸ਼ ਦੀ ਖੇਤੀਬਾੜੀ ਉਤਪਾਦਨ ਨੂੰ ਸਹਾਰਾ ਦੇਣ ਵਿੱਚ ਵਿਸ਼ੇਸ਼ ਯੋਗਦਾਨ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਸਟੈਂਡਿੰਗ ਕਮੇਟੀ ਵੱਲੋਂ ਸਰਕਾਰੀ ਉਦਯੋਗਾਂ ਦੀ ਕਾਰਗੁਜ਼ਾਰੀ ਤੇ ਸੁਧਾਰ ਲਈ ਜ਼ਮੀਨੀ ਪੱਧਰ ਤੇ ਜਾਣਕਾਰੀ ਇਕੱਠੀ ਕਰਨ ਦਾ ਮੁੱਖ ਉਦੇਸ਼ ਹੈ ਤਾਂ ਜੋ ਉਨ੍ਹਾਂ ਦੀ ਪ੍ਰਦਰਸ਼ਨ-ਸ਼ਕਤੀ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ। ਉਨ੍ਹਾਂ ਨੇ ਮੈਨਜਮੈਂਟ ਵਲੋਂ ਪੇਸ਼ ਕੀਤੇ ਗਏ ਸੁਝਾਵਾਂ ਤੇ ਤਕਨੀਕੀ ਸਮੱਸਿਆਵਾਂ ਨੂੰ ਧਿਆਨ ਨਾਲ ਸੁਣਿਆ ਅਤੇ ਇਹ ਭਰੋਸਾ ਦਿਵਾਇਆ ਕਿ ਕਮੇਟੀ ਵਲੋਂ ਉਨ੍ਹਾਂ ਦੇ ਮਸਲਿਆਂ ਨੂੰ ਸੰਬੰਧਿਤ ਮੰਤਰਾਲੇ ਤਕ ਪਹੁੰਚਾਇਆ ਜਾਵੇਗਾ। ਇਸ ਤੋਂ ਬਾਅਦ ਉਨ੍ਹਾਂ ਨੇ ਸਟੀਮ ਪਲਾਂਟ, ਅਮੋਨੀਆ ਪਲਾਂਟ ਅਤੇ ਯੂਰੀਆ ਪਲਾਂਟ ਦਾ ਵਿਸਤ੍ਰਿਤ ਦੌਰਾ ਕਰਕੇ ਉਤਪਾਦਨ ਪ੍ਰਕਿਰਿਆ ਦਾ ਨਿਰਖਣ ਕੀਤਾ ਅਤੇ ਕਰਮਚਾਰੀਆਂ ਨਾਲ ਸੰਵਾਦ ਵੀ ਕੀਤਾ।ਇਸ ਮੌਕੇ ਉਨ੍ਹਾਂ ਨਾਲ ਜ਼ਿਲ੍ਹਾ ਪ੍ਰਧਾਨ ਡਾ. ਸੰਜੀਵ ਗੌਤਮ, ਪਲੈਨਿੰਗ ਬੋਰਡ ਰੂਪਨਗਰ ਦੇ ਚੇਅਰਮੈਨ ਹਰਮਿੰਦਰ ਸਿੰਘ, ਮਨਜੀਤ ਸਿੰਘ ਘੁੰਮਣ, ਸੀਨੀਅਰ ਆਗੂ ਐਡਵੋਕੇਟ ਨਿਸ਼ਾਂਤ ਗੁਪਤਾ, ਰੇਸ਼ਮ ਸਿੰਘ ਅਤੇ ਬਲਰਾਮ ਰਾਣਾ ਸਮੇਤ ਹੋਰ ਵਿਅਕਤੀ ਹਾਜ਼ਰ ਸਨ।

# 28 ਦੇ ਰੋਸ ਧਰਨੇ ਨੂੰ ਕਾਮਯਾਬ ਕਰਨ ਦੀ ਅਪੀਲ



ਵਲਟੋਹਾ (ਰਣਜੀਤ ਸਿੰਘ ਵਲਟੋਹਾ)-ਸਾਥੀ ਮੇਜਰ ਸਿੰਘ ਮੱਲ੍ਹੀਆਂ ਅਤੇ ਸਾਥੀ ਪੂਰਨ ਦਾਸ ਦੀ ਸਾਂਝੀ ਪ੍ਰਧਾਨਗੀ ਹੇਠ ਮੀਟਿੰਗ ਹੋਈ ਜਿਸ ਵਿੱਚ ਸੰਯੁਕਤ ਕਿਸਾਨ ਮੋਰਚੇ ਨਾਲ ਸਬੰਧਤ ਕਿਸਾਨ ਜਥੇਬੰਦੀਆਂ ਦੇ ਆਗੂਆਂ ਨੇ ਵੀ ਹਿੱਸਾ ਲਿਆ।ਇਸ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਅਦਾਰੇ ਦੀਆਂ ਬਹੁਤ ਮਹਿੰਗੀਆਂ ਜਾਇਦਾਦਾਂ ਵੇਚਣ ਖਿਲਾਫ਼ 28 ਅਕਤੂਬਰ ਨੂੰ ਤਰਨ ਤਾਰਨ ਸਰਕਲ ਅੱਗੇ ਲਾਮਿਸਾਲ ਰੋਸ ਧਰਨਾ ਲਗਾ ਕੇ ਸ਼ਹਿਰ ਵਿੱਚ ਝੰਡਾ ਮਾਰਚ ਕੀਤਾ ਜਾਵੇਗਾ।ਇਸ ਮੀਟਿੰਗ ਵਿੱਚ ਫੈਡਰੇਸ਼ਨ ਏਟਕ, ਕਰਮਚਾਰੀ ਦਲ, ਇੰਪਲਾਈਜ਼ ਫੈਡਰੇਸ਼ਨ ਪਹਿਲਵਾਨ, ਪਾਵਰਕਾਮ ਐਂਡ ਟ੍ਰਾਂਸਕੋ ਪੈਨਸ਼ਨਰ ਯੂਨੀਅਨ ਪੰਜਾਬ ਏਟਕ, ਟੈਕਨੀਕਲ ਸਰਵਿਸ ਯੂਨੀਅਨ, ਪੈਨਸ਼ਨਰ ਵੈੱਲਫੇਅਰ ਫੈਡਰੇਸ਼ਨ ਪਹਿਲਵਾਨ, ਕੁੱਲ ਹਿੰਦ ਕਿਸਾਨ ਸਭਾ (1936), ਕਿਸਾਨ ਸੰਘਰਸ਼ ਕਮੇਟੀ ਟਾਂਡਾ ਦੇ ਆਗੂਆਂ ਨੇ ਸ਼ਮੂਲੀਅਤ ਕੀਤੀ ।ਆਗੂਆਂ ਨੇ ਅਹਿਦ ਕੀਤਾ ਕਿ 28 ਅਕਤੂਬਰ ਦੇ ਰੋਸ ਧਰਨੇ ਨੂੰ ਵੱਧ ਤੋਂ ਵੱਧ ਕਾਮਯਾਬ ਕੀਤਾ ਜਾਵੇਗਾ।

# ਐੱਸ ਐੱਮ ਐੱਸ ਤੋਂ ਬਿਨਾਂ ਵਰਤੀ ਜਾ ਰਹੀ ਕੰਬਾਇਨ ਦੇ ਮਾਲਕ ਖਿਲਾਫ ਕੀਤੀ ਜਾਵੇਗੀ ਕਾਰਵਾਈ: ਐੱਸ ਡੀ ਐੱਮ

ਬਟਾਲਾ, (ਡਾ. ਮਲਵਿੰਦਰ ਸਿੰਘ)-ਉਪ ਮੰਡਲ ਮੈਜਿਸਟਰੇਟ ਬਟਾਲਾ ਵਿਕਰਮਜੀਤ ਸਿੰਘ ਪਾਂਥੇ ਵੱਲੋਂ ਸਟੱਬਲ ਬਰਨਿੰਗ ਦੀ ਰੋਕਥਾਮ ਲਈ ਮਾਨਯੋਗ ਸੁਪਰੀਮ ਕੋਰਟ ਅਤੇ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਝੋਨੇ ਦੀ ਰਹਿੰਦ-ਖੂੰਹਦ ਨੂੰ ਅੱਗ ਨਾ ਲਗਾਉਣ ਸਬੰਧੀ ਕਿਸਾਨਾਂ ਨੂੰ ਅਪੀਲ ਕੀਤੀ ਗਈ।ਉਨ੍ਹਾਂ ਕਿਹਾ ਕਿ ਝੋਨੇ ਦੀ ਰਹਿੰਦ ਖੂੰਹਦ ਨੂੰ ਅੱਗ ਤੋਂ ਰੋਕਣ ਲਈ ਕਲੱਸਟਰ ਅਫਸਰ ਅਤੇ ਨੋਡਲ ਅਫਸਰ ਲਗਾਏ ਗਏ ਹਨ, ਜੋ ਸੁਨਿਸ਼ਚਤ ਕਰਨਗੇ ਕਿ ਪਿੰਡਾਂ ਵਿੱਚ ਝੋਨੇ ਦੀ ਰਹਿੰਦ-ਖੂੰਹਦ ਨੂੰ ਅੱਗ ਨਾ ਲੱਗੇ। ਜੇਕਰ ਕੋਈ ਵਿਅਕਤੀ ਝੋਨੇ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾਉਂਦਾ ਪਾਇਆ ਗਿਆ, ਉਸ ਖਿਲਾਫ਼ ਨਿਯਮਾਂ ਅਨੁਸਾਰ ਬਣਦੀ ਕਾਰਵਾਈ ਕੀਤੀ ਜਾਵੇਗੀ ਅਤੇ ਜਮਾਂਬੰਦੀ ਵਿੱਚ ਲਾਲ ਸਿਆਹੀ ਨਾਲ ਹਵਾਲਾ ਵੀ ਦਿੱਤਾ ਜਾਵੇਗਾ।ਉਨ੍ਹਾਂ ਨੇ ਇਹ ਵੀ ਦੱਸਿਆ ਕਿ ਝੋਨੇ ਦੀ ਰਹਿੰਦ-ਖੂੰਹਦ ਦੀ ਸਾਂਭ-ਸੰਭਾਲ ਲਈ ਖੇਤੀਬਾੜੀ ਵਿਭਾਗ ਵੱਲੋਂ ਬੇਲਰ, ਸੁਪਰਸੀਡਰ ਆਦਿ ਬਿਨਾਂ ਕਿਸੇ ਖਰਚੇ ਦੇ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਜਿਸ ਵੀ ਕਿਸਾਨ ਨੂੰ ਉਕਤ ਮਸ਼ੀਨਾਂ ਦਾ ਜ਼ਰੂਰਤ ਹੈ ਉਹ ਆਪਣੇ ਹਲਕੇ ਦੇ ਸਬੰਧਤ ਖੇਤੀਬਾੜੀ ਅਫਸਰ ਨਾਲ ਸੰਪਰਕ ਕਰਕੇ ਲੈ ਸਕਦਾ ਹੈ।ਜੇਕਰ ਕਿਸੇ ਕਿਸਾਨ ਨੂੰ ਬੇਲਜ ਦੀ ਸਾਂਭ ਲਈ ਜਗ੍ਹਾ ਦੀ ਜ਼ਰੂਰਤ ਹੈ ਤਾਂ ਉਹ ਆਪਣੇ ਹਲਕੇ ਦੇ ਬਲਾਕ ਵਿਕਾਸ ਤੇ ਪੰਚਾਇਤ ਅਫਸਰ ਨਾਲ ਸੰਪਰਕ ਕਰ ਸਕਦਾ ਹੈ।ਉਨ੍ਹਾਂ ਨੇ ਇਹ ਵੀ ਹਦਾਇਤ ਕੀਤੀ ਕਿ ਝੋਨੇ ਦੀ ਕਟਾਈ ਲਈ ਜਿਨ੍ਹਾਂ ਕੰਬਾਇਨਾਂ ਦੀ ਵਰਤੋਂ ਕੀਤੀ ਜਾ ਰਹੀ ਹੈ ਉਨ੍ਹਾਂ ਕੰਬਇਨਾਂ ਤੇ ਐੱਸਐੱਮਐੱਸ (ਸਟਰਾਅ ਮੈਨੇਜਮੈਂਟ ਸਿਸਟਮ) ਲੱਗਾ ਹੋਣਾ ਚਾਹੀਦਾ ਹੈ।ਜੇਕਰ ਕੋਈ ਵੀ ਕੰਬਾਇਨ ਬਿਨਾਂ ਐੱਸਐੱਮਐੱਸ ਦੇ ਪਾਈ ਗਈ ਤਾਂ ਉਸ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।



# ਸਹਿਕਾਰੀ ਖੰਡ ਮਿੱਲ ਸ਼ੇਰੋਂ ਨੂੰ ਮੁੜ ਤੋਂ ਚਾਲੂ ਕਰਨ ਦੀ ਜ਼ੋਰਦਾਰ ਮੰਗ

ਵਲਟੋਹਾ (ਰਣਜੀਤ ਸਿੰਘ ਵਲਟੋਹਾ)-ਸੰਯੁਕਤ ਕਿਸਾਨ ਮੋਰਚਾ ਜ਼ਿਲ੍ਹਾ ਤਰਨਤਾਰ ਅਧੀਨ ਕੰਮ ਕਰਦੀਆਂ ਵੱਖ-ਵੱਖ ਕਿਸਾਨ ਜਥੇਬੰਦੀਆਂ ਜਿਨ੍ਹਾਂ ਵਿੱਚ ਜਮਹੂਰੀ ਕਿਸਾਨ ਸਭਾ, ਕਿਰਤੀ ਕਿਸਾਨ ਯੂਨੀਅਨ, ਕੌਮੀ ਕਿਸਾਨ, ਕੁਲ ਹਿੰਦ ਕਿਸਾਨ ਯੂਨੀਅਨ, ਆਜ਼ਾਦ ਸੰਘਰਸ਼ ਕਮੇਟੀ ਏਕਤਾ ਕਿਸਾਨ, ਸੰਘਰਸ਼ ਕਮੇਟੀ ਪੰਜਾਬ ਪੰਨੂ, ਬੀਕੇਯੂ ਲੱਖੋਵਾਲ, ਆਜ਼ਾਦ ਕਿਸਾਨ ਸੰਘਰਸ਼ ਕਮੇਟੀ ਟਾਂਡਾ, ਬੀਕੇਯੂ ਰਾਜੇਵਾਲ ਆਦਿ ਜਥੇਬੰਦੀਆਂ ਵੱਲੋਂ ਇੱਥੇ ਸਥਾਨਕ ਗਾਂਧੀ ਪਾਰਕ ਵਿਖੇ ਦਿਲਬਾਗ ਸਿੰਘ ਮਾੜੀ ਨੌਬਾਦ ਦੀ ਪ੍ਰਧਾਨਗੀ ਹੇਠ ਮੀਟਿੰਗ ਹੋਈ।ਇਸ ਅਹਿਮ ਮੀਟਿੰਗ ਵਿੱਚ ਵਿਚ ਸਹਿਕਾਰੀ ਖੰਡ ਮਿੱਲ ਸ਼ੇਰੋਂ ਨੂੰ ਮੁੜ ਚਾਲੂ ਕਰਨ ਦੀ ਜ਼ੋਰਦਾਰ ਮੰਗ ਕੀਤੀ ਗਈ।ਹਾਜ਼ਰ ਕਿਸਾਨਾਂ ਦਲਜੀਤ ਸਿੰਘ ਦਿਆਲਪੁਰ, ਨਛੱਤਰ ਸਿੰਘ ਮੁਗਲਚੱਕ, ਗੁਰਪ੍ਰੀਤ ਸਿੰਘ ਗੰਡੀਵਿੰਡ, ਮਨਜਿੰਦਰ ਸਿੰਘ ਲਾਲੀ, ਤਰਸੇਮ ਸਿੰਘ ਲੁਹਾਰ, ਭੁਪਿੰਦਰ ਸਿੰਘ ਪੰਡੋਰੀ ਤਖਤ ਮਲ, ਗੁਰਬਚਨ ਸਿੰਘ ਘੜਕਾ, ਜੱਸਾ ਸਿੰਘ ਕੱਦਗਿਲ ਆਦਿ ਨੇਤਾਵਾਂ ਨੇ ਕਿਹਾ ਕਿ ਐੱਸਕੇਐੱਮ ਪੰਜਾਬ ਸਰਕਾਰ ਨੂੰ ਪੰਜਾਬ ਦੀਆਂ ਕੀਮਤੀ ਜਾਇਦਾਦਾਂ ਵੇਚਣ ਦੀ ਇਜਾਜ਼ਤ ਨਹੀਂ ਦੇਵੇਗੀ ।ਮੰਡੀਆਂ ਵਿੱਚ ਆੜ੍ਹਤੀਆਂ ਵੱਲੋਂ ਮਾਊਸਚਰ ਮੀਟਰ ਨੂੰ ਲੈ ਕੇ ਚਿੰਤਾ ਦਾ ਪ੍ਰਗਟਾਵਾ ਕੀਤਾ ਗਿਆ ਕਿਉਂਕਿ ਮਾਰਕੀਟ ਕਮੇਟੀ ਦਾ ਮੀਟਰ ਮੰਡੀ 'ਚ ਮੌਜੂਦ ਹੋਣਾ ਚਾਹੀਦਾ ਹੈ।ਮੰਡੀ ਵਿੱਚ ਕੰਡਿਆਂ ਦੇ ਤੋਲ ਵਿਚ ਫਰਕ ਦੀ ਨਿੰਦਾ ਕੀਤੀ ਗਈ।ਡੀਏਪੀ ਖਾਦ ਦੀ ਕਿਲਤ ਚਿੰਤਾ ਪ੍ਰਗਟਾਈ ਗਈ ਅਤੇ ਖਾਦ ਦੇ ਨਾਲ ਹੋਰ ਵਾਧੂ ਸਾਮਾਨ ਕਿਸਾਨਾਂ ਸਿਰ ਮੜ੍ਹਨ ਦੀ ਨਿੰਦਾ ਕੀਤੀ ਗਈ।ਕਿਸਾਨਾਂ ਵੱਲੋਂ ਹਰਮੀਤ ਸੰਧੂ ਉਮੀਦਵਾਰ ਆਮ ਆਦਮੀ ਪਾਰਟੀ ਦੇ ਦਫਤਰ ਵਿਖੇ ਉਨ੍ਹਾਂ ਦੀ ਗੈਰਹਾਜ਼ਰੀ ਵਿੱਚ ਦਫਤਰ ਇੰਚਾਰਜ ਸੁਖਵੰਤ ਸਿੰਘ ਧਾਮੀ ਨੂੰ ਮੰਗ ਪੱਤਰ ਦਿੱਤਾ ਗਿਆ ਜਿਸ ਵਿੱਚ ਮੰਗ ਕੀਤੀ ਗਈ ਇੱਕ ਹਫਤੇ ਦੇ ਵਿੱਚ-ਵਿੱਚ ਸਰਕਾਰ ਨਾਲ ਕਿਸਾਨਾਂ ਦੀ ਮੀਟਿੰਗ ਕਰਵਾਈ ਜਾਵੇ ਨਹੀਂ ਤਾਂ ਆਉਣ ਵਾਲੇ ਦਿਨਾਂ ਵਿੱਚ ਚੋਣਾਂ ਦੌਰਾਨ ਐੱਸਕੇਐੱਮ ਵੱਲੋਂ ਪਿੰਡਾਂ ਵਿੱਚ ਸਰਕਾਰ ਦਾ ਤਿੱਖਾ ਵਿਰੋਧ ਕੀਤਾ ਜਾਵੇਗਾ।ਇਸ ਮੌਕੇ ਮਨਜੀਤ ਸਿੰਘ ਬੱਗੂ, ਗੁਰਚਰਨ ਸਿੰਘ ਸਭਰਾ ਅਤੇ ਰਾਜ ਗੋਬਿੰਦ ਸਿੰਘ ਹਾਜ਼ਰ ਸਨ।



# ਜੀ ਟੀ ਯੂ ਦੀ 8 ਨਵੰਬਰ ਦੀ ਜਨਰਲ ਕੌਂਸਲ ਦੀ ਤਿਆਰੀ ਸੰਬੰਧੀ ਮੀਟਿੰਗ



**ਜਲੰਧਰ (ਰਾਜੇਸ਼ ਥਾਪਾ)**- ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੀ ਜਲੰਧਰ ਵਿਖੇ 8 ਨਵੰਬਰ ਨੂੰ ਹੋ ਰਹੀ ਜਨਰਲ ਕੌਂਸਲ ਦੀ ਤਿਆਰੀ ਸਬੰਧੀ ਗੌਰਮਿੰਟ ਟੀਚਰਜ਼ ਯੂਨੀਅਨ ਜਿਲਾ ਜਲੰਧਰ ਦੇ ਫੈਸਲੇ ਅਨੁਸਾਰ 14 ਅਕਤੂਬਰ ਨੂੰ ਗੁਰਾਇਆ ਵਿਖੇ ਬਲਾਕ ਜਲੰਧਰ ਸਹਿਰੀ ਦੀ ਮੀਟਿੰਗ ਬਲਾਕ ਪ੍ਰਧਾਨ ਜਤਿੰਦਰ ਸਿੰਘ ਅਤੇ ਗੁਰਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਦੇਸ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਕੀਤੀ ਗਈ। ਮੀਟਿੰਗ ਵਿੱਚ ਅਧਿਆਪਕਾਂ ਦੇ ਵੱਖ-ਵੱਖ ਮਸਲਿਆਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ।ਸਰਕਾਰ ਵੱਲੋਂ ਅਧਿਆਪਕਾਂ ਦੀਆਂ ਜਾਇਜ਼ ਤੇ ਹੱਕੀ ਮੰਗਾਂ ਵਿੱਚ ਵਾਰ ਟਾਲਮਟੋਲ ਕਰਨ ਦੀ ਨੀਤੀ ਦੀ ਨਿਖੇਧੀ ਕੀਤੀ ਗਈ ਅਧਿਆਪਕਾਂ ਦੇ ਮਸਲਿਆਂ ਅਤੇ ਮੰਗਾਂ ਦੀ ਪ੍ਰਾਪਤੀ ਲਈ ਲਗਾਤਾਰ ਅਤੇ ਬੱਝਵੇਂ ਸੰਘਰਸ਼ ਨੂੰ ਉਲੀਕਣ ਲਈ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੀ 8 ਨਵੰਬਰ ਨੂੰ ਜਲੰਧਰ ਵਿਖੇ ਹੋ ਰਹੀ ਜਨਰਲ ਕੌਂਸਲ ਦੀ ਤਿਆਰੀ ਸਬੰਧੀ ਵੀ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਸਬੰਧੀ ਬਲਾਕ ਅੰਦਰ ਪ੍ਰਚਾਰ ਅਤੇ ਫੰਡ ਮੁਹਿੰਮ ਚਲਾਉਣ ਦਾ ਫੈਸਲਾ ਕੀਤਾ ਗਿਆ। ਜਨਰਲ ਕੌਂਸਲ ਦੇ ਸਬੰਧੀ ਜੋ ਡਿਊਟੀ ਡੈਕੋਰੇਸਨ ਕਮੇਟੀ ਦੀ ਬਲਾਕ ਦੇ ਸਾਥੀਆਂ ਨੂੰ ਸੌਂਪੀ ਗਈ ਹੈ, ਉਸ ਨੂੰ ਕਾਮਯਾਬੀ ਨਾਲ ਨੇਪਰੇ ਚਾੜਨ ਲਈ ਵੱਖ ਵੱਖ ਪਹਿਲੂਆਂ ਤੇ ਵਿਚਾਰ -ਵਟਾਂਦਰਾ ਕੀਤਾ ਗਿਆ। ਮੀਟਿੰਗ ਵਿੱਚ ਗੌਰਮਿੰਟ ਟੀਚਰਜ ਯੂਨੀਅਨ ਦੇ ਜਿਲ੍ਹਾ ਪ੍ਰਧਾਨ ਕਰਨੈਲ ਫਿਲੌਰ, ਜਨ ਸਕੱਤਰ ਸੁਖਵਿੰਦਰ ਸਿੰਘ ਮੱਕੜ, ਪ੍ਰੈੱਸ ਸਕੱਤਰ ਵੇਦ ਰਾਜ ਗੜਾ, ਮੀਤ ਪ੍ਰਧਾਨ ਜੋਗਿੰਦਰ ਸਿੰਘ,, ਵਿਨੋਦ ਭੱਟੀ, ਸਰਬਜੀਤ ਸਿੰਘ, ਸੰਦੀਪ ਸਿੰਘ, ਰਣਜੀਤ ਸਿੰਘ ਠਾਕੁਰ ਗੁਰ ਜੀਵਨ ਸਿੰਘ ਅਤੇ ਪ ਸ ਸ ਫ ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਹਾਜ਼ਰ ਸਨ।

# ਅਨੰਦਪੁਰ ਸਾਹਿਬ ਦੀਆਂ ਮੰਡੀਆਂ 'ਚ ਝੋਨੇ ਦੀ ਖਰੀਦ ਲਗਾਤਾਰ ਜਾਰੀ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਦਿਸ਼ਾ ਨਿਰਦੇਸ਼ਾ ਤਹਿਤ ਮੰਡੀਆਂ ਵਿੱਚ ਝੋਨੇ ਦੀ ਖਰੀਦ ਦੇ ਸੁਚੱਜੇ ਪ੍ਰਬੰਧ ਕੀਤੇ ਹੋਏ ਹਨ। ਸ੍ਰੀ ਅਨੰਦਪੁਰ ਸਾਹਿਬ ਦੀਆਂ ਅਨਾਜ ਮੰਡੀਆਂ ਵਿੱਚ ਝੋਨੇ ਦੀ ਆਮਦ ਨੇ ਰਫਤਾਰ ਫੜ ਲਈ ਹੈ। ਖਰੀਦ ਏਜੰਸੀਆਂ ਵੱਲੋਂ ਵੀ ਬਿਨ੍ਹਾਂ ਰੁਕਾਵਟ ਖਰੀਦ ਕੀਤੀ ਜਾ ਰਹੀ ਹੈ। ਇਹ ਜਾਣਕਾਰੀ ਮਾਰਕੀਟ ਕਮੇਟੀ ਸ੍ਰੀ ਅਨੰਦਪੁਰ ਸਾਹਿਬ ਦੇ ਸਕੱਤਰ ਨਰਿੰਦਰ ਸਿੰਘ



ਨੇ 14 ਅਕਤੂਬਰ ਅਨਾਜ ਮੰਡੀ ਮਹੈਣ ਵਿੱਚ ਪ੍ਰਬੰਧਾਂ ਦਾ ਜਾਇਜ਼ਾ ਲੈਣ ਉਪਰੰਤ ਦਿੱਤੀ। ਉਹਨਾਂ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਸ.ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਲੋਂ ਝੋਨੇ ਦੀ ਖਰੀਦ ਸ਼ੁਰੂ ਕਰਨ ਤੋਂ ਪਹਿਲਾਂ ਹੀ ਮੰਡੀਆਂ ਵਿੱਚ ਸਾਰੇ ਪ੍ਰਬੰਧ ਸੰਚਾਰੂ ਕਰਨ ਦੇ ਨਿਰਦੇਸ਼ ਦਿੱਤੇ ਸਨ। ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ੍ਰੀ ਵਰਜੀਤ ਵਾਲੀਆ ਵਲੋਂ ਵੀ ਮੰਡੀਆ ਵਿੱਚ ਕਿਸਾਨਾਂ ਦੀ ਸਹੂਲਤ ਲਈ ਸਾਰੇ ਪ੍ਰਬੰਧ ਮੁਕੰਮਲ ਕਰਨ ਦੇ ਆਦੇਸ਼ ਦਿੱਤੇ ਗਏ ਸਨ। ਸ੍ਰੀ ਅਨੰਦਪੁਰ ਸਾਹਿਬ ਅਧੀਨ ਕੁੱਲ 12 ਅਨਾਜ ਮੰਡੀਆਂ ਅਗੰਮਪੁਰ, ਕੀਰਤਪੁਰ ਸਾਹਿਬ, ਤਖਤਗੜ੍ਹ, ਨੂਰਪੁਰ ਬੇਦੀ, ਨੰਗਲ, ਸੂਰੇਵਾਲ, ਅਬਿਆਣਾ, ਸੁਖੇਮਾਜਰਾ, ਡੂਮੇਵਾਲ, ਅਜੋਲੀ, ਕਲਵਾ,ਮਹੈਣ ਵਿੱਚ ਪੀਣ ਵਾਲੇ ਪਾਣੀ, ਸਫਾਈ , ਰੋਸ਼ਨੀ ਆਦਿ ਦੀ ਵਿਵਸਥਾ ਕੀਤੀ ਹੋਈ ਹੈ। ਰੋਜਾਨਾ ਅਨਾਜ ਮੰਡੀਆਂ ਵਿੱਚ ਝੋਨੇ ਦੀ ਖਰੀਦ ਚੱਲ ਰਹੀ ਹੈ।ਉਹਨਾਂ ਦੱਸਿਆ ਕਿ ਮੰਡੀਆਂ ਵਿੱਚ ਬਾਰਦਾਨੇ ਦੀ ਕੋਈ ਘਾਟ ਨਹੀਂ ਹੈ। ਲਿਫਟਿੰਗ ਅਤੇ ਹੋਰ ਪ੍ਰਬੰਧ ਨਾਲੋ ਨਾਲ ਕੀਤੇ ਹੋਏ ਹਨ। ਸਕੱਤਰ ਨੇ ਹੋਰ ਦੱਸਿਆ ਕਿ ਹੁਣ ਤੱਕ 12 ਅਨਾਜ ਮੰਡੀਆਂ ਵਿੱਚ ਕੁੱਲ 3176 ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ ਹੈ। ਫਸਲ ਦੀ ਆਮਦ ਲਗਾਤਾਰ ਜਾਰੀ ਹੈ, ਹੁਣ ਤੱਕ ਪਨਗਰੇਨ ਨੇ 803 ਮੀਟ੍ਰਿਕ ਟਨ, ਮਾਰਕਫੈਡ ਨੇ 2081 ਮੀਟ੍ਰਿਕ ਟਨ, ਐਫਸੀਆਈ 292 ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਹੈ।

# ਸਰਕਾਰੀ ਹਸਪਤਾਲਾਂ ਦਾ ਸਮਾਂ ਬਦਲਿਆ, ਭਲਕੇ ਸਵੇਰੇ 9 ਵਜੇ ਖੁੱਲ੍ਹਣਗੇ

ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)-ਜ਼ਿਲ੍ਹੇ ਦੀਆਂ ਸਰਕਾਰੀ ਸਿਹਤ ਸੰਸਥਾਵਾਂ ਦੇ ਖੁੱਲ੍ਹਣ ਅਤੇ ਬੰਦ ਹੋਣ ਦੇ ਸਮੇਂ ਵਿਚ 16 ਅਕਤੂਬਰ ਤੋਂ ਤਬਦੀਲੀ ਹੋ ਜਾਵੇਗੀ। ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਸਰਕਾਰੀ ਸਿਹਤ ਸੰਸਥਾਵਾਂ ਹੁਣ ਸਵੇਰੇ 9 ਵਜੇ ਖੁਲ੍ਹਣਗੀਆਂ ਅਤੇ ਦੁਪਹਿਰ 3 ਵਜੇ ਬੰਦ ਹੋਣਗੀਆਂ ਜਦਕਿ ਐਮਰਜੈਂਸੀ ਸੇਵਾਵਾਂ ਪਹਿਲਾਂ ਵਾਂਗ ਹੀ ਲਗਾਤਾਰ 24 ਘੰਟੇ ਦਿਤੀਆਂ ਜਾਣਗੀਆਂ।ਇਨ੍ਹਾਂ ਸੰਸਥਾਵਾਂ ਵਿਚ ਜ਼ਿਲ੍ਹਾ ਹਸਪਤਾਲ ਮੋਹਾਲੀ ਸਬ-ਡਵੀਜ਼ਨਲ ਹਸਪਤਾਲ ਖਰੜ ਤੇ ਡੇਰਾਬਸੀ, ਜ਼ਿਲ੍ਹੇ ਦੇ ਸਾਰੇ ਪ੍ਰਾਇਮਰੀ ਹੈਲਥ ਸੈਂਟਰ, ਕਮਿਊਨਿਟੀ ਹੈਲਥ ਸੈਂਟਰ, ਆਮ ਆਦਮੀ ਕਲੀਨਿਕ, ਈ.ਐਸ.ਆਈ. ਹਸਪਤਾਲ, ਡਿਸਪੈਂਸਰੀਆਂ ਸ਼ਾਮਲ ਹਨ । ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ 'ਤੇ ਹਸਪਤਾਲਾਂ ਵਿਚਲੇ ਰਜਿਸਟਰੇਸ਼ਨ ਕਾਊਂਟਰ ਹਸਪਤਾਲ ਖੁੱਲ੍ਹਣ ਦੇ ਨਿਯਤ ਸਮੇਂ ਤੋਂ ਅੱਧਾ ਘੰਟਾ ਪਹਿਲਾਂ ਖੁਲ੍ਹਣਗੇ ਤਾ ਕਿ ਪਰਚੀ ਬਣਾਉਣ ਸਮੇਂ ਮਰੀਜ਼ਾਂ ਦੀਆਂ ਕਤਾਰਾਂ ਨਾ ਲੱਗ ਸਕਣ ਅਤੇ ਮਰੀਜ਼ ਅਪਣੀ ਜਾਂਚ ਤੇ ਇਲਾਜ ਦਾ ਕੰਮ ਆਰਾਮ ਨਾਲ ਸਮੇਂ ਸਿਰ ਕਰਵਾ ਸਕਣ।

# 40 ਗ੍ਰਾਮ ਹੈਰੋਇਨ ਸਮੇਤ ਦੋਸ਼ੀ ਕਾਬੂ




**ਜਲੰਧਰ (ਸ਼ੈਲੀ ਐਲਬਰਟ)**- ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ, ਪੁਲਿਸ ਕਮਿਸ਼ਨਰ ਜਲੰਧਰ ਸ੍ਰੀਮਤੀ ਧੰਨਪ੍ਰੀਤ ਕੌਰ ਦੇ ਦਿਸ਼ਾ-ਨਿਰਦੇਸ਼ਾਂ ਅਧੀਨ, ਡੀ ਐਸ ਪੀ/ ਇਨਵੈਸਟੀਗੇਸ਼ਨ ਮਨਪ੍ਰੀਤ ਸਿੰਘ ਢਿੱਲੋਂ, ਏ ਡੀ ਸੀ ਪੀ ਜੇਯੰਤ ਪੁਰੀ ਅਤੇ ਏ ਸੀ ਪੀ ਸ੍ਰੀ ਅਮਰਵੀਰ ਸਿੰਘ ਦੀ ਨਿਗਰਾਨੀ ਹੇਠ, ਇੰਚਾਰਜਸ ਸੀ ਆਈ ਏ ਸਟਾਫ ਇੰਸਪੈਕਟਰ ਸੁਰਿੰਦਰ ਕੁਮਾਰ ਦੀ ਟੀਮ ਨੇ ਕਾਰਵਾਈ ਕਰਦੇ ਹੋਏ ਇੱਕ ਦੋਸ਼ੀ ਨੂੰ 40 ਗ੍ਰਾਮ ਹੈਰੋਇਨ ਸਮੇਤ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਜਾਣਕਾਰੀ ਦਿੰਦਿਆਂ ਪੁਲਿਸ ਕਮਿਸ਼ਨਰ ਜਲੰਧਰ ਨੇ ਦੱਸਿਆ ਕਿ ਮਿਤੀ 12.10.2025 ਨੂੰ ਸੀ ਆਈ ਏ ਸਟਾਫ ਦੀ ਟੀਮ ਨਾਕਾਬੰਦੀ ਦੌਰਾਨ ਮਿਸ਼ਨ ਕਪਾਊਂਡ, ਜਲੰਧਰ ਵਿਖੇ ਮੌਜੂਦ ਸੀ ਕਿ ਸ਼ੱਕ ਦੇ ਆਧਾਰ 'ਤੇ ਇੱਕ ਵਿਅਕਤੀ ਨੂੰ ਕਾਬੂ ਕੀਤਾ ਗਿਆ। ਪੁੱਛਗਿੱਛ ਦੌਰਾਨ ਉਸਦੀ ਪਛਾਣ ਸ਼ੁਭਮ ਉਰਫ ਗੋਰੂ ਪੁੱਤਰ ਸੁਨੀਲ ਕੁਮਾਰ ਵਾਸੀ ਮਕਾਨ ਨੰਬਰ 1897, ਨੇੜੇ ਬਾਲਮੀਕੀ ਮੰਦਰ, ਦਰੇਸੀ ਗਰਾਊਂਡ, ਲੁਧਿਆਣਾ ਵਜੋਂ ਹੋਈ। ਉਸ ਦੇ ਕਬਜ਼ੇ ਵਿੱਚੋਂ 40 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ।ਇਸ ਸਬੰਧ ਵਿੱਚ ਦੋਸ਼ੀ ਖ਼ਿਲਾਫ਼ ਮੁੱਕਦਮਾ ਥਾਣਾ ਡਵੀਜ਼ਨ ਨੰਬਰ 2 ਜਲੰਧਰ ਵਿਖੇ ਦਰਜ ਕੀਤਾ ਗਿਆ ਹੈ। ਦੋਸ਼ੀ ਵਿਰੁੱਧ ਪਹਿਲਾਂ ਵੀ ਇੱਕ ਮੁੱਕਦਮਾ ਐਨ ਡੀ ਪੀ ਐਸ ਐਕਟ ਅਧੀਨ ਥਾਣਾ ਡਵੀਜ਼ਨ ਨੰਬਰ 4 ਲੁਧਿਆਣਾ ਵਿਖੇ ਦਰਜ ਹੈ।

# ਭਾਰੀ ਬਰਫ਼ 'ਚ ਫਤਿਹ ਕੀਤਾ ਬਲਜੂਰੀ ਕਾਲ ਟਾਪ

**ਬਾਗੇਸ਼ਵਰ** : ਬੰਗਾਲੀ ਸੈਲਾਨੀਆਂ ਦੇ ਨਾਲ 16 ਮੈਂਬਰੀ ਟਰੈਕਰਾਂ ਨੇ 5300 ਮੀਟਰ ਦੀ ਉਚਾਈ 'ਤੇ ਸਥਿਤ ਬਲਜੂਰੀ ਕਾਲ ਸਫਲਤਾਪੂਰਵਕ ਫਤਿਹ ਕੀਤਾ। ਉਨ੍ਹਾ ਦਾ ਇਹ ਅਭਿਆਨ ਬਲਜੂਰੀ 'ਤੇ ਤਿਰੰਗਾ ਲਹਿਰਾਉਣ ਦਾ ਸੀ, ਪਰ ਭਾਰੀ ਬਰਫ਼ਬਾਰੀ ਕਾਰਨ ਤਿਰੰਗਾ ਨਹੀਂ ਲਹਿਰਾ ਸਕੇ। ਟੀਮ ਲੀਡਰ ਗੋਵਿੰਦ ਸਿੰਘ ਟਾਕੁਲੀ ਨੇ ਕਿਹਾ ਕਿ ਚਾਰ ਤੋਂ ਨੌਂ ਅਕਤੂਬਰ ਤੱਕ ਇਹ ਅਭਿਆਨ ਚੱਲਿਆ। ਖਾਤੀ ਪਿੰਡ ਤੋਂ ਪੈਦਲ ਮਾਰਚ ਦਾਲੀ ਪਿੰਡਾਰੀ ਬੇਸ ਕੈਂਪ ਪਹੁੰਚੇ। ਉਥੋਂ 4300 ਮੀਟਰ ਦੀ ਉਚਾਈ 'ਤੇ ਸਥਿਤ ਕੈਂਪ ਇੱਕ ਤੋਂ ਬਰਫ਼ਬਾਰੀ ਹੋਣ ਲੱਗੀ। ਹਾਲਾਂਕਿ ਉਨ੍ਹਾਂ ਨੂੰ ਪਿੰਡਾਰੀ ਜੀਰੋ ਪੁਆਇੰਟ 'ਤੇ ਹੀ ਬਰਫ਼ਬਾਰੀ ਦਾ ਸਾਹਮਣਾ ਕਰਨਾ ਪਿਆ। ਉਥੇ ਉਨ੍ਹਾਂ ਨੇ ਦੋ ਦਿਨ ਤੱਕ ਬਰਫ਼ਬਾਰੀ ਰੁਕਣ ਦਾ ਇੰਤਜ਼ਾਰ ਕੀਤਾ, ਫਿਰ ਜਦ ਬਰਫ਼ਬਾਰੀ ਰੁਕੀ ਤਾਂ ਅਗਲੇ ਪੜਾਅ ਕੈਂਪ ਦੋ ਜੋ 4800 ਮੀਟਰ 'ਤੇ ਹੈ ਲਈ ਚਾਲੇ ਪਾਏ। ਇੱਥੇ ਰੁਕਣ ਤੋਂ ਬਾਅਦ ਫਿਰ ਬਲਜੂਰੀ ਦੀ ਚੜ੍ਹਾਈ ਸ਼ੁਰੂ ਕੀਤੀ, ਪਰ ਇੱਥੇ ਵੀ ਉਨ੍ਹਾਂ ਨੂੰ ਭਾਰੀ ਬਰਫ਼ਬਾਰੀ ਦਾ



ਸਾਹਮਣਾ ਕਰਨਾ ਪਿਆ। ਬਲਜੂਰੀ ਕਾਲ ਦੇ ਸਿਖਰ 'ਤੇ ਪਹੁੰਚਣ ਤੋਂ ਬਾਅਦ ਦਲ ਸੁਰੱਖਿਅਤ ਵਾਪਸ ਆ ਗਿਆ। ਟੀਮ 'ਚ ਕੋਲਕਾਤਾ, ਕਰਨਾਟਕ ਦੇ ਟਰੈਕਰ ਸ਼ਾਮਲ ਸਨ। ਇਸ ਤੋਂ ਇਲਾਵਾ ਸਥਾਨਕ ਟੈਕਰ ਪ੍ਰਵੀਨ ਦਾਨੂ, ਮੋਹਨ ਦਾਨੂ, ਨੰਦਨ ਟਾਕੁਲੀ, ਪ੍ਰਦੀਪ ਦਾਨੂ, ਖੜਕ ਦਾਨੂ, ਚਾਮੂ ਸਿੰਘ ਦਾਨੂ ਰਾਮ ਸਿੰਘ ਦਾਨੂੰ ਸ਼ਾਮਲ ਸਨ।

# ਚੀਫ ਜਸਟਿਸ ਦੇ ਅਪਮਾਨ ਤੇ ਆਈ ਪੀ ਐੱਸ ਅਧਿਕਾਰੀ ਦੀ ਖ਼ੁਦਕੁਸ਼ੀ ਦੀ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਵੱਲੋਂ ਨਿੰਦਾ

**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)** ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ ਅਤੇ ਆਲ ਇੰਡੀਆ ਆਦਿ ਧਰਮ ਮਿਸ਼ਨ ਭਾਰਤ ਵੱਲੋਂ ਭਾਰਤ ਦੇ ਚੀਫ ਜਸਟਿਸ ਦੇ ਅਪਮਾਨ ਅਤੇ ਆਈ ਪੀ ਐਸ ਅਧਿਕਾਰੀ ਦੀ ਖ਼ੁਦਕੁਸ਼ੀ ਦੀ ਨਿੰਦਾ ਕਰਦਿਆਂ ਘਟਨਾ ਦੀ ਨਿਰਪੱਖ ਜਾਂਚ ਦੀ ਮੰਗ ਕੀਤੀ ਹੈ। ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਦੇ ਪ੍ਰਧਾਨ ਸੰਤ ਨਿਰਮਲ ਦਾਸ ਬਾਬੇਜੌੜੇ, ਸੰਤ ਇੰਦਰ ਦਾਸ ਸੇਖੇ ਜਨਰਲ ਸਕੱਤਰ, ਸੰਤ ਪਰਮਜੀਤ ਦਾਸ ਨਗਰ ਕੈਸ਼ੀਅਰ, ਸੰਤ ਸਰਵਣ ਦਾਸ ਸੀਨੀ. ਮੀਤ ਪ੍ਰਧਾਨ ਅਤੇ ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ (ਰਜਿ.) ਭਾਰਤ ਨੇ ਕਿਹਾ ਕਿ ਇਸ ਤਰਾਂ ਦੀਆਂ ਜਾਤੀਵਾਦੀ , ਵੈਰ ਵਿਰੋਧ ਦੀਆਂ ਘਟਨਾਵਾਂ ਬਹੁਤ ਮੰਦਭਾਗੀਆਂ ਹਨ ਕਿਉਂਕਿ ਇਹ ਮਨੁੱਖ ਅਤੇ ਦੇਸ਼ ਦੀ ਤਰੱਕੀ ਖੁਸ਼ਹਾਲੀ ਵਿਚ ਵੱਡੀਆਂ ਰੁਕਾਵਟਾਂ ਖੜੀਆਂ ਕਰਦੀਆਂ ਹਨ। ਭਾਰਤ ਦੇ ਮਾਨਯੋਗ ਚੀਫ ਜਸਟਿਸ ਦਾ ਅਪਮਾਨ ਕਰਕੇ ਭਾਰਤ ਦੇ ਸੰਵਿਧਾਨ ਦਾ ਅਪਮਾਨ ਕੀਤਾ ਗਿਆ ਹੈ ਜਿਸ ਨੂੰ ਕਿਸੇ ਵੀ ਕੀਮਤ ਤੇ ਵੀ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਸੰਤਾਂ ਮਹਾਂਪੁਰਸ਼ਾਂ ਨੇ ਆਈ ਪੀ ਐਸ ਅਧਿਕਾਰੀ ਏ ਡੀ ਜੀ ਪੀ ਬਾਈ ਪੂਰਨ ਕੁਮਾਰ ਦੀ ਖ਼ੁਦਕੁਸ਼ੀ ਤੇ ਅਫਸੋਸ ਜਾਹਿਰ ਕਰਦਿਆਂ ਕਿਹਾ ਕਿ ਇਹ ਦੇਸ਼ ਗੁਰੂਆਂ,ਪੀਰਾਂ, ਪੈਗੰਬਰਾਂ ਤੇ ਅਜਾਦੀ ਘੁਲਾਟੀਆਂ ਦਾ ਮਹਾਨ ਦੇਸ਼ ਹੈ ਜਿਥੇ ਅੱਜ ਵੀ ਜਾਤੀ ਨਫਰਤ, ਸ਼ੋਸ਼ਣ ਹੋਣਾ ਬਹੁਤ ਗੰਭੀਰ ਅਤੇ ਚਿੰਤਾਜਨਕ ਵਿਸ਼ਾ ਹੈ ਜਿਸਨੂੰ ਗੰਭੀਰਤਾ ਨਾਲ ਲੈਂਦਿਆਂ ਸਖਤ ਕਨੂੰਨੀ ਕਾਰਵਾਈ ਕਰਨੀ ਚਾਹੀਦੀ ਹੈ ਅਤੇ ਪੀੜਤ ਪਰਵਾਰ ਨੂੰ ਇੰਨਸਾਫ ਦਵਾਉਣਾ ਚਾਹੀਦਾ ਹੈ।



# ਬੰਨ੍ਹ ਬੰਨ੍ਹਣ ਦੀ ਸੇਵਾ 'ਚ ਗਵਾਲੀਅਰ ਦੀਆਂ ਸੰਗਤਾਂ ਵੱਲੋਂ ਨਗਦ ਰਾਸ਼ੀ ਭੇਟ

**ਸੁਲਤਾਨਪੁਰ ਲੋਧੀ (ਬਲਵੀਰ ਸ਼ਾਲ੍ਹਾਪੁਰੀ)**- ਜ਼ਿਕਰਯੋਗ ਹੈ ਕਿ ਇਸ ਵਰ੍ਹੇ ਪੰਜਾਬ ਅੰਦਰ ਜ਼ਿਲ੍ਹਾ ਕਪੂਰਥਲਾ ਦਾ ਸੁਲਤਾਨਪੁਰ ਲੋਧੀ ਦਾ ਇਲਾਕਾ ਸਭ ਤੋਂ ਪਹਿਲਾਂ ਹੜ੍ਹਾਂ ਦੀ ਮਾਰ ਹੇਠ ਆਇਆ ਅਤੇ ਇਸ ਤੋਂ ਬਾਅਦ ਹੋਰ 8 ਜ਼ਿਲੇ ਹੜ੍ਹਾਂ ਨਾਲ ਪ੍ਰਭਾਵਿਤ ਹੋਏ। ਦਰਿਆ ਰਾਵੀ, ਬਿਆਸ ਅਤੇ ਸਤਲੁਜ ਦੇ ਬੰਨ੍ਹ ਕਈ ਥਾਵਾਂ ਤੋਂ ਟੁੱਟ ਗਏ, ਜਿਨ੍ਹਾਂ ਵਿੱਚ ਘੋਨੇਵਾਲ, ਬਾਊਪੁਰ,



ਆਹਲੀ ਕਲਾਂ, ਚੱਕ ਪੱਤੀ ਬਾਲੂ ਬਹਾਦਰ ਆਦਿਕ ਥਾਵਾਂ ਦੇ ਐਡਵਾਂਸ ਆਰਜੀ ਬੰਨ੍ਹ ਅਤੇ ਧੁੱਸੀ ਬੰਨ੍ਹ ਸ਼ਾਮਲ ਹਨ। ਸੰਪਰਦਾਇ ਕਾਰ ਸੇਵਾ ਸਰਹਾਲੀ ਸਾਹਿਬ ਵੱਲੋਂ ਹੜ੍ਹਾਂ ਦੌਰਾਨ ਹਮੇਸ਼ਾ ਵਾਂਗ ਮੋਹਰੀ ਹੋ ਕੇ ਸੇਵਾਵਾਂ ਨਿਭਾਈਆਂ ਗਈਆਂ ਹਨ। ਸੰਪਰਦਾਇ ਵੱਲੋਂ ਦਰਿਆ ਰਾਵੀ ਦੇ ਧੁੱਸੀ ਬੰਨ੍ਹ ਦੇ ਦੋ ਪਾੜ ਪੂਰ ਦਿੱਤੇ ਗਏ ਹਨ ਅਤੇ ਤੀਜੇ ਪਾੜ ਦੀ ਸੇਵਾ ਚੱਲ ਰਹੀ ਹੈ। ਇਸੇ ਤਰ੍ਹਾਂ ਬਿਆਸ ਦੇ ਆਰਜ਼ੀ ਬੰਨ੍ਹਾਂ ਦੀਆਂ ਸੇਵਾਵਾਂ ਵੀ ਚੱਲ ਰਹੀਆਂ ਹਨ। ਸੰਪਰਦਾਇ ਸਰਹਾਲੀ ਸਾਹਿਬ ਵੱਲੋਂ ਬਾਬਾ ਸੁੱਖਾ ਸਿੰਘ ਕਾਰ ਸੇਵਾ ਸਰਹਾਲੀ ਸਾਹਿਬ ਦੀ ਅਗਵਾਈ ਹੇਠ ਮੰਡ ਖੇਤਰ ਦੇ ਬਾਊਪੁਰ ਇਲਾਕੇ ਦੇ ਆਰਜ਼ੀ ਬੰਨ੍ਹ ਵਿੱਚ ਪਏ ਪਾੜ ਨੂੰ ਪੂਰਨ ਵਾਸਤੇ ਸੰਗਤਾਂ ਵੱਲੋਂ ਨਿਰੰਤਰ ਸੇਵਾਵਾਂ ਜਾਰੀ ਹਨ। ਬਾਊਪੁਰ ਇਲਾਕੇ ਵਿੱਚ ਪਿੰਡ ਗੱਗਾਂ ਨੇੜੇ ਪਏ ਵੱਡੇ ਪਾੜ ਨੂੰ ਪੂਰਨ ਲਈ ਸੰਪਰਦਾਇ ਸਰਹਾਲੀ ਸਾਹਿਬ ਦੇ ਜਥੇਦਾਰ ਬਾਬਰ ਸਿੰਘ, ਬਾਬਾ ਹਾਕਮ ਸਿੰਘ, ਬਾਬਾ ਹੀਰਾ ਸਿੰਘ , ਪ੍ਰਿਤਪਾਲ ਸਿੰਘ, ਬਾਜ ਸਿੰਘ ਵੱਲੋਂ ਆਪਣੀਆਂ ਸੇਵਾਵਾਂ ਸੰਗਤਾਂ ਸਮੇਤ ਦਿੱਤੀਆਂ ਜਾ ਰਹੀਆਂ ਹਨ। 14 ਅਕਤੂਬਰ ਨੂੰ ਗਵਾਲੀਅਰ ਡਬਰਾ ਤੋਂ ਭਾਈ ਸਤਨਾਮ ਸਿੰਘ ਤੇ ਵੱਡੀ ਗਿਣਤੀ ਵਿੱਚ ਸੰਗਤਾਂ ਵੱਲੋਂ ਹੜ੍ਹ ਪ੍ਰਭਾਵਿਤ ਮੰਡ ਖੇਤਰ ਬਾਊਪੁਰ ਦਾ ਦੌਰਾ ਕੀਤਾ ਗਿਆ ਅਤੇ ਇਸ ਮੌਕੇ ਸੰਪਰਦਾਇ ਕਾਰ ਸੇਵਾ ਸਰਹਾਲੀ ਸਾਹਿਬ ਵਾਲੇ ਬਾਬਾ ਸੁੱਖਾ ਸਿੰਘ ਵੱਲੋਂ ਚਲਾਈਆਂ ਜਾ ਰਹੀਆਂ ਸੇਵਾਵਾਂ ਵਿੱਚ ਆਪਣਾ ਵਡਮੁੱਲਾ ਯੋਗਦਾਨ ਪਾਉਂਦੇ ਹੋਏ 1 ਲੱਖ 71 ਹਜ਼ਾਰ ਰੁਪਏ ਰਾਸ਼ੀ ਨਗਦ ਭੇਟ ਕੀਤੀ। ਇਸ ਮੌਕੇ ਜਥੇਦਾਰ ਬਾਬਰ ਸਿੰਘ ਵੱਲੋਂ ਗਵਾਲੀਅਰ ਤੋਂ ਭਾਈ ਸਤਨਾਮ ਸਿੰਘ ਦੀ ਅਗਵਾਈ ਹੇਠ ਪਹੁੰਚੀਆਂ ਸੰਗਤਾਂ ਵੱਲੋਂ ਹੜ ਪ੍ਰਭਾਵਿਤ ਖੇਤਰ ਵਿਚ ਬੰਨ੍ਹ ਬੰਨਣ ਦੀ ਸੇਵਾ ਲਈ ਦਿੱਤੇ ਵਿਸ਼ੇਸ਼ ਸਹਿਯੋਗ ਲਈ ਧੰਨਵਾਦ ਕੀਤਾ।

# ਮੁਫ਼ਤ ਡੇਅਰੀ ਸਿਖਲਾਈ 27 ਤੋਂ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਵਿਭਾਗ ਦੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਅਤੇ ਡੇਅਰੀ ਵਿਕਾਸ ਵਿਭਾਗ, ਪੰਜਾਬ ਦੇ ਡਾਇਰੈਕਟਰ ਕੁਲਦੀਪ ਸਿੰਘ ਜੱਸੋਵਾਲ ਦੀ ਅਗਵਾਈ ਹੇਠ ਡੇਅਰੀ ਵਿਕਾਸ ਵਿਭਾਗ / ਪੰਜਾਬ ਡੇਅਰੀ ਵਿਕਾਸ ਬੋਰਡ ਵੱਲੋਂ ਐੱਸ. ਸੀ. ਲਾਭਪਾਤਰੀਆਂ ਲਈ 2 ਹਫ਼ਤਿਆਂ ਦਾ ਮੁਫ਼ਤ ਡੇਅਰੀ ਸਿਖਲਾਈ ਕੋਰਸ ਦਾ ਦੂਜਾ ਬੈਚ 27 ਅਕਤੂਬਰ ਤੋਂ ਡੇਅਰੀ ਸਿਖਲਾਈ ਕੇਂਦਰ ਚਤਾਮਲੀ ਵਿਖੇ ਸ਼ੁਰੂ ਕੀਤਾ ਜਾ ਰਿਹਾ ਹੈ। ਸ. ਹਰਪ੍ਰੀਤ ਸਿੰਘ, ਡਿਪਟੀ ਡਾਇਰੈਕਟਰ ਡੇਅਰੀ, ਐਸ.ਏ.ਐਸ. ਨਗਰ ਨੇ ਦੱਸਿਆ ਕਿ ਇਸ ਸਿਖਲਾਈ ਲਈ ਉਮੀਦਵਾਰ ਦੀ ਉਮਰ 18 ਤੋਂ 55 ਸਾਲ ਦੇ ਵਿਚਕਾਰ ਹੋਣੀ ਚਾਹੀਦੀ ਹੈ ਅਤੇ ਘੱਟੋ-ਘੱਟ ਪੰਜਵੀਂ ਜਮਾਤ ਪਾਸ ਹੋਣੀ ਲਾਜ਼ਮੀ ਹੈ। ਸਿਰਫ਼ ਅਨੁਸੂਚਿਤ ਜਾਤੀ ਨਾਲ ਸੰਬੰਧ ਰੱਖਣ ਵਾਲੇ ਵਿਅਕਤੀ ਹੀ ਇਸ ਸਿਖਲਾਈ ਲਈ ਯੋਗ ਹਨ।

# ਐੱਲ ਪੀ ਯੂ ਨੇ ਰਾਸ਼ਟਰ ਪੱਥਰ ਨੱਕਾਸ਼ੀ ਕੈਂਪ ਦਾ ਕੀਤਾ ਆਯੋਜਨ

**ਜਲੰਧਰ (ਸ਼ੈਲੀ ਐਲਬਰਟ)**- ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲ ਪੀ ਯੂ) ਦੇ ਸਕੂਲ ਆਫ਼ ਲਿਬਰਲ ਐਂਡ ਕ੍ਰਿਏਟਿਵ ਆਰਟਸ ਨੇ ਦੋ ਹਫ਼ਤਿਆਂ ਦਾ ਰਾਸ਼ਟਰੀ ਪੱਥਰ ਨੱਕਾਸ਼ੀ ਕੈਂਪ ਦਾ ਆਯੋਜਨ ਕੀਤਾ, ਜੋ ਕਿ ਭਾਰਤੀ ਪੱਥਰ ਕਲਾ ਦੀ ਅਮੀਰ ਵਿਰਾਸਤ ਨੂੰ ਸਮਰਪਿਤ ਇੱਕ ਜੀਵੰਤ



ਪਹਿਲ ਹੈ। ਕੈਂਪ ਨੇ ਇੱਕ ਪਲੇਟਫਾਰਮ ਵਜੋਂ ਕੰਮ ਕੀਤਾ ਜਿੱਥੇ ਵਿਰਾਸਤ ਅਤੇ ਪ੍ਰਯੋਗ ਇਕੱਠੇ ਹੋਏ। ਕੈਂਪ ਨੇ ਨਵੀਂ ਕਲਾਤਮਕ ਪ੍ਰਤਿਭਾਵਾਂ ਦੇ ਵਿਕਾਸ ਨੂੰ ਉਤਸ਼ਾਹਿਤ ਕਰਦੇ ਹੋਏ ਦੇਸ਼ ਦੀ ਪੱਥਰ ਨੱਕਾਸ਼ੀ ਦੀ ਅਮੀਰ ਵਿਰਾਸਤ ਨੂੰ ਇੱਕ ਜੀਵੰਤ ਸ਼ਰਧਾਂਜਲੀ ਵਜੋਂ ਕੰਮ ਕੀਤਾ। ਪ੍ਰੋਗਰਾਮ ਵਿੱਚ ਭਾਰਤ ਭਰ ਦੇ ਪ੍ਰਮੁੱਖ ਕਲਾਕਾਰਾਂ ਨੇ ਹਿੱਸਾ ਲਿਆ, ਜਿਨ੍ਹਾਂ ਵਿੱਚ ਮਨਦੀਪ ਸਿੰਘ, ਤਰਵਿੰਦਰ ਸਿੰਘ, ਵਿਸ਼ਾਲ, ਸਿਮਰਨ ਸਿੰਘ ਸੇਖਾ, ਵਿਕਾਸ ਪ੍ਰਤਾਪ ਸਿੰਘ, ਧਰਮ ਨੇਤਾਮ, ਨਰਿੰਦਰ ਦੇਵਾਂਗਨ, ਮਨੀਸ਼ਾ ਅਤੇ ਰੇਨੂ ਬਾਲਾ ਸ਼ਾਮਲ ਸਨ। ਇਨ੍ਹਾਂ ਹੁਨਰਮੰਦ ਕਲਾਕਾਰਾਂ ਨੇ ਗ੍ਰੈਜੂਏਟ ਅਤੇ ਪੋਸਟ ਗ੍ਰੈਜੂਏਟ ਫਾਈਨ ਆਰਟਸ ਦੇ ਵਿਦਿਆਰਥੀਆਂ ਨੂੰ ਦੁਰਲੱਭ, ਵਿਹਾਰਕ ਸਿਖਲਾਈ ਪ੍ਰਦਾਨ ਕੀਤੀ। ਇਸ ਵਿਦਿਅਕ ਯਾਤਰਾ ਨੇ ਪੂਰੀ ਮੂਰਤੀ ਨਿਰਮਾਣ ਪ੍ਰਕਿਰਿਆ ਨੂੰ ਕਵਰ ਕੀਤਾ, ਡਿਜ਼ਾਈਨ ਸੰਕਲਪ ਤੋਂ ਲੈ ਕੇ ਚਿੱਟੇ ਅਤੇ ਕਾਲੇ ਸੰਗਮਰਮਰ ਤੋਂ ਗੁੰਝਲਦਾਰ ਮੂਰਤੀਆਂ ਬਣਾਉਣ ਤੱਕ, ਸੁਰੱਖਿਆ, ਔਜ਼ਾਰਾਂ ਦੀ ਵਰਤੋਂ ਅਤੇ ਕਲਾਤਮਕ ਵਿਕਾਸ 'ਤੇ ਵਰਕਸ਼ਾਪਾਂ ਦੇ ਨਾਲ। ਐਲ ਪੀ ਯੂ ਦੀ ਪ੍ਰੋ-ਚਾਂਸਲਰ ਕਰਨਲ ਡਾ. ਰਸ਼ਮੀ ਮਿੱਤਲ ਨੇ ਭਾਗ ਲੈਣ ਵਾਲੇ ਕਲਾਕਾਰਾਂ ਅਤੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਅਤੇ ਕਲਾਸੀਕਲ ਕਲਾ ਰੂਪਾਂ ਨੂੰ ਮੁੜ ਸੁਰਜੀਤ ਕਰਨ ਅਤੇ ਮੁੜ ਕਲਪਨਾ ਕਰਨ ਲਈ ਉਨ੍ਹਾਂ ਦੇ ਸਮਰਪਣ ਦੀ ਪ੍ਰਸ਼ੰਸਾ ਕੀਤੀ। ਡਾ. ਮਿੱਤਲ ਨੇ ਕਿਹਾ, 'ਤਜਰਬੇਕਾਰ ਕਲਾਕਾਰਾਂ ਅਤੇ ਸਾਡੇ ਵਿਦਿਆਰਥੀਆਂ ਵਿਚਕਾਰ ਤਾਲਮੇਲ ਨੂੰ ਦੇਖਣਾ, ਜੋ ਪੱਥਰ ਨੂੰ ਕਲਾ ਦੇ ਸ਼ਾਨਦਾਰ ਕੰਮਾਂ ਵਿੱਚ ਬਦਲ ਰਹੇ ਹਨ, ਸੱਚਮੁੱਚ ਇੱਕ ਵਧੇਰੇ ਰਚਨਾਤਮਕ ਤੌਰ 'ਤੇ ਅਮੀਰ ਸਮਾਜ ਅਤੇ ਨੌਜਵਾਨਾਂ ਵੱਲ ਇੱਕ ਦੂਰਦਰਸ਼ੀ ਕਦਮ ਹੈ।'

# ਗੰਗੜ ਗੋਤ ਜਠੇਰਿਆਂ ਦਾ ਸਾਲਾਨਾ ਮੇਲਾ 22 ਨੂੰ

**ਆਦਮਪੁਰ (ਪਰਮਜੀਤ ਸਿੰਘ)**- ਗੰਗੜ ਗੋਤ ਕਮੇਟੀ ਅਤੇ ਗ੍ਰਾਮ ਪੰਚਾਇਤ ਅਤੇ ਸਮੂਹ ਸੰਗਤਾਂ ਵਲੋਂ ਪਿੰਡ ਮੁੱਗੋਵਾਲ ਨੇੜੇ ਮਾਹਿਲਪੁਰ ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਗੋਤ ਗੰਗੜ ਜਠੇਰਿਆਂ ਦਾ ਸਾਲਾਨਾ ਜੋੜ ਮੇਲਾ 22 ਅਕਤੂਬਰ ਦਿਨ ਬੁੱਧਵਾਰ ਨੂੰ ਦੀਵਾਲੀ ਤੋਂ ਦੂਜੇ ਦਿਨ ਬਹੁਤ ਹੀ ਸ਼ਰਧਾ ਅਤੇ



ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ। ਇਸ ਸਬੰਧੀ ਜੰਗਲਾਤ ਅਫ਼ਸਰ ਅਤੇ ਗੀਤਕਾਰ ਗੁਰਬਖ਼ਸ਼ ਸੂਬਾ ਉਦੇਸੀਆ ਵਾਲ੍ਹਾ ਆਦਮਪੁਰ ਦੋਆਬਾ ਅਤੇ ਕੁਲਵਿੰਦਰ ਗੰਗੜ ਮੁੱਗੋਵਾਲ ਵਲੋਂ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਝੰਡੇ ਦੀ ਰਸਮ ਸਵੇਰੇ 9 ਵਜੇ ਹੋਵੇਗੀ ਉਪਰੰਤ ਗਾਇਕ ਮੰਗਤ ਅਲੀ ਅਤੇ ਦੋਗਾਣਾ ਡਿਊਟ ਜੋੜੀ ਗੁਰਵੀਰ ਸਿੱਧੂ ਬੀਬੀ ਅਮਨ ਵਿਰਕ ਵੱਲੋਂ ਰੰਗਾਰੰਗ ਅਤੇ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਜਾਵੇਗਾ ਆਈਆਂ ਹੋਈਆਂ ਸੰਗਤਾਂ ਵਿੱਚ ਚਾਹ ਪਕੌੜੇ ਦੀਆਂ ਅਤੇ ਜਲੇਬੀਆਂ, ਗੁਰੂ ਕਾ ਲੰਗਰ ਅਤੁੱਟ ਵਰਤਿਆ ਜਾਵੇਗਾ ਸਮੂਹ ਸੰਗਤਾਂ ਨੂੰ ਹੁੰਮਹਮਾ ਕੇ ਸਮੇਂ ਸਿਰ ਪਹੁੰਚ ਕੇ ਵੱਡੇ ਵਡੇਰਿਆਂ ਦਾ ਆਸ਼ੀਰਵਾਦ ਪ੍ਰਾਪਤ ਕਰਨ ਦੀ ਅਪੀਲ ਕੀਤੀ ਜਾਂਦੀ ਹੈ।

# ਕਾਮਰੇਡ ਹਰਬੰਸ ਮੰਢਾਲੀ ਨੂੰ ਸ਼ਰਧਾਂਜਲੀਆਂ



**ਬੰਗਾ (ਅਵਤਾਰ ਕਲੇਰ)** ਦੋਆਬੇ ਦੇ ਪ੍ਰਸਿੱਧ ਕਿਸਾਨ ਆਗੂ ਕਾਮਰੇਡ ਹਰਬੰਸ ਸਿੰਘ ਮੰਢਾਲੀ ਨੂੰ ਉਹਨਾਂ ਦੇ ਜੱਦੀ ਪਿੰਡ ਮੰਢਾਲੀ ਵਿਖੇ ਸੀ ਪੀ ਆਈ ਐਮ ਵੱਲੋਂ ਸ਼ਰਧਾਂਜਲੀਆਂ ਭੇਟ ਕੀਤੀਆਂ। ਇਸ ਮੌਕੇ ਤੇ ਸੀ ਪੀ ਆਈ ਐੱਮ ਦੇ ਸੂਬਾ ਕਮੇਟੀ ਮੈਂਬਰ ਰਾਮ ਸਿੰਘ ਨੂਰਪੁਰੀ ਨੇ ਉਹਨਾਂ ਦੀ ਯਾਦਗਾਰ ਤੇ ਲਾਲ ਝੰਡਾ ਚੜਾਇਆ ਅਤੇ ਕਿਹਾ ਕਿ ਕਾਮਰੇਡ ਹਰਬੰਸ ਮੰਢਾਲੀ ਨੇ ਸਾਰੀ ਜ਼ਿੰਦਗੀ ਕਿਸਾਨਾਂ, ਮਜ਼ਦੂਰਾਂ ਦੇ ਹੱਕਾਂ ਅਤੇ ਹਿੱਤਾਂ ਲਈ ਲਗਾ ਦਿੱਤੀ। ਉਹ ਦੇਸ਼ ਭਗਤ ਪਰਿਵਾਰ 'ਚੋਂ ਸਨ। ਉਹਨਾਂ ਦਾ ਵੱਡਾ ਭਰਾ ਹਜ਼ੂਰਾ ਸਿੰਘ ਨੇ 1940 ਵਿੱਚ ਮਜ਼ਾਫਰਪੁਰ ਜੇਲ੍ਹ ਵਿੱਚ ਸ਼ਹੀਦੀ ਪ੍ਰਾਪਤ ਕੀਤੀ। ਉਨਾਂ ਦੇ ਪਿਤਾ ਸਰਦਾਰ ਨੱਥਾ ਸਿੰਘ ਨੇ ਅੰਗਰੇਜ਼ ਹਕੂਮਤ ਸਮੇਂ ਜੇਲ੍ਹ ਕੱਟੀ ਅਤੇ ਕੇਂਦਰ ਤੇ ਸਰਕਾਰ ਤੋਂ ਕੋਈ ਪੈਨਸ਼ਨ ਨਹੀਂ ਲਈ। ਕਾਮਰੇਡ ਮੰਢਾਲੀ ਦੁਆਬੇ ਦੇ ਸੀ ਪੀ ਆਈ ਐਮ ਦੇ ਵੱਡੇ ਆਗੂ ਸਨ। ਪਾਰਟੀ ਨੂੰ ਮਜਬੂਤ ਕਰਨ ਲਈ ਦਿਨ ਰਾਤ ਇੱਕ ਕਰਕੇ ਕੰਮ ਕਰਦੇ ਹੋਏ 14 ਅਕਤੂਬਰ 1991 ਨੂੰ ਬਿਮਾਰੀ ਕਾਰਨ ਸਦਾ ਲਈ ਸਾਡੇ ਕੋਲੋਂ ਵਿਛੜ ਗਏ। ਉਹਨਾਂ ਦੀ ਯਾਦਗਾਰ ਬਣੀ ਹੋਈ ਹੈ ਅਤੇ ਬੰਗਾ ਪਾਰਟੀ ਦਫਤਰ ਵਿਖੇ ਮੀਟਿੰਗ, ਸੈਮੀਨਾਰ ਅਤੇ ਹੋਰ ਪਾਰਟੀ ਸਰਗਰਮੀਆਂ ਲਈ ਮੰਢਾਲੀ ਯਾਦਗਾਰ ਹਾਲ ਬਣਾਇਆ ਹੈ। ਕਾਮਰੇਡ ਮੰਢਾਲੀ ਨੂੰ ਸੱਚੀ ਸ਼ਰਧਾਂਜਲੀ ਇਹੀ ਹੋਵੇਗੀ, ਕਿ ਉਹਨਾਂ ਦੇ ਕਾਜ ਨੂੰ ਪੂਰਾ ਕਰੀਏ। ਇਸ ਮੌਕੇ ਰਿਸ਼ੀ ਕੁਮਾਰ, ਰਵੀ, ਬਲਵੀਰ ਸਿੰਘ,ਤਰਲੋਚਨ ਸਿੰਘ, ਚੈਨ ਸਿੰਘ ਅਤੇ ਹੋਰ ਕਈ ਸਾਥੀ ਹਾਜ਼ਰ ਸਨ।

# ਯੂ ਜੀ ਸੀ-ਨੈਟ/ਜੇ ਆਰ ਐਫ ਪ੍ਰੀਖਿਆ ਕੋਚਿੰਗ ਪ੍ਰੋਗਰਾਮ 30 ਤੋਂ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਮਹਾਰਿਸ਼ੀ ਦਿਆਨੰਦ ਯੂਨੀਵਰਸਿਟੀ (ਐਮ ਡੀ ਯੂ) ਰੋਹਤਕ ਦੇ ਯੂਨੀਵਰਸਿਟੀ ਸੈਂਟਰ ਫਾਰ ਕੰਪੀਟੇਟਿਵ ਐਗਜ਼ਾਮੀਨੇਸ਼ਨ (ਯੂ ਸੀ ਸੀ ਈ) ਵੱਲੋਂ ਯੂ ਜੀ ਸੀ-ਨੈਟ/ਜੇ ਆਰ ਐਫ ਦਸੰਬਰ 2025 ਪ੍ਰੀਖਿਆ ਦੀ ਤਿਆਰੀ ਤਹਿਤ ਕੋਚਿੰਗ ਪ੍ਰੋਗਰਾਮ 30 ਅਕਤੂਬਰ ਤੋਂ ਸ਼ੁਰੂ ਕੀਤੀ ਜਾਵੇਗੀ।ਯੂਨੀਵਰਸਿਟੀ ਦੇ ਬੁਲਾਰੇ ਨੇ ਇਹ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇੱਛੁਕ ਉਮੀਦਵਾਰ 29 ਅਕਤੂਬਰ ਤੱਕ ਰਜਿਸਟ੍ਰੇਸ਼ਨ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਇਹ ਕੋਚਿੰਗ ਪ੍ਰੋਗਰਾਮ ਵਿਦਿਆਰਥੀਆਂ ਨੂੰ ਪ੍ਰੀਖਿਆ ਦੀ ਤਿਆਰੀ ਵਿੱਚ ਮਾਰਗਦਰਸ਼ਨ ਅਤੇ ਸਲਾਹ-ਮਸ਼ਵਰਾ ਪ੍ਰਦਾਨ ਕਰੇਗਾ, ਜਿਸ ਨਾਲ ਉਹ ਕੌਮੀ ਪੱਧਰ ਦੇ ਮੁਕਾਬਲਾ ਪ੍ਰੀਖਿਆ ਵਿੱਚ ਸਫਲਤਾ ਪ੍ਰਾਪਤ ਕਰ ਸਕਣ।

## ਵਿਸ਼ੇਸ਼ ਬੱਚਿਆਂ ਦੁਆਰਾ ਬਣਾਈਆਂ ਗਈਆਂ ਚੀਜ਼ਾਂ ਖਰੀਦਣੀਆਂ ਚਾਹੀਦੀਆਂ : ਐੱਸ ਡੀ ਐੱਮ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਜੇ ਐਸ ਐਸ ਆਸ਼ਾ ਕਿਰਨ ਸਪੈਸ਼ਲ ਸਕੂਲ, ਜਹਾਨਖੇਲਾ ਦੇ ਵਿਸ਼ੇਸ਼ ਬੱਚਿਆਂ ਦੁਆਰਾ ਲਗਾਈ ਗਈ ਮੋਮਬੱਤੀਆਂ ਦੀ ਪ੍ਰਦਰਸ਼ਨੀ ਦਾ




ਉਦਘਾਟਨ ਐੱਸ ਡੀ ਐਮ ਗੁਰਸਿਮਰਨਜੀਤ ਕੌਰ ਨੇ ਕੀਤਾ, ਜਿਨ੍ਹਾਂ ਨੇ ਉਨ੍ਹਾਂ ਦੇ ਭਵਿੱਖ ਲਈ ਸ਼ੁਭ ਕਾਮਨਾਵਾਂ ਵੀ ਦਿੱਤੀਆਂ। ਐੱਸ ਡੀ ਐੱਮ ਗੁਰਸਿਮਰਨਜੀਤ ਕੌਰ ਨੇ ਕਿਹਾ ਕਿ ਵਿਸ਼ੇਸ਼ ਬੱਚਿਆਂ ਦੀ ਕਲਾ ਦੀ ਜਿੰਨੀ ਪ੍ਰਸ਼ੰਸਾ ਕੀਤੀ ਜਾ ਸਕੇ, ਉਹ ਘੱਟ ਹੈ। ਉਨ੍ਹਾਂ ਸਾਰਿਆਂ ਨੂੰ ਅਪੀਲ ਕੀਤੀ ਕਿ ਉਹ ਵਿਸ਼ੇਸ਼ ਬੱਚਿਆਂ ਦੁਆਰਾ ਬਣਾਈਆਂ ਗਈਆਂ ਚੀਜ਼ਾਂ ਖਰੀਦਣ ਤਾਂ ਜੋ ਉਨ੍ਹਾਂ ਦਾ ਮਨੋਬਲ ਵਧ ਸਕੇ। ਇਸ ਮੌਕੇ ਆਸ਼ਾਦੀਪ ਵੈਲਫੇਅਰ ਸੁਸਾਇਟੀ ਦੇ ਸਰਪ੍ਰਸਤ ਪਰਮਜੀਤ ਸਿੰਘ ਸਚਦੇਵਾ, ਪ੍ਰਧਾਨ ਹਰਬੰਸ ਸਿੰਘ, ਮਲਕੀਤ ਸਿੰਘ, ਹਰਮੇਸ਼ ਤਲਵਾੜ, ਕਮਲਜੀਤ ਕੌਰ, ਰਜਨੀ ਬਾਲਾ, ਮਨੀ ਕਪੂਰ, ਜਸਕਰਨ ਸਿੰਘ, ਗੁਲਸ਼ਨ ਸ਼ਰਮਾ, ਮਾਧਵ ਤੇ ਹੋਰ ਵੀ ਮੌਜੂਦ ਸਨ।

# 9 ਸਕੂਲੀ ਬੱਸਾਂ ਦੇ ਕੱਟੇ ਚਲਾਨ

ਬਲਾਚੌਰ (ਜਸਵਿੰਦਰ ਬੈਂਸ)- ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ ਹੁਕਮਾ ਤਹਿਤ ਅਤੇ ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ (ਆਈ.ਏ.ਐਸ) ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ



ਜ਼ਿਲ੍ਹਾ ਪ੍ਰੋਗਰਾਮ ਅਫਸਰ ਜਗਰੂਪ ਸਿੰਘ ਦੀ ਅਗਵਾਈ ਹੇਠ ਜਿਲ੍ਹਾ ਬਾਲ ਸੁਰੱਖਿਆ ਅਫਸਰ ਸ਼੍ਰੀਮਤੀ ਕੰਚਨ ਅਰੋੜਾ ਅਤੇ ਸ੍ਰੀ ਇੰਦਰਪਾਲ ਸਿੰਘ ਆਰ. ਟੀ.ਓ ਵਲੋਂ ਟੀਮ ਦੇ ਸਹਿਯੋਗ ਨਾਲ ਸੇਫ ਸਕੂਲ ਵਾਹਨ ਪਾਲਿਸੀ ਤਹਿਤ ਨਵਾਂਸ਼ਹਿਰ ਦੇ ਬਲਾਚੌਰ ਬਲੋਕ ਵਿੱਚ 14 ਅਕਤੂਬਰ ਨੂੰ ਸਕੂਲੀ ਬਸਾਂ ਦੀ ਚੈਕਿੰਗ ਕੀਤੀ ਗਈ ਅਤੇ ਬਸਾਂ ਦੇ ਡਰਾਈਵਰਾਂ ਨੂੰ ਸੇਫ ਸਕੂਲ ਵਾਹਨ ਪੋਲੀਸੀ ਦੀਆਂ ਸ਼ਰਤਾਂ ਬਾਰੇ ਜਾਣੂੰ ਕਰਵਾਇਆ ਗਿਆ। ਚੈਕਿੰਗ ਦੌਰਾਨ ਪੈਰਾਡਾਈਜ ਪਬਲਿਕ ਸਕੂਲ, ਬਲਾਚੋਰ ਪਬਲਿਕ ਸਕੂਲ, ਸ਼ੌਰਿਆ ਇੰਟਰਨੈਸ਼ਨਲ ਸਕੂਲ, ਸਰਸਵਤੀ ਪਬਲਿਕ ਸਕੂਲ , ਨੋਰਵਡ ਇੰਟਰਨੈਸ਼ਨਲ ਸਕੂਲ, ਐਮ.ਆਰ. ਸਿਟੀ ਸਕੂਲ ਅਤੇ ਮਾਉਂਟ ਕਾਰਮਲ ਸਕੂਲ ਦੀਆਂ ਬੱਸਾਂ ਵੀ ਸ਼ਾਮਲ ਸਨ। ਇਸ ਮੁਹਿੰਮ ਦੌਰਾਨ ਤਕਰੀਬਨ 7 ਸਕੂਲਾਂ ਦੀਆਂ ਕੁੱਲ 13 ਸਕੂਲੀ ਬੱਸਾਂ ਦੇ ਦਸਤਾਵੇਜ਼ ਚੈੱਕ ਕੀਤੇ ਗਏ ਅਤੇ ਸੇਫ ਸਕੂਲ ਵਾਹਨ ਪਾਲਸੀ ਦੀਆਂ ਸ਼ਰਤਾਂ ਦੀ ਉਲੰਘਣਾ ਕਰਨ ਵਾਲੀਆਂ 9 ਸਕੂਲੀ ਬੱਸਾਂ ਦੇ ਚਲਾਨ ਵੀ ਕੀਤੇ ਗਏ ।ਇਸ ਮੌਕੇ ਟੀਮ ਵਲੋਂ ਸਕੂਲੀ ਵਾਹਨਾਂ ਦੇ ਡਰਾਈਵਰਾਂ ਨੂੰ ਇਹ ਗੱਲ ਸਪੱਸ਼ਟ ਕੀਤੀ ਗਈ ਕਿ ਸੇਫ ਸਕੂਲ ਵਾਹਨ ਪਾਲਿਸੀ ਦੀਆ ਸ਼ਰਤਾਂ ਪੂਰੀਆਂ ਨਾ ਕਰਨ ਵਾਲੇ ਵਾਹਨਾਂ ਤੇ ਬਣਦੀ ਕਾਨੂੰਨੀ ਕਾਰਵਾਈ ਹੋਣੀ ਯਕੀਨੀ ਬਣਾਈ ਜਾਵੇਗੀ। ਇਸ ਮੌਕੇ ਟੀਮ ਵਿੱਚ ਸ੍ਰੀ ਇੰਦਰਪਾਲ ਸਿੰਘ ਰੀਜਨਲ ਟਰਾਂਸਪੋਰਟ ਅਫਸਰ, ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਕੰਚਨ ਅਰੋੜਾ, ਗੌਰਵ ਸ਼ਰਮਾ ਬਾਲ ਸੁਰੱਖਿਆ ਅਫਸਰ ਆਈ ਸੀ, ਦੀਪਕ ਬੰਗਾ ਕੇਸ ਵਰਕਰ, ਸਿੱਖਿਆ ਵਿਭਾਗ ਤੋਂ ਜਗਮੋਹਨ ਸਿੰਘ ਲੈਕਚਰਰ, ਪੁਲਸ ਵਿਭਾਗ ਤੋਂ ਟਰੈਫ਼ਿਕ ਇੰਚਾਰਜ ਅਤੇ ਏ.ਐਸ.ਆਈ ਤਰਸੇਮ ਲਾਲ, ਜੋਗਿੰਦਰ ਪਾਲ ਮੌਜੂਦ ਸਨ।

# ਸੀ ਪੀ ਆਰ ਦੀ ਲੋੜ ਸਮੇਂ ਵਰਤੋਂ ਕਰਕੇ ਬਚਾਈਆਂ ਜਾ ਸਕਦੀਆਂ ਨੇ ਕੀਮਤੀ ਜਾਨਾਂ : ਵਧੀਕ ਡਿਪਟੀ ਕਮਿਸ਼ਨਰ

**ਜਲੰਧਰ (ਸ਼ੈਲੀ ਐਲਬਰਟ)** ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ 14 ਅਕਤੂਬਰ ਨੂੰ ਸੀ.ਪੀ.ਆਰ. ਜਾਗਰੂਕਤਾ ਹਫ਼ਤੇ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ




ਸਥਾਨਕ ਰੈੱਡ ਕਰਾਸ ਭਵਨ ਵਿਖੇ ਕਰਵਾਏ ਸੈਮੀਨਾਰ-ਕਮ-ਟ੍ਰੇਨਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਜਸਬੀਰ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ ਵਿਦਿਆਰਥੀਆਂ ਨੂੰ ਬਹੁਤ ਧਿਆਨ ਨਾਲ ਟ੍ਰੇਨਿੰਗ ਹਾਸਲ ਕਰਨ ਲਈ ਪ੍ਰੇਰਿਤ ਕੀਤਾ ਤਾਂ ਜੋ ਉਹ ਕਿਸੇ ਅਣਸੁਖਾਵੀਂ ਘਟਨਾ, ਕੁਦਰਤੀ ਆਫ਼ਤ ਵਿੱਚ ਜ਼ਖਮੀ ਹੋਏ ਵਿਅਕਤੀ ਦੀ ਮਦਦ ਕਰ ਸਕਣ। ਉਨ੍ਹਾਂ ਕਿਹਾ ਕਿ ਇਸ ਸੈਮੀਨਾਰ ਦਾ ਮੁੱਖ ਮੰਤਵ ਵਿਦਿਆਰਥੀਆਂ, ਕਰਮਚਾਰੀਆਂ ਅਤੇ ਆਮ ਲੋਕਾਂ ਨੂੰ ਜੀਵਨ ਬਚਾਓ ਵਿਧੀ ਸੀ. ਪੀ. ਆਰ. ਟ੍ਰੇਨਿੰਗ ਅਤੇ ਉਸਦੀ ਮਹੱਤਤਾ ਬਾਰੇ ਜਾਗਰੂਕ ਕਰਨਾ ਹੈ। ਉਨ੍ਹਾਂ ਕਿਹਾ ਕਿ ਸੀ.ਪੀ.ਆਰ. ਦੀ ਸਿਖ਼ਲਾਈ ਬਹੁਤ ਮਹੱਤਵਪੂਰਣ ਕਿਉਂਕਿ ਲੋੜ ਸਮੇਂ ਇਸ ਦੀ ਵਰਤੋਂ ਕਰਕੇ ਕੀਮਤੀ ਜਾਨਾਂ ਬਚਾਈਆਂ ਜਾ ਸਕਦੀਆਂ ਹਨ। ਡਾ. ਰੁਚੀ ਸਿੰਘ ਗੌਰ ਅਤੇ ਡਾ. ਰਿਧੀਮਾ ਨੇ ਬਤੌਰ ਰਿਸੋਰਸ ਪਰਸਨ ਸ਼ਮੂਲੀਅਤ ਕਰਦਿਆਂ ਵਿਦਿਆਰਥੀਆਂ ਨੂੰ ਸੀ.ਪੀ.ਆਰ. ਟ੍ਰੇਨਿੰਗ ਬਾਰੇ ਜਾਣਕਾਰੀ ਦਿੱਤੀ ਅਤੇ ਇਸ ਸਬੰਧੀ ਉਨ੍ਹਾਂ ਦੇ ਸ਼ੰਕੇ ਦੂਰ ਕੀਤੇ। ਇਸ ਤੋਂ ਪਹਿਲਾਂ ਸਕੱਤਰ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਡਾ. ਸੁਰਜੀਤ ਲਾਲ ਨੇ ਮੁੱਖ ਮਹਿਮਾਨ, ਡਾਕਟਰੀ ਟੀਮ ਅਤੇ ਸਕੂਲਾਂ ਦੇ ਪ੍ਰਿੰਸੀਪਲਾਂ ਅਤੇ ਅਧਿਆਪਕਾਂ ਦਾ ਧੰਨਵਾਦ ਕੀਤਾ। ਜ਼ਿਕਰਯੋਗ ਹੈ ਕਿ ਸੈਮੀਨਾਰ ਵਿੱਚ ਸਰਕਾਰੀ ਆਈ.ਟੀ.ਆਈ. ਕਾਲਜ ਤੋਂ ਇਲਾਵਾ ਏ.ਪੀ.ਜੇ.ਸਕੂਲ, ਲਾਇਲਪੁਰ ਖਾਲਸਾ ਸਕੂਲ, ਏ.ਐਨ. ਗੁਜਰਾਲ ਸਕੂਲ ਸਮੇਤ ਵੱਖ-ਵੱਖ ਸਕੂਲਾਂ ਦੇ 9ਵੀਂ ਤੋਂ 12ਵੀਂ ਕਲਾਸ ਤੱਕ ਦੇ 350 ਤੋਂ ਵੱਧ ਵਿਦਿਆਰਥੀਆਂ ਨੇ ਭਾਗ ਲਿਆ। ਇਸ ਮੌਕੇ ਲੇਖਾਕਾਰ ਨੇਕ ਰਾਮ, ਸੁਨੀਲ ਕੁਮਾਰ, ਸ਼ੀਨੂ ਭਗਤ, ਸੁਰੇਖਾ ਸ਼ਰਮਾ ਤੋਂ ਇਲਾਵਾ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਦੀ ਸਮੁੱਚੀ ਟੀਮ ਮੌਜੂਦ ਸੀ।

# ਵੀਪੀਪੈਟ ਦੀ ਪਹਿਲੀ ਰੈਂਡਮਾਈਜ਼ੇਸ਼ਨ ਪ੍ਰਕ੍ਰਿਆ ਪੂਰੀ, ਲਿਸਟ ਕੀਤੀ ਸਾਂਝੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਭਾਰਤ ਚੋਣ ਕਮਿਸ਼ਨ ਦੇ ਨਿਰਦੇਸ਼ਾਂ ਅਨੁਸਾਰ ਪਹਿਲੇ ਪੜਾਅ ਦੇ ਚੋਣ ਵਾਲੇ ਬਿਹਾਰ ਦੇ ਸਾਰੇ 18 ਜ਼ਿਲ੍ਹਿਆਂ ਦੇ ਜ਼ਿਲ੍ਹਾ ਚੋਣ ਅਧਿਕਾਰੀਆਂ (ਡੀ ਈ ਓ) ਨੇ 11 ਅਕਤੂਬਰ ਨੂੰ ਪਹਿਲੇ ਪੱਧਰ ਜਾਂਚ (ਐਫ ਐਲ ਸੀ) ਵਿੱਚ ਪਾਸ ਈ ਵੀ ਐਮ-ਵੀ ਵੀ ਪੈਟ ਦਾ ਪਹਿਲਾ ਰੈਂਡਮਾਈਜੇਸ਼ਨ ਪੂਰਾ ਕਰ ਲਿਆ ਹੈ।ਭਾਰਤ ਚੋਣ ਕਮਿਸ਼ਨ ਦੇ ਬੁਲਾਰੇ ਨੇ ਦੱਸਿਆ ਕਿ ਪਹਿਲਾ ਰੈਂਡਮਾਈਜੇਸ਼ਨ ਕੌਮੀ ਅਤੇ ਰਾਜ ਪੱਧਰ ਦੇ ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਦੇ ਪ੍ਰਤੀਨਿਧੀਆਂ ਦੀ ਮੌਜੂਦਗੀ ਵਿੱਚ ਡੀ ਈ ਓ ਵੱਲੋਂ ਈ ਵੀ ਐਮ ਪ੍ਰਬੰਧਨ ਪ੍ਰਣਾਲੀ (ਈ ਐਮ ਐਸ) ਰਾਹੀਂ ਕੀਤਾ ਗਿਆ।ਉਨ੍ਹਾਂ ਦਸਿਆ ਕਿ ਵਿਧਾਨ ਸਭਾ ਖੇਤਰਵਾਰ ਰੈਂਡਮਾਇਜਡ ਈ ਵੀ ਐਮ ਅਤੇ ਵੀ ਵੀ ਪੈਟ ਦੀ ਲਿਸਟਾਂ ਸੰਬੰਧਤ ਜ਼ਿਲ੍ਹਾ ਮੁੱਖ ਦਫਤਰਾਂ 'ਤੇ ਸਾਰੀਆਂ ਰਾਸ਼ਟਰੀ ਅਤੇ ਸੂਬਾ ਪੱਧਰੀ ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਦੇ ਪ੍ਰਤੀਨਿਧੀਆਂ ਦੇ ਨਾਲ ਸਾਂਝੀ ਕੀਤੀ ਗਈ।ਉਨ੍ਹਾਂ ਦੱਸਿਆ ਕਿ ਸਾਰੇ ਈ ਵੀ ਐਮ ਅਤੇ ਵੀ ਵੀ ਪੈਟਸ ਨੂੰ ਸੰਬੰਧਤ ਵਿਧਾਨ ਸਭਾ ਖੇਤਰਾਂ ਦੇ ਸਟ੍ਰਾਂਗ ਰੂਮਸ ਵਿੱਚ ਰਾਸ਼ਟਰੀ ਅਤੇ ਰਾਜ ਪੱਧਰੀ ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਦੇ ਪ੍ਰਤੀਨਿਧੀਆਂ ਦੀ ਮੌਜੂਦਗੀ ਵਿੱਤੀ ਰੈਂਡਮਾਇਜਡ ਈ ਵੀ ਐਮ ਅਤੇ ਵੀ ਵੀ ਪੈਟ ਦੀ ਲਿਸਟ ਵੀ ਸਾਰੇ ਚੋਣ ਲੜਨ ਵਾਲੇ ਉਮੀਦਵਾਰਾਂ ਦੇ ਨਾਲ ਸਾਂਝੀ ਕੀਤੀ ਜਾਵੇਗੀ।

# ਹਰਕੀਰਤ ਸਿੰਘ ਹੈਪੀ ਨੂੰ ਸੇਜਲ ਅੱਖਾਂ ਨਾਲ ਦਿੱਤੀ ਅੰਤਿਮ ਵਿਦਾਇਗੀ

**ਨੰਗਲ (ਸੁਰਜੀਤ ਢੇਰ)**- ਸ਼ਹਿਰ ਦੇ ਸਮਾਜ ਸੇਵੀ ਹਰਕੀਰਤ ਸਿੰਘ ਹੈਪੀ 51 ਪੁੱਤਰ ਗੁਰਨਾਮ ਸਿੰਘ ਵਾਸੀ ਪੁਰਾਣਾ ਗੁਰਦੁਆਰਾ ਨੰਗਲ ਦਾ 14 ਅਕਤੂਬਰ ਅੰਤਿਮ ਦਾਹ ਸੰਸਕਾਰ ਨੰਗਲ ਦੇ ਸ਼ਮਸ਼ਾਨ ਘਾਟ ਵਿੱਚ ਕਰ ਦਿੱਤਾ ਗਿਆ। ਪਿਛਲੇ ਦਿਨਾਂ ਤੋਂ ਬਿਮਾਰੀ ਤੋਂ ਪੀੜਤ ਸਨ। ਜਿਨਾਂ ਦਾ ਇਲਾਜ ਵੱਡੇ ਵੱਡੇ ਨਿੱਜੀ ਹਸਪਤਾਲਾਂ ਵਿੱਚ ਹੋਇਆ।



ਪਰ ਫਿਰ ਵੀ ਉਹ ਜ਼ਿੰਦਗੀ ਤੋਂ ਹਾਰ ਗਿਆ। ਉਹ ਬੀਤੇ ਕੱਲ੍ਹ ਦੇਰ ਸ਼ਾਮ ਇਸ ਫਾਨੀ ਸੰਸਾਰ ਨੂੰ ਅਲਵਿਦਾ ਆਖ ਗਿਆ। ਉਹ ਆਪਣੇ ਪਿੱਛੇ ਮਾਤਾ-ਪਿਤਾ, ਵਿਧਵਾ ਪਤਨੀ,ਧੀ- ਪੁੱਤਰ ਅਤੇ ਭੈਣਾਂ ਸਮੇਤ ਹੱਸਦਾ ਵੱਸਦਾ ਵੱਡਾ ਪਰਿਵਾਰ ਛੱਡ ਗਿਆ। ਉਹ ਆਪਣੇ ਵਿਦਿਆਰਥੀ ਸਮੇਂ ਦੌਰਾਨ ਸਟੂਡੈਂਟਸ ਫੈਡਰੇਸ਼ਨ ਆਫ ਇੰਡੀਆ ਦਾ ਸਰਗਰਮ ਮੈਂਬਰ ਰਿਹਾ।ਪੜਾਈ ਕਰਨ ਤੋਂ ਬਾਅਦ ਉਹ ਵਿਦੇਸ਼ ਚਲਾ ਗਿਆ। ਜਿਥੇ ਕਿ ਬਿਜ਼ਨਸ ਕਰਕੇ ਉਸ ਨੇ ਆਪਣੀ ਧਾਂਕ ਜਮਾ ਲਈ। 14 ਅਕਤੂਬਰ ਨੂੰ ਅੰਤਿਮ ਦਾਹ ਸੰਸਕਾਰ ਨੰਗਲ ਕੌਂਸਲ ਦੇ ਚੇਅਰਮੈਨ ਸੰਜੇ ਸਾਹਨੀ, ਸੀਪੀਆਈਐਮ ਦੇ ਜ਼ਿਲ੍ਹਾ ਸਕੱਤਰੇਤ ਮੈਂਬਰ ਕਾਮਰੇਡ ਸੁਰਜੀਤ ਸਿੰਘ ਢੇਰ, ਸਾਬਕਾ ਪ੍ਰਿੰਸੀਪਲ ਦੇਵਰਾਜ ਧਾਮੀ, ਹਿਮਾਚਲ ਪ੍ਰਦੇਸ਼ ਸੀ ਪੀ ਐਮ ਦੇ ਸੂਬਾ ਕਮੇਟੀ ਮੈਂਬਰ ਵਿਜੇ ਸ਼ਰਮਾ, ਪ੍ਰਿੰਸੀਪਲ ਬਲਵੀਰ ਸਿੰਘ ਸੈਣੀ, ਯੈਸ ਬੈਂਕ ਦੇ ਬਰਾਂਚ ਮੈਨੇਜਰ ਹਰਸਿਮਰਨ ਸਿੰਘ ਹੜੈਚ, ਹਰਦੀਪ ਸਿੰਘ ਸੈਣੀ ਬ੍ਰਾਂਚ ਮੈਨੇਜਰ, ਸਚਿਨ ਛਾਬੜਾ,ਰਮਨ ਕੁਮਾਰ ਬ੍ਰਾਂਚ ਮੈਨੇਜਰ, ਮਨੀਲਾ ਵਾਸੀ ਅਵਤਾਰ ਸਿੰਘ ਪਰਮਾਰ, ਕੁਲਵਿੰਦਰ ਸਿੰਘ ਕਿੰਦੀ, ਮਾਸਟਰ ਯੁਧਵੀਰ ਸਿੰਘ ਰਾਣਾ, ਕੌਂਸਲਰ ਹਰਪਾਲ ਸਿੰਘ ਭਸੀਨ, ਐਡਵੋਕੇਟ ਪਰਮਜੀਤ ਸਿੰਘ ਪੰਮਾ, ਮਾਸਟਰ ਸੁਧੀਰ, ਦਵਿੰਦਰ ਸਿੰਘ ਸਾਹਨੀ, ਪਰਮਿੰਦਰ ਸਿੰਘ ਕੋਹਲੀ, ਗੁਰਦੀਪ ਸਿੰਘ ਬਾਵਾ,ਪਾਲੀ, ਡਾਕਟਰ ਉਮਾ ਦੱਤ ਪਾਠਕ,ਸੰਜੇ ਕੁਮਾਰ ਬ੍ਰਹਮਪੁਰ ਆਦਿ ਸਮੇਤ ਸ਼ਹਿਰ ਦੇ ਲੋਕ, ਰਿਸ਼ਤੇਦਾਰ, ਮਿੱਤਰ ਸੱਜਣ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸ ਯੂਨੀਅਨ ਵੱਲੋਂ ਰੋਸ ਰੈਲੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ ਸੂਬਾ ਕਮੇਟੀ ਦੀ ਕਾਲ ਤੇ 14 ਅਕਤੂਬਰ ਨੂੰ ਪੰਜਾਬ ਭਰ ਦੇ ਸਮੂਹ ਜ਼ਿਲ੍ਹਾ ਹੈਡਕੁਆਟਰ ਅਤੇ ਚੰਡੀਗੜ੍ਹ ਸਥਿਤ ਡਾਇਰੈਕਟੋਰੇਟ ਦਫਤਰਾਂ ਦੇ ਬਾਹਰ ਰੋਸ ਰੈਲੀਆਂ ਕੀਤੀਆਂ ਗਈਆਂ। ਇਸ ਜ਼ਿਲ੍ਹੇ ਵਿੱਚ ਇਹ ਰੋਸ ਰੈਲੀ ਡੀ.ਸੀ. ਦਫਤਰ ਹੁਸ਼ਿਆਰਪੁਰ ਦੇ ਬਾਹਰ ਸ੍ਰੀ ਅਨੀਰੁਧ ਮੋਦਗਿਲ ਜਿਲ੍ਹਾ ਪ੍ਰਧਾਨ ਅਤੇ ਸ੍ਰੀ ਬਲਕਾਰ ਸਿੰਘ ਵਧੀਕ ਜਨਰਲ ਸਕੱਤਰ, ਦੀਪਕ ਤ੍ਰੇਹਣ ਸੀਨੀਅਰ ਮੀਤ ਪ੍ਰਧਾਨ ਤੇ ਵਿਕਰਮ ਆਦੀਆ ਮੁੱਖ ਸਲਾਹਕਾਰ ਜ਼ਿਲ੍ਹਾ ਕਮੇਟੀ ਦੀ ਅਗਵਾਈ ਵਿੱਚ ਕੀਤੀ ਗਈ। ਇਸ ਰੈਲੀ ਵਿੱਚ ਸੰਬੋਧਨ ਕਰਦੇ ਹੋਏ ਜਥੇਬੰਦੀ ਦੇ ਮੀਤ ਪ੍ਰਧਾਨ ਹਰਕਮਲ ਸਿੰਘ, ਅਸ਼ੋਕ ਕੁਮਾਰ ਅਤੇ ਕੁਲਵਿੰਦਰ ਸਿੰਘ ਸੁਪਰਡੈਂਟ ਪੀ.ਡਬਲਯੂ.ਡੀ ਵਿਭਾਗ, ਜ਼ਿਲ੍ਹਾ ਪ੍ਰਧਾਨ ਸਿਹਤ ਵਿਭਾਗ ਨਵਦੀਪ ਸਿੰਘ ਤੇ ਜਿਲ੍ਹਾ ਜਨਰਲ ਸਕੱਤਰ ਸਿਹਤ ਵਿਭਾਗ ਸੰਜੀਵ ਕੁਮਾਰ, ਵਿਕਰਮਜੀਤ ਸਿੰਘ ਆਹਲੂਵਾਲੀਆ ਜ਼ਿਲ੍ਹਾ ਪ੍ਰਧਾਨ ਸਿੱਖਿਆ



ਵਿਭਾਗ, ਮੰਗਲ ਸਿੰਘ ਇਰੀਗੇਸ਼ਨ ਵਿਭਾਗ, ਸੰਦੀਪ ਸੰਧੀ ਜ਼ਿਲ੍ਹਾ ਪ੍ਰਧਾਨ ਇਰੀਗੇਸ਼ਨ, ਸਪੁਰਡੈਂਟ ਸ੍ਰੀ ਸ਼ੇਰ ਸਿੰਘ ਸਹਿਕਾਰਤਾ ਵਿਭਾਗ ਅਤੇ ਪੈਨਸ਼ਨਰਜ਼ ਮਨਿਸਟੀਰੀਅਲ ਐਸੋਸੀਏਸ਼ਨ ਦੇ ਪ੍ਰਧਾਨ ਵਰਿਆਮ ਸਿੰਘ ਮਿਨਹਾਸ ਤੋਂ ਇਲਾਵਾ ਵੱਖ ਵੱਖ ਵਿਭਾਗਾਂ ਦੇ ਬੁਲਾਰਿਆ ਵੱਲੋਂ ਸਰਕਾਰ ਦੇ ਮਾਰੂ ਫੈਸਲਿਆਂ ਦੀ ਨਿਖੇਧੀ ਕੀਤੀ ਗਈ। ਮੁੱਖ ਮੰਗਾਂ ਵਿੱਚ ਪੁਰਾਣੀ ਪੈਨਸ਼ਨ ਦੀ ਬਹਾਲੀ, ਮੁੱਢਲੀ ਤਨਖਾਹ ਤੇ ਨਿਯੁਕਤੀ ਦਾ ਵਿਰੋਧ, 16% ਪੈਂਡਿੰਗ ਡੀ.ਏ. ਦਾ ਭੁਗਤਾਨ, ਕੇਂਦਰੀ ਪੈਟਰਨ ਤੇ ਕੀਤੀ ਭਰਤੀ ਦੀ ਨਿਖੇਧੀ, ਟਾਈਪ ਟੈਸਟ ਦੀ ਥਾਂ ਤੇ ਕੰਪਿਊਟਰ ਟ੍ਰੇਨਿੰਗ ਨੂੰ ਲਾਗੂ ਕਰਨ, ਤਨਖਾਹ ਕਮਿਸ਼ਨ ਦੀ ਦੂਸਰੇ ਪੜਾਅ ਦੀ ਰਿਪੋਰਟ ਨੂੰ ਲਾਗੂ ਕਰਨ, ਬੰਦ ਕੀਤੇ ਭੱਤਿਆਂ ਨੂੰ ਚਾਲੂ ਕਰਨਾ, ਕੱਚੇ ਮੁਲਾਜਮਾਂ ਨੂੰ ਪੱਕੇ ਕਰਨਾ, ਨ ਵ ਿ ਨ ਯ ੁ ਕ ਤ ਕਰਮਚਾਰੀਆਂ ਨੂੰ ਪੂਰੀ ਤਨਖਾਹ ਦੇਣਾ ਆਦਿ ਸ਼ਾਮਿਲ ਹੈ। ਜਿਲ੍ਹਾ ਪ੍ਰਧਾਨ ਸ੍ਰੀ ਅਨੀਰੁਧ ਮੋਦਗਿਲ ਵੱਲੋਂ ਕਿਹਾ ਗਿਆ ਕਿ 16 ਅਕਤੂਬਰ ਨੂੰ ਸਾਰੇ ਵਿਭਾਗਾਂ ਦੇ ਮਨਿਸਟੀਰੀਅਲ ਕਾਮੇ ਮੋਹਾਲੀ ਵਿਖੇ ਹੋਣ ਵਾਲੀ ਸੂਬਾ ਪੱਧਰੀ ਰੈਲੀ ਵਿੱਚ ਪਹੁੰਚਣਗੇ।

# ਦੂਸਰੀ ਪੰਜਾਬ ਮਾਸਟਰ ਅਥਲੈਟਿਕ ਮੀਟ ਅਮਿਟ ਪੈੜਾਂ ਛੱਡਦੀ ਹੋਈ ਸੰਪਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਮਿਲਖਾ ਸਿੰਘ ਮਾਸਟਰ ਅਥਲੈਟਿਕਸ ਕਲੱਬ ਬਠਿੰਡਾ ਵੱਲੋਂ ਦੂਸਰੀ ਪੰਜਾਬ ਮਾਸਟਰ ਅਥਲੈਟਿਕ ਚੈਂਪੀਅਨਸ਼ਿਪ ਡੀ.ਏ.ਵੀ. ਕਾਲਜ ਬਠਿੰਡਾ ਵਿਖੇ ਕਲੱਬ ਦੇ ਪ੍ਰਧਾਨ ਬਲਵਿੰਦਰ ਸਿੰਘ ਨੰਬਰਦਾਰ ਦੀ ਸੁਚੱਜੀ ਅਗਵਾਈ ਹੇਠ ਸੰਪਨ ਹੋਈ। ਇਸ ਚੈਂਪੀਅਨਸ਼ਿਪ ਵਿੱਚ 30 ਸਾਲ ਤੋਂ ਲੈ ਕੇ 100 ਸਾਲ ਦੀ ਉਮਰ ਤੱਕ ਦੇ ਪੰਜ ਸਾਲ ਦੇ ਫਰਕ ਨਾਲ ਮਰਦਾਂ ਅਤੇ ਔਰਤਾਂ ਦੇ ਬਣਾਏ ਗਰੁੱਪਾਂ ਵਿੱਚ ਮਰਦ ਅਤੇ ਔਰਤ ਅਥਲੀਟਾਂ ਨੇ ਹਿਸਾ ਲਿਆ। ਕਲੱਬ ਵੱਲੋਂ ਹਰ ਅਥਲੀਟ ਨੂੰ ਦੋ ਈਵੈਂਟ ਵਿੱਚ ਭਾਗ ਲੈਣ ਦੀ ਇਜਾਜ਼ਤ ਦਿੱਤੀ ਗਈ ਸੀ। ਅਥਲੀਟਾਂ ਦੀ ਸਹਾਇਤਾ ਲਈ ਇਹ ਐਂਟਰੀ ਫੀਸ ਆਨਲਾਈਨ ਹੋਣ ਕਾਰਨ 500 ਦੇ ਕਰੀਬ ਐਥਲੀਟਾਂ ਨੇ ਇਸ ਚੈਂਪੀਅਨਸ਼ਿਪ ਵਿੱਚ ਭਾਗ ਲਿਆ ਜੋ ਕਿ ਆਪਣੇ ਆਪ ਵਿੱਚ ਪ੍ਰੇਰਨਾਦਾਇਕ ਮਿਸਾਲ ਹੈ। ਹਰ ਅਥਲੀਟ ਨੂੰ ਜਰਸੀਆਂ ਵੀ ਮੁਫ਼ਤ ਦਿੱਤੀਆਂ ਗਈਆਂ। ਹਰ ਅਥਲੀਟ ਲਈ ਬਰੇਕਫਾਸਟ ਅਤੇ ਲੰਚ ਦਾ ਸੁਚੱਜਾ ਪ੍ਰਬੰਧ ਕੀਤਾ ਗਿਆ ਜਿਸ ਦੀ ਹਰ ਅਥਲੀਟ ਨੇ ਪ੍ਰਸ਼ੰਸਾ ਕੀਤੀ ਅਤੇ ਨਗੂਣੇ ਜਿਹੇ ਕਰਾਏ ਤੇ ਖੇਡ ਗਰਾਊਂਡ ਦੇ ਨਜ਼ਦੀਕ ਏ.ਸ਼ੀ. ਕਮਰਿਆਂ ਦੇ ਰਹਿਣ ਦਾ ਵੀ ਪ੍ਰਬੰਧ ਬਾਕਮਾਲ ਸੀ। ਮਿਲਖਾ ਸਿੰਘ ਮਾਸਟਰ ਅਥਲੈਟਿਕਸ ਕਲੱਬ ਬਠਿੰਡਾ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਅਥਲੈਟਿਕਸ ਚੈਂਪੀਅਨਸ਼ਿਪ ਕਰਾਉਣ ਲਈ ਵਧੀਆ




ਗਰਾਉਂਡ ਅਤੇ ਹਰ ਈਵੈਂਟ ਲਈ ਲੋੜੀਦੇ ਸਮਾਨ ਦਾ ਸਮੇਂ ਸਿਰ ਪ੍ਰਬੰਧ ਕੀਤਾ ਗਿਆ ਸੀ। ਇਸ ਚੈਂਪੀਅਨਸ਼ਿਪ ਵਿੱਚ ਪੰਜਾਬ ਦੇ ਬਾਕੀ ਜ਼ਿਲ੍ਹਿਆਂ ਅਤੇ ਦੂਸਰੇ ਰਾਜਾਂ ਤੋਂ ਆਏ ਖਿਡਾਰੀਆਂ ਦੀ ਤਰ੍ਹਾਂ ਹੁਸ਼ਿਆਰਪੁਰ ਜ਼ਿਲ੍ਹੇ ਦੇ ਅਥਲੀਟਾਂ ਨੇ ਵੀ ਭਰਪੂਰ ਸ਼ਮੂਲੀਅਤ ਕੀਤੀ ਅਤੇ ਆਪਣੇ ਆਪਣੇ ਈਵੈਂਟ ਵਿੱਚ ਮੱਲਾਂ ਮਾਰੀਆਂ। 65-69 ਉਮਰ ਦੇ ਗਰੁੱਪ ਵਿੱਚ ਦਸੂਹਾ ਦੇ ਹਰਕ੍ਰਿਸ਼ਨ ਸਿੰਘ ਨੇ ਲੰਬੀ ਛਾਲ ਵਿੱਚ ਪਹਿਲਾ ਅਤੇ 100 ਮੀਟਰ ਰੇਸ ਵਿੱਚ ਦੂਜਾ ਸਥਾਨ ਪ੍ਰਾਪਤ ਕਰਕੇ ਕ੍ਰਮਵਾਰ ਸੋਨੇ ਅਤੇ ਚਾਂਦੀ ਦੇ ਮੈਡਲ ਹਾਸਲ ਕੀਤੇ, ਹੁਸ਼ਿਆਰਪੁਰ ਦੇ ਪੰਕਜ ਕੁਮਾਰ ਨੇ 45-49 ਸਾਲ ਦੇ ਗਰੁੱਪ ਵਿੱਚ 100 ਮੀਟਰ ਰੇਸ ਚੋਂ ਤੀਸਰਾ ਅਤੇ 200 ਮੀਟਰ ਰੇਸ ਵਿੱਚੋਂ ਦੂਸਰਾ ਸਥਾਨ ਪ੍ਰਾਪਤ ਕਰਕੇ ਕ੍ਰਮਵਾਰ ਕਾਂਸੇ ਤੇ ਚਾਂਦੀ ਦੇ ਤਗਮੇ ਪ੍ਰਾਪਤ ਕੀਤੇ, ਹੁਸ਼ਿਆਰਪੁਰ ਦੇ ਅਸ਼ੋਕ ਕੁਮਾਰ ਪਾਲ ਨੇ 65-69 ਸਾਲ ਦੇ ਗਰੁੱਪ ਵਿੱਚ 5 ਕਿਲੋਮੀਟਰ ਰੇਸ ਵਾਕ ਵਿੱਚੋਂ ਤੀਸਰਾ ਸਥਾਨ ਪ੍ਰਾਪਤ ਕਰਕੇ ਕਾਂਸੇ ਦਾ ਮੈਡਲ ਹਾਸਿਲ ਕੀਤਾ, ਹੁਸ਼ਿਆਰਪੁਰ ਦੇ ਬਹਾਦਰ ਸਿੰਘ ਨੇ 70-74 ਸਾਲ ਦੇ ਗਰੁੱਪ ਵਿੱਚ ਹਾਈ ਜੰਪ ਵਿੱਚੋਂ ਦੂਸਰਾ ਸਥਾਨ ਪ੍ਰਾਪਤ ਕਰਕੇ ਚਾਂਦੀ ਦਾ ਮੈਡਲ ਹਾਸਲ ਕੀਤਾ, ਇਸੇ ਹੀ ਤਰ੍ਹਾਂ ਹੁਸ਼ਿਆਰਪੁਰ ਦੇ ਪ੍ਰਿੰ. ਬਲਵੀਰ ਸਿੰਘ ਸੈਣੀ ਨੇ 70-74 ਸਾਲ ਦੀ ਉਮਰ ਗਰੁੱਪ ਵਿੱਚ 5 ਕਿਲੋਮੀਟਰ ਰੇਸਵਾਕ ਵਿੱਚ ਦੂਸਰਾ ਸਥਾਨ ਪ੍ਰਾਪਤ ਕਰਕੇ ਚਾਂਦੀ ਦਾ ਮੈਡਲ ਹਾਸਲ ਕੀਤਾ। ਇਸ ਮੌਕੇ ਇਨਾਮ ਵੰਡ ਸਮਾਰੋਹ ਦੀ ਰਸਮ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਅਤੇ ਸਥਾਨਕ ਸ਼ਹਿਰੀ ਵਿਧਾਇਕ ਜਗਰੂਪ ਸਿੰਘ ਵੱਲੋਂ ਅਦਾ ਗਈ।

# ਪ੍ਰਧਾਨ ਮੰਤਰੀ ਪੁਰਸਕਾਰਾਂ ਲਈ 15 ਨਵੰਬਰ ਤੱਕ ਜਮ੍ਹਾਂ ਕਰਵਾ ਸਕਣਗੇ ਅਰਜ਼ੀਆਂ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਭਾਰਤ ਸਰਕਾਰ ਵੱਲੋਂ ਲੋਕ ਪ੍ਰਸ਼ਾਸਨ ਵਿੱਚ ਉਤਕ੍ਰਿਸ਼ਟਤਾ ਲਈ ਪ੍ਰਧਾਨ ਮੰਤਰੀ ਪੁਰਸਕਾਰਾਂ ਲਈ ਰਜਿਸਟ੍ਰੇਸ਼ਨ ਅਤੇ ਅਰਜ਼ੀ ਜਮ੍ਹਾਂ ਕਰਵਾਉਣ ਦੀ ਅੰਤਮ ਮਿਤੀ 15 ਨਵੰਬਰ ਨਿਰਧਾਰਤ ਕੀਤੀ ਗਈ ਹੈ। ਪ੍ਰਧਾਨ ਮੰਤਰੀ ਪੁਰਸਕਾਰਾਂ ਲਈ ਨਿਰਧਾਰਤ ਸ਼ਰਤਾਂ ਅਤੇ ਮਾਪਦੰਡ ਪੂਰਾ ਕਰਨ ਵਾਲੇ 15 ਨਵੰਬਰ 2025 ਤੱਕ ਆਪਣੀ ਅਰਜ਼ੀ ਜਮ੍ਹਾਂ ਕਰਵਾ ਸਕਦੇ ਹਨ।ਪੁਰਸਕਾਰ ਪਹਿਲੀ ਸ਼੍ਰੇਣੀ ਜ਼ਿਲ੍ਹਿਆਂ ਦਾ ਪੂਰਨ ਵਿਕਾਸ, ਦੂਜੀ ਸ਼੍ਰੇਣੀ ਬਲਾਕ ਪ੍ਰੋਗਰਾਮ ਅਤੇ ਸ਼੍ਰੇਣੀ ਨਵਾਚਾਰ ਵਿੱਚ ਪ੍ਰਦਾਨ ਕੀਤੇ ਜਾਣਗੇ। ਇਨ੍ਹਾਂ ਪੁਰਸਕਾਰਾਂ ਨੂੰ ਸਿਰਫ਼ ਟੀਚਿਆਂ ਦੀ ਪ੍ਰਾਪਤੀ ਤੋਂ ਇਲਾਵਾ ਸੁਸ਼ਾਸਨ, ਗੁਣਾਤਮਕ ਉਪਬਲਧੀ ਅਤੇ ਅੰਤਮ ਸਿਰੇ ਤੱਕ ਕਨੇਕਟੀਵਿਟੀ 'ਤੇ ਕੇਂਦ੍ਰਿਤ ਰੱਖਿਆ ਗਿਆ ਹੈ।